16-JUNE-PAGE-1.qxd 6/15/2025 8:46 PM Page 1

ਸੋਮਵਾਰ, 16 ਜੂਨ, 2025
2 ਹਾੜ੍ਹ { ਨਾਨਕਸ਼ਾਹੀ 557 / ਬਿਕਰਮੀ 2082
ਜਿਲਦ/VOL. : 74
ਅੰਕ/NO. : 15

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 16 JUNE, 2025 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


## ਈਰਾਨ ਨੇ ਇਜ਼ਰਾਈਲ ਦਾ ਬਖਤਰਬੰਦ ਵਿੰਨ੍ਹਿਆ

### ਕਈ ਮਿਜ਼ਾਈਲਾਂ ਨਿਸ਼ਾਨੇ 'ਤੇ ਲੱਗੀਆਂ

**ਦੁਬਈ** : ਇਜ਼ਰਾਈਲ ਨੇ ਐਤਵਾਰ ਈਰਾਨ ਦੀ ਊਰਜਾ ਇੰਡਸਟਰੀ ਤੇ ਰੱਖਿਆ ਮੰਤਰਾਲੇ ਦੇ ਹੈੱਡਕੁਆਰਟਰ ਨੂੰ ਨਿਸ਼ਾਨਾ ਬਣਾਇਆ, ਜਦੋਂਕਿ ਤਹਿਰਾਨ ਨੇ ਘਾਤਕ ਹਮਲਿਆਂ ਦਾ ਇੱਕ ਨਵਾਂ ਦੌਰ ਸ਼ੁਰੂ ਕੀਤਾ। ਇਕੋ ਵੇਲੇ ਹੋਏ ਇਹ ਹਮਲੇ ਦੋ ਦਿਨ ਪਹਿਲਾਂ ਇਜ਼ਰਾਈਲ ਵੱਲੋਂ ਈਰਾਨ ਦੇ ਤੇਜ਼ੀ ਨਾਲ ਵਧਦੇ ਪ੍ਰਮਾਣੂ ਪ੍ਰੋਗਰਾਮ ਨੂੰ ਤਬਾਹ ਕਰਨ ਦੇ ਮੰਤਵ ਨਾਲ ਕੀਤੇ ਗਏ ਹਮਲੇ ਮਗਰੋਂ ਹਿੰਸਾ ਦਾ ਨਵਾਂ ਦੌਰ ਹੈ। ਇਜ਼ਰਾਈਲ ਦੇ ਐਮਰਜੈਂਸੀ ਅਧਿਕਾਰੀਆਂ ਨੇ ਕਿਹਾ ਕਿ ਈਰਾਨ ਵੱਲੋਂ ਕੀਤੇ ਹਮਲਿਆਂ ਨਾਲ ਦੇਸ਼-ਭਰ ਵਿਚ ਮੌਤਾਂ ਹੋਈਆਂ ਹਨ, ਜਿਨ੍ਹਾਂ ਵਿਚ ਗੈਲਿਲੀ ਖੇਤਰ ਵਿੱਚ ਇਕ ਅਪਾਰਟਮੈਂਟ ਦੀ ਇਮਾਰਤ 'ਚ ਹੋਈਆਂ ਚਾਰ ਮੌਤਾਂ ਸ਼ਾਮਲ ਹਨ। ਅਧਿਕਾਰੀਆਂ ਨੇ ਕਿਹਾ ਕਿ ਮੱਧ ਇਜ਼ਰਾਈਲ ਵਿੱਚ ਹੋਏ ਹਮਲੇ ਵਿਚ 80 ਤੇ 69 ਸਾਲ ਦੀਆਂ ਦੋ ਮਹਿਲਾਵਾਂ ਤੇ 10 ਸਾਲਾ ਮੁੰਡੇ ਦੀ ਮੌਤ ਹੋ ਗਈ। ਉਧਰ ਈਰਾਨ ਵਿਚ ਮੌਤਾਂ ਦੀ ਗਿਣਤੀ ਨੂੰ ਲੈ ਕੇ ਫੌਰੀ ਕੋਈ ਜਾਣਕਾਰੀ ਉਪਲੱਬਧ ਨਹੀਂ ਹੈ, ਜਿੱਥੇ ਇਜ਼ਰਾਈਲ ਨੇ ਤਹਿਰਾਨ ਵਿਚ ਰੱਖਿਆ ਮੰਤਰਾਲੇ ਦੇ ਹੈੱਡਕੁਆਰਟਰ ਦੇ ਨਾਲ ਉਨ੍ਹਾਂ ਟਿਕਾਣਿਆਂ ਨੂੰ ਵੀ ਨਿਸ਼ਾਨਾ ਬਣਾਇਆ, ਜੋ ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਨਾਲ ਜੁੜੇ ਹਨ।

ਈਰਾਨ ਦੇ ਨੀਮ ਫੌਜੀ ਰੈਵੋਲਿਊਸ਼ਨਰੀ ਗਾਰਡ ਨੇ ਦਾਅਵਾ ਕੀਤਾ ਕਿ ਈਰਾਨੀ ਮਿਜ਼ਾਈਲਾਂ ਨੇ ਇਜ਼ਰਾਈਲੀ ਲੜਾਕੂ ਜਹਾਜ਼ਾਂ ਲਈ ਈਂਧਣ ਪ੍ਰੋਡਕਸ਼ਨ ਫੈਸਿਲਟੀ ਨੂੰ ਨਿਸ਼ਾਨਾ ਬਣਾਇਆ। ਇਜ਼ਰਾਈਲ ਨੇ ਹਾਲਾਂਕਿ ਈਰਾਨ ਦੇ ਇਸ ਦਾਅਵੇ ਬਾਰੇ ਅਧਿਕਾਰਤ ਤੌਰ 'ਤੇ ਕੋਈ ਟਿੱਪਣੀ ਨਹੀਂ ਕੀਤੀ ਹੈ। ਦੋਵਾਂ ਮੁਲਕਾਂ ਵਿਚਾਲੇ ਟਕਰਾਅ ਦਰਮਿਆਨ ਈਰਾਨ ਤੇ ਅਮਰੀਕਾ ਵਿਚਕਾਰ ਈਰਾਨ ਦੇ ਪ੍ਰਮਾਣੂ ਪ੍ਰੋਗਰਾਮ ਬਾਰੇ ਯੋਜਨਾਬੱਧ ਗੱਲਬਾਤ ਰੱਦ ਕਰ ਦਿੱਤੀ ਗਈ, ਜਿਸ ਨਾਲ ਇਹ ਸਵਾਲ ਖੜ੍ਹਾ ਹੋ ਗਿਆ ਕਿ ਲੜਾਈ ਦਾ ਅੰਤ ਕਦੋਂ ਅਤੇ ਕਿਵੇਂ ਹੋ ਸਕਦਾ ਹੈ।

ਇਸੇ ਦੌਰਾਨ ਈਰਾਨੀ ਵਿਦੇਸ਼ ਮੰਤਰੀ ਅੱਬਾਸ ਅਰਕਚੀ ਨੇ ਕਿਹਾ ਹੈ ਕਿ • ਬਾਕੀ ਸਫਾ 2 'ਤੇ


ਇਜ਼ਰਾਈਲ ਦੇ ਕੇਂਦਰੀ ਸ਼ਹਿਰ ਬੈਟ ਯਾਮ 'ਚ ਤਬਾਹ ਇਮਾਰਤ ਦੇ ਮਲਬੇ 'ਚ ਬਚੇ ਲੋਕਾਂ ਨੂੰ ਭਾਲਦੇ ਫੌਜੀ।

## ਐਡਵੋਕੇਟ ਸ਼ੁਗਲੀ ਦੀ ਜ਼ਿੰਦਗੀ ਦਾ ਜਸ਼ਨ, ਵੱਡੀ ਗਿਣਤੀ 'ਚ ਪ੍ਰਸ਼ੰਸਕ ਪੁੱਜੇ



**ਮੰਡ ਮੌੜ (ਰਾਜੇਸ਼ ਥਾਪਾ)**
ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ, ਜਿਹੜੇ 5 ਜੂਨ ਨੂੰ ਨਿਊ ਯਾਰਕ ਵਿਚ ਸਦੀਵੀ ਵਿਛੋੜਾ ਦੇ ਗਏ ਸਨ, ਦੀ ਯਾਦ ਵਿਚ ਐਤਵਾਰ ਪਿੰਡ ਮੰਡ ਮੌੜ ਵਿਖੇ ਭਾਰੀ ਇਕੱਠ ਜੁੜਿਆ, ਜਿਸ ਨੂੰ ਸ਼ੁਗਲੀ ਪਰਵਾਰ ਨੇ 'ਜ਼ਿੰਦਗੀ ਦਾ ਜਸ਼ਨ' ਨਾਂਅ ਦਿੱਤਾ। ਇਸੇ ਭਾਵਨਾ ਨੂੰ ਧਿਆਨ ਵਿਚ ਰੱਖਦੇ ਹੋਏ ਸ਼ੁਗਲੀ ਹੁਰਾਂ ਦੇ ਸਨੇਹੀਆਂ ਨੇ ਇਸ ਗੈਰ-ਧਾਰਮਕ ਇਕੱਠ ਵਿਚ ਸ਼ਿਰਕਤ ਕੀਤੀ। ਵੱਖ-ਵੱਖ ਖੇਤਰਾਂ ਨਾਲ ਸੰਬੰਧਤ ਆਗੂਆਂ ਨੇ ਆਪਣੇ ਭਾਸ਼ਣਾਂ ਵਿਚ ਸ਼ੁਗਲੀ ਸਾਬ੍ਹ ਵੱਲੋਂ ਪਾਏ ਵੱਡੇ ਯੋਗਦਾਨ ਨੂੰ ਉਭਾਰਦੇ ਹੋਏ ਇਸ ਗੱਲ ਦੀ ਪ੍ਰੋੜ੍ਹਤਾ ਕੀਤੀ ਕਿ ਉਨ੍ਹਾ ਦੇ ਜਾਣ ਨਾਲ ਸਾਡੇ ਸਮਾਜ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ।

ਮਾਰਕਸੀ ਚਿੰਤਕ ਜਗਰੂਪ ਨੇ ਕਿਹਾ ਕਿ ਦੁਆਬੇ ਵਿਚ ਰੁਜ਼ਗਾਰ ਪ੍ਰਾਪਤੀ ਮੁਹਿੰਮ, ਸ਼ਹੀਦ ਭਗਤ ਸਿੰਘ ਦਾ ਜਨਮ ਦਿਨ ਮਨਾਉਣ ਅਤੇ ਉਨ੍ਹਾ ਵੱਲੋਂ ਆਯੋਜਿਤ ਹੋਰ ਸਰਗਰਮੀਆਂ ਲਈ ਸ਼ੁਗਲੀ ਸਾਬ੍ਹ ਇਕ ਮਜ਼ਬੂਤ ਥੰਮ੍ਹ ਵਾਂਗ ਸਨ। ਮੰਗਤ ਰਾਮ ਪਾਸਲਾ ਦਾ ਮੱਤ ਸੀ ਕਿ ਇਨ੍ਹਾਂ ਔਖਿਆਂ ਵੇਲਿਆਂ ਵਿਚ ਜਦੋਂ ਖੱਬੀਆਂ ਪਾਰਟੀਆਂ ਨੂੰ ਆਪਣੀਆਂ ਸਫਾਂ ਨੂੰ ਮੋਕਲਾ ਕਰਨ ਦੀ ਲੋੜ ਹੈ, ਉਦੋਂ ਇਹੋ ਜਿਹੇ ਸਿਰਕੱਢ ਸਾਥੀ ਦਾ ਚਲੇ ਜਾਣਾ ਵੱਡੇ ਘਾਟੇ ਵਾਲੀ ਗੱਲ ਹੈ। ਸਤਨਾਮ ਚਾਨਾ ਨੇ ਸ਼ੁਗਲੀ ਸਾਬ੍ਹ ਵੱਲੋਂ ਲਿਖੀਆਂ ਗਈਆਂ ਛੇ ਕਿਤਾਬਾਂ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਉਨ੍ਹਾ ਨਾਲ ਦਹਾਕਿਆਂਬੱਧੀ ਯਾਰੀ ਦੀਆਂ ਕਈ ਯਾਦਾਂ ਤਾਜ਼ਾ ਕੀਤੀਆਂ। ਸੀ ਪੀ ਆਈ ਪੰਜਾਬ ਦੇ ਸਕੱਤਰ ਬੰਤ ਬਰਾੜ ਨੇ ਕਿਹਾ ਕਿ ਸ਼ੁਗਲੀ ਸਾਬ੍ਹ ਲੰਮੇ ਸਮੇਂ ਤੋਂ ਪਾਰਟੀ ਦੀਆਂ ਜਲੰਧਰ ਜ਼ਿਲ੍ਹੇ ਵਿਚ ਸਰਗਰਮੀਆਂ ਦੇ ਆਗੂ ਰਹੇ ਅਤੇ ਸਾਰੇ ਉਤਰਾਵਾਂ- ਚੜ੍ਹਾਵਾਂ ਦੌਰਾਨ ਉਹ ਨਾ ਸਿਰਫ ਅਡੋਲ ਰਹੇ, ਬਲਕਿ ਬੜੇ ਰੌਸ਼ਨ ਮੱਥੇ ਨਾਲ ਪਾਰਟੀ ਦੀ ਵਿਚਾਰਧਾਰਾ ਨੂੰ ਬਾਕੀ ਕਾਮਰੇਡਾਂ ਅਤੇ ਆਮ ਲੋਕਾਂ ਤੱਕ ਲਿਜਾਂਦੇ ਰਹੇ। ਸਾਬਕਾ ਐੱਮ ਐੱਲ ਏ ਹਰਦੇਵ ਅਰਸ਼ੀ ਨੇ ਕਿਹਾ ਕਿ ਅਜੋਕੇ ਔਖੇ ਸਮਿਆਂ ਵਿਚ ਜਦੋਂ ਭਾਜਪਾ ਸਰਕਾਰ ਕਮਿਊਨਿਸਟਾਂ ਨੂੰ ਹਰ ਆਨੇ-ਬਹਾਨੇ ਨਿਸ਼ਾਨਾ ਬਣਾ ਰਹੀ ਹੈ, ਉਦੋਂ ਲਗਾਤਾਰ ਅਖਬਾਰ ਵਿਚ ਸਰਕਾਰ ਦੀਆਂ ਗਲਤ ਨੀਤੀਆਂ ਦੀ ਆਲੋਚਨਾ ਕਰਨਾ ਕੋਈ ਸੌਖਾ ਕੰਮ ਨਹੀਂ, ਜਿਹੜਾ ਨਾ ਸਿਰਫ ਸ਼ੁਗਲੀ ਸਾਬ੍ਹ ਆਪਣੇ ਕਾਲਮਾਂ ਵਿਚ ਨਿਰਵਿਘਨ ਕਰ ਰਹੇ ਸਨ, ਬਲਕਿ ਹੋਰਨਾਂ ਲੇਖਕਾਂ ਅਤੇ ਕਾਲਮ ਨਵੀਸਾਂ ਨੂੰ ਵੀ ਅਜਿਹਾ ਕਰਨ ਲਈ ਉਤਸ਼ਾਹਤ ਕਰਦੇ ਸਨ। ਐਡਵੋਕੇਟ ਓਮ ਪ੍ਰਕਾਸ਼ ਸ਼ਰਮਾ ਨੇ ਕਿਹਾ ਕਿ ਜਲੰਧਰ ਜ਼ਿਲ੍ਹਾ ਕਚਹਿਰੀਆਂ ਵਿਚ ਸ਼ੁਗਲੀ ਸਾਬ੍ਹ ਤੋਂ ਸੀਨੀਅਰ ਹੋਰ ਸੈਂਕੜੇ ਵਕੀਲ ਹੋਣਗੇ, ਪਰ ਜਿਹੜਾ ਇੱਜ਼ਤ-ਮਾਣ ਉਹਨਾ ਨੂੰ ਓਥੇ ਮਿਲਦਾ ਸੀ, ਉਹ ਆਪਣੇ ਆਪ ਵਿਚ ਸਭ ਪਦਵੀਆਂ ਤੋਂ ਉਪਰ ਸੀ। ਇਹ ਉਹ ਵਕੀਲ ਸਨ, ਜਿਨ੍ਹਾ ਕਦੇ ਵੀ ਕਿਸੇ ਕਲਾਇੰਟ ਨੂੰ ਲੁੱਟਣ ਦੀ ਕੋਸ਼ਿਸ਼ ਨਹੀਂ ਕੀਤੀ, ਬਲਕਿ ਜਿਥੇ ਕਿਤੇ ਰਾਜ਼ੀਨਾਮਾ ਹੋ ਸਕਦਾ ਸੀ, ਕਰਵਾਇਆ। ਅਸੂਲਾਂ ਦੇ ਏਨੇ ਪੱਕੇ ਕਿ ਕਈ ਵਾਰ ਜੱਜਾਂ ਮੂਹਰੇ ਅੜ ਕੇ ਖੜੋਣ ਤੋਂ ਵੀ ਨਾ ਕਤਰਾਉਂਦੇ। 'ਨਵਾਂ ਜ਼ਮਾਨਾ' ਦੇ ਮੈਨੇਜਰ ਗੁਰਮੀਤ ਨੇ ਜ਼ੋਰ ਦੇ ਕੇ ਕਿਹਾ ਕਿ ਸ਼ੁਗਲੀ ਸਾਬ੍ਹ ਨੇ ਜਿਵੇਂ ਟਰੱਸਟ ਦੇ ਸਕੱਤਰ ਦੇ ਤੌਰ 'ਤੇ 'ਨਵਾਂ ਜ਼ਮਾਨਾ' ਵਿਚ ਕਈ ਵੱਡੀਆਂ ਜ਼ਿੰਮੇਵਾਰੀਆਂ ਸੰਭਾਲੀਆਂ ਹੋਈਆਂ ਸਨ, ਉਹਨਾ ਦਾ ਕੋਈ ਬਦਲ ਲੱਭਣਾ ਸੌਖਾ ਨਹੀਂ ਹੋਵੇਗਾ।

ਇ ਨ੍ ਂ • ਬਾਕੀ ਸਫਾ 2 'ਤੇ

### ਬ੍ਰਿਟਿਸ਼ ਲੜਾਕੂ ਜਹਾਜ਼ ਦੀ ਐਮਰਜੈਂਸੀ ਲੈਂਡਿੰਗ



**ਤਿਰੁਅਨੰਤਪੁਰਮ** : ਬ੍ਰਿਟਿਸ਼ ਐੱਫ-35 ਲੜਾਕੂ ਜਹਾਜ਼ ਨੇ ਸ਼ਨਿੱਚਰਵਾਰ ਰਾਤੀਂ ਕਰੀਬ ਸਾਢੇ ਨੌਂ ਵਜੇ ਇੱਥੇ ਕੌਮਾਂਤਰੀ ਹਵਾਈ ਅੱਡੇ 'ਤੇ ਐਮਰਜੈਂਸੀ ਲੈਂਡਿੰਗ ਕੀਤੀ। ਸੂਤਰਾਂ ਮੁਤਾਬਕ ਜਹਾਜ਼ 'ਚ ਈਂਧਣ ਘਟ ਗਿਆ ਸੀ। ਮੰਨਿਆ ਜਾਂਦਾ ਹੈ ਕਿ ਉਸ ਨੇ ਏਅਰਕ੍ਰਾਫਟ ਕਰੀਅਰ ਤੋਂ ਉਡਾਣ ਭਰੀ ਸੀ। ਇੱਕ ਸੂਤਰ ਨੇ ਕਿਹਾ, "ਪਾਇਲਟ ਨੇ ਘੱਟ ਈਂਧਣ ਦੀ ਰਿਪੋਰਟ ਕੀਤੀ ਅਤੇ ਲੈਂਡਿੰਗ ਦੀ ਇਜਾਜ਼ਤ ਮੰਗੀ। ਸਭ ਕੁਝ ਜਲਦੀ ਅਤੇ ਪੇਸ਼ੇਵਰ ਤਰੀਕੇ ਨਾਲ ਸੰਭਾਲਿਆ ਗਿਆ।"

### ਚੌਕ 'ਤੇ ਚਾੜ੍ਹ'ਤਾ



**ਬਠਿੰਡਾ** : ਸ਼ਹਿਰ ਦੇ ਭੀੜ-ਭੜੱਕੇ ਵਾਲੇ ਫੌਜੀ ਚੌਕ 'ਤੇ ਸ਼ਨਿੱਚਰਵਾਰ ਰਾਤ ਕਰੀਬ ਡੇਢ ਵਜੇ ਟਰਾਲਾ ਅਚਾਨਕ ਬੇਕਾਬੂ ਹੋ ਕੇ ਚੌਕ 'ਤੇ ਚੜ੍ਹ ਗਿਆ। ਰਾਤ ਸਮੇਂ ਬਹੁਤੀ ਆਵਾਜਾਈ ਨਾ ਹੋਣ ਕਰਕੇ ਜਾਨੀ ਨੁਕਸਾਨ ਤੋਂ ਬਚਾਅ ਰਿਹਾ, ਪਰ ਚੌਕ ਵਿੱਚ ਲੱਗੀ ਸਜਾਵਟੀ ਗਰਿਲ, ਲਾਈਟ ਪੋਲ ਤੇ ਨੇੜੇ ਬਣੀ ਪੁਲਸ ਪੋਸਟ ਨੂੰ ਨੁਕਸਾਨ ਪਹੁੰਚਿਆ। ਹਾਦਸੇ ਵਿੱਚ ਡਰਾਈਵਰ ਜ਼ਖਮੀ ਹੋ ਗਿਆ, ਜਿਸ ਨੂੰ ਸਰਕਾਰੀ ਹਸਪਤਾਲ 'ਚ ਦਾਖਲ ਕਰਵਾਇਆ ਗਿਆ। ਸ਼ੁਰੂਆਤੀ ਜਾਂਚ ਮੁਤਾਬਕ ਡਰਾਈਵਰ ਨਸ਼ੇ ਵਿਚ ਧੁੱਤ ਸੀ।

## ਕੇਦਾਰਨਾਥ ਨੇੜੇ ਹੈਲੀਕਾਪਟਰ ਕਰੈਸ਼, 7 ਮੌਤਾਂ

**ਰੁਦਰਪ੍ਰਯਾਗ** : ਉੱਤਰਾਖੰਡ ਵਿੱਚ ਐਤਵਾਰ ਤੜਕੇ ਕੇਦਾਰਨਾਥ ਮੰਦਰ ਨੇੜੇ ਹੈਲੀਕਾਪਟਰ ਕਰੈਸ਼ ਹੋਣ ਨਾਲ ਪਾਇਲਟ ਤੇ ਦੋ ਸਾਲ ਦੀ ਬੱਚੀ ਸਣੇ 7 ਵਿਅਕਤੀਆਂ ਦੀ ਮੌਤ ਹੋ ਗਈ। ਮ੍ਰਿਤਕਾਂ 'ਚ ਪੰਜ ਸ਼ਰਧਾਲੂ, ਪਾਇਲਟ ਤੇ ਬਦਰੀਨਾਥ-ਕੇਦਾਰਨਾਥ ਮੰਦਰ ਕਮੇਟੀ ਦਾ ਮੁਲਾਜ਼ਮ ਸ਼ਾਮਲ ਹਨ। ਹੈਲੀਕਾਪਟਰ ਨੇ ਕੇਦਾਰਨਾਥ ਤੋਂ ਗੁਪਤਕਾਸ਼ੀ ਲਈ ਸਵੇਰੇ ਸਾਢੇ ਪੰਜ ਵਜੇ ਦੇ ਕਰੀਬ ਉਡਾਣ ਭਰੀ ਸੀ ਤੇ ਕੁਝ ਮਿੰਟਾਂ ਬਾਅਦ ਕਰੈਸ਼ ਹੋ ਗਿਆ। ਹੈਲੀਕਾਪਟਰ ਆਰੀਅਨ ਏਵੀਏਸ਼ਨ ਪ੍ਰਾਈਵੇਟ ਲਿਮਟਿਡ ਦਾ ਸੀ ਤੇ ਕੇਦਾਰਘਾਟੀ ਵਿੱਚ ਗੌਰੀਕੁੰਡ ਤੇ ਤ੍ਰਿਜੁਗੀਨਰਾਇਣ ਦਰਮਿਆਨ ਕਰੈਸ਼ ਹੋਇਆ। ਡਿੱਗਣ ਸਾਰ ਹੈਲੀਕਾਪਟਰ ਨੂੰ ਅੱਗ ਲੱਗ ਗਈ। ਖਰਾਬ ਮੌਸਮ ਕਰਕੇ ਦਿਸਣ ਹੱਦ ਬਿਲਕੁਲ ਸਿਫਰ ਸੀ, ਜਿਸ ਕਰਕੇ ਹਾਦਸਾ ਹੋਇਆ। ਹੈਲੀਕਾਪਟਰ 'ਤੇ ਸਵਾਰ ਲੋਕਾਂ 'ਚ ਮਹਾਰਾਸ਼ਟਰ ਤੋਂ ਸ਼ਰਧਾ ਰਾਜਕੁਮਾਰ ਜੈਸਵਾਲ (35) ਤੇ ਕਾਸ਼ੀ (2), ਗੁਜਰਾਤ ਤੋਂ ਰਾਜਕੁਮਾਰ ਸੁਰੇਸ਼ ਜੈਸਵਾਲ (41), ਉਤਰਾਖੰਡ ਤੋਂ ਵਿਕਰਮ ਸਿੰਘ ਰਾਵਤ, ਯੂ ਪੀ ਦੀ ਵਿਨੋਦ ਦੇਵੀ (66) ਤੇ ਤੁਸ਼ਤੀ ਸਿੰਘ (19) ਅਤੇ ਪਾਇਲਟ ਕੈਪਟਨ ਰਾਜਵੀਰ ਸਿੰਘ ਚੌਹਾਨ ਸ਼ਾਮਲ ਸਨ। ਚੌਹਾਨ ਸਾਬਕਾ ਫੌਜੀ ਸੀ, ਜਿਸ ਨੇ ਭਾਰਤੀ ਥਲ ਸੈਨਾ 'ਚ 15 ਸਾਲ ਤੋਂ ਵੱਧ ਸਮਾਂ ਸੇਵਾ ਕੀਤੀ ਸੀ। ਪਾਇਲਟ ਚੌਹਾਨ ਜੈਪੁਰ 'ਚ ਆਪਣੇ ਪਰਵਾਰ ਤੇ ਚਾਰ ਮਹੀਨਿਆਂ ਦੇ ਜੌੜੇ ਬੱਚਿਆਂ ਨਾਲ ਸਮਾਂ ਗੁਜ਼ਾਰ ਕੇ 20 ਦਿਨ ਪਹਿਲਾਂ ਹੀ ਕੰਮ 'ਤੇ ਪਰਤਿਆ ਸੀ। ਉਸ ਦੇ ਪਿਤਾ ਗੋਵਿੰਦ ਚੌਹਾਨ ਨੇ ਦੱਸਿਆ ਕਿ ਉਸ ਨੇ ਬੱਚਿਆਂ ਦੀ ਖੁਸ਼ੀ ਵਿੱਚ 30 ਜੂਨ ਨੂੰ ਰਵਾਇਤੀ ਰਾਜਸਥਾਨੀ ਸਮਾਗਮ (ਜਵਾਲਾ ਪੂਜਨ) ਕਰਨ ਦੀ ਯੋਜਨਾ ਬਣਾਈ ਸੀ। ਉਸ ਦੇ ਵਿਆਹ ਦੇ 14 ਸਾਲ ਬਾਅਦ ਬੱਚੇ ਪੈਦਾ ਹੋਏ ਸਨ। ਉਹ ਦੇਹਰਾਦੂਨ ਦੀ ਹੈਲੀਕਾਪਟਰ ਕੰਪਨੀ ਵਿੱਚ ਪਿਛਲੇ ਸਾਲ ਅਕਤੂਬਰ 'ਚ ਨੌਕਰੀ 'ਤੇ ਲੱਗਾ ਸੀ। ਇਸ ਤੋਂ ਪਹਿਲਾਂ 8 ਮਈ ਨੂੰ ਗੰਗੋਤਰੀ ਧਾਮ ਜਾ ਰਿਹਾ ਹੈਲੀਕਾਪਟਰ ਉੱਤਰਕਾਸ਼ੀ ਜ਼ਿਲ੍ਹੇ ਵਿੱਚ ਹਾਦਸਾਗ੍ਰਸਤ ਹੋ ਗਿਆ ਸੀ ਜਿਸ ਵਿੱਚ ਛੇ ਲੋਕਾਂ ਦੀ ਮੌਤ ਹੋ ਗਈ ਸੀ।

7 ਜੂਨ ਨੂੰ ਕੇਦਾਰਨਾਥ ਜਾ ਰਹੇ ਹੈਲੀਕਾਪਟਰ ਨੂੰ ਉਡਾਣ ਭਰਨ ਤੋਂ ਤੁਰੰਤ ਬਾਅਦ ਤਕਨੀਕੀ ਖਰਾਬੀ ਕਾਰਨ ਸੜਕ 'ਤੇ ਐਮਰਜੈਂਸੀ ਲੈਂਡਿੰਗ ਕਰਨੀ ਪਈ ਸੀ, ਜਿਸ ਵਿੱਚ ਪਾਇਲਟ ਜ਼ਖਮੀ ਹੋ ਗਿਆ ਸੀ, ਪਰ ਪੰਜ ਸ਼ਰਧਾਲੂਆਂ ਨੂੰ ਸੁਰੱਖਿਅਤ ਬਚਾਅ ਲਿਆ ਗਿਆ ਸੀ।



### ਪੁਲ ਢਹਿਣ ਨਾਲ ਕਈ ਮੌਤਾਂ ਦਾ ਖਦਸ਼ਾ



**ਪੁਣੇ** : ਐਤਵਾਰ ਇੰਦਰਾਯਣੀ ਨਦੀ 'ਤੇ ਬਣਿਆ ਲੋਹੇ ਦਾ ਪੁਲ ਢਹਿਣ ਕਾਰਨ ਕਈ ਨਿੱਕੇ ਬੱਚਿਆਂ ਸਣੇ 25-30 ਸੈਲਾਨੀਆਂ ਦੇ ਵਹਿ ਜਾਣ ਦਾ ਖਦਸ਼ਾ ਹੈ। ਪੁਲ ਢਹਿਣ ਵੇਲੇ ਸੈਲਾਨੀ ਸੈਲਫੀਆਂ ਲੈ ਰਹੇ ਸਨ। ਸਥਾਨਕ ਵਿਧਾਇਕ ਸੁਨੀਲ ਸ਼ੇਲਕੇ ਨੇ ਦੱਸਿਆ ਕਿ ਛੇ ਮੌਤਾਂ ਦੀ ਪੁਸ਼ਟੀ ਹੋਈ ਹੈ। ਇਹ ਘਟਨਾ ਕੁੰਡਮਾਲਾ ਵਿੱਚ ਵਾਪਰੀ, ਜੋ ਕਿ ਇੱਕ ਪ੍ਰਸਿੱਧ ਸੈਰ-ਸਪਾਟਾ ਸਥਾਨ ਹੈ, ਜਿੱਥੇ ਮਾਨਸੂਨ ਦੌਰਾਨ ਵੱਡੀ ਗਿਣਤੀ ਵਿੱਚ ਸੈਲਾਨੀ ਆਉਂਦੇ ਹਨ। ਪਿਛਲੇ ਦੋ ਦਿਨਾਂ ਤੋਂ ਇਲਾਕੇ ਵਿੱਚ ਭਾਰੀ ਬਾਰਿਸ਼ ਹੋ ਰਹੀ ਸੀ।

### 5 ਨੌਜਵਾਨ ਡੁੱਬੇ

**ਹੈਦਰਾਬਾਦ** : ਤਿਲੰਗਾਨਾ ਦੇ ਨਿਰਮਲ ਜ਼ਿਲ੍ਹੇ ਦੇ ਬਸਰਾ ਵਿਖੇ ਗੋਦਾਵਰੀ ਦਰਿਆ 'ਚ ਇੱਕੋ ਪਰਵਾਰ ਦੇ ਪੰਜ ਨੌਜਵਾਨ ਡੁੱਬ ਗਏ। ਹੈਦਰਾਬਾਦ ਦੇ ਪਿੰਡ ਚਿੰਤਲ ਦੇ 18 ਜੀਆਂ ਦੇ ਪਰਵਾਰ ਦੇ ਇਹ ਨੌਜਵਾਨ ਐਤਵਾਰ ਪਵਿੱਤਰ ਇਸ਼ਨਾਨ ਕਰਨ ਗਏ ਸਨ।

## ਆਸਰੋਂ ਪੁਲਸ ਚੌਕੀ ਹਮਲੇ 'ਚ ਤਿੰਨ ਚਾਰਜਸ਼ੀਟ

**ਨਵੀਂ ਦਿੱਲੀ** : ਕੌਮੀ ਜਾਂਚ ਏਜੰਸੀ (ਐੱਨ ਆਈ ਏ) ਨੇ 1 ਅਤੇ 2 ਦਸੰਬਰ, 2024 ਦੀ ਦਰਮਿਆਨੀ ਰਾਤ ਨੂੰ ਨਵਾਂ ਸ਼ਹਿਰ ਦੇ ਆਸਰੋਂ ਦੀ ਪੁਲਸ ਚੌਕੀ 'ਤੇ ਗ੍ਰਨੇਡ ਹਮਲੇ ਨਾਲ ਸੰਬੰਧਤ ਮਾਮਲੇ ਵਿੱਚ ਤਿੰਨ ਮੁਲਜ਼ਮਾਂ ਨੂੰ ਚਾਰਜਸ਼ੀਟ ਕੀਤਾ ਹੈ।

ਇਨ੍ਹਾਂ ਦਾ ਸੰਬੰਧ ਪਾਬੰਦੀਸ਼ੁਦਾ ਜਥੇਬੰਦੀ ਖਾਲਿਸਤਾਨ ਜ਼ਿੰਦਾਬਾਦ ਫੋਰਸ (ਕੇ ਜ਼ੈੱਡ ਐੱਫ) ਨਾਲ ਦੱਸਿਆ ਜਾਂਦਾ ਹੈ। ਯੁਗਪ੍ਰੀਤ ਸਿੰਘ ਉਰਫ ਯੁਵੀ ਨਿਹੰਗ, ਜਸਕਰਨ ਸਿੰਘ ਉਰਫ ਸ਼ਾਹ ਅਤੇ ਹਰਜੋਤ ਸਿੰਘ ਉਰਫ ਜੋਤ ਹੁੰਦਲ, ਸਾਰੇ ਨਵਾਂ ਸ਼ਹਿਰ ਦੇ ਰਾਹੋਂ ਪਿੰਡ ਦੇ ਰਹਿਣ ਵਾਲੇ ਹਨ। ਇਨ੍ਹਾਂ ਖਿਲਾਫ ਗੈਰਕਾਨੂੰਨੀ ਸਰਗਰਮੀਆਂ ਰੋਕੂ ਐਕਟ, ਵਿਸਫੋਟਕ ਪਦਾਰਥ ਐਕਟ ਅਤੇ ਹੋਰ ਸੰਬੰਧਤ ਧਾਰਾਵਾਂ ਤਹਿਤ ਦੋਸ਼ ਲਗਾਏ ਗਏ ਹਨ। ਐੱਨ ਆਈ ਏ ਨੇ ਕੇ ਜ਼ੈੱਡ ਐੱਫ ਮੁਖੀ ਰਣਜੀਤ ਸਿੰਘ ਉਰਫ ਨੀਟਾ, ਸੰਗਠਨ ਦੇ ਮੈਂਬਰ ਆਪਰੇਟਿਵ ਜਗਜੀਤ ਸਿੰਘ ਲਹਿਰੀ ਉਰਫ ਜੱਗਾ ਉਰਫ ਜੱਗਾ ਮੀਆਂਪੁਰ ਉਰਫ ਹਰੀ ਸਿੰਘ (ਮੌਜੂਦਾ ਸਮੇਂ ਯੂ ਕੇ ਵਿੱਚ) ਅਤੇ ਹੋਰ ਅਣਪਛਾਤੇ ਦਹਿਸ਼ਤੀ ਕਾਰਕੁਨਾਂ ਵਿਰੁੱਧ ਜਾਂਚ ਸ਼ੁਰੂ ਕਰ ਦਿੱਤੀ ਹੈ। ਐੱਨ ਆਈ ਏ, ਜਿਸ ਨੇ ਇਸ ਸਾਲ ਮਾਰਚ ਵਿੱਚ ਪੰਜਾਬ ਪੁਲਸ ਤੋਂ ਕੇਸ ਆਪਣੇ ਹੱਥ ਵਿਚ ਲੈ ਲਿਆ ਸੀ, ਨੇ ਹੁਣ ਤੱਕ ਦੀ ਜਾਂਚ ਵਿਚ ਪਾਇਆ ਹੈ ਕਿ ਜੱਗਾ ਨੇ ਯੂ ਕੇ ਵਿੱਚ ਇੱਕ ਜਾਣਕਾਰ ਰਾਹੀਂ ਯੁਗਪ੍ਰੀਤ ਸਿੰਘ ਨੂੰ ਭਰਤੀ ਕੀਤਾ ਸੀ।

ਜੱਗਾ ਨੇ ਹੋਰ ਕੇ ਜ਼ੈੱਡ ਐੱਫ ਦਹਿਸ਼ਤਗਰਦਾਂ ਅਤੇ ਕਾਰਕੁਨਾਂ ਨਾਲ ਯੁਗਪ੍ਰੀਤ ਨੂੰ ਕੱਟੜਪੰਥੀ ਬਣਾਇਆ ਸੀ ਅਤੇ ਐਨਕ੍ਰਿਪਟਡ ਮੈਸੇਜਿੰਗ ਐਪਲੀਕੇਸ਼ਨਾਂ ਰਾਹੀਂ ਉਸ ਦੇ ਸੰਪਰਕ ਵਿੱਚ ਸੀ।

ਜੱਗਾ ਨੇ ਕੈਨੇਡਾ-ਅਧਾਰਤ ਸੰਸਥਾਵਾਂ ਦੀ ਇੱਕ ਗੁੰਝਲਦਾਰ ਲੜੀ ਰਾਹੀਂ ਯੁਗਪ੍ਰੀਤ ਨੂੰ 4.36 ਲੱਖ ਰੁਪਏ ਤੋਂ ਵੱਧ ਦੇ ਫੰਡ ਵੀ ਪ੍ਰਦਾਨ ਕੀਤੇ ਸਨ, ਜਿਨ੍ਹਾਂ ਦੀ ਪਛਾਣ ਅਤੇ ਜਾਂਚ ਕੀਤੀ ਗਈ ਹੈ। ਯੁਗਪ੍ਰੀਤ ਨੇ ਬਦਲੇ ਵਿੱਚ ਦੋ ਹੋਰ ਚਾਰਜਸ਼ੀਟ ਕੀਤੇ ਮੁਲਜ਼ਮਾਂ ਨੂੰ ਭਰਤੀ ਕੀਤਾ ਸੀ ਅਤੇ ਤਿੰਨਾਂ ਨੇ ਚੌਕੀ 'ਤੇ ਹਮਲਾ ਕੀਤਾ ਸੀ। ਤਿੰਨਾਂ ਮੁਲਜ਼ਮਾਂ ਨੂੰ ਨਵੰਬਰ 2024 ਦੇ ਸ਼ੁਰੂ ਵਿੱਚ ਉਨ੍ਹਾਂ ਦੇ ਵਿਦੇਸ਼ੀ ਹੈਂਡਲਰਾਂ ਵੱਲੋਂ ਗ੍ਰਨੇਡ ਪ੍ਰਦਾਨ ਕੀਤੇ ਗਏ ਸਨ।

### ਟਰੰਪ ਖਿਲਾਫ ਅਮਰੀਕਾ ਭਰ 'ਚ ਵਿਖਾਵੇ

**ਨਿਊ ਯਾਰਕ** : ਰਾਸ਼ਟਰਪਤੀ ਟਰੰਪ ਵੱਲੋਂ ਆਪਣਾ 79ਵਾਂ ਜਨਮ ਦਿਨ ਵਾਸ਼ਿੰਗਟਨ 'ਚ ਗਰੈਂਡ ਮਿਲਟਰੀ ਪਰੇਡ ਨਾਲ ਮਨਾਇਆ, ਜਦਕਿ ਉਸ ਦੀ ਤਾਨਾਸ਼ਾਹੀ ਖਿਲਾਫ ਅਤੇ ਜਮਹੂਰੀਅਤ ਤੇ ਪ੍ਰਵਾਸੀ ਹੱਕਾਂ ਲਈ ਅਮਰੀਕਾ-ਭਰ 'ਚ ਲੋਕਾਂ ਨੇ 'ਨੋ ਕਿੰਗਜ਼' ਦੇ ਨਾਅਰੇ ਹੇਠ ਮੁਜ਼ਾਹਰੇ ਕੀਤੇ। ਨੋ ਕਿੰਗਜ਼ ਦੇ ਜਥੇਬੰਦਕਾਂ ਮੁਤਾਬਕ ਲੱਖਾਂ ਲੋਕ ਸੜਕਾਂ 'ਤੇ ਉਤਰੇ।




### ਅੱਜ-ਨਾਮਾ

ਕਹਿਰ ਗਰਮੀ ਦਾ ਪਿਆ ਪੰਜਾਬ ਅੰਦਰ,
ਲੈਣਾ ਮੁਸ਼ਕਲ ਆ ਜਾਪਦਾ ਸਾਹ ਮੀਆਂ।
ਬਿਜਲੀ ਕੱਟਾਂ ਦੀ ਖੱਪ ਪਏ ਕਈ ਥਾਂਈਂ,
ਜਾਵੇ ਲੋਕਾਂ ਦੀ ਕੋਈ ਨਹੀਂ ਵਾਹ ਮੀਆਂ।
ਜੀਹਨੂੰ ਪੁੱਛੋ, ਦੁਹਾਈ ਪਿਆ ਪਾਈ ਜਾਵੇ,
ਕੁਝ ਨਹੀਂ ਨਿਕਲਦਾ ਆਖਦੇ ਰਾਹ ਮੀਆਂ।
ਆ ਗਈ ਖਬਰ ਕਿ ਦਿਨ ਨੇ ਫਿਰਨ ਵਾਲੇ,
ਚੱਲਦਾ ਬੇਸ਼ੱਕ ਆ ਹਾੜ੍ਹ ਦਾ ਮਾਹ ਮੀਆਂ।
ਕਣੀਆਂ ਚਾਰ ਵੀ ਪਈਆਂ ਜੇ ਅੱਜ ਭਲਕੇ,
ਕੁਝ-ਕੁਝ ਘਟੇਗਾ ਧਰਤ ਦਾ ਤਾਪ ਮੀਆਂ।
ਅਗਲੇ ਦਿਨ ਹੀ ਓਦਾਂ ਜਦ ਮੀਂਹ ਹਟਿਆ,
ਤਪੀ ਪਈ ਧਰਤ ਵੀ ਛੱਡੂਗੀ ਭਾਪ ਮੀਆਂ।

-ਤੀਸ ਮਾਰ ਖਾਂ

## ਈਰਾਨ 'ਤੇ ਇਜ਼ਰਾਈਲੀ ਹਮਲਾ ਸੰਸਾਰ ਅਮਨ ਲਈ ਖਤਰਾ : ਅਰਸ਼ੀ

**ਫਰੀਦਕੋਟ (ਐਲਿਗਜੈਂਡਰ ਡਿਸੂਜਾ)**
ਅਮਰੀਕਨ ਸਾਮਰਾਜ ਦੀ ਸਿੱਧੀ ਹਮਾਇਤ ਨਾਲ ਇਜ਼ਰਾਈਲੀ ਜੰਗਬਾਜ਼ਾਂ ਵੱਲੋਂ ਨਸਲਘਾਤ ਦੀ ਨੀਤੀ ਤਹਿਤ ਪਿਛਲੇ ਡੇਢ ਸਾਲ ਦੌਰਾਨ 55,000 ਤੋਂ ਵੱਧ ਫਲਸਤੀਨੀ ਲੋਕਾਂ ਨੂੰ ਮਾਰ ਮੁਕਾਉਣ ਤੋਂ ਬਾਅਦ ਹੁਣ ਸ਼ੁੱਕਰਵਾਰ ਤੜਕਸਾਰ ਈਰਾਨ ਦੇ ਅਨੇਕ ਸ਼ਹਿਰਾਂ ਤੇ ਪ੍ਰਮਾਣੂ ਪਲਾਂਟ 'ਤੇ ਜ਼ਬਰਦਸਤ ਹਮਲਾ ਕਰਨ ਨਾਲ ਸੰਸਾਰ ਅਮਨ ਅਤੇ ਖਾਸ ਕਰਕੇ ਮੱਧ-ਪੂਰਬ ਦੇ ਖਿੱਤੇ ਲਈ ਗੰਭੀਰ ਖਤਰਾ ਪੈਦਾ ਹੋ ਗਿਆ ਹੈ।ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਸੀ ਪੀ ਆਈ ਦੀ ਕੌਮੀ ਕੌਂਸਲ ਮੈਂਬਰ ਹਰਦੇਵ ਅਰਸ਼ੀ ਨੇ ਸਥਾਨਕ 'ਸ਼ਹੀਦ ਕਾਮਰੇਡ ਅਮੋਲਕ ਭਵਨ' ਵਿਖੇ ਪਾਰਟੀ ਦੀ ਜ਼ਿਲ੍ਹਾ ਕੌਂਸਲ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਸੁਖਦਰਸ਼ਨ ਰਾਮ ਸ਼ਰਮਾ ਔਲਖ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਦੇ ਸ਼ੁਰੂ ਵਿੱਚ ਅਹਿਮਦਾਬਾਦ ਹਵਾਈ ਜਹਾਜ਼ ਹਾਦਸੇ ਵਿੱਚ ਮਾਰੇ ਗਏ 275 ਮੁਸਾਫ਼ਰਾਂ ਅਤੇ ਹੋਰਨਾਂ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ। ਦੂਜੇ ਸ਼ੋਕ ਮਤੇ ਵਿੱਚ ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਸੈਕਟਰੀ 'ਨਵਾਂ ਜ਼ਮਾਨਾ' ਦੀ ਅਚਾਨਕ ਹੋਈ ਮੌਤ 'ਤੇ ਦੁੱਖ ਪ੍ਰਗਟ ਕੀਤਾ ਗਿਆ। ਕਾਮਰੇਡ ਅਰਸ਼ੀ ਨੇ ਮੋਦੀ ਸਰਕਾਰ ਦੀ ਇਜ਼ਰਾਈਲ ਪ੍ਰਤੀ ਉਲਾਰ ਵਿਦੇਸ਼ ਨੀਤੀ ਦੀ ਨੁਕਤਾਚੀਨੀ ਕਰਦੇ ਹੋਏ ਭਾਰਤ ਦੀ ਫਲਸਤੀਨ ਅਤੇ ਈਰਾਨ ਦੇ ਹੱਕ ਵਿੱਚ ਖੜੇ ਹੋਣ ਦੀ ਪੁਰਾਣੀ ਨੀਤੀ 'ਤੇ ਮਜ਼ਬੂਤੀ ਨਾਲ ਕਾਇਮ ਰਹਿਣ ਦੀ ਮੰਗ ਕੀਤੀ।



ਮੀਟਿੰਗ ਦੌਰਾਨ ਪਿਛਲੇ ਦਿਨੀਂ 7 ਜੂਨ ਨੂੰ ਪਿੰਡ ਔਲਖ ਵਿੱਚ ਕਾਮਰੇਡ ਅਮੋਲਕ ਸਿੰਘ ਅਤੇ ਉਸ ਦੇ ਨਾਲ ਸ਼ਹੀਦ ਹੋਏ ਛੇ ਸਾਥੀਆਂ ਦੀ 34ਵੀਂ ਬਰਸੀ ਦੀ ਸਫਲਤਾ ਲਈ ਜ਼ਿਲ੍ਹੇ ਦੇ ਸਾਰੇ ਮੈਂਬਰਾਂ ਖਾਸ ਕਰਕੇ ਔਲਖ ਬ੍ਰਾਂਚ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ ਗਿਆ ਅਤੇ ਇਸ ਪਰੰਪਰਾ ਨੂੰ ਜਾਰੀ ਰੱਖਣ ਦਾ ਪ੍ਰਣ ਦੁਹਰਾਇਆ। ਅਰਸ਼ੀ ਨੇ ਪਾਰਟੀ ਦੇ ਸਤੰਬਰ ਦੇ ਮਹੀਨੇ ਚੰਡੀਗੜ੍ਹ ਵਿੱਚ ਹੋਣ ਜਾ ਰਹੇ 25ਵੇਂ ਆਲ ਇੰਡੀਆ ਮਹਾਂ-ਸੰਮੇਲਨ ਦੀ ਤਿਆਰੀ ਸੰਬੰਧੀ ਕੋਈ ਕਸਰ ਬਾਕੀ ਨਾ ਛੱਡਣ ਲਈ ਸਾਰੇ ਪਾਰਟੀ ਮੈਂਬਰਾਂ ਅਤੇ ਹਮਦਰਦ ਸੱਜਣਾਂ ਨੂੰ ਅਪੀਲ ਕੀਤੀ ਅਤੇ ਆਉਣ ਵਾਲੇ ਦਿਨਾਂ ਵਿੱਚ ਯੋਜਨਾਬੱਧ ਢੰਗ ਨਾਲ ਮੁਹਿੰਮ ਚਲਾ ਕੇ ਇੱਕ ਲੱਖ ਰੁਪਏ ਦੀ ਸਹਾਇਤਾ ਪਾਰਟੀ ਨੂੰ ਭੇਜਣ ਦਾ ਨਿਸ਼ਚਾ ਪ੍ਰਗਟ ਕੀਤਾ।ਇਸ ਮੌਕੇ ਜ਼ਿਲ੍ਹਾ ਕੈਸ਼ੀਅਰ ਮਾਸਟਰ ਗੁਰਚਰਨ ਸਿੰਘ ਮਾਨ ਨੇ ਦੱਸਿਆ ਕਿ ਹੁਣ ਤੱਕ ਜ਼ਿਲ੍ਹੇ ਵੱਲੋਂ 25ਵੀਂ ਪਾਰਟੀ ਕਾਂਗਰਸ ਲਈ ਇਕ ਲੱਖ ਰੁਪਏ ਤੋਂ ਵੱਧ • ਬਾਕੀ ਸਫਾ 2 'ਤੇ

## ਸਰਕਾਰ ਇਜ਼ਰਾਈਲ-ਪੱਖੀ ਸਟੈਂਡ ਬਦਲੇ : ਸੀ ਪੀ ਆਈ

**ਨਵੀਂ ਦਿੱਲੀ** : ਭਾਰਤੀ ਕਮਿਊਨਿਸਟ ਪਾਰਟੀ ਦੇ ਰਾਸ਼ਟਰੀ ਸਕੱਤਰੇਤ ਨੇ ਗਾਜ਼ਾ ਵਿੱਚ ਚੱਲ ਰਹੀ ਨਸਲਕੁਸ਼ੀ ਸੰਬੰਧੀ ਮਤੇ 'ਤੇ ਸੰਯੁਕਤ ਰਾਸ਼ਟਰ ਜਨਰਲ ਅਸੰਬਲੀ ਦੀ ਵੋਟਿੰਗ ਵਿੱਚ ਭਾਰਤ ਸਰਕਾਰ ਦੇ ਗੈਰਹਾਜ਼ਰ ਰਹਿਣ ਦੀ ਸਖ਼ਤ ਨਿੰਦਾ ਕੀਤੀ ਹੈ। ਇਹ ਗੈਰ-ਹਾਜ਼ਰ ਰਹਿਣਾ ਸਿਰਫ਼ ਇੱਕ ਕੂਟਨੀਤਕ ਚਾਲ ਨਹੀਂ, ਸਗੋਂ ਇਹ ਇੱਕ ਗੰਭੀਰ ਨੈਤਿਕ ਅਸਫਲਤਾ ਹੈ ਅਤੇ ਜ਼ਾਇਓਨਿਜ਼ਮ ਅਤੇ ਆਰ ਐੱਸ ਐੱਸ-ਭਾਜਪਾ ਦੁਆਰਾ ਅਪਣਾਈ ਗਈ ਹਿੰਦੂਤਵੀ ਵਿਚਾਰਧਾਰਾ ਵਿਚਕਾਰ ਡੂੰਘੀ ਵਿਚਾਰਧਾਰਕ ਸਾਂਝ ਨੂੰ ਦਰਸਾਉਂਦੀ ਹੈ ਅਤੇ ਨਿਆਂ, ਗੈਰ-ਗਠਜੋੜ ਅਤੇ ਦੱਬੇ-ਕੁਚਲੇ ਲੋਕਾਂ ਨਾਲ ਏਕਤਾ ਦੇ ਲੰਮੇ ਸਮੇਂ ਤੋਂ ਚੱਲ ਰਹੇ ਮੁੱਲਾਂ ਨਾਲ ਵਿਸ਼ਵਾਸਘਾਤ ਕਰਦੀ ਹੈ, ਜਿਨ੍ਹਾਂ ਇਤਿਹਾਸਕ ਤੌਰ 'ਤੇ ਭਾਰਤ ਦੀ ਵਿਦੇਸ਼ ਨੀਤੀ ਨੂੰ ਨਿਰਦੇਸ਼ਤ ਕੀਤਾ ਹੈ।ਇੱਕ ਅਜਿਹੇ ਸਮੇਂ ਜਦੋਂ ਦੁਨੀਆ ਔਰਤਾਂ ਅਤੇ ਬੱਚਿਆਂ ਸਮੇਤ ਫਲਸਤੀਨੀ ਨਾਗਰਿਕਾਂ ਦੇ ਬੇਰਹਿਮ ਕਤਲੇਆਮ ਨੂੰ ਦੇਖ ਰਹੀ ਹੈ, ਇਜ਼ਰਾਈਲੀ ਹਮਲੇ ਨੂੰ ਖਤਮ ਕਰਨ ਦੀ ਮੰਗ ਕਰਨ ਵਾਲੇ ਮਤੇ ਦਾ ਸਮਰਥਨ ਕਰਨ ਵਿੱਚ ਭਾਰਤ ਦੀ ਅਸਫਲਤਾ ਯੁੱਧ ਅਪਰਾਧਾਂ ਵਿੱਚ ਸ਼ਮੂਲੀਅਤ ਦੇ ਬਰਾਬਰ ਹੈ। ਅੱਤਿਆਚਾਰਾਂ ਦੇ ਸਾਹਮਣੇ ਇਹ ਪਰਹੇਜ਼ ਅਸਵੀਕਾਰਨਯੋਗ ਹੈ ਅਤੇ ਮਨੁੱਖਤਾ ਤੇ ਅੰਤਰਰਾਸ਼ਟਰੀ ਕਾਨੂੰਨ ਦੇ ਸਿਧਾਂਤਾਂ ਦੇ ਵਿਰੁੱਧ ਹੈ। ਸੀ ਪੀ ਆਈ ਫਲਸਤੀਨ ਦੇ ਲੋਕਾਂ ਨਾਲ ਆਪਣੀ ਏਕਤਾ ਨੂੰ ਦੁਹਰਾਉਂਦੀ ਹੈ ਅਤੇ ਮੰਗ ਕਰਦੀ ਹੈ ਕਿ ਭਾਰਤ ਸਰਕਾਰ ਤੁਰੰਤ ਆਪਣੇ ਇਜ਼ਰਾਈਲ-ਪੱਖੀ ਸਟੈਂਡ ਨੂੰ ਉਲਟਾਵੇ ਅਤੇ ਗਾਜ਼ਾ ਵਿੱਚ ਨਿਆਂ ਅਤੇ ਸ਼ਾਂਤੀ ਲਈ ਵਿਸ਼ਵਵਿਆਪੀ ਸੱਦੇ ਦੇ ਨਾਲ ਮਜ਼ਬੂਤੀ ਨਾਲ ਖੜ੍ਹੀ ਹੋਵੇ।

16-JUNE-PAGE-1.qxd 6/15/2025 8:48 PM Page 2



## ਵੋਟਰਾਂ ਨੂੰ ਚੁਣੇ ਸੰਵਿਧਾਨਕ ਨੁਮਾਇੰਦਿਆਂ ਨੂੰ ਵਾਪਸ ਬੁਲਾਉਣ ਦਾ ਕਾਨੂੰਨੀ ਅਧਿਕਾਰ ਦਿੱਤਾ ਜਾਵੇ : ਬਲਕਰਨ ਮੋਗਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਪ੍ਰਗਤੀਸ਼ੀਲ ਮੰਚ ਦੀ ਮੋਗਾ ਸ਼ਹਿਰੀ ਕਮੇਟੀ ਦੀ ਮੀਟਿੰਗ ਸੁਖਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਨੇਚਰ ਪਾਰਕ ਮੋਗਾ ਵਿਖੇ ਹੋਈ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਮੰਚ ਦੇ ਸੂਬਾਈ ਪ੍ਰਧਾਨ ਬਲਕਰਨ ਮੋਗਾ ਨੇ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਹੋ ਰਹੀਆਂ ਅਪਰਾਧਿਕ ਘਟਨਾਵਾਂ ਦਰਸਾ ਰਹੀਆਂ ਹਨ ਕਿ ਪੰਜਾਬ ਵਿੱਚ ਸਰਕਾਰ ਨਾਂ ਦੀ ਕੋਈ ਚੀਜ਼ ਨਹੀਂ। ਕਾਨੂੰਨੀ ਵਿਵਸਥਾ ਢੇਰੂ ਹੋ ਚੁੱਕੀ ਹੈ। ਲੋਕ ਖੌਫ ਵਿੱਚ ਜੀ ਰਹੇ ਹਨ। ਆਪ ਦੇ ਦਿੱਲੀ ਮਾਡਲ ਤੋਂ ਬਾਅਦ ਪੰਜਾਬ ਦਾ ਮਾਡਲ ਵੀ ਫੇਲ੍ਹ ਹੋ ਚੁੱਕਿਆ ਹੈ। ਬਲਕਰਨ ਮੋਗਾ ਨੇ ਸਰਕਾਰ ਦੀ ਪੰਜ ਸਾਲ ਦੀ ਮਿਆਦ ਦੀ ਸੰਵਿਧਾਨਕ ਮਦ ਤੇ ਵੀ ਸਵਾਲ ਖੜੇ ਕਰਦਿਆਂ ਕਿਹਾ ਕਿ ਜੇਕਰ ਵੋਟਰ ਲੀਡਰਾਂ ਦੇ ਗੁੰਮਰਾਹਕੁਨ ਪ੍ਰਚਾਰ ਕਰਕੇ ਗਲਤ ਲੀਡਰ ਚੁਣ ਲੈਂਦੇ ਹਨ ਤਾਂ ਫਿਰ ਕਿ ਇਹ ਲਾਜ਼ਮੀ ਹੈ ਕਿ ਉਹ ਪੰਜ ਸਾਲ ਆਪਣੀ ਗਲਤ ਚੋਣ ਦੀ ਸਜ਼ਾ ਭੁਗਤਣ? ਬਲਕਰਨ ਮੋਗਾ ਨੇ ਕਿਹਾ ਕਿ ਪ੍ਰਗਤੀਸ਼ੀਲ ਮੰਚ ਮੰਗ ਕਰਦਾ ਹੈ ਕਿ ਵੋਟਰਾਂ ਨੂੰ ਚੁਣੇ ਸੰਵਿਧਾਨਕ ਨੁਮਾਇੰਦਿਆਂ ਨੂੰ ਬੇਵਿਸ਼ਵਾਸੀ ਮਤਾ ਲਿਆ ਕੇ ਜਨਮਤ ਸੰਗ੍ਰਹਿ ਰਾਹੀਂ ਵਾਪਸ ਬੁਲਾਉਣ ਦਾ ਵੀ ਕਾਨੂੰਨੀ ਅਧਿਕਾਰ ਦਿੱਤਾ ਜਾਵੇ। ਇਸ ਮੌਕੇ ਪ੍ਰਗਤੀਸ਼ੀਲ ਮੰਚ ਦੀ ਸ਼ਹਿਰੀ ਕਮੇਟੀ ਦੀ ਚੋਣ ਵੀ ਕੀਤੀ ਗਈ, ਜਿਸ ਵਿੱਚ ਜਗਜੀਤ ਸਿੰਘ ਭੁੱਲਰ ਨੂੰ ਪ੍ਰਧਾਨ, ਬਲਵੰਤ ਸਿੰਘ ਨੂੰ ਸਕੱਤਰ ਤੇ ਮੀਤ ਪ੍ਰਧਾਨ ਸੁਖਜਿੰਦਰ ਸਿੰਘ ਤੇ ਗੁਰਦੀਪ ਸਿੰਘ ਸ਼ੇਖੀ ਨੂੰ ਚੁਣਿਆ ਗਿਆ। ਇਸ ਮੌਕੇ ਹਾਜ਼ਰ ਆਗੂਆਂ ਵਿੱਚ ਅਮਨਦੀਪ ਸਿੰਘ ਸਿਆਣ ਵਾਲਾ ਜ਼ਿਲ੍ਹਾ ਪ੍ਰਧਾਨ ਤੇ ਸ਼ਹਿਰੀ ਕਮੇਟੀ ਦੇ ਆਗੂ ਸੋਨੂੰ ਮੋਗਾ, ਅਜੇ ਕੁਮਾਰ, ਰਣਜੀਤ ਸਿੰਘ ਹਾਜ਼ਰ ਸਨ।

# ਦੱਖਣ ਏਸ਼ੀਆਈ ਦੇਸ਼ਾਂ ਦਾ ਸੰਘ ਮੌਜੂਦਾ ਸਮੇਂ ਦੀ ਲੋੜ : ਡਾ. ਸਵਰਾਜ ਸਿੰਘ

**ਪੀ ਯੂ ਦੇ 'ਵਰਲਡ ਪੰਜਾਬੀ ਸੈਂਟਰ' ਵਿਖੇ ਸਮਾਗਮ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੇ 'ਵਰਲਡ ਪੰਜਾਬੀ ਸੈਂਟਰ' ਵਿਖੇ 'ਦੱਖਣ ਏਸ਼ੀਆਈ ਦੇਸ਼ਾਂ ਦੇ ਸੰਘ ਦੀ ਲੋੜ ਕਿਉਂ', ਵਿਸ਼ੇ ਉੱਤੇ ਵਿਚਾਰ ਚਰਚਾ ਪੂਰਨ ਢੰਗ ਨਾਲ ਸਮਾਗਮ ਕਰਵਾਇਆ ਗਿਆ। ਸੈਂਟਰ ਦੇ ਡਾਇਰੈਕਟਰ ਪ੍ਰੋ. ਭੀਮਇੰਦਰ ਸਿੰਘ ਨੇ ਦੱਸਿਆ ਕਿ ਸਮਾਗਮ ਦੀ ਪ੍ਰਧਾਨਗੀ ਉੱਘੇ ਲੇਖਕ, ਚਿੰਤਕ ਸ੍ਰੀ ਬੀ ਐੱਸ ਰਤਨ ਨੇ ਕੀਤੀ। ਮੁੱਖ ਮਹਿਮਾਨ ਵਜੋਂ ਪ੍ਰਸਿੱਧ ਨਾਟਕਕਾਰ ਪਦਮਸ੍ਰੀ ਪ੍ਰਾਣ ਸੱਭਰਵਾਲ ਸ਼ਾਮਲ ਹੋਏ। ਇਨ੍ਹਾਂ ਤੋਂ ਇਲਾਵਾ ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ, ਡਾ. ਸੁਰਜੀਤ ਸਿੰਘ ਭੱਟੀ ਤੇ ਐੱਸ.ਡੀ.ਓ. ਦਿਆਲ ਸਿੰਘ ਗਿੱਲ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਸਨ। ਸ਼ੁਰੂਆਤ ਵਿੱਚ ਜਹਾਜ਼ ਹਾਦਸੇ 'ਚ ਮਾਰੇ ਗਏ ਲੋਕਾਂ ਦੀ ਯਾਦ ਵਿੱਚ ਦੋ ਮਿੰਟ ਮੋਨ ਧਾਰ ਕੇ ਸ਼ਰਧਾਂਜਲੀ ਦਿੱਤੀ ਗਈ। ਸਮਾਗਮ ਦੀ ਸ਼ੁਰੂਆਤ ਅਮਰਜੀਤ ਅਮਨ ਦੇ ਸੁਰੀਲੇ ਗੀਤ ਨਾਲ ਹੋਈ, ਕਵੀ ਦਰਬਾਰ ਵਿੱਚ ਇਕਬਾਲ ਗੱਜਣ, ਅਮਰ ਗਰਗ ਕਲਮਦਾਨ, ਗੁਰਜੰਟ ਸਿੰਘ ਸ਼ੇਰੋਂ, ਬਲਵਿੰਦਰ ਸਿੰਘ ਭੱਟੀ, ਵਰਿੰਦਰਜੀਤ ਜਾਗੋਵਾਲ, ਜਗਸੀਰ ਸਿੰਘ ਬਾਜਵਾ, ਪਰਮਜੀਤ ਸਿੰਘ, ਹਰਪ੍ਰੀਤ ਕੌਰ ਤੇ ਸਵਿਤਾ ਸ਼ਾਮਲ ਸਨ।

ਸਮਾਗਮ ਦੇ ਵਿਸ਼ਵ ਚਿੰਤਕ ਡਾ. ਸਵਰਾਜ ਸਿੰਘ ਨੇ 'ਦੱਖਣ ਏਸ਼ੀਆਈ ਸੰਘ ਦੀ ਲੋੜ ਕਿਉਂ' ਵਿਸ਼ੇ 'ਤੇ ਬੋਲਦਿਆਂ ਕਿਹਾ ਕਿ ਦੂਜੇ ਵਿਸ਼ਵ ਯੁੱਧ ਤੋਂ ਬਾਅਦ ਦੁਨੀਆ ਤਿੰਨ ਧੜਿਆਂ ਵਿੱਚ (ਅਮਰੀਕਨ ਧੜਾ, ਰੂਸੀ ਧੜਾ ਤੇ ਧੜਾ ਨਿਰਪੱਖ ਦੇਸ਼) ਵੰਡੀ ਗਈ ਸੀ। ਜੰਗ ਤੋਂ ਬਾਅਦ ਫਿਰ ਦੁਨੀਆ ਅੰਦਰ ਅਮਰੀਕਾ ਤੇ ਰੂਸ ਵਿਚਕਾਰ ਵੱਡੀ ਜੰਗ ਸ਼ੁਰੂ ਹੋ ਗਈ ਸੀ। ਇਹ ਜੰਗ ਆਰਥਿਕ ਤੇ ਰਾਜਨੀਤਕ ਖੇਤਰ ਅੰਦਰ ਚੱਲਦੀ ਰਹੀ। ਦੁਨੀਆ ਦੇ ਨਿਰਪੱਖ ਮੁਲਕ ਆਪਣੇ ਹਿੱਤਾਂ ਲਈ ਅਮਰੀਕਾ ਨਾਲ ਟਕਰਾਉਂਦੇ ਰਹੇ ਸੀ। ਧੜਾ ਨਿਰਪੱਖ ਦੇਸ਼ਾਂ ਦੀ ਪ੍ਰਧਾਨ ਸ੍ਰੀਮਤੀ ਇੰਦਰਾ ਗਾਂਧੀ ਦੇ ਕਤਲ ਤੋਂ ਬਾਅਦ ਉਹ ਲਹਿਰ ਢਿੱਲੀ ਪੈ ਗਈ। ਸੋਵੀਅਤ ਯੂਨੀਅਨ ਟੁੱਟ ਕੇ ਬਿਖਰ ਗਿਆ, ਜਿਸ ਨਾਲ ਦੁਨੀਆਂ ਉੱਤੇ ਅਮਰੀਕਾ ਦੀ ਚੌਧਰ ਕਾਇਮ ਹੋ ਕੇ ਦੁਨੀਆ ਇੱਕ ਧਰੁਵੀ ਬਣ ਗਈ ਸੀ। ਹੁਣ ਦੁਨੀਆ ਦੀਆਂ ਹਾਲਤਾਂ ਬਦਲਣ ਕਾਰਨ ਚੀਨ ਤੇ ਰੂਸ ਇਕੱਠੇ ਹੋ ਕੇ ਅਮਰੀਕਾ ਲਈ ਤੇ ਇਸ ਦੇ ਧੜੇ ਨਾਟੋ ਲਈ ਬਰਾਬਰ ਆ ਖੜ੍ਹੇ ਹਨ। ਆਰਥਿਕ ਤੇ ਹਥਿਆਰਾਂ ਦੇ ਤੌਰ 'ਤੇ ਅਮਰੀਕਾ ਦੀ ਤਾਕਤ ਘਟਣ ਨਾਲ ਦੁਨੀਆ ਇੱਕ ਧਰੁਵੀ ਤੋਂ ਬਹੁ ਧਰੁਵੀ ਬਣ ਗਈ ਹੈ। ਭਾਵੇਂ ਪਹਿਲਾਂ ਬਣੀਆਂ ਏਸ਼ੀਆਈ ਸੰਸਥਾਵਾਂ ਸਾਰਕ, ਆਸੀਆਨ, ਬਿਮਸਟੈਕ ਵਰਗੀਆਂ ਸੰਸਥਾਵਾਂ ਆਪਣੇ ਟੀਚੇ ਪ੍ਰਾਪਤ ਨਹੀਂ ਕਰ ਸਕੀਆਂ, ਪਰ ਹੁਣ ਦੱਖਣ ਏਸ਼ੀਆਈ ਸੰਘ, ਜਿਸ ਵਿੱਚ ਭਾਰਤ, ਪਾਕਿਸਤਾਨ, ਅਫਗਾਨਿਸਤਾਨ, ਬੰਗਲਾਦੇਸ਼, ਸ੍ਰੀਲੰਕਾ ਤੇ ਸਮੁੰਦਰੀ ਟਾਪੂਆਂ ਜਿਹੇ ਦੇਸ਼ ਸ਼ਾਮਲ ਹਨ। ਆਪਣੀ ਜਨਸੰਖਿਆ, ਆਰਥਿਕਤਾ ਤੇ ਸਮਾਜਿਕ ਸਾਂਝ ਕਾਰਨ ਦੁਨੀਆ ਅੰਦਰ ਆਪਣੇ ਵੀ ਇੱਕ ਧਰੁਵ ਖੜ੍ਹਾ ਕਰ ਸਕਦੇ ਹਨ ਅਤੇ ਆਪਣੀ ਆਰਥਿਕ ਅਤੇ ਰਾਜਨੀਤਕ ਸ਼ਕਤੀ ਵਧਾ ਸਕਦੇ ਹਨ। ਉਨ੍ਹਾਂ ਕਿਹਾ ਕਿ ਇਹ ਸੰਗਠਨ (ਸੰਘ) ਯੂਰਪੀ ਯੂਨੀਅਨ ਦੀ ਤਰਜ਼ 'ਤੇ ਬਣਾਇਆ ਜਾਵੇ, ਉਸ ਸਮੇਂ ਦੀ ਲੋੜ ਹੈ। ਪਵਨ ਹਰਚੰਦਪੁਰੀ ਨੇ ਡਾ. ਸਵਰਾਜ ਸਿੰਘ ਦੇ ਇਸ ਵਿਚਾਰ ਦਾ ਸਮਰਥਨ ਕਰਦਿਆਂ ਦੁਨੀਆ ਦੀਆਂ ਮੁਦਰਾਵਾਂ ਦਾ ਮੁੱਲ ਮੁੜ ਤੋਂ ਖਰੀਦ ਮੁੱਲ ਅਨੁਸਾਰ ਨਿਰਧਾਰਤ ਕੀਤੀਆਂ ਜਾਣ, ਕਿਉਂਕਿ ਹੁਣ ਦੁਨੀਆ ਅੰਦਰ ਡਾਲਰ, ਪੌਂਡ, ਯੂਰੋ ਆਦਿ ਹੋਰ ਰੁਪਏ ਦੇ ਮੁਕਾਬਲੇ ਘੱਟ ਜਾਵੇਗਾ ਤੇ ਮਹਾਂਸ਼ਕਤੀਆਂ ਦੀ ਆਰਥਿਕ ਸ਼ਕਤੀ ਵੀ ਟੁੱਟ ਜਾਵੇਗੀ। ਡਾ. ਸੁਰਜੀਤ ਸਿੰਘ ਭੱਟੀ ਨੇ ਕਾਰਪੋਰੇਟੀ ਤੇ ਕੋਰੋਨਾ ਸਰਮਾਇਆ (ਜੋ ਸ਼ੇਅਰਾਂ 'ਤੇ ਕਬਜ਼ਾ ਕਰਕੇ ਕਮਾਇਆ ਜਾਂਦਾ ਹੈ।) ਕਦੇ ਵੀ ਅਜਿਹੇ ਸੰਘਾਂ ਨੂੰ ਕਾਮਯਾਬ ਨਹੀਂ ਹੋਣ ਦੇਵੇਗਾ, ਦੇਸ਼ਾਂ ਨੂੰ ਆਪਸੀ ਯੁੱਧਾਂ ਜਾਂ ਘਰੇਲੂ ਯੁੱਧਾਂ ਵੱਲ ਧਕੇਲ ਦੇਵੇਗਾ। ਕਈ ਹੋਰ ਲੇਖਕਾਂ ਨੇ ਬਹਿਸ ਵਿੱਚ ਭਾਗ ਲਿਆ। ਮੇਘ ਰਾਜ ਬਠਿੰਡਾ ਨੇ ਮੁੱਦੇ ਨੂੰ ਸਾਰਥਿਕ ਕਿਹਾ ਤੇ ਡਾ. ਸਵਰਾਜ ਸਿੰਘ ਨੇ ਉੱਠੇ ਸਵਾਲਾਂ ਦੇ ਜਵਾਬ ਦਿੱਤੇ। ਸ੍ਰੀ ਪ੍ਰਾਨ ਸੱਭਰਵਾਲ ਨੇ ਸਮਾਗਮ ਤੇ ਸਮਾਗਮ ਕਰਤਾਵਾਂ ਦੀ ਤਾਰੀਫ ਕੀਤੀ ਅਤੇ ਵਧਾਈ ਦਿੱਤੀ। ਸਮਾਗਮ ਦੇ ਪ੍ਰਧਾਨ ਬੀ ਐੱਸ ਰਤਨ ਜੀ ਨੇ ਦੁਨੀਆ ਦੀਆਂ ਵਿਸਫੋਟਕ ਹਾਲਤਾਂ ਅੰਦਰ ਮੁਲਕਾਂ ਨੂੰ ਯੁੱਧ ਦੀ ਥਾਂ ਆਪਸੀ ਸਹਿਯੋਗ ਵਧਾਉਣ ਦੀ ਮੰਗ ਕੀਤੀ। ਬਦਲ ਰਹੀ ਦੁਨੀਆ ਦੀ ਆਰਥਿਕ, ਰਾਜਨੀਤਕ ਹਾਲਤ ਅਨੁਸਾਰ ਇਕੱਠੇ ਹੋਣ ਤੇ ਫੈਸਲਾ ਲੈਣ ਲਈ ਕਿਹਾ। ਵਿਸ਼ੇ ਬਾਬਤ ਆਪਣੇ ਭਾਵਪੂਰਤ ਵਿਚਾਰ ਪੇਸ਼ ਕਰਦਿਆਂ ਸ੍ਰੀ ਦਿਆਲ ਸਿੰਘ ਨੇ ਸਾਰਿਆਂ ਦਾ ਧੰਨਵਾਦ ਕੀਤਾ।

## ਕੋਠੇ ਰਾਹਲਾ ਦੇ ਮੇਲੇ 'ਤੇ ਗਿੱਲ ਅਖਾੜੇ ਵਾਲਾ ਦੀ ਜੋੜੀ ਨੇ ਪਾਈਆਂ ਧੁੰਮਾਂ



**ਜਗਰਾਉਂ (ਨਛੱਤਰ ਸੰਧੂ)**-ਇੱਥੋਂ ਨੇੜਲੇ ਪਿੰਡ ਕੋਠੇ ਰਾਹਲਾ ਦੇ ਧਾਰਮਿਕ ਅਸਥਾਨ ਪੀਰ ਬਾਬਾ ਜਾਹਰ ਬਲੀ ਦੇ ਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਸੱਭਿਆਚਾਰਕ ਮੇਲਾ ਤੇ ਭੰਡਾਰਾ ਸਰਪੰਚ ਅਮਨਜੋਤ ਸਿੰਘ ਦੀ ਅਗਵਾਈ ਹੇਠ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ।ਪੀਰ ਦੀ ਦਰਗਾਹ 'ਤੇ ਚਾਦਰ ਝੜਾਉਣ ਤੋਂ ਬਾਅਦ ਗਾਇਕੀ ਦਾ ਖੁੱਲ੍ਹਾ ਅਖਾੜਾ ਚੱਲਿਆ, ਜਿਸ ਵਿੱਚ ਪੰਜਾਬ ਦੇ ਨਾਮਵਾਰ ਕਲਾਕਾਰਾਂ ਨੇ ਆਪਣੀ ਗਾਇਕੀ ਦਾ ਪ੍ਰਦਰਸ਼ਨ ਕੀਤਾ।ਗਾਇਕਾਂ ਤੋਂ ਪਹਿਲਾਂ ਮਸ਼ਹੂਰ ਕਵੀਸ਼ਰ ਪੰਡਿਤ ਸੋਮਨਾਥ ਰੋਡਿਆਂ ਵਾਲੇ ਦੇ ਜਥੇ ਨੇ ਲਗਾਤਾਰ ਦੋ ਘੰਟੇ ਆਪਣਾ ਪ੍ਰੋਗਰਾਮ ਪੇਸ਼ ਕੀਤਾ।ਗਾਇਕੀ ਦੌਰਾਨ ਕਲਾਕਾਰ ਬਲਵਿੰਦਰ ਮਾਨ ਤੇ ਬੀਬਾ ਦੀਪ ਧਾਲੀਵਾਲ, ਮਿੱਸ ਡੌਲੀ, ਸੁੱਖਾ ਜਗਰਾਉਂ, ਵੀਰ ਸੁਖਵੰਤ ਤੇ ਬੀਬਾ ਰੇਨੂ ਤੋਂ ਇਲਾਵਾ ਪ੍ਰਸਿੱਧ ਗਾਇਕ ਜੋੜੀ ਗਿੱਲ ਅਖਾੜੇ ਵਾਲਾ ਤੇ ਬੀਬਾ ਅਮਨ ਅਰੋੜਾ ਨੇ ਸਟੇਜ ਤੋਂ ਆਪਣੇ ਚਰਚਿਤ ਗੀਤ ਪੇਸ਼ ਕਰਕੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ।ਇਸ ਮੌਕੇ ਸਰਪੰਚ ਅਮਨਜੋਤ ਸਿੰਘ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਮੇਲੇ ਜਿੱਥੇ ਸਾਡੀ ਭਾਈਚਾਰਕ ਸਾਂਝ ਵਧਾਉਂਦੇ ਹਨ, ਉੱਥੇ ਸਾਡੇ ਰੂਹ ਦੀ ਖੁਰਾਕ ਵੀ ਹਨ।ਇਸ ਸਮੇਂ ਸਾਬਕਾ ਸਰਪੰਚ ਗੁਰਚਰਨ ਸਿੰਘ, ਸਾਬਕਾ ਪੰਚ ਬਲਵੀਰ ਸਿੰਘ, ਨੰਬਰਦਾਰ ਦਿਲਬਾਗ ਸਿੰਘ, ਸਰਪੰਚ ਮੇਜਰ ਸਿੰਘ ਨਵਾਂ ਡੱਲਾ ਤੇ ਠੇਕੇਦਾਰ ਬਲਵੀਰ ਸਿੰਘ ਆਦਿ ਹਾਜ਼ਰ ਸਨ।

## ਪ੍ਰੈੱਸ ਕਲੱਬ ਫਿਰੋਜ਼ਪੁਰ ਦੀ ਚੋਣ, ਮਨਦੀਪ ਮੌਂਟੀ ਪ੍ਰਧਾਨ ਬਣੇ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਮਨਦੀਪ ਕੁਮਾਰ ਮੌਂਟੀ ਫਿਰੋਜ਼ਪੁਰ ਕਲੱਬ ਦੇ ਪ੍ਰਧਾਨ ਬਣੇ ਤੇ ਜਗਦੀਸ਼ ਕੁਮਾਰ ਜਨਰਲ ਸਕੱਤਰ ਬਣੇ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਮਨਦੀਪ ਕੁਮਾਰ ਨੇ ਦੱਸਿਆ ਕਿ ਸਾਲ 2025-26 ਲਈ ਇੱਕ ਨਵੀਂ ਬਾਡੀ ਬਣਾਈ ਗਈ ਹੈ, ਜਿਸ ਕਾਰਨ ਚੇਅਰਮੈਨ ਗੌਰਵ ਮਾਨਿਕ, ਵਾਈਸ ਚੇਅਰਮੈਨ ਹਰੀਸ਼ ਮੌਂਗਾ, ਸੀਨੀਅਰ ਵਾਈਸ ਪ੍ਰਧਾਨ ਨਰੇਸ਼ ਕੁਮਾਰ ਉਰਫ਼ ਬੌਬੀ, ਵਾਈਸ ਪ੍ਰਧਾਨ ਸੁਖਦੇਵ ਗੁਰੇਜਾ, ਮੁੱਖ ਸਲਾਹਕਾਰ ਵਿਜੇ ਕੱਕੜ, ਸਲਾਹਕਾਰ ਮਦਨ ਲਾਲ ਤਿਵਾੜੀ, ਖਜ਼ਾਨਚੀ ਨਿਰਮਲ ਸਿੰਘ ਗਿੱਲ, ਕਾਨੂੰਨੀ ਸਲਾਹਕਾਰ ਰਮੇਸ਼ ਕੁਮਾਰ ਕਸ਼ਯਪ, ਦਫ਼ਤਰ ਇੰਚਾਰਜ ਅਨੁਜ ਕੱਕੜ, ਸਕੱਤਰ ਨਰਾਇਣ ਧਮੀਜਾ ਨੂੰ ਨਿਯੁਕਤ ਕੀਤਾ ਗਿਆ ਹੈ। ਅਹੁਦਾ ਸੰਭਾਲਦੇ ਹੋਏ ਪ੍ਰਧਾਨ ਮਨਦੀਪ ਕੁਮਾਰ ਮੌਂਟੀ ਨੇ ਕਿਹਾ ਕਿ ਕਲੱਬ ਦੇ ਕਿਸੇ ਵੀ ਮੈਂਬਰ ਤੇ ਅਹੁਦੇਦਾਰ ਨੂੰ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਦਾ ਸਾਹਮਣਾ ਨਹੀਂ ਕਰਨ ਦਿੱਤਾ ਜਾਵੇਗਾ ਤੇ ਹਰ ਪੱਤਰਕਾਰ ਨੂੰ ਸੱਚਾਈ ਤੇ ਨਿੰਡਰਤਾ ਨਾਲ ਪੱਤਰਕਾਰੀ ਕਰਨੀ ਚਾਹੀਦੀ ਹੈ। ਇਸ ਮੌਕੇ ਸਾਬਕਾ ਪ੍ਰਧਾਨ ਰਾਜੇਸ਼ ਕਟਾਰੀਆ, ਕਮਲ ਮਲਹੋਤਰਾ, ਮਦਨ ਲਾਲ ਤਿਵਾੜੀ, ਵਿਜੇ ਕੱਕੜ, ਸੰਨੀ ਚੋਪੜਾ, ਪਰਮਜੀਤ ਸਿੰਘ, ਵਿਨੈ ਹਾਂਡਾ, ਰੋਹਿਤ, ਮਲਕੀਤ ਸਿੰਘ ਤੇ ਸਾਰੇ ਮੈਂਬਰ ਮੌਜੂਦ ਸਨ।

## ਕੌਂਸਲ ਪ੍ਰਧਾਨ ਦੀ ਅਗਵਾਈ 'ਚ ਵਿਸ਼ਵ ਬਜ਼ੁਰਗ ਦੁਰਵਿਹਾਰ ਜਾਗਰੂਕਤਾ ਦਿਵਸ ਮਨਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**-ਸੀਨੀਅਰ ਸਿਟੀਜਨ ਕੌਂਸਲ (ਰਿਟਾਇਰਡ ਕਰਮਚਾਰੀ) ਮੋਗਾ ਦੇ ਮੈਂਬਰ ਅਪਣੇ ਦਫ਼ਤਰ ਰੈੱਡ ਕਰਾਸ ਡੇ ਕੇਅਰ ਸੈਂਟਰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ 'ਵਿਸ਼ਵ ਬਜ਼ੁਰਗ ਦੁਰਵਿਵਹਾਰ ਜਾਗਰੂਕਤਾ ਦਿਵਸ' ਮਨਾਉਣ ਲਈ ਫੈਡਰੇਸ਼ਨ ਪੰਜਾਬ ਦੇ ਉਪ ਪ੍ਰਧਾਨ ਤੇ ਕੌਂਸਲ ਪ੍ਰਧਾਨ ਸਰਦਾਰੀ ਲਾਲ ਕਾਮਰਾ ਦੇ ਦਿਸ਼ਾ-ਨਿਰਦੇਸ਼ ਹੇਠ ਇਕੱਠੇ ਹੋਏ।ਸਭ ਤੋਂ ਪਹਿਲਾਂ ਦਰਬਾਰ ਸਿੰਘ ਗਿੱਲ ਉਪ ਪ੍ਰਧਾਨ ਨੇ ਸਕੱਤਰ ਦੀ ਭੂਮਿਕਾ ਨਿਭਾਉਂਦੇ ਹੋਏ ਉਕਤ ਦਿਵਸ 'ਤੇ ਇਸ ਸਾਲ 15 ਜੂਨ 2025 ਦਾ ਵਿਸ਼ਾ 'ਉਮਰ ਤੋਂ ਪਰੇ' ਬਾਰੇ ਬੋਲਦਿਆਂ ਇਸ ਦਿਨ ਦੀ ਮਹੱਤਤਾ, ਮਨਾਉਣ ਦਾ ਕਾਰਨ, ਕਿਉਂ ਤੇ ਕਿਸ ਲਈ ਮਨਾਉਣਾ ਜ਼ਰੂਰੀ ਹੈ, ਵਿਸਥਾਰ ਸਹਿਤ ਚਾਨਣਾ ਪਾਇਆ। ਅੰਤ ਵਿੱਚ ਪ੍ਰਧਾਨ ਨੇ ਸਾਰਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸਾਡੇ ਬਜ਼ੁਰਗ ਅਨੁਭਵ ਦੀ ਖਾਨ, ਸਰਮਾਇਆ, ਸੰਸਕ੍ਰਿਤੀ, ਵਿਰਸਾ ਤੇ ਵਿਰਾਸਤ ਹਨ ਅਤੇ ਇਹ ਬਣਦੇ ਤੇ ਢੁੱਕਵੇਂ ਸਨਮਾਨ ਦੇ ਸਹੀ ਹੱਕਦਾਰ ਹਨ।ਇਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਅਣਗੌਲਿਆ ਕਰਨਾ ਸਮਾਜ ਨੂੰ ਅਣਗੌਲਿਆ ਕਰਨ ਦੇ ਤੁਲ ਹੈ।ਭਾਵੇਂ ਆਉਣ ਵਾਲੇ ਭਵਿੱਖ ਵਿੱਚ ਬਜ਼ੁਰਗਾਂ ਦੀ ਗਿਣਤੀ ਵਿੱਚ 21 ਪ੍ਰਤੀਸ਼ਤ ਦਾ ਚੋਖਾ ਵਾਧਾ ਹੋਣ ਜਾ ਰਿਹਾ ਹੈ, ਇਸ ਲਈ ਬਜ਼ੁਰਗ ਭਲਾਈ ਐਕਟ 2007 ਸੰਬੰਧੀ ਜਾਣਕਾਰੀ ਵਿਦਿਆਰਥੀਆਂ ਦੇ ਸਿਲੇਬਸ 'ਚ ਜ਼ਰੂਰੀ ਸ਼ਾਮਲ ਕਰਕੇ ਜਾਂ ਸੰਬੰਧਤ ਵਿਭਾਗ ਵੱਲੋਂ ਸੰਸਥਾਵਾਂ/ਸਕੂਲ/ਕਾਲਜ/ਯੂਨੀਵਰਸਟੀ ਵਿਖੇ ਸੈਮੀਨਾਰ ਲਾ ਕੇ ਸੀਨੀਅਰ ਸਿਟੀਜਨ ਦੇ ਸਨਮਾਨ, ਸਿਹਤ, ਦੇਖਭਾਲ, ਸੁਰੱਖਿਆ, ਜਾਇਦਾਦ ਤੇ ਜਿਉਣ ਦਾ ਅਧਿਕਾਰ ਨੂੰ ਬਹਾਲ ਕਰ ਸਕਦੇ ਹਾਂ।ਬਜ਼ੁਰਗਾਂ ਨੂੰ ਬਚਪਨ ਤੋਂ ਹੀ ਅਪਣੇ ਬੱਚਿਆਂ ਨੂੰ ਧਰਮ, ਵਿਰਸਾ, ਵਿਰਾਸਤ, ਪਰਿਵਾਰਕ ਰਿਸ਼ਤੇਦਾਰੀਆਂ ਸੰਬੰਧੀ ਤੇ ਸੰਸਕਾਰਾਂ ਬਾਰੇ ਭਰਪੂਰ ਗਿਆਨ ਦੇਣਾ ਚਾਹੀਦਾ ਹੈ ਤਾਂ ਜੋ ਉਹ ਇਕ ਸੱਭਿਅਕ ਇਨਸਾਨ ਬਣ ਕੇ ਬਜ਼ੁਰਗਾਂ ਪ੍ਰਤੀ ਸਨਮਾਨਯੋਗ ਨਜ਼ਰੀਆ ਰੱਖ ਸਕਣ।ਕੌਂਸਲ ਵੱਲੋਂ ਇਕ ਮਤਾ ਪਾਸ ਕਰ ਕੇ ਮੰਗ ਉਠਾਈ ਗਈ ਕਿ ਸਰਕਾਰ ਵੱਲੋਂ ਦਿੱਤੀ ਜਾ ਰਹੀ ਮੌਜੂਦਾ ਬੁਢਾਪਾ/ਦਿਵਿਯਾਂਗ/ਵਿਧਵਾ/ਤਲਾਕਸ਼ੁਦਾ/ਅਨਮੈਰਿਡ (ਸ਼ਰਤਾਂ ਅਧੀਨ ਉਮਰ 30+) ਪੈਨਸ਼ਨ ਮਹਿੰਗਾਈ ਨੂੰ ਦੇਖਦੇ ਹੋਏ ਦੂਸਰੇ ਸੂਬਿਆਂ ਦੀ ਤਰਜ਼ 'ਤੇ 3500 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇ ਤੇ ਇਸ ਵਿੱਚ ਹਰੇਕ ਸਾਲ ਦਸ ਪ੍ਰਤੀਸ਼ਤ ਦਾ ਵਾਧਾ ਵੀ ਕੀਤਾ ਜਾਵੇ।ਇਸ ਮੌਕੇ ਕੌਂਸਲ ਦੇ ਨਵੇਂ ਬਣੇ ਮੈਂਬਰ ਪ੍ਰਸ਼ੋਤਮ ਲਾਲ ਸ਼ਰਮਾ ਅਸਿਸਟੈਂਟ ਇੰਜੀਨੀਅਰ ਦਾ ਹਾਰ ਪਾ ਕੇ ਮੂੰਹ ਮਿੱਠਾ ਕਰਵਾਉਣ ਉਪਰੰਤ ਉਨ੍ਹਾਂ ਨੂੰ ਕੌਂਸਲ ਦੀ ਡਾਇਰੈਕਟਰੀ ਭੇਟ ਕੀਤੀ ਗਈ।ਪ੍ਰੋਗਰਾਮ 'ਚ ਗੁਰਚਰਨ ਸਿੰਘ ਸੁਪਰਡੈਂਟ, ਵਿਜੈ ਸ਼ਰਮਾ ਸਾਬਕਾ ਮੁੱਖ ਅਧਿਆਪਕ, ਜਗਦੀਪ ਸਿੰਘ ਕੈਂਥ, ਨਾਹਰ ਸਿੰਘ, ਡਾ. ਹਰਪ੍ਰੀਤ ਸਿੰਘ, ਹਰਭਜਨ ਸਿੰਘ ਨਾਗਰਾ, ਵਿਜੈ ਟੰਡਨ, ਅਮਰ ਸਿੰਘ ਵਿਰਦੀ, ਭੁਪਿੰਦਰ ਸਿੰਘ ਮਹਿਣਾ, ਮਲਕੀਤ ਸਿੰਘ, ਜੋਗਿੰਦਰ ਸਿੰਘ ਸੰਘਾ, ਕਮਲਪ੍ਰੀਤ ਸਿੰਘ ਖਜ਼ਾਨਾ ਦਫਤਰ ਤੇ ਤੀਰਥ ਰਾਮ ਸ਼ਾਮਲ ਸਨ।

## ਸੜਕ ਹਾਦਸੇ ਦਾ ਸ਼ਿਕਾਰ ਹੋਏ ਬੱਚਿਆਂ ਦੀ ਯਾਦ 'ਚ ਖ਼ੂਨਦਾਨ ਕੈਂਪ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸਥਾਨਕ ਮਾਤਾ ਨੈਨਾ ਆਰੀਆ ਧਰਮਸ਼ਾਲਾ ਵਿਖੇ ਪਿਛਲੇ ਮਹੀਨੇ ਸੜਕੀ ਹਾਦਸੇ ਵਿੱਚ ਸ਼ਿਕਾਰ ਹੋਏ 7 ਬੱਚਿਆਂ ਨੂੰ ਸਮਰਪਤ ਖ਼ੂਨਦਾਨ ਕੈਂਪ ਲਾਇਆ ਗਿਆ।ਕੈਂਪ ਵਿੱਚ ਸੱਭ ਤੋਂ ਪਹਿਲਾਂ ਕਰਨ ਸੱਚਦੇਵਾ ਨੇ ਖ਼ੂਨ ਦਿੱਤਾ, ਜਿਨ੍ਹਾਂ ਦੇ 2 ਬੱਚੇ ਵੀ ਇਸ ਸੜਕ ਹਾਦਸੇ ਵਿੱਚ ਸ਼ਿਕਾਰ ਹੋ ਗਏ ਸਨ।ਇਸ ਤੋਂ ਇਲਾਵਾ ਬਾਕੀ ਬੱਚਿਆਂ ਦੇ ਪਿਤਾ ਸਚਿਨ ਲੂੰਬਾ, ਵਰੁਣ ਬਾਂਸਲ, ਰਾਜੀਵ ਸੱਚਦੇਵਾ ਵੀ ਪਹੁੰਚੇ।ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਰਾਜਿੰਦਰਾ ਹਸਪਤਾਲ ਦੀ ਟੀਮ ਨੇ ਥੈਲੇਸੀਮੀਆ ਨਾਲ ਪੀੜਤ ਬੱਚਿਆਂ ਲਈ 125 ਯੂਨਿਟ ਇੱਕਠੇ ਕੀਤੇ।ਇਸ ਕੈਂਪ ਵਿੱਚ ਸ਼ਹਿਰ ਦੇ ਕਈ ਪੱਤਵੰਤੇ ਸੱਜਣ ਪਹੁੰਚੇ, ਜਿਨ੍ਹਾਂ ਨੇ ਖ਼ੂਨਦਾਨੀ ਸੱਜਣਾਂ ਨੂੰ ਸਰਟੀਫਿਕੇਟ ਤੇ ਪੌਦੇ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ।ਇਸ ਮੌਕੇ ਨਗਰ ਕੌਂਸਲ ਸਮਾਣਾ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ ਤੇ ਕਪੂਰ ਚੰਦ ਬਾਂਸਲ, ਡਾਕਟਰ ਪ੍ਰੇਮ ਪਾਲ, ਜੀਵਨ ਗਰਗ, ਸੁਭਾਸ਼ ਬਾਂਸਲ ਗੁੱਲੂ, ਰੋਟਰੀ ਕਲੱਬ ਸਮਾਣਾ ਸੈਂਟਰਲ ਦੇ ਪ੍ਰਧਾਨ ਪ੍ਰਦੀਪ ਗੋਇਲ ਮੀਕਾ, ਰਾਜੇਸ਼ ਗੋਇਲ ਲੱਕੀ, ਭੱਠਾ ਯੂਨੀਅਨ ਦੇ ਪ੍ਰਧਾਨ ਹਰਸ਼ ਗੁੱਪਤਾ, ਪ੍ਰਵੀਨ ਸ਼ਰਮਾ, ਸੰਦੀਪ ਲੂੰਬਾ, ਸੰਜੇ ਮੰਤਰੀ ਯਸ਼ ਲੂਥਰਾ, ਦੀਪੂ ਬਾਲੀ, ਯਤਿੰਦਰ ਸ਼ਰਮਾ, ਵਿਜੈ ਪਾਹਵਾ, ਨੀਰਜ ਗੁੱਪਤਾ ਬਿੱਟੂ ਧੀਮਾਨ, ਸ਼ੇਖਰ ਸ਼ਰਮਾ ਤੋਂ ਇਲਾਵਾ ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਪ੍ਰਧਾਨ ਰਮਨ ਮਹਿੰਦਰਾ, ਕਮਲ ਸ਼ਰਮਾ ਸਨੀ ਪੋਪਲੀ, ਮਨੋਜ ਰਹੇਜਾ, ਰੋਕੀ ਗਰਗ, ਯੋਗੇਸ਼ ਬਾਂਸਲ ਜੋਨੀ, ਰਣਜੀਤ ਰਾਣਾ, ਕਰਨ ਬਜਾਜ, ਉਮਾ ਸ਼ੰਕਰ, ਬਲਜੀਤ ਸਿੰਘ, ਮੇਹਰ ਗਰੋਵਰ ਆਦਿ ਮੌਜੂਦ ਸਨ।



**ਨਿਹਾਲ ਸਿੰਘ ਵਾਲਾ ਦੇ ਮੇਨ ਚੌਕ ਵਿੱਚ ਚਲਾਨ ਕੱਟਣ ਸਮੇਂ ਐੱਸ ਐੱਚ ਓ ਪੂਰਨ ਸਿੰਘ ਅਤੇ ਸਮੂਹ ਸਟਾਫ। (ਫੋਟੋ ਤੇ ਵੇਰਵਾ : ਲਵਲੀ ਮਾਛੀਕੇ)**

## ਹਿੰਸਾ ਪੀੜਤ ਔਰਤਾਂ ਨੂੰ ਇਨਸਾਫ ਦਿਵਾਉਣ 'ਚ ਸਖੀ ਵਨ ਸਟਾਪ ਸੈਂਟਰ ਨਿਭਾਅ ਰਿਹੈ ਅਹਿਮ ਭੂਮਿਕਾ



**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਕਿਸੇ ਵੀ ਤਰ੍ਹਾਂ ਦੀ ਹਿੰਸਾ, ਜਿਵੇਂ ਕਿ ਘਰੇਲੂ ਹਿੰਸਾ, ਤੇਜ਼ਾਬੀ ਹਮਲਾ, ਬਲਾਤਕਾਰ, ਗੈਰ-ਮਨੁੱਖੀ ਤਸਕਰੀ, ਦਹੇਜ ਪੀੜਤ ਤੇ ਛੇੜਛਾੜ ਤੋਂ ਪੀੜਤ ਮਹਿਲਾਵਾਂ ਨੂੰ ਇਨਸਾਫ ਦਿਵਾਉਣ ਵਿੱਚ ਸਖੀ ਵਨ ਸਟਾਪ ਸੈਂਟਰ ਵੱਲੋਂ ਅਹਿਮ ਭੂਮਿਕਾ ਨਿਭਾਈ ਜਾ ਰਹੀ ਹੈ ਤੇ ਇਸ ਸੈਂਟਰ ਵੱਲੋਂ ਪੀੜਤ ਔਰਤਾਂ ਨੂੰ ਇੱਕ ਛੱਤ ਹੇਠਾਂ ਸੇਵਾਵਾਂ, ਜਿਵੇਂ ਕਿ ਪੁਲਸ ਸਹਾਇਤਾ, ਡਾਕਟਰੀ ਸਹਾਇਤਾ, ਮਾਨਸਿਕ-ਸਮਾਜਿਕ ਕਾਊਂਸਲਿੰਗ, ਮੁਫਤ ਕਾਨੂੰਨੀ ਸਹਾਇਤਾ/ਕਾਨੂੰਨੀ ਸਲਾਹ ਮਸ਼ਵਰਾ ਤੇ ਪੀੜਤ ਮਹਿਲਾ ਨੂੰ ਅਸਥਾਈ ਆਸਰਾ (ਵੱਧ ਤੋਂ ਵੱਧ 10 ਦਿਨਾਂ ਲਈ) ਮੁਫਤ ਪ੍ਰਦਾਨ ਕੀਤੀ ਜਾ ਰਹੀ ਹੈ। ਇਹ ਜਾਣਕਾਰੀ ਸਖੀ ਵਨ ਸਟਾਪ ਸੈਂਟਰ ਦੀ ਇੰਚਾਰਜ ਰਜਨੀ ਬਾਲਾ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਔਰਤਾਂ 'ਤੇ ਹੋ ਰਹੇ ਅੱਤਿਆਚਾਰਾਂ ਤੋਂ ਬਾਅਦ ਅਕਸਰ ਔਰਤਾਂ ਕੋਲ ਅਜਿਹੇ ਮਾਮਲਿਆਂ ਵਿੱਚ ਸਬੰਧਤ ਵਿਅਕਤੀ ਵਿਰੁੱਧ ਕਾਰਵਾਈ ਕਰਨ ਲਈ ਕੋਈ ਸਾਧਨ ਨਹੀਂ ਹੁੰਦਾ ਜਾਂ ਪੀੜਤ ਔਰਤਾਂ ਕਿਸੇ ਦਬਾਅ ਕਾਰਨ ਇਨਸਾਫ ਨਹੀਂ ਹਾਸਲ ਕਰ ਸਕਦੀਆਂ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਪੀੜਤ ਔਰਤਾਂ ਨੂੰ ਇਨਸਾਫ ਦਿਵਾਉਣ ਦੇ ਮੰਤਵ ਨਾਲ ਹਰੇਕ ਜ਼ਿਲ੍ਹੇ ਵਿੱਚ ਸਖੀ ਵਨ ਸਟਾਪ ਸੈਂਟਰ ਸਥਾਪਤ ਕੀਤੇ ਗਏ ਹਨ ਤਾਂ ਜੋ ਪੀੜ੍ਹਤ ਔਰਤਾਂ ਨੂੰ ਇਨਸਾਫ ਹਾਸਲ ਕਰਨ ਵਿੱਚ ਕੋਈ ਪ੍ਰੇਸ਼ਾਨੀ ਨਾ ਆਵੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਸਥਾਪਤ ਕੀਤਾ ਗਿਆ ਸਖੀ ਵਨ ਸਟਾਪ ਸੈਂਟਰ ਔਰਤਾਂ ਨੂੰ ਇਨਸਾਫ ਦਵਾਉਣ 'ਚ ਸਭ ਤੋਂ ਅੱਗੇ ਹੈ ਤੇ ਪੀੜਤ ਔਰਤਾਂ ਇੱਥੇ ਮਦਦ ਲੈ ਰਹੀਆਂ ਹਨ। ਸੈਂਟਰ ਇੰਚਾਰਜ ਨੇ ਦੱਸਿਆ ਕਿ ਮੰਡੀ ਗੋਬਿੰਦਗੜ੍ਹ ਦੇ ਵਾਰਡ ਨੰਬਰ 14 ਵਿਖੇ ਜਾਗਰੂਕਤਾ ਸੈਮੀਨਾਰ ਕੀਤਾ ਗਿਆ, ਜਿਸ ਵਿੱਚ ਔਰਤਾਂ ਨੂੰ ਸੈਂਟਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਇਸ ਕੈਂਪ ਦੌਰਾਨ ਪੰਜਾਬ ਸਰਕਾਰ ਵੱਲੋਂ ਔਰਤਾਂ ਦੀ ਸੁਰੱਖਿਆ ਲਈ ਸ਼ੁਰੂ ਕੀਤੇ ਨਵੇਂ ਪ੍ਰੋਜੈਕਟ 'ਹਿਫਾਜ਼ਤ' ਬਾਰੇ ਵੀ ਜਾਣਕਾਰੀ ਦਿੱਤੀ ਗਈ। ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਔਰਤਾਂ ਨੂੰ ਕਿਸੇ ਵੀ ਕਿਸਮ ਦੀ ਹਿੰਸਾ ਤੋਂ ਬਾਅਦ ਤੁਰੰਤ ਮਦਦ ਪ੍ਰਦਾਨ ਕਰਨਾ ਹੈ। ਵੂਮੈਨ ਹੈਲਪਲਾਈਨ ਨੰ. 181 ਰਾਹੀਂ ਸ਼ਿਕਾਇਤ ਦਰਜ ਕਰਵਾ ਕੇ ਔਰਤਾਂ ਤੁਰੰਤ ਮਦਦ ਪ੍ਰਾਪਤ ਕਰ ਸਕਦੀਆਂ ਹਨ। ਇਸ ਤੋਂ ਇਲਾਵਾ ਸਖੀ ਵਨ ਸਟਾਪ ਸੈਂਟਰ ਦੇ ਟੈਲੀਫੋਨ ਨੰਬਰ 01763-233054, 99881-00415, 77107-58976 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ।

## ਮੋਦੀ ਸਰਕਾਰ ਵੱਲੋਂ ਫਲਸਤੀਨ 'ਤੇ ਹਮਲੇ ਬਾਰੇ ਧਾਰੀ ਚੁੱਪ ਜਾਇਜ਼ ਠਹਿਰਾਉਣ ਵਾਲੀ : ਸੇਖੋਂ



**ਬਠਿੰਡਾ (ਬਖਤੌਰ ਢਿੱਲੋਂ)**-ਕੇਂਦਰ ਦੀ ਮੋਦੀ ਸਰਕਾਰ ਨੇ ਬੀਤੇ ਦਿਨੀਂ ਕੀਤੇ ਅਪ੍ਰੇਸ਼ਨ ਸੰਧੂਰ ਸਮੇਂ ਫੌਜ ਨੂੰ ਰਾਜਨੀਤਕ ਖੇਤਰ 'ਚ ਧਰੁਵੀਕਰਨ ਲਈ ਵਰਤਣ ਵਾਸਤੇ ਇੱਕ ਸਾਜ਼ਿਸ਼ੀ ਕੋਸ਼ਿਸ਼ ਕੀਤੀ, ਜਿਸ ਸਦਕਾ ਫੌਜ ਦਾ ਅਕਸ ਖ਼ਰਾਬ ਹੋਇਆ। ਇਹ ਵਿਚਾਰ ਇੱਥੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਅਮਨ ਸ਼ਾਂਤੀ ਦਾ ਢੰਡੋਰਾ ਪਿੱਟਣ ਵਾਲੀ ਭਾਜਪਾ ਦੀ ਕੇਂਦਰ ਸਰਕਾਰ ਵੱਲੋਂ ਫਲਸਤੀਨ 'ਤੇ ਕੀਤੇ ਹਮਲਿਆਂ ਬਾਰੇ ਧਾਰੀ ਚੁੱਪ ਵੀ ਇਜ਼ਰਾਇਲੀ ਹਮਲੇ ਨੂੰ ਜਾਇਜ਼ ਠਹਿਰਾਉਣ ਵਾਲੀ ਹੈ। ਕਾ: ਸੇਖੋਂ ਨੇ ਕਿਹਾ ਕਿ ਅਪ੍ਰੇਸ਼ਨ ਸੰਧੂਰ ਤੋਂ ਤੁਰੰਤ ਬਾਅਦ ਮੋਦੀ ਸਰਕਾਰ ਨੇ ਫੌਜ ਨੂੰ ਰਾਜਨੀਤਕ ਧਰੁਵੀਕਰਨ ਲਈ ਵਰਤਣ ਲਈ ਸਿੱਖ ਕੌਮ ਦੀਆਂ ਭਾਵਨਾਵਾਂ ਨੂੰ ਭੜਕਾਉਣ ਦਾ ਯਤਨ ਕਰਦਿਆਂ ਦੋਸ਼ ਲਾਇਆ ਕਿ ਪਾਕਿਸਤਾਨ ਨੇ ਸ੍ਰੀ ਦਰਬਾਰ ਸਹਿਬ ਸ੍ਰੀ ਅੰਮ੍ਰਿਤਸਰ ਨੂੰ ਨਿਸ਼ਾਨਾ ਬਣਾਇਆ ਸੀ, ਪਰ ਜਦ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਹੈੱਡ ਗ੍ਰੰਥੀ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਵੱਲੋਂ ਇਸ ਬਿਆਨ ਦਾ ਖੰਡਨ ਕੀਤਾ ਗਿਆ ਤਾਂ ਅਸਲੀਅਤ ਜੱਗ ਜ਼ਾਹਰ ਹੋਈ। ਉਨ੍ਹਾਂ ਕਿਹਾ ਕਿ ਇਸ ਸਾਜ਼ਿਸ਼ ਤਹਿਤ ਭਾਰਤੀ ਫੌਜ ਦਾ ਅਕਸ ਖ਼ਰਾਬ ਹੋਇਆ। ਕਮਿਊਨਿਸਟ ਆਗੂ ਨੇ ਕਿਹਾ ਕਿ ਇਸ ਬੱਜਰ ਗਲਤੀ ਬਾਰੇ ਕੇਂਦਰ ਸਰਕਾਰ ਨੂੰ ਮੁਆਫ਼ੀ ਮੰਗਣੀ ਚਾਹੀਦੀ ਹੈ। ਸੂਬਾ ਸਕੱਤਰ ਨੇ ਕਿਹਾ ਕਿ ਕੇਂਦਰ ਦੀ ਮੋਦੀ ਸਰਕਾਰ ਹਮੇਸ਼ਾ ਸੰਸਾਰ ਪੱਧਰ 'ਤੇ ਸ਼ਾਂਤੀ ਦਾ ਢੰਡੋਰਾ ਪਿੱਟਦੀ ਰਹਿੰਦੀ ਹੈ, ਪਰ ਫਲਸਤੀਨ 'ਤੇ ਕੀਤੇ ਹਮਲੇ ਬਾਰੇ ਸਰਕਾਰ ਦੀ ਧਾਰੀ ਚੁੱਪ ਇਜ਼ਰਾਇਲ ਵੱਲੋਂ ਕੀਤੇ ਹਮਲੇ ਨੂੰ ਜਾਇਜ਼ ਠਹਿਰਾਉਣ ਵਾਲੀ ਹੈ। ਇਸ ਸਬੰਧੀ ਸੀ ਪੀ ਆਈ ਐੱਮ ਦੀ ਸਮਝ ਹੈ ਕਿ ਕੇਂਦਰ ਦੀ ਮੋਦੀ ਸਰਕਾਰ ਅਮਰੀਕਨ ਸਾਮਰਾਜ ਦੀ ਅਧੀਨਗੀ ਸਬੰਧੀ ਸਹਿਯੋਗੀ ਬਣ ਚੁੱਕੀ ਹੈ। ਕਾ: ਸੇਖੋਂ ਨੇ ਕਿਹਾ ਕਿ ਇਹ ਅਮਰੀਕਾ ਦੀ ਅਧੀਨਗੀ ਹੀ ਹੈ ਕਿ ਉੱਥੋਂ ਦੀ ਟਰੰਪ ਸਰਕਾਰ ਨੇ ਭਾਰਤੀ ਬੱਚਿਆਂ ਨੂੰ ਦੇਸ਼ 'ਚੋਂ ਵਾਪਸ ਭੇਜਣ ਸਮੇਂ ਜ਼ਬਰਦਸਤੀ ਨੂੜ ਕੇ ਜਹਾਜ਼ ਚੜ੍ਹਾਇਆ, ਜਿਸ ਨਾਲ ਦੇਸ਼ ਦੇ ਮਾਣ ਸਨਮਾਨ ਨੂੰ ਸੱਟ ਵੱਜੀ, ਪਰ ਮੋਦੀ ਸਰਕਾਰ ਨੇ ਨਾ ਟਰੰਪ ਸਰਕਾਰ ਕੋਲ ਇਤਰਾਜ਼ ਕੀਤਾ ਅਤੇ ਨਾ ਹੀ ਬੱਚਿਆਂ ਲਈ ਹਾਅ ਦਾ ਨਾਅਰਾ ਮਾਰਿਆ। ਇਸ ਉਪਰੰਤ ਪਾਰਟੀ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਾ: ਸੇਖੋਂ ਨੇ ਕਿਹਾ ਕਿ 17 ਜੂਨ ਦਾ ਦਿਨ ਫਲਸਤੀਨੀ ਲੋਕਾਂ ਨਾਲ ਇੱਕਮੁੱਠਤਾ ਦਿਵਸ ਵਜੋਂ ਮਨਾਇਆ ਜਾਵੇਗਾ।

## ਪੰਜਾਬ ਅੰਦਰ ਡੁਪਲੀਕੇਟ ਤੇ ਮਿਲਾਵਟ ਵਾਲੀਆਂ ਚੀਜ਼ਾਂ ਬਣਾਉਣ ਵਾਲੇ ਮਾਫੀਆ ਦਾ ਰਾਜ, ਮੰਤਰੀ ਵੀ ਬੇਵੱਸ : ਦੌਲਤਪੁਰਾ, ਲੱਖੋਵਾਲ



ਮੋਗਾ (ਇਕਬਾਲ ਸਿੰਘ ਖਹਿਰਾ)-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਹੋਈ। ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਨੇ ਚਲਾਈ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਪ੍ਰੈੱਸ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਆਗੂ ਗੁਰਬਚਨ ਸਿੰਘ ਚਾਨੂੰਵਾਲਾ, ਐਗਜ਼ੈਕਟਿਵ ਮੈਂਬਰ ਪੰਜਾਬ ਮੰਦਰਜੀਤ ਸਿੰਘ ਮਨਾਵਾਂ, ਐਗਜ਼ੈਕਟਿਵ ਮੈਂਬਰ ਪੰਜਾਬ ਮੈਂਬਰ ਹਰਨੇਕ ਸਿੰਘ ਫਤਿਹਗੜ੍ਹ ਸ਼ਾਮਲ ਹੋਏ। ਮਹੀਨਾਵਾਰ ਮੀਟਿੰਗ ਦੌਰਾਨ ਵੱਖ ਵੱਖ ਆਗੂਆਂ ਨੇ ਆਪਣੀਆਂ ਵਿਚਾਰਾਂ ਪੇਸ਼ ਕੀਤੀਆਂ ਅਤੇ ਸਾਂਝੇ ਤੌਰ 'ਤੇ ਬਿਆਨ ਜਾਰੀ ਕਰਦੇ ਹੋਏ ਕਿਹਾ ਕਿ ਪੰਜਾਬ ਅੰਦਰ ਮਿਲਾਵਟਖੋਰ ਤੇ ਡੁਪਲੀਕੇਟ ਵਸਤੂਆਂ ਜਿਵੇਂ ਕਿ ਖਾਦਾਂ, ਰੇਹਾਂ ਤੇ ਸਪਰੇਹਾਂ ਬਣਾਉਣ ਵਾਲਾ ਮਾਫੀਆ ਧੜੱਲੇ ਨਾਲ ਕੰਮ ਕਰ ਰਿਹਾ ਹੈ।

ਮਿਲੀ ਜਾਣਕਾਰੀ ਅਨੁਸਾਰ ਇਹ ਡੁਪਲੀਕੇਟ ਖਾਦ ਤਿਆਰ ਕਰਨ ਵਾਲੀ ਕੰਪਨੀ ਸੰਬੰਧਤ ਬਾਰੇ ਖੇਤੀਬਾੜੀ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਵੀ ਉਸ ਇਲਾਕੇ ਦੇ ਐੱਸ.ਐੱਸ.ਪੀ. ਨੂੰ ਫੋਨ ਕੀਤਾ, ਪਰ ਉਸ ਅਫਸਰ ਨੇ ਮੰਤਰੀ ਸਾਹਿਬ ਦੇ ਫੋਨ ਨੂੰ ਵੀ ਅਣਗੌਲਿਆ ਕਰ ਦਿੱਤਾ, ਪਰ ਉਸ ਡੁਪਲੀਕੇਟ ਖਾਦ ਤਿਆਰ ਕਰਨ ਵਾਲੀ ਫੈਕਟਰੀ ਡੀਲਰ ਦੇ ਉੱਪਰ ਕੋਈ ਵੀ ਕਾਰਵਾਈ ਨਹੀਂ ਹੋਈ, ਉਸ ਤੋਂ ਬਾਅਦ ਮੰਤਰੀ ਸਾਹਿਬ ਨੂੰ ਵੀ ਖੁਦ ਪੰਜਾਬ ਦੇ ਡੀ.ਜੀ.ਪੀ. ਨੂੰ ਚਿੱਠੀ ਲਿਖਣੀ ਪਈ ਕਿ ਮੇਰੀ ਸਿਫਾਰਿਸ਼ ਦੇ ਬਾਵਜੂਦ ਉਸ ਡੁਪਲੀਕੇਟ ਖਾਦ ਤਿਆਰ ਕਰਨ ਵਾਲੇ ਉਹ ਫਿਕਟਰੀ ਮਾਲਕ ਦੋਸ਼ੀ ਉਪਰ ਕਾਰਵਾਈ ਕਿਉਂ ਨਹੀਂ ਹੋ ਰਹੀ ਇਥੋਂ ਹੀ ਅੰਦਾਜ਼ਾ ਲਾਇਆ ਜਾਅ ਸਕਦਾ ਹੈ ਕਿ ਸਰਕਾਰ ਦੇ ਹੱਥ ਪੱਲੇ ਕੁਝ ਵੀ ਨਹੀਂ ਜੇ ਸਰਕਾਰ ਦੇ ਮੰਤਰੀਆਂ ਦੇ ਕਹੇ ਲੱਗ ਕੇ ਵੀ ਭ੍ਰਿਸ਼ਟਾਚਾਰ ਕਰਨ ਵਾਲੇ ਲੋਕਾਂ ਉੱਤੇ ਕਾਰਵਾਈ ਨਹੀਂ ਹੁੰਦੀ ਤਾਂ ਆਮ ਜਨਤਾ ਦਾ ਕੀ ਹਾਲ ਹੈ, ਆਮ ਜਨਤਾ ਦੀ ਕਿੱਥੇ ਸੁਣਵਾਈ ਹੋਵੇਗੀ।ਮੀਟਿੰਗ ਦੌਰਾਨ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਗਤਾਰ ਸਿੰਘ ਚੋਟੀਆਂ, ਜ਼ਿਲ੍ਹਾ ਮੀਤ ਪ੍ਰਧਾਨ ਗੁਰਮੇਲ ਸਿੰਘ ਡਰੋਲੀ ਭਾਈ ਨੇ ਕਿਹਾ ਕਿ ਜਦੋਂ ਵੀ ਝੋਨੇ ਦੇ ਸੀਜ਼ਨ ਦੌਰਾਨ ਖੇਤਾਂ ਵਾਲੀ ਬਿਜਲੀ ਸਪਲਾਈ ਨੂੰ ਕੱਟ ਲੱਗਦਾ ਸੀ ਤਾਂ ਉਸ ਦੀ ਭਰਪਾਈ ਲਈ ਕਿਸਾਨਾਂ ਨੂੰ ਐਕਸਟਰਾ ਟਾਈਮ ਬਿਜਲੀ ਸਪਲਾਈ ਦਿੱਤੀ ਜਾਂਦੀ ਸੀ। ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਜਦੋਂ ਵੀ ਖੇਤਾਂ ਵਾਲੀ ਬਿਜਲੀ ਸਪਲਾਈ ਨੂੰ ਕੱਟ ਲੱਗਦਾ ਹੈ ਤਾਂ ਉਸ ਦੀ ਭਰਪਾਈ ਲਈ ਐਕਸਟਰਾ ਟਾਈਮ ਬਿਜਲੀ ਸਪਲਾਈ ਦਿੱਤੀ ਜਾਵੇ। ਇਸ ਸਮੇਂ ਜ਼ਿਲ੍ਹਾ ਮੀਤ ਪ੍ਰਧਾਨ ਪ੍ਰੇਮ ਲਾਲਪੁਰੀ, ਮਕੰਦ ਕਮਲ ਸੀਨੀਅਰ ਆਗੂ ਬਾਘਾ ਪੁਰਾਣਾ, ਜ਼ਿਲ੍ਹਾ ਆਗੂ ਲਾਭ ਸਿੰਘ ਮਾਨੂਕੇ, ਮੇਜਰ ਸਿੰਘ ਡਰੋਲੀ, ਨਰਿੰਦਰ ਪਾਲ ਸਿੰਘ, ਦਫਤਰ ਇੰਚਾਰਜ ਪ੍ਰਕਾਸ਼ ਸਿੰਘ, ਮੋਦਨ ਸਿੰਘ ਨਿਧਾਂਵਾਲਾ, ਸੁਖਦੇਵ ਰਾਜ ਸ਼ਰਮਾ ਘੋਲੀਆ, ਸੁਖਦੇਵ ਸਿੰਘ, ਬਰਾੜ, ਹਰਜੀਵਨ ਸਿੰਘ, ਬਲਦੇਵ ਸਿੰਘ ਚੋਟੀਆਂ, ਜਗਮੋਹਨ ਸਿੰਘ ਮੋਗਾ, ਰਾਜਪਾਲ ਸਿੰਘ ਘਲ ਕਲਾਂ, ਰਸ਼ਪਾਲ ਸਿੰਘ ਪਟਵਾਰੀ, ਸੁਖਦੇਵ ਸਿੰਘ ਰਾਜੇਆਣਾ ਦਰਸ਼ਨ ਸਿੰਘ ਦੂੰਨੇ ਕੇ, ਦਰਬਾਰਾ ਸਿੰਘ, ਪਵਨਪ੍ਰੀਤ ਸਿੰਘ ਘੱਲ, ਗੁਰਭੇਜ ਸਿੰਘ ਘੱਲ, ਜਗਮੋਹਨ ਸਿੰਘ, ਅੰਗਰੇਜ ਸਿੰਘ ਆਦਿ ਬਹੁਤ ਗਿਣਤੀ ਕਿਸਾਨ ਆਗੂ ਹਾਜ਼ਰ ਸਨ।

## ਐੱਸ ਸੀ ਡੀ ਸਰਕਾਰੀ ਕਾਲਜ ਦੇ ਸਾਬਕਾ ਵਿਦਿਆਰਥੀਆਂ ਵੱਲੋਂ ਹਵਾਈ ਹਾਦਸੇ 'ਚ ਹੋਈਆਂ ਮੌਤਾਂ 'ਤੇ ਦੁੱਖ ਪ੍ਰਗਟ

**ਜਨਤਕ ਸੁਰੱਖਿਆ ਪ੍ਰਤੀ ਢਿੱਲ-ਮੱਠ 'ਤੇ ਸਰਕਾਰਾਂ ਨੂੰ ਦਿੱਤੀ ਚੇਤਾਵਨੀ**

**ਲੁਧਿਆਣਾ (ਰੈਕਟਰ ਕਥੂਰੀਆ)**

ਐੱਸ ਸੀ ਡੀ ਸਰਕਾਰੀ ਕਾਲਜ ਲੁਧਿਆਣਾ ਦੇ ਸਾਬਕਾ ਵਿਦਿਆਰਥੀਆਂ ਨੇ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ ਦੌਰਾਨ ਹੋਈਆਂ ਮੌਤਾਂ 'ਤੇ ਡੂੰਘਾ ਦੁੱਖ ਪ੍ਰਗਟ ਕਰਦੇ ਹੋਏ, ਇੱਕ ਵਰਚੁਅਲ ਚਰਚਾ ਵਿੱਚ ਕੇਂਦਰ ਤੇ ਰਾਜ ਸਰਕਾਰਾਂ ਨੂੰ ਚੇਤਾਵਨੀ ਦਿੱਤੀ ਹੈ ਕਿ ਉਹ ਦੁਖਦਾਈ ਹਾਦਸਿਆਂ ਤੋਂ ਬਾਅਦ ਹੀ ਨੀਂਦ ਤੋਂ ਜਾਗਦੇ ਹਨ।ਦੁਨੀਆ ਭਰ ਵਿੱਚ ਫੈਲੇ ਸਾਬਕਾ ਵਿਦਿਆਰਥੀ ਚਿੰਤਤ ਹਨ ਕਿ ਇਸ ਘਟਨਾ ਨੇ ਲੋਕਾਂ ਨੂੰ ਭਾਰਤੀ ਏਅਰਲਾਈਨਾਂ ਤੇ ਭਾਰਤੀ ਹਵਾਈ ਅੱਡਿਆਂ ਦੁਆਰਾ ਹਵਾਈ ਯਾਤਰਾ ਵਿੱਚ ਸੁਰੱਖਿਆ ਬਾਰੇ ਡਰਾਇਆ ਹੈ।ਉਹ ਇਹ ਵੀ ਜ਼ੋਰਦਾਰ ਢੰਗ ਨਾਲ ਮਹਿਸੂਸ ਕਰਦੇ ਹਨ ਕਿ ਹਵਾਈ ਅੱਡੇ ਦੇ ਖੇਤਰ ਦੇ ਘੇਰੇ ਨੂੰ ਬਿਨਾਂ ਕਿਸੇ ਸੋਚ-ਸਮਝ ਕੇ ਰਿਹਾਇਸ਼ੀ ਕਲੋਨੀਆਂ ਲਈ ਵਿਕਸਤ ਕਰਨ ਦੀ ਇਜਾਜ਼ਤ ਦਿੱਤੀ ਗਈ ਹੈ। ਹਾਲਾਂਕਿ ਭਾਰਤ ਦੇ ਹਵਾਬਾਜ਼ੀ ਰੈਗੂਲੇਟਰ ਡੀਜੀਸੀਏ ਨੇ ਏਅਰ ਇੰਡੀਆ ਦੁਆਰਾ ਸੰਚਾਲਿਤ ਸਾਰੇ ਟਾਟਾ ਦੀ ਮਲਕੀਅਤ ਵਾਲੇ ਬੋਇੰਗ 787 ਦੇ ਸਿਸਟਮ ਤੇ ਟੇਕ-ਆਫ ਮਾਪਦੰਡਾਂ ਦੀ ਜਾਂਚ ਦੇ ਆਦੇਸ਼ ਦਿੱਤੇ ਹਨ, ਮੰਤਰਾਲਾ ਆਪਣੀ ਢਿੱਲ-ਮੱਠ ਦੀ ਜ਼ਿੰਮੇਵਾਰੀ ਤੋਂ ਨਹੀਂ ਬਚ ਸਕਦਾ, ਜਦੋਂ ਬਦਕਿਸਮਤ ਉਡਾਣ ਵਿੱਚ ਪਹਿਲਾਂ ਹੀ ਖਰਾਬੀਆਂ ਦੀ ਰਿਪੋਰਟ ਕੀਤੀ ਗਈ ਸੀ।

ਚਰਚਾ ਵਿੱਚ ਹਿੱਸਾ ਲੈਣ ਵਾਲੇ ਸਾਰੇ ਸਾਬਕਾ ਵਿਦਿਆਰਥੀ ਪ੍ਰੋਫੈਸਰ ਆਈ ਪੀ ਸੇਤੀਆ, ਪ੍ਰੋਫੈਸਰ ਪੀ ਕੇ ਸ਼ਰਮਾ, ਪ੍ਰਿੰਸੀਪਲ ਮਨਜੀਤ ਐੱਸ ਸੰਧੂ, ਕੇ ਬੀ ਸਿੰਘ, ਡੀ ਕੇ ਮਹਾਜਨ, ਕਰਨਲ ਪ੍ਰਦੀਪ ਐੱਸ ਜਵੰਦਾ, ਡਾ. ਸੁਨੀਲ ਚੋਪੜਾ, ਕਮਾਂਡਰ ਏ ਐੱਸ ਜੌਲੀ ਤੇ ਬਲਦੇਵ ਸਿੰਘ ਗਰਚਾ ਸਨ।ਸੰਗਠਨ ਸਕੱਤਰ ਬ੍ਰਿਜ ਭੂਸ਼ਣ ਗੋਇਲ ਨੇ ਕਿਹਾ ਕਿ ਸਰਕਾਰ ਵਿੱਚ ਸਿਆਸਤਦਾਨਾਂ ਨੂੰ ਜਨਤਕ ਜੀਵਨ ਸੁਰੱਖਿਆ ਦੇ ਮੁੱਦਿਆਂ 'ਤੇ ਲੋਕਪਾਲ ਵਜੋਂ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਏਅਰਲਾਈਨ ਤੇ ਭਾਰਤ ਦੇ ਹਵਾਬਾਜ਼ੀ ਰੈਗੂਲੇਟਰ ਦੀ ਗਲਤੀ ਕਾਰਨ ਪੂਰਾ ਦੇਸ਼ ਗੰਭੀਰ ਸਦਮੇ ਵਿੱਚ ਹੈ।

## ...ਸ.ਫ਼ਾ 1 ਦੇ ਬਾਕੀ

### ਈਰਾਨ ਨੇ ਇਜ਼ਰਾਈਲ...

ਉਨ੍ਹਾ ਦਾ ਦੇਸ਼ ਇਜ਼ਰਾਈਲ ਨਾਲ ਟਕਰਾਅ ਨੂੰ ਗੁਆਂਢੀ ਦੇਸ਼ਾਂ ਤੱਕ ਨਹੀਂ ਵਧਾਉਣਾ ਚਾਹੁੰਦਾ, ਬਸ਼ਰਤੇ ਕਿ ਉਸ ਨੂੰ ਮਜਬੂਰ ਨਾ ਕੀਤਾ ਜਾਵੇ। ਈਰਾਨ ਨੇ ਇਜ਼ਰਾਈਲ ਵਿਰੁੱਧ ਕਾਰਵਾਈ ਸਵੈ-ਰੱਖਿਆ ਵਿੱਚ ਕੀਤੀ ਹੈ। ਹਮਲੇ ਰੁਕੇ ਤਾਂ ਉਹ ਵੀ ਰੋਕ ਦੇਵੇਗਾ।

ਈਰਾਨੀ ਵਿਦੇਸ਼ ਮੰਤਰੀ ਨੇ ਇਹ ਅਹਿਮ ਗੱਲ ਵੀ ਕਹੀ ਹੈ ਕਿ ਇਜ਼ਰਾਈਲ ਨੇ ਅਮਰੀਕਾ ਤੇ ਈਰਾਨ ਵਿਚਾਲੇ ਚੱਲ ਰਹੀ ਪ੍ਰਮਾਣੂ ਗੱਲਬਾਤ ਨੂੰ ਸਾਬੋਤਾਜ ਕਰਨ ਲਈ ਹਮਲੇ ਕੀਤੇ। ਗੱਲਬਾਤ ਦੇ ਛੇਵੇਂ ਗੇੜ 'ਚ ਈਰਾਨ ਨੇ ਐਤਵਾਰ ਕੁਝ ਤਜਵੀਜ਼ਾਂ ਪੇਸ਼ ਕਰਨੀਆਂ ਸਨ, ਪਰ ਇਜ਼ਰਾਈਲੀ ਹਮਲੇ ਕਾਰਨ ਗੱਲਬਾਤ ਰੱਦ ਕਰਨੀ ਪਈ। ਉਨ੍ਹਾ ਕਿਹਾ ਕਿ ਅਮਰੀਕਾ ਇਜ਼ਰਾਈਲੀ ਹਮਲੇ ਦੀ ਨਿੰਦਾ ਕਰੇ, ਕਿਉਂਕਿ ਉਸ ਦੀ ਹਰੀ ਝੰਡੀ ਤੇ ਹਮਾਇਤ ਤੋਂ ਬਿਨਾਂ ਇਹ ਹਮਲਾ ਨਹੀਂ ਹੋ ਸਕਦਾ ਸੀ। ਈਰਾਨ ਅਮਰੀਕਾ ਦੇ ਇਸ ਬਿਆਨ 'ਤੇ ਭਰੋਸਾ ਨਹੀਂ ਕਰਦਾ ਕਿ ਉਹ ਹਮਲਿਆਂ ਵਿੱਚ ਸ਼ਾਮਲ ਨਹੀਂ। ਜੇ ਅਮਰੀਕਾ ਸਦਭਾਵਨਾ ਸਾਬਤ ਕਰਨਾ ਚਾਹੁੰਦਾ ਹੈ ਤਾਂ ਪ੍ਰਮਾਣੂ ਟਿਕਾਣਿਆਂ 'ਤੇ ਇਜ਼ਰਾਈਲੀ ਹਮਲਿਆਂ ਦੀ ਨਿੰਦਾ ਕਰੇ।

ਉਧਰ, ਜਰਮਨ ਵਿਦੇਸ਼ ਮੰਤਰੀ ਜੋਹਨ ਵਾਡੇਫੁਲ ਨੇ ਕਿਹਾ ਹੈ ਕਿ ਜਰਮਨੀ ਅਤੇ ਫਰਾਂਸ ਤੇ ਬ੍ਰਿਟੇਨ ਮੱਧ-ਪੂਰਬ ਵਿੱਚ ਸਥਿਤੀ ਵਿਗੜਨੋਂ ਰੋਕਣ ਲਈ ਈਰਾਨ ਨਾਲ ਫੌਰੀ ਪ੍ਰਮਾਣੂ ਗੱਲਬਾਤ ਕਰਨ ਲਈ ਤਿਆਰ ਹਨ।

### ਐਡਵੋਕੇਟ ਸ਼ੁਗਲੀ ਦੀ ਜ਼ਿੰਦਗੀ...

ਵਕਤਿਆਂ ਤੋਂ ਇਲਾਵਾ ਆਦਮਪੁਰ ਹਲਕੇ ਤੋਂ ਐੱਮ ਐੱਲ ਏ ਸੁਖਵਿੰਦਰ ਕੋਟਲੀ, ਉੱਘੇ ਪੱਤਰਕਾਰ ਸਤਨਾਮ ਮਾਣਕ, ਕਾਂਗਰਸ ਦੇ ਹਲਕਾ ਕਰਤਾਰਪੁਰ ਦੇ ਇੰਚਾਰਜ ਰਾਜਿੰਦਰ ਸਿੰਘ, ਇਸਤਰੀ ਸਭਾ ਪੰਜਾਬ ਦੀ ਆਗੂ ਨਰਿੰਦਰ ਸੋਹਲ, ਦੇਸ਼ ਭਗਤ ਯਾਦਗਾਰ ਹਾਲ ਦੇ ਜਨਰਲ ਸਕੱਤਰ ਪਿਰਥੀਪਾਲ ਮਾੜੀਮੇਘਾ, ਦੇਸ਼ ਭਗਤ ਯਾਦਗਾਰ ਹਾਲ ਦੇ ਟਰੱਸਟੀ ਅਮੋਲਕ ਸਿੰਘ, ਖੇਤ ਮਜ਼ਦੂਰ ਸਭਾ ਦੀ ਆਗੂ ਦੇਵੀ ਕੁਮਾਰੀ, ਡੀ ਬੀ ਏ ਦੇ ਮੌਜੂਦਾ ਪ੍ਰਧਾਨ ਅਦਿਤਿਆ ਜੈਨ, ਸਾਬਕਾ ਪ੍ਰਧਾਨ ਨਰਿੰਦਰ ਸਿੰਘ, ਬੀ ਐੱਸ ਪੀ ਆਗੂ ਬਲਵਿੰਦਰ ਕੁਮਾਰ ਅਤੇ ਰਛਪਾਲ ਕੈਲੇ ਨੇ ਆਪਣੇ-ਆਪਣੇ ਖੇਤਰਾਂ ਅਤੇ ਸਾਥੀਆਂ ਵਲੋਂ ਸ਼ਰਧਾਂਜਲੀ ਅਰਪਿਤ ਕੀਤੀ।

ਸਮਾਗਮ 'ਚ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਦੇ ਪ੍ਰਧਾਨ ਰਛਪਾਲ ਸਿੰਘ ਬੜਾਪਿੰਡ, 'ਨਵਾਂ ਜ਼ਮਾਨਾ' ਦੇ ਸੰਪਾਦਕ ਚੰਦ ਫਤਿਹਪੁਰੀ, ਸੁਕੀਰਤ, ਦੇਸ਼ ਭਗਤ ਯਾਦਗਾਰ ਕਮੇਟੀ ਦੇ ਟਰੱਸਟੀ ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ, ਚਰੰਜੀ ਲਾਲ ਕੰਗਣੀਵਾਲ, ਸੀਤਲ ਸਿੰਘ ਸੰਘਾ, ਆਮ ਆਦਮੀ ਪਾਰਟੀ ਦੇ ਆਗੂ ਉਲੰਪੀਅਨ ਸੁਰਿੰਦਰ ਸਿੰਘ ਸੋਢੀ, ਇਲਾਕੇ ਦੇ ਸਰਪੰਚ, ਨੰਬਰਦਾਰ, ਅਧਿਆਪਕ, ਪੈਨਸ਼ਨਰਜ਼ ਯੂਨੀਅਨ, ਏਟਕ ਅਤੇ ਅਨੇਕਾਂ ਡਾਕਟਰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ। ਸਮਾਗਮ ਦੇ ਅਖੀਰ ਵਿਚ ਜਸ ਮੰਡ ਨੇ ਧੰਨਵਾਦ ਦੇ ਲਫਜ਼ ਆਖੇ।

ਸ਼ੁਗਲੀ ਸਾਬ੍ਹ ਦੀ ਧਰਮ ਪਤਨੀ ਬੀਬੀ ਮਹਿੰਦਰ ਕੌਰ ਅਤੇ ਉਨ੍ਹਾ ਦੇ ਸਪੁੱਤਰ ਐਡਵੋਕੇਟ ਰਾਜਿੰਦਰ ਮੰਡ ਨੇ ਸ਼ੁਗਲੀ ਸਾਬ੍ਹ ਦੀ ਯਾਦ ਵਿਚ ਵੱਖ-ਵੱਖ ਅਦਾਰਿਆਂ ਨੂੰ ਮਾਇਆ ਭੇਟ ਕੀਤੀ। ਸਮਾਗਮ ਦੇ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਸਵਰਨ ਸਿੰਘ ਟਹਿਣਾ ਨੇ ਨਿਭਾਈ।

### ਈਰਾਨ 'ਤੇ ਇਜ਼ਰਾਈਲੀ ...

ਰਾਸ਼ੀ ਭੇਜੀ ਗਈ ਹੈ, ਜਿਸ ਵਿੱਚ ਜ਼ਿਲ੍ਹਾ ਸਕੱਤਰ ਅਸ਼ੋਕ ਕੌਸ਼ਲ ਦਾ 51,000 ਰੁਪਏ ਦਾ ਯੋਗਦਾਨ ਸ਼ਾਮਿਲ ਹੈ। ਪੰਜਾਬ ਪੈਨਸ਼ਨਰ ਯੂਨੀਅਨ ਜ਼ਿਲ੍ਹਾ ਫਰੀਦਕੋਟ ਵੱਲੋਂ ਭੇਜੀ ਗਈ ਮਦਦ ਇਸ ਤੋਂ ਵੱਖਰੀ ਹੈ।

ਮੀਟਿੰਗ ਨੂੰ ਕਾਰਜਕਾਰੀ ਜ਼ਿਲ੍ਹਾ ਸਕੱਤਰ ਗੁਰਨਾਮ ਸਿੰਘ ਮਾਨੀ ਸਿੰਘ ਵਾਲਾ, ਹਰਪਾਲ ਸਿੰਘ ਮਚਾਕੀ, ਸ਼ਾਮ ਸੁੰਦਰ ਫਰੀਦਕੋਟ, ਜਗਤਾਰ ਸਿੰਘ ਭਾਣਾ ਸਾਬਕਾ ਸਰਪੰਚ ਨੇ ਵੀ ਸੰਬੋਧਨ ਕੀਤਾ।ਇਕ ਮਤਾ ਪਾਸ ਕਰਕੇ ਪੰਜਾਬ ਸਰਕਾਰ ਦੀ ਲੈਂਡ ਪੂਲਿੰਗ ਨੀਤੀ ਦਾ ਵਿਰੋਧ ਕਰਦੇ ਹੋਏ ਇਸ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਗਈ। ਫੈਸਲਾ ਕੀਤਾ ਗਿਆ ਕਿ 17 ਜੂਨ ਨੂੰ ਫਰੀਦਕੋਟ ਵਿਖੇ ਇਜ਼ਰਾਈਲੀ ਸਰਕਾਰ ਦਾ ਪੁਤਲਾ ਫੂਕਿਆ ਜਾਵੇਗਾ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਮਨਜੀਤ ਕੌਰ ਨੱਥੇਵਾਲਾ, ਇੰਦਰਜੀਤ ਸਿੰਘ ਗਿੱਲ, ਵੀਰ ਸਿੰਘ ਕੰਮੇਆਣਾ, ਬੋਹੜ ਸਿੰਘ ਔਲਖ, ਗੁਰਦੀਪ ਸਿੰਘ ਭੋਲਾ, ਹਰਮੀਤ ਸਿੰਘ, ਮੁਖਤਿਆਰ ਸਿੰਘ ਭਾਣਾ, ਉਤਮ ਸਿੰਘ ਸਾਦਿਕ, ਜਗਤਾਰ ਸਿੰਘ ਰਾਜੋਵਾਲਾ ਅਤੇ ਪ੍ਰਦੀਪ ਸਿੰਘ ਬਰਾੜ ਆਦਿ ਹਾਜ਼ਰ ਸਨ।

## ਅੱਖਾਂ ਦੇ ਮੁਫ਼ਤ ਚੈੱਕਅੱਪ ਕੈਂਪ 'ਚ 250 ਤੋਂ ਵੱਧ ਮਰੀਜ਼ਾਂ ਦੀ ਜਾਂਚ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇਤਿਹਾਸਕ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਵਿਖੇ ਸੰਗਰਾਂਦ ਦਿਹਾੜੇ ਮੌਕੇ ਸ੍ਰੀ ਚਰਨ ਕੰਵਲ ਸਾਹਿਬ ਸਪੋਰਟਸ ਐਂਡ ਵੈੱਲਫੇਅਰ ਕਲੱਬ ਮਾਛੀਵਾੜਾ ਸਾਹਿਬ ਵੱਲੋਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਅੱਖਾਂ ਦਾ ਮੁਫ਼ਤ ਚੈੱਕਅਪ ਕੈਂਪ ਲਗਾਇਆ ਗਿਆ। ਕਲੱਬ ਦੇ ਪ੍ਰਧਾਨ ਜਸਪਾਲ ਸਿੰਘ ਜੱਜ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ਼ੰਕਰਾ ਆਈ ਹਸਪਤਾਲ ਤੋਂ ਆਈ ਡਾਕਟਰਾਂ ਦੀ ਟੀਮ, ਜਿਸ ਵਿੱਚ ਡਾ. ਅੰਮ੍ਰਿਤਪਾਲ ਸਿੰਘ, ਡਾ. ਪੁਸ਼ਪਾਲਤਾ ਵਰਮਾ, ਗੁਰਪ੍ਰੀਤ ਸਿੰਘ ਤੇ ਨਰਿੰਦਰਪਾਲ ਸਿੰਘ ਨੇ ਮਰੀਜ਼ਾਂ ਦੀ ਮੁਫ਼ਤ ਜਾਂਚ ਕੀਤੀ। ਇਸ ਮੌਕੇ ਮਰੀਜ਼ਾਂ ਨੂੰ ਜਿੱਥੇ ਦਵਾਈਆਂ ਮੁਫ਼ਤ ਦਿੱਤੀਆਂ, ਉੱਥੇ ਐਨਕਾਂ ਵੀ ਮੁਫ਼ਤ ਵੰਡੀਆਂ। ਡਾਕਟਰਾਂ ਵੱਲੋਂ ਮਰੀਜ਼ਾਂ ਨੂੰ ਅੱਖਾਂ ਦੀ ਸਾਂਭ ਸੰਭਾਲ ਤੇ ਬੀਮਾਰੀਆਂ ਤੋਂ ਬਚਾਅ ਬਾਰੇ ਵੀ ਜਾਗਰੂਕ ਕੀਤਾ ਗਿਆ। ਅੱਜ ਜਾਂਚ ਕਰਵਾਉਣ ਆਏ ਮਰੀਜ਼ਾਂ 'ਚੋਂ 25 ਮਰੀਜ਼ਾਂ ਨੂੰ ਚਿੱਟੇ ਮੋਤੀਏ ਦੀ ਬੀਮਾਰੀ ਪਾਈ ਗਈ, ਜਿਨ੍ਹਾਂ ਦਾ ਮੁਫ਼ਤ ਆਪ੍ਰੇਸ਼ਨ ਕੀਤਾ ਜਾਵੇਗਾ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼੍ਰੋਮਣੀ ਕਮੇਟੀ ਮੈਂਬਰ ਹਰਜਤਿੰਦਰ ਸਿੰਘ ਬਾਜਵਾ ਨੇ ਕਲੱਬ ਵੱਲੋਂ ਕੀਤੇ ਜਾਂਦੇ ਕਾਰਜਾਂ ਦੀ ਸ਼ਲਾਘਾ ਕੀਤੀ। ਇਸ ਮੌਕੇ ਮੈਨੇਜਰ ਜਸਵੀਰ ਸਿੰਘ ਮੰਗਲੀ, ਜਗਦੀਪ ਸਿੰਘ ਝੱਜ, ਕੁਲਵੰਤ ਕੌਰ ਨੀਲੋਂ, ਪਰਮਜੀਤ ਕੌਰ ਸੈਣੀ, ਸ਼ਿਵ ਕੁਮਾਰ ਸ਼ਿਵਲੀ, ਅਮਰਜੀਤ ਸਿੰਘ ਮੁੰਡੀ, ਅੰਮ੍ਰਿਤਪਾਲ ਸਿੰਘ, ਸ਼ਿਵ ਕੁਮਾਰ ਬਾਲੀ, ਮੱਘਰ ਸਿੰਘ, ਭੁਪਿੰਦਰ ਸਿੰਘ, ਅਮਰਿੰਦਰ ਸਿੰਘ, ਜਸਪਿੰਦਰ ਸਿੰਘ, ਹਰਪਾਲ ਸਿੰਘ, ਸੰਨੀ ਓਹਰੀ, ਸੇਵਾ ਸਿੰਘ, ਸਿਮਰਨਜੀਤ ਸਿੰਘ ਗੋਗੀਆ, ਅੰਮ੍ਰਿਤਪਾਲ ਸਿੰਘ, ਜਗਦੀਸ਼ ਚਾਨਣਾ, ਗੁਰਵਿੰਦਰ ਸਿੰਘ ਮੌਜੂਦ ਸਨ।

## ਜੰਗਲਾਤ ਵਰਕਰਜ਼ ਯੂਨੀਅਨ ਵੱਲੋਂ ਭਲਕੇ ਰੋਸ ਪ੍ਰਦਰਸ਼ਨ 'ਚ ਸ਼ਾਮਲ ਹੋਣ ਦਾ ਐਲਾਨ

*ਸੂਬਾ ਸਰਕਾਰ ਤਿੰਨ ਮਹੀਨੇ ਤੋਂ ਰੁਕੀਆਂ ਤਨਖਾਹਾਂ ਤੇ ਕੱਚੇ ਕਾਮਿਆਂ ਨੂੰ ਬਿਨਾਂ ਸ਼ਰਤ ਪੱਕੇ ਕਰੇ : ਸਿੱਧੂ/ਸਹਿਜਾਦੀ*



**ਜ਼ੀਰਾ (ਨਰਿੰਦਰ ਅਨੇਜਾ)**-ਵਣ ਵਿਭਾਗ ਦੇ ਫੀਲਡ ਕਾਮਿਆਂ ਦੀ ਸਿਰਮੌਰ ਜਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਸਬੰਧਤ (ਪ ਸ ਸ ਫ) ਦੇ ਸੂਬਾ ਪ੍ਰਧਾਨ ਅਮਰੀਕ ਸਿੰਘ ਗੜਸ਼ੰਕਰ ਦੀ ਪ੍ਰਧਾਨਗੀ ਹੇਠ 17 ਜੂਨ ਨੂੰ ਲੁਧਿਆਣਾ ਵਿਖੇ ਹੋ ਰਹੀ ਜ਼ਿਮਨੀ ਚੋਣ ਨੂੰ ਲੈ ਕੇ ਸੂਬਾ ਪੱਧਰੀ ਪੰਜਾਬ ਸਰਕਾਰ ਖਿਲਾਫ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਹੈ।ਇਸ ਸਬੰਧੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਨਿਸ਼ਾਨ ਸਿੰਘ ਸਹਿਜਾਦੀ ਤੇ ਜਨਰਲ ਸਕੱਤਰ ਗੁਰਬੀਰ ਸਿੰਘ ਸਹਿਜਾਦੀ ਦੀ ਪ੍ਰਧਾਨਗੀ ਹੇਠ ਰੇਂਜ ਦਫਤਰ ਜ਼ੀਰਾ ਵਿਖੇ ਹੋਈ।ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪ ਸ ਸ ਫ ਦੇ ਜ਼ਿਲ੍ਹਾ ਪ੍ਰਧਾਨ ਗੁਰਦੇਵ ਸਿੰਘ ਸਿੱਧੂ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਗੁਰਦੇਵ ਸਿੰਘ ਸਿੱਧੂ, ਨਿਸ਼ਾਨ ਸਿੰਘ ਸਹਿਜਾਦੀ, ਗੁਰਬੀਰ ਸਿੰਘ ਸਹਿਜਾਦੀ ਨੇ ਦੱਸਿਆ ਕਿ ਵਣ ਤੇ ਜੰਗਲੀ ਜੀਵ ਵਿਭਾਗ ਵਿੱਚ ਕੰਮ ਕਰਦੇ ਫੀਲਡ ਕਾਮਿਆਂ ਦੀਆਂ ਮੰਗਾਂ ਸਬੰਧੀ ਵਣ ਮੰਤਰੀ ਤੇ ਵਿੱਤ ਮੰਤਰੀ ਨਾਲ ਅਨੇਕਾਂ ਮੀਟਿੰਗਾਂ ਹੋਣ ਦੇ ਬਾਵਜੂਦ ਇੱਕ ਵੀ ਮੰਗ ਦਾ ਹੱਲ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਪੰਜਾਬ ਕੈਬਨਿਟ ਵਿੱਚ ਜਗਲਾਤ ਦੇ ਫੀਲਡ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਸਬੰਧੀ ਅਜੰਡਾ ਪਾਸ ਕਰਨ ਦੇ ਬਾਵਜੂਦ ਮੁਲਾਜ਼ਮਾਂ ਨੂੰ ਰੈਗੂਲਰ ਕਰਨ ਵਿੱਚ ਆਨਾਕਾਨੀ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਿਛਲੇ ਤਿੰਨ ਮਹੀਨਿਆਂ ਤੋਂ ਫੀਲਡ ਕਾਮਿਆਂ ਨੂੰ ਤਨਖਾਹਾਂ ਨਹੀਂ ਦਿੱਤੀਆਂ ਗਈਆਂ ਹਨ, ਜਿਸ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਤੇ ਬੇਚੈਨੀ ਪਾਈ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਰੋਸ ਤੇ ਮਜਬੂਰੀ ਵਸ ਜਥੇਬੰਦੀ ਵੱਲੋਂ ਫੈਸਲਾ ਕਰਦਿਆਂ 17 ਜੂਨ 2025 ਮੰਗਲਵਾਰ ਨੂੰ ਵਿਧਾਨ ਸਭਾ ਹਲਕਾ ਲੁਧਿਆਣਾ ਪੱਛਮੀ ਵਿਖੇ ਜ਼ਿਮਨੀ ਚੋਣ ਨੂੰ ਲੈ ਕੇ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਲੋਕ ਮਾਰੂ ਨੀਤੀਆਂ ਦਾ ਪ੍ਰਚਾਰ ਲੁਧਿਆਣਾ ਦੇ ਵੋਟਰਾਂ ਤੱਕ ਪਹੁੰਚਾਉਣ ਲਈ ਰੋਸ ਧਰਨਾ ਤੇ ਰੋਸ ਮਾਰਚ ਕੱਢਿਆ ਜਾਵੇਗਾ।ਉਨ੍ਹਾਂ ਕਿਹਾ ਕਿ ਜ਼ਿਲ੍ਹਾ ਫਿਰੋਜ਼ਪੁਰ ਤੋਂ ਵੱਡੀ ਗਿਣਤੀ ਵਿੱਚ ਵਰਕਰ ਸ਼ਮੂਲੀਅਤ ਕਰਨਗੇ ਤੇ ਸਰਕਾਰ ਦੀ ਪੋਲ ਖੋਲੀ ਜਾਵੇਗੀ।ਇਸ ਮੌਕੇ ਮੀਟਿੰਗ ਵਿੱਚ ਬਲਾਕ ਪ੍ਰਧਾਨ ਜਸਵਿੰਦਰ ਸਿੰਘ ਪੰਨੂੰ, ਜਸਵਿੰਦਰ ਰਾਜ ਸ਼ਰਮਾ, ਵਿੱਤ ਸਕੱਤਰ, ਬਲਜੀਤ ਸਿੰਘ, ਸੁਲੱਖਣ ਸਿੰਘ, ਗੁਰਬਚਨ ਸਿੰਘ ਕਾਲਾ, ਬਾਂਕੇ ਲਾਲ, ਗੁਰਮੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

CMYK

# ਡਾਕਘਰਾਂ 'ਚ 10 ਲੱਖ ਤੱਕ ਦੁਰਘਟਨਾ, ਅਪੰਗਤਾ, ਅਧਰੰਗ ਬੀਮਾ ਹੁਣ ਸਿਰਫ 559 ਰੁਪਏ 'ਚ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**-ਮੁੱਖ ਡਾਕ ਘਰ ਗੁਰਦਾਸਪੁਰ ਵਿਖੇ ਆਈਪੀਪੀਬੀ ਵੱਲੋਂ ਦੁਰਘਟਨਾ ਬੀਮਾ ਯੋਜਨਾ 'ਤੇ ਇੱਕ ਸੈਮੀਨਾਰ ਆਯੋਜਿਤ ਕੀਤਾ ਗਿਆ, ਜਿਸ ਵਿਚ ਸੀਨੀਅਰ ਸੁਪਰਡੈਂਟ ਪੋਸਟ (ਗੁਰਦਾਸਪੁਰ ਡਵੀਜ਼ਨ) ਚਰਨਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਉਨ੍ਹਾਂ ਨੇ ਦੁਰਘਟਨਾ ਬੀਮਾ ਯੋਜਨਾ ਦੀਆਂ ਵਿਸ਼ੇਸ਼ਤਾਵਾਂ ਦੀ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਹੁਣ ਸਿਰਫ 559 ਰੁਪਏ ਵਿੱਚ ਡਾਕਘਰ ਤੋਂ 10 ਲੱਖ ਦਾ ਦੁਰਘਟਨਾ/ ਅਪੰਗਤਾ/ ਅਧਰੰਗ ਬੀਮਾ ਕਰਵਾਇਆ ਜਾ ਸਕਦਾ ਹੈ।ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਇਸ ਬੀਮਾ ਯੋਜਨਾ ਦਾ ਲਾਭ ਆਪਣੇ ਨਜ਼ਦੀਕੀ ਡਾਕਘਰ ਤੋਂ ਲੈ ਸਕਦਾ ਹੈ। ਸੀਨੀਅਰ ਸੁਪਰਡੈਂਟ ਪੋਸਟ ਚਰਨਜੀਤ ਸਿੰਘ ਨੇ ਦੱਸਿਆ ਕਿ ਦੁਰਘਟਨਾ ਦੌਰਾਨ ਮੌਤ/ ਸਥਾਈ ਅਪੰਗਤਾ ਹੋਣ 'ਤੇ 10,00,000 ਰੁਪਏ, ਦੁਰਘਟਨਾ ਕਰਕੇ ਅੰਸ਼ਕ ਅਪੰਗਤਾ/ ਅੰਗ ਵਢਾਈ/ ਕੋਮਾ/ ਅਧਰੰਗ ਹੋਣ 'ਤੇ 10,00,000 ਰੁਪਏ, ਬੱਚਿਆਂ ਦੀ ਪੜ੍ਹਾਈ ਦਾ ਸਿੱਖਿਆ ਖਰਚ 50,000 ਰੁਪਏ ਤਕ ਦਾ ਕਵਰ ਹੈ। ਉਨ੍ਹਾਂ ਅੱਗੇ ਦੱਸਿਆ ਕਿ ਦੁਰਘਟਨਾ ਕਰਕੇ ਹਸਪਤਾਲ ਦਾਖਲ ਹੋਣ 'ਤੇ ਮੈਡੀਕਲ ਆਈਪੀਡੀ ਖਰਚ 60,000,



ਮੈਡੀਕਲ ਓਪੀਡੀ ਖਰਚ 10,000 ਰੁਪਏ, ਐਂਬੂਲੈਂਸ ਕਿਰਾਇਆ 9000 ਰੁਪਏ, ਖੂਨ ਬਲੱਡ ਖਰੀਦ 9000 ਰੁਪਏ, ਸਿਹਤ ਲਾਭ (ਦੁੱਧ ਫ਼ਲ, ਜੂਸ) 10000 ਰੁਪਏ ਤੱਕ ਦੀ ਕਵਰੇਜ ਸ਼ਾਮਿਲ ਹੈ।ਉਨ੍ਹਾਂ ਦੱਸਿਆ ਕਿ ਦੁਰਘਟਨਾਗ੍ਰਸਤ ਮਰੀਜ਼ ਕੋਲ ਪਰਿਵਾਰ ਨੂੰ ਪਹੁੰਚਣ ਲਈ ਕਿਰਾਇਆ ਭਾੜਾ ਕਵਰ 25000 ਰੁਪਏ ਅਤੇ ਅੰਤਿਮ ਸੰਸਕਾਰ ਰਸਮ ਖਰਚ 5000 ਰੁਪਏ ਦੀ ਕਵਰੇਜ ਵੀ ਸ਼ਾਮਿਲ ਹੈ। ਇਸ ਬੀਮਾ ਯੋਜਨਾ ਵਿੱਚ ਸੂਚੀਬੱਧ ਹਸਪਤਾਲਾਂ ਵਿੱਚ ਕੈਸ਼ ਲੈੱਸ ਇਲਾਜ ਦੀ ਸਹੂਲਤ ਉਪਲਬਧ ਹੈ, ਸ. ਚਰਨਜੀਤ ਸਿੰਘ ਨੇ ਦੱਸਿਆ ਕਿ ਇਸ ਯੋਜਨਾ ਦੇ ਵਧੀਆ ਪ੍ਰਚਾਰ-ਪਸਾਰ ਅਤੇ ਆਮ ਲੋਕਾਂ ਦੀ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ ਲਈ ਮੁੱਖ ਡਾਕਘਰ ਗੁਰਦਾਸਪੁਰ/ਬਟਾਲਾ ਸਮੇਤ ਗੁਰਦਾਸਪੁਰ ਜ਼ਿਲ੍ਹੇ ਦੇ ਸਾਰੇ ਡਾਕਘਰਾਂ ਵਿੱਚ 16 ਜੂਨ ਤੋਂ 18 ਜੂਨ 2025 ਤੱਕ ਵਿਸ਼ੇਸ਼ ਕੈਂਪ ਲਗਾਏ ਜਾ ਰਹੇ ਹਨ ਜਿਸ ਦਾ ਮਕਸਦ ਆਮ ਲੋਕਾਂ ਨੂੰ ਹਸਪਤਾਲਾਂ ਦੇ ਵੱਧਦੇ ਇਲਾਜ ਦੇ ਖਰਚੇ ਅਤੇ ਪ੍ਰਾਈਵੇਟ ਕੰਪਨੀਆਂ ਦੇ ਮਹਿੰਗੇ ਬੀਮੇ ਖਰਚਿਆਂ ਤੋਂ ਰਾਹਤ ਦਿਵਾਉਣਾ ਹੈ।ਉਨ੍ਹਾਂ ਕਿਹਾ ਕਿ ਗਾਹਕ ਇਸ ਸਕੀਮ ਨੂੰ ਲੈ ਕੇ ਕਾਫੀ ਉਤਸ਼ਾਹਿਤ ਹਨ, ਜਿਸ ਦਾ ਅੰਦਾਜ਼ਾ ਡਾਕਘਰ 'ਚ ਬੀਮਾ ਕਰਵਾਉਣ ਦੇ ਚਾਹਵਾਨ ਲੋਕਾਂ ਦੀ ਵਧਦੀ ਗਿਣਤੀ ਤੋਂ ਲਗਾਇਆ ਜਾ ਸਕਦਾ ਹੈ।ਇਸ ਮੌਕੇ ਸਹਾਇਕ ਨਿਰਦੇਸ਼ਕ-ਗੁਰਦਾਸਪੁਰ ਸਤਨਾਮ ਸਿੰਘ, ਦਲਵੀਰ ਸਿੰਘ ਅਤੇ ਇੰਡੀਆ ਪੋਸਟ ਪੇਮੈਂਟਸ ਬੈਂਕ ਦੇ ਸੀਨੀਅਰ ਪ੍ਰਬੰਧਕ ਸੰਨੀ ਦਿਓਲ ਮੌਜੂਦ ਸਨ।

# ਜੀਐੱਨਡੀਯੂ ਨੂੰ ਖੋਜ ਤੇ ਸਿੱਖਿਆ ਦੇ ਵਿਸ਼ਵ ਪਲੇਟਫਾਰਮ 'ਤੇ ਲਿਜਾਣਾ ਸਾਡਾ ਅਹਿਮ ਟੀਚਾ : ਵਾਈਸ ਚਾਂਸਲਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਨੇ ਮੀਡੀਆ ਨਾਲ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਕਿਹਾ ਕਿ ਭਾਰਤ ਵਿੱਚ ਹਰ ਸਾਲ ਲਗਭਗ 30 ਲੱਖ ਵਿਦਿਆਰਥੀ ਸਿੱਖਿਆ ਪੂਰੀ ਕਰਕੇ ਨੌਕਰੀਆਂ ਲਈ ਯੋਗ ਹੁੰਦੇ ਹਨ, ਪਰ ਸਿਰਫ 10 ਲੱਖ ਨੌਜਵਾਨਾਂ ਨੂੰ ਹੀ ਰੁਜ਼ਗਾਰ ਮਿਲਦਾ ਹੈ। ਬਾਕੀ 20 ਲੱਖ ਵਿਦਿਆਰਥੀਆਂ ਲਈ ਨੌਕਰੀ ਹਾਸਲ ਕਰਨਾ ਵੱਡੀ ਚੁਣੌਤੀ ਹੈ। ਇਸ ਮੁੱਦੇ ਨੂੰ ਹੱਲ ਕਰਨ ਲਈ, ਜੀਐੱਨਡੀਯੂ ਨੇ ਕਈ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਯੂਨੀਵਰਸਿਟੀ ਵਿਦਿਆਰਥੀਆਂ ਨੂੰ ਐਂਟਰਪ੍ਰਨਰਸ਼ਿਪ ਅਧਾਰਤ ਕੋਰਸ ਕਰਵਾਏਗੀ ਅਤੇ ਉਨ੍ਹਾਂ ਨੂੰ ਆਪਣੇ ਬਿਜ਼ਨਸ ਸ਼ੁਰੂ ਕਰਨ ਦੀ ਸਿਖਲਾਈ ਦੇਵੇਗੀ। ਇਸ ਨਾਲ ਵਿਦਿਆਰਥੀ ਸਵੈ-ਨਿਰਭਰ ਬਣਨਗੇ ਅਤੇ ਦੇਸ਼ ਵਿੱਚ ਨਵੀਆਂ ਨੌਕਰੀਆਂ ਦੇ ਮੌਕੇ ਪੈਦਾ ਹੋਣਗੇ। ਉਨ੍ਹਾਂ ਕਿਹਾ ਕਿ ਯੂਨੀਵਰਸਿਟੀ ਇਹ ਵੀ ਯਕੀਨੀ ਬਣਾਏਗੀ ਕਿ ਵਿਦਿਆਰਥੀ ਸਿਰਫ ਪੜ੍ਹਾਈ ਪ੍ਰਾਪਤ ਕਰਕੇ



ਨੌਕਰੀਆਂ ਦੀ ਭਾਲ ਵਿੱਚ ਨਾ ਰਹਿਣ, ਸਗੋਂ ਉੱਚ ਗੁਣਵੱਤਾ ਵਾਲੀ ਸਿੱਖਿਆ ਨਾਲ ਜ਼ਿੰਮੇਵਾਰ ਨਾਗਰਿਕ ਬਣਨ ਅਤੇ ਸਮਾਜ ਵਿੱਚ ਸਾਕਾਰਾਤਮਕ ਯੋਗਦਾਨ ਪਾਉਣ। ਉਨ੍ਹਾਂ ਕਿਹਾ ਕਿ ਇੰਟਰਪ੍ਰੀਨਿਓਰ ਅਤੇ ਹੋਰ ਵਿਸ਼ਿਆਂ ਨਾਲ ਸਬੰਧਤ ਯੂਨੀਵਰਸਿਟੀ ਨੇ 53 ਨਵੇਂ ਕੋਰਸ ਸ਼ੁਰੂ ਕੀਤੇ ਹਨ। ਪ੍ਰੋ. ਪਲਵਿੰਦਰ ਸਿੰਘ ਡੀਨ, ਅਕਾਦਮਿਕ ਮਾਮਲੇ ਨੇ ਇਸ ਮੌਕੇ ਸਵਾਗਤ ਕਰਦਿਆਂ ਕਿਹਾ ਕਿ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਦੂਰਅੰਦੇਸ਼ੀ ਅਗਵਾਈ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਨੇ ਵਿਸ਼ਵ ਪੱਧਰ 'ਤੇ ਆਪਣੀ ਸਾਖ ਮਜ਼ਬੂਤ ਕਰਨ ਅਤੇ ਵਿਦਿਆਰਥੀ-ਕੇਂਦਰਿਤ ਅਕਾਦਮਿਕ ਤੇ ਖੋਜ ਪ੍ਰਣਾਲੀ ਨੂੰ ਹੁਲਾਰਾ ਦੇਣ ਲਈ ਕਈ ਪਰਿਵਰਤਨਸ਼ੀਲ ਪਹਿਲਕਦਮੀਆਂ ਸ਼ੁਰੂ ਕੀਤੀਆਂ ਹਨ। ਪ੍ਰੈਸ ਕਾਨਫਰੰਸ ਵਿੱਚ, ਪ੍ਰੋ. ਕੇ.ਐਸ. ਚਹਿਲ (ਰਜਿਸਟਰਾਰ), ਪ੍ਰੋ. ਐਚ.ਐਸ. ਸੈਣੀ (ਡੀਨ, ਵਿਦਿਆਰਥੀ ਭਲਾਈ), ਪ੍ਰੋ. ਸ਼ਾਲਿਨੀ ਬਹਿਲ (ਪ੍ਰੋਫੈਸਰ ਇੰਚਾਰਜ, ਪ੍ਰੀਖਿਆਵਾਂ), ਪ੍ਰੋ. ਪ੍ਰੀਤ ਮਹਿੰਦਰ ਸਿੰਘ ਬੇਦੀ, ਪ੍ਰੋ. ਵੰਦਨਾ ਭੱਲਾ (ਡਾਇਰੈਕਟਰ, ਖੋਜ), ਸ. ਹਰਿੰਦਰ ਸਿੰਘ ਪੀ.ਪੀ.ਐਸ. (ਸੇਵਾਮੁਕਤ, ਸੁਰੱਖਿਆ ਅਧਿਕਾਰੀ) ਅਤੇ ਹੋਰ ਅਧਿਕਾਰੀ ਮੌਜੂਦ ਸਨ। ਮੀਟਿੰਗ ਸ਼ੁਰੂ ਹੋਣ ਤੋਂ ਪਹਿਲਾਂ ਹਾਲ ਹੀ ਵਿੱਚ ਅਹਿਮਦਾਬਾਦ ਜਹਾਜ਼ ਹਾਦਸੇ ਦੀ ਦੁਖਦ ਘਟਨਾ ਪ੍ਰਤੀ ਦੁੱਖ ਦਾ ਅਹਿਸਾਸ ਪ੍ਰਗਟ ਕਰਨ ਲਈ ਦੋ ਮਿੰਟ ਦਾ ਮੌਨ ਰੱਖਿਆ ਗਿਆ।

# ਜ਼ਿਲ੍ਹਾ ਬਾਲ ਭਲਾਈ ਕਮੇਟੀ ਤੇ ਜੁਵੇਨਾਈਲ ਜਸਟਿਸ ਬੋਰਡ ਦਾ ਪੁਨਰਗਠਨ ਹੋਵੇਗਾ : ਡੀਸੀ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਜ਼ਿਲ੍ਹੇ ਵਿੱਚ 0 ਤੋਂ 18 ਸਾਲ ਦੇ ਬੱਚਿਆਂ ਦੀ ਸੁਰੱਖਿਆ ਅਤੇ ਦੇਖਭਾਲ ਤੇ ਕਾਨੂੰਨੀ ਵਿਵਾਦਾਂ ਵਿੱਚ ਫਸੇ ਬੱਚਿਆਂ ਲਈ ਜੁਵੇਨਾਈਲ ਜਸਟਿਸ ਐਕਟ 2015 ਤਹਿਤ ਬਾਲ ਭਲਾਈ ਕਮੇਟੀ ਅਤੇ ਜੁਵੇਨਾਈਲ ਜਸਟਿਸ ਬੋਰਡ ਦਾ ਗਠਨ ਕੀਤਾ ਜਾਂਦਾ ਹੈ, ਜਿਨ੍ਹਾਂ ਕੋਲ ਬੱਚਿਆਂ ਦੇ ਭਵਿੱਖ ਨੂੰ ਧਿਆਨ ਵਿੱਚ ਰੱਖਦੇ ਹੋਏ ਯੋਗ ਫ਼ੈਸਲੇ ਲੈਣ ਦਾ ਅਧਿਕਾਰ ਹੁੰਦਾ ਹੈ ਅਤੇ ਬੱਚਿਆਂ ਦੇ ਅਧਿਕਾਰਾਂ ਦੀ ਸੁਰੱਖਿਆ ਕਰਦੇ ਹਨ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਬਾਲ ਭਲਾਈ ਕਮੇਟੀ ਅਤੇ ਜੁਵੇਨਾਈਲ ਜਸਟਿਸ ਬੋਰਡ ਦਾ ਕਾਰਜਕਾਲ ਤਿੰਨ ਸਾਲ ਦਾ ਹੁੰਦਾ ਹੈ ਅਤੇ ਜ਼ਿਲ੍ਹੇ ਵਿੱਚ ਚੱਲ ਰਹੀ ਬਾਲ ਭਲਾਈ ਕਮੇਟੀ ਅਤੇ ਜੁਵੇਨਾਈਲ ਜਸਟਿਸ ਬੋਰਡ ਦਾ ਕਾਰਜਕਾਲ ਖ਼ਤਮ ਹੋ ਗਿਆ ਹੈ ਜਿਸ ਕਰਕੇ ਹੁਣ ਜੁਵੇਨਾਈਲ ਜਸਟਿਸ ਬੋਰਡ ਲਈ ਨਵੇ ਯੋਗ ਮੈਂਬਰਾਂ ਅਤੇ ਬਾਲ ਭਲਾਈ ਕਮੇਟੀ ਲਈ ਇੱਕ ਚੇਅਰਪਰਸਨ ਅਤੇ ਚਾਰ ਮੈਂਬਰਾਂ ਦੀ ਨਿਯੁਕਤੀ ਕੀਤੀ ਜਾਣੀ ਹੈ। ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਨਿਯੁਕਤੀ ਜੁਵੇਨਾਈਲ ਜਸਟਿਸ ਐਕਟ 27 ਅਤੇ 4 ਅਨੁਸਾਰ ਕੀਤੀ ਜਾਣੀ ਹੈ। ਬਾਲ ਭਲਾਈ ਕਮੇਟੀ ਅਤੇ ਜੁਵੇਨਾਈਲ ਜਸਟਿਸ ਬੋਰਡ ਲਈ ਅਪਲਾਈ ਕਰਨ ਲਈ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਚੰਡੀਗੜ੍ਹ ਦੀ ਵੈੱਬਸਾਈਟ ਤੇ ਦਿੱਤੇ ਗਏ ਨਿਯਮਾਂ ਅਤੇ ਸ਼ਰਤਾਂ ਅਨੁਸਾਰ ਅਪਲਾਈ ਕਰ ਸਕਦੇ ਹਨ। ਇਸ ਸਬੰਧੀ ਵਧੇਰੇ ਜਾਣਕਾਰੀ ਲਈ ਦਫਤਰ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਕਮਰਾ ਨੰਬਰ 238 ਦੂਜੀ ਮੰਜ਼ਿਲ ਜ਼ਿਲ੍ਹਾ ਕੰਪਲੈਕਸ ਅੰਮ੍ਰਿਤਸਰ ਵਿਖੇ ਸੰਪਰਕ ਕੀਤਾ ਜਾ ਸਕਦਾ ਹੈ।

# ਮੁੱਖ ਖੇਤੀਬਾੜੀ ਅਫਸਰ ਵੱਲੋਂ ਝੋਨੇ ਦੀ ਲਵਾਈ ਦਾ ਜਾਇਜ਼ਾ ਲੈਣ ਲਈ ਵੱਖ-ਵੱਖ ਪਿੰਡਾਂ ਦਾ ਦੌਰਾ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਅੰਤਾਂ ਦੀ ਗਰਮੀ ਹੋਣ ਦੇ ਬਾਵਜੂਦ ਕਿਸਾਨਾਂ ਜ਼ਿਲਾ ਗੁਰਦਾਸਪੁਰ ਝੋਨੇ ਦੀ ਲਵਾਈ ਕੱਦੂ ਕਰਕੇ ਲਵਾਈ ਕੀਤੀ ਜਾ ਰਹੀ ਹੈ



ਅਤੇ ਹੁਣ ਤੱਕ 30-35 ਫੀਸਦੀ ਰਕਬੇ ਵਿੱਚ ਝੋਨੇ ਦੀ ਲਵਾਈ ਹੋ ਚੁੱਕੀ ਹੈ,ਜੋ 30 ਜੂਨ ਤੱਕ ਮੁਕੰਮਲ ਹੋ ਜਾਵੇਗੀ ।ਪਿੰਡ ਧਾਰੋਚੱਕ ਵਿੱਚ ਝੋਨੇ ਦੀ ਲਵਾਈ ਬਾਰੇ ਜਾਣਕਾਰੀ ਦਿੰਦਿਆਂ ਡਾ. ਅਮਰੀਕ ਸਿੰਘ ਮੁੱਖ ਖੇਤੀਬਾੜੀ ਅਫਸਰ ਨੇ ਦੱਸਿਆ ਕਿ ਝੋਨੇ ਦੀ ਫਸਲ ਕੀੜਿਆ ਅਤੇ ਬਿਮਾਰੀਆਂ ਤੋਂ ਇਲਾਵਾ ਨਦੀਨ ਪੈਦਾਵਾਰ ਨੂੰ ਪ੍ਰਭਾਵਤ ਕਰਦੇ ਹਨ ਜੋ ਫਸਲ ਨਾਲ ਪਾਣੀ, ਖੁਰਾਕੀ ਤੱਤਾਂ, ਰੌਸ਼ਨੀ ਅਤੇ ਕਾਰਬਨ ਡਾਈਕਸਾਈਡ ਲਈ ਮੁਕਾਬਲਾ ਕਰਕੇ ਪੈਦਾਵਾਰ ਅਤੇ ਮਿਆਰੀਪਣ ਤੇ ਬੁਰਾ ਪ੍ਰਭਾਵ ਪਾਉਂਦੇ ਹਨ।ਉਨ੍ਹਾਂ ਦੱਸਿਆ ਕਿ ਝੋਨੇ ਦੀ ਫਸਲ ਵਿੱਚ ਨਦੀਨਾਂ ਦੀ ਰੋਕਥਾਮ ਲਈ ਸਹੀ ਨਦੀਨਨਾਸ਼ਕ ਦਾ ਸਹੀ ਸਮੇਂ ਤੇ ਸਹੀ ਤਕਨੀਕ ਵਰਤਣੀ ਚਾਹੀਦੀ ਹੈ।ਇਸ ਮੌਕੇ ਡਾ. ਗਗਨਦੀਪ ਸਿੰਘ ਨੇ ਦੱਸਿਆ ਕਿ ਜੇਕਰ ਨਦੀਨਨਾਸ਼ਕ ਵਰਤਣ ਦੇ ਬਾਵਜੂਦ ਕੁਝ ਨਦੀਨ ਬਚ ਜਾਂਦੇ ਹਨ ਤਾਂ ਨਦੀਨਾਂ ਨੂੰ ਹੱਥ ਨਾਲ ਪੁੱਟ ਦੇਣੇ ਚਾਹੀਦੇ ਹਨ ਜੋ ਪਸ਼ੂਆਂ ਦੇ ਚਾਰੇ ਲਈ ਵਰਤੇ ਜਾ ਸਕਦੇ ਹਨ।ਕੱਦੂ ਕੀਤੇ ਖੇਤ ਵਿੱਚ ਝੋਨੇ ਦੀ ਲੁਆਈ ਤੋਂ 2 ਹਫਤੇ ਤੱਕ ਲਗਾਤਾਰ ਖੇਤ ਵਿੱਚ ਪਾਣੀ ਖੜ੍ਹਾ ਕਰਨ ਨਾਲ ਨਦੀਨਾਂ ਨੂੰ ਉੱਗਣ ਤੋਂ ਰੋਕਿਆ ਜਾ ਸਕਦਾ ਹੈ। ਜੇਕਰ ਕੁਝ ਨਦੀਨ ਖੜ੍ਹੇ ਪਾਣੀ ਵਿੱਚ ਵੀ ਉੱਗ ਪੈਣ ਤਾਂ ਉਨਾਂ ਨੂੰ ਹੱਥ ਨਾਲ ਪੁੱਟ ਕੇ ਬਾਹਰ ਕੱਢ ਦੇਣਾ ਚਾਹੀਦਾ।ਇਸ ਮੌਕੇ ਡਾ. ਮਨਜੀਤ ਸਿੰਘ ਖੇਤੀਬਾੜੀ ਵਿਕਾਸ ਅਫਸਰ, ਹਰਮਨਪ੍ਰੀਤ ਸਿੰਘ ਖੇਤੀਬਾੜੀ ਵਿਸਥਾਰ ਅਫਸਰ ਅਤੇ ਕਿਸਾਨ ਹਾਜ਼ਰ ਸਨ।

# ਗੁ: ਅਖਾੜਾ ਪਿਛਾੜਾ ਜਿਊਬਾਲਾ ਵਿਖੇ ਸਾਲਾਨਾ ਸ਼ਹੀਦੀ ਜੋੜ ਮੇਲਾ ਅੱਜ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਪੰਜਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਸ੍ਰੀ ਅਗਾੜਾ ਪਿਛਾੜਾ ਜਿਊਬਾਲਾ ਵਿਖੇ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਸਬੰਧੀ ਸਾਲਾਨਾ ਜੋੜ ਮੇਲਾ ਜਥੇਦਾਰ ਸੰਤ ਬਾਬਾ ਗੁਰਪਿੰਦਰ ਸਿੰਘ ਵਡਾਲਾ ਕਾਰ ਸੇਵਾ ਸੰਪ੍ਰਦਾਇ ਸਤਲਾਣੀ ਸਾਹਿਬ ਹੁਸ਼ਿਆਰ ਨਗਰ ਜ਼ਿਲਾ ਅੰਮ੍ਰਿਤਸਰ ਦੀ ਅਗਵਾਈ ਹੇਠ ਇਲਾਕੇ, ਪਿੰਡ ਜਿਊਬਾਲਾ ਗ੍ਰਾਮ ਪੰਚਾਇਤ ਤੇ ਨਗਰ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ 16 ਜੂਨ ਦਿਨ ਸੋਮਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਧੂਮਧਾਮ ਨਾਲ ਮਨਾਇਆ ਜਾ ਰਿਹਾ ਹੈ।ਸੰਗਤਾਂ ਵੱਲੋਂ ਰਖਾਏ ਗਏ ਅਨੇਕਾਂ ਸ੍ਰੀ ਅਖੰਡ ਪਾਠ ਸਾਹਿਬਾਂ ਦੀ ਆਰੰਭਤਾ ਕਰਵਾਏ ਜਾਣ ਉਪਰੰਤ ਬਾਬਾ ਇੰਦਰਬੀਰ ਸਿੰਘ ਵਡਾਲਾ ਸੰਪ੍ਰਦਾਇ ਕਾਰ ਸੇਵਾ ਸਤਲਾਣੀ ਸਾਹਿਬ (ਚੇਅਰਮੈਨ ਬਾਬਾ ਕੁੰਮਾ ਸਿੰਘ ਇੰਜੀਨੀਅਰ ਕਾਲਜ ਹੁਸ਼ਿਆਰ ਨਗਰ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 16 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣ ਉਪਰੰਤ ਜਿੱਥੇ



ਦੀਵਾਨ ਹਾਲ ਵਿਖੇ ਸਜਾਏ ਗਏ ਧਾਰਮਿਕ ਦੀਵਾਨ ਵਿੱਚ ਪੰਥ ਦੇ ਪ੍ਰਸਿੱਧ ਰਾਗੀ, ਢਾਡੀ ਤੇ ਕਵੀਸ਼ਰੀ ਜਥੇ ਗੁਰੂ ਜੱਸ ਨਾਲ ਸੰਗਤਾਂ ਨੂੰ ਨਿਹਾਲ ਕਰਨਗੇ ਉਥੇ ਹੀ ਜਥੇਦਾਰ ਸੰਤ ਬਾਬਾ ਅਵਤਾਰ ਸਿੰਘ ਸੁਰਸਿੰਘ ਵਾਲੇ ਮੁਖੀ ਸੰਪ੍ਰਦਾਇ ਦਲ ਪੰਥ ਬਾਬਾ ਬਿਧੀ ਚੰਦ ਜੀ, ਸ਼੍ਰੋਮਣੀ ਪੰਥ ਰਤਨ, ਸ਼੍ਰੋਮਣੀ ਸੇਵਾ ਰਤਨ ਸਿੰਘ ਸਹਿਬਾਨ ਜਥੇਦਾਰ ਬਾਬਾ ਬਲਬੀਰ ਸਿੰਘ ਮੁਖੀ 96 ਕਰੋੜੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ, ਸਮੇਤ ਸਿੰਘ ਸਹਿਬਾਨ ਅਤੇ ਪੰਥ ਦੀਆਂ ਸਿਰਮੌਰ ਧਾਰਮਿਕ ਸਖਸ਼ੀਅਤਾਂ ਹਾਜ਼ਰੀ ਭਰਨਗੀਆਂ।ਗੁਰੂ ਦੇ ਲੰਗਰ ਅਤੁੱਟ ਵਰਤਾਏ ਜਾਣਗੇ।ਸ਼ਾਮ ਨੂੰ ਪੰਜਾਬ ਦੀਆਂ ਨਾਮਵਰ ਕਬੱਡੀ ਟੀਮਾਂ ਵਿਚਾਲੇ ਕਬੱਡੀ ਦੇ ਵੱਡੇ ਪ੍ਰਦਰਸ਼ਨੀ ਮੈਚ ਕਰਵਾਏ ਜਾਣਗੇ।ਇਸ ਮੌਕੇ ਬਾਬਾ ਸੂਬਾ ਸਿੰਘ ਵਡਾਲਾ, ਬਾਬਾ ਰਣਬੀਰ ਸਿੰਘ ਰਾਣਾ ਵਡਾਲਾ, ਗੁ. ਅਖਾੜਾ ਪਿਛਾੜਾ ਸਾਹਿਬ ਦੇ ਮੁੱਖ ਸੇਵਾਦਾਰ ਬਾਬਾ ਨਿਰਵੈਰ ਸਿੰਘ ਮਿੱਠੂ, ਬਾਬਾ ਕਾਬਲ ਸਿੰਘ ਤਰਨ ਤਾਰਨ, ਬਾਬਾ ਹੀਰਾ ਸਿੰਘ, ਬਾਬਾ ਸ਼ਮਸ਼ੇਰ ਸਿੰਘ ਸ਼ੇਰਾ, ਰਛਪਾਲ ਸਿੰਘ ਸਰਪੰਚ ਪਿੰਡ ਜਿਊਬਾਲਾ, ਭਲਵਾਨ ਗੁਰਜੀਤ ਸਿੰਘ ਸਮੇਤ ਜਥੇਬੰਦੀ ਦੇ ਨਿਹੰਗ ਸਿੰਘ ਤੇ ਸੰਗਤਾਂ ਵੀ ਮੌਜੂਦ ਸਨ।

# 'ਸ਼ਖਸੀਅਤ ਵਿਕਾਸ ਅਤੇ ਨਿਖਾਰ' ਵਿਸ਼ੇ 'ਤੇ ਵਰਕਸ਼ਾਪ ਕਰਵਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**— ਖਾਲਸਾ ਕਾਲਜ ਆਫ ਲਾਅ ਵਿਖੇ ਵਿਦਿਆਰਥਣਾਂ ਲਈ ਵਿਸਪਰ, ਵੀਨਸ ਅਤੇ ਜਿਲੇਟ ਕੰਪਨੀਆਂ ਵੱਲੋਂ 'ਆਪਣੇ ਖ਼ੁਦ ਦੇ ਬੌਸ ਬਣੋ' (ਬੀ ਯੂਅਰ ਓਵਨ ਬੌਸ) ਵਿਸ਼ੇ 'ਤੇ ਸਖ਼ਸ਼ੀਅਤ ਵਿਕਾਸ



ਮੁਹਿੰਮ ਦਾ ਆਯੋਜਨ ਕੀਤਾ ਗਿਆ। ਕਾਲਜ ਡਾਇਰੈਕਟਰ-ਕਮ-ਪ੍ਰਿੰ. ਡਾ. ਜਸਪਾਲ ਸਿੰਘ ਦੇ ਦਿਸ਼ਾ-ਨਿਰਦੇਸ਼ਾਂ 'ਤੇ ਉਕਤ ਮੁਹਿੰਮ ਮੌਕੇ ਸਖ਼ਸ਼ੀਅਤ ਵਿਕਾਸ ਅਤੇ ਨਿਖਾਰ ਵਰਕਸ਼ਾਪ ਕਰਵਾਈ ਗਈ, ਜਿਸ 'ਚ ਟ੍ਰੇਨਿੰਗ ਪਾਰਟਨਰ ਰਾਈਟ ਸਾਈਡ ਐੱਲ. ਐੱਲ. ਪੀ. ਵੱਲੋਂ ਪ੍ਰਭਜੀਤ ਕੌਰ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ। ਇਸ ਮੌਕੇ ਸ੍ਰੀਮਤੀ ਪ੍ਰਭਜੀਤ ਕੌਰ ਨੇ ਵਿਦਿਆਰਥਣਾਂ ਨੂੰ ਸ਼ਖਸੀਅਤ ਵਿਕਾਸ, ਸੁਰੱਖਿਆ, ਪੋਸ਼ਣ, ਜੀਵਨ ਸ਼ੈਲੀ, ਸਿਹਤਮੰਦ ਆਦਤਾਂ, ਮਾਹਵਾਰੀ ਦੌਰਾਨ ਤਣਾਅ ਆਦਿ ਵਿਸ਼ਿਆਂ 'ਤੇ ਚਾਨਣਾ ਪਾਉਂਦਿਆਂ ਕਈ ਮਿਥਿਹਾਸਾਂ ਤੋਂ ਜਾਣੂ ਕਰਵਾਇਆ। ਇਸ ਮੌਕੇ ਕਰੀਬ 320 ਵਿਦਿਆਰਥਣਾਂ ਨੇ ਰਜਿਸਟਰੇਸ਼ਨ ਕਰਵਾਈ। ਇਸ ਮੌਕੇ ਪ੍ਰਭਜੀਤ ਕੌਰ ਵੱਲੋਂ ਵਰਕਸ਼ਾਪ 'ਚ ਰਜਿਸਟਰਡ ਵਿਦਿਆਰਥਣਾਂ ਨੂੰ ਈ-ਸਰਟੀਫ਼ਿਕੇਟ ਫ਼ਾਰ ਪਾਰਟੀਸੀਪੇਸ਼ਨ ਅਤੇ ਕੰਪਲੀਮੈਂਟਰੀ-ਗੁਡੀਸ ਵੀ ਦਿੱਤੇ ਗਏ। ਇਸ ਸਬੰਧੀ 10 ਵਿਦਿਆਰਥਣਾਂ ਦੀ ਟੀਮ ਨੂੰ 'ਸਟੂਡੈਂਟ ਵਲੰਟੀਅਰਸ' ਬਣਾਇਆ ਗਿਆ। ਇਸ ਉਪਰੰਤ ਡਾ. ਜਸਪਾਲ ਸਿੰਘ ਨੇ ਆਪਣੇ ਦਫ਼ਤਰ ਵਿਖੇ ਕਾਰਜਕਾਰੀ ਪ੍ਰਿੰਸੀਪਲ ਡਾ. ਗੁਨੀਸ਼ਾ ਸਲੂਜਾ ਅਤੇ ਵਰਕਸ਼ਾਪ ਕੋਆਰਡੀਨੇਟਰ ਡਾ. ਸ਼ਿਵਨ ਸਰਪਾਲ ਨਾਲ ਮਿਲ ਕੇ ਪ੍ਰਭਜੀਤ ਕੌਰ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਡਾ. ਪੂਰਨਿਮਾ ਖੰਨਾ, ਡਾ. ਪਵਨਦੀਪ ਕੌਰ, ਡਾ. ਹਰਪ੍ਰੀਤ ਕੌਰ, ਡਾ. ਸੀਮਾ ਰਾਣੀ, ਡਾ. ਦਿਵਿਆ ਸ਼ਰਮਾ, ਡਾ. ਰਾਸ਼ੀਮਾ ਪ੍ਰਭਾਕਰ, ਡਾ. ਪ੍ਰੀਤਇੰਦਰ ਕੌਰ, ਪ੍ਰੋ. ਸੁਗਮ, ਪ੍ਰੋ. ਰਿਚਾ ਜੋਸ਼ੀ, ਪ੍ਰੋ. ਹੇਮਾ, ਪ੍ਰੋ. ਪ੍ਰੇਰਨਾ, ਪ੍ਰੋ. ਮਨਸੀਰਤ ਕੌਰ, ਪ੍ਰੋ ਤਨਵੀਰ ਕੌਰ, ਪ੍ਰੋ. ਹਰਜੋਤ ਕੌਰ ਆਦਿ ਮੌਜੂਦ ਸਨ।

# ਫਰੀਡਮ .ਫਰਾਮ ਡਰੱਗਜ਼ ਵੈੱਲਫੇਅਰ ਸੁਸਾਇਟੀ ਵੱਲੋਂ ਨਸ਼ਾ ਮੁਕਤ ਨੌਜਵਾਨ ਸਨਮਾਨਿਤ

**ਗੁਰਦਾਸਪੁਰ (ਜਨਕ ਮਹਾਜਨ)**- ਸਿਹਤ ਵਿਭਾਗ ਵੱਲੋਂ ਨਸ਼ਾ ਛੁਡਾਊ ਕੇਂਦਰ, ਜ਼ਿਲ੍ਹਾ ਹਸਪਤਾਲ, ਬੱਬਰੀ (ਗੁਰਦਾਸਪੁਰ) ਵਿਖੇ ਫਰੀਡਮ ਫ਼ਰਾਮ ਡਰੱਗਜ਼




ਵੈੱਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਨਸ਼ੇ ਛੱਡ ਕੇ ਨਵੀਂ ਜ਼ਿੰਦਗੀ ਚੁਣਨ ਵਾਲੇ ਨੌਜਵਾਨਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਸਨਮਾਨ ਸਮਾਗਮ ਦੀ ਪ੍ਰਧਾਨਗੀ ਸਿਵਲ ਸਰਜਨ ਗੁਰਦਾਸਪੁਰ ਡਾ. ਜਸਵਿੰਦਰ ਸਿੰਘ ਨੇ ਕੀਤੀ ਜਦਕਿ ਐੱਸਐੱਮਓ ਡਾ. ਵਰਿੰਦਰ ਮੋਹਨ, ਫਰੀਡਮ ਫ਼ਰਾਮ ਡਰੱਗਜ਼ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਹੇਮੰਤ ਭਨੋਟ, ਸ਼ੁਭਮ ਮਹਾਜਨ, ਸਾਹਿਲ ਗਿੱਲ, ਸਾਹਿਲ ਕੰਡਿਆਰਾ ਨੇ ਵਿਸ਼ੇਸ਼ ਤੌਰ 'ਤੇ ਸ਼ਾਮਿਲ ਹੋਏ। ਇਸ ਮੌਕੇ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਨੇ ਕਿਹਾ ਕਿ ਇਲਾਜ ਦੇ ਨਾਲ-ਨਾਲ ਦ੍ਰਿੜ੍ਹ ਇੱਛਾ ਸ਼ਕਤੀ ਨਾਲ ਨਸ਼ੇ ਨੂੰ ਆਸਾਨੀ ਨਾਲ ਛੱਡਿਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਆਦਤ ਦੇ ਸ਼ਿਕਾਰ ਨੌਜਵਾਨਾਂ ਦਾ ਮੁਫ਼ਤ ਇਲਾਜ ਕੀਤਾ ਜਾ ਰਿਹਾ ਹੈ ਅਤੇ ਉਨ੍ਹਾਂ ਦੇ ਜੀਵਨ ਨੂੰ ਮੁੜ ਲੀਹ ਉਪਰ ਲਿਆਉਣ ਦੇ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਫਰੀਡਮ ਫ਼ਰਾਮ ਡਰੱਗਜ਼ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਹੇਮੰਤ ਭਨੋਟ ਨੇ ਸਿਵਲ ਸਰਜਨ ਡਾ. ਜਸਵਿੰਦਰ ਸਿੰਘ ਅਤੇ ਸਿਹਤ ਵਿਭਾਗ ਦੇ ਅਧਿਕਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਨਸ਼ਾ ਛੱਡ ਚੁੱਕੇ ਨੌਜਵਾਨਾਂ ਨੂੰ ਇਹ ਪ੍ਰੇਰਨਾ ਤੇ ਸ਼ਾਬਾਸ਼ੀ ਉਨ੍ਹਾਂ ਨੂੰ ਭਵਿੱਖ ਵਿੱਚ ਅੱਗੇ ਵੱਧਣ ਵਿੱਚ ਸਹਾਈ ਹੋਵੇਗੀ।

# ਸ੍ਰੀ ਦਰਬਾਰ ਸਾਹਿਬ ਤੋਂ ਮਨਪ੍ਰੀਤ ਸਿੰਘ ਉਰਫ ਮਿੱਠੂ ਰਫੂਚੱਕਰ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਨਜ਼ਦੀਕ ਬਣੇ ਚੌਕੀ ਗਲਿਆਰਾ ਦੇ ਮੁਖੀ ਨੇ ਦੱਸਿਆ ਕਿ ਮਨਪ੍ਰੀਤ ਸਿੰਘ ਉਰਫ ਮਿੱਠੂ ਪੁੱਤਰ ਰਘਬੀਰ ਸਿੰਘ ਵਾਸੀ ਪਿੰਡ ਲਸੋਈ ਜ਼ਿਲ੍ਹਾ ਮਲੇਰਕੋਟਲਾ ਜੋ 12 ਜੂਨ 2025 ਨੂੰ ਕਰੀਬ 5.30 ਵਜੇ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ



ਨਿਕਲ ਕੇ ਬਾਜ਼ਾਰ ਪਾਪੜਾਂ ਵਾਲਾ ਵੱਲ ਨੂੰ ਗਿਆ ਹੈ ।ਇਸ ਦੀ ਉਮਰ ਕਰੀਬ 38 ਸਾਲ ਹੈ, ਇਸ ਨੇ ਚਿੱਟੇ ਰੰਗ ਦਾ ਕੁੜਤਾ ਪਜਾਮਾ ਅਤੇ ਨੀਲੇ ਰੰਗ ਦਾ ਪਰਨਾ ਬੰਨ੍ਹਿਆ ਹੋਇਆ ਹੈ।ਇਹ ਥੋੜ੍ਹਾ ਦਿਮਾਗੀ ਪ੍ਰੇਸ਼ਾਨੀ ਵਿਚ ਵੀ ਹੈ। ਜੇਕਰ ਕਿਸੇ ਥਾਣੇ ਚੌਕੀ ਵਿਚ ਪਤਾ ਲੱਗੇ ਤਾਂ ਮੋਬਾਈਲ ਨੰਬਰ 9781130219 ਇੰਚਾਰਜ ਚੌਕੀ ਗਲਿਆਰਾ ਨਾਲ ਸੰਪਰਕ ਕੀਤਾ ਜਾਵੇ।

# ਵਿਦਿਆਰਥੀਆਂ ਦੀ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ ਲਈ ਚੋਣ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਬੰਦਾ ਸਿੰਘ ਬਹਾਦਰ ਪਬਲਿਕ ਸਕੂਲ ਵਿਖੇ ਡਾਇਰੈਕਟਰ ਅਮਰਜੀਤ ਸਿੰਘ ਚਾਹਲ, ਸਕੱਤਰ ਪਰਮਿੰਦਰ ਕੌਰ ਚਾਹਲ ਅਤੇ ਪ੍ਰਿੰਸੀਪਲ ਕਿਰਨ ਕੇਸਰ ਦੀ ਯੋਗ ਅਗਵਾਈ ਹੇਠ ਵਿਦਿਆਰਥੀਆਂ ਵੱਲੋਂ ਜ਼ਿਲ੍ਹਾ ਪੱਧਰ ਤੇ ਫੈਂਸਿੰਗ ਮੁਕਾਬਲਿਆ ਵਿੱਚ ਭਾਗ ਲਿਆ ਗਿਆ ਅਤੇ ਜਿੱਤ ਪ੍ਰਾਪਤ ਕਰ ਰਾਜ ਪੱਧਰ ਤੇ ਹੋਣ ਵਾਲੇ ਮੁਕਾਬਲਿਆਂ ਲਈ ਆਪਣਾ ਸਥਾਨ ਨਿਸ਼ਚਿਤ ਕੀਤਾ। ਸਕੂਲ ਦੇ ਡਾਇਰੈਕਟਰ ਸਰਦਾਰ



ਅਮਰਜੀਤ ਸਿੰਘ ਚਾਹਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀ ਕ੍ਰਮਵਾਰ ਹਰਗੁਣਦੀਪ ਸਿੰਘ ਸਪੁੱਤਰ ਸਰਦਾਰ ਹਰਪਾਲ ਸਿੰਘ ਪਿੰਡ ਮੂਲਿਆਂਵਾਲ, ਕਰਨਦੀਪ ਸਿੰਘ ਸਪੁੱਤਰ ਸਰਦਾਰ ਲਖਵਿੰਦਰ ਸਿੰਘ ਧਾਰੀਵਾਲ, ਗੁਰਪਨ ਸਿੰਘ ਸਪੁੱਤਰ ਵਿਪਨਪ੍ਰੀਤ ਸਿੰਘ ਪਿੰਡ ਮੂਲਿਆਂਵਾਲ, ਨਵਜੋਤ ਕੌਰ ਸਪੁੱਤਰੀ ਗੁਰਪ੍ਰੀਤ ਸਿੰਘ ਪਿੰਡ ਮੂਲਿਆਂਵਾਲ, ਜੰਨਤ ਸਪੁੱਤਰੀ ਰਾਜੇਸ਼ ਕੁਮਾਰ ਧਾਰੀਵਾਲ, ਰਣਵਿੰਦਰਜੀਤ ਕੌਰ ਸਪੁੱਤਰੀ ਹਰਭਜਨ ਸਿੰਘ ਧਾਰੀਵਾਲ, ਪ੍ਰਭਜੋਤ ਕੌਰ ਸਪੁੱਤਰੀ ਹਰਵਿੰਦਰ ਸਿੰਘ ਪਿੰਡ ਲਾਲੋਵਾਲ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਫੈਂਸਿੰਗ ਮੁਕਾਬਲਿਆਂ ਵਿੱਚ ਜਿੱਤ ਪ੍ਰਾਪਤ ਕੀਤੀ ਹੈ। ਇਨ੍ਹਾਂ ਵਿਦਿਆਰਥੀਆਂ ਦੀ ਚੋਣ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ ਲਈ ਹੋਈ ਹੈ।ਇਹ ਵਿਦਿਆਰਥੀ ਸਕੂਲ ਦੇ ਯੋਗ ਕੋਚ ਮੈਡਮ ਬਲਜੀਤ ਕੌਰ ਦੀ ਨਿਗਰਾਨੀ ਹੇਠ ਮਿਤੀ 16 ਜੂਨ 2025 ਨੂੰ ਮਿਲੇਨੀਅਮ ਵਰਲਡ ਸਕੂਲ ਲੁਧਿਆਣਾ ਵਿਖੇ ਰਾਜ ਪੱਧਰੀ ਫੈਂਸਿੰਗ ਮੁਕਾਬਲਿਆਂ ਲਈ ਰਵਾਨਾ ਹੋਣ ਜਾ ਰਹੇ ਹਨ ਜਿੱਥੇ ਕਿ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਦੇ ਸਕੂਲਾਂ ਤੋਂ ਵਿਦਿਆਰਥੀ ਇਨ੍ਹਾਂ ਮੁਕਾਬਲਿਆਂ ਵਿੱਚ ਭਾਗ ਲੈ ਰਹੇ ਹਨ।

# ਜੋਸ਼ੀ, ਮਲੂਕਾ ਤੇ ਠੰਡਲ ਦੀ ਅਕਾਲੀ ਦਲ 'ਚ ਵਾਪਸੀ 2027 ਦੀਆਂ ਚੋਣਾਂ 'ਚ ਪਾਰਟੀ ਦੀ ਜਿੱਤ ਦਾ ਸੰਕੇਤ : ਕਸੇਲ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਬੀਤੇ ਦਿਨੀਂ ਸਾਬਕਾ ਕੈਬਨਿਟ ਮੰਤਰੀ ਅਨਿਲ ਜੋਸ਼ੀ, ਸਿਕੰਦਰ ਸਿੰਘ ਮਲੂਕਾ, ਸੋਹਣ ਸਿੰਘ ਠੰਡਲ ਵਰਗੇ ਨਿਧੜਕ ਆਗੂਆਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਵਿੱਚ ਕੀਤੀ ਗਈ ਵਾਪਸੀ ਨਾਲ 2027 ਵਿਚ ਪਾਰਟੀ ਜਿੱਤ ਦੇ ਝੰਡੇ ਗੱਡਦਿਆਂ ਸ਼ਾਨਦਾਰ ਵਾਪਸੀ ਕਰੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਉਘੇ



ਹਲਕਾ ਤਰਨ ਤਾਰਨ ਦੇ ਅਕਾਲੀ ਆਗੂ ਸੁਖਜਿੰਦਰ ਸਿੰਘ ਕਸੇਲ ਨੇ ਦੱਸਿਆ ਕਿ ਆਮ ਪਾਰਟੀ ਦੀ ਸਰਕਾਰ ਵਿੱਚ ਹਰੇਕ ਵਰਗ ਬੇਹੱਦ ਦੁਖੀ ਹੈ। ਜੇਕਰ ਗੱਲ ਕੀਤੀ ਜਾਵੇ ਸਰਕਾਰ ਵੱਲੋਂ ਚਲਾਈ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਤਾਂ ਇਹ ਸਿਰਫ ਦਿਖਾਵਾ ਹੈ। ਜ਼ਮੀਨੀ ਹਕੀਕਤ ਵੇਖੀ ਜਾਵੇ ਤਾਂ ਅੱਜ ਪੁਲਸ ਪ੍ਰਸ਼ਾਸਨ ਦੀ ਮਿਲੀਭੁਗਤ ਨਾਲ ਸ਼ਰੇਆਮ ਪੰਜਾਬ ਵਿੱਚ ਨਸ਼ਿਆਂ ਦਾ ਕਾਰੋਬਾਰ ਚੱਲ ਰਿਹਾ। ਸਿਰਫ ਛੋਟੇ ਨਸ਼ਾ ਤਸਕਰਾਂ ਉਪਰ ਕਾਰਵਾਈ ਹੋ ਰਹੀ ਹੈ। ਵੱਡੇ ਮਗਰਮੱਛਾਂ ਉਤੇ ਕਾਰਵਾਈ ਨਹੀਂ ਹੋ ਰਹੀ ਹੈ। ਉਨ੍ਹਾਂ ਅੱਗੇ ਦੱਸਿਆ ਕਿ ਹਰੇਕ ਵਰਗ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਦੁਖੀ ਹੈ। ਇਸ ਮੌਕੇ ਸੁਖਜਿੰਦਰ ਸਿੰਘ ਕਸੇਲ, ਪ੍ਰਦੀਪ ਸਿੰਘ ਕਸੇਲ, ਸਰਪੰਚ ਬਲਜਿੰਦਰ ਸਿੰਘ ਕਸੇਲ, ਸਰਪੰਚ ਗੁਰਮੀਤ ਸਿੰਘ ਹਵੇਲੀਆਂ, ਮੈਂਬਰ ਖਜਾਨ ਸਿੰਘ ਕਸੇਲ, ਮੈਂਬਰ ਦਲਬੀਰ ਸਿੰਘ, ਮਲਕੀਤ ਸਿੰਘ ਹਰਬੰਸਪੁਰਾ, ਸਰਪੰਚ ਨਿਰਮਲ ਸਿੰਘ ਹਰਬੰਸਪੁਰਾ, ਸਰਪੰਚ ਬਲਵਿੰਦਰ ਸਿੰਘ ਕਸੇਲ ਹਵੇਲੀਆਂ, ਲਿਆਕਤ ਸਿੰਘ ਢੰਡ, ਪ੍ਰਮਿੰਦਰ ਸਿੰਘ ਢੰਡ, ਬਿਕਰਮਜੀਤ ਸਿੰਘ ਢੰਡ, ਸਰਪੰਚ ਵਰਿੰਦਰ ਸਿੰਘ ਹੀਰਾਪੁਰ, ਮਨਜਿੰਦਰ ਸਿੰਘ ਬਘਿਆੜੀ, ਸਾਬਕਾ ਸਰਪੰਚ ਪ੍ਰਮਜੀਤ ਸਿੰਘ ਬਘਿਆੜੀ, ਅਰਵਿੰਦਰ ਸਿੰਘ ਚੀਮਾ, ਸਰਪੰਚ ਦਿਲਬਾਗ ਸਿੰਘ ਕਸੇਲ , ਚੇਅਰਮੈਨ ਮਜਬੀ ਸਿੱਖ ਫੈਡਰੇਸ਼ਨ ਗਗਨਦੀਪ ਸਿੰਘ ਕਸੇਲ, ਸਾਹਿਬ ਸਿੰਘ ਬਾਲਮੀਕੀ, ਆਦਿ ਹਾਜ਼ਰ ਸਨ।

# ਬੱਚਿਆਂ ਨੂੰ ਕੁਦਰਤੀ ਤੇ ਗੈਰ-ਕੁਦਰਤੀ ਆਫਤਾਂ ਬਾਰੇ ਕੀਤਾ ਜਾਗਰੂਕ




**ਬਟਾਲਾ (ਡਾ. ਮਲਵਿੰਦਰ ਸਿੰਘ)**- ਕਮਾਂਡੈਂਟ ਰਵੇਲ ਸਿੰਘ ਪੰਜਾਬ ਹੋਮ ਗਾਰਡਜ਼ ਕਮ ਐਡੀਸ਼ਨਲ ਕੰਟਰੋਲਰ ਸਿਵਲ ਡਿਫੈਂਸ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ ਤੇ ਸਟੋਰ ਸੁਪਰਡੈਂਟ, ਸਿਵਲ ਡਿਫੈਂਸ ਬਟਾਲਾ ਦੀ ਅਗਵਾਈ 'ਚ ਵਾਰਡਨ ਸਰਵਿਸ, ਪੋਸਟ ਨੰ. 8 ਵੱਲੋਂ ਸਥਾਨਕ ਗੁਰਦੁਆਰਾ ਸਿੰਘ ਸਭਾ ਹਰਨਾਮ ਨਗਰ, ਗਲੀ ਮਸਜਿਦ ਵਾਲੀ ਵਿਖੇ ਬੱਚਿਆਂ ਦੇ ਚੱਲ ਰਹੇ 10 ਰੋਜ਼ਾ ਧਾਰਮਿਕ ਕੈਂਪ ਦੌਰਾਨ 8ਵੇਂ ਦਿਨ ਨਾਗਰਿਕ ਸੁਰੱਖਿਆ ਕੈਂਪ ਲਗਾਇਆ ਗਿਆ। ਇਸ ਮੌਕੇ ਪੋਸਟ ਵਾਰਡਨ ਹਰਬਖਸ਼ ਸਿੰਘ ਵੱਲੋਂ ਕੁਦਰਤੀ ਤੇ ਗੈਰ-ਕੁਦਰਤੀ ਆਫਤਾਂ ਬਾਰੇ ਜਾਣਕਾਰੀ ਦਿੰਦੇ ਹੋਏ ਕਿਹਾ ਕਿ ਵਾਤਾਵਰਣ ਦੇ ਬਦਲਾਵ ਕਾਰਣ ਆਫਤਾਂ ਦੇ ਰੂਪ ਵੀ ਭਿਆਨਕ ਹੁੰਦੇ ਜਾ ਰਹੇ ਹਨ। ਇਨ੍ਹਾਂ ਨਾਲ ਨਜਿੱਠਣ ਲਈ ਹਰੇਕ ਆਮ ਤੇ ਖਾਸ ਨਾਗਰਿਕ ਨੂੰ ਸੁਰੱਖਿਆਂ ਦੇ ਗੁਰ ਸਿੱਖਣੇ ਬਹੁਤ ਹੀ ਜ਼ਰੂਰੀ ਹਨ। ਕਿਸੇ ਹੰਗਾਮੀ ਹਾਲਤ ਵਿਚ ਤੁਰੰਤ ਰਾਸ਼ਟਰੀ ਸਹਾਇਤਾ ਨੰਬਰ 112 'ਤੇ ਕਾਲ ਕਰਕੇ ਕਿਸੇ ਵੀ ਕਿਸਮ ਦੀ ਮਦਦ ਲਈ ਜਾ ਸਕਦੀ ਹੈ। ਇਸ ਮੌਕੇ ਕੈਂਪ ਪ੍ਰਬੰਧਕ ਗਿਆਨੀ ਹਰਬੰਸ ਸਿੰਘ ਹੰਸਪਾਲ ਸੈਕਟਰ ਵਾਰਡਨ, ਅਵਤਾਰ ਸਿੰਘ, ਪ੍ਰਚਾਰਕ ਪੰਥਜੀਤ ਸਿੰਘ (ਧਰਮ ਪ੍ਰਚਾਰ ਕਮੇਟੀ), ਮਨਜੀਤ ਕੌਰ, ਰਜਵੰਤ ਕੌਰ ਤੇ ਸਿਵਲ ਡਿਫੈਂਸ ਵੱਲੋਂ ਕਪਿਲ ਚੋਪੜਾ, ਜਸਪਾਲ ਸਿੰਘ, ਰੂਬੀ, ਗੁਰਪ੍ਰੀਤ ਸਿੰਘ, ਸਰਬਜੀਤ ਸਿੰਘ, ਗੁਰਭੇਜ, ਗੁਰਪ੍ਰੀਤ ਸਿੰਘ ਦੇ ਨਾਲ ਸਿਖਿਆਰਥੀ ਹਾਜ਼ਰ ਸਨ।

# ਖਾਲਸਾ ਸਕੂਲ ਗੁਰਦਾਸ ਨੰਗਲ ਦੇ ਸਟਾਫ ਤੇ ਵਿਦਿਆਰਥੀਆਂ ਨੇ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੇਵਾ ਕੀਤੀ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਦੇ ਸਟਾਫ ਅਤੇ ਵਿਦਿਆਰਥੀਆਂ ਨੇ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਸ੍ਰੀ ਦਰਬਾਰ ਸਾਹਿਬ ਵਿਖੇ ਸੇਵਾ ਕੀਤੀ। ਇਸ ਸਬੰਧੀ ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਨੇ ਦੱਸਿਆ ਕਿ ਪਿਛਲੇ ਸਾਲ



ਦੀ ਤਰ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਦੇ ਹੁਕਮਾਂ ਅਨੁਸਾਰ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਅਤੇ ਡਿਪਟੀ ਡਾਇਰੈਕਟਰ ਵਿੱਦਿਆ ਬੀਬੀ ਸਤਵੰਤ ਕੌਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਸ ਵਾਰ ਵੀ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੀਆਂ ਵਿੱਦਿਅਕ ਸੰਸਥਾਵਾਂ ਦੇ ਸਟਾਫ ਅਤੇ ਵਿਦਿਆਰਥੀਆਂ ਅੰਦਰ ਸੇਵਾ ਭਾਵਨਾ ਪੈਦਾ ਕਰਨ ਲਈ ਗਰਮੀਆਂ ਦੀਆਂ ਛੁੱਟੀਆਂ ਦੌਰਾਨ ਇਕ-ਇਕ ਦਿਨ ਸ੍ਰੀ ਦਰਬਾਰ ਸਾਹਿਬ ਵਿਖੇ ਸੇਵਾ ਕਰਨ ਦਾ ਅਨੋਖਾ ਪ੍ਰੋਗਰਾਮ ਉਲੀਕਿਆ ਗਿਆ। ਜਿਸ ਤਹਿਤ ਬਾਬਾ ਅਜੈ ਸਿੰਘ ਖਾਲਸਾ ਪਬਲਿਕ ਸਕੂਲ ਗੁਰਦਾਸ ਨੰਗਲ ਦੇ 15 ਸਟਾਫ ਮੈਂਬਰਾਂ ਅਤੇ 25 ਵਿਦਿਆਰਥੀਆਂ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਇਕ ਦਿਨ ਪੂਰੀ ਭਾਵਨਾ ਨਾਲ ਸੇਵਾ ਕੀਤੀ। ਸਕੂਲ ਪ੍ਰਿੰਸੀਪਲ ਸਰਬਜੀਤ ਕੌਰ ਨੇ ਦੱਸਿਆ ਕਿ ਦਰਬਾਰ ਸਾਹਿਬ ਸੇਵਾ ਦੌਰਾਨ ਸਕੂਲ ਦੇ ਸਟਾਫ ਅਤੇ ਵਿਦਿਆਰਥੀਆਂ ਵੱਲੋਂ ਦਰਸ਼ਨ ਕਰਨ ਆਈਆਂ ਲੰਬੀਆਂ ਕਤਾਰਾਂ ਵਿੱਚ ਖੜ੍ਹੀਆਂ ਸੰਗਤਾਂ ਨੂੰ ਜਲ ਦੀ ਸੇਵਾ ਕਰਨ ਤੋਂ ਇਲਾਵਾ ਹੱਥਾਂ ਵਿੱਚ ਮੋਬਾਈਲ ਨਾ ਵਰਤੋ, ਬਾਣੀ ਸਰਵਣ ਕਰੋ, ਚੁੱਪ ਦਾ ਦਾਨ ਬਖਸ਼ੋ ਆਦਿ ਸਬੰਧੀ ਤਖਤੀਆਂ ਫੜ ਕੇ ਸੰਗਤਾਂ ਨੂੰ ਪ੍ਰੇਰਿਤ ਕਰਕੇ ਪ੍ਰਬੰਧਕਾਂ ਦੀ ਮਦਦ ਕੀਤੀ ਗਈ। ਸਕੂਲ ਪ੍ਰਿੰ. ਸਰਬਜੀਤ ਕੌਰ ਨੇ ਕਿਹਾ ਕਿ ਉਹ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ, ਵਿੱਦਿਆ ਸਕੱਤਰ ਅਤੇ ਵਿੱਦਿਆ ਡਿਪਟੀ ਡਾਇਰੈਕਟਰ ਦਾ ਧੰਨਵਾਦੀ ਹਨ, ਜਿਨ੍ਹਾਂ ਨੇ ਸੇਵਾ ਕਰਨ ਦਾ ਮੌਕਾ ਦਿੱਤਾ ਹੈ। ਇਸ ਮੌਕੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸ ਨੰਗਲ ਦੇ ਪ੍ਰਿੰ. ਡਾ. ਗੁਰਜੀਤ ਸਿੰਘ ਅਤੇ ਹੋਰ ਸ਼ਖਸੀਅਤਾਂ ਵੀ ਮੌਜਦ ਸਨ।

# ਨੌਸ਼ਹਿਰਾ ਮੱਝਾ ਸਿੰਘ ਦੇ ਛੱਪੜ ਦੀ ਸਾਫ਼-ਸਫਾਈ ਦਾ ਕੰਮ ਸ਼ੁਰੂ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਨ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਵੱਲੋਂ ਬਲਾਕ ਧਾਰੀਵਾਲ ਦੇ ਪਿੰਡ



ਨੌਸ਼ਹਿਰਾ ਮੱਝਾ ਸਿੰਘ ਦੇ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਸਬੰਧੀ ਆਪ ਦੇ ਜ਼ਿਲ੍ਹਾ ਯੂਥ ਆਗੂ ਮਨਦੀਪ ਸਿੰਘ ਗਿੱਲ ਨੇ ਦੱਸਿਆ ਕਿ ਪਿੰਡ ਵਾਸੀਆਂ ਦੀ ਮੰਗ ਪੂਰੀ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਕਰਵਾਇਆ ਹੈ ਅਤੇ ਪਿਛਲੇ 3-4 ਦਿਨਾਂ ਤੋਂ ਲਗਾਤਾਰ ਛੱਪੜ ਦੀ ਸਫਾਈ ਚੱਲ ਰਹੀ ਹੈ। ਛੱਪੜ ਵਿੱਚੋਂ ਗਾਰ ਕੱਢੀ ਜਾ ਰਹੀ ਹੈ ਅਤੇ ਛੱਪੜ ਵਿੱਚ ਉੱਗੀ ਕਾਈ ਨੂੰ ਬਾਹਰ ਕੱਢ ਕੇ ਛੱਪੜ ਦੇ ਕਿਨਾਰੇ ਬਣਾਏ ਜਾਣਗੇ। ਉਨ੍ਹਾਂ ਦੱਸਿਆ ਕਿ ਪਿਛਲੇ ਲੰਬੇ ਸਮੇਂ ਤੋਂ ਇਸ ਛੱਪੜ ਦੀ ਸਫਾਈ ਨਹੀਂ ਕਰਵਾਈ ਗਈ ਸੀ, ਪਰ ਵਿਧਾਇਕ ਸ਼ੈਰੀ ਕਲਸੀ ਦੇ ਯਤਨਾਂ ਸਦਕਾ ਇਸ ਛੱਪੜ ਦੀ ਸਫਾਈ ਦਾ ਕੰਮ ਸ਼ੁਰੂ ਹੋਇਆ ਹੈ। ਉਨ੍ਹਾਂ ਦੱਸਿਆ ਕਿ ਵਿਧਾਇਕ ਸ਼ੈਰੀ ਕਲਸੀ ਦੇ ਅਗਵਾਈ ਹੇਠ ਹਲਕੇ ਅੰਦਰ ਜਿਥੇ ਗੰਦੇ ਪਾਣੀ ਦੀ ਨਿਕਾਸੀ ਲਈ ਛੱਪੜਾਂ ਦੀ ਸਾਫ਼-ਸਫਾਈ ਚੱਲ ਰਹੀ ਹੈ, ਉਸਦੇ ਨਾਲ ਪਿੰਡਾਂ ਅੰਦਰ ਨੌਜਵਾਨਾਂ ਦੇ ਖੇਡਣ ਲਈ ਖੇਡ ਸਟੇਡੀਅਮ, ਪਿੰਡਾਂ ਵਿੱਚ ਖੂਬਸੂਰਤ ਪਾਰਕਾਂ ਦੀ ਉਸਾਰੀ, ਗਲੀਆਂ ਤੇ ਸੜਕਾਂ ਦੀ ਬਣਾਉਣ ਸਮੇਤ ਵੱਖ-ਵੱਖ ਵਿਕਾਸ ਕੰਮ ਤੇਜ਼ ਗਤੀ ਨਾਲ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਬਹੁਤ ਜਲਦ ਛੱਪੜ ਦਾ ਨਵੀਨੀਕਰਨ ਹੋਣ ਨਾਲ ਪਿੰਡ ਵਾਸੀਆਂ ਦੀ ਸਮੱਸਿਆ ਹੱਲ ਹੋ ਜਾਵੇਗੀ।

# ਮੋਟਰਸਾਈਕਲ ਦੀ ਟੱਕਰ ਵੱਜਣ 'ਤੇ ਵਿਅਕਤੀ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਤਿੱਬੜ ਪੁਲਸ ਨੇ ਮੋਟਰਸਾਈਕਲ ਦੀ ਟੱਕਰ ਵੱਜਣ 'ਤੇ ਇਕ ਵਿਅਕਤੀ ਦੀ ਮੌਤ ਹੋਣ ਉਪਰੰਤ ਮੋਟਰਸਾਈਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੀ ਸ਼ਿਕਾਇਤ ਵਿਚ ਮੈਨੁਅਲ ਮਸੀਹ ਕਾਲਾ ਮਸੀਹ ਪੁੱਤਰ ਮੁਨਸ਼ੀ ਮਸੀਹ ਵਾਸੀ ਤਾਲਿਬਪੁਰ ਥਾਣਾ ਪੁਰਾਣਾ ਸ਼ਾਲਾ ਨੇ ਦੱਸਿਆ ਕਿ ਮਿਤੀ 12 ਜੂਨ ਨੂੰ ਮੇਰਾ ਲੜਕਾ ਰਾਕੇਸ਼ ਕੁਮਾਰ ਆਪਣੇ ਮੋਟਰਸਾਈਕਲ 'ਤੇ ਸਵਾਰ ਹੋ ਕੇ ਆਪਣੇ ਕੰਮ ਤੋਂ ਘਰ ਨੂੰ ਜਾ ਰਿਹਾ ਸੀ ਕਿ ਜਦ ਉਹ ਪਿੰਡ ਪਾਹੜਾ ਪੈਟਰੋਲ ਪੰਪ ਦੇ ਨਜ਼ਦੀਕ ਪੁੱਜਾ ਤਾਂ ਸਾਹਮਣੇ ਤੋਂ ਇੱਕ ਤੇਜ਼ ਰਫਤਾਰ ਮੋਟਰਸਾਈਕਲ ਦੇ ਨਾਮਲੂਮ ਚਾਲਕ ਨੇ ਆਪਣਾ ਮੋਟਰਸਾਈਕਲ ਲਾਪ੍ਰਵਾਹੀ ਨਾਲ ਚਲਾਉਂਦੇ ਹੋਏ ਰਾਕੇਸ਼ ਕੁਮਾਰ ਦੇ ਮੋਟਰਸਾਈਕਲ ਵਿੱਚ ਮਾਰ ਦਿੱਤਾ ਜਿਸ ਨਾਲ ਸੜਕ ਤੇ ਡਿੱਗਣ ਕਰਕੇ ਉਸ ਦੇ ਗੰਭੀਰ ਸੱਟਾਂ ਲੱਗ ਗਈਆਂ ਜਿਸ ਨਾਲ ਉਸ ਦੀ ਮੌਤ ਹੋ ਗਈ ਹੈ। ਥਾਣਾ ਤਿੱਬੜ ਪੁਲਸ ਨੇ ਨਾ-ਮਾਲੂਮ ਮੋਟਰਸਾਈਕਲ ਚਾਲਕ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਮਹਾਰਾਸ਼ਟਰ ਸਰਕਾਰ ਵੱਲੋਂ ਨੌਵੇਂ ਪਾਤਸ਼ਾਹ ਦੀ 350ਵੀਂ ਸ਼ਹੀਦੀ ਸ਼ਤਾਬਦੀ ਸਰਕਾਰੀ ਪੱਧਰ 'ਤੇ ਮਨਾਉਣ ਦਾ ਐਲਾਨ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਮਹਾਰਾਸ਼ਟਰ ਸਰਕਾਰ



ਨੇ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350ਵੀਂ ਸ਼ਹੀਦੀ ਸ਼ਤਾਬਦੀ ਅਤੇ ਧੰਨ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਦੇ 350ਵੇਂ ਗੁਰਤਾ ਗੱਦੀ ਗੁਰਪੁਰਬ ਸਰਕਾਰੀ ਪੱਧਰ 'ਤੇ ਮਨਾਉਣ ਦਾ ਫ਼ੈਸਲਾ ਕੀਤਾ ਹੈ।ਇਹ ਫ਼ੈਸਲਾ ਮਹਾਰਾਸ਼ਟਰ ਦੇ ਮੁੱਖ ਮੰਤਰੀ ਦੀ ਸਰਕਾਰੀ ਨਿਵਾਸ ਵਰਸ਼ਾ ਬੰਗਲਾ ਵਿਖੇ ਮੁੱਖ ਮੰਤਰੀ ਸ਼੍ਰੀ ਦੇਵੇਂਦਰ ਫੜਨਵੀਸ ਦੀ ਪ੍ਰਧਾਨਗੀ ਹੇਠ ਦਮਦਮੀ ਟਕਸਾਲ ਦੇ ਮੁਖੀ ਅਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਅਤੇ ਹੋਰਨਾਂ ਸੰਤ ਮਹਾਪੁਰਸ਼ਾਂ ਤੋਂ ਇਲਾਵਾ ਸਰਕਾਰੀ ਉਚ ਅਧਿਕਾਰੀਆਂ ਅਤੇ ਸਿੱਖ ਭਾਈਚਾਰੇ ਦੇ ਨੁਮਾਇੰਦਿਆਂ ਦੀ ਮੌਜੂਦਗੀ ਵਿਚ ਹੋਈ ਉੱਚ ਪੱਧਰੀ ਮੀਟਿੰਗ ਦੌਰਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਵੱਲੋਂ ਗੁਰੂ ਸਾਹਿਬਾਨ ਦੇ ਸ਼ਤਾਬਦੀ ਸਮਾਗਮਾਂ ਨੂੰ ਰਾਜ ਸਰਕਾਰ ਵੱਲੋਂ ਰਾਜ ਪੱਧਰੀ ਸਮਾਗਮ ਵਜੋਂ ਐਲਾਨ ਕੀਤੇ ਜਾਣ ਦੀ ਕੀਤੀ ਗਈ ਅਪੀਲ 'ਤੇ ਲਿਆ ਗਿਆ।ਇਹ ਇਤਿਹਾਸਕ ਸਮਾਗਮ 15 ਅਤੇ 16 ਨਵੰਬਰ ਨੂੰ ਨਾਂਦੇੜ ਵਿਖੇ, 6 ਦਸੰਬਰ ਨੂੰ ਨਾਗਪੁਰ ਅਤੇ 21 ਅਤੇ 22 ਦਸੰਬਰ 2025 ਨੂੰ ਨਵੀਂ ਮੁੰਬਈ ਵਿਖੇ ਆਯੋਜਿਤ ਕਰਦਿਆਂ ਸਮਾਜ ਦੇ ਸਾਰੇ ਵਰਗਾਂ ਨੂੰ ਨਾਲ ਜੋੜਨ ਦਾ ਫ਼ੈਸਲਾ ਕੀਤਾ ਗਿਆ।ਨਾਂਦੇੜ, ਨਾਗਪੁਰ ਅਤੇ ਮੁੰਬਈ (ਐੱਮਐੱਮਆਰ) ਵਿੱਚ ਹੋਣ ਵਾਲੇ ਤਿੰਨ ਵੱਡੇ ਇਕੱਠਾਂ ਵਿੱਚ ਮਾਨਯੋਗ ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਗ੍ਰਹਿ ਮੰਤਰੀ ਅਮਿਤ ਸ਼ਾਹ ਅਤੇ ਉੱਤਰ ਪ੍ਰਦੇਸ਼ ਦੇ ਮੁੱਖ ਮੰਤਰੀ ਸ਼੍ਰੀ ਯੋਗੀ ਆਦਿੱਤਿਆਨਾਥ ਦੀ ਮੌਜੂਦਗੀ ਨੂੰ ਯਕੀਨੀ ਬਣਾਇਆ ਜਾਵੇਗਾ।



# ਹਿੰਦੂ ਵੈੱਲਫੇਅਰ ਬੋਰਡ ਪੰਜਾਬ ਨੇ ਐੱਸ ਡੀ ਐੱਮ ਅਜਨਾਲਾ ਨੂੰ ਸੌਂਪਿਆ ਮੰਗ ਪੱਤਰ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**- ਹਿੰਦੂ ਵੈੱਲਫੇਅਰ ਬੋਰਡ ਪੰਜਾਬ ਦੇ ਚੇਅਰਮੈਨ ਮਹੰਤ ਰਵੀ ਕਾਂਤ ਮੁਨੀ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਦੇ ਸਬ-ਡਵੀਜ਼ਨਲ ਮੈਜਿਸਟ੍ਰੇਟ (ਐੱਸਡੀਐੱਮ) ਅਜਨਾਲਾ ਨੂੰ "ਦੇਵਾਲਿਆ ਦੇਵਸਥਾਨ ਪ੍ਰਬੰਧਨ ਐਕਟ' (ਹਿੰਦੂ ਮੰਦਿਰ ਐਕਟ) ਦੀ ਮੰਗ ਨੂੰ ਲੈ ਕੇ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਬੋਰਡ ਦੇ ਕਨਵੀਨਰ ਐਡਵੋਕੇਟ ਸੰਦੀਪ ਕੌਸ਼ਲ ਵੱਲੋਂ ਪੇਸ਼ ਕੀਤਾ ਗਿਆ, ਜਿਸ ਵਿੱਚ ਪੰਜਾਬ ਵਿੱਚ ਹਿੰਦੂ ਮੰਦਰਾਂ ਅਤੇ ਧਾਰਮਿਕ ਸੰਸਥਾਵਾਂ ਦੇ ਸੁਤੰਤਰ, ਪਾਰਦਰਸ਼ੀ ਅਤੇ ਧਾਰਮਿਕ ਪ੍ਰਬੰਧਨ ਲਈ ਕਾਨੂੰਨੀ ਢਾਂਚੇ ਦੀ ਮੰਗ ਕੀਤੀ ਗਈ। ਇਸ ਮੌਕੇ ਸ਼ਹਿਰ ਦੇ ਵੱਖ-ਵੱਖ ਧਾਰਮਿਕ ਸੰਗਠਨਾਂ ਦੇ ਆਗੂ ਪੰਡਿਤ ਕਿਸ਼ੋਰੀ ਲਾਲ ਸ਼ਰਮਾ, ਰਾਕੇਸ਼ ਮਰਵਾਹਾ, ਐਡਵੋਕੇਟ ਸੰਦੀਪ ਕੌਸ਼ਲ, ਸੁਰਜੀਤ ਦੇਵਗਨ ਬਿੱਲਾ, ਪੰਡਿਤ ਮੋਹਨ ਸ਼ਾਮ, ਪੰਡਿਤ ਰਵਿੰਦਰ ਸ਼ਾਸਤਰੀ, ਪਵਨ ਮਹਿਤਾ, ਵਿਕਰਮ ਬੇਦੀ, ਦੀਪੂ ਅਰੋੜਾ, ਵਿੱਕੀ ਭਾਰਦਵਾਜ, ਰਾਕੇਸ਼ ਭੰਡਾਰੀ, ਪ੍ਰਦੀਪ ਸ਼ਰਮਾ, ਯੁੱਧਵੀਰ ਬੇਦੀ, ਸੰਦੀਪ ਜਸਤਰਵਾਲ, ਪਵਨ ਸਰੀਨ, ਰਾਹੁਲ ਅਰੋੜਾ, ਰਾਕੇਸ਼ ਬੱਬਰ, ਬੰਟੀ ਸ਼ਰਮਾ, ਸੌਰਵ ਸਰੀਨ ਅਤੇ ਰਾਜੇਸ਼ ਕੁਮਾਰ ਆਦਿ ਮਜੂਦ ਸਨ।

# ਔਰਤ ਦੀ ਕੁੱਟਮਾਰ ਕਰਨ ਵਾਲਿਆਂ ਵਿਰੁੱਧ ਮਾਮਲਾ ਦਰਜ; ਪੁਲਸ ਕਾਰਵਾਈ ਆਰੰਭ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਪੁਰਾਣਾ ਸ਼ਾਲਾ ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸਰਬਜੀਤ ਕੌਰ ਪਤਨੀ ਜਸਪਾਲ ਸਿੰਘ ਵਾਸੀ ਜਗਤਪੁਰ ਕਲਾਂ ਨੇ ਦੱਸਿਆ ਕਿ 8 ਜੂਨ ਨੂੰ ਉਹ ਘਰ ਵਿਚ ਮੌਜੂਦ ਸੀ ਕਿ ਰਾਤ 9.30 ਵਜੇ ਗਲੀ ਵਿੱਚ ਮੇਰਾ ਨਾਂਅ ਲੈ ਕੇ ਪ੍ਰਕਾਸ਼ ਕੌਰ ਪਤਨੀ ਮੰਗਾ ਸਿੰਘ, ਸ਼ਾਂਤੀ ਪਤਨੀ ਮਹਿੰਗਾ ਸਿੰਘ, ਬਿੱਲਾ ਪੁੱਤਰ ਮੁਨਸ਼ੀ ਸਿੰਘ, ਸੁੱਖਾ ਪੁੱਤਰ ਸੁਬੇਗ ਸਿੰਘ ਵਾਸੀਆਂ ਮੌਜਪੁਰ, ਸਹਿਜਪ੍ਰੀਤ, ਜਸ਼ਨਪ੍ਰੀਤ ਸਿੰਘ ਪੁੱਤਰ ਨਿਰਮਲ ਸਿੰਘ, ਦਵਿੰਦਰ ਕੌਰ ਪਤਨੀ ਗੁਰਪ੍ਰਤਾਪ ਸਿੰਘ, ਗੁਰਪ੍ਰਤਾਪ ਸਿੰਘ ਵਾਸੀ ਰੰਧਾਵਾ ਕਾਲੋਨੀ, ਨਾਨਕ ਸਿੰਘ ਪੁੱਤਰ ਜੈਮਲ ਸਿੰਘ, ਮਨਦੀਪ ਪੁੱਤਰ ਗੁਰਨਾਮ, ਕਾਲਾ ਵਾਸੀ ਬੱਬੇਹਾਲੀ ਨੇ ਕੁੱਟਮਾਰ ਕੀਤੀ ਅਤੇ ਮੈਨੂੰ ਜ਼ਖ਼ਮੀ ਕਰ ਦਿੱਤਾ। ਇਸ ਕੁੱਟਮਾਰ ਦੀ ਵਜ੍ਹਾ ਪੁਰਾਣੀ ਰੰਜਿਸ਼ ਦੱਸੀ ਜਾ ਰਹੀ ਹੈ। ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਥਾਣਾ ਪੁਰਾਣਾ ਸ਼ਾਲਾ ਪੁਲਸ ਨੇ ਕਥਿਤ ਦੋਸ਼ੀਆਂ ਖ਼ਿਲਾਫ਼ ਜ਼ੇਰੇ ਧਾਰਾ 115(2), 118(1), 61(2), 62, 351(2), 191(3), 190 ਬੀਐੱਨਐੱਸ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਪੱਤਰਕਾਰ ਤੇਜਿੰਦਰ ਸਿੰਘ ਬੱਬੂ ਨੂੰ ਸਦਮਾ, ਸਹੁਰੇ ਦਾ ਦਿਹਾਂਤ



**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਕਸਬਾ ਝਬਾਲ ਤੋਂ ਪੱਤਰਕਾਰ ਤੇਜਿੰਦਰ ਸਿੰਘ ਬੱਬੂ ਦੇ ਸਹੁਰਾ ਸ. ਨਿਰੰਜਣ ਸਿੰਘ ਦਾ ਦਿਹਾਂਤ ਹੋ ਗਿਆ ਜਿਨ੍ਹਾਂ ਦਾ ਅੰਤਿਮ ਸੰਸਕਾਰ ਬੁਲਬੁਲ ਦੀਆਂ ਮੜ੍ਹੀਆਂ ਵਿਖੇ ਕੀਤਾ ਗਿਆ। ਅੰਤਿਮ ਸੰਸਕਾਰ ਮੌਕੇ ਕਾਂਗਰਸੀ ਆਗੂ ਕਰਨਬੀਰ ਸਿੰਘ ਬੁਰਜ, ਸਾਬਕਾ ਸਰਪੰਚ ਪਰਮਜੀਤ ਸਿੰਘ ਗੱਗੋਬੂਆ, ਪੂਰਨ ਸਿੰਘ, ਸਾਬਕਾ ਸਰਪੰਚ ਜੱਗਾ ਸਵਰਗਾਪੁਰੀ, ਕਾਮਰੇਡ ਦਵਿੰਦਰ ਕੁਮਾਰ ਸੋਹਲ, ਸਰਪੰਚ ਗੁਰਪਾਲ ਸਿੰਘ, ਇੰਦਰਜੀਤ ਸਿੰਘ ਲਾਲੀ, ਕਾਮਰੇਡ ਅਸ਼ੋਕ ਕੁਮਾਰ ਸੋਹਲ, ਸਰਪੰਚ ਗੁਰਚਰਨ ਸਿੰਘ ਖੈਰਦੀ, ਨੌਨਿਹਾਲ ਸਿੰਘ, ਅਰਵਿੰਦਰ ਸਿੰਘ ਰਾਜੂ, ਈਸਪਾਲ ਸਿੰਘ ਪੰਜਵੜ, ਪੱਤਰਕਾਰ ਜਸਪਾਲ ਸਿੰਘ ਜੱਸੀ, ਪੱਤਰਕਾਰ ਨਰਿੰਦਰ ਕੁਮਾਰ, ਪੱਤਰਕਾਰ ਸੁਖਦੇਵ ਸਿੰਘ ਮੀਆਂਪੁਰ, ਪੱਤਰਕਾਰ ਗੁਰਬੀਰ ਸਿੰਘ ਗੰਡੀਵਿੰਡ, ਪੱਤਰਕਾਰ ਮੱਖਣ ਮਨੋਜ , ਹਰਮਨ ਸਿੰਘ ਚੀਮਾ, ਮਨਜੀਤ ਸਿੰਘ, ਹਰਜੀਤ ਸਿੰਘ ਜੀਤਾ, ਕਾਂਗਰਸੀ ਆਗੂ ਸੋਨੂੰ ਦੋਦੇ, ਸਾਬਕਾ ਸਰਪੰਚ ਸੁੱਚਾ ਸਿੰਘ, ਮਾਸਟਰ ਬਿਕਰਮਜੀਤ ਸਿੰਘ ਢੰਡ ਨੇ ਪੱਤਰਕਾਰ ਤੇਜਿੰਦਰ ਸਿੰਘ ਬੱਬੂ ਨਾਲ ਦੁੱਖ ਸਾਂਝਾ ਕੀਤਾ ਅਤੇ ਅਦਾਸ ਕੀਤੀ ਕਿ ਵਾਹਿਗੁਰੂ ਪਰਿਵਾਰਕ ਮੈਂਬਰਾਂ ਨੂੰ ਭਾਣਾ ਮੰਨਣ ਦਾ ਬਲ ਬਖਸ਼ਣ।

16-June-PAGE-4.qxd 6/15/2025 9:56 PM Page 1

ਨਵਾਂ ਜ਼ਮਾਨਾ
ਸੋਮਵਾਰ, 16 ਜੂਨ 2025

# ਇਜ਼ਰਾਈਲ ਦਾ ਹੰਕਾਰ ਭੰਨਿਆ

*ਇਜ਼ਰਾਈਲ ਨੂੰ ਇਸ ਗੱਲ ਦਾ ਘਮੰਡ ਸੀ ਕਿ ਉਸ ਦੇ ਆਇਰਨ ਡੋਮ, ਯਾਨਿ ਲੋਹ-ਕਵਚ ਨੂੰ ਕੋਈ ਵਿੰਨ੍ਹ ਨਹੀਂ ਸਕਦਾ, ਪਰ ਈਰਾਨ ਨੇ ਉਸ ਦੇ ਹਮਲੇ ਦਾ ਜਵਾਬ ਦਿੰਦਿਆਂ ਤੇਲ ਅਵੀਵ ਤੇ ਹੋਰਨਾਂ ਸ਼ਹਿਰਾਂ ਵੱਲ ਡੇਢ ਸੌ ਤੋਂ ਵੱਧ ਮਿਜ਼ਾਈਲਾਂ ਦਾਗ ਕੇ ਇਜ਼ਰਾਈਲੀ ਸਰਕਾਰ ਨੂੰ ਇੱਕ ਵਾਰ ਤਾਂ ਕੰਬਾਅ ਦਿੱਤਾ। ਹੁਣ ਤੱਕ ਇਜ਼ਰਾਈਲ ਦਾ ਪਾਲਾ ਗਾਜ਼ਾ ਦੇ ਫਲਸਤੀਨੀਆਂ, ਲਿਬਨਾਨ ਦੇ ਹਿਜ਼ਬੁਲ੍ਹਾ ਲੜਾਕਿਆਂ ਤੇ ਯਮਨ ਦੇ ਹੂਤੀਆਂ ਨਾਲ ਪਿਆ ਸੀ, ਜਿਹੜੇ ਕਿ ਪੂਰੀ ਤਰ੍ਹਾਂ ਮੁਲਕ ਵੀ ਨਹੀਂ ਹਨ। ਅਰਬਾਂ ਨਾਲ ਹੋਈਆਂ ਤਿੰਨ ਜੰਗਾਂ ਜਿੱਤ ਚੁੱਕੇ ਇਜ਼ਰਾਈਲ ਦੇ ਲੋਕ ਆਪਣੇ ਰਾਸ਼ਟਰ ਨੂੰ ਕਿਸੇ ਸੁਪਰਮੈਨ ਨਾਲੋਂ ਘੱਟ ਨਹੀਂ ਸਮਝਦੇ ਸਨ। ਇਸ ਦੇ ਇਲਾਵਾ ਅਮਰੀਕਾ ਤੇ ਪੱਛਮ ਦੇ ਤਾਕਤਵਰ ਦੇਸ਼ਾਂ ਦੀ ਹਮਾਇਤ ਨਾਲ ਤਾਂ ਉਨ੍ਹਾਂ ਦਾ ਘਮੰਡ ਅਸਮਾਨ ਚੜ੍ਹ ਕੇ ਬੋਲਦਾ ਹੈ, ਪਰ ਈਰਾਨ ਦੇ ਜਵਾਬੀ ਹਮਲਿਆਂ ਨੇ ਉਨ੍ਹਾਂ ਦਾ ਘਮੰਡ ਚਕਨਾਚੂਰ ਕਰ ਦਿੱਤਾ। ਇਜ਼ਰਾਈਲ ਦੇ ਬਹੁਤੇ ਫੌਜੀ ਟਿਕਾਣੇ ਰਿਹਾਇਸ਼ੀ ਇਲਾਕਿਆਂ ਵਿੱਚ ਹੀ ਬਣੇ ਹਨ, ਇਸ ਕਰਕੇ ਈਰਾਨੀ ਮਿਜ਼ਾਈਲਾਂ ਨਾਲ ਉਨ੍ਹਾਂ ਦੇ ਲਾਗੇ ਰਹਿੰਦੇ ਲੋਕਾਂ ਦੇ ਮਕਾਨਾਂ ਨੂੰ ਵੀ ਕਾਫੀ ਹਾਨੀ ਪਹੁੰਚੀ ਹੈ। ਜਿਹੜੀਆਂ ਤਸਵੀਰਾਂ ਕੁਝ ਦਿਨ ਪਹਿਲਾਂ ਗਾਜ਼ਾ ਤੋਂ ਆਉਂਦੀਆਂ ਸਨ, ਘੱਟ-ਵੱਧ ਉਹੀ ਨਜ਼ਾਰਾ ਇਨ੍ਹਾਂ ਹਮਲਿਆਂ ਦੇ ਬਾਅਦ ਇਜ਼ਰਾਈਲ ਦਾ ਸੀ।*

*ਦੋ ਦੇਸ਼ਾਂ ਵਿਚਾਲੇ ਲੜਾਈ ਵਿੱਚ ਅੱਜਕੱਲ੍ਹ ਇਹ ਐਲਾਨੀਆ ਨਿਯਮ ਹੈ ਕਿ ਕੋਈ ਵੀ ਦੇਸ਼ ਇੱਕ-ਦੂਜੇ ਦੇ ਪ੍ਰਮਾਣੂ ਟਿਕਾਣਿਆਂ 'ਤੇ ਹਮਲਾ ਨਹੀਂ ਕਰੇਗਾ, ਪਰ ਇਜ਼ਰਾਈਲ ਨਾ ਤਾਂ ਕੋਈ ਕੌਮਾਂਤਰੀ ਕਾਨੂੰਨ ਮੰਨਦਾ ਹੈ ਤੇ ਨਾ ਨਿਯਮ। ਉਸ ਨੇ ਨਿਯਮਾਂ ਦੀਆਂ ਧੱਜੀਆਂ ਉਡਾ ਕੇ ਈਰਾਨੀ ਪ੍ਰਮਾਣੂ ਟਿਕਾਣਿਆਂ 'ਤੇ ਹਮਲਾ ਕੀਤਾ। ਜਦੋਂ ਈਰਾਨ ਨੇ ਜਵਾਬੀ ਮਿਜ਼ਾਈਲਾਂ ਦਾਗੀਆਂ ਤਾਂ ਉਨ੍ਹਾਂ ਨੂੰ ਰੋਕਣ ਲਈ ਅਮਰੀਕਾ ਨੇ ਮੱਧ-ਪੂਰਬ ਵਿਚਲੇ ਆਪਣੇ ਅੱਡਿਆਂ ਦੀ ਵਰਤੋਂ ਕੀਤੀ। ਇਸ ਤੋਂ ਇਲਾਵਾ ਸਾਊਦੀ ਅਰਬ ਤੋਂ ਲੈ ਕੇ ਕਤਰ ਸਮੇਤ ਤਮਾਮ ਅਮਰੀਕਾ ਪਿੱਠੂ ਦੇਸ਼ ਵੀ ਅੰਦਰਖਾਤੇ ਇਜ਼ਰਾਈਲ ਦੀ ਹਮਾਇਤ ਕਰ ਰਹੇ ਹਨ। ਇਹ ਆਪਣੀ ਕਿਸਮ ਦੀ ਪਹਿਲੀ ਜੰਗ ਹੋਵੇਗੀ, ਜਿਸ ਵਿੱਚ ਅਰਬ ਦੁਨੀਆ ਦਾ ਇੱਕ ਹਿੱਸਾ ਫਲਸਤੀਨ ਤੇ ਈਰਾਨ ਦੇ ਖਿਲਾਫ ਖੜ੍ਹਾ ਹੈ, ਦੂਜੇ ਪਾਸੇ ਰੂਸੀ ਰਾਸ਼ਟਰਪਤੀ ਪੁਤਿਨ ਨੇ ਈਰਾਨੀ ਆਗੂ ਖੁਮੈਨੀ ਨੂੰ ਫੋਨ ਕਰਕੇ ਹਮਦਰਦੀ ਪ੍ਰਗਟਾਈ ਹੈ ਤੇ ਇਜ਼ਰਾਈਲੀ ਪ੍ਰਧਾਨ ਮੰਤਰੀ ਨੇਤਨਯਾਹੂ ਨਾਲ ਗੱਲ ਕਰਕੇ ਹਮਲੇ ਦੀ ਨਿੰਦਾ ਕੀਤੀ ਹੈ। ਚੀਨ ਨੇ ਵੀ ਇਜ਼ਰਾਈਲੀ ਹਮਲੇ ਦੀ ਨਿੰਦਾ ਕਰਕੇ ਆਪਣੀ ਮਨਸ਼ਾ ਜ਼ਾਹਰ ਕਰ ਦਿੱਤੀ ਹੈ। ਹੁਣ ਦੇਖਣ ਵਾਲੀ ਗੱਲ ਹੋਵੇਗੀ ਕਿ ਰੂਸ ਤੇ ਚੀਨ ਈਰਾਨ ਦੀ ਕਿਸ ਤਰ੍ਹਾਂ ਮਦਦ ਕਰਦੇ ਹਨ। ਦੂਜੇ ਪਾਸੇ ਇੰਗਲੈਂਡ ਤੇ ਫਰਾਂਸ ਇਜ਼ਰਾਈਲ ਦਾ ਖੁੱਲ੍ਹ ਕੇ ਸਾਥ ਦੇਣ ਤੋਂ ਝਿਜਕ ਰਹੇ ਹਨ ਤੇ ਇਹ ਵੀ ਦੇਖਣ ਵਾਲੀ ਗੱਲ ਹੈ ਕਿ ਅਮਰੀਕਾ ਕਿੰਨਾ ਚਿਰ ਇਜ਼ਰਾਈਲ ਨਾਲ ਖੜ੍ਹਾ ਰਹਿੰਦਾ ਹੈ। ਇਹ ਵੀ ਦਿਲਚਸਪੀ ਨਾਲ ਦੇਖਿਆ ਜਾਵੇਗਾ ਕਿ ਈਰਾਨ ਦਾ ਕਿਸੇ ਵੇਲੇ ਸਭ ਤੋਂ ਵੱਡਾ ਦੋਸਤ ਰਿਹਾ ਭਾਰਤ ਕੀ ਸਟੈਂਡ ਲੈਂਦਾ ਹੈ।*

# ਜਾਤੀ ਅਧਾਰਤ ਮਰਦਮਸ਼ੁਮਾਰੀ ਦੀ ਸਮਾਜਿਕ-ਆਰਥਿਕ ਅਹਿਮੀਅਤ

ਪ੍ਰੋ. ਕੰਵਲਜੀਤ ਕੌਰ ਗਿੱਲ

ਜਦੋਂ ਵਿਅਕਤੀਆਂ ਦੀ ਜਾਤ, ਜਨ-ਜਾਤ, ਗੋਤ ਆਦਿ ਨੂੰ ਧਿਆਨ ਵਿੱਚ ਰੱਖਦੇ ਹੋਏ ਨਿਸਚਿਤ ਤਰਤੀਬ ਅਨੁਸਾਰ ਅੰਕੜੇ ਇਕੱਠੇ ਕੀਤੇ ਜਾਂਦੇ ਹਨ ਤਾਂ ਉਸ ਨੂੰ ਜਾਤੀ ਅਧਾਰਤ ਜਨਗਣਨਾ ਜਾਂ ਮਰਦਮਸ਼ੁਮਾਰੀ ਕਹਿੰਦੇ ਹਨ । ਵਸੋਂ ਸੰਬੰਧੀ ਇਹ ਅੰਕੜੇ ਉਹਨਾਂ ਦੀ ਸਮਾਜਿਕ, ਆਰਥਿਕ ਸਥਿਤੀ ਨੂੰ ਬਿਆਨ ਕਰਦੇ ਹੋਏ ਹੋਰ ਸੰਬੰਧਤ ਕਾਰਕਾਂ ਬਾਰੇ ਵੀ ਜਾਣਕਾਰੀ ਦਿੰਦੇ ਹਨ, ਜਿਵੇਂ ਖਾਸ ਜਾਤੀ, ਜਨ-ਜਾਤੀ ਜਾਂ ਵਰਗ ਵਿਸ਼ੇਸ਼ ਦੇ ਵਿਅਕਤੀਆਂ ਦੀ ਸਾਖਰਤਾ ਦਰ ਕੀ ਹੈ, ਉਹਨਾਂ ਦੀ ਕੰਮਕਾਜ ਵਿੱਚ ਸ਼ਮੂਲੀਅਤ, ਮਾਇਕ ਹਾਲਤ, ਰਾਜਨੀਤਕ ਤੇ ਆਰਥਿਕ ਫੈਸਲਿਆਂ ਵਿੱਚ ਸ਼ਮੂਲੀਅਤ ਅਤੇ ਹਿੱਸੇਦਾਰੀ ਕਿੰਨੀ ਮਾਤਰਾ ਵਿੱਚ ਹੈ। ਜਿਥੇ ਵਿਅਕਤੀ ਵਿਸ਼ੇਸ਼ ਦੀ ਜਾਤ ਜਾਂ ਸ਼੍ਰੇਣੀ ਉਸ ਦੀ ਸਮਾਜਿਕ-ਆਰਥਿਕ ਜ਼ਿੰਦਗੀ ਨੂੰ ਪ੍ਰਭਾਵਿਤ ਕਰਦੀ ਹੈ, ਉੱਥੇ ਨਾਲ ਹੀ ਇਹ ਵੀ ਸਪੱਸ਼ਟ ਹੋ ਜਾਂਦਾ ਹੈ ਕਿ ਉਹਨਾਂ ਦਾ ਸਮਾਜਿਕ -ਆਰਥਿਕ ਦਰਜਾ ਕੀ ਹੈ। ਸਰਕਾਰੀ ਸਕੀਮਾਂ ਦਾ ਲਾਭ ਉਠਾਉਂਦੇ ਹੋਏ ਕਿੰਨੇ ਕੁ ਵਿਅਕਤੀ ਉੱਚ ਅਹੁਦਿਆਂ 'ਤੇ ਪਹੁੰਚਣ ਵਿੱਚ ਕਾਮਯਾਬ ਹੋਏ ਹਨ ਅਤੇ ਕਿੰਨੀ ਮਾਤਰਾ ਵਿੱਚ ਅਜੇ ਵੀ ਉਹ ਹਾਸ਼ੀਏ 'ਤੇ ਰਹਿੰਦੇ ਹੋਏ ਅਤਿ ਗਰੀਬੀ ਦਾ ਸੰਤਾਪ ਭੋਗ ਰਹੇ ਹਨ। ਇਸ ਲਈ ਜਾਤੀ ਅਧਾਰਤ ਜਨਗਣਨਾ ਕੇਵਲ ਜਾਤੀ ਸਰਵੇਖਣ ਨਹੀਂ, ਇਸ ਵਿੱਚ ਸਮਾਜਿਕ, ਸੰਸਥਾਗਤ ਅਤੇ ਆਰਥਿਕ ਸਥਿਤੀ ਦਾ ਸਰਵੇਖਣ ਵੀ ਸ਼ਾਮਲ ਹੈ।

ਭਾਰਤ ਵਿੱਚ ਮਰਦਮਸ਼ੁਮਾਰੀ ਦਾ ਦਹਾਕੇ ਵਾਰ ਹੋਣ ਵਾਲਾ ਕਾਰਜ, ਜੋ 2011 ਤੋਂ ਬਾਅਦ 2021 ਵਿੱਚ ਹੋਣਾ ਸੀ, ਕੋਵਿਡ-19 ਦੀ ਮਹਾਂਮਾਰੀ ਫੈਲ ਜਾਣ ਕਾਰਨ ਨਹੀਂ ਹੋ ਸਕਿਆ। ਤਰਕ ਇਹ ਦਿੱਤਾ ਜਾ ਰਿਹਾ ਸੀ ਕਿ ਜਦੋਂ ਤੱਕ ਰਾਜਾਂ ਦੀਆਂ ਮੁੜ ਉਲੀਕੀਆਂ ਤੇ ਤਬਦੀਲ ਕੀਤੀਆਂ ਪ੍ਰਬੰਧਕੀ ਸੀਮਾਵਾਂ ਦਾ ਕੰਮ ਮੁਕੰਮਲ ਨਹੀਂ ਹੋ ਜਾਂਦਾ, ਉਦੋਂ ਤੱਕ ਮਰਦਮਸ਼ੁਮਾਰੀ ਦਾ ਕੰਮ ਆਰੰਭ ਨਹੀਂ ਕੀਤਾ ਜਾ ਸਕਦਾ। ਇਸ ਦੇ ਨਾਲ ਹੀ ਵਿੱਚ ਇੱਕ ਹੋਰ ਮੁੱਦਾ ਸਾਹਮਣੇ ਆ ਗਿਆ ਕਿ ਭਾਰਤ ਦੇ ਅਸਲੀ ਨਾਗਰਿਕ ਉਹੀ ਹਨ, ਜਿਹਨਾਂ ਪਾਸ ਨਿਰਧਾਰਤ ਨਿਯਮਾਂ ਅਨੁਸਾਰ ਲੋੜੀਂਦੇ ਦਸਤਾਵੇਜ ਪ੍ਰਾਪਤ ਹਨ। ਜਿਸ ਕਾਰਨ ਸਿਟੀਜ਼ਨਜ਼ ਅਮੈਂਡਮੈਂਟ ਐਕਟ ਪਾਸ ਕੀਤਾ ਗਿਆ ਸੀ। ਦੇਸ਼ ਵਿੱਚ ਅਣਅਧਿਕਾਰਤ ਤਰੀਕਿਆਂ ਰਾਹੀਂ ਬਾਹਰੋਂ ਦਾਖਲ ਹੋਏ ਘੁਸਪੈਠੀਆਂ ਦੀ ਪਛਾਣ ਕਰਨ ਵਾਸਤੇ ਨੈਸ਼ਨਲ ਰਜਿਸਟਰੇਸ਼ਨ ਆਫ ਸਿਟੀਜ਼ਨਜ਼ ਹੋਂਦ ਵਿੱਚ ਆਇਆ, ਪਰ ਦੋਵਾਂ ਐਕਟਾਂ ਵਿੱਚ ਕੁਝ ਵਿਹਾਰਕ ਤਰੁਟੀਆਂ ਹੋਣ ਕਾਰਨ ਇਹਨਾਂ ਦਾ ਵਿਰੋਧ ਹੋਇਆ, ਜਿਸ ਕਾਰਨ ਇਹ ਕਾਨੂੰਨ ਦਾ ਰੂਪ ਧਾਰਨ ਨਾ ਕਰ ਸਕੇ, ਪਰ ਇਸ ਸਾਰੇ ਬਖੇੜੇ ਨੇ ਨਿਰਧਾਰਿਤ ਸਮੇਂ ਅਨੁਸਾਰ ਹੋਣ ਵਾਲੇ ਮਰਦਮਸ਼ੁਮਾਰੀ ਦੇ ਅਮਲ ਨੂੰ ਅੱਗੇ ਪਾ ਦਿੱਤਾ। ਪਿਛਲੇ ਸਾਲ 2024 ਦੀਆਂ ਹੋਈਆਂ ਲੋਕ ਸਭਾ ਦੀਆਂ ਚੋਣਾਂ ਵਿੱਚ ਇੱਕ ਹੋਰ ਮੁੱਦਾ ਆ ਗਿਆ ਕਿ ਮਰਦਮਸ਼ੁਮਾਰੀ ਜਾਤੀ ਅਧਾਰਤ ਹੀ ਹੋਣੀ ਚਾਹੀਦੀ ਹੈ ।ਭਾਵੇਂ ਦੇਸ਼ ਵਿੱਚ ਅਨੁਸੂਚਿਤ ਜਾਤੀਆਂ, ਜਨ-ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ ਦੀ ਗਿਣਤੀ ਤਾਂ ਹੁੰਦੀ ਹੈ, ਪਰ ਇਸ ਵਿੱਚ ਹਰ ਜਾਤੀ ਵਿੱਚ ਮੌਜੂਦ ਗੋਤਾਂ ਨੂੰ ਵੱਖਰੇ ਰੂਪ ਵਿੱਚ ਅੰਕਿਤ ਨਹੀਂ ਕੀਤਾ ਜਾਂਦਾ । ਨਤੀਜੇ ਵਜੋਂ ਬਹੁਤ ਗਰੀਬ ਅਤੇ ਪੱਛੜੇ ਵਰਗ ਦੇ ਲੋਕਾਂ ਲਈ ਬਣਾਈਆਂ ਸਮਾਜਿਕ ਭਲਾਈ ਦੀਆਂ ਸਕੀਮਾਂ, ਸੇਵਾਵਾਂ ਅਤੇ ਹੋਰ ਪ੍ਰੋਗਰਾਮਾਂ ਦੇ ਅਸਲੀ ਲਾਭਪਾਤਰਾਂ ਦੀ ਗਿਣਤੀ ਦਾ ਅੰਦਾਜ਼ਾ ਲਗਾਉਣਾ ਮੁਸ਼ਕਲ ਹੋ ਜਾਂਦਾ ਹੈ। ਹੁਣ ਤੱਕ 2011 ਦੀ ਮਰਦਮਸ਼ੁਮਾਰੀ ਦੇ ਅਨੁਸਾਰ ਹੀ ਇਹਨਾਂ ਲੋਕਾਂ ਦੀ ਪਹਿਚਾਣ ਹੋ ਰਹੀ ਸੀ ਅਤੇ ਸਕੀਮਾਂ ਨੂੰ ਲਾਗੂ ਕੀਤਾ ਜਾ ਰਿਹਾ ਸੀ। ਇਹ ਜਾਣਦੇ ਹੋਏ ਕਿ 2024 ਤੱਕ ਵਸੋਂ ਦੀ ਬਣਤਰ ਵਿੱਚ ਬਹੁਤ ਤਬਦੀਲੀ ਹੋ ਚੁੱਕੀ ਹੈ , ਇਹ ਮੰਗ ਜ਼ੋਰ ਫੜ ਗਈ ਹੈ ਕਿ ਆਗਾਮੀ ਮਰਦਮਸ਼ੁਮਾਰੀ ਵਿੱਚ ਜਾਤੀ ਅਧਾਰਤ ਜਨਗਣਨਾ ਹੀ ਕਰਵਾਈ ਜਾਣੀ ਚਾਹੀਦੀ ਹੈ। ਕੁਝ ਰਾਜਾਂ ਵਿੱਚ ਹੋ ਰਹੀਆਂ ਚੋਣਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਮੌਜੂਦਾ ਕੇਂਦਰ ਸਰਕਾਰ ਨੇ ਇਸ ਨੂੰ ਨਾ ਚਾਹੁੰਦੇ ਹੋਏ ਵੀ ਕਈ ਕਾਰਨਾਂ ਕਰਕੇ ਸਵੀਕਾਰ ਕਰ ਲਿਆ ਹੈ। ਕੇਂਦਰ ਦੇ ਹੁੰਗਾਰੇ ਨਾਲ ਜੇਕਰ ਜਾਤੀ ਅਧਾਰਤ ਜਨਗਣਨਾ ਹੋ ਜਾਂਦੀ ਹੈ ਤਾਂ ਇਸ ਦੇ ਕੀ ਸਮਾਜਿਕ, ਆਰਥਿਕ ਪ੍ਰਭਾਵ ਪੈਣਗੇ? ਕੀ ਇਸ ਨਾਲ ਸਮੁੱਚਾ ਸਮਾਜਿਕ ਵਿਕਾਸ ਹੋਵੇਗਾ ਜਾਂ ਸਮਾਜਿਕ ਵੰਡੀਆਂ ਹੋਰ ਪੀਢੀਆਂ ਹੋ ਜਾਣਗੀਆਂ? ਕੀ ਇਹ ਸੰਵਿਧਾਨਿਕ ਮਰਿਆਦਾ ਦੇ ਖਿਲਾਫ ਨਹੀਂ ਹੋਵੇਗਾ, ਜਦੋਂ ਕਿਸੇ ਨਾਗਰਿਕ ਦੀ ਜਾਤ, ਗੋਤ ਬਾਰੇ ਵਿਸਥਾਰ ਸਹਿਤ ਪੁੱਛਿਆ ਜਾਵੇਗਾ? ਰਿਜ਼ਰਵੇਸ਼ਨ ਦੇ ਅਧਿਕਾਰ ਵਿੱਚ ਕੋਟਾ-ਦਰ-ਕੋਟਾ ਦੀ ਮੰਗ ਪੈਦਾ ਹੋਣ ਨਾਲ ਇਸ ਦੀ ਨਜਾਇਜ਼ ਵਰਤੋਂ ਹੋਣ ਦੇ ਖਦਸ਼ੇ ਵੀ ਜ਼ਾਹਿਰ ਕੀਤੇ ਜਾ ਰਹੇ ਹਨ। ਇਹ ਕੁਝ ਸ਼ੰਕੇ ਹਨ, ਜਿਨ੍ਹਾਂ ਕਾਰਨ 2024 ਦੀਆਂ ਲੋਕ ਸਭਾ ਚੋਣਾਂ ਦੌਰਾਨ ਵਿਰੋਧੀ ਧਿਰਾਂ ਦੀ ਇਸ ਮੰਗ ਨੂੰ ਅਣਗੌਲਿਆ ਕਰ ਦਿੱਤਾ ਗਿਆ ਸੀ ।

ਅੰਗਰੇਜ਼ੀ ਹਕੂਮਤ ਦੌਰਾਨ 1881-1931 ਤੱਕ ਜਾਤੀ ਅਧਾਰਤ ਜਨਗਣਨਾ ਹੀ ਹੁੰਦੀ ਸੀ। ਆਜ਼ਾਦ ਭਾਰਤ ਵਿੱਚ 1951 ਦੌਰਾਨ ਵਿਅਕਤੀ ਦੇ ਧਰਮ ਤੋਂ ਇਲਾਵਾ ਅਨੁਸੂਚਿਤ ਜਾਤਾਂ ਅਤੇ ਅਨੁਸੂਚਿਤ ਕਬੀਲੀਆਂ ਬਾਰੇ ਹੀ ਜਾਣਕਾਰੀ ਹੀ ਇਕੱਠੀ ਕੀਤੀ ਗਈ, ਪਰ 1961 ਦੀ ਮਰਦਮਸ਼ੁਮਾਰੀ ਦੌਰਾਨ ਆਪੋ ਆਪਣੇ ਰਾਜਾਂ ਨੂੰ ਇਜਾਜ਼ਤ ਦੇ ਦਿੱਤੀ ਗਈ ਕਿ ਜੇਕਰ ਉਹ ਉਚਿਤ ਸਮਝਦੇ ਹਨ ਤਾਂ ਜਾਤੀ ਅਧਾਰਤ ਜਨਗਣਨਾ ਦੇ ਨਾਲ-ਨਾਲ ਹੋਰ ਪਛੜੇ ਵਰਗਾਂ/ਜਾਤਾਂ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ। 1980ਵਿਆਂ ਵਿੱਚ ਮੰਡਲ ਕਮਿਸ਼ਨ ਤਹਿਤ ਹੋਰ ਪੱਛੜੇ ਵਰਗ (ਓ ਬੀ ਸੀ) ਦੀ 27 ਫੀਸਦੀ ਰਿਜ਼ਰਵੇਸ਼ਨ ਦਾ ਮੁੱਦਾ ਰਾਜਨੀਤਕ ਤੌਰ 'ਤੇ ਹੋਰ ਵੀ ਜ਼ੋਰ ਫੜ ਗਿਆ ਸੀ। ਭਾਵੇਂ 2011 ਦੀ ਜਨਗਣਨਾ ਦੌਰਾਨ ਯੂ ਪੀ ਏ ਦੀ ਸਰਕਾਰ ਦੁਆਰਾ ਸਮਾਜਿਕ-ਆਰਥਿਕ ਜਾਤੀ ਅਧਾਰਿਤ ਜਨਗਣਨਾ ਕੀਤੀ ਗਈ ਸੀ, ਪਰ ਉਦੋਂ ਵੀ ਇਸ ਦੀ ਜਾਣਕਾਰੀ ਆਮ ਜਨਤਾ ਲਈ ਉਪਲਬਧ ਨਹੀਂ ਕਰਵਾਈ ਜਾ ਸਕੀ। ਬਿਹਾਰ, ਤਿਲੰਗਾਨਾ ਅਤੇ ਕਰਨਾਟਕ ਦੀਆਂ ਸਰਕਾਰਾਂ ਨੇ 2023 ਵਿੱਚ ਜਾਤੀ ਅਧਾਰਤ ਸਰਵੇਖਣ ਕਰਵਾਏ ਸਨ। ਬਿਹਾਰ ਵਿੱਚ ਵੇਖਿਆ ਗਿਆ ਕਿ ਉਥੋਂ ਦੀ ਕੁਲ ਵਸੋਂ ਦਾ 63 ਪ੍ਰਤੀਸ਼ਤ ਹੋਰ ਪੱਛੜੀਆਂ ਜਾਤਾਂ ਅਤੇ ਬਹੁਤ ਹੀ ਪਛੜੇ ਵਰਗ ਦੇ ਵਿਅਕਤੀਆਂ ਨਾਲ ਸੰਬੰਧਤ ਸਨ ।

ਪਲੈਨਿੰਗ ਫਾਊਂਡੇਸ਼ਨ ਇੰਡੀਆ ਦੀ ਐਗਜ਼ੈਕਟਿਵ ਡਾਇਰੈਕਟਰ ਪੂਨਮ ਮੁਤਰੇਜਾ ਦਾ ਮੰਨਣਾ ਹੈ ਕਿ ਇਹ ਸਹੀ ਹੈ ਕਿ ਜਾਤੀ ਅਧਾਰਿਤ ਜਨਗਣਨਾ ਨਾਲ ਹਾਸ਼ੀਏ 'ਤੇ ਰਹਿ ਰਹੇ ਲੋਕਾਂ ਦੀ ਗਿਣਤੀ ਦਾ ਸਹੀ ਅੰਦਾਜ਼ਾ ਲੱਗੇਗਾ। ਇਸ ਨਾਲ ਸਮਾਜਿਕ ਭਲਾਈ ਸਕੀਮਾਂ ਦਾ ਲਾਭ ਉਠਾਉਂਦਿਆਂ ਉਹਨਾਂ ਦੇ ਜੀਵਨ ਮਿਆਰ ਨੂੰ ਉੱਚਾ ਚੁੱਕਣ ਵਿੱਚ ਮਦਦ ਮਿਲੇਗੀ, ਪਰ ਨਾਲ ਹੀ ਇਹ ਵੀ ਖ਼ਦਸ਼ਾ ਪ੍ਰਗਟ ਕੀਤਾ ਜਾਂਦਾ ਹੈ ਕਿ ਇਸ ਨਾਲ ਆਪਸੀ ਭਾਈਚਾਰੇ ਅਤੇ ਸਮਾਜ ਵਿੱਚ ਵੰਡ ਅਤੇ ਭੇਦਭਾਵ ਵਧਣ ਦੀ ਸੰਭਾਵਨਾ ਵਧੇਗੀ ।

ਇਸ ਤੋਂ ਇਲਾਵਾ ਇਸ ਪ੍ਰਕਾਰ ਦੀ ਜਾਣਕਾਰੀ ਹਾਸਲ ਕਰਨ ਵੇਲੇ ਸਮਾਜ ਵਿੱਚ ਮੌਜੂਦ ਸੰਰਚਨਾਤਮਕ ਅਸਮਾਨਤਾ ਦਾ ਸਾਹਮਣਾ ਵੀ ਕਰਨਾ ਪਏਗਾ, ਜਿਹੜਾ ਕਿਸੇ ਵੀ ਹਾਲਤ ਵਿੱਚ ਹਾਕਮ ਜਮਾਤ ਦੇ ਚੁਣੇ ਹੋਏ ਨੁਮਾਇੰਦੇ ਲਈ ਅਸੁਖਾਵਾਂ ਹੁੰਦਾ ਹੈ ।

ਜਾਤੀ ਅਧਾਰਤ ਜਨਗਣਨਾ (1961 ) ਤੋਂ ਬਾਅਦ ਰੱਦ ਕਰਨ ਦਾ ਇਕ ਮਕਸਦ ਇਹ ਵੀ ਸੀ ਕਿ ਲੋਕਤੰਤਰ ਰਾਜਨੀਤਕ ਪ੍ਰਬੰਧ ਵਿੱਚ ਹੌਲੀ-ਹੌਲੀ ਸਮਾਜਿਕ ਭਾਈਚਾਰਾ ਆਪਣੇ ਆਪ ਪੈਦਾ ਹੋ ਜਾਵੇਗਾ, ਜਦੋਂ ਸੰਵਿਧਾਨ ਅਨੁਸਾਰ ਕਿਸੇ ਵੀ ਵਿਅਕਤੀ ਨਾਲ ਜਾਤ, ਨਸਲ, ਰੰਗ, ਧਰਮ, ਲਿੰਗ ਅਧਾਰਿਤ ਵਿਤਕਰਾ ਨਹੀਂ ਹੋਵੇਗਾ, ਪ੍ਰੰਤੂ ਇੰਝ ਹੋਇਆ ਨਹੀਂ। ਭਾਵੇਂ ਛੂਤਛਾਤ ਦੇ ਸੰਕਲਪ ਨੂੰ ਗੈਰ-ਕਾਨੂੰਨੀ ਮੰਨਿਆ ਗਿਆ ਹੈ, ਪਰ ਸਮਾਜ ਵਿੱਚ ਕੁਝ ਕਿੱਤੇ ਅਜੇ ਵੀ ਪੁਸ਼ਤ-ਦਰ-ਪੁਸ਼ਤ ਚਲੇ ਆ ਰਹੇ ਹਨ । ਕੰਮਕਾਜ ਨਾਲ ਸੰਬੰਧਤ ਕੁਝ ਕਿੱਤਿਆਂ ਸਬੰਧੀ ਸਵਾਲ ਸੰਵੇਦਨਸ਼ੀਲ ਹੁੰਦੇ ਹਨ, ਜਿਨ੍ਹਾਂ ਦਾ ਜਵਾਬ ਦੇਣਾ ਨੌਜਵਾਨ ਪੀੜ੍ਹੀ ਵਿੱਚ ਹੀਣਤਾ ਦੀ ਭਾਵਨਾ ਪੈਦਾ ਕਰ ਸਕਦਾ ਹੈ। ਦਲਿਤ ਭਾਈਚਾਰੇ ਦੇ ਬੱਚੇ ਇਸ ਦਾ ਆਮ ਤੌਰ 'ਤੇ ਸ਼ਿਕਾਰ ਹੁੰਦੇ ਹਨ । ਭਾਵੇਂ ਆਧੁਨਿਕ ਤਕਨੀਕੀ ਯੁੱਗ ਵਿੱਚ ਉੱਚ ਦਰਜੇ ਦਾ ਮਸ਼ੀਨੀਕਰਨ ਹੋ ਜਾਣ ਕਾਰਨ ਉਹ ਕੰਮ ਮਸ਼ੀਨਾਂ ਦੁਆਰਾ ਕੀਤੇ ਜਾਣ ਲੱਗੇ ਹਨ, ਪਰ ਉਨ੍ਹਾਂ ਨੂੰ ਉਸੇ ਪੁਸ਼ਤਾਂਨੀ ਪੇਸ਼ੇ ਨਾਲ ਜੋੜ ਕੇ ਵੇਖਿਆ ਜਾਂਦਾ ਹੈ। ਮਨੂੰ ਸਮ੍ਰਿਤੀ ਵਿੱਚ ਦਰਜ ਉੱਚ ਜਾਤੀ / ਸ਼੍ਰੇਣੀ ਦੇ ਲੋਕਾਂ ਦੀ ਨੀਵੀਂ ਜਾਂ ਪਛੜੀਆਂ ਜਾਤੀਆਂ ਦੇ ਲੋਕਾਂ ਨਾਲ ਕੋਈ ਭਾਈਚਾਰਕ ਸਾਂਝ ਨਹੀਂ ਹੈ। ਮਨੁੱਖੀ ਵਿਕਾਸ ਅਧਿਐਨ (2011-12) ਅਨੁਸਾਰ ਕੇਵਲ 5 ਫੀਸਦੀ ਹੀ ਅੰਤਰਜਾਤੀ ਵਿਆਹ ਹੁੰਦੇ ਹਨ । 95 ਫੀਸਦੀ ਲੋਕ ਆਪਣੀ ਜਾਤ ਬਰਾਦਰੀ ਤੇ ਜਮਾਤ ਨੂੰ ਹੀ ਤਰਜੀਹ ਦਿੰਦੇ ਹਨ ।ਕੰਮਕਾਜੀ ਸੰਸਥਾਵਾਂ, ਵਿਦਿਅਕ ਅਦਾਰਿਆਂ ਅਤੇ ਹੋਰ ਸੇਵਾਵਾਂ ਦੇ ਖੇਤਰ ਵਿੱਚ ਆਪਣੀ ਲਿਆਕਤ ਜਾਂ ਰਿਜ਼ਰਵੇਸ਼ਨ ਦੀ ਨੀਤੀ ਤਹਿਤ ਜੇਕਰ ਕੋਈ ਪਛੜੀ ਜਾਂ ਅਨਸੂਚਿਤ ਜਾਤੀ ਦਾ ਵਿਅਕਤੀ ਉੱਚ ਅਹੁਦਾ ਪ੍ਰਾਪਤ ਕਰਨ ਦੇ ਕਾਬਲ ਹੋ ਜਾਂਦਾ ਹੈ ਤਾਂ ਲੁਕਵੇਂ ਰੂਪ ਵਿੱਚ ਉੱਥੇ ਵੀ ਉਸ ਨੂੰ ਇਹ ਵਖਰੇਵਾਂ ਜਾਂ ਵਿਤਕਰਾ ਸਹਿਣ ਕਰਨਾ ਪੈਂਦਾ ਹੈ। ਇਹ ਕੌੜੀ ਸੱਚਾਈ ਹੈ ਕਿ ਘਰਾਂ ਵਿੱਚ ਸਾਫ਼-ਸਫ਼ਾਈ ਜਾਂ ਰਸੋਈ ਵਿੱਚ ਕੰਮ ਕਰਨ ਵਾਸਤੇ ਵੀ ਜਾਤ ਬਰਾਦਰੀ ਆੜੇ ਆਉਂਦੀ ਹੈ।

ਇਸੇ ਲਈ ਇਸ ਜਾਤੀ ਅਧਾਰਤ ਜਨਗਣਨਾ ਦੀ ਮੰਗ ਨੂੰ ਦੁਹਰਾਇਆ ਜਾ ਰਿਹਾ ਹੈ, ਕਿਉਂਕਿ, ਪਹਿਲਾ: ਇਸ ਦੀ ਸਹਾਇਤਾ ਨਾਲ ਸਮਾਜਿਕ ਬਰਾਬਰੀ ਦੇ ਸੰਕਲਪ ਨੂੰ ਲਾਗੂ ਕਰਨਾ ਆਸਾਨ ਹੋ ਜਾਵੇਗਾ।ਅੰਕੜਿਆਂ ਸੰਬੰਧੀ ਵਿਸਤ੍ਰਿਤ ਜਾਣਕਾਰੀ ਨਾਲ ਹਰ ਖੇਤਰ ਵਿੱਚ ਰਿਜ਼ਰਵੇਸ਼ਨ ਅਤੇ ਕੋਟਾ ਉਸੇ ਅਨੁਪਾਤ ਨਾਲ ਨਿਰਧਾਰਤ ਕੀਤਾ ਜਾਵੇਗਾ, ਜਿਸ ਨਾਲ ਸਾਰੇ ਖੇਤਰਾਂ ਵਿੱਚ ਸਾਰੇ ਲੋਕਾਂ ਦੀ ਨੁਮਾਇੰਦਗੀ ਸੰਭਵ ਹੋ ਜਾਵੇਗੀ । ਦੂਜਾ: ਸਮਾਜਿਕ ਭਲਾਈ ਸਕੀਮਾਂ ਅਤੇ ਹੋਰ ਸਰਵਜਨਕ ਸੇਵਾਵਾਂ, ਖਾਸ ਤੌਰ 'ਤੇ ਭੋਜਨ, ਗੈਸ, ਤੇਲ ਅਤੇ ਬਿਜਲੀ ਆਦਿ ਸਹੀ ਲੋਕਾਂ ਅਤੇ ਲਾਭਪਾਤਰਾਂ ਤੱਕ ਪਹੁੰਚ ਸਕਣਗੀਆਂ, ਜਿਨ੍ਹਾਂ ਨੂੰ ਇਨ੍ਹਾਂ ਸੇਵਾਵਾਂ ਦੀ ਜ਼ਰੂਰਤ ਹੈ। ਤੀਜਾ, ਬਜਟ ਵਿੱਚ ਕਿਸੇ ਸਕੀਮ ਲਈ ਕਿੰਨੀ ਧਨ ਰਾਸ਼ੀ ਰੱਖਣੀ ਹੈ, ਇਸ ਦਾ ਅੰਦਾਜ਼ਾ ਲਗਾਉਣਾ ਸੰਭਵ ਹੋ ਸਕੇਗਾ, ਜਦੋਂ ਉਹ ਸਕੀਮ ਦਾ ਲਾਭ ਉਠਾਉਣ ਵਾਲਿਆਂ ਦੀ ਗਿਣਤੀ ਦਾ ਸਹੀ-ਸਹੀ ਅਨੁਮਾਨ ਹੋਵੇਗਾ। ਚੌਥਾ: ਸਿੱਖਿਆ, ਸਿਹਤ, ਰੁਜ਼ਗਾਰ ਆਦਿ ਦੀਆਂ ਮੁਢਲੀਆਂ ਸੇਵਾਵਾਂ ਵਿੱਚ ਕੋਟਾ ਨਿਰਧਾਰਤ ਕਰਨਾ ਵੀ ਸੁਖਾਵਾਂ ਹੋ ਜਾਵੇਗਾ ਅਤੇ ਭਵਿੱਖ ਵਿੱਚ ਉਸੇ ਅਨੁਸਾਰ ਅੱਗੋਂ ਨੀਤੀਆਂ ਬਣਾਈਆਂ ਜਾ ਸਕਣਗੀਆਂ। ਸਦੀਆਂ ਤੋਂ ਇਕ ਪਾਸੜ ਚੱਲ ਰਹੇ ਸਹੂਲਤਾਂ ਮਾਨਣ ਦੇ ਪ੍ਰਚਲਣ ਨੂੰ ਠੱਲ੍ਹ ਪਾਈ ਜਾ ਸਕੇਗੀ। ਇਸ ਪ੍ਰਕਾਰ ਦੀ ਜਾਣਕਾਰੀ ਪ੍ਰਾਪਤ ਕਰਨਾ ਇਸ ਲਈ ਵੀ ਜ਼ਰੂਰੀ ਹੈ ਕਿ ਸਦੀਆਂ ਤੋਂ ਹੀ ਕੁਝ ਉੱਚ ਵਰਗ ਦੇ ਵਿਅਕਤੀ ਰਾਸ਼ਟਰੀ ਸੰਪਤੀ 'ਤੇ ਕਾਬਜ਼ ਰਹੇ ਹਨ ਅਤੇ ਆਪਣੇ ਦੌਲਤ ਵਿੱਚ ਦਿਨੋ-ਦਿਨ ਵਾਧਾ ਕਰ ਰਹੇ ਹਨ, ਜਦੋਂ ਕਿ ਗਰੀਬ ਵਰਗ ਨੂੰ ਉਚਿਤ ਸਹੂਲਤਾਂ ਨਾ ਮਿਲਣ ਕਾਰਨ ਹਾਸ਼ੀਏ ਉਪਰ ਧਕੇਲਿਆ ਜਾ ਰਿਹਾ ਹੈ।ਨੈਸ਼ਨਲ ਕੌਂਸਲ ਆਫ ਅਪਲਾਈਡ ਇਕਨੋਮਿਕ ਰਿਸਰਚ ਅਨੁਸਾਰ ਇਸ ਦੇ ਵਿਰੋਧ ਵਿੱਚ ਕਿਹਾ ਜਾਂਦਾ ਹੈ ਕਿ ਜਾਤੀ ਅਧਾਰਿਤ ਜਨਗਨਣਾ ਉਪਰੰਤ ਜੇਕਰ ਉਹਨਾਂ ਦੀ ਗਿਣਤੀ ਜਿਆਦਾ ਨਿਕਲ ਆਉਂਦੀ ਹੈ ਤਾਂ ਉਸੇ ਅਨੁਪਾਤ ਨਾਲ ਉਹਨਾਂ ਦਾ ਸੇਵਾਵਾਂ ਵਿੱਚ ਹਿੱਸਾ ਅਤੇ ਹੋਰ ਨੁਮਾਇੰਦਗੀ ਵਧਾਉਣੀ ਪਵੇਗੀ। ਜਿਹੜਾ ਕੁਝ ਕੁ ਮੁੱਠੀ-ਭਰ ਲੋਕਾਂ ਨੂੰ ਪਸੰਦ ਨਹੀਂ ਹੈ। ਇਸ ਤੋਂ ਇਲਾਵਾ ਰਾਜਨੀਤਕ ਖੇਤਰ ਦੇ ਲੋਕ ਸਭਾ, ਰਾਜ ਸਭਾ ਅਤੇ ਵਿਧਾਨ ਸਭਾ ਵਿੱਚ ਰਾਖਵੀਆਂ ਸੀਟਾਂ ਨੂੰ ਵੀ ਮੁੜ ਅਲਾਟ ਕਰਨਾ ਪਵੇਗਾ । ਉਹ ਭੁੱਲ ਜਾਂਦੇ ਹਨ ਕਿ ਇਹ ਰਿਜ਼ਰਵੇਸ਼ਨ ਆਦੀ ਦਾ ਸੰਕਲਪ ਕੇਵਲ ਸਰਕਾਰੀ ਅਦਾਰਿਆਂ ਵਿੱਚ ਹੀ ਚੱਲਦਾ ਹੈ। ਨਿਜੀ ਅਦਾਰੇ, ਕੰਪਨੀਆਂ ਤੇ ਹੋਰ ਸੰਗਠਨਾਂ ਵਿੱਚ ਰਿਜ਼ਰਵੇਸ਼ਨ ਜਾਂ ਕੋਟੇ ਆਦਿ ਦੇ ਨਿਯਮਾਂ ਨੂੰ ਧਿਆਨ ਵਿੱਚ ਨਹੀਂ ਰੱਖਿਆ ਜਾਂਦਾ। ਇਹ ਵੀ ਸਪੱਸ਼ਟ ਹੈ ਕਿ ਜੇਕਰ ਕੋਟਾ ਦਰ ਕੋਟਾ ਮੰਗ ਵੱਧਦੀ ਹੈ ਤਾਂ ਸੁਪਰੀਮ ਕੋਰਟ ਨੇ 50 ਫੀਸਦੀ ਰਿਜ਼ਰਵੇਸ਼ਨ ਦੀ ਸੀਮਾ ਪਹਿਲਾਂ ਹੀ ਨਿਰਧਾਰਤ ਕਰ ਦਿੱਤੀ ਹੈ।

ਇਸ ਲਈ ਜ਼ਰੂਰਤ ਹੈ ਕਿ ਪੁਰਾਣੇ ਅੰਕੜਿਆਂ ਨੂੰ ਉਜੋਕੀ ਸਥਿਤੀ ਦੇ ਸੰਦਰਭ ਵਿੱਚ ਮੁੜ ਵਿਚਾਰਿਆ ਜਾਵੇ। ਨਵੀਂ ਜਾਤੀ ਅਧਾਰਿਤ ਜਨਗਣਨਾ ਕੀਤੀ ਜਾਵੇ। ਸਰਕਾਰੀ ਸਕੂਲਾਂ ਦੀ ਲੋੜੀਂਦੀ ਮਾਇਕ ਸਹਾਇਤਾ ਕਰਦੇ ਹੋਏ, ਸਿਹਤ ਸੇਵਾਵਾਂ, ਰੁਜ਼ਗਾਰ ਆਦਿ ਵਿੱਚ ਬਣਦੇ ਕੋਟੇ ਅਨੁਸਾਰ ਅਸਾਮੀਆਂ ਭਰੀਆਂ ਜਾਣ ਅਤੇ ਸਮਾਜਿਕ, ਆਰਥਿਕ ਬਰਾਬਰੀ ਅਤੇ ਭਾਈਚਾਰੇ ਦੇ ਸੰਕਲਪ ਨੂੰ ਅਮਲੀ ਜਾਮਾ ਪਹਿਨਾਇਆ ਜਾਵੇ ।ਜਨਗਣਨਾ ਹੁੰਦੀ ਹੈ ਤਾਂ ਨਿਸ਼ਚੇ ਹੀ ਸਾਡੇ ਸਮਾਜ ਦਾ ਸਮਾਜਿਕ ਅਤੇ ਆਰਥਿਕ ਢਾਂਚਾ ਹੋਰ ਵੀ ਮਜਬੂਤ ਹੋਵੇਗਾ ਅਤੇ ਦੇਸ਼ ਸਭ ਦਾ ਵਿਕਾਸ ਕਰਨ ਦੇ ਸਮਰੱਥ ਹੋ ਜਾਵੇਗਾ।

**ਸੰਪਰਕ** : 98551-22857

# ਜੰਗ ਤੋ ਖੁਦ ਹੀ ਏਕ ਮਸਲਾ ਹੈ...ਜੰਗ ਕਿਆ ਮਸਲੋਂ ਕਾ ਹਲ ਦੇਗੀ



ਮੁਹੰਮਦ ਅੱਬਾਸ ਧਾਲੀਵਾਲ

ਪਿਛਲੇ ਦੋ ਦਿਨਾਂ ਤੋਂ ਇਸਰਾਈਲ ਤੇ ਇਰਾਨ ਇੱਕ ਵਾਰ ਫਿਰ ਤੋਂ ਯੁੱਧ ਦੇ ਮੈਦਾਨ ਵਿੱਚ ਆਹਮਣੇ-ਸਾਹਮਣੇ ਹਨ। ਇਸ ਤੋਂ ਪਹਿਲਾਂ 12 ਅਤੇ 13 ਮਈ ਦੀ ਰਾਤ ਨੂੰ ਇਸਰਾਈਲ ਨੇ ਇਰਾਨ ਦੀ ਰਾਜਧਾਨੀ ਤਹਿਰਾਨ 'ਤੇ ਹਮਲਾ ਕੀਤਾ। ਉਸ ਨੂੰ ਕਦਾਚਿਤ ਉਚਿੱਤ ਨਹੀਂ ਠਹਿਰਾਇਆ ਜਾ ਸਕਦਾ ਅਤੇ ਇਸ ਤੋਂ ਬਾਅਦ 13 ਅਤੇ 14 ਮਈ ਦੀ ਰਾਤ ਨੂੰ ਇਰਾਨ ਨੇ ਇਸਰਾਈਲ ਦੇ ਸ਼ਹਿਰ ਤਲ-ਅਵੀਵ 'ਤੇ ਕਰੀਬ 150 ਮਿਜ਼ਾਈਲਾਂ ਦਾਗ ਕੇ ਆਪਣਾ ਬਦਲਾ ਲਿਆ। ਉਸ ਨੇ ਇਸਰਾਈਲ ਦੇ ਬਹੁਤ ਸਾਰੇ ਭੁਲੇਖੇ ਦੂਰ ਕਰ ਦਿੱਤੇ ਹਨ, ਹੁਣ ਤੱਕ ਇਸਰਾਈਲ ਨੇ ਇਹ ਸੋਚਿਆ ਹੋਵੇਗਾ ਕਿ ਜਿਸ ਤਰ੍ਹਾਂ ਗਾਜ਼ਾ ਫਲਸਤੀਨ ਦੇ ਨਿਹੱਥੇ ਲੋਕਾਂ 'ਤੇ ਬੰਬਾਰੀ ਕਰ ਆਪਣੀ ਮਰਜ਼ੀ ਪੁਗਾ ਲੈਂਦਾ ਹੈ, ਇਸੇ ਤਰ੍ਹਾਂ ਇਰਾਨ ਨੂੰ ਵੀ ਉਹ ਦਬਾਅ ਲਵੇਗਾ ਪਰ ਉਹ ਆਖਦੇ ਨੇ, ਭੱਜਦਿਆਂ ਨੂੰ ਵਾਹਣ ਇੱਕੋ ਜਿਹੇ ।

ਉਂਝ ਵੇਖਿਆ ਜਾਵੇ ਤਾਂ ਜੰਗ ਨਾਲ ਕਦੇ ਵੀ ਮਸਲਿਆਂ ਦੇ ਹੱਲ ਨਹੀਂ ਹੋਇਆ ਕਰਦੇ। ਆਖਿਰਕਾਰ ਮਸਲਾ ਗੱਲਬਾਤ ਰਾਹੀਂ ਹੀ ਸੁਲਝਾਇਆ ਜਾਂਦਾ ਹੈ।

ਪ੍ਰਸਿੱਧ ਕਵੀ ਸਾਹਿਰ ਲੁਧਿਆਣਵੀ ਨੇ ਜੰਗ ਦੀਆਂ ਤਬਾਹੀਆਂ ਦੇ ਦ੍ਰਿਸ਼ ਨੂੰ ਆਪਣੀ ਇਕ ਬੇ-ਮਿਸਾਲ ਨਜ਼ਮ 'ਐ ਸ਼ਰੀਫ ਇਨਸਾਨੋ' ਵਿੱਚ ਅੱਜ ਤੋਂ ਲੱਗਭੱਗ ਅੱਧੀ ਪੌਣੀ ਸਦੀ ਪਹਿਲਾਂ ਬਹੁਤ ਹੀ ਭਾਵੁਕ ਅੰਦਾਜ਼ ਵਿੱਚ ਕਿਹਾ ਸੀ ਕਿ :

*ਜੰਗ ਤੋ ਖੁਦ ਹੀ ਏਕ ਮਸਲਾ ਹੈ,*
*ਜੰਗ ਕਿਆ ਮਸਲੋਂ ਕਾ ਹਲ ਦੇਗੀ।*
*ਆਗ ਔਰ ਖ਼ੂਨ ਆਜ ਬਖਸ਼ੇਗੀ,*
*ਭੂਖ ਔਰ ਇਹਤਿਆਜ਼ ਕਲ ਦੇਗੀ ।*

ਇਸ ਨਜ਼ਮ ਦੀ ਜਿੰਨੀ ਮਹੱਤਤਾ ਉਸ ਵੇਲੇ ਸੀ, ਓਨਾ ਮਹੱਤਵ ਹੀ ਅੱਜ ਹੈ, ਕਿਉਂਕਿ ਸੰਸਾਰ ਦੇ ਕੁਝ ਤਾਕਤਵਰ ਦੇਸ਼ਾਂ ਦੇ ਹੁਕਮਰਾਨ ਅਰਥਾਤ ਸ਼ਰੀਫ ਇਨਸਾਨ ਅਜਿਹੇ ਹਨ, ਜੋ ਸਿਰਫ਼ ਅਤੇ ਸਿਰਫ਼ ਆਪਣੇ ਹਥਿਆਰਾਂ ਦੀ ਵਿਕਰੀ ਲਈ ਆਪਣੀ ਹਉਮੈ ਤੇ ਲਾਲਸਾ ਦੀ ਪੂਰਤੀ ਲਈ ਦੁਨੀਆ ਦੀ ਸੁੱਖ-ਸ਼ਾਂਤੀ ਨੂੰ ਲਾਂਬੂ ਲਾਉਣ ਲਈ ਤਿਆਰ ਰਹਿੰਦੇ ਹਨ।

ਬੇਸ਼ੱਕ ਅਸੀਂ ਅੱਜ ਬਹੁਤ ਤਰੱਕੀ ਕਰ ਲਈ ਹੈ, ਤਰੱਕੀ ਵੀ ਇੰਨੀ ਕਰ ਲਈ ਹੈ ਕਿ ਚੰਨ੍ਹ ਉੱਤੇ ਫਤਹਿ ਪਾਉਣ ਤੋਂ ਬਾਅਦ ਮੰਗਲ ਗ੍ਰਹਿ ਉੱਪਰ ਫਤਿਹ ਪਾਉਣ ਦੇ ਸੁਪਨੇ ਵੇਖ ਰਹੇ ਹਾਂ, ਪਰੰਤੂ ਜੇਕਰ ਗੱਲ ਮੌਲਿਕ ਕਦਰਾਂ-ਕੀਮਤਾਂ ਦੀ ਕਰੀਏ ਜਾਂ ਆਪਣੇ ਇਖਲਾਕ ਦੀ ਕਰੀਏ ਤਾਂ ਉਨ੍ਹਾਂ 'ਚ ਲਗਾਤਾਰ ਨਿਘਾਰ ਆਉਂਦਾ ਵਿਖਾਈ ਦੇ ਰਿਹਾ ਹੈ। ਉਰਦੂ ਦੇ ਇੱਕ ਸ਼ਾਇਰ ਨੇ ਕਿੰਨੇ ਸੋਹਣੇ ਸ਼ਬਦਾਂ ਵਿੱਚ ਵਿਅੰਗ ਕਰਦਿਆਂ ਕਿਹਾ ਹੈ ਕਿ ...

ਬੜ੍ਹਨੇ ਕੋ ਬਸ਼ਰ ਚਾਂਦ ਸੇ ਭੀ ਆਗੇ ਬੜ੍ਹਾ ਹੈ,
ਯੇ ਸੋਚੀਯੇ ਕਿਰਦਾਰ ਘਟਾ ਹੈ ਕਿ ਬੜ੍ਹਾ ਹੈ।

ਇਹ ਕਿ ਇਸ ਤੋਂ ਪਹਿਲਾਂ ਜਿਵੇਂ ਕਿ ਅਸੀਂ ਵੇਖਿਆ ਕਿ ਪਿਛਲੇ ਵਰ੍ਹਿਆਂ ਦੌਰਾਨ ਕਿੰਝ ਅਮਰੀਕਾ ਦੀ ਸ਼ਹਿ 'ਚ ਆ ਯੂਕਰੇਨ ਨੇ ਰੂਸ ਨਾਲ ਯੁੱਧ ਸ਼ੁਰੂ ਕੀਤਾ, ਜੋ ਕਿ ਹਾਲੇ ਤੱਕ ਜਾਰੀ ਹੈ। ਭਾਵੇਂ ਕਿ ਅਮਰੀਕਾ ਵਿੱਚ ਟਰੰਪ ਨੇ ਆਉਂਦੇ ਸਾਰ ਯੂਕਰੇਨ ਦੀ ਪਿੱਠ ਤੋਂ ਆਪਣਾ ਹੱਥ ਖਿੱਚ ਲਿਆ ਅਤੇ ਪੂਰੀ ਦੁਨੀਆ ਸਾਹਵੇਂ ਯੂਕਰੇਨ ਦੇ ਰਾਸ਼ਟਰਪਤੀ ਨੂੰ ਜਲੀਲ ਕੀਤਾ ।

ਉਕਤ ਸੰਦਰਭ ਵਿੱਚ ਵੇਖਿਆ ਜਾਵੇ ਤਾਂ ਵੱਡੀਆਂ ਤਾਕਤਾਂ ਆਪਣੇ ਹਿੱਤਾਂ ਦੀ ਪੂਰਤੀ ਲਈ ਜਾਂ ਇੰਝ ਕਹਿ ਲਵੋ ਕਿ ਹਥਿਆਰਾਂ ਨੂੰ ਵੇਚਣ ਲਈ ਦੁਨੀਆ 'ਚ ਭੈਅ ਦਾ ਮਾਹੌਲ ਪੈਦਾ ਕਰਦੀਆਂ ਹਨ ਇਸ ਦੇ ਲਈ ਉਹ ਵੱਖ-ਵੱਖ ਦੇਸ਼ਾਂ ਵਿਚਕਾਰ ਯੁੱਧ ਦੇ ਮਾਹੌਲ ਨੂੰ ਗਰਮਾਉਂਦੀਆਂ ਹਨ।

ਪਿਛਲੇ ਕਰੀਬ ਦੋ ਵਰ੍ਹਿਆਂ ਤੋਂ ਦੁਨੀਆ ਦੇ ਵੱਖ-ਵੱਖ ਦੇਸ਼ਾਂ ਵਿਚਕਾਰ ਯੁੱਧ ਨਿਰੰਤਰ ਜਾਰੀ ਹਨ।

ਇਸ ਸਮੇਂ ਮੱਧ ਏਸ਼ੀਆ ਵਿੱਚ ਵੱਖ-ਵੱਖ ਦੇਸ਼ਾਂ ਵਿਚਕਾਰ ਜੰਗਾਂ ਦਾ ਘਮਾਸਾਨ ਛਿੜਿਆ ਹੋਇਆ ਹੈ। ਯੁੱਧ ਦੌਰਾਨ ਮਾਨਵ ਜੀਵਨ ਦਾ ਬੇਹੱਦ ਘਾਣ ਹੁੰਦਾ ਹੈ, ਇਸ ਦੇ ਚੱਲਦਿਆਂ ਹਜ਼ਾਰਾਂ ਲੋਕ ਮਾਰੇ ਜਾਂਦੇ ਤੇ ਲੱਖਾਂ ਜ਼ਖਮੀ ਹੋ ਜਾਂਦੇ ਹਨ ਅਤੇ ਬਸ਼ੁਮਾਰ ਲੋਕ ਅੰਗਹੀਣ ਹੋ ਗਏ। ਜਦੋਂ ਬਹੁਤ ਸਾਰੇ ਪਰਵਾਰ ਉੱਜੜ ਜਾਂਦੇ ਹਨ ਜਾਂ ਹਿਜਰਤ ਕਰਨ ਲਈ ਮਜਬੂਰ ਹੋ ਜਾਂਦੇ ਹਨ।

ਇਸ ਤੋਂ ਇਲਾਵਾ ਜੰਗ ਦੌਰਾਨ ਆਰਥਿਕ ਤਬਾਹੀ ਦਾ ਅੰਦਾਜ਼ਾ ਲਗਾਉਣਾ ਵੀ ਮੁਸ਼ਕਿਲ ਹੈ। ਸੜਕਾਂ, ਪੁਲਾਂ, ਬਿਜਲੀ ਦੇ ਢਾਂਚੇ ਵਰਗਾ ਬੁਨਿਆਦੀ ਢਾਂਚਾ ਨਸਟ ਹੋ ਜਾਂਦਾ ਹੈ । ਇਸ ਦੇ ਨਾਲ-ਨਾਲ ਖੇਤੀਬਾੜੀ ਅਤੇ ਉਦਯੋਗ ਨੂੰ ਭਾਰੀ ਨੁਕਸਾਨ ਹੋਇਆ, ਜਦੋਂ ਕਿ ਜੰਗ ਦੌਰਾਨ ਵਪਾਰ ਬੰਦ ਹੋ ਜਾਂਦਾ ਹੈ ਅਤੇ ਨਿਵੇਸ਼ ਵੀ ਰੁਕ ਜਾਂਦਾ ਹੈ ।

ਮਹਿੰਗਾਈ ਅਤੇ ਬੇਰੁਜ਼ਗਾਰੀ 'ਚ ਅਥਾਹ ਵਾਧਾ ਹੁੰਦਾ ਹੈ। ਲੱਖਾਂ ਲੋਕ ਹਿਜਰਤ ਦਾ ਦਰਦ ਹੰਢਾਉਣ ਲਈ ਮਜਬੂਰ ਹੋ ਜਾਂਦੇ ਹਨ। ਅਰਥਾਤ ਲੱਖਾਂ ਲੋਕਾਂ ਨੂੰ ਜੰਗ ਪ੍ਰਭਾਵਿਤ ਇਲਾਕਿਆਂ ਤੋਂ ਹਿਜਰਤ ਕਰਨੀ ਪੈਂਦੀ ਹੈ।

ਇਸ ਦੇ ਨਾਲ-ਨਾਲ ਸਥਾਨਕ ਸਰੋਤਾਂ 'ਤੇ ਦਬਾਅ ਵਧ ਜਾਂਦਾ ਹੈ, ਜਿਸ ਨਾਲ ਸਮਾਜਕ ਤਣਾਅ ਵਧਦਾ ਹੈ।

ਇਸ ਤੋਂ ਇਲਾਵਾ ਸੰਸਕ੍ਰਿਤਕ ਅਤੇ ਇਤਿਹਾਸਕ ਵਿਰਾਸਤ ਦੀ ਤਬਾਹੀ ਹੁੰਦੀ ਹੈ, ਇਤਿਹਾਸਕ ਇਮਾਰਤਾਂ, ਪੁਰਾਤੱਤਵ ਸਥਲ ਅਤੇ ਲਾਇਬ੍ਰੇਰੀਆਂ ਨਸ਼ਟ ਹੋ ਜਾਂਦੀਆਂ ਹਨ । ਜਿਸ ਦੇ ਚੱਲਦਿਆਂ ਸੱਭਿਆਚਾਰਕ ਪਛਾਣ ਨੂੰ ਨੁਕਸਾਨ ਪਹੁੰਚਦਾ ਹੈ, ਰਿਵਾਇਤਾਂ ਅਤੇ ਭਾਸ਼ਾਵਾਂ 'ਤੇ ਬੁਰਾ ਅਸਰ ਪੈਂਦਾ ਹੈ ।


ਬੰਬਾਰੀ ਅਤੇ ਧਮਾਕਿਆਂ ਦੇ ਨਤੀਜੇ ਵਜੋਂ ਧਰਤੀ, ਪਾਣੀ ਅਤੇ ਹਵਾ ਬੇਹੱਦ ਪ੍ਰਦੂਸ਼ਿਤ ਹੁੰਦੇ ਹਨ।

ਆਮ ਨਾਗਰਿਕਾਂ, ਖਾਸ ਕਰਕੇ ਬੱਚੇ ਗੰਭੀਰ ਤਣਾਅ ਅਤੇ ਸਦਮੇ ਦਾ ਸ਼ਿਕਾਰ ਹੁੰਦੇ ਹਨ। ਸਮਾਜਿਕ ਅਸਥਿਰਤਾ ਦਾ ਮਾਹੌਲ ਬਣ ਜਾਂਦਾ ਹੈ, ਕਾਨੂੰਨ ਦੀ ਘਾਟ, ਜੰਗੀ ਆਗੂਆਂ ਦਾ ਉਭਾਰ ਅਤੇ ਅਪਰਾਧਾਂ ਵਿੱਚ ਵਾਧਾ ਵੇਖਣ ਨੂੰ ਮਿਲਦਾ ਹੈ ।

ਪਰ ਜੇਕਰ ਹਾਲੀਆ ਘਟਨਾਵਾਂ ਨੂੰ ਵੇਖਿਆ ਜਾਵੇ ਤਾਂ ਕੁੱਲ ਮੱਧ ਪੂਰਵ ਏਸ਼ੀਆ ਨੂੰ ਵੱਡੀਆਂ ਤਾਕਤਾਂ ਨੇ ਆਪਣੀਆਂ ਲਾਲਸਾਵਾਂ ਦੀ ਪੂਰਤੀ ਲਈ ਜੰਗ ਦਾ ਅਖਾੜਾ ਬਣਾਇਆ ਹੋਇਆ ਹੈ, ਉਹ ਕਿਸੇ ਵੀ ਦੇਸ਼ ਦੇ ਲੋਕਾਂ ਲਈ ਚੰਗੀ ਗੱਲ ਨਹੀਂ ਹੈ। ਸਿਰਫ਼ ਆਪਣੇ ਹਥਿਆਰਾਂ ਨੂੰ ਵੇਚਣ ਲਈ ਅਤੇ ਆਪਣੇ ਵਪਾਰ ਨੂੰ ਵਧਾਉਣ ਲਈ ਮਾਸੂਮ ਲੋਕਾਂ ਦੇ ਜੀਵਨ ਨੂੰ ਦਾਅ 'ਤੇ ਲਗਾ ਦੇਣਾ ਕਿਸੇ ਵੀ ਸੱਭਿਅਕ ਕੌਮ ਜਾਂ ਦੇਸ਼ ਨੂੰ ਸ਼ੋਭਾ ਨਹੀਂ ਦਿੰਦਾ।

**# ਸੰਪਰਕ** : 9855259650

# ਲੋਕਾਂ ਦੀ ਕੀਮਤ 'ਤੇ ਕਾਰਪੋਰੇਟ ਘਰਾਣਿਆਂ ਨੂੰ ਦੇਸ਼ ਲੁੱਟਣ ਦੀ ਖੁੱਲ੍ਹ



ਪਵਨ ਕੁਮਾਰ ਕੌਸ਼ਲ

ਪੂੰਜੀਵਾਦ ਦਾ ਪ੍ਰਮੁੱਖ ਉਦੇਸ਼ ਮੁਨਾਫ਼ਾ ਕਮਾਉਣਾ ਹੈ ਅਤੇ ਆਰਥਕ-ਅਸਮਾਨਤਾ ਪੈਦਾ ਕਰਨਾ ਹੈ। ਮਾਕਸਵਾਦੀ ਨਜ਼ਰੀਏ ਤੋਂ ਆਰਥਕ-ਅਸਮਾਨਤਾ ਨੂੰ ਪੂੰਜੀਵਾਦ ਦੀ ਇੱਕ ਬੁਨਿਆਦੀ ਵਿਸ਼ੇਸ਼ਤਾ ਮੰਨਿਆ ਗਿਆ ਹੈ, ਜਿਸ ਵਿੱਚ ਕੁਝ ਵਰਗ ਖੁਸ਼ਹਾਲ ਹੁੰਦੇ ਹਨ ਅਤੇ ਦੂਜਿਆਂ ਦੀ ਕੀਮਤ 'ਤੇ ਨਿਵੇਸ਼ ਨੂੰ ਆਕਰਸ਼ਿਤ ਕਰਦੇ ਹਨ। ਪੂੰਜੀਵਾਦ ਨਿੱਜੀ ਜਾਇਦਾਦ ਦੇ ਅਧਿਕਾਰਾਂ ਨੂੰ ਲਾਗੂ ਕਰਨ 'ਤੇ ਨਿਰਭਰ ਕਰਦਾ ਹੈ, ਜੋ ਪੂੰਜੀ ਵਿੱਚ ਨਿਵੇਸ਼ ਅਤੇ ਉਤਪਾਦਕ ਵਰਤੋਂ ਲਈ ਪ੍ਰੋਤਸਾਹਨ ਪ੍ਰਦਾਨ ਕਰਦੇ ਹਨ।

ਭਾਰਤ ਵਿੱਚ ਕਾਂਗਰਸ ਸਰਕਾਰ ਵਲੋਂ 1991ਵਿੱਚ ਲਿਆਂਦੀਆਂ ਗਈਆਂ ਉਦਾਰੀਕਰਨ, ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਅਧੀਨ ਜਨਤਕ ਖੇਤਰ ਦੇ ਅਦਾਰਿਆਂ ਨੂੰ ਨਿੱਜੀ ਹੱਥਾਂ ਵਿੱਚ ਦੇਣ, ਵਿਸ਼ੇਸ਼ ਆਰਥਕ ਜ਼ੋਨ ਸਥਾਪਤ ਕਰਨ ਲਈ ਇਜਾਰੇਦਾਰਾਂ ਨੂੰ ਕਿਸਾਨਾਂ ਤੋਂ ਵਾਹੀਯੋਗ ਜ਼ਮੀਨਾਂ ਖੋਹ ਕੇ ਦਿੱਤੀਆਂ ਗਈਆਂ ਅਤੇ ਵਿਦੇਸ਼ੀ ਨਿਵੇਸ਼ਕਾਂ ਨੂੰ ਭਾਰਤ ਅੰਦਰ ਨਿਵੇਸ਼ ਕਰਨ ਦੀ ਖੁੱਲ੍ਹ ਦਿੱਤੀ।

1991 ਤੋਂ ਵਿਸ਼ਵੀਕਰਨ, ਨਿੱਜੀਕਰਨ ਅਤੇ ਉਦਾਰੀਕਰਨ ਦੀਆਂ ਨੀਤੀਆਂ ਲਾਗੂ ਹੋਣ ਕਾਰਨ ਦੇਸ਼ ਅੰਦਰ ਬੇਰੋਜ਼ਗਾਰੀ, ਮਹਿੰਗਾਈ ਅਤੇ ਭ੍ਰਿਸ਼ਟਾਚਾਰ 'ਚ ਵਾਧਾ ਹੋਣਾ ਸ਼ੁਰੂ ਹੋ ਗਿਆ। ਇਸ ਸਥਿਤੀ ਅਤੇ ਮੌਕੇ ਦੀ ਵਰਤੋਂ ਕਰਦੇ ਹੋਏ 2014 ਵਿੱਚ ਭਾਰਤੀ ਜਨਤਾ ਪਾਰਟੀ ਸੱਤਾ 'ਤੇ ਕਾਬਜ਼ ਹੋ ਗਈ, ਜੋ ਅੱਜ ਤੱਕ (2025) ਆਪਣਾ 'ਕੁਸ਼ਾਸ਼ਨ' ਕੁਸ਼ਲਤਾਪੂਰਵਕ ਚਲਾ ਰਹੀ ਹੈ। ਕਾਂਗਰਸ ਸਰਕਾਰ ਵਲੋਂ ਲਾਗੂ ਕੀਤੀਆਂ ਉਦਾਰੀਕਰਨ, ਨਿੱਜੀਕਰਨ ਅਤੇ ਵਿਸ਼ਵੀਕਰਨ ਦੀਆਂ ਨੀਤੀਆਂ ਨੂੰ ਬੜੀ ਤੇਜ਼ ਗਤੀ ਨਾਲ ਲਾਗੂ ਕਰ ਰਹੀ ਹੈ ਅਤੇ ਸ਼ਾਇਦ ਹੀ ਅਜਿਹਾ ਕੋਈ ਜਨਤਕ ਖੇਤਰ ਬਚਿਆ ਹੋਵੇ, ਜਿਸ ਦਾ ਨਿੱਜੀਕਰਨ ਨਾ ਕੀਤਾ ਗਿਆ ਹੋਵੇ। ਖੇਤੀ ਨੂੰ ਕਾਰਪੋਰੇਟ ਘਰਾਣਿਆਂ ਅਧੀਨ ਲਿਆਉਣ ਲਈ ਸਰਕਾਰ ਬੜੀ ਸਰਗਰਮੀ ਨਾਲ ਕੰਮ ਕਰ ਰਹੀ ਹੈ।

ਅੱਜ ਵਿਸ਼ਵ ਭਰ ਦੀਆਂ ਸਰਕਾਰਾਂ ਨੂੰ ਇਜਾਰੇਦਾਰ ਬਹੁ-ਕੌਮੀ ਕਾਰਪੋਰੇਸ਼ਨਾਂ ਦੇ ਮਾਲਕ ਆਪਣੇ ਮੁਤਾਬਕ ਚਲਾ ਰਹੇ ਹਨ। ਅਮਰੀਕਾ ਅੰਦਰ ਰਾਸ਼ਟਰਪਤੀ ਡੋਨਾਲਡ ਟਰੰਪ ਦੀ ਛਤਰ-ਛਾਇਆ ਹੇਠ ਵਿਸ਼ਵ ਦੇ ਸਭ ਤੋਂ ਅਮੀਰ ਅਰਬਪਤੀ ਐਲਨ ਮਸਕ ਦਾ ਬੋਲਬਾਲਾ ਹੈ ਅਤੇ ਭਾਰਤ ਅੰਦਰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਛਤਰ-ਛਾਇਆ ਹੇਠ ਦੇਸ਼ ਦੇ ਅਰਬਪਤੀ ਗੌਤਮ ਅਡਾਨੀ ਦੀ ਦੇਸ਼ ਦੇ ਕਾਰੋਬਾਰ ਉਪੱਰ ਪਕੜ ਮਜ਼ਬੂਤ ਹੋ ਰਹੀ ਹੈ।

ਭਾਰਤ ਵਿਸ਼ਵ ਦੇ ਉਨ੍ਹਾਂ ਦੇਸ਼ਾਂ ਦੀ ਲੜੀ ਵਿੱਚ ਸ਼ਾਮਲ ਹੋ ਚੁੱਕਾ ਹੈ, ਜਿਥੇ ਕਾਰਪੋਰੇਟ ਘਰਾਣੇ ਸਰਕਾਰਾਂ ਨੂੰ ਚਲਾ ਰਹੇ ਹਨ। ਅੱਜ ਪੂਰੇ ਵਿਸ਼ਵ ਅੰਦਰ ਅਮਰੀਕਾ ਦੀ ਧੌਂਸ ਦਾ ਬੋਲਬਾਲਾ ਹੈ। ਅਮਰੀਕਾ ਦਾ ਰਾਸ਼ਟਰਪਤੀ ਟਰੰਪ ਉਨ੍ਹਾਂ ਦੇਸ਼ਾਂ ਨੂੰ ਜਿਹੜੇ ਉਸ ਦੀਆਂ ਨੀਤੀਆਂ ਦਾ ਵਿਰੋਧ ਕਰਨ ਦਾ ਹੀਆ ਕਰਦੇ ਹਨ, ਨੂੰ ਧਮਕੀਆਂ ਦੇ ਰਿਹਾ ਹੈ। ਬਰਿਕਸ ਦੇਸ਼ਾਂ ਦੇ ਸੰਗਠਨ, ਜਿਸ ਵਿੱਚ ਬਰਾਜ਼ੀਲ, ਰੂਸ, ਭਾਰਤ, ਚੀਨ ਅਤੇ ਦੱਖਣੀ ਅਫਰੀਕਾ ਤੋਂ ਬਿਨਾਂ ਚਾਰ ਦੇਸ਼ ਮਿਸਰ, ਈਥੋਪੀਆ, ਈਰਾਨ ਅਤੇ ਸੰਯੁਕਤ ਅਰਬ ਅਮੀਰਾਤ ਸ਼ਾਮਲ ਹੋ ਗਏ ਹਨ, ਨੂੰ ਧਮਕੀ ਦਿੱਤੀ ਹੈ ਕਿ ਜੇਕਰ ਉਨ੍ਹਾਂ ਡਾਲਰ ਤੋਂ ਬਿਨਾਂ ਆਪਣੀ ਕੋਈ ਕਰੰਸੀ ਬਣਾਈ ਜਾਂ ਵਪਾਰ ਕਰਨਾ ਸ਼ੁਰੂ ਕੀਤਾ ਤਾਂ ਉਹ ਇਸ ਦੇ ਭਿਆਨਕ ਸਿੱਟੇ ਭੁਗਤਣ ਲਈ ਤਿਆਰ ਰਹਿਣ।

ਭਾਰਤ ਸਰਕਾਰ ਕਾਰਪੋਰੇਟ ਘਰਾਣਿਆ ਦੇ ਮਾਲਕ ਗੌਤਮ ਅਡਾਨੀ ਅਤੇ ਮੁਕੇਸ਼ ਅੰਬਾਨੀ ਖਾਸ ਕਰਕੇ ਗੌਤਮ ਅਡਾਨੀ ਉਪਰ ਬਹੁਤ ਜ਼ਿਆਦਾ ਮਿਹਰਬਾਨ ਹੋ ਰਹੀ ਹੈ। ਗੌਤਮ ਅਡਾਨੀ ਲਈ ਤਾਂ ਕੁਝ ਵੀ ਕਰਨ ਲਈ ਤਿਆਰ ਰਹਿੰਦੀ ਹੈ। ਲੋਕਾਂ ਦੀ ਖੂਨ ਪਸੀਨੇ ਨਾਲ ਕੀਤੀ ਕਮਾਈ ਨੂੰ ਦੇਸ਼ ਦੇ ਕਾਰਪੋਰੇਟ ਘਰਾਣੇ ਦੋਵੇਂ ਹੱਥੀਂ ਲੁੱਟ ਰਹੇ ਹਨ।

ਅਡਾਨੀ ਦੀਆਂ ਕੰਪਨੀਆਂ ਦਾ ਸੰਯੁਕਤ ਬਾਜ਼ਾਰ ਮੁੱਲ ਤਿੰਨ ਸਾਲਾਂ ਵਿੱਚ ਸੱਤ ਗੁਣਾ ਵਧ ਕੇ $218 ਬਿਲੀਅਨ ਹੋ ਗਿਆ ਸੀ, ਇੱਕ ਤੇਜ਼ ਵਾਧਾ ਜਿਸ ਨੇ ਉਸ ਨੂੰ ਭਾਰਤ ਦੀਆਂ ਵਿਕਾਸ ਇੱਛਾਵਾਂ ਦਾ ਸਮਾਨਾਰਥੀ ਬਣਾ ਦਿੱਤਾ। ਬੈਂਕਾਂ ਨੇ ਕਾਰਪੋਰੇਟ ਘਰਾਣਿਆਂ ਦੇ 2014-15 ਤੋਂ ਸ਼ੁਰੂ ਹੋ ਕੇ ਪਿਛਲੇ ਨੌਂ ਵਿੱਤੀ ਸਾਲਾਂ ਵਿੱਚ 14.56 ਲੱਖ ਕਰੋੜ ਰੁਪਏ ਦੇ ਮਾੜੇ ਕਰਜ਼ੇ ਮੁਆਫ਼ ਕੀਤੇ ਹਨ, ਇਹ ਜਾਣਕਾਰੀ 8 ਅਗਸਤ 2023 ਨੂੰ ਸੰਸਦ ਵਿੱਚ ਦਿੱਤੀ ਗਈ।

'ਦ ਵਾਇਰ', 23 ਦਸੰਬਰ 2024 ਦੇ ਅੰਕ ਵਿੱਚ ਲਿਖਦਾ ਹੈ ਕਿ ਪਿਛਲੇ ਦਸ ਸਾਲਾਂ ਵਿੱਚ ਧੋਖਾਧੜੀ ਅਤੇ ਕਾਰਪੋਰੇਟ ਸ਼ਾਰਕਾਂ (ਮਗਰਮੱਛਾਂ) ਨੇ ਸਾਡੇ ਬੈਂਕਿੰਗ ਸਿਸਟਮ ਦੁਆਰਾ ਵੱਟੇ-ਖਾਤੇ ਪਾਏ 16.11 ਲੱਖ ਕਰੋੜ ਰੁਪਏ ਦੇ ਕਰਜ਼ੇ ਵਿੱਚੋਂ ਘੱਟੋ-ਘੱਟ 12 ਲੱਖ ਕਰੋੜ ਰੁਪਏ ਹੜੱਪ ਲਏ ਹਨ।

ਵਿੱਤੀ ਸਾਲ 2015 ਅਤੇ ਵਿੱਤੀ ਸਾਲ 2024 ਦੇ ਵਿਚਕਾਰ ਭਾਰਤੀ ਬੈਂਕਾਂ ਨੇ 12.3 ਲੱਖ ਕਰੋੜ ਰੁਪਏ ਦੇ ਕਰਜ਼ੇ ਰੱਦ ਕਰ ਦਿੱਤੇ। ਵਿੱਤੀ ਸਾਲ 2024 ਵਿੱਚ ਰੱਦ ਕੀਤਾ ਗਿਆ ਕਰਜ਼ਾ 1.7 ਲੱਖ ਕਰੋੜ ਰੁਪਏ ਸੀ। ਅਨੁਮਾਨਾਂ ਅਨੁਸਾਰ ਸਤੰਬਰ 2024 ਤੱਕ ਅਡਾਨੀ ਸਮੂਹ ਨੂੰ ਕੁੱਲ 39.2 ਲੱਖ ਕਰੋੜ ਰੁਪਏ ਦੇ ਕਰਜ਼ਿਆਂ ਨਾਲ ਐੱਸ ਬੀ ਆਈ ਮੋਹਰੀ ਹੈ। ਕੁੱਲ ਮਿਲਾ ਕੇ ਭਾਰਤੀ ਬੈਂਕਾਂ ਨੇ ਵਿੱਤੀ ਸਾਲ 2024 ਵਿੱਚ ਬੈਂਕਾਂ ਨੇ 1.7 ਟ੍ਰਿਲੀਅਨ ਰੁਪਏ ਦੇ ਕਰਜ਼ਿਆਂ ਉਪੱਰ ਲੀਕ ਮਾਰੀ। ਜਦੋਂ ਕਿ ਕਰਜ਼ਈ ਕਿਸਾਨੀ ਜਿਹੜੀ ਭਾਰਤੀ ਆਰਥਕਤਾ ਦੀ ਰੀੜ੍ਹ ਦੀ ਹੱਡੀ ਹੈ, ਨੂੰ ਇਸ ਪੁਸ਼ਤੈਨੀ ਧੰਦੇ 'ਚੋਂ ਬਾਹਰ ਕਰਨ ਲਈ ਪੱਬਾਂ ਭਾਰ ਬਣੀ ਹੋਈ ਹੈ।

ਅਡਾਨੀ ਲਈ ਮੋਦੀ ਸਰਕਾਰ ਕੁਝ ਵੀ ਕਰ ਸਕਦੀ ਹੈ

ਅਡਾਨੀ ਨੂੰ ਵਿਸ਼ਵ ਦਾ ਸਭ ਤੋਂ ਵੱਡਾ ਸੋਲਰ ਊਰਜਾ ਪ੍ਰਾਜੈਕਟ ਗੁਜਰਾਤ ਤੋਂ ਲੈਕੇ ਕਸ਼ਮੀਰ ਤੱਕ ਦੀ ਅਤਿ ਨਾਜ਼ੁਕ ਸਰਹੱਦ ਦੇ ਨਾਲ ਲਗਾਉਣ ਦੀ ਆਗਿਆ ਦੇਣ ਲਈ ਸਰਹੱਦੀ ਪ੍ਰੋਟੋਕੋਲ 'ਚ ਤਬਦੀਲੀ ਕੀਤੀ। ਦਸਤਾਵੇਜ਼ਾਂ ਮੁਤਾਬਕ ਗੁਜਰਾਤ ਸਰਕਾਰ, ਜੋ ਕਿ ਮੋਦੀ ਦੀ ਭਾਰਤੀ ਜਨਤਾ ਪਾਰਟੀ ਦੁਆਰਾ ਨਿਯੰਤਰਿਤ ਹੈ, ਨੇ ਕੱਛ ਦੇ ਰਣ ਵਿੱਚ ਸੂਰਜੀ ਅਤੇ ਹਵਾ ਦੋਵਾਂ ਨਿਰਮਾਣ ਲਈ ਜ਼ਮੀਨ ਉਪਲੱਬਧ ਕਰਵਾਉਣ ਲਈ ਪ੍ਰੋਟੋਕੋਲ ਵਿੱਚ ਢਿੱਲ ਦੇਣ ਲਈ ਉੱਚ ਪੱਧਰਾਂ 'ਤੇ ਲਾਬਿੰਗ ਕੀਤੀ।

ਅਧਿਕਾਰਤ ਦਸਤਾਵੇਜ਼ਾਂ ਤੋਂ ਪਤਾ ਚੱਲਦਾ ਹੈ ਕਿ ਭਾਰਤ ਸਰਕਾਰ ਨੇ ਇੱਕ ਨਵਿਆਉਣਯੋਗ ਊਰਜਾ ਪਾਰਕ ਲਈ ਰਾਹ ਪੱਧਰਾ ਕਰਨ ਲਈ ਪਾਕਿਸਤਾਨ ਸਰਹੱਦ ਦੇ ਨਾਲ ਰਾਸ਼ਟਰੀ ਸੁਰੱਖਿਆ ਪ੍ਰੋਟੋਕੋਲ ਵਿੱਚ ਢਿੱਲ ਦਿੱਤੀ। ਇਹ ਪ੍ਰੋਜੈਕਟ ਅੰਤ ਵਿੱਚ ਭਾਰਤ ਦੇ ਸਭ ਤੋਂ ਵੱਡੇ ਅਮੀਰ ਆਦਮੀਆਂ ਵਿੱਚੋਂ ਇੱਕ, ਗੌਤਮ ਅਡਾਨੀ ਨੂੰ ਸੌਂਪਿਆ ਗਿਆ।

ਨਵੰਬਰ ਵਿੱਚ ਇੱਕ ਅਮਰੀਕੀ ਦੋਸ਼ ਪੱਤਰ ਵਿੱਚ ਅਡਾਨੀ ਅਤੇ ਉਸ ਦੇ ਕਾਰਜਕਾਰੀਆਂ 'ਤੇ 2020 ਅਤੇ 2024 ਦੇ ਵਿਚਕਾਰ ਭਾਰਤੀ ਅਧਿਕਾਰੀਆਂ ਨੂੰ ਮੁਨਾਫ਼ੇ ਵਾਲੇ ਸੂਰਜੀ ਊਰਜਾ ਸਪਲਾਈ ਦੇ ਠੇਕੇ ਪ੍ਰਾਪਤ ਕਰਨ ਦੀ ਕੋਸ਼ਿਸ਼ ਵਿੱਚ 265 ਮਿਲੀਅਨ ਡਾਲਰ ਦੀ ਰਿਸ਼ਵਤ ਦੇਣ ਦੀ ਕਥਿਤ ਯੋਜਨਾ ਵਿੱਚ ਸ਼ਾਮਲ ਹੋਣ ਦਾ ਦੋਸ਼ ਲਗਾਇਆ ਗਿਆ ਸੀ।

ਇੱਕ ਜਾਣਕਾਰੀ ਅਨੁਸਾਰ ਗੁਜਰਾਤ ਦਾ ਖਾਵਦਾ ਸੋਲਰ ਊਰਜਾ ਪ੍ਰਾਜੈਕਟ ਕੋਈ 445 ਵਰਗ ਕਿਲੋਮੀਟਰ ਵਿੱਚ ਫੈਲਿਆ ਹੋਇਆ ਹੈ, ਜੋ ਕਿ ਪੈਰਿਸ ਤੋਂ ਚਾਰ ਗੁਣਾਂ ਵੱਡਾ ਖੇਤਰ ਹੈ, ਅਤੇ ਆਪਣੇ ਸਿਖਰ 'ਤੇ ਕੰਪਨੀ ਦਾ ਦਾਅਵਾ ਹੈ ਕਿ ਇਹ ਪਾਰਕ 30 ਗੀਗਾ ਵਾਟ ਨਵਿਆਉਣਯੋਗ ਊਰਜਾ ਪੈਦਾ ਕਰੇਗਾ, ਜੋ ਕਿ ਬੈਲਜੀਅਮ, ਚਿਲੀ ਜਾਂ ਸਵਿਟਜ਼ਰਲੈਂਡ ਵਰਗੇ ਸਾਰੇ ਦੇਸ਼ਾਂ ਨੂੰ ਬਿਜਲੀ ਦੇਣ ਲਈ ਕਾਫ਼ੀ ਦੱਸਿਆ ਜਾਂਦਾ ਹੈ।

1.63 ਟ੍ਰਿਲੀਅਨ ਰੁਪਏ ਦੇ ਇੱਕ ਯਾਦਗਾਰੀ ਪੌਣ ਅਤੇ ਸੂਰਜੀ ਊਰਜਾ ਪ੍ਰੋਜੈਕਟ, ਖਾਵਦਾ ਨਵਿਆਉਣਯੋਗ ਊਰਜਾ ਪਾਰਕ ਨੇ ਭਾਰਤ ਦੇ ਰਾਸ਼ਟਰੀ (● **ਬਾਕੀ ਸਫ਼ਾ 9 'ਤੇ**)

# ਵਿਦਿਆਰਥੀਆਂ ਨੂੰ ਫਲਸਫ਼ਾ ਪੜ੍ਹਨ ਵੱਲ ਧਿਆਨ ਦੇਣਾ ਚਾਹੀਦੈ : ਜਗਰੂਪ

## ਏ.ਆਈ.ਐੱਸ.ਐੱਫ. ਵੱਲੋਂ 3 ਰੋਜ਼ਾ ਸਿਧਾਂਤਕ ਕੈਂਪ ਸਫਲਤਾਪੂਰਵਕ ਸੰਪੰਨ




**ਮੋਗਾ (ਇਕਬਾਲ ਸਿੰਘ ਖਹਿਰਾ)**

ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਪੰਜਾਬ ਵੱਲੋਂ ਵਿਦਿਆਰਥੀਆਂ ਨੂੰ ਸਿਧਾਂਤਕ ਤੌਰ 'ਤੇ ਸਿੱਖਿਅਤ ਕਰਨ ਲਈ ਲਗਾਇਆ ਗਿਆ 3 ਰੋਜ਼ਾ ਵਿਦਿਆਰਥੀ ਸਿਧਾਂਤਕ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ ਹੈ।3 ਰੋਜ਼ਾ ਇਸ ਕੈਂਪ ਵਿੱਚ ਪੰਜਾਬ ਦੇ ਵੱਖ ਵੱਖ ਵਿੱਦਿਅਕ ਅਦਾਰਿਆਂ ਵਿੱਚ ਚੁਣਿਦਾ ਵਿਦਿਆਰਥੀਆਂ ਨੇ ਲਗਾਤਾਰ ਤਿੰਨ ਦਿਨ ਸ਼ਮੂਲੀਅਤ ਕੀਤੀ।ਕੈਂਪ ਦੇ ਆਖਰੀ ਦਿਨ ਬਨੇਗਾ ਪ੍ਰਾਪਤੀ ਮੁਹਿੰਮ ਦੇ ਮੁੱਖ ਸਲਾਹਕਾਰ ਸਾਥੀ ਜਗਰੂਪ ਸਿੰਘ ਨੇ ਵਿਦਿਆਰਥੀਆਂ ਨੂੰ ਮਾਰਕਸਵਾਦੀ ਸਿੱਖਿਆ ਦੇ ਅਤਿ-ਮਹੱਤਵਪੂਰਨ ਵਿਸ਼ਿਆਂ 'ਫਲਸਫ਼ਾ ਤੇ 'ਰਾਜਨੀਤਕ ਆਰਥਿਕਤਾ' 'ਤੇ ਗਹਿਰਾਈ ਨਾਲ ਕਲਾਸ ਦਿੱਤੀ।ਉਨ੍ਹਾਂ ਵਿਦਿਆਰਥੀਆਂ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਅਜੋਕੇ ਦੌਰ ਵਿੱਚ ਜਦੋਂ ਪੂਰੀ ਦੁਨੀਆ ਅਣਗਿਣਤ ਸਮੱਸਿਆਵਾਂ ਨਾਲ ਜੂਝ ਰਹੀ ਹੈ ਤਾਂ ਇਸ ਦਾ ਇਕੋ ਇੱਕ ਹੱਲ ਮਾਰਕਸਵਾਦੀ ਵਿਚਾਰਧਾਰਾ ਦੀ ਅਗਵਾਈ ਤੋਂ ਹੀ ਮਿਲਦਾ ਹੈ। ਮਾਰਕਸਵਾਦ ਦਾ ਬੁਨਿਆਦੀ ਵਿਸ਼ਾ ਫਲਸਫ਼ਾ ਅੱਜ ਦੇ ਵਿਦਿਆਰਥੀ ਲਈ ਸਮਝਣਾ, ਸਿੱਖਣਾ ਤੇ ਮੁਸ਼ਕਲਾਂ ਦੇ ਹੱਲ ਲਈ ਕੁਦਰਤ, ਸੋਚ ਤੇ ਸਮਾਜ 'ਤੇ ਲਾਗੂ ਕਰਨਾ ਬਹੁਤ ਜ਼ਰੂਰੀ ਹੈ।ਇਸ ਲਈ ਵਿਦਿਆਰਥੀਆਂ ਨੂੰ ਫਲਸਫ਼ਾ ਪੜ੍ਹਨ ਵੱਲ ਜ਼ਿਆਦਾ ਧਿਆਨ ਦੇਣਾ ਚਾਹੀਦਾ ਹੈ।ਉਨ੍ਹਾਂ ਵਿਦਿਆਰਥੀਆਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਵਿਦਿਆਰਥੀ ਸਮਾਜ ਦੀ ਨਵੀਂ ਚਾਲਕ ਸ਼ਕਤੀ ਹਨ ਅਤੇ ਨਵੇਂ ਸਮਾਜ ਦੀ ਸਿਰਜਣਾ ਲਈ ਵਿਦਿਆਰਥੀਆਂ ਨੂੰ ਮਾਰਕਸਵਾਦੀ ਵਿਚਾਰਧਾਰਾ ਨਾਲ ਲੈਸ ਹੋ ਕੇ ਅੱਗੇ ਵਧਣਾ ਚਾਹੀਦਾ ਹੈ, ਕਿਉਂਕਿ ਭਵਿੱਖ ਨਵੀਂ ਸੋਚ ਦਾ ਹੈ।ਕੈਂਪ ਦੇ ਅੰਤਿਮ ਸੈਸ਼ਨ ਵੇਲੇ ਵਿਦਿਆਰਥੀਆਂ ਨੇ ਆਪਣੇ ਅਨੁਭਵ ਸਾਂਝੇ ਕਰਦਿਆਂ ਕਿਹਾ ਕਿ ਜੂਨ ਦੀਆਂ ਛੁੱਟੀਆਂ ਵਿੱਚ ਲਗਾਏ ਜਾਂਦੇ ਰਵਾਇਤੀ ਸਮਰ ਵੋਕੇਸ਼ਨ ਕੈਂਪਾਂ ਤੋਂ ਹਟ ਕੇ ਇਹ ਸਿਧਾਂਤਕ ਕੈਂਪ ਬਿਲਕੁਲ ਨਵੀਂ ਕਿਸਮ ਦਾ ਤੇ ਭਰਪੂਰ ਮਨੋਰੰਜਕ ਅਤੇ ਸਿੱਖਿਆਦਾਇਕ ਸਾਬਿਤ ਹੋਇਆ ਹੈ।ਇਸ ਕੈਂਪ ਨੇ ਉਨ੍ਹਾਂ ਨੂੰ ਨਵੀਂ ਦਿਸ਼ਾ ਦਿੱਤੀ ਤੇ ਜ਼ਿੰਦਗੀ ਦਾ ਮਕਸਦ ਵੀ ਦਿਖਾਇਆ ਹੈ।ਵਿਦਿਆਰਥੀਆਂ ਨੇ ਭਵਿੱਖ ਵਿੱਚ ਅਜਿਹੇ ਕੈਂਪਾਂ ਵਿੱਚ ਵਾਰ ਵਾਰ ਸ਼ਾਮਲ ਹੋਣ ਦੀ ਇੱਛਾ ਵੀ ਪ੍ਰਗਟ ਕੀਤੀ।

ਕੈਂਪ ਦੇ ਤਿੰਨੋਂ ਦਿਨ ਪ੍ਰਬੰਧਕੀ ਕਮੇਟੀ ਦੇ ਮੈਂਬਰ ਤੇ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਮੀਤ ਪ੍ਰਧਾਨ ਜਗਵਿੰਦਰ ਕਾਕਾ, ਸੂਬਾ ਕਮੇਟੀ ਦੇ ਮੈਂਬਰ ਬੋਹੜ ਸਿੰਘ ਬੁੱਟਰ ਤੇ ਜਸਵਿੰਦਰ ਕੌਰ ਨੇ ਬਾਖੂਬੀ ਜ਼ਿੰਮਵਾਰੀ ਨਿਭਾਈ।ਕੈਂਪ ਦੇ ਅੰਤ ਵੇਲੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੇ ਸੂਬਾ ਪ੍ਰਧਾਨ ਰਮਨ ਕੁਮਾਰ ਧਰਮੂਵਾਲਾ, ਸੂਬਾ ਸਕੱਤਰ ਸੁਖਵਿੰਦਰ ਮਲੋਟ, ਰਾਹੁਲ ਗਰਗ, ਗੁਰਜੰਟ ਸਿੰਘ ਪਟਿਆਲਾ, ਕੈਂਪ ਦੀ ਪ੍ਰਬੰਧਕ ਕਮੇਟੀ ਦੇ ਆਗੂ ਕਾਮਰੇਡ ਸਵਰਨ ਸਿੰਘ ਖੋਸਾ ਤੇ ਨਰੇਗਾ ਰੁਜ਼ਗਾਰ ਪ੍ਰਾਪਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਜਗਸੀਰ ਖੋਸਾ ਤੇ ਸਰਬ ਭਾਰਤ ਨੌਜਵਾਨ ਸਭਾ ਦੀ ਸੂਬਾ ਪ੍ਰਧਾਨ ਕਰਮਵੀਰ ਕੌਰ ਬੱਧਣੀ ਨੇ ਸੰਬੋਧਨ ਕੀਤਾ।

# ਸੜਕ ਹਾਦਸੇ 'ਚ ਦੋ ਵਿਅਕਤੀਆਂ ਦੀ ਮੌਤ, ਚਾਰ ਜ਼ਖ਼ਮੀ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸਰਹਿੰਦ-ਲਾਂਡਰਾਂ ਮਾਰਗ 'ਤੇ ਸਥਿਤ ਕਸਬਾ ਚੁੰਨੀ ਕਲਾਂ ਨਜ਼ਦੀਕ ਐਤਵਾਰ ਸਵੇਰੇ ਤਿੰਨ ਕਾਰਾਂ ਦੀ ਟੱਕਰ ਹੋ ਜਾਣ ਕਾਰਨ ਦੋ ਵਿਅਕਤੀਆਂ ਦੀ ਮੌਤ ਹੋ ਜਾਣ ਅਤੇ ਦੋ ਬੱਚਿਆਂ ਸਮੇਤ ਚਾਰ ਵਿਅਕਤੀਆਂ ਦੇ ਜ਼ਖਮੀ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਮ੍ਰਿਤਕਾਂ ਦੀ ਪਹਿਚਾਣ ਭੁਪਿੰਦਰ ਸਿੰਘ ਵਾਸੀ ਪਿੰਡ ਬੈਦਵਾਨ ਬਾਸੀਆਂ ਵਜੋਂ ਤੇ ਲਖਵਿੰਦਰ ਸਿੰਘ ਵਾਸੀ ਪਿੰਡ ਚੜ੍ਹੀ ਵਜੋਂ ਦੱਸੀ ਜਾ ਰਹੀ ਹੈ, ਜਦੋਂਕਿ ਜ਼ਖਮੀਆਂ 'ਚ ਮ੍ਰਿਤਕ ਲਖਵਿੰਦਰ ਸਿੰਘ ਦੀ ਪਤਨੀ ਗੁਰਪ੍ਰੀਤ ਕੌਰ, ਉਨ੍ਹਾਂ ਦੇ ਦੋ ਲੜਕਿਆਂ ਹਰਸ਼ਪ੍ਰੀਤ ਸਿੰਘ, ਸੁਖਵਿੰਦਰ ਸਿੰਘ ਵਾਸੀਆਨ ਪਿੰਡ ਚੜ੍ਹੀ ਤੇ ਅਭਿਸ਼ੇਕ ਰਾਏ ਵਾਸੀ ਚੰਡੀਗੜ੍ਹ ਵਜੋਂ ਹੋਈ ਹੈ।

ਹਾਦਸੇ ਸਬੰਧੀ ਜਾਣਕਾਰੀ ਦਿੰਦੇ ਹੋਏ ਪੁਲਸ ਚੌਕੀ ਚੁੰਨੀ ਕਲਾਂ ਦੇ ਇੰਚਾਰਜ ਸਬ-ਇੰਸਪੈਕਟਰ ਹਰਜੀਤ ਸਿੰਘ ਨੇ ਦੱਸਿਆ ਕਿ ਮੁੱਢਲੀ ਜਾਂਚ ਦੌਰਾਨ ਪਤਾ ਲੱਗਾ ਹੈ ਕਿ ਲਖਵਿੰਦਰ ਸਿੰਘ ਆਪਣੀ ਪਤਨੀ ਤੇ ਬੱਚਿਆਂ ਸਮੇਤ ਕਾਰ 'ਚ ਸਵਾਰ ਹੋ ਕੇ ਪਿੰਡ ਚੜ੍ਹੀ ਤੋਂ ਚੰਡੀਗੜ੍ਹ ਨੂੰ ਜਾ ਰਿਹਾ ਸੀ ਤੇ ਇਸੇ ਦੌਰਾਨ ਪਿੰਡ ਬੈਦਵਾਨ ਬਾਸੀਆਂ ਦਾ ਭੁਪਿੰਦਰ ਸਿੰਘ ਕਾਰ 'ਚ ਸਵਾਰ ਹੋ ਕੇ ਪਿੰਡ ਤੋਂ ਚੁੰਨੀ ਵੱਲ ਨੂੰ ਆ ਰਿਹਾ ਸੀ ਤੇ ਚੁੰਨੀ ਕਲਾਂ ਦੀ ਐੱਸ.ਵਾਈ.ਐੱਲ. ਨਹਿਰ ਨਜ਼ਦੀਕ ਪਹੁੰਚਣ 'ਤੇ ਦੋਵਾਂ ਦੀਆਂ ਕਾਰਾਂ ਆਹਮਣੇ ਸਾਹਮਣੇ ਟਕਰਾ ਗਈਆਂ ਤੇ ਇਸੇ ਦੌਰਾਨ ਚੰਡੀਗੜ੍ਹ ਤੋਂ ਲੁਧਿਆਣਾ ਨੂੰ ਕਾਰ 'ਚ ਜਾ ਰਹੇ ਅਭਿਸ਼ੇਕ ਰਾਏ ਵਾਸੀ ਚੰਡੀਗੜ੍ਹ ਦੀ ਕਾਰ ਵੀ ਭੁਪਿੰਦਰ ਸਿੰਘ ਦੀ ਕਾਰ ਪਿੱਛੇ ਜਾ ਟਕਰਾਈ।ਇਸ ਹਾਦਸੇ ਕਾਰਨ ਭੁਪਿੰਦਰ ਸਿੰਘ ਤੇ ਲਖਵਿੰਦਰ ਸਿੰਘ ਦੀ ਮੌਤ ਹੋ ਗਈ, ਜਦੋਂਕਿ ਅਭਿਸ਼ੇਕ ਰਾਏ, ਗੁਰਪ੍ਰੀਤ ਕੌਰ, ਹਰਸ਼ਪ੍ਰੀਤ ਸਿੰਘ ਤੇ ਸੁਖਵਿੰਦਰ ਸਿੰਘ ਜ਼ਖਮੀ ਹੋ ਗਏ।ਚੌਕੀ ਇੰਚਾਰਜ ਹਰਜੀਤ ਸਿੰਘ ਨੇ ਦੱਸਿਆ ਕਿ ਮ੍ਰਿਤਕਾਂ ਦੀਆਂ ਲਾਸ਼ਾਂ ਨੂੰ ਪੋਸਟ ਮਾਰਟਮ ਲਈ ਸਿਵਲ ਹਸਪਤਾਲ ਫ਼ਤਹਿਗੜ੍ਹ ਸਾਹਿਬ ਦੀ ਮੌਰਚਰੀ 'ਚ ਰਖਵਾਇਆ ਗਿਆ ਹੈ ਤੇ ਮਾਮਲੇ ਦੀ ਜਾਂਚ ਜਾਰੀ ਹੈ।

# ਜ਼ਿਮਨੀ ਚੋਣ ਦੌਰਾਨ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਾਣਭੱਤਾ ਵਰਕਰਾਂ ਦੀ ਲਲਕਾਰ

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਵਿਸ਼ਾਲ ਰੈਲੀ ਤੇ ਰੋਸ ਮੁਜ਼ਾਹਰਾ



**ਲੁਧਿਆਣਾ (ਕਬੂਰੀਆ)**

ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੇ ਜਾਣ ਦੇ ਰੋਸ ਵਜੋਂ 'ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ' ਵੱਲੋਂ ਵਿਧਾਨ ਸਭਾ ਜ਼ਿਮਨੀ ਚੋਣ ਦੌਰਾਨ ਸਥਾਨਕ ਆਰਤੀ ਚੌਕ ਵਿਖੇ ਵਿਸ਼ਾਲ ਰੈਲੀ ਕਰਨ ਉਪਰੰਤ ਘੁਮਾਰ ਮੰਡੀ ਤੱਕ ਰੋਸ ਮਾਰਚ ਕੀਤਾ ਗਿਆ।ਇਸ ਮੌਕੇ ਲੁਧਿਆਣਾ ਪ੍ਰਸ਼ਾਸਨ ਵੱਲੋਂ ਪਹੁੰਚੇ ਏ.ਡੀ.ਸੀ. ਕੁਲਪ੍ਰੀਤ ਸਿੰਘ ਵੱਲੋਂ ਸਾਂਝੇ ਫਰੰਟ ਦੇ ਆਗੂਆਂ ਨੂੰ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਨਾਲ 26 ਜੂਨ ਨੂੰ ਚੰਡੀਗੜ੍ਹ ਵਿਖੇ ਤੈਅ ਹੋਈ ਮੀਟਿੰਗ ਦਾ ਸੱਦਾ ਪੱਤਰ ਸੌਂਪਿਆ ਗਿਆ।

ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਗਗਨਦੀਪ ਭੁੱਲਰ, ਸਤੀਸ਼ ਰਾਣਾ, ਜਰਮਨਜੀਤ ਸਿੰਘ, ਸੁਖਦੇਵ ਸਿੰਘ ਸੈਣੀ, ਬਾਜ਼ ਸਿੰਘ ਖਹਿਰਾ, ਕੁਲਵਰਨ ਸਿੰਘ, ਬੀ. ਐੱਸ. ਸੈਣੀ, ਸ਼ਿਵ ਕੁਮਾਰ ਤਿਵਾੜੀ, ਸੁਰਿੰਦਰ ਪੁਆਰੀ, ਸੁਰਿੰਦਰ ਰਾਮ ਕੁੱਸਾ, ਰਘਬੀਰ ਸਿੰਘ ਰਾਮਗੜ੍ਹ, ਸੁਰਿੰਦਰ ਸਿੰਘ ਲਾਹੋਰੀਆ, ਗੁਰਮੇਲ ਸਿੰਘ ਮੈਲਡੇ, ਕਸ਼ਮੀਰ ਸਿੰਘ, ਚਮਕੌਰ ਸਿੰਘ, ਬੋਬਿੰਦਰ ਸਿੰਘ, ਹਰਵਿੰਦਰ ਸਿੰਘ ਬਿਲਗਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਦੇ ਦਰਕਿਨਾਰ ਕਰਦਿਆਂ ਪੈਨਸ਼ਨਰਾਂ ਉੱਤੇ 2.59 ਦਾ ਗੁਣਾਂਕ ਲਾਗੂ ਕਰਨ, ਮਾਣ ਭੱਤਾ ਵਰਕਰਾਂ 'ਤੇ ਘੱਟੋ-ਘੱਟ ਉਜ਼ਰਤਾਂ ਕਾਨੂੰਨ ਲਾਗੂ ਕਰਨ, ਕੱਚੇ/ਆਊਟਸੋਰਸ/ਇਨਲਿਸਟਡ ਤੇ ਵੱਖ-ਵੱਖ ਸੁਸਾਇਟੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਨ, ਪੇਂਡੂ ਤੇ ਬਾਰਡਰ ਏਰੀਆ ਸਮੇਤ ਕੱਟੇ ਗਏ ਸਾਰੇ ਭੱਤੇ ਅਤੇ ਏ. ਸੀ. ਪੀ. ਬਹਾਲ ਕਰਨ, ਖਰਖ ਕਾਲ ਦੌਰਾਨ ਮੁੱਢਲੀ ਤਨਖਾਹ ਦੇਣ ਦਾ ਫ਼ੈਸਲਾ ਰੱਦ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਏ ਜਾਰੀ ਕਰਨ, ਜਜੀਆ ਰੂਪੀ 200 ਰੁਪਏ ਵਿਕਾਸ ਟੈਕਸ ਬੰਦ ਕਰਨ ਸਮੇਤ ਮੁਲਾਜ਼ਮਾਂ ਦੀਆਂ ਹੋਰ ਮੰਗਾਂ ਪੂਰੀਆਂ ਕਰਨ ਤੋਂ ਲੱਗਭੱਗ ਲੱਗਭੱਗ ਇਨਕਾਰੀ ਹੋ ਚੁੱਕੀ ਹੈ, ਜਦੋਂਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਮੁਲਾਜ਼ਮਾਂ ਤੇ ਮਾਣਭੱਤਾ ਵਰਕਰਾਂ ਨੂੰ ਅਨੇਕਾਂ ਕਿਸਮ ਦੀਆਂ ਗਰੰਟੀਆਂ ਦਿੱਤੀਆਂ ਗਈਆਂ ਸਨ।ਉਨ੍ਹਾਂ ਆਖਿਆ ਕਿ ਜਿਸ ਪਾਰਟੀ ਦੀ ਸਰਕਾਰ ਵੱਲੋਂ ਪਹਿਲੀਆਂ ਗਰੰਟੀਆਂ ਪੂਰੀਆਂ ਨਹੀਂ ਕੀਤੀਆਂ ਗਈਆਂ, ਉਹ ਹੁਣ ਜ਼ਿਮਨੀ ਚੋਣ ਦੌਰਾਨ ਲੁਧਿਆਣਾ ਵਾਸੀਆਂ ਨਾਲ ਤਰ੍ਹਾਂ ਤਰ੍ਹਾਂ ਦੇ ਝੂਠੇ ਵਾਅਦੇ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਹਰਦੀਪ ਟੋਡਰਪੁਰ, ਐੱਨ.ਡੀ. ਤਿਵਾੜੀ, ਇੰਦਰਜੀਤ ਖੀਵਾ, ਗੁਰਵਿੰਦਰ ਸਿੰਘ, ਸੀਸਨ ਕੁਮਾਰ, ਸਤਨਾਮ ਸਿੰਘ ਰੰਧਾਵਾ, ਰਣਜੀਤ ਸਿੰਘ ਫਤਿਹਗੜ੍ਹ ਸਾਹਿਬ, ਜਗਤਾਰ ਸਿੰਘ, ਰਾਜ ਕੁਮਾਰ ਅਰੋੜਾ, ਸੁਸ਼ੀਲ ਕੁਮਾਰ, ਗੁਰਜੰਟ ਸਿੰਘ ਕੋਕਰੀ, ਪਰਮਜੀਤ ਕੌਰ ਮਾਨ, ਗੁਰਦੀਪ ਸਿੰਘ ਕੂਕਾ ਆਦਿ ਨੇ ਆਖਿਆ ਕਿ ਪੰਜਾਬ ਸਰਕਾਰ ਮੁਲਾਜ਼ਮਾਂ, ਪੈਨਸ਼ਨਰਾਂ, ਮਾਣਭੱਤਾ ਵਰਕਰਾਂ ਤੇ ਸਮਾਜ ਦੇ ਹੋਰ ਵਰਗਾਂ ਦੇ ਮਸਲੇ ਹੱਲ ਕਰਨ ਦੀ ਬਜਾਏ ਕੇਂਦਰ ਦੀ ਮੋਦੀ ਸਰਕਾਰ ਦੀ ਤਰਜ਼ 'ਤੇ ਪੰਜਾਬ ਨੂੰ ਪੁਲਸ ਸਟੇਟ ਵਿੱਚ ਬਦਲ ਰਹੀ ਹੈ, ਜਿਸ ਨੂੰ ਪੰਜਾਬ ਦੇ ਲੋਕ ਕਦੇ ਵੀ ਬਰਦਾਸ਼ਤ ਨਹੀਂ ਕਰਨਗੇ।

ਸਾਂਝੇ ਫਰੰਟ ਦੇ ਆਗੂਆਂ ਹਰਿੰਦਰ ਦੁਸਾਂਝ, ਨਵਪ੍ਰੀਤ ਬੱਲੀ, ਗੁਰਦੀਪ ਸਿੰਘ ਵਾਲੀਆ, ਵਿਕਰਮਦੇਵ ਸਿੰਘ, ਸੁਖਵਿੰਦਰ ਸਿੰਘ ਚਾਹਲ, ਮਾਲਵਿੰਦਰ ਸਿੰਘ, ਹਰਪ੍ਰੀਤ ਸਿੰਘ ਖੱਟੜਾ, ਸਵਰਨ ਸਿੰਘ ਦਰਸ਼ਨ ਸਿੰਘ ਸਰੀਕੇ, ਜਗਦੀਸ਼ ਸ਼ਰਮਾ, ਦਲੀਪ ਸਿੰਘ, ਸ਼ਮਸ਼ੇਰ ਸਿੰਘ ਅਮ੍ਰਿਤਸਰ, ਚਮਕੌਰ ਸਿੰਘ, ਮਨਦੀਪ ਕੌਰ ਬਿਲਗਾ ਤੇ ਪ੍ਰਵੀਨ ਕੁਮਾਰੀ ਆਦਿ ਨੇ ਕਿਹਾ ਕਿ ਜਦੋਂ ਤੱਕ ਸਾਂਝੇ ਫਰੰਟ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ, ਉਦੋਂ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ, ਜਿਸ ਦੀ ਆਮ ਆਦਮੀ ਪਾਰਟੀ ਨੂੰ ਸਿਆਸੀ ਕੀਮਤ ਚੁਕਾਉਣੀ ਪਵੇਗੀ।

## ਕਾਤਰਾਂ

### ਪ੍ਰਵਾਸੀ ਪਰਵਾਰਾਂ ਦੀਆਂ ਲਾਪਤਾ ਚਾਰ ਲੜਕੀਆਂ ਦੇ ਮਾਮਲੇ 'ਚ ਕੇਸ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**- ਬੀਤੇ ਦਿਨੀਂ ਕਥਿਤ ਤੌਰ 'ਤੇ ਲਾਪਤਾ ਹੋਈਆਂ ਪ੍ਰਵਾਸੀ ਪਰਵਾਰਾਂ ਦੀਆਂ ਚਾਰ ਲੜਕੀਆਂ ਦੇ ਮਾਮਲੇ 'ਚ ਅਮਲੋਹ ਪੁਲਸ ਵੱਲੋਂ ਕੇਸ ਦਰਜ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਇੱਕ ਲੜਕੇ ਨੇ ਪੁਲਸ ਨੂੰ ਦਿੱਤੇ ਬਿਆਨਾਂ 'ਚ ਦੱਸਿਆ ਕਿ ਉਸ ਦੀ ਭੈਣ ਜੋ ਕਿ ਬਾਰਵੀਂ ਜਮਾਤ ਦੀ ਪੜ੍ਹਾਈ ਕਰਨ ਤੋਂ ਬਾਅਦ ਘਰ 'ਚ ਹੀ ਰਹਿੰਦੀ ਸੀ, 11 ਜੂਨ ਨੂੰ ਬਿਨਾਂ ਕਿਸੇ ਨੂੰ ਕੁਝ ਦੱਸੇ ਘਰੋਂ ਚਲੀ ਗਈ, ਜਿਸ ਦੀਆਂ ਸਹੇਲੀਆਂ ਤੇ ਉਹ ਅਕਸਰ ਇੱਕ ਦੂਜੇ ਦੇ ਘਰ ਆਉਂਦੀਆਂ ਜਾਂਦੀਆਂ ਰਹਿੰਦੀਆਂ ਸਨ, ਜਿਸ ਸਬੰਧੀ ਜਦੋਂ ਉਹ ਆਪਣੀ ਭੈਣ ਦੀ ਭਾਲ ਕਰਦਾ ਹੋਇਆ ਉਸ ਦੀ ਸਹੇਲੀ ਦੇ ਘਰ ਗਿਆ ਤਾਂ ਉਨ੍ਹਾਂ ਨੇ ਦੱਸਿਆ ਕਿ ਉਹ ਛੱਲੀਆਂ ਤੋੜਨ ਦਾ ਕਹਿ ਕੇ ਘਰੋਂ ਗਈਆਂ ਸਨ, ਜੋ ਮੁੜ ਘਰ ਵਾਪਸ ਨਹੀਂ ਪਰਤੀਆਂ। ਸ਼ਿਕਾਇਤਕਰਤਾ ਨੇ ਦੱਸਿਆ ਕਿ ਉਸ ਦੀ ਭੈਣ ਤੋਂ ਇਲਾਵਾ ਉਸ ਦੀਆਂ ਤਿੰਨ ਹੋਰ ਸਹੇਲੀਆਂ ਵੀ ਘਰੋਂ ਲਾਪਤਾ ਹਨ, ਜਿਸ ਸਬੰਧੀ ਉਨ੍ਹਾਂ ਨੂੰ ਸ਼ੱਕ ਹੈ ਕਿ ਉਨ੍ਹਾਂ ਦੀਆਂ ਲੜਕੀਆਂ ਨੂੰ ਕਿਸੇ ਨੇ ਜਾਣ-ਬੁੱਝ ਕੇ ਕਿਤੇ ਲੁਕਾ-ਛੁਪਾ ਕੇ ਰੱਖਿਆ ਹੋਇਆ ਹੈ।ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕਰਕੇ ਥਾਣਾ ਅਮਲੋਹ ਦੀ ਪੁਲਸ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

### ਕਿਸਾਨਾਂ ਦੀਆਂ 3 ਮੋਟਰਾਂ ਚੋਰੀ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੀਤੀ ਰਾਤ ਚੋਰਾਂ ਨੇ ਪਿੰਡ ਨੂਰਪੁਰ ਵਿਖੇ ਕਿਸਾਨਾਂ ਦੇ ਖੇਤਾਂ 'ਚੋਂ 3 ਮੋਟਰਾਂ ਚੋਰੀ ਕਰ ਲਈਆਂ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਚੋਰਾਂ ਨੇ ਕਿਸਾਨ ਯਾਦਵਿੰਦਰ ਸਿੰਘ ਦੀਆਂ 2 ਮੋਟਰਾਂ, ਜੋ ਕਿ ਉਸ ਨੇ ਜ਼ਮੀਨ ਠੇਕੇ 'ਤੇ ਲਈ ਹੋਈ ਸੀ ਤੇ ਇੱਕ ਮੋਟਰ ਅਰੁਣ ਕੁਮਾਰ ਲੂਥਰਾ ਦੇ ਖੇਤਾਂ 'ਚੋਂ ਚੋਰੀ ਕਰ ਲਈ। ਝੋਨੇ ਦੀ ਬਿਜਾਈ ਜ਼ੋਰਾਂ 'ਤੇ ਹੋਣ ਕਾਰਨ ਕਿਸਾਨਾਂ ਨੂੰ ਮੋਟਰਾਂ ਦੀ ਬੇਹੱਦ ਜ਼ਰੂਰਤ ਹੁੰਦੀ ਹੈ, ਪਰ ਇਸ ਮੌਕੇ ਚੋਰਾਂ ਨੇ ਇਨ੍ਹਾਂ ਘਟਨਾਵਾਂ ਨੂੰ ਅੰਜਾਮ ਦੇ ਕੇ ਕਿਸਾਨਾਂ ਦਾ ਵੱਡਾ ਆਰਥਿਕ ਨੁਕਸਾਨ ਕੀਤਾ ਹੈ। ਕਿਸਾਨਾਂ ਵੱਲੋਂ ਚੋਰੀ ਸਬੰਧੀ ਪੁਲਸ ਨੂੰ ਸੂਚਿਤ ਕਰ ਦਿੱਤਾ ਗਿਆ ਹੈ।

### ਚੋਰੀ ਦੇ 2 ਮੋਟਰਸਾਈਕਲਾਂ ਸਮੇਤ 2 ਕਾਬੂ, ਇੱਕ ਫ਼ਰਾਰ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ 2 ਮੋਟਰਸਾਈਕਲ ਚੋਰੀ ਕਰਨ ਦੇ ਕਥਿਤ ਦੋਸ਼ ਹੇਠ 3 ਵਿਅਕਤੀਆਂ ਪ੍ਰਗਟ ਸਿੰਘ ਉਰਫ਼ ਕਾਲਾ ਵਾਸੀ ਭੱਟੀਆਂ, ਪਰਮਵੀਰ ਸਿੰਘ ਉਰਫ਼ ਪਰਮ ਵਾਸੀ ਜਲਾਹ ਮਾਜਰਾ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਅਤੇ ਮੇਜਰ ਸਿੰਘ ਵਾਸੀ ਭਮਾ ਕਲਾਂ ਅਜੇ ਫ਼ਰਾਰ ਹੈ। ਥਾਣਾ ਮੁਖੀ ਹਰਵਿੰਦਰ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਪਵਨਜੀਤ ਸਿੰਘ ਵੱਲੋਂ ਗਸ਼ਤ ਕੀਤੀ ਜਾ ਰਹੀ ਸੀ ਕਿ ਉਸ ਨੂੰ ਕਿਸੇ ਮੁਖ਼ਬਰ ਨੇ ਸੂਚਨਾ ਦਿੱਤੀ ਕਿ ਪ੍ਰਗਟ ਸਿੰਘ, ਪਰਮਵੀਰ ਸਿੰਘ ਤੇ ਮੇਜਰ ਸਿੰਘ ਚੋਰੀ ਦੇ ਮੋਟਰਸਾਈਕਲ ਸਮੇਤ ਭੱਟੀਆਂ ਤੋਂ ਮਾਛੀਵਾੜਾ ਵੱਲ ਆ ਰਹੇ ਹਨ। ਪੁਲਸ ਵੱਲੋਂ ਕੁਹਾੜਾ ਰੋਡ 'ਤੇ ਨਾਕਾਬੰਦੀ ਕੀਤੀ ਗਈ ਤਾਂ 2 ਮੋਟਰਸਾਈਕਲਾਂ ਨੂੰ ਜਾਂਚ ਲਈ ਰੋਕਿਆ। ਪੁਲਸ ਪਾਰਟੀ ਨੂੰ ਦੇਖ ਕੇ ਇੱਕ ਨੌਜਵਾਨ ਛਾਲ ਮਾਰ ਕੇ ਭੱਜ ਗਿਆ, ਜਦਕਿ 2 ਨੂੰ ਕਾਬੂ ਕਰ ਲਿਆ ਗਿਆ। ਇਨ੍ਹਾਂ ਦੀ ਪਹਿਚਾਣ ਪ੍ਰਗਟ ਸਿੰਘ ਤੇ ਪਰਮਵੀਰ ਸਿੰਘ ਵਜੋਂ ਹੋਈ ਹੈ ਅਤੇ ਉਨ੍ਹਾਂ ਪਾਸੋਂ ਬਰਾਮਦ ਹੋਏ 2 ਮੋਟਰਸਾਈਕਲ ਚੋਰੀ ਦੇ ਹਨ। ਥਾਣਾ ਮੁਖੀ ਨੇ ਦੱਸਿਆ ਕਿ ਇਨ੍ਹਾਂ ਦੋਵਾਂ ਮੁਲਜ਼ਮਾਂ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਰਿਮਾਂਡ ਲਿਆ ਜਾਵੇਗਾ।

# ਜਲ ਸਪਲਾਈ ਮੁਲਾਜ਼ਮਾਂ ਵੱਲੋਂ ਕੈਬਨਿਟ ਮੰਤਰੀ ਮੁੰਡੀਆਂ ਦੀ ਰਿਹਾਇਸ਼ ਦਾ ਘਿਰਾਓ

- ਸੂਬਾ ਪੱਧਰੀ ਧਰਨੇ 'ਚ ਪੰਜਾਬ ਭਰ ਤੋਂ ਜਲ ਸਪਲਾਈ ਵਰਕਰ ਪਰਵਾਰਾਂ ਸਮੇਤ ਹੋਏ ਸ਼ਾਮਲ ਹੋਏ
- 18 ਨੂੰ ਮੁੱਖ ਮੰਤਰੀ ਨਾਲ ਪੈਨਲ ਮੀਟਿੰਗ ਤੈਅ ਹੋਣ ਉਪਰੰਤ ਧਰਨਾ ਸਮਾਪਤ



**ਜਲਾਲਾਬਾਦ/ਲੁਧਿਆਣਾ (ਜੰਗੀਰ ਕੌਰ ਫਲੀਆਂਵਾਲਾ/ਜੀਤ ਕੁਮਾਰ/ਕਬੂਰੀਆ)**-ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ 'ਚ ਫੀਲਡ ਤੇ ਦਫਤਰਾਂ ਵਿੱਚ ਪਿਛਲੇ 15-20 ਸਾਲਾਂ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਤਜਰਬੇ ਦੇ ਅਧਾਰ 'ਤੇ ਮਰਜ਼ ਕਰਕੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨਾ, ਵਿਭਾਗ ਦਾ ਨਿੱਜੀਕਰਨ/ਪੰਚਾਇਤੀਕਰਨ, ਜਲ ਸਪਲਾਈ ਸਕੀਮਾਂ ਤੇ ਸਕਾਡਾ ਪ੍ਰਣਾਲੀ ਲਗਾਉਣ ਦੀਆਂ ਨੀਤੀਆਂ ਨੂੰ ਰੱਦ ਕਰਵਾਉਣ ਤੇ ਮੰਗ-ਪੱਤਰ ਵਿਚ ਦਰਜ ਮੰਗਾਂ ਦਾ ਹੱਲ ਕਰਨ ਦੀ ਮੰਗ ਲਈ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਵੱਲੋਂ ਐਤਵਾਰ ਨੂੰ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੇ ਹਲਕੇ ਸਾਹਨੇਵਾਲਾ ਦੇ ਸ਼ਹਿਰ ਕੁਹਾੜਾ ਵਿਖੇ ਮੰਤਰੀ ਦੀ ਕੋਠੀ ਦਾ ਘਿਰਾਓ ਕਰਕੇ ਸੂਬਾ ਪੱਧਰੀ ਧਰਨਾ ਦਿੱਤਾ ਗਿਆ।ਕਹਿਰ ਦੀ ਪੈ ਰਹੀ ਗਰਮੀ ਦੀ ਬਿਨਾਂ ਪ੍ਰਵਾਹ ਕੀਤੇ ਪੰਜਾਬ ਭਰ ਤੋਂ ਜਲ ਸਪਲਾਈ ਵਰਕਰ ਆਪਣੇ ਪਰਵਾਰਾਂ ਸਮੇਤ ਭਾਗ ਲਿਆ।

ਇਸ ਸਬੰਧੀ ਇਥੇ ਪ੍ਰੈੱਸ ਨੋਟ ਜਾਰੀ ਕਰਦਿਆਂ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ ਤੇ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਨੇ ਦੱਸਿਆ ਕਿ ਜਿੱਥੇ ਇਕ ਪਾਸੇ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਤੇ ਦਫਤਰਾਂ 'ਚ ਪਿਛਲੇ 15-20 ਸਾਲਾਂ ਤੋਂ ਇਕ ਵਰਕਰ ਦੇ ਰੂਪ ਵਿੱਚ ਰੈਗੂਲਰ ਮੁਲਾਜ਼ਮਾਂ ਵਾਂਗ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਵਰਕਰਾਂ ਨੂੰ ਸਿੱਧਾ ਵਿਭਾਗ 'ਚ ਸ਼ਾਮਲ ਕਰਨ ਵਾਲੀ ਤਜਵੀਜ਼ ਲਾਗੂ ਕਰਕੇ ਪੱਕਾ ਰੁਜ਼ਗਾਰ ਕਰਨ ਵਾਲੀ ਪ੍ਰਮੁੱਖ ਮੰਗ ਦਾ ਹੱਲ ਕਰਨ ਵਿੱਚ ਪੰਜਾਬ ਸਰਕਾਰ ਤੇ ਵਿਭਾਗੀ ਮੈਨੇਜਮੈਂਟ ਵੱਲੋਂ ਅਣਦੇਖੀ ਕੀਤੀ ਜਾ ਰਹੀ ਹੈ, ਉਥੇ ਇਸ ਦੇ ਨਾਲ ਹੀ ਜਲ ਸਪਲਾਈ ਸਕੀਮਾਂ 'ਤੇ ਸਕਾਡਾ ਸਿਸਟਮ ਤੇ ਨਿੱਜੀਕਰਨ/ਪੰਚਾਇਤੀਕਰਨ ਕਰਨ ਦੀਆਂ ਨੀਤੀਆਂ ਲਾਗੂ ਕਰਕੇ ਵਰਕਰਾਂ ਦੇ ਕੱਚੇ ਪਿੱਲੇ ਰੁਜ਼ਗਾਰ ਨੂੰ ਖੋਹ ਕੇ ਬੇਰੁਜ਼ਗਾਰ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਜਿਸ ਦੇ ਚਲਦੇ ਵਰਕਰਾਂ ਵੱਲੋਂ ਮਜਬੂਰੀ ਵੱਸ ਆਪਣੇ ਰੁਜ਼ਗਾਰ ਨੂੰ ਬਚਾਉਣ ਲਈ ਸੰਘਰਸ਼ ਦਾ ਰਸਤਾ ਅਪਣਾਇਆ ਜਾ ਰਿਹਾ ਹੈ।

ਇਸੇ ਕੜੀ ਤਹਿਤ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਦੇ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਦੀ ਰਿਹਾਇਸ਼ ਦਾ ਘੇਰਾਓ ਕਰਕੇ ਪਰਵਾਰਾਂ ਤੇ ਬੱਚਿਆਂ ਸਮੇਤ ਧਰਨਾ ਦਿੱਤਾ ਜਾ ਰਿਹਾ ਹੈ ਤੇ ਕਹਿਰ ਦੀ ਪੈ ਰਹੀ ਗਰਮੀ ਦੀ ਤਪਸ਼ ਵਿੱਚ ਆਪਣੇ ਕੱਚੇ ਰੁਜ਼ਗਾਰ ਨੂੰ ਬਚਾਉਣ ਲਈ ਪੁਰਅਮਨ ਢੰਗ ਨਾਲ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ 'ਚ ਪਿਛਲੇ 15-20 ਸਾਲਾਂ ਦੇ ਲੰਮੇ ਸਮੇਂ ਤੋਂ ਇੱਕ ਵਰਕਰ ਦੇ ਰੂਪ ਵਿੱਚ ਸੇਵਾਵਾਂ ਦੇ ਰਹੇ ਇਨਲਿਸਟਮੈਂਟ ਤੇ ਆਊਟਸੋਰਸ ਠੇਕਾ ਅਧਾਰਤ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾਂਦਾ, ਉਸ ਸਮੇਂ ਤੱਕ ਲੇਬਰ ਐਕਟ 1948 ਅਤੇ 2019 ਵਿਚ 15ਵੀਂ ਲੇਬਰ ਕਮਿਸ਼ਨਰ ਦੀਆਂ ਸਿਫਾਰਸ਼ਾਂ ਅਨੁਸਾਰ ਘੱਟੋ-ਘੱਟ ਉਜ਼ਰਤ 34244 ਰੁਪਏ ਜਸਸ ਵਿਭਾਗ 'ਚ ਫੀਲਡ ਤੇ ਦਫਤਰਾਂ ਵਿੱਚ ਕੰਮ ਕਰਦੇ ਇਨਲਿਸਟਮੈਂਟ/ਆਊਟਸੋਰਸ ਵਰਕਰਾਂ 'ਤੇ ਲਾਗੂ ਕੀਤੀਆਂ ਜਾਣ।ਉਨ੍ਹਾਂ ਕਿਹਾ ਕਿ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਆਪਣੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਪੈਨਲ ਮੀਟਿੰਗ ਕਰਵਾ ਕੇ ਉਪਰੋਕਤ ਮੰਗਾਂ ਦਾ ਹੱਲ ਜਲਦੀ ਨਾ ਕੀਤਾ ਗਿਆ ਤਾਂ ਜਥੇਬੰਦੀ ਵੱਲੋਂ ਸੰਘਰਸ਼ ਨੂੰ ਮਜਬੂਰਨ ਤਿੱਖਾ ਕੀਤਾ ਜਾਵੇਗਾ।ਇਸ ਧਰਨੇ ਵਿੱਚ ਭਰਾਤਰੀ ਜਥੇਬੰਦੀਆਂ ਦੇ ਆਗੂਆਂ ਸੁਦਾਗਰ ਸਿੰਘ ਬੀਕੇਯੂ ਉਗਰਾਹਾਂ ਏਕਤਾ, ਜੀ.ਐੱਚ.ਟੀ.ਪੀ. ਠੇਕਾ ਮੁਲਾਜ਼ਮ ਯੂਨੀਅਨ (ਆਜ਼ਾਦ) ਲਹਿਰਾ ਮੁਹੱਬਤ ਦੇ ਸੂਬਾ ਪ੍ਰਧਾਨ ਜਗਰੂਪ ਸਿੰਘ ਲਹਿਰਾਂ, ਪੀ.ਐੱਸ.ਪੀ.ਸੀ.ਐੱਲ. ਤੇ ਪੀ.ਐੱਸ.ਟੀ.ਸੀ.ਐੱਲ. ਕੰਟਰੈਕਟਚੁਅਲ ਵਰਕਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਗੁਰਵਿੰਦਰ ਸਿੰਘ ਪੰਨੂ, ਜਸਵਿੰਦਰ ਸਿੰਘ ਟੀਐੱਸਯੂ ਭੰਗਲ ਸੂਬਾ ਪ੍ਰਧਾਨ, ਹਰਜਿੰਦਰ ਸਿੰਘ ਮੋਲਡਰ ਐਂਡ ਸਟੀਲ ਵਰਕਰ ਯੂਨੀਅਨ ਨੇ ਹਮਾਇਤ ਵਿੱਚ ਸ਼ਿਰਕਤ ਕੀਤੀ।ਇਸ ਮੌਕੇ ਜਥੇਬੰਦੀ ਦੇ ਉਪਰੋਕਤ ਆਗੂਆਂ ਤੋਂ ਇਲਾਵਾ ਸੂਬਾ ਸੀਨੀਅਰ ਮੀਤ ਪ੍ਰਧਾਨ ਹਾਕਮ ਸਿੰਘ ਧਨੇਠਾ, ਜਗਰੂਪ ਸਿੰਘ, ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ, ਜੁਆਇਟ ਪ੍ਰੈੱਸ ਸਕੱਤਰ ਜਸਵੀਰ ਸਿੰਘ ਸੀਰਾ, ਮੀਤ ਪ੍ਰਧਾਨ ਭੁਪਿੰਦਰ ਸਿੰਘ ਕੁਤਬੇਵਾਲ, ਪ੍ਰਦੂਮਣ ਸਿੰਘ, ਖਜ਼ਾਨਚੀ ਰੁਪਿੰਦਰ ਸਿੰਘ, ਜਸਬੀਰ ਸਿੰਘ ਜਿੰਦਵੜੀ, ਬਲਜੀਤ ਸਿੰਘ ਭੱਟੀ, ਮਨਪ੍ਰੀਤ ਸਿੰਘ, ਮੇਜਰ ਸਿੰਘ, ਗੁਰਵਿੰਦਰ ਸਿੰਘ, ਸੁਰਿੰਦਰ ਸਿੰਘ ਮੌਜੂਦ ਸਨ।ਧਰਨੇ ਦੌਰਾਨ ਕੈਬਨਿਟ ਮੰਤਰੀ ਦੇ ਨਾਲ ਯੂਨੀਅਨ ਦੇ ਆਗੂਆਂ ਵੱਲੋਂ ਮੀਟਿੰਗ ਕੀਤੀ ਗਈ।ਇਸ ਦੌਰਾਨ ਮੰਤਰੀ ਹਰਦੀਪ ਸਿੰਘ ਮੁੰਡੀਆ ਵੱਲੋਂ ਯੂਨੀਅਨ ਦੀਆਂ ਮੰਗਾਂ ਮਸਲਿਆਂ ਦਾ ਹੱਲ ਕਰਵਾਉਣ ਲਈ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਪੈਨਲ ਮੀਟਿੰਗ 18 ਜੂਨ 2025 ਨੂੰ ਪੰਜਾਬ ਭਵਨ ਚੰਡੀਗੜ੍ਹ ਵਿਖੇ ਕਰਵਾਉਣ ਦਾ ਸਮਾਂ ਤੈਅ ਕਰਵਾਇਆ ਗਿਆ, ਜਿਸ ਤੋਂ ਬਾਅਦ ਇਸ ਧਰਨੇ ਨੂੰ ਸਮਾਪਤ ਕੀਤਾ ਗਿਆ।

# ਫੂਡ ਸੇਫਟੀ ਟੀਮ ਵੱਲੋਂ ਖਾਧ ਪਦਾਰਥਾਂ 'ਚ ਮਿਲਾਵਟਖੋਰੀ ਵਿਰੁੱਧ ਵੱਡੀ ਕਾਰਵਾਈ

- ਮਸਾਲੇ ਬਣਾਉਣ ਵਾਲੀ ਫੈਕਟਰੀ ਤੋਂ 40 ਕੁਇੰਟਲ ਮਿਆਦ ਪੁੱਗੀ ਹਲਦੀ ਜ਼ਬਤ
- ਫੂਡ ਸੇਫਟੀ ਟੀਮ ਨੇ ਵੱਖ-ਵੱਖ ਥਾਵਾਂ ਤੋਂ ਖਾਣ-ਪੀਣ ਦੀਆਂ ਵਸਤਾਂ ਦੇ 20 ਨਮੂਨੇ ਲਏ



**ਰਾਜਪੁਰਾ (ਰਮੇਸ਼ ਕਟਾਰੀਆ)**-ਪੰਜਾਬ ਦੇ ਸਿਹਤ ਤੇ ਪਰਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਤੇ ਫੂਡ ਐਂਡ ਡਰੱਗ ਐਡਮਿਨਿਸਟ੍ਰੇਸ਼ਨ (ਐੱਫ.ਡੀ.ਏ.) ਦੇ ਕਮਿਸ਼ਨਰ ਦਿਲਰਾਜ ਸਿੰਘ ਦੇ ਸਖ਼ਤ ਆਦੇਸ਼ਾਂ 'ਤੇ ਜ਼ਿਲ੍ਹਾ ਸਿਹਤ ਅਧਿਕਾਰੀ ਡਾ. ਗੁਰਪ੍ਰੀਤ ਕੌਰ ਦੀ ਅਗਵਾਈ ਵਾਲੀ ਫੂਡ ਸੇਫਟੀ ਟੀਮ ਪਟਿਆਲਾ ਨੇ ਜ਼ਿਲ੍ਹੇ ਵਿੱਚ ਖਾਧ ਪਦਾਰਥਾਂ ਵਿੱਚ ਮਿਲਾਵਟਖੋਰੀ ਵਿਰੁੱਧ ਆਪਣੀ ਕਾਰਵਾਈ ਤੇਜ਼ ਕਰ ਦਿੱਤੀ ਹੈ।ਹਾਲ ਹੀ ਵਿੱਚ 1380 ਕਿਲੋਗ੍ਰਾਮ ਨਕਲੀ ਪਨੀਰ ਜ਼ਬਤ ਕਰਨ ਤੇ ਨਸ਼ਟ ਕਰਨ ਤੋਂ ਬਾਅਦ, ਵਿਭਾਗ ਨੇ ਹੁਣ ਰਾਜਪੁਰਾ ਵਿੱਚ ਗੁਰਦੁਆਰਾ ਟਾਊਨ ਵਿਖੇ ਇੱਕ ਮਸ਼ਹੂਰ ਮਸਾਲੇ ਬਣਾਉਣ ਵਾਲੀ ਫ਼ੈਕਟਰੀ ਤੋਂ ਲਗਭਗ 40 ਕੁਇੰਟਲ ਮਿਆਦ ਪੁੱਗੀ ਹਲਦੀ ਜ਼ਬਤ ਕੀਤੀ ਹੈ।ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਇਸ ਕਾਰਵਾਈ ਦੌਰਾਨ ਫੂਡ ਸੇਫਟੀ ਟੀਮ ਪਟਿਆਲਾ ਵੱਲੋਂ ਵੱਖ-ਵੱਖ ਹੋਰ ਮਸਾਲਿਆਂ ਦੇ ਨਮੂਨੇ ਵੀ ਲਏ ਗਏ ਸਨ।ਉਨ੍ਹਾਂ ਕਿਹਾ ਕਿ ਜੂਨ ਮਹੀਨੇ ਵਿੱਚ ਫੂਡ ਸੇਫਟੀ ਟੀਮ ਨੇ ਵੱਖ-ਵੱਖ ਥਾਵਾਂ ਤੋਂ ਖਾਣ-ਪੀਣ ਦੀਆਂ ਵਸਤਾਂ ਦੇ ਲਗਭਗ 20 ਨਮੂਨੇ ਲਏ ਹਨ।ਇਸ ਤੋਂ ਇਲਾਵਾ, ਚੱਲ ਰਹੇ ਨਿਗਰਾਨੀ ਯਤਨਾਂ ਦੇ ਹਿੱਸੇ ਵਜੋਂ, ਪਾਨ ਮਸਾਲੇ ਵਿੱਚ ਨਿਕੋਟੀਨ ਦੀ ਮੌਜੂਦਗੀ ਦਾ ਪਤਾ ਲਗਾਉਣ ਲਈ ਇੱਕ ਨਿਗਰਾਨੀ ਮੁਹਿੰਮ ਵੀ ਚਲਾਈ ਗਈ ਹੈ।ਜ਼ਿਲ੍ਹਾ ਸਿਹਤ ਅਫ਼ਸਰ ਨੇ ਕਿਹਾ ਕਿ ਫੂਡ ਸੇਫਟੀ ਵਿਭਾਗ ਖਾਧ ਪਦਾਰਥਾਂ ਵਿੱਚ ਮਿਲਾਵਟ ਵਿਰੁੱਧ ਆਪਣੇ ਦ੍ਰਿੜ੍ਹ ਸਟੈਂਡ ਨੂੰ ਦੁਹਰਾਉਂਦਾ ਹੈ।ਡੀ ਐੱਚ ਓ ਨੇ ਕਿਹਾ ਕਿ ਮਿਲਾਵਟੀ ਜਾਂ ਅਸੁਰੱਖਿਅਤ ਭੋਜਨ ਉਤਪਾਦਾਂ ਦੇ ਨਿਰਮਾਣ ਜਾਂ ਵਿਕਰੀ ਵਿੱਚ ਸ਼ਾਮਲ ਸਾਰੇ ਲੋਕਾਂ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਡੀਐੱਚਓ ਨੇ ਕਿਹਾ ਕਿ ਵਿਭਾਗ ਜਨਤਕ ਸਿਹਤ ਦੀ ਰੱਖਿਆ ਲਈ ਵਚਨਬੱਧ ਹੈ ਤੇ ਭੋਜਨ ਸੁਰੱਖਿਆ ਦੇ ਮਿਆਰਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨਹੀਂ ਕਰੇਗਾ।

# ਸਨੀ ਸਮਾਈਲਜ਼ ਜੂਨੀਅਰ ਸਮਰ ਕੈਂਪ ਦੀ ਸ਼ਾਨਦਾਰ ਸਮਾਪਤੀ

## ਬੱਚਿਆਂ ਲਈ 'ਕਿਡਸ-ਫਰੈਂਡਲੀ ਐਨੀਮਲ ਜ਼ੋਨ' ਬਣਿਆ ਆਕਰਸ਼ਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਨੀ ਸਮਾਈਲਜ਼ ਜੂਨੀਅਰ ਸਮਰ ਕੈਂਪ-2025, ਜੋ 2 ਜੂਨ ਤੋਂ ਵਿਵੇਕਾਨੰਦ ਜੂਨੀਅਰ-ਏ ਪ੍ਰਾਇਮਰੀ ਸਕੂਲ ਵਿਖੇ ਸ਼ੁਰੂ ਹੋਇਆ ਸੀ, ਅੱਜ ਬੜੇ ਉਤਸ਼ਾਹ ਨਾਲ ਸਮਾਪਤ ਹੋਇਆ। ਸਮਾਪਤੀ ਸਮਾਰੋਹ ਵਿਚ 'ਕਿਡਸ-ਫਰੈਂਡਲੀ ਐਨੀਮਲ ਜ਼ੋਨ' ਨੇ ਬੱਚਿਆਂ ਨੂੰ ਪਸ਼ੂ-ਪੰਛੀਆਂ ਪ੍ਰਤੀ ਸਤਿਕਾਰ ਸਿਖਾਉਂਦਿਆਂ ਸਭ ਦਾ ਧਿਆਨ ਖਿੱਚਿਆ। ਅਦਾਰੇ ਦੀ ਮੁੱਖ ਸਰਪ੍ਰਸਤ ਪ੍ਰਭਾ ਭਾਸਕਰ ਦੀ ਮੌਜੂਦਗੀ ਨੇ ਸਮਾਰੋਹ ਨੂੰ ਵਿਸ਼ੇਸ਼ ਬਣਾਇਆ। ਮੁਖ ਅਧਿਆਪਿਕਾ ਕੀਰਤੀ ਬਾਲਾ ਨੇ ਉਨ੍ਹਾਂ ਦਾ ਗੁਲਦਸਤਾ ਦੇ ਕੇ ਸਵਾਗਤ ਕੀਤਾ। ਮਾਪਿਆਂ ਤੇ ਬੱਚਿਆਂ ਨੇ ਖੇਡਾਂ, ਕਿਰਿਆਵਾਂ ਤੇ ਵਿਚਾਰ-ਸਾਂਝ ਵਿੱਚ ਉਤਸ਼ਾਹ ਨਾਲ ਹਿੱਸਾ ਲਿਆ, ਜਿਸ ਨੇ ਸਮਾਰੋਹ ਨੂੰ ਮਨੋਰੰਜਕ ਬਣਾਇਆ। ਕੈਂਪ ਦਾ ਮਕਸਦ ਸਕੂਲ, ਮਾਪਿਆਂ ਤੇ ਵਿਦਿਆਰਥੀਆਂ ਵਿਚਕਾਰ ਸਾਂਝ ਅਤੇ ਸਕਾਰਾਤਮਕ ਮਾਹੌਲ ਸਿਰਜਣਾ ਸੀ। ਉਪ ਪ੍ਰਸ਼ਾਸਕੀ ਮੁਖੀ ਮਹਿਮਾ ਕਪੂਰ ਨੇ ਕਿਹਾ, "ਅਜਿਹੇ ਕੈਂਪ ਬੱਚਿਆਂ ਦੇ ਸਰਵਪੱਖੀ ਵਿਕਾਸ ਲਈ ਅਹਿਮ ਹਨ ਤੇ ਅਸੀਂ ਵਿਦਿਆਰਥੀਆਂ ਨੂੰ ਵਿਲੱਖਣ ਅਨੁਭਵ ਦੇਣ ਵਿੱਚ ਸਫਲ ਰਹੇ।" ਸਨੀ ਸਮਾਈਲਜ਼ ਜੂਨੀਅਰ ਸਮਰ ਕੈਂਪ-2025 ਦੀ ਸਫਲਤਾ ਨੇ ਸਭ ਦਾ ਦਿਲ ਜਿੱਤਿਆ ਤੇ ਵਿਵੇਕਾਨੰਦ ਜੂਨੀਅਰ ਭਵਿੱਖ ਵਿੱਚ ਵੀ ਅਜਿਹੀਆਂ ਪਹਿਲਕਦਮੀਆਂ ਜਾਰੀ ਰੱਖਣ ਲਈ ਤੱਤਪਰ ਹੈ।

# ਸਾਥੀ ਸੱਜਣ ਸਿੰਘ ਵੱਲੋਂ ਮੁਲਾਜ਼ਮਾਂ ਲਈ ਕੀਤੀਆਂ ਪ੍ਰਾਪਤੀਆਂ ਨੂੰ ਭੁਲਾਇਆ ਨਹੀਂ ਜਾ ਸਕਦਾ : ਪ੍ਰੇਮ ਚਾਵਲਾ

- ਮੁਲਾਜ਼ਮ ਤੇ ਪੈਨਸ਼ਨਰ ਜਥੇਬੰਦੀਆਂ ਨੇ ਕੋਟਕਪੂਰਾ 'ਚ ਮਨਾਇਆ ਜਨਮ ਦਿਨ



**ਕੋਟਕਪੂਰਾ (ਰਛਪਾਲ ਭੁੱਲਰ)**-ਲਗਭਗ ਛੇ ਦਹਾਕੇ ਪੰਜਾਬ ਦੇ ਮੁਲਾਜ਼ਮਾਂ ਦੀਆਂ ਹੱਕੀ ਤੇ ਜਾਇਜ਼ ਮੰਗਾਂ ਨੂੰ ਲੈ ਕੇ ਸੰਘਰਸ਼ਸ਼ੀਲ ਰਹੇ ਮੁਲਾਜ਼ਮਾਂ ਦੇ ਪ੍ਰਮੁੱਖ ਆਗੂ ਸਾਥੀ ਸੱਜਣ ਸਿੰਘ ਦਾ ਜਨਮ ਦਿਨ ਅੱਜ ਸਥਾਨਕ ਸ਼ਹੀਦ ਭਗਤ ਸਿੰਘ ਪਾਰਕ ਵਿਖੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ, ਚੰਡੀਗੜ੍ਹ ਇਕਾਈ ਜ਼ਿਲ੍ਹਾ ਫਰੀਦਕੋਟ ਤੇ ਏਟਕ ਵਿੱਚ ਸ਼ਾਮਲ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਮਨਾਇਆ ਗਿਆ।ਸਮਾਗਮ ਦੇ ਸ਼ੁਰੂ ਵਿੱਚ ਪਿਛਲੇ ਦਿਨੀਂ ਅਹਿਮਦਾਬਾਦ ਵਿਖੇ ਹੋਏ ਹਵਾਈ ਹਾਦਸੇ ਵਿੱਚ 250 ਦੇ ਕਰੀਬ ਵਿਅਕਤੀਆਂ, ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ ਤੇ ਕਈ ਹੋਰਨਾਂ ਦੇ ਸਦੀਵੀ ਵਿਛੋੜਾ ਦੇ ਜਾਣ 'ਤੇ ਦੋ ਮਿੰਟ ਦਾ ਮੌਨ ਧਾਰਨ ਕਰਕੇ ਸ਼ਰਧਾਂਜਲੀ ਭੇਟ ਕੀਤੀ ਗਈ।ਸਮਾਗਮ ਨੂੰ ਸੰਬੋਧਨ ਕਰਦੇ ਹੋਏ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਪ੍ਰੇਮ ਚਾਵਲਾ ਨੇ ਕਿਹਾ ਕਿ ਸਾਥੀ ਸੱਜਣ ਸਿੰਘ ਦੇ ਜੀਵਨ ਨਾਲ ਸੰਬੰਧਤ ਕਈ ਯਾਦਾਂ ਸਾਂਝੀਆਂ ਕੀਤੀਆਂ।ਉਨ੍ਹਾਂ ਕਿਹਾ ਕਿ ਸਾਥੀ ਸੱਜਣ ਸਿੰਘ ਨੇ ਆਪਣੇ ਜੀਵਨ ਕਾਲ ਦੌਰਾਨ ਮੁਲਾਜ਼ਮਾਂ ਦੀਆਂ ਮੰਗਾਂ ਦੀ ਪ੍ਰਾਪਤੀ ਲਈ ਚਾਰ ਵਾਰ ਮਰਨ ਵਰਤ ਰੱਖ ਕੇ ਪੰਜਾਬ ਦੇ ਮੁਲਾਜ਼ਮਾਂ ਲਈ ਬੋਨਸ, ਸਾਲਾਨਾ ਤਰੱਕੀਆਂ ਵਿੱਚ ਵਾਧਾ ਤੇ ਕਈ ਪੇਅ ਕਮਿਸ਼ਨਾਂ ਤੋਂ ਮੁਲਾਜ਼ਮਾਂ ਲਈ ਚੰਗੇਰੇ ਤਨਖਾਹ ਸਕੇਲ ਤੇ ਵੱਖ-ਵੱਖ ਤਰ੍ਹਾਂ ਦੇ ਭੱਤੇ ਹਾਸਲ ਕਰਵਾਉਣ ਵਿੱਚ ਅਹਿਮ ਭੂਮਿਕਾ ਨਿਭਾਈ, ਇਸ ਕਰਕੇ ਇਨ੍ਹਾਂ ਪ੍ਰਾਪਤੀਆਂ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ।ਸਮਾਗਮ ਦੌਰਾਨ ਜ਼ਿਲ੍ਹਾ ਇਕਾਈ ਫਰੀਦਕੋਟ ਦੇ ਪ੍ਰਧਾਨ ਨਛੱਤਰ ਸਿੰਘ ਭਾਣਾ ਤੇ ਜਨਰਲ ਸਕੱਤਰ ਹਰਵਿੰਦਰ ਸ਼ਰਮਾ, ਪੰਜਾਬ ਪੈਨਸ਼ਨਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਕੁਲਵੰਤ ਸਿੰਘ ਚਾਨੀ, ਜਨਰਲ ਸਕੱਤਰ ਇਕਬਾਲ ਸਿੰਘ ਮੰਘੇੜਾ, ਵਿੱਤ ਸਕੱਤਰ ਸੋਮ ਨਾਥ ਅਰੋੜਾ, ਗੁਰਚਰਨ ਸਿੰਘ ਮਾਨ ਤੇ ਮਦਨ ਲਾਲ ਸ਼ਰਮਾ ਸੰਧਵਾਂ, ਦੀ ਕਲਾਸ ਫੌਰਥ ਗੌਰਮਿੰਟ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਪ੍ਰਧਾਨ ਇਕਬਾਲ ਸਿੰਘ ਢੁੱਡੀ, ਜਨਰਲ ਸਕੱਤਰ ਬਲਕਾਰ ਸਿੰਘ ਸਹੋਤਾ, ਰਮੇਸ਼ ਢੈਪਈ, ਇਕਬਾਲ ਸਿੰਘ ਰਣ ਸਿੰਘ ਵਾਲਾ, ਆਲ ਇੰਡੀਆ ਆਸ਼ਾ ਵਰਕਰਜ਼ ਯੂਨੀਅਨ ਪੰਜਾਬ ਸਬੰਧਤ ਏਟਕ ਦੇ ਸੂਬਾ ਪ੍ਰਧਾਨ ਅਮਰਜੀਤ ਕੌਰ ਰਣ ਸਿੰਘ ਵਾਲਾ, ਪਾਵਰਕਾਮ ਪੈਨਸ਼ਨਰ ਯੂਨੀਅਨ ਸਬੰਧਤ ਏਟਕ ਦੇ ਸੂਬਾਈ ਆਗੂ ਹਰਪਾਲ ਸਿੰਘ ਮਚਾਕੀ ਤੇ ਇੰਦਰਜੀਤ ਸਿੰਘ ਗਿੱਲ, ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਸਬੰਧਤ ਏਟਕ ਦੇ ਆਗੂ ਹਰਮੀਤ ਸਿੰਘ, ਗੁਰਦੀਪ ਭੋਲਾ, ਗੌਰਮਿੰਟ ਸਕੂਲ ਟੀਚਰਜ਼ ਯੂਨੀਅਨ ਜ਼ਿਲ੍ਹਾ ਫਰੀਦਕੋਟ ਦੇ ਸੀਨੀਅਰ ਮੀਤ ਪ੍ਰਧਾਨ ਕੁਲਦੀਪ ਸਿੰਘ ਸਹਿਦੇਵ ਨੇ ਸੰਬੋਧਨ ਕਰਦਿਆਂ ਮੌਜੂਦਾ ਸਮੇਂ ਦੌਰਾਨ ਹਰ ਰੋਜ਼ ਇਨ੍ਹਾਂ ਪ੍ਰਾਪਤੀਆਂ ਨੂੰ ਲੱਗ ਰਹੇ ਖੋਰੇ 'ਤੇ ਡੂੰਘੀ ਚਿੰਤਾ ਦਾ ਪ੍ਰਗਟਾਵਾ ਕੀਤਾ ਅਤੇ ਹੱਕ ਸੱਚ ਇਨਸਾਫ਼ ਲਈ ਹੋਰ ਤਕੜੇ ਹੋ ਕੇ ਲਾਮਬੰਦ ਹੋਣ ਦਾ ਸੱਦਾ ਦਿੱਤਾ ਤਾਂ ਹੀ ਮੁਲਾਜ਼ਮ ਵਿਰੋਧੀ ਹੋ ਚੁੱਕੀਆਂ ਹੁਕਮਰਾਨ ਸਰਕਾਰਾਂ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾ ਸਕਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਿੰਸੀਪਲ ਬਲਵੀਰ ਸਿੰਘ ਬਰਾੜ, ਸੇਵਾ ਮੁਕਤ ਪ੍ਰਿੰਸੀਪਲ ਅੰਮ੍ਰਿਤਪਾਲ ਕੌਰ ਸ਼ਹੀਦ ਭਗਤ ਸਿੰਘ ਸਰਕਾਰੀ ਕਾਲਜ ਕੋਟਕਪੂਰਾ, ਗੁਰਪ੍ਰੀਤ ਸਿੰਘ ਸਿੱਧੂ, ਰੇਸ਼ਮ ਸਿੰਘ, ਪਰਮਜੀਤ ਸਿੰਘ ਪੰਮਾ ਸਰਕਾਰੀ ਬਰਜਿੰਦਰਾ ਕਾਲਜ ਫਰੀਦਕੋਟ, ਜੋਤੀ ਪ੍ਰਕਾਸ਼ ਮੰਡੀ ਬੋਰਡ, ਦਵਿੰਦਰ ਸਿੰਘ ਗਿੱਲ, ਹਰਦੀਪ ਸਿੰਘ ਫਿੱਡੂ ਭਲਵਾਨ, ਗੇਜ ਰਾਮ ਭੌਰਾ, ਮੇਜਰ ਸਿੰਘ ਡੀ ਪੀ ਈ, ਕੁਲਬੀਰ ਸਿੰਘ ਸਰਾਵਾਂ ਪਸ਼ੂ ਪਾਲਣ ਵਿਭਾਗ, ਹਰਦੀਪ ਸਿੰਘ ਲੈਕਚਰਾਰ ਡਾਇਟ, ਲੋਕ ਗਾਇਕ ਨਾਹਰ ਸਿੰਘ ਗਿੱਲ, ਜਸਪਾਲ ਸਿੰਘ ਤੇ ਆਸ਼ਾ ਵਰਕਰਾਂ ਦੇ ਆਗੂ ਬੇਅੰਤ ਕੌਰ, ਸੀਮਾ ਰਾਣੀ, ਪ੍ਰਵੀਨ ਕੌਰ ਬਰਗਾੜੀ, ਗੁਰਮੀਤ ਕੌਰ ਚੇਅਰਮੈਨ ਬਲਾਕ ਜੈਤੋ, ਪਰਮਜੀਤ ਕੌਰ, ਰੁਪਿੰਦਰ ਕੌਰ ਢਿੱਲਵਾਂ ਕਲਾਂ ਆਦਿ ਹਾਜ਼ਰ ਸਨ।

# ਸੜਕ ਹਾਦਸੇ 'ਚ ਮਾਪਿਆਂ ਦੇ ਇਕਲੌਤੇ ਪੁੱਤਰ ਦੀ ਮੌਤ, ਕਾਲਜ 'ਚ ਚਲਾਉਂਦਾ ਸੀ ਕੰਟੀਨ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਬੀਤੀ ਦੇਰ ਰਾਤ ਸੜਕ ਹਾਦਸੇ ਵਿਚ ਨੇੜਲੇ ਪਿੰਡ ਜੋਧਵਾਲ ਦੇ ਵਾਸੀ ਨੌਜਵਾਨ ਧੀਰਜ ਰਾਣਾ ਦੀ ਮੌਤ ਹੋ ਗਈ। ਮ੍ਰਿਤਕ ਦੇ ਪਿਤਾ ਦਰਸ਼ਨ ਸਿੰਘ ਨੇ ਬਿਆਨ ਦਰਜ ਕਰਵਾਏ ਕਿ ਉਹ ਖੇਤੀਬਾੜੀ ਦਾ ਕੰਮ ਕਰਦਾ ਹੈ ਤੇ ਉਸ ਦਾ ਲੜਕਾ ਧੀਰਜ ਰਾਣਾ, ਜੋ ਕਿ ਦੋਆਬਾ ਕਾਲਜ, ਖਰੜ ਵਿਖੇ ਕੰਨਟੀਨ ਚਲਾਉਣ ਦਾ ਕੰਮ ਕਰਦਾ ਸੀ।

ਕੱਲ੍ਹ 14 ਜੂਨ ਦੀ ਰਾਤ ਨੂੰ ਉਸ ਦਾ ਲੜਕਾ ਧੀਰਜ ਰਾਣਾ ਆਪਣੀ ਸਵਿਫ਼ਟ ਕਾਰ ਰਾਹੀਂ ਮਾਛੀਵਾੜਾ ਤੋਂ ਪਿੰਡ ਜੋਧਵਾਲ ਨੂੰ ਆ ਰਿਹਾ ਸੀ ਕਿ ਰਸਤੇ ਵਿਚ ਪਿੰਡ ਲੁਬਾਣਗੜ੍ਹ ਨੇੜੇ ਇੱਕ ਟ੍ਰੈਕਟਰ ਨਾਲ ਸਿੱਧੀ ਟੱਕਰ ਹੋ ਗਈ। ਜ਼ਖ਼ਮੀ ਹਾਲਤ ਵਿੱਚ ਨੌਜਵਾਨ ਧੀਰਜ ਰਾਣਾ ਨੂੰ ਕਾਰ 'ਚੋਂ ਬਾਹਰ ਕੱਢਿਆ ਗਿਆ ਤੇ ਜਦੋਂ ਇਲਾਜ ਲਈ ਉਸ ਨੂੰ ਸਮਰਾਲਾ ਹਸਪਤਾਲ ਲਿਆਂਦਾ ਗਿਆ ਤਾਂ ਉੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਪੁਲਸ ਵੱਲੋਂ ਟ੍ਰੈਕਟਰ ਚਾਲਕ ਹਰਜੀਤ ਸਿੰਘ ਖਿਲਾਫ਼ ਮਾਮਲਾ ਦਰਜ ਕਰ ਲਿਆ ਹੈ ਅਤੇ ਧੀਰਜ ਰਾਣਾ ਦੀ ਲਾਸ਼ ਦਾ ਪੋਸਟ ਮਾਰਟਮ ਕਰਵਾ ਕੇ ਵਾਰਿਸਾਂ ਨੂੰ ਸੌਂਪ ਦਿੱਤਾ ਹੈ। ਨੌਜਵਾਨ ਧੀਰਜ ਰਾਣਾ ਆਪਣੇ ਮਾਪਿਆਂ ਦਾ ਇਕਲੌਤਾ ਪੁੱਤਰ ਸੀ ਤੇ ਅਜੇ ਕੁਆਰਾ ਸੀ।

# ਲੱਖਾਂ ਬੇਰੁਜ਼ਗਾਰ, ਪਰ ਸਕੂਲਾਂ 'ਚ ਹਜ਼ਾਰਾਂ ਪੋਸਟਾਂ ਫਿਰ ਵੀ ਖਾਲੀ : ਲੈਕਚਰਾਰ ਯੂਨੀਅਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਗੌਰਮਿੰਟ ਸਕੂਲ ਲੈਕਚਰਾਰ ਯੂਨੀਅਨ ਪੰਜਾਬ ਦੀ ਮੀਟਿੰਗ ਸੂਬਾ ਪ੍ਰਧਾਨ ਸ੍ਰੀ ਸੰਜੀਵ ਕੁਮਾਰ ਦੀ ਪ੍ਰਧਾਨਗੀ ਵਿੱਚ ਹੋਈ। ਇਸ ਮੀਟਿੰਗ ਵਿਚ ਪੰਜਾਬ 'ਚ ਸਕੂਲ ਸਿੱਖਿਆ ਦੇ ਸੰਬੰਧ ਵਿੱਚ ਚਰਚਾ ਕੀਤੀ ਗਈ। ਇਸ ਬਾਰੇ ਦੱਸਦੇ ਹੋਏ ਸ੍ਰੀ ਸੰਜੀਵ ਕੁਮਾਰ ਨੇ ਕਿਹਾ ਕਿ ਸਿੱਖਿਆ ਮਨੁੱਖ ਦੇ ਸਰਬਾਂਗੀ ਵਿਕਾਸ ਦਾ ਰਾਹ ਖੋਲ੍ਹਦੀ ਹੈ। ਇਸ ਲਈ ਸਿੱਖਿਆ ਅਦਾਰਿਆਂ ਦੀ ਪ੍ਰਬੰਧਕੀ ਪ੍ਰਣਾਲੀ ਦੀ ਮਜ਼ਬੂਤੀ, ਮਾਨਵੀ ਸੰਸਾਧਨ ਸੰਪਨਤਾ ਤੇ ਢਾਂਚਾਗਤ ਵਿਕਾਸ ਮਹੱਤਵਪੂਰਨ ਸਥਾਨ ਰੱਖਦਾ ਹੈ। ਪਿਛਲੇ ਸਮੇਂ ਵਿੱਚ ਪੰਜਾਬ ਦੇ ਸਕੂਲਾਂ ਦੇ ਢਾਂਚਾਗਤ ਵਿਕਾਸ ਦੇ ਵੱਡੇ ਯਤਨ ਹੋਏ, ਜਿਨ੍ਹਾਂ ਨੂੰ ਬੂਰ ਵੀ ਪਿਆ ਹੈ। ਮੌਜੂਦਾ ਸਮੇਂ ਵਿੱਚ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੀਆਂ ਸਿੱਖਿਆ ਜ਼ਰੂਰਤਾਂ ਦਾ ਹਰ ਸਾਧਨ ਮੌਜੂਦ ਹੈ, ਪਰ ਮਾਨਵੀ ਸੰਸਾਧਨਾ ਦੀ ਕਮੀ ਵੱਡੇ ਪੱਧਰ 'ਤੇ ਖਟਕਦੀ ਹੈ। ਅੱਜ ਵੀ ਪੰਜਵੀਂ ਤੱਕ ਅਧਿਆਪਕ-ਵਿਦਿਆਰਥੀ ਅਨੁਪਾਤ 1:30, ਦਸਵੀਂ ਤੱਕ ਇਹ ਅਨੁਪਾਤ 1:40 ਤੇ ਸੀਨੀਅਰ ਸੈਕੰਡਰੀ ਵਿੱਚ ਇਹ ਅਨੁਪਾਤ 1:50 ਹੈ, ਜਿਸ ਵਿੱਚ 10 ਫੀਸਦੀ ਵਾਧਾ ਕਰਦੇ ਹੋਏ ਵਿਦਿਆਰਥੀਆਂ ਦੀ ਗਿਣਤੀ ਕ੍ਰਮਵਾਰ 33, 43 ਤੇ 55 ਤੱਕ ਹੋ ਸਕਦੀ ਹੈ, ਜਦੋਂ ਇਸ ਵਰਤਾਰੇ ਨੂੰ ਅਸੀਂ ਸਵਿਟਜ਼ਰਲੈਂਡ, ਫਿਨਲੈਂਡ ਜਾਂ ਵਲਾਇਤ ਨਾਲ਼ ਤੁਲਨਾਉਂਦੇ ਹਾਂ ਤਾਂ ਪੰਜਾਬ ਵਿੱਚ ਅਧਿਆਪਕ-ਸਿੱਖਿਆਰਥੀ ਸਿੱਖਿਆ ਅਨੁਪਾਤ ਬਹੁਤ ਜ਼ਿਆਦਾ ਅਸੰਤੁਲਿਤ ਨਜ਼ਰ ਆਉਂਦਾ ਹੈ ਤੇ ਇਹ ਅਨੁਪਾਤ ਕ੍ਰਮਵਾਰ 1:20, 1:30 ਤੇ 1:35 ਹੋਣਾ ਚਾਹੀਦਾ ਹੈ। ਇਸ ਦੇ ਨਾਲ਼ ਹੀ ਹੈਰਾਨੀਜਨਕ ਤੱਥ ਤਾਂ ਇਹ ਹੈ ਕਿ ਉਕਤ ਅਨੁਪਾਤ ਨਿਰਧਾਰਿਤ ਕਰਦੇ ਸਮੇਂ ਸਿੱਖਿਆਰਥੀਆਂ ਦੇ ਬੌਧਿਕ ਪੱਧਰ, ਮਨੋਅਵਸਥਾ, ਖੇਤਰੀ ਵੱਖਰੇਵੇਂ, ਸਕੂਲਾਂ ਵਿੱਚ ਕਮਰਿਆਂ ਦੀ ਸਮਰੱਥਾ ਨੂੰ ਨਜ਼ਰਅੰਦਾਜ਼ ਕੀਤਾ ਗਿਆ ਹੈ। ਸਿੱਖਿਆਰਥੀ-ਅਧਿਆਪਕ ਅਨੁਪਾਤ ਦਰੁਸਤ ਕਰਨ ਨਾਲ਼ ਪੰਜਾਬ ਵਿੱਚ ਅਧਿਆਪਨ ਦੀਆਂ ਹਜ਼ਾਰਾਂ ਅਸਮੀਆਂ ਨਵੀਆਂ ਬਣਨਗੀਆਂ, ਜਿਸ ਨਾਲ਼ ਬੇਰੁਜ਼ਗਾਰ ਅਧਿਆਪਕਾਂ ਲਈ ਨੌਕਰੀ ਦੇ ਮੌਕੇ ਪੈਦਾ ਹੋਣਗੇ।

ਯੂਨੀਅਨ ਦੇ ਜਨਰਲ ਸਕੱਤਰ ਸ੍ਰ. ਬਲਰਾਜ ਸਿੰਘ ਬਾਜਵਾ ਨੇ ਕਿਹਾ ਕਿ ਪੰਜਾਬ ਵਿੱਚ ਜਿਹੜੇ ਮਾਨਵ ਸੰਸਾਧਨ ਉਪਲਬਧ ਹਨ, ਉਨ੍ਹਾਂ ਦੀਆਂ ਪੂਰੀਆਂ ਸੇਵਾਵਾਂ ਨਹੀਂ ਲਈਆਂ ਜਾ ਰਹੀਆਂ। ਪੰਜਾਬ ਵਿੱਚ ਅਧਿਆਪਨ ਦੀ ਯੋਗਤਾ ਪੂਰੀ ਕਰਨ ਵਾਲੇ ਲੱਖਾਂ ਬੇਰੁਜ਼ਗਾਰ ਉਮੀਦਵਾਰ ਹੋਣ ਦੇ ਬਾਵਜੂਦ ਸਰਕਾਰੀ ਸਕੂਲਾਂ ਵਿੱਚ ਹਜ਼ਾਰਾਂ ਦੀ ਗਿਣਤੀ ਵਿੱਚ ਈ ਟੀ ਟੀ, ਮਾਸਟਰ/ਮਿਸਟ੍ਰੈੱਸ, ਲੈਕਚਰਾਰ, ਸੀ ਐਂਡ ਵੀ ਦੀਆਂ ਅਸਾਮੀਆਂ ਖ਼ਾਲੀ ਹਨ। ਸੂਬਾ ਸਕੱਤਰ ਜਨਰਲ ਸ੍ਰ. ਰਵਿੰਦਰਪਾਲ ਸਿੰਘ ਬੈਂਸ ਨੇ ਕਿਹਾ ਕਿ ਪੰਜਾਬ ਦੇ ਸਕੂਲਾਂ ਨੂੰ ਸਹੀ ਅਰਥਾਂ ਵਿੱਚ ਸਿੱਖਿਆ ਕ੍ਰਾਂਤੀ ਵੱਲ ਲੈ ਕੇ ਜਾਣ ਲਈ ਸਰਕਾਰੀ ਸਕੂਲਾਂ ਵਿੱਚ ਸਕੂਲ ਮੁਖੀ ਦਾ ਹੋਣਾ ਅਤਿਅੰਤ ਜ਼ਰੂਰੀ ਹੈ, ਜਦੋਂਕਿ ਵਿਭਾਗ ਇਸ ਪਾਸੇ ਕਾਰਜ ਕਰਨ ਤੋਂ ਅਵੇਸਲਾ ਹੈ। ਪੰਜਾਬ ਵਿੱਚ ਤਕਤੀਬਨ 1918 ਸੀਨੀਅਰ ਸੈਕੰਡਰੀ ਸਕੂਲ ਹਨ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਜੋ ਪ੍ਰਿੰਸੀਪਲਾਂ ਵਿੱਚੋਂ ਲਗਦੇ ਹਨ, ਦੀਆਂ 46 ਅਸਾਮੀਆਂ ਹਨ।

ਇਸ ਦੇ ਨਾਲ਼ ਹੀ ਚੰਡੀਗੜ੍ਹ ਵਿੱਚ ਪ੍ਰਿੰਸੀਪਲ ਦੀਆਂ 6 ਅਸਾਮੀਆਂ ਪ੍ਰਤੀ ਨਿਯੁਕਤੀ ਦੀਆਂ ਹਨ, ਜੋ ਕੁੱਲ ਮਿਲਾ ਕੇ 1980 ਹੋਣੀਆਂ ਚਾਹੀਦੀਆਂ ਹਨ, ਪਰ ਵਿਭਾਗ ਕੋਲ਼ ਪ੍ਰਿੰਸੀਪਲ ਦੀਆਂ ਕੁੱਲ 1950 ਅਸਾਮੀਆਂ ਦੀ ਮਨਜ਼ੂਰੀ ਹੈ, ਜੋ ਵੱਖ ਵੱਖ ਡੀ ਪੀ ਸੀ ਤੇ ਮਾਨਯੋਗ ਉੱਚ ਅਦਾਲਤ ਵਿੱਚ ਦਰਸਾਈ ਗਈ ਹੈ। ਜ਼ਿਕਰਯੋਗ ਹੈ ਕਿ ਮੌਜੂਦਾ ਸਮੇਂ ਵਿੱਚ ਵਿਭਾਗ ਦੇ ਅਨੁਸਾਰ 890 ਦੇ ਕਰੀਬ ਪ੍ਰਿੰਸੀਪਲ ਦੀਆਂ ਪੋਸਟਾਂ ਖ਼ਾਲੀ ਹਨ, ਜੇਕਰ ਸਕੂਲਾਂ ਦੀ ਗੱਲ ਕਰੀਏ ਤਾਂ 950 ਦੇ ਕਰੀਬ ਸਕੂਲ ਖ਼ਾਲੀ ਪਏ ਹਨ, ਕਿਉਂਕਿ ਜ਼ਿਲ੍ਹਾ ਸਿੱਖਿਆ ਸੰਸਥਾਵਾਂ ਤੇ ਹੋਰ ਅਦਾਰਿਆਂ ਵਿੱਚ ਕੰਮ ਕਰ ਰਹੇ ਅਧਿਕਾਰੀ ਪ੍ਰਿੰਸੀਪਲ ਦੀਆਂ ਇਨ੍ਹਾਂ 1950 ਅਸਾਮੀਆਂ ਦਾ ਹਿੱਸਾ ਹਨ।

ਇਸ ਮੀਟਿੰਗ ਬਾਰੇ ਦੱਸਦੇ ਹੋਏ ਸ੍ਰ. ਜਸਪਾਲ ਸਿੰਘ, ਸੰਗਰੂਰ ਨੇ ਕਿਹਾ ਕਿ ਸਿੱਖਿਆ ਅਦਾਰੇ ਵਿਦਿਆਰਥੀਆਂ ਦੀ ਭਲਾਈ ਲਈ ਹਨ, ਪਰ ਅੱਜ ਦੇ ਸਮੇਂ ਪੰਜਾਬ ਸਕੂਲ ਸਿੱਖਿਆ ਬੋਰਡ ਵਿਦਿਆਰਥੀਆਂ ਤੇ ਲਗਾਤਾਰ ਫੀਸਾਂ ਦਾ ਬੋਝ ਵਧਾ ਰਿਹਾ ਹੈ, ਜਿਸ ਨਾਲ਼ ਗਰੀਬ ਘਰਾਂ ਦੇ ਵਿਦਿਆਰਥੀਆਂ ਦਾ ਪੜ੍ਹਨਾ ਹੋਰ ਮੁਸ਼ਕਲ ਹੋ ਰਿਹਾ ਹੈ, ਭਾਵੇਂ ਕਿ ਅਧਿਆਪਕ ਆਪਣੇ ਕੋਲੋਂ ਕੁਝ ਵਿਦਿਆਰਥੀਆਂ ਦੀ ਮਾਲੀ ਮਦਦ ਕਰਦੇ ਹਨ, ਪਰ ਸਰਕਾਰ ਦੇ ਪੱਧਰ 'ਤੇ ਫੀਸਾਂ ਘਟਾਉਣ ਦਾ ਕੰਮ ਕਰਨਾ ਚਾਹੀਦਾ ਹੈ ਅਤੇ ਨਾਲ਼ ਹੀ ਪ੍ਰੀਖਿਆ ਸੈਂਟਰ ਪਿੱਤਰੀ ਸਕੂਲਾਂ ਵਿੱਚ ਬਣਾਏ ਜਾਣੇ ਚਾਹੀਦੇ ਹਨ, ਜਿਸ ਨਾਲ਼ ਵਿਦਿਆਰਥੀਆਂ ਦੀ ਖੱਜਲ ਖੁਆਰੀ ਘਟ ਸਕੇ। ਮੀਟਿੰਗ ਵਿੱਚ ਵਿੱਤੀ ਤੇ ਹੋਰ ਮੁੱਦੇ ਵਿਚਾਰੇ ਗਏ।

ਇਸ ਸੰਬੰਧੀ ਦੱਸਦਿਆਂ ਸੂਬਾ ਪ੍ਰੈੱਸ ਸਕੱਤਰ ਰਣਬੀਰ ਸਿੰਘ ਸੋਹਲ ਨੇ ਸਿੱਖਿਆ ਮੰਤਰੀ ਸ੍ਰ. ਹਰਜੋਤ ਸਿੰਘ ਬੈਂਸ ਤੋਂ ਮੰਗ ਕੀਤੀ ਕਿ ਵਿਦਿਆਰਥੀ-ਅਧਿਆਪਕ ਅਨੁਪਾਤ ਨੂੰ ਸੰਤੁਲਿਤ ਕੀਤਾ ਜਾਵੇ, ਸਕੂਲਾਂ ਵਿੱਚ ਹਰ ਵਰਗ ਦੇ ਅਧਿਆਪਕਾਂ ਦੀਆਂ ਖ਼ਾਲੀ ਪਈਆਂ ਅਸਾਮੀਆਂ ਨੂੰ ਪੁਰ ਕੀਤਾ ਜਾਵੇ ਤੇ ਨਿਯਮਾਂ ਨੂੰ ਸੋਧਦੇ ਹੋਏ ਫੀਡਰ ਕਾਡਰਾਂ ਤੋਂ ਪ੍ਰਿੰਸੀਪਲ ਦੀਆਂ ਤਰੱਕੀਆਂ ਵਿਦਿਆਰਥੀ ਹਿੱਤ ਵਿੱਚ ਜਲਦ ਤੋਂ ਜਲਦ ਕੀਤੀਆਂ ਜਾਣ ਤਾਂ ਜੋ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਦਾ ਮੁਹਾਂਦਰਾ ਹੋਰ ਨਿਖਾਰਿਆ ਜਾ ਸਕੇ। ਇਸ ਮੌਕੇ ਜਥੇਬੰਦੀ ਦੇ ਮੁੱਖ ਸਲਾਹਕਾਰ ਸੁਖਦੇਵ ਸਿੰਘ ਰਾਣਾ, ਸੀਨੀਅਰ ਮੀਤ ਪ੍ਰਧਾਨ ਸ੍ਰੀ ਅਮਨ ਸ਼ਰਮਾ, ਜਗਤਾਰ ਸਿੰਘ ਸੈਦੋਕੇ, ਅਵਤਾਰ ਸਿੰਘ ਰੋਪੜ, ਰਾਮਵੀਰ ਸਿੰਘ, ਅਮਰਜੀਤ ਸਿੰਘ ਵਾਲੀਆ, ਬਲਦੀਸ ਕੁਮਾਰ ਐੱਸ ਬੀ ਐੱਸ ਨਗਰ, ਜਗਤਾਰ ਸਿੰਘ ਹੁਸ਼ਿਆਰਪੁਰ, ਬਲਜੀਤ ਸਿੰਘ ਕਪੂਰਥਲਾ, ਤੇਜਿੰਦਰ ਸਿੰਘ ਤਰਨਤਾਰਨ, ਕੌਸ਼ਲ ਕੁਮਾਰ ਪਠਾਨਕੋਟ, ਚਮਕੌਰ ਸਿੰਘ ਫਰੀਦਕੋਟ, ਗੁਰਪ੍ਰੀਤ ਸਿੰਘ ਬਠਿੰਡਾ, ਲਖਵਿੰਦਰ ਸਿੰਘ ਮਾਨਸਾ, ਚਰਨ ਦਾਸ ਮੁਕਤਸਰ, ਹਰਜੀਤ ਸਿੰਘ, ਕੁਲਦੀਪ ਗਰੋਵਰ, ਕਰਮਜੀਤ ਸਿੰਘ ਫਤਿਹਗੜ੍ਹ ਸਾਹਿਬ ਆਦਿ ਮੌਜੂਦ ਸਨ।

# ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗੁਰੂ ਹਰਗੋਬਿੰਦ ਜੀ ਦਾ ਪ੍ਰਕਾਸ਼ ਦਿਹਾੜਾ



**ਬਾਘਾ ਪੁਰਾਣਾ (ਮਨੀ ਸਿੰਗਲਾ)**

ਬਾਘਾ ਪੁਰਾਣਾ ਵਿਖੇ ਸਥਿਤ ਗੁਰਦੁਆਰਾ ਹਰਗੋਬਿੰਦਸਰ ਸਾਹਿਬ ਪਾਤਸ਼ਾਹੀ ਛੇਵੀਂ ਵਿਖੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਜੀ ਦਾ ਪ੍ਰਕਾਸ਼ ਦਿਹਾੜਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਉਂਦਿਆਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਨਗਰ ਕੀਰਤਨ ਵੀ ਸਜਾਇਆ ਗਿਆ, ਜਿਸ ਦੌਰਾਨ ਵੱਡੀ ਗਿਣਤੀ ਵਿੱਚ ਇਲਾਕੇ ਇਲਾਵਾ ਦੂਰ ਦੁਰਾਡੇ ਦੀਆਂ ਸੰਗਤਾਂ ਵੱਲੋਂ ਵੀ ਸ਼ਮੂਲੀਅਤ ਕਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕੀਤੀਆਂ। ਇਨ੍ਹਾਂ ਧਾਰਮਿਕ ਸਮਾਗਮਾਂ ਦੌਰਾਨ ਅਰੰਭ ਕੀਤੀ ਅਖੰਡ ਪਾਠਾਂ ਦੀ ਲੜੀ ਦੇ ਭੋਗ ਪਾਉਣ ਉਪਰੰਤ ਹਜ਼ੂਰੀ ਰਾਗੀ ਭਾਈ ਸੱਤਪਾਲ ਸਿੰਘ ਦੇ ਕੀਰਤਨੀ ਜਥੇ ਵੱਲੋਂ ਗੁਰਬਾਨੀ ਦਾ ਰਸ ਭਿੰਨਾ ਕੀਰਤਨ ਕਰ ਕੇ ਸੰਗਤਾਂ ਨੂੰ ਨਿਹਾਲ ਕੀਤਾ। ਉਪਰੰਤ ਅੰਤਰਰਾਸ਼ਟਰੀ ਕਵੀਸ਼ਰ ਗੋਲਡ ਮੈਡਲਿਸਟ ਭਾਈ ਵੀਰਭਾਨ ਸਿੰਘ ਮੌੜ ਮਾਲਵਾ ਦੇ ਕਵੀਸ਼ਰੀ ਜਥੇ ਵੱਲੋਂ ਗੁਰੂ ਇਤਿਹਾਸ ਤੇ ਬੀਰ ਰਸ ਵਾਰਾਂ ਗਾ ਕੇ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਗੁਰਦੁਆਰਾ ਸਾਹਿਬ ਦੇ ਚੇਅਰਮੈਨ ਹਰਪਾਲ ਸਿੰਘ ਧਾਲੀਵਾਲ, ਪ੍ਰਧਾਨ ਜਥੇਦਾਰ ਗੁਰਜੰਟ ਸਿੰਘ ਬਰਾੜ, ਸਕੱਤਰ ਜਥੇਦਾਰ ਗੁਰਦੀਪ ਸਿੰਘ ਚੀਮਾ ਵੱਲੋਂ ਰਾਗੀ ਜੱਥਿਆਂ, ਕਵੀਸ਼ਰ ਜੱਥਿਆਂ, ਸੰਤ ਮਹਾਂਪੁਰਖ, ਅਖੰਡ ਪਾਠ ਕਰਵਾਉਣ ਵਾਲੇ ਪਰਵਾਰਾਂ ਤੇ ਸਹਿਯੋਗੀ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕਰ ਕੇ ਸਨਮਾਨਤ ਕੀਤਾ ਗਿਆ। ਇਸ ਸਮਾਗਮ ਦੌਰਾਨ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਜਿੱਥੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਈਆਂ ਗਈਆਂ, ਉਥੇ ਸੰਗਤਾਂ ਲਈ ਗੁਰੂ ਕਾ ਲੰਗਰ ਵੀ ਅਤੁੱਟ ਵਰਤਾਇਆ ਗਿਆ। ਇਸ ਸਮਾਗਮ ਦੌਰਾਨ ਉਚੇਚੇ ਤੌਰ 'ਤੇ ਪੁੱਜੇ ਸੰਤ ਬਾਬਾ ਗੁਰਦੀਪ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸ਼ਹੀਦ ਬਾਬਾ ਤੇਗਾ ਸਿੰਘ ਚੰਦ ਪੁਰਾਣਾ ਵਾਲਿਆਂ ਨੇ ਸੰਗਤਾਂ ਦੇ ਸਨਮੁੱਖ ਹੁੰਦਿਆਂ ਕਿਹਾ ਕਿ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹ ਜੀ ਨੇ ਸਾਨੂੰ ਮੀਰੀ ਪੀਰੀ ਦਾ ਸਿਧਾਂਤ ਦੇ ਕੇ ਜਿੱਥੇ ਧਰਮ ਨੂੰ ਉੱਚਾ ਰੱਖਣ ਦੇ ਨਾਲ ਨਾਲ ਸੁਚੱਜੇ ਢੰਗ ਨਾਲ ਸਿਆਸਤ ਕਰਨ ਦੀ ਵੀ ਜਾਂਚ ਦੱਸੀ। ਉਨ੍ਹਾਂ ਕਿਹਾ ਕਿ ਜਦੋਂ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਪਾਤਸ਼ਾਹ ਜੀ ਨੂੰ ਗਵਾਲੀਅਰ ਦੇ ਕਿਲ੍ਹੇ ਵਿੱਚ ਕੈਦ ਕੀਤਾ ਗਿਆ ਤਾਂ ਉਥੋਂ ਵੀ ਉਨ੍ਹਾਂ ਨੇ ਸਿਆਸੀ ਕੈਦੀ ਰਾਜਿਆਂ ਨੂੰ ਆਜ਼ਾਦ ਕਰਵਾਇਆ। ਉਨ੍ਹਾਂ ਨੌਜਵਾਨ ਪੀੜ੍ਹੀ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਦਾ ਤਿਆਗ ਕਰਕੇ ਬਾਣੀ ਤੇ ਬਾਣੇ ਦੇ ਧਾਰਨੀ ਹੋਣ ਤੇ ਗੁਰਬਾਣੀ ਅਤੇ ਗੁਰੂਆਂ ਵੱਲੋਂ ਦੱਸੇ ਮਾਰਗ 'ਤੇ ਚਲਦਿਆਂ ਆਪਣਾ ਜੀਵਨ ਸਫਲ ਕਰਨ। ਇਸ ਸਮਾਗਮ ਦੌਰਾਨ ਸੰਤ ਬਾਬਾ ਮਹਿੰਦਰ ਦਾਸ ਮੱਲੇਵਾਲਾ, ਸੰਤ ਬਾਬਾ ਇੰਦਰਜੀਤ ਸਿੰਘ ਦੇਵੀ ਵਾਲਾ, ਸੰਤ ਬਾਬਾ ਗੁਰਪ੍ਰੀਤ ਸਿੰਘ ਸਮਾਲਸਰ, ਸੰਤ ਬਾਬਾ ਹਰਜਿੰਦਰ ਸਿੰਘ ਮਟੀਲੀ ਵਾਲੇ, ਬਾਬਾ ਰਮਨਦੀਪ ਸਿੰਘ ਮੰਡੀਰਾ ਵਾਲੇ, ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਬੇਅੰਤ ਸਿੰਘ, ਸੁਖਦੇਵ ਸਿੰਘ ਸੁੱਖਾ, ਪਰਮਜੀਤ ਸਿੰਘ, ਮਲਕੀਤ ਸਿੰਘ, ਅਮਰਜੀਤ ਸਿੰਘ ਚੀਮਾ, ਸੇਵਕ ਸਿੰਘ, ਸੁਖਮੰਦਰ ਸਿੰਘ ਚੀਮਾ, ਸੈਕਟਰੀ ਕੁਲਵੰਤ ਸਿੰਘ ਡੀਪੂ ਵਾਲਾ, ਐਡਵੋਕੇਟ ਬਲਵੰਤ ਸਿੰਘ ਬਰਾੜ ਸ਼ੇਰਾਂ ਵਾਲੇ ਆਲਮਵਾਲਾ, ਸਤਿੰਦਰ ਸਿੰਘ ਮਾਹਲਾ ਬਾਘਾ ਪੁਰਾਣਾ, ਹਰਮਿੰਦਰਪਾਲ ਸਿੰਘ ਕਾਕਾ ਬਰਾੜ ਆਦਿ ਵੱਲੋਂ ਇਸ ਧਾਰਮਿਕ ਸਮਾਗਮ ਦੌਰਾਨ ਹਾਜ਼ਰੀ ਲਗਵਾਈ ਗਈ।

16- June - Page - 6.qxd 6/15/2025 9:58 PM Page 1



## ਮਾਈਨਿੰਗ ਸਾਈਟਾਂ ਦੀ ਨਿਸ਼ਾਨਦੇਹੀ ਲਈ ਨਵੇਂ ਡੀ ਜੀ ਪੀ ਐਸ ਸਿਸਟਮ ਦੀ ਖਰੀਦ

ਜਲੰਧਰ, (ਸੁਰਿੰਦਰ ਕੁਮਾਰ)- ਜ਼ਿਲ੍ਹੇ ਭਰ ਵਿੱਚ ਮਾਈਨਿੰਗ ਸਾਈਟਾਂ ਦੀ ਤੁਰੰਤ ਅਤੇ ਸਹੀ ਨਿਸ਼ਾਨਦੇਹੀ ਨੂੰ ਯਕੀਨੀ ਬਣਾਉਣ ਲਈ ਜਲੰਧਰ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਇੱਕ ਨਵੇਂ ਡਿਫਰੈਂਸ਼ੀਅਲ ਗਲੋਬਲ ਪੁਜ਼ੀਸ਼ਨਿੰਗ ਸਿਸਟਮ (ਡੀ.ਜੀ.ਪੀ.ਐਸ.) ਦੀ ਖਰੀਦ ਕੀਤੀ ਗਈ ਹੈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਵੱਖ-ਵੱਖ ਸਕੀਮਾਂ ਅਧੀਨ ਚੱਲ ਰਹੇ ਪ੍ਰੋਜੈਕਟਾਂ ਦਾ ਜਾਇਜ਼ਾ ਲਿਆ। ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਮੁਕੰਮਲ ਹੋ ਚੁੱਕੇ ਪ੍ਰੋਜੈਕਟਾਂ ਦੇ ਵਰਤੋਂ ਸਰਟੀਫਿਕੇਟ ਜਮ੍ਹਾ ਕਰਾਉਣ ਦੇ ਨਿਰਦੇਸ਼ ਦਿੱਤੇ। ਮੀਟਿੰਗ ਦੌਰਾਨ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਕੇਂਦਰ ਦੇ ਨਵੀਨੀਕਰਨ, ਧੋਗੜੀ ਰੋਡ ਦੇ ਨਿਰਮਾਣ, ਬੀ.ਐਮ.ਸੀ. ਚੌਕ ਵਿਖੇ ਕ੍ਰਿਕਟ ਬੈਟ ਬਾਕਸ ਸਥਾਪਤ ਕਰਨ, ਨਵੀਆਂ ਸੜਕਾਂ ਦੇ ਵਿਕਾਸ, ਸਰਕਾਰੀ ਸਕੂਲਾਂ ਵਿੱਚ ਨਵੀਆਂ ਲਾਇਬ੍ਰੇਰੀਆਂ ਸਮੇਤ ਹੋਰ ਪਹਿਲਕਦਮੀਆਂ ਦੀ ਸਮੀਖਿਆ ਕੀਤੀ ਗਈ। ਡਿਪਟੀ ਕਮਿਸ਼ਨਰ ਨੇ ਇਨ੍ਹਾਂ ਪ੍ਰੋਜੈਕਟਾਂ ਨੂੰ ਨਿਰਧਾਰਤ ਸਮੇਂ ਦੇ ਅੰਦਰ ਪੂਰਾ ਕਰਨ 'ਤੇ ਜ਼ੋਰ ਦਿੱਤਾ। ਡਾ. ਅਗਰਵਾਲ ਨੇ ਨਵੀਆਂ ਤਜਵੀਜ਼ਾਂ ਦੀ ਮੰਗ ਕਰਦਿਆਂ ਕਿਹਾ ਕਿ ਜ਼ਿਲ੍ਹੇ ਵਿੱਚ ਵਿਕਾਸ ਪ੍ਰੋਜੈਕਟਾਂ ਲਈ ਫੰਡਾਂ ਦੀ ਕੋਈ ਕਮੀ ਨਹੀਂ ਹੈ। ਉਨ੍ਹਾਂ ਚੱਲ ਰਹੇ ਕੰਮਾਂ 'ਤੇ ਸੀਨੀਅਰ ਅਧਿਕਾਰੀਆਂ ਵੱਲੋਂ ਨਿਰੰਤਰ ਨਿਗਰਾਨੀ ਰੱਖਣ ਦੀ ਜ਼ਰੂਰਤ 'ਤੇ ਵੀ ਜ਼ੋਰ ਦਿੱਤਾ। ਉਨ੍ਹਾਂ ਸਬੰਧਤ ਅਧਿਕਾਰੀਆਂ ਨੂੰ ਇਨ੍ਹਾਂ ਪ੍ਰੋਜੈਕਟਾਂ ਦੀ ਪ੍ਰਗਤੀ ਦੀ ਵਿਅਕਤੀਗਤ ਤੌਰ 'ਤੇ ਨਿਗਰਾਨੀ ਕਰਨ ਦੀ ਹਦਾਇਤ ਕੀਤੀ ਤਾਂ ਜੋ ਇਨ੍ਹਾਂ ਨੂੰ ਸਮੇਂ ਸਿਰ ਅਤੇ ਗੁਣਵੱਤਾ ਨਾਲ ਪੂਰਾ ਕੀਤਾ ਜਾ ਸਕੇ। ਜਲੰਧਰ ਪ੍ਰਸ਼ਾਸਨ ਵੱਲੋਂ ਖੇਡ ਸੱਭਿਆਚਾਰ ਨੂੰ ਜ਼ਮੀਨੀ ਪੱਧਰ 'ਤੇ ਪ੍ਰਫੁੱਲਿਤ ਕਰਨ ਲਈ ਜ਼ਿਲ੍ਹੇ ਦੇ ਸਾਰੇ ਪਿੰਡਾਂ ਵਿੱਚ ਮਾਡਲ ਖੇਡ ਮੈਦਾਨਾਂ ਦੀ ਉਸਾਰੀ ਵੀ ਸ਼ੁਰੂ ਕਰ ਦਿੱਤੀ ਗਈ ਹੈ।

# ਗਤਕੇ 'ਚ ਪੰਜਾਬ ਦੀਆਂ ਲੜਕੀਆਂ ਨੇ ਓਵਰਆਲ ਟਰਾਫੀ ਜਿੱਤੀ

**ਸ਼ੇਰੀ ਸਿੰਘ ਤੇ ਰਵਲੀਨ ਕੌਰ ਬਣੇ ਸਰਵੋਤਮ ਖਿਡਾਰੀ ✪ ਹਰਮਨਦੀਪ ਕੌਰ ਤੇ ਹਰਸਿਮਰਨ ਸਿੰਘ ਨੇ ਸਰਵੋਤਮ ਪ੍ਰਦਰਸ਼ਨ ਦਾ ਜਿੱਤਿਆ ਖਿਤਾਬ**



ਨਵੀਂ ਦਿੱਲੀ / ਚੰਡੀਗੜ੍ਹ (ਗੁਰਜੀਤ ਬਿੱਲਾ)- ਨੈਸ਼ਨਲ ਗੱਤਕਾ ਐਸੋਸੀਏਸ਼ਨ ਆਫ ਇੰਡੀਆ (ਐਨ.ਜੀ.ਏ.ਆਈ.) ਵੱਲੋਂ ਕਰਵਾਈ ਤਿੰਨ ਰੋਜ਼ਾ 12ਵੀਂ ਰਾਸ਼ਟਰੀ ਗਤਕਾ (ਪੁਰਸ਼ ਅਤੇ ਮਹਿਲਾ) ਚੈਂਪੀਅਨਸ਼ਿਪ ਐਤਵਾਰ ਨਵੀਂ ਦਿੱਲੀ ਦੇ ਤਾਲਕਟੋਰਾ ਇਨਡੋਰ ਸਟੇਡੀਅਮ ਵਿਖੇ ਸਫਲਤਾਪੂਰਵਕ ਸਮਾਪਤ ਹੋਈ, ਜਿਸ ਵਿੱਚ 14 ਸੂਬਿਆਂ ਤੋਂ 500 ਤੋਂ ਵੱਧ ਖਿਡਾਰੀਆਂ ਵਾਲੀਆਂ ਪੁਰਸ਼ ਅਤੇ ਮਹਿਲਾ ਗਤਕਾ ਟੀਮਾਂ ਨੇ ਭਾਗ ਲਿਆ।ਮੁੱਖ ਮਹਿਮਾਨ ਦਿੱਲੀ ਹਾਈ ਕੋਰਟ ਦੇ ਸਾਬਕਾ ਜੱਜ ਜਸਟਿਸ (ਸੇਵਾਮੁਕਤ) ਤਲਵੰਤ ਸਿੰਘ ਅਤੇ ਵਿਸ਼ੇਸ਼ ਮਹਿਮਾਨ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਮੈਂਬਰ ਬੀਬੀ ਰਣਜੀਤ ਕੌਰ ਨੇ ਜੇਤੂਆਂ ਨੂੰ ਮੈਡਲ ਅਤੇ ਟਰਾਫੀਆਂ ਭੇਟ ਕੀਤੀਆਂ। ਐਨ.ਜੀ.ਏ.ਆਈ. ਦੇ ਪ੍ਰਧਾਨ ਹਰਜੀਤ ਸਿੰਘ ਗਰੇਵਾਲ ਨੇ ਚੈਂਪੀਅਨਸ਼ਿਪ ਦੀ ਸ਼ਾਨਦਾਰ ਸਫਲਤਾ ਲਈ ਸਾਰੇ ਭਾਗੀਦਾਰਾਂ, ਮਹਿਮਾਨਾਂ ਅਤੇ ਅਧਿਕਾਰੀਆਂ/ਕਰਮਚਾਰੀਆਂ ਦਾ ਧੰਨਵਾਦ ਕੀਤਾ। ਇਸ ਮੌਕੇ ਮਨਮੋਹਨ ਸਿੰਘ ਜੌਲੀ, ਡਾ. ਤੇਜਿੰਦਰ ਪਾਲ ਸਿੰਘ ਨਲਵਾ ਅਤੇ ਸੁਖਚੈਨ ਸਿੰਘ ਕਲਸਾਣੀ ਵੀ ਮੌਜੂਦ ਸਨ।ਇਸ ਚੈਂਪੀਅਨਸ਼ਿਪ ਦੌਰਾਨ ਪੰਜਾਬ ਦੀਆਂ ਲੜਕੀਆਂ ਨੇ ਓਵਰਆਲ ਟਰਾਫੀ ਜਿੱਤੀ ਜਦਕਿ ਚੰਡੀਗੜ੍ਹ ਨੂੰ ਦੂਜਾ ਸਥਾਨ ਅਤੇ ਹਰਿਆਣਾ ਤੀਜੇ ਸਥਾਨ 'ਤੇ ਰਿਹਾ। ਲੜਕਿਆਂ ਦੇ ਵਰਗ ਵਿੱਚ ਵੀ ਪੰਜਾਬ ਓਵਰਆਲ ਚੈਂਪੀਅਨ ਬਣਿਆ, ਛੱਤੀਸਗੜ੍ਹ ਦੂਜੇ ਅਤੇ ਉਤਰਾਖੰਡ ਤੀਜੇ ਸਥਾਨ 'ਤੇ ਰਿਹਾ। ਵਿਸ਼ੇਸ਼ ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਵਿੱਚ ਚੰਡੀਗੜ੍ਹ ਦੀ ਰਵਲੀਨ ਕੌਰ ਅਤੇ ਪੰਜਾਬ ਦੀ ਹਰਮਨਦੀਪ ਕੌਰ ਨੂੰ ਲੜਕੀਆਂ ਦੇ ਵਰਗ ਵਿੱਚ ਸਰਵੋਤਮ ਖਿਡਾਰੀ ਅਤੇ ਸਰਵੋਤਮ ਪ੍ਰਦਰਸ਼ਨ ਲਈ ਪੁਰਸਕਾਰਾਂ ਨਾਲ ਸਨਮਾਨਤ ਕੀਤਾ ਗਿਆ। ਪੰਜਾਬ ਦੇ ਸ਼ੇਰੀ ਸਿੰਘ ਨੂੰ ਲੜਕਿਆਂ ਦੇ ਵਰਗ ਵਿੱਚ ਸਰਵੋਤਮ ਖਿਡਾਰੀ ਐਲਾਨਿਆ ਗਿਆ ਅਤੇ ਪੰਜਾਬ ਦੇ ਹਰਸਿਮਰਨ ਸਿੰਘ ਨੂੰ ਸਰਵੋਤਮ ਪ੍ਰਦਰਸ਼ਨ ਦਾ ਪੁਰਸਕਾਰ ਮਿਲਿਆ। ਲੜਕਿਆਂ ਦੇ ਅੰਡਰ-14 ਗਤਕਾ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ ਉਤਰਾਖੰਡ ਦੇ ਗਗਨਦੀਪ ਸਿੰਘ ਨੇ ਸੋਨ ਤਗਮਾ, ਨੂਰਪ੍ਰੀਤ ਸਿੰਘ ਨੇ ਚਾਂਦੀ ਅਤੇ ਮਹਾਰਾਸ਼ਟਰ ਦੇ ਮਹੇਸ਼ ਅਤੇ ਪੰਜਾਬ ਦੇ ਸੁਖਮਨਪ੍ਰੀਤ ਸਿੰਘ ਨੇ ਸਾਂਝੇ ਤੌਰ 'ਤੇ ਕਾਂਸੀ ਦਾ ਤਗਮਾ ਜਿੱਤਿਆ। ਲੜਕਿਆਂ ਦੇ ਅੰਡਰ-14 ਗਤਕਾ ਸੋਟੀ ਟੀਮ ਮੁਕਾਬਲੇ ਵਿੱਚ ਹਰਿਆਣਾ ਨੇ ਸੋਨ, ਉਤਰਾਖੰਡ ਨੇ ਚਾਂਦੀ ਅਤੇ ਛੱਤੀਸਗੜ੍ਹ ਅਤੇ ਚੰਡੀਗੜ੍ਹ ਨੇ ਕਾਂਸੀ ਦਾ ਤਗਮਾ ਜਿੱਤਿਆ। ਅੰਡਰ-14 ਫਰੀ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ, ਉਤਰਾਖੰਡ ਦੇ ਜਗਜੀਤ ਸਿੰਘ ਨੇ ਸੋਨ, ਚੰਡੀਗੜ੍ਹ ਦੇ ਸਰਵੰਗ ਸਿੰਘ ਖਾਲਸਾ ਨੇ ਚਾਂਦੀ ਅਤੇ ਪੰਜਾਬ ਦੇ ਏਕਮਜੀਤ ਸਿੰਘ ਤੇ ਸੁਖਮਨਪ੍ਰੀਤ ਸਿੰਘ ਨੇ ਕਾਂਸੀ ਦਾ ਤਗਮਾ ਜਿੱਤਿਆ। ਅੰਡਰ-14 ਫਰੀ ਸੋਟੀ ਟੀਮ ਮੁਕਾਬਲੇ ਵਿੱਚ ਪੰਜਾਬ ਨੇ ਸੋਨ, ਉਤਰਾਖੰਡ ਨੇ ਚਾਂਦੀ ਅਤੇ ਚੰਡੀਗੜ੍ਹ ਤੇ ਤਾਮਿਲਨਾਡੂ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ।ਲੜਕਿਆਂ ਦੇ ਅੰਡਰ-17 ਗਤਕਾ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ, ਛੱਤੀਸਗੜ੍ਹ ਦੇ ਸਮਰਥ ਸਿੰਘ ਨੇ ਸੋਨ, ਉਤਰਾਖੰਡ ਦੇ ਰਾਜਵੀਰ ਸਿੰਘ ਨੇ ਚਾਂਦੀ ਅਤੇ ਪੰਜਾਬ ਦੇ ਤਨਵੀਰ ਸਿੰਘ ਤੇ ਤੇਲੰਗਾਨਾ ਦੇ ਦਲਜੀਤ ਸਿੰਘ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ। ਅੰਡਰ-17 ਗਤਕਾ ਸੋਟੀ ਟੀਮ ਮੁਕਾਬਲੇ ਵਿੱਚ ਪੰਜਾਬ ਨੇ ਸੋਨ, ਹਰਿਆਣਾ ਨੇ ਚਾਂਦੀ ਅਤੇ ਉਤਰਾਖੰਡ ਤੇ ਦਿੱਲੀ ਨੇ ਕਾਂਸੀ ਦਾ ਤਗਮਾ ਜਿੱਤਿਆ। ਅੰਡਰ-17 ਫਰੀ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ ਛੱਤੀਸਗੜ੍ਹ ਦੇ ਹਰਸ਼ਦੀਪ ਸਿੰਘ ਨੇ ਸੋਨ, ਉਤਰਾਖੰਡ ਦੇ ਅਭਿਜੋਤ ਸਿੰਘ ਨੇ ਚਾਂਦੀ ਅਤੇ ਤੇਲੰਗਾਨਾ ਦੇ ਅੰਗਦ ਸਿੰਘ ਤੇ ਚੰਡੀਗੜ੍ਹ ਦੇ ਅੰਗਦਵੀਰ ਸਿੰਘ ਨੇ ਕਾਂਸੀ ਦਾ ਤਗਮਾ ਜਿੱਤਿਆ। ਅੰਡਰ-17 ਫਰੀ ਸੋਟੀ ਟੀਮ ਮਕਾਬਲੇ ਵਿੱਚ, ਪੰਜਾਬ ਨੇ ਸੋਨ, ਛੱਤੀਸਗੜ੍ਹ ਨੇ ਚਾਂਦੀ ਅਤੇ ਮਹਾਰਾਸ਼ਟਰ ਅਤੇ ਉਤਰਾਖੰਡ ਨੇ ਕਾਂਸੀ ਦਾ ਤਗਮਾ ਜਿੱਤਿਆ। ਲੜਕੀਆਂ ਦੇ ਅੰਡਰ-17 ਫਰੀ ਸੋਟੀ ਟੀਮ ਮੁਕਾਬਲੇ ਵਿੱਚ, ਚੰਡੀਗੜ੍ਹ ਨੇ ਸੋਨ, ਉਤਰਾਖੰਡ ਨੇ ਚਾਂਦੀ ਅਤੇ ਤਾਮਿਲਨਾਡੂ ਅਤੇ ਪੰਜਾਬ ਨੇ ਸਾਂਝੇ ਤੌਰ 'ਤੇ ਕਾਂਸੀ ਦਾ ਤਗਮਾ ਜਿੱਤਿਆ।ਲੜਕਿਆਂ ਦੇ ਅੰਡਰ-19 ਗਤਕਾ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ ਛੱਤੀਸਗੜ੍ਹ ਦੇ ਹਰਕੀਰਤ ਸਿੰਘ ਨੇ ਸੋਨ, ਚੰਡੀਗੜ੍ਹ ਦੇ ਤੇਜਪ੍ਰਤਾਪ ਸਿੰਘ ਨੇ ਚਾਂਦੀ ਅਤੇ ਪੰਜਾਬ ਦੇ ਸਾਹਿਬਵੀਰ ਸਿੰਘ ਤੇ ਹਰਿਆਣਾ ਦੇ ਵਾਰਿਸਪ੍ਰੀਤ ਸਿੰਘ ਨੇ ਕਾਂਸੀ ਦੇ ਤਗਮੇ ਜਿੱਤੇ। ਗਤਕਾ ਸੋਟੀ ਟੀਮ ਮੁਕਾਬਲਿਆਂ ਵਿੱਚ ਪੰਜਾਬ ਨੇ ਸੋਨ, ਦਿੱਲੀ ਨੇ ਚਾਂਦੀ ਅਤੇ ਚੰਡੀਗੜ੍ਹ ਤੇ ਛੱਤੀਸਗੜ੍ਹ ਨੇ ਕਾਂਸੀ ਦੇ ਤਗਮੇ ਜਿੱਤੇ। ਫਰੀ ਸੋਟੀ ਵਿਅਕਤੀਗਤ ਮੁਕਾਬਲਿਆਂ ਵਿੱਚ ਪੰਜਾਬ ਦੇ ਗੁਰਲਾਲ ਸਿੰਘ ਨੇ ਸੋਨ, ਹਰਿਆਣਾ ਦੇ ਅਰਮਾਨਦੀਪ ਸਿੰਘ ਨੇ ਚਾਂਦੀ ਅਤੇ ਉਤਰਾਖੰਡ ਦੇ ਸਾਹਿਲ ਸਿੰਘ ਤੇ ਚੰਡੀਗੜ੍ਹ ਦੇ ਜਸਕਰਨ ਸਿੰਘ ਨੇ ਕਾਂਸੀ ਦੇ ਤਗਮੇ ਜਿੱਤੇ। ਫਰੀ ਸੋਟੀ ਟੀਮ ਮੁਕਾਬਲੇ ਵਿੱਚ ਹਰਿਆਣਾ ਨੇ ਸੋਨ, ਪੰਜਾਬ ਨੇ ਚਾਂਦੀ ਅਤੇ ਛੱਤੀਸਗੜ੍ਹ ਤੇ ਚੰਡੀਗੜ੍ਹ ਨੇ ਕਾਂਸੀ ਦਾ ਤਗਮਾ ਜਿੱਤਿਆ।ਲੜਕਿਆਂ ਦੇ ਅੰਡਰ-22 ਗਤਕਾ ਸੋਟੀ ਵਿਅਕਤੀਗਤ ਮੁਕਾਬਲਿਆਂ ਵਿੱਚ ਪੰਜਾਬ ਦੇ ਮਨਿੰਦਰ ਸਿੰਘ ਨੇ ਸੋਨ, ਦਿੱਲੀ ਦੇ ਸਾਹਿਬ ਸਿੰਘ ਨੇ ਚਾਂਦੀ ਅਤੇ ਤਾਮਿਲਨਾਡੂ ਦੇ ਐਸ. ਹਰੀ ਹਰਨ ਤੇ ਚੰਡੀਗੜ੍ਹ ਦੇ ਬਚੰਗੇਜ਼ ਸਿੰਘ ਨੇ ਸਾਂਝੇ ਤੌਰ 'ਤੇ ਕਾਂਸੀ ਦੇ ਤਗਮੇ ਜਿੱਤੇ। ਗਤਕਾ ਸੋਟੀ ਟੀਮ ਮੁਕਾਬਲਿਆਂ ਵਿੱਚ ਪੰਜਾਬ ਨੇ ਸੋਨ, ਛੱਤੀਸਗੜ੍ਹ ਨੇ ਚਾਂਦੀ ਅਤੇ ਉਤਰਾਖੰਡ ਤੇ ਤਾਮਿਲਨਾਡੂ ਨੇ ਕਾਂਸੀ ਦਾ ਤਗਮਾ ਜਿੱਤਿਆ। ਫਰੀ ਸੋਟੀ ਵਿਅਕਤੀਗਤ ਮੁਕਾਬਲਿਆਂ ਵਿੱਚ ਚੰਡੀਗੜ੍ਹ ਦੇ ਦਿਲਪ੍ਰੀਤ ਸਿੰਘ ਨੇ ਸੋਨ, ਪੰਜਾਬ ਦੇ ਕਰਨਪ੍ਰੀਤ ਸਿੰਘ ਨੇ ਚਾਂਦੀ ਅਤੇ ਤਾਮਿਲਨਾਡੂ ਦੇ ਜਿਨਸ਼ ਅਤੇ ਦਿੱਲੀ ਦੇ ਪ੍ਰਭਜੋਤ ਸਿੰਘ ਨੇ ਕਾਂਸੀ ਦਾ ਤਗਮਾ ਜਿੱਤਿਆ। ਫਰੀ ਸੋਟੀ ਟੀਮ ਮੁਕਾਬਲਿਆਂ ਵਿੱਚ ਪੰਜਾਬ ਨੇ ਸੋਨ, ਉਤਰਾਖੰਡ ਨੇ ਚਾਂਦੀ ਅਤੇ ਬਿਹਾਰ ਤੇ ਚੰਡੀਗੜ੍ਹ ਨੇ ਕਾਂਸੀ ਦੇ ਤਗਮੇ ਜਿੱਤੇ। ਲੜਕੀਆਂ ਦੇ ਅੰਡਰ-22 ਫਰੀ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ ਪੰਜਾਬ ਨੇ ਸੋਨ, ਛੱਤੀਸਗੜ੍ਹ ਨੇ ਚਾਂਦੀ ਅਤੇ ਛੱਤੀਸਗੜ੍ਹ ਤੇ ਮੱਧ ਪ੍ਰਦੇਸ਼ ਨੇ ਕਾਂਸੀ ਦਾ ਤਗਮਾ ਪ੍ਰਾਪਤ ਕੀਤਾ।ਲੜਕਿਆਂ ਦੇ ਅੰਡਰ-25 ਗੱਤਕਾ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ, ਪੰਜਾਬ ਦੇ ਸ਼ੇਰੀ ਸਿੰਘ ਨੇ ਸੋਨ, ਤਾਮਿਲਨਾਡੂ ਦੇ ਡੀ. ਏਲੀਮਨ ਨੇ ਚਾਂਦੀ ਅਤੇ ਰਾਜਸਥਾਨ ਦੇ ਨਰੇਸ਼ ਕੁਮਾਰ ਤੇ ਛੱਤੀਸਗੜ੍ਹ ਦੇ ਗੁਰਤਾਜ ਸਿੰਘ ਨੇ ਕਾਂਸੀ ਦਾ ਤਗਮਾ ਜਿੱਤਿਆ। ਗਤਕਾ ਸੋਟੀ ਟੀਮ ਮੁਕਾਬਲੇ ਵਿੱਚ, ਪੰਜਾਬ ਨੇ ਸੋਨ, ਛੱਤੀਸਗੜ੍ਹ ਨੇ ਚਾਂਦੀ ਅਤੇ ਰਾਜਸਥਾਨ ਤੇ ਤਾਮਿਲਨਾਡੂ ਨੇ ਕਾਂਸੀ ਦਾ ਤਗਮਾ ਜਿੱਤਿਆ। ਫਰੀ ਸੋਟੀ ਵਿਅਕਤੀਗਤ ਮੁਕਾਬਲੇ ਵਿੱਚ, ਪੰਜਾਬ ਦੇ ਹਰਸਿਮਰ ਸਿੰਘ ਨੇ ਸੋਨ, ਹਿਮਾਚਲ ਪ੍ਰਦੇਸ਼ ਦੇ ਪਕਸ਼ਦੀਪ ਸਿੰਘ ਨੇ ਚਾਂਦੀ ਅਤੇ ਛੱਤੀਸਗੜ੍ਹ ਦੇ ਕੁਦਰਤ ਸਿੰਘ ਤੇ ਰਾਜਸਥਾਨ ਦੇ ਰਾਜਪਾਲ ਨੇ ਕਾਂਸੀ ਦਾ ਤਗਮਾ ਜਿੱਤਿਆ। ਫਰੀ ਸੋਟੀ ਟੀਮ ਮੁਕਾਬਲੇ ਵਿੱਚ, ਪੰਜਾਬ ਨੇ ਸੋਨ, ਹਿਮਾਚਲ ਪ੍ਰਦੇਸ਼ ਨੇ ਚਾਂਦੀ ਅਤੇ ਝਾਰਖੰਡ ਤੇ ਛੱਤੀਸਗੜ੍ਹ ਨੇ ਕਾਂਸੀ ਦਾ ਤਗਮਾ ਹਾਸਲ ਕੀਤਾ।

## ਜਵਾਹਰ ਨਵੋਦਿਆ ਵਿਦਿਆਲਿਆ ਤਲਵੰਡੀ ਮਾਧੋ 'ਚ 6ਵੀਂ ਜਮਾਤ ਦੇ ਦਾਖ਼ਲੇ ਲਈ ਆਨਲਾਈਨ ਫਾਰਮ ਭਰਨ ਦੀ ਪ੍ਰਕਿਰਿਆ

- 13 ਦਸੰਬਰ ਨੂੰ ਹੋਵੇਗੀ ਪ੍ਰੀਖਿਆ
- 29 ਜੁਲਾਈ ਤੱਕ ਕੀਤਾ ਜਾ ਸਕਦੈ ਅਪਲਾਈ

ਜਲੰਧਰ (ਸੁਰਿੰਦਰ ਕੁਮਾਰ)-ਜਵਾਹਰ ਨਵੋਦਿਆ ਵਿਦਿਆਲਿਆ ਤਲਵੰਡੀ ਮਾਧੋ ਵਿੱਚ 6ਵੀਂ ਜਮਾਤ ਲਈ ਸਾਲ 2026-27 ਦੀ ਚੋਣ ਪ੍ਰੀਖਿਆ 13 ਦਸੰਬਰ 2025 ਨੂੰ ਜ਼ਿਲ੍ਹੇ ਦੇ ਵੱਖ-ਵੱਖ ਪ੍ਰੀਖਿਆ ਕੇਂਦਰਾਂ ਵਿੱਚ ਹੋਣੀ ਹੈ, ਜਿਸ ਦੇ ਲਈ ਚਾਹਵਾਨ ਅਤੇ ਯੋਗ ਉਮੀਦਵਾਰਾਂ ਤੋਂ ਬਿਨੈ-ਪੱਤਰ ਆਨਲਾਈਨ ਮੰਗੇ ਗਏ ਹਨ।ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਨੈ ਕਰਨ ਦੀ ਆਖ਼ਰੀ ਮਿਤੀ 29 ਜੁਲਾਈ ਹੈ ਅਤੇ ਪ੍ਰਾਸਪੈਕਟ ਵਿਦਿਆਲਿਆ ਦੀ ਵੈਬਸਾਈਟ https://navodaya.gov.in/nvs/nvsschool/JALANDHAR/en/home 'ਤੇ ਉਪਲਬਧ ਹੈ। ਉਨ੍ਹਾਂ ਦੱਸਿਆ ਕਿ ਚਾਹਵਾਨ ਵਿਦਿਆਰਥੀ ਆਪਣੀ ਮੁਫ਼ਤ ਰਜਿਸਟ੍ਰੇਸ਼ਨ ਪੋਰਟਲ https://navodaya.gov.in ਅਤੇ https://cbseitms.rcil.gov.in/nvs 'ਤੇ ਕਰ ਸਕਦੇ ਹਨ।ਡਾ. ਅਗਰਵਾਲ ਨੇ ਦੱਸਿਆ ਕਿ ਪ੍ਰੀਖਿਆ ਲਈ ਕੇਵਲ ਉਹੀ ਵਿਦਿਆਰਥੀ ਯੋਗ ਹੋਣਗੇ, ਜੋ ਜ਼ਿਲ੍ਹਾ ਜਲੰਧਰ ਦੇ ਸਥਾਈ ਨਿਵਾਸੀ ਹਨ। ਵਿਦਿਆਰਥੀ ਨੂੰ ਆਪਣੇ ਨਵੇਂ ਫੋਟੋ, ਹਸਤਾਖ਼ਰ, ਮਾਤਾ/ਪਿਤਾ ਦੇ ਹਸਤਾਖ਼ਰ ਅਤੇ ਆਧਾਰ ਕਾਰਡ ਦਾ ਵੇਰਵਾ/ਰਿਹਾਇਸ਼ੀ ਪ੍ਰਮਾਣ ਪੱਤਰ ਜੇ.ਪੀ.ਜੀ. ਫਾਰਮੈਟ, ਜਿਸ ਦਾ ਆਕਾਰ 10 ਤੋਂ 100 ਕੇਬੀ ਤੋਂ ਵੱਧ ਨਾ ਹੋਵੇ, ਤਿਆਰ ਕਰਕੇ ਪੋਰਟਲ 'ਤੇ ਅਪਲੋਡ ਕਰਨਾ ਹੋਵੇਗਾ।ਉਨ੍ਹਾਂ ਦੱਸਿਆ ਕਿ ਵਿਦਿਆਰਥੀ ਮੌਜੂਦਾ ਸਮੇਂ (2025-26) ਵਿੱਚ 5ਵੀਂ ਕਲਾਸ ਵਿੱਚ ਜ਼ਿਲ੍ਹਾ ਜਲੰਧਰ ਵਿੱਚ ਪੜ੍ਹ ਰਿਹਾ ਹੋਵੇ ਅਤੇ ਜ਼ਿਲ੍ਹੇ ਦਾ ਸਥਾਈ ਨਿਵਾਸੀ ਹੋਵੇ। ਉਸ ਨੇ ਪਿਛਲੇ ਸਾਲਾਂ ਵਿੱਚ ਤੀਜੀ ਕਲਾਸ (2023-24) ਅਤੇ ਚੌਥੀ (2024-25) ਲਗਾਤਾਰ ਪੂਰੀ ਤਰ੍ਹਾਂ ਵਿੱਦਿਅਕ ਪੱਧਰ ਵਿੱਚ ਸਰਕਾਰੀ ਅਤੇ ਮਾਨਤਾ ਪ੍ਰਾਪਤ ਸਕੂਲ/ਨੈਸ਼ਨਲ ਓਪਨ ਸਕੂਲਿੰਗ ਜਾਂ ਸਰਵ ਸਿੱਖਿਆ ਅਭਿਆਨ ਤਹਿਤ ਪਾਸ ਕੀਤੀ ਹੋਵੇ। ਉਨ੍ਹਾਂ ਦੱਸਿਆ ਕਿ ਜਿਸ ਵਿਦਿਆਰਥੀ ਨੇ ਪਹਿਲਾਂ ਇਹ ਪ੍ਰੀਖਿਆ ਦਿੱਤੀ ਹੈ, ਉਹ ਪ੍ਰੀਖਿਆ ਵਿੱਚ ਦੂਜੀ ਵਾਰੀ ਬੈਠਣਯੋਗ ਨਹੀਂ ਹੋਵੇਗਾ। ਵਿਦਿਆਰਥੀ ਦਾ ਜਨਮ 01.05.2014 ਤੋਂ 31.07.2016 (ਦੋਵੇਂ ਮਿਤੀਆਂ ਸ਼ਾਮਲ) ਦਰਮਿਆਨ ਹੋਇਆ ਹੋਵੇ। ਜੇਕਰ ਕਿਸੇ ਬਿਨੈਕਾਰ ਨੂੰ ਦਾਖ਼ਲਾ ਫਾਰਮ ਭਰਨ 'ਚ ਮੁਸ਼ਕਲ ਆਉਂਦੀ ਹੈ ਤਾਂ ਜਵਾਹਰ ਨਵੋਦਿਆ ਵਿਦਿਆਲਿਆ ਤਲਵੰਡੀ ਮਾਧੋ (ਜਲੰਧਰ) ਨਾਲ ਟੈਲੀਫੋਨ ਨੰਬਰ 79739-04878, 74048-16420, 88472-61859 'ਤੇ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਕਿਸੇ ਵੀ ਕੰਮ ਵਾਲੇ ਦਿਨ ਸੰਪਰਕ ਕੀਤਾ ਜਾ ਸਕਦਾ ਹੈ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਥੇ ਹੋਸਟਲ ਦੀ ਸਹੂਲਤ ਉਪਲਬਧ ਹੈ।

## ਅਨਾਜ ਮੰਡੀ ਠੂਠਿਆਂਵਾਲੀ ਵਿਖੇ ਜ਼ਮੀਨ ਗ੍ਰਹਿਣ ਖ਼ਿਲਾਫ਼ ਵਿਸ਼ਾਲ ਇਕੱਤਰਤਾ



ਮਾਨਸਾ (ਆਤਮਾ ਸਿੰਘ ਪਮਾਰ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਕਮੇਟੀ ਮਾਨਸਾ ਵੱਲੋਂ ਅਨਾਜ ਮੰਡੀ ਠੂਠਿਆਂਵਾਲੀ ਦੀ ਵਿਖੇ ਵਿਸ਼ਵ ਵਪਾਰ ਸੰਸਥਾ ਦੀਆਂ ਲੋਕ ਵਿਰੋਧੀ ਨੀਤੀਆਂ ਤਹਿਤ ਜ਼ਿਲ੍ਹੇ ਦੇ ਪਿੰਡ ਠੂਠਿਆਂ ਵਾਲੀ ਦੀ 212 ਏਕੜ ਜ਼ਮੀਨ ਗ੍ਰਹਿਣ ਕਰਨ ਖ਼ਿਲਾਫ਼ ਤੇ ਦੇਸੀ ਵਿਦੇਸ਼ੀ ਕਾਰਪੋਰੇਟਾਂ ਪੱਖੀ ਫੈਸਲਿਆਂ ਖ਼ਿਲਾਫ਼ ਵਿਸ਼ਾਲ ਜਨਤਕ ਇਕੱਤਰਤਾ ਕੀਤੀ ਗਈ।ਇਕੱਤਰਤਾ ਵਿੱਚ ਸੰਯੁਕਤ ਕਿਸਾਨ ਮੋਰਚੇ ਨਾਲ ਸਬੰਧਤ ਜਥੇਬੰਦੀਆਂ ਪਿੰਡ ਕਮੇਟੀ ਤੇ ਭਾਤਰੀ ਜਥੇਬੰਦੀਆਂ ਨੇ ਸ਼ਮੂਲੀਅਤ ਕੀਤੀ।ਸੰਯੁਕਤ ਕਿਸਾਨ ਮੋਰਚੇ ਦੇ ਸੀਨੀਅਰ ਆਗੂ ਰੁਲਦੂ ਸਿੰਘ ਮਾਨਸਾ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਵਿਸ਼ਵ ਵਪਾਰ ਸੰਸਥਾ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਦੇਸ਼ੀ ਵਿਦੇਸ਼ੀ ਕਾਰਪੋਰੇਟਾਂ ਪੱਖੀ ਕੇਂਦਰ ਸਰਕਾਰ ਦੀ ਤਰਜ਼ 'ਤੇ ਪੰਜਾਬ ਸਰਕਾਰ ਉਪਜਾਊ ਜ਼ਮੀਨਾਂ ਮੁਫ਼ਤ ਵਿੱਚ ਬਗੈਰ ਮਾਲਕਾਂ ਦੀ ਸਹਿਮਤੀ ਤੋਂ ਹੀ ਐਕਵਾਇਰ ਕਰਨਾ ਚਾਹੁੰਦੀ ਹੈ, ਜਿਸ ਨੂੰ ਹਰਗਿਜ਼ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ।ਪਹਿਲਾਂ ਭਾਰਤ ਮਾਲਾ ਪ੍ਰੋਜੈਕਟ ਦੀ ਆੜ ਹੇਠ ਤੇ ਹੁਣ ਅਰਬਨ ਅਸਟੇਟ ਦੇ ਨਾਮ ਤੇ ਪਿੰਡਾਂ ਉਪਜਾਊ ਜ਼ਮੀਨਾਂ ਕਾਰਪੋਰੇਟਾਂ ਨੂੰ ਮੁਫ਼ਤ ਵਿੱਚ ਦੇਣਾ ਚਾਹੁੰਦੀ ਹੈ, ਜਦੋਂ ਕਿ ਮਿਹਨਤਕਸ਼ ਵਰਗ ਪਹਿਲਾਂ ਹੀ ਬੇਰੁਜ਼ਗਾਰੀ, ਲੱਕ ਤੋੜਵੀਂ ਮਹਿੰਗਾਈ, ਨਿਗੂਣੀਆਂ ਸਿਹਤ ਸਹੂਲਤਾਂ ਤੇ ਮਹਿੰਗੀ ਸਿੱਖਿਆ ਦੀ ਮਾਰ ਹੇਠ ਆਪਣੀ ਗੁਜ਼ਰ ਬਸ਼ਰ ਬੜੀ ਮੁਸ਼ਕਲ ਨਾਲ ਕਰ ਰਿਹਾ ਹੈ।

ਇਕੱਤਰਤਾ ਸਮੇਂ ਮੋਰਚੇ ਦੇ ਆਗੂਆਂ ਮਹਿੰਦਰ ਸਿੰਘ ਭੈਣੀਬਾਘਾ, ਨਿਰਮਲ ਸਿੰਘ ਝੰਡੂਕੇ, ਅਮਰੀਕ ਸਿੰਘ ਫਫੜੇ, ਪਰਸ਼ਜੀਤ ਸਿੰਘ ਗਾਗੋਵਾਲ, ਧੰਨਾ ਮੱਲ ਗੋਇਲ, ਸਾਧੂ ਸਿੰਘ, ਬਲਜੀਤ ਸਿੰਘ, ਮਲਕੀਤ ਸਿੰਘ ਜੌੜਕੀਆਂ, ਰੂਪ ਸਿੰਘ ਢਿੱਲੋਂ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਜੇਕਰ ਇਸ ਪ੍ਰਕਿਰਿਆ ਨੂੰ ਤਰੁੰਤ ਨਾ ਰੋਕਿਆ ਗਿਆ ਤਾਂ ਇਸ ਨਾਦਰੀ ਵਾਲੇ ਹੁੱਕੇ ਖਿਲਾਫ ਸਮੂਹ ਇਨਸਾਫ ਪਸੰਦ ਜਥੇਬੰਦੀਆਂ ਤੇ ਚੇਤਨ ਲੋਕਾਂ ਨੂੰ ਨਾਲ ਲੈ ਕੇ ਇੱਕ ਸਾਂਝਾ ਜਨਤਕ ਸੰਘਰਸ਼ ਵਿੱਢਿਆ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪੰਜਾਬ ਤੇ ਕੇਂਦਰ ਸਰਕਾਰ ਦੀ ਹੋਵੇਗੀ।ਇਸ ਮੌਕੇ ਪਿੰਡ ਦੀ ਗਿਆਰਾਂ ਮੈਂਬਰੀ ਕਮੇਟੀ ਵੱਲੋਂ ਪਹੁੰਚੀਆਂ ਸਮੂਹ ਜਥੇਬੰਦੀਆਂ ਤੇ ਸੰਯੁਕਤ ਮੋਰਚੇ ਦੇ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਸੀਂ ਆਪ ਸਭ ਦੇ ਸਹਿਯੋਗ ਨਾਲ ਇਸ ਸੰਘਰਸ਼ ਨੂੰ ਤਨਦੇਹੀ ਨਾਲ ਲੜਾਂਗੇ ਤੇ ਪੁੱਤਰਾਂ ਤੋਂ ਪਿਆਰੀ ਜ਼ਮੀਨ 'ਤੇ ਕਿਸੇ ਦਾ ਪ੍ਰਛਾਵਾਂ ਤੱਕ ਨਹੀਂ ਪੈਣ ਦਿੱਤਾ ਜਾਵੇਗਾ।ਇਸ ਸਮੇਂ ਪ੍ਰਸ਼ੋਤਮ ਸਿੰਘ ਗਿੱਲ, ਕੁਲਦੀਪ ਸਿੰਘ ਚੱਕ ਭਾਈਕੇ, ਭਜਨ ਸਿੰਘ ਘੁੰਮਣ, ਗੋਰਾ ਸਿੰਘ ਭੈਣੀ ਬਾਘਾ, ਮੱਖਣ ਸਿੰਘ ਭੈਣੀ ਬਾਘਾ, ਕ੍ਰਿਸ਼ਨ ਚੌਹਾਨ, ਦਲਜੀਤ ਸਿੰਘ, ਲਛਮਣ ਸਿੰਘ ਚੱਕ ਅਲੀਸ਼ੇਰ, ਸੁੱਚਾ ਸਿੰਘ ਫਰੀਦਕੇ ਆਦਿ ਆਗੂਆਂ ਸਮੇਤ ਪਿੰਡ ਕਮੇਟੀ ਮੈਂਬਰ ਤੇ ਨਗਰ ਨਿਵਾਸੀ ਹਾਜ਼ਰ ਸਨ। ਇਸ ਸਮੇਂ ਮੰਚ ਸੰਚਾਲਨ ਦੀ ਜ਼ਿੰਮੇਵਾਰੀ ਮੇਜ਼ਰ ਸਿੰਘ ਦੂਲੋਵਾਲ ਵੱਲੋਂ ਬਾਖ਼ੂਬੀ ਨਿਭਾਈ ਗਈ।

## ਛੇਵੀਂ ਜੂਨੀਅਰ ਲੜਕੇ ਪੰਜਾਬ ਮੁੱਕੇਬਾਜ਼ੀ ਚੈਂਪੀਅਨਸ਼ਿਪ ਸਫਲਤਾਪੂਰਵਕ ਸੰਪੰਨ



ਸੁਨਾਮ, (ਅਸ਼ੋਕ ਬਾਂਸਲ, ਹਾਕਮ ਭੱਟੀ)- 13, 14 ਤੇ 15 ਜੂਨ ਨੂੰ ਸੁਨਾਮ ਦੇ ਸ਼ਿਵ ਨਿਕੇਤਨ ਧਰਮਸ਼ਾਲਾ ਵਿਖੇ ਆਯੋਜਤ 6ਵੀਂ ਜੂਨੀਅਰ ਲੜਕੇ ਪੰਜਾਬ ਮੁੱਕੇਬਾਜ਼ੀ ਚੈਂਪੀਅਨਸ਼ਿਪ ਅੱਜ ਸਫਲਤਾਪੂਰਵਕ ਸਮਾਪਤ ਹੋਈ।ਇਸ ਚੈਂਪੀਅਨਸ਼ਿਪ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਖਿਡਾਰੀਆਂ ਨੇ ਭਾਗ ਲਿਆ, ਜਿਸ ਵਿੱਚ ਸੂਬੇ ਦੀ ਅਮੀਰ ਮੁੱਕੇਬਾਜ਼ੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ ਗਿਆ।ਹਾਲਾਂਕਿ ਕੈਬਨਿਟ ਮੰਤਰੀ ਪੰਜਾਬ ਸ੍ਰੀ ਅਮਨ ਅਰੋੜਾ ਨੇ ਇਨਾਮ ਵੰਡ ਸਮਾਰੋਹ ਵਿੱਚ ਸ਼ਾਮਲ ਹੋਣਾ ਸੀ, ਪਰ ਕੁਝ ਅਣਸੁਖਾਵੇਂ ਹਾਲਾਤਾਂ ਕਾਰਨ ਉਹ ਅਜਿਹਾ ਨਹੀਂ ਕਰ ਸਕੇ।ਉਨ੍ਹਾਂ ਵੱਲੋਂ ਮਾਰਕੀਟ ਕਮੇਟੀ ਸੁਨਾਮ ਦੇ ਚੇਅਰਮੈਨ ਸ੍ਰੀ ਮੁਕੇਸ਼ ਜੁਨੇਜਾ, ਮੀਡੀਆ ਇੰਚਾਰਜ ਸ੍ਰੀ ਜਤਿੰਦਰ ਜੈਨ ਤੇ ਮੰਤਰੀ ਦੇ ਨਿੱਜੀ ਸਹਾਇਕ ਸ੍ਰੀ ਸੰਜੀਵ ਕੁਮਾਰ ਨੇ ਸਮਾਰੋਹ ਵਿੱਚ ਸ਼ਿਰਕਤ ਕੀਤੀ ਤੇ ਜੇਤੂਆਂ ਨੂੰ ਇਨਾਮ ਵੰਡੇ। ਸਮਾਗਮ ਦੌਰਾਨ ਪਤਵੰਤਿਆਂ ਨੇ ਜੇਤੂਆਂ ਨੂੰ ਵਧਾਈ ਦਿੱਤੀ ਤੇ ਇੱਕ ਸਫਲ ਸਮਾਗਮ ਦੀ ਮੇਜ਼ਬਾਨੀ ਲਈ ਪ੍ਰਬੰਧਕਾਂ ਦੀ ਪ੍ਰਸ਼ੰਸਾ ਕੀਤੀ।ਉਨ੍ਹਾਂ ਸੂਬੇ ਵਿੱਚ ਖੇਡਾਂ ਨੂੰ ਉਤਸ਼ਾਹਤ ਕਰਨ ਤੇ ਨੌਜਵਾਨਾਂ ਨੂੰ ਉੱਚਾ ਚੁੱਕਣ ਲਈ ਪੰਜਾਬ ਸਰਕਾਰ ਦੇ ਉਪਰਾਲਿਆਂ 'ਤੇ ਚਾਨਣਾ ਪਾਇਆ।ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਤੇ ਉਨ੍ਹਾਂ ਦੀਆਂ ਸਬੰਧਤ ਖੇਡਾਂ ਵਿੱਚ ਉੱਤਮਤਾ ਪ੍ਰਾਪਤ ਕਰਨ ਲਈ ਇੱਕ ਪਲੇਟਫਾਰਮ ਪ੍ਰਦਾਨ ਕਰਨ ਦੇ ਸਰਕਾਰ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ।ਜੇਤੂਆਂ ਨੂੰ ਇਨਾਮਾਂ ਤੇ ਸਰਟੀਫਿਕੇਟਾਂ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਬੰਧਕ ਸੁਨੀਲ ਵਰਮਾ ਪੀ ਐੱਸ ਪੀ ਸੀ ਐੱਲ, ਸੁਰਿੰਦਰ ਸਿੰਘ ਪੀ ਐੱਸ ਪੀ ਸੀ ਐੱਲ, ਸੰਦੀਪ ਸ਼ਰਮਾ, ਸੁਭਾਸ਼ ਚੌਹਾਨ ਤੇ ਹੋਰ ਵੱਡੀ ਗਿਣਤੀ ਵਿੱਚ ਮੌਜੂਦ ਸਨ।

## ਚੇਅਰਮੈਨ ਦੀਦਾਰੇਵਾਲਾ ਨੇ ਸੰਜੀਵ ਅਰੋੜਾ ਦੇ ਹੱਕ 'ਚ ਸੰਭਾਲਿਆ ਮੋਰਚਾ

**ਡੋਰ ਟੂ ਡੋਰ ਚੋਣ ਪ੍ਰਚਾਰ ਕਰ ਕੇ ਆਪ ਦੇ ਹੱਕ 'ਚ ਲੋਕ ਲਹਿਰ ਕੀਤੀ ਖੜ੍ਹੀ**

ਬਾਘਾ ਪੁਰਾਣਾ, (ਮਨੀ ਸਿੰਗਲਾ)-ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਤੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਵੱਲੋਂ ਆਮ ਆਦਮੀ ਪਾਰਟੀ ਦੇ ਰਾਜ ਸਭਾ ਮੈਂਬਰ ਸੰਜੀਵ ਅਰੋੜਾ ਦੇ ਹੱਕ ਵਿੱਚ ਚੋਣ ਪ੍ਰਚਾਰ ਕਰਨ ਦਾ ਮੋਰਚਾ ਸੰਭਾਲ ਲਿਆ ਹੈ ਅਤੇ ਡੋਰ ਟੂ ਡੋਰ ਚੋਣ ਪ੍ਰਚਾਰ ਕਰ ਕੇ ਸੰਜੀਵ ਅਰੋੜਾ ਦੇ ਹੱਕ ਵਿੱਚ ਲੋਕ ਲਹਿਰ ਖੜ੍ਹੀ ਕਰ ਦਿੱਤੀ ਹੈ।ਜ਼ਿਕਰਯੋਗ ਹੈ ਕਿ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਦੀ ਅਗਵਾਈ ਹੇਠ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਮੋਗਾ ਜ਼ਿਲ੍ਹੇ ਦੀਆਂ ਚਾਰੋ ਸੀਟਾਂ 'ਤੇ ਸ਼ਾਨਦਾਰ ਜਿੱਤ ਪ੍ਰਾਪਤ ਕੀਤੀ ਸੀ।ਚੇਅਰਮੈਨ ਦੀਦਾਰੇਵਾਲਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਾਅਵਾ ਕੀਤਾ ਕਿ ਲੁਧਿਆਣਾ ਪੱਛਮੀ ਜ਼ਿਮਨੀ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ।ਉਨ੍ਹਾਂ ਕਿਹਾ ਕਿ ਸਿਰਫ਼ ਐਲਾਨ ਹੋਣਾ ਹੀ ਬਾਕੀ ਹੈ।ਉਨ੍ਹਾਂ ਇਹ ਵੀ ਕਿਹਾ ਕਿ ਕੀਤੇ ਜਾ ਰਹੇ ਚੋਣ ਪ੍ਰਚਾਰ ਵਿੱਚ ਲੋਕਾਂ ਦਾ ਮਿਲ ਰਿਹਾ ਭਰਵਾਂ ਹੁੰਗਾਰਾ ਇਸ ਗੱਲ ਦੀ ਗਵਾਹੀ ਭਰਦਾ ਹੈ ਕਿ ਸੂਬੇ ਦੇ ਲੋਕ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਨੀਤੀਆਂ ਤੇ ਕੰਮਾਂ ਤੋਂ ਖੁਸ਼ ਹਨ, ਜਿਸ ਕਰ ਕੇ ਲੁਧਿਆਣਾ ਜਿਮਨੀ ਚੋਣ ਵਿਚ ਲੁਧਿਆਣਾ ਵਾਸੀ ਆਪਣਾ ਫਤਵਾ ਆਪ ਦੇ ਹੱਕ ਵਿਚ ਦੇਣਗੇ। ਗੱਲਬਾਤ ਕਰਦਿਆਂ ਹਰਮਨਜੀਤ ਸਿੰਘ ਦੀਦਾਰੇਵਾਲਾ ਨੇ ਕਿਹਾ ਕਿ



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਆਪਣੇ ਵੱਲੋਂ ਕੀਤੇ ਗਏ ਲੋਕ ਭਲਾਈ ਕੰਮਾਂ ਕਰ ਕੇ ਬਹੁਤ ਹੀ ਘੱਟ ਸਮੇਂ ਵਿਚ ਪੰਜਾਬ ਦੇ ਲੋਕਾਂ ਦੇ ਦਿਲਾਂ ਵਿੱਚ ਜਗ੍ਹਾ ਬਣਾਈ ਹੈ, ਜਿਸ ਕਰਕੇ ਹਰ ਪਾਸੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੇ ਚਰਚੇ ਚੱਲ ਰਹੇ ਹਨ।ਚੇਅਰਮੈਨ ਨੇ ਦਾਅਵਾ ਕੀਤਾ ਕਿ ਲੁਧਿਆਣਾ ਜ਼ਿਮਨੀ ਚੋਣ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਵਿੱਚ ਮੁੜ ਪੰਜਾਬ ਅੰਦਰ ਆਪ ਪਾਰਟੀ ਦੀ ਸਰਕਾਰ ਆਉਣ ਦਾ ਮੁੱਢ ਬੰਨ੍ਹੇਗੀ ਤੇ ਜੋ ਵਿਰੋਧੀ ਅਤੇ ਰਵਾਇਤੀ ਪਾਰਟੀਆਂ ਵੱਲੋਂ ਭਰਮ ਭੁਲੇਖੇ ਪਾਲੀ ਬੈਠੇ ਹਨ ਇਹ ਸਭ ਜ਼ਿਮਨੀ ਚੋਣ ਨੇ ਤੋੜ ਕੇ ਰੱਖ ਦੇਣੇ ਹਨ।ਇਸ ਮੌਕੇ ਚੇਅਰਮੈਨ ਹਰਮਨਜੀਤ ਸਿੰਘ ਦੀਦਾਰੇਵਾਲਾ ਦੇ ਨਾਲ ਚੇਅਰਮੈਨ ਬਲਰਾਜ ਸਿੰਘ ਕਟੋਰਾ, ਜਗਦੀਪ ਸਿੰਘ ਜੈਮਲਵਾਲਾ ਦੇ ਇਲਾਵਾ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

## ਡੇਰਾ ਸ੍ਰੀ ਭਜਨਗੜ੍ਹ ਸਾਹਿਬ ਵਿਖੇ ਸ੍ਰੀ ਅਖੰਡ ਪਾਠਾਂ ਦੀ ਲੜੀ ਆਰੰਭ



ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)-ਡੇਰਾ ਸ੍ਰੀ ਭਜਨਗੜ੍ਹ ਸਾਹਿਬ ਦੇ ਸੰਸਥਾਪਕ ਸੰਤ ਬਾਬਾ ਵਚਨ ਸਿੰਘ ਵੱਲੋਂ ਚਲਾਈ ਮਰਿਆਦਾ ਅਨੁਸਾਰ ਡੇਰਾ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਪਹਿਲੀ ਹਾੜ ਤੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ ਦੀ ਆਰੰਭਤਾ ਹੈੱਡ ਗ੍ਰੰਥੀ ਭਾਈ ਗੁਰਦੀਪ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਕੀਤੀ ਗਈ। ਇਸ ਉਪਰੰਤ ਬਾਬਾ ਵਚਨ ਸਿੰਘ ਸੰਗੀਤ ਅਕੈਡਮੀ ਦੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਦੇ ਰਸ-ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸੰਗਤਾ ਵਿੱਚ ਗੁਰੂ ਕੇ ਲੰਗਰ ਅਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ। ਇਸ ਮੌਕੇ ਸੰਤ ਬਾਬਾ ਰਜਿੰਦਰ ਸਿੰਘ ਨੇ ਦੱਸਿਆ ਕਿ ਡੇਰਾ ਸ੍ਰੀ ਭਜਨਗੜ੍ਹ ਦੀ ਸਥਾਪਨਾ ਮਹਾਨ ਤਪੱਸਵੀ ਸ਼੍ਰੀਮਾਨ 108 ਸੰਤ ਬਾਬਾ ਵਚਨ ਸਿੰਘ ਨੇ ਪਿੰਡ ਲਾਲੇ ਵਾਲਾ ਜ਼ਿਲਾ ਮਿੰਟ ਗੁੰਮਰੀ ਪਾਕਿਸਤਾਨ ਵਿੱਚ ਕੀਤੀ ਅਤੇ ਦੇਸ਼ ਦੀ ਵੰਡ ਤੋਂ ਬਾਅਦ ਡੇਰਾ ਭਜਨਗੜ੍ਹ ਗੋਲੂ ਕਾ ਮੋੜ ਵਿਖੇ ਸਥਾਪਿਤ ਹੋਇਆ। ਉਨ੍ਹਾਂ ਦੀ ਚਲਾਈ ਮਰਿਆਦਾ ਅਨੁਸਾਰ ਪਹਿਲੀ ਹਾੜ੍ਹ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਹੈ, ਜਿਸ ਦੀ ਸਮਾਪਤੀ ਪਹਿਲੀ ਸਾਵਨ 16 ਜੁਲਾਈ ਨੂੰ ਸੰਗਰਾਦ ਵਾਲੇ ਦਿਨ ਹੋਵੇਗੀ ਅਤੇ ਮਹਾਨ ਕੀਰਤਨ ਦਰਬਾਰ ਹੋਵੇਗਾ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ ਅਤੇ ਮਹਾਨ ਵਿਦਵਾਨ ਸੰਗਤਾਂ ਨੂੰ ਗੁਰ ਇਤਿਹਾਸ ਨਾਲ ਜੋੜਨਗੇ। ਇਸ ਮੌਕੇ ਬਾਬਾ ਰਜਿੰਦਰ ਸਿੰਘ ਨੇ ਦੱਸਿਆ ਗੁਰਬਾਣੀ ਕੰਠ ਅਤੇ ਸੰਗੀਤ ਦੀਆਂ ਸੁਰਾਂ ਦਾ ਗਿਆਨ ਦੇਣ ਲਈ ਬਾਬਾ ਵਚਨ ਸਿੰਘ ਸੰਗੀਤ ਅਕੈਡਮੀ ਸ਼ੁਰੂ ਹੈ, ਜਿਸ ਵਿੱਚ ਗੁਰਬਾਣੀ ਦਾ ਸ਼ੌਕ ਰੱਖਣ ਵਾਲੇ ਦਾਖਲਾ ਲੈ ਕੇ ਗੁਰਬਾਣੀ ਸੰਥਿਆ ਅਤੇ ਕੀਰਤਨ ਸਿੱਖ ਸਕਦੇ ਹਨ।

## ਸਾਹਿਤ ਸਭਾ, ਬਹਿਰਾਮਪੁਰ ਬੇਟ ਵੱਲੋਂ ਜਹਾਜ਼ ਹਾਦਸੇ 'ਚ ਮਾਰੇ ਗਏ ਨਾਗਰਿਕਾਂ ਨੂੰ ਸ਼ਰਧਾਂਜਲੀ



ਬਹਿਰਾਮਪੁਰ ਬੇਟ/ਬੇਲਾ/ਚਮਕੌਰ ਸਾਹਿਬ: (ਹਰਨਾਮ ਸਿੰਘ ਡੱਲਾ )-ਸਾਹਿਤ ਸਭਾ ਰਜਿ: ਬਹਿਰਾਮਪੁਰ ਬੇਟ ਦੀ ਮਹੀਨਾਵਾਰ ਇਕੱਤਰਤਾ ਵਲੋਂ ਗੁਜਰਾਤ ਵਿੱਚ ਵਾਪਰੇ ਭਿਆਨਕ ਹਵਾਈ ਹਾਦਸੇ ਵਿੱਚ ਯਾਤਰੀਆਂ ਅਤੇ ਮੈਡੀਕਲ ਕਾਲਜ ਦੇ ਡਾਕਟਰਾਂ ਤੇ ਹੋਰ ਸਟਾਫ ਦੇ ਮਾਰੇ ਜਾਣ 'ਤੇ ਦੋ ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ। ਸਭਾ ਦੇ ਪ੍ਰਧਾਨ ਕੁਲਵਿੰਦਰ ਦੀ ਪ੍ਰਧਾਨਗੀ ਵਿੱਚ ਹੋਈ ਇਸ ਮੀਟਿੰਗ ਵਿੱਚ ਰਘਬੀਰ ਸਿੰਘ, ਨਿਰਵੈਰ ਕੌਰ, ਯਾਕੂਬ ਅਲੀ, ਬੇਬੀ ਹਰਮਨਦੀਪ ਕੌਰ, ਰੱਜੀ, ਕੁਲਵਿੰਦਰ ਕੌਰ, ਬਲਵੀਰ ਸਿੰਘ, ਕਮਲਪ੍ਰੀਤ ਕੌਰ, ਨੇਹਾ, ਅਜਮੇਰ ਸਿੰਘ, ਦਰਸ਼ਨ ਸਿੰਘ, ਰਾਣਾ ਮਨਮੋਹਣ ਸਿੰਘ, ਹਰਨਾਮ ਸਿੰਘ ਡੱਲਾ ਅਤੇ ਡਾਕਟਰ ਦੌਲਤ ਰਾਮ ਲੋਈ ਨੇ ਭਾਗ ਲਿਆ। ਇਕੱਤਰਤਾ ਨੇ ਹਵਾਈ ਹਾਦਸੇ ਵਿੱਚ ਮਾਰੇ ਗਏ ਲੋਕਾਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ।ਉਪਰੰਤ ਪੁਸਤਕ ਸਮੀਖਿਆ ਦੌਰਾਨ ਕੁਲਵਿੰਦਰ ਨੇ ਬੂਟਾ ਸਿੰਘ ਚੌਹਾਨ ਦੀ ਪੁਸਤਕ 'ਤੁਰ ਗਿਆਂ ਦੀ ਖੋਹ', ਸੁਭਾਸ਼ ਪਰਹਾਰ ਦੀ ਪੁਸਤਕ 'ਸੁੱਤੀਆਂ ਸਦੀਆਂ ਦੇ ਬੋਲ' ਵਿੱਚ ਲਿਖੇ ਸੁੰਦਰ ਬਿਰਤਾਂਤ ਤੇ ਇਤਿਹਾਸਕ ਇਮਾਰਤਾਂ ਦੀ ਇਬਾਰਤ ਬਾਰੇ ਜਾਣਕਾਰੀ ਦਿੱਤੀ। ਹਰਨਾਮ ਸਿੰਘ ਡੱਲਾ ਨੇ ਭਰਤੀ ਕਮਿਊਨਿਸਟ ਪਾਰਟੀ ਦਾ ਗਠਨ ਅਤੇ ਉਰਦੂ ਵਿੱਚ ਮੁਨਸ਼ੀ ਪ੍ਰੇਮ ਚੰਦ, ਰਾਜਿੰਦਰ ਸਿੰਘ ਬੇਦੀ, ਸਾਹਿਰ ਲੁਧਿਆਣਵੀ, ਮੀਰ ਤਕੀ ਮੀਰ ਅਤੇ ਮਿਰਜ਼ਾ ਗ਼ਾਲਿਬ ਦੀਆਂ ਜੀਵਨੀਆਂ ਨੇ ਭਾਰਤੀ ਸਾਹਿਤ ਵਿੱਚ ਪਾਈਆਂ ਪੈੜਾਂ ਦੀ ਮਹੱਤਤਾ ਸਾਂਝੀ ਕੀਤੀ। ਸਾਹਿਤਕ ਦੌਰ ਵਿੱਚ ਦਰਸ਼ਨ ਸਿੰਘ ਨੇ ਕਵਿਤਾ, ਅਜਮੇਰ ਸਿੰਘ ਵੱਲੋਂ ਸਲੀਮ ਲੋਧੀ ਦੀ ਮਹਿਮਾਨ ਕਵਿਤਾ, ਕੁਲਵਿੰਦਰ, ਹਰਨਾਮ ਸਿੰਘ ਡੱਲਾ, ਯਾਕੂਬ ਅਲੀ ਨੇ ਵੀ ਆਪੋ ਆਪਣੀਆਂ ਕਵਿਤਾਵਾਂ ਸੁਣਾਈਆਂ। ਨਿਰਵੈਰ ਕੌਰ ਨੇ ਤਰੰਨਮ ਵਿੱਚ ਇੱਕ ਧਾਰਮਿਕ ਕਵਿਤਾ ਸੁਣਾਈ । ਸਾਰੀਆਂ ਰਚਨਾਵਾਂ ਉੱਤੇ ਉਸਾਰੂ ਬਹਿਸ ਨਾਲ ਮੀਟਿੰਗ ਦੀ ਸਮਾਪਤੀ ਹੋਈ।

## ਆਮ ਆਦਮੀ ਕਲੀਨਿਕ ਕਿਸੇ ਵਰਦਾਨ ਤੋਂ ਘੱਟ ਨਹੀਂ : ਡਿਪਟੀ ਕਮਿਸ਼ਨਰ

**➤ ਕਿਹਾ-ਜੱਚਾ ਬੱਚਾ ਮੌਤ ਦਰ ਨੂੰ ਘਟਾਉਣ ਲਈ ਸਰਕਾਰ ਵੱਲੋਂ ਵਿਸ਼ੇਸ਼ ਉਪਰਾਲੇ ਜਾਰੀ**




ਬਠਿੰਡਾ, (ਪਰਵਿੰਦਰ ਜੀਤ ਸਿੰਘ)- ਜ਼ਿਲ੍ਹੇ ਵਿੱਚ ਚੱਲ ਰਹੇ ਆਮ ਆਦਮੀ ਕਲੀਨਿਕ ਲੋਕਾਂ ਲਈ ਵਰਦਾਨ ਸਾਬਿਤ ਹੋ ਰਹੇ ਹਨ। ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ਼ੌਕਤ ਅਹਿਮਦ ਪਰੇ ਨੇ ਆਮ ਆਦਮੀ ਕਲੀਨਿਕ ਦੇ ਡਾਕਟਰਾਂ ਨੂੰ ਜਣੇਪੇ ਤੋਂ ਪਹਿਲਾਂ ਦੀ ਦੇਖਭਾਲ ਅਤੇ ਪਰਿਵਾਰ ਨਿਯੋਜਨ ਬਾਰੇ ਸਥਾਨਕ ਸਿਵਲ ਹਸਪਤਾਲ ਵਿਖੇ ਵਿਸ਼ੇਸ਼ ਸਿਖਲਾਈ ਵਰਕਸ਼ਾਪ ਵਿੱਚ ਸ਼ਿਰਕਤ ਕਰਕੇ ਸੰਬੋਧਨ ਕਰਦਿਆਂ ਕੀਤਾ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਸ ਸਿਖਲਾਈ ਪ੍ਰੋਗਰਾਮ ਦਾ ਮੁੱਖ ਉਦੇਸ਼ ਮਹਿਲਾਵਾਂ ਅਤੇ ਦੰਪਤੀਆਂ ਨੂੰ ਸਹੀ ਜਾਣਕਾਰੀ ਅਤੇ ਸੇਵਾਵਾਂ ਦੇਣਾ ਹੈ ਤਾਂ ਜੋ ਉਹ ਸੁਚੇਤ ਅਤੇ ਸਿਹਤਮੰਦ ਨਿਰਣੇ ਲੈ ਸਕਣ।ਉਨ੍ਹਾਂ ਕਿਹਾ ਕਿ ਗਰਭਵਤੀ ਮਹਿਲਾਵਾਂ ਲਈ ਡਾਕਟਰ ਨੂੰ ਦਿੱਤੀ ਟ੍ਰੇਨਿੰਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਸਿਖਲਾਈ ਨਾਲ ਆਮ ਲੋਕਾਂ ਨੂੰ ਕਾਫੀ ਫਾਇਦਾ ਹੋਵੇਗਾ ਅਤੇ ਸਿਹਤ ਸਹੂਲਤਾਂ ਵਿਚ ਵਾਧਾ ਹੋਵੇਗਾ।ਇਸ ਮੌਕੇ ਡਿਪਟੀ ਕਮਿਸ਼ਨਰ ਨੇ ਉਮੀਦ ਜਤਾਈ ਕਿ ਇਹ ਟਰੇਨਿੰਗ ਡਾਕਟਰਾਂ ਨੂੰ ਮਿਹਨਤੀ, ਜਾਣੂ ਅਤੇ ਸੰਵੇਦਨਸ਼ੀਲ ਬਣਾਏਗੀ ਜੋ ਕਿ ਗਰਭਵਤੀ ਮਹਿਲਾਵਾਂ ਅਤੇ ਪਰਿਵਾਰ ਨਿਯੋਜਨ ਸੇਵਾਵਾਂ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਵਿੱਚ ਮਦਦਗਾਰ ਸਾਬਤ ਹੋਵੇਗੀ।ਇਸ ਦੇ ਨਾਲ-ਨਾਲ ਡਾਕਟਰਾਂ ਨੂੰ ਜਨਨੀ ਸ਼ਿਸ਼ੂ ਸੁਰੱਖਿਆ ਪ੍ਰੋਗਰਾਮ, ਪ੍ਰਧਾਨ ਮੰਤਰੀ ਮਾਤਰਤਵ ਸੁਰੱਖਿਆ ਅਭਿਆਨ, ਫੈਮਿਲੀ ਪਲਾਨਿੰਗ ਦੀ ਸਕੀਮ ਬਾਰੇ ਵਿਸਤਾਰ ਨਾਲ ਜਾਣਕਾਰੀ ਦਿੱਤੀ ਗਈ।ਇਸ ਸਿਖਲਾਈ ਪ੍ਰੋਗਰਾਮ ਦੌਰਾਨ ਐਨਟੀਨੈਟਲ ਕੇਅਰ ਜਿਸ ਵਿੱਚ 4 ਚੈਕਅੱਪ ਦੌਰਾਨ ਬਲੱਡ ਪ੍ਰੈਸ਼ਰ (ਬੀਪੀ), ਭਾਰ ਤੋਲਣਾ ਤੇ ਹਾਈ ਰਿਸਕ ਕੇਸ ਦੀ ਪਹਿਚਾਣ ਕਰਨਾ (ਗਰਭਵਤੀ ਮਹਿਲਾਵਾਂ ਦੀ ਸਿਹਤ ਦੀ ਨਿਗਰਾਨੀ), ਪੋਸ਼ਣ, ਟੀਕਾਕਰਨ, ਖ਼ਤਰਨਾਕ ਲੱਛਣਾਂ ਦੀ ਪਛਾਣ ਅਤੇ ਜਨਮ ਉਪਰੰਤ ਸੇਵਾਵਾਂ ਬਾਰੇ ਜਾਣੂ ਕਰਵਾਇਆ ਗਿਆ।ਇਸ ਤੋਂ ਇਲਾਵਾ ਉਨ੍ਹਾਂ ਨੂੰ ਪਰਿਵਾਰ ਨਿਯੋਜਨ ਦੀਆਂ ਵਿਧੀਆਂ ਦੀ ਵਰਤੋਂ, ਲਾਭ ਤੇ ਸਾਈਡ ਇਫੈਕਟਸ ਬਾਰੇ ਵੀ ਵਿਸਥਾਰ ਨਾਲ ਦੱਸਿਆ ਗਿਆ।ਇਸ ਮੌਕੇ ਕਾਰਜਕਾਰੀ ਸਿਵਲ ਸਰਜਨ ਡਾਕਟਰ ਰਮਨਦੀਪ ਸਿੰਗਲਾ, ਡਾਕਟਰ ਸੁਖਜਿੰਦਰ ਸਿੰਘ ਗਿੱਲ ਜ਼ਿਲਾ ਪਰਿਵਾਰ ਭਲਾਈ ਅਫਸਰ, ਜ਼ਿਲ੍ਹਾ ਸਿਹਤ ਅਫਸਰ ਡਾਕਟਰ ਊਸ਼ਾ ਗੋਇਲ , ਟਰੇਨਰ ਡਾਕਟਰ ਭਾਨੂੰ ਪ੍ਰੀਆ ਗਾਇਨਾਕੋਲੋਜਿਸਟ ਸਰਿਤਾ ਸਿੰਗਲਾ ਮਨੀਟਰਿੰਗ ਐਂਡ ਇਵੈਲੂਏਸ਼ਨ ਅਫਸਰ , ਹਰਜਿੰਦਰ ਕੌਰ ਬੀਈਈ ਤੋਂ ਇਲਾਵਾ ਵੱਖ-ਵੱਖ ਆਮ ਆਦਮੀ ਕਲੀਨਿਕਾਂ ਤੋਂ ਆਏ ਡਾਕਟਰਾਂ ਨੇ ਹਿੱਸਾ ਲਿਆ।

## ਮੌਲਾਨਾ ਅਹਿਮਦ ਬੁਖਾਰੀ ਦਾ ਤੀਸਰਾ ਉਰਸ ਮਨਾਇਆ



ਭੀਖੀ (ਗੁਰਿੰਦਰ ਸਿੰਘ ਔਲਖ)-ਬੀਤੀ ਕੱਲ੍ਹ ਜ਼ਿਲ੍ਹਾ ਮਾਨਸਾ ਦੇ ਸ਼ਹਿਰ ਭੀਖੀ ਦੀ ਸੁੰਨੀ ਜਾਮਾ ਮਸਜਿਦ ਦੇ ਵੱਡੇ ਈਮਾਮ ਸਾਹਿਬ ਹਜ਼ਰਤ ਅੱਲਾਮਾ ਮੌਲਾਨਾ ਸਯੱਦ ਸ਼ਫੀਕ ਅਹਿਮਦ ਬੁਖਾਰੀ ਸਾਹਿਬ ਜੀ ਦਾ ਤੀਸਰਾ ਉਰਸ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਚਾਦਰ ਮਾਲੇਰਕੋਟਲਾ ਤੋਂ ਉਨ੍ਹਾਂ ਦੇ ਗੱਦੀ ਨਸ਼ੀਨ ਸਯੱਦ ਸ਼ਮੀਮ ਅਹਿਮਦ ਬੁਖਾਰੀ ਦੀ ਅਗਵਾਈ ਵਿੱਚ ਲਿਆਂਦੀ ਗਈ ਅਕੀਦਤ ਮੰਦਾਂ ਨੇ ਸਯੱਦ ਸ਼ਫੀਕ ਅਹਿਮਦ ਬੁਖਾਰੀ ਸਾਹਿਬ ਜੀ ਦੇ ਮਜ਼ਾਰ ਸ਼ਰੀਫ਼ ਤੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਦੀ ਹਾਜ਼ਰੀ ਵਿੱਚ ਚਾਦਰ ਚੜ੍ਹਾਈ ਤੇ ਸ਼ਰਧਾ ਦੇ ਫੁੱਲ ਵੀ ਚੜ੍ਹਾਏ। ਇਸ ਮੌਕੇ ਉਨ੍ਹਾਂ ਦੇ ਪਰਿਵਾਰਕ ਮੈਂਬਰਾਂ ਵਿੱਚੋਂ ਬੁਖਾਰੀ ਸਾਹਿਬ ਜੀ ਦੇ ਭਤੀਜਾ ਸ਼ਮੀਮ ਬੁਖਾਰੀ, ਨੌਨੀ ਨਸ਼ੀਨ, ਉਨ੍ਹਾ ਦੇ ਵੱਡੇ ਜਵਾਈ ਅਬਦੁਲ ਰਹਿਮਾਨ ਖਾਨ, ਵੱਡੇ ਦੋਹਤੇ ਸੁਹਿਲ ਖਾਨ, ਜਨਾਬ ਸਰਵਰ ਕੁਰੈਸ਼ੀ ਜ਼ਿਲ੍ਹਾ ਇੰਚਾਰਜ ਬਹੁਜਨ ਸਮਾਜ ਪਾਰਟੀ ਤੇ ਜ਼ਿਲ੍ਹਾ ਪ੍ਰਧਾਨ ਆਲ ਇੰਡੀਆ ਉਲਮਾ ਮਸ਼ਾਇਖ ਬੋਰਡ ਪੰਜਾਬ ਜਨਾਬ ਅਬਦੁਲ ਗਫੂਰ ਜਨਾਬ ਐਡਵੋਕੇਟ ਮਹਿਬੂਬ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਅਕੀਦਤ ਮੰਦਾਂ ਨੇ ਹਾਜ਼ਰੀ ਲਗਵਾਈ।

## 5 ਗ੍ਰਾਮ ਹੈਰੋਇਨ ਸਮੇਤ ਮੋਟਰਸਾਈਕਲ ਸਵਾਰ ਕਾਬੂ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)- ਪਾਤੜਾਂ ਪੁਲਸ ਨੇ ਮੋਟਰਸਾਈਕਲ ਸਵਾਰ ਵਿਅਕਤੀ ਨੂੰ 5 ਗ੍ਰਾਮ ਹੈਰੋਇਨ ਸਮੇਤ ਕਾਬੂ ਰਨ ਵਿੱਚ ਸਫਲਤਾ ਹਾਸਲ ਕੀਤੀ ਹੈ ।ਜਾਣਕਾਰੀ ਦਿੰਦਿਆਂ ਸਿਟੀ ਪੁਲਸ ਪਾਤੜਾਂ ਦੇ ਇੰਚਾਰਜ ਸਬ ਇੰਸਪੈਕਟਰ ਕੁਲਦੀਪ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਅਤੇ ਭੈੜੇ ਅਨਸਰਾਂ ਨੂੰ ਕਾਬੂ ਕਰਨ ਦੇ ਮਕਸਦ ਨਾਲ ਟੈਕਸੀ ਸਟੈਂਡ ਪਾਤੜਾਂ ਮੌਜੂਦ ਸੀ ਜਿਥੇ ਉਨ੍ਹਾਂ ਨੂੰ ਇਤਲਾਹ ਮਿਲੀ ਕਿ ਇੱਕ ਵਿਅਕਤੀ ਆਪਣੇ ਮੋਟਰਸਾਈਕਲ ਨੰਬਰ ਪੀ ਬੀ-72 ਬੀ-6475 'ਤੇ ਸਵਾਰ ਹੋ ਕੇ ਪਾਤੜਾਂ ਪਿੰਡ ਦੇ ਸਟੇਡੀਅਮ ਨਜ਼ਦੀਕ ਹੈਰੋਇਨ ਵੇਚਣ ਲਈ ਕਿਸੇ ਗਾਹਕ ਦੀ ਉਡੀਕ ਕਰ ਰਿਹਾ ਹੈ ।ਪੁਲਸ ਨੇ ਤੁਰੰਤ ਰੇਡ ਕਰਕੇ ਕਥਿਤ ਦੋਸ਼ੀ ਸੁਰਜੀਤ ਸਿੰਘ ਵਾਸੀ ਹਰਮਨ ਨਗਰ ਪਾਤੜਾਂ ਪਾਸੋਂ 5 ਗ੍ਰਾਮ ਹੈਰੋਇਨ ਬਰਾਮਦ ਕਰਕੇ ਗ੍ਰਿਫਤਾਰ ਕੀਤਾ।ਪੁਲਸ ਨੇ ਦੋਸ਼ੀ ਖਿਲਾਫ ਮੁਕੱਦਮਾ ਨੰਬਰ 123, ਮਿਤੀ 14-6-2025, ਐੱਨਡੀਪੀਐੱਸ ਐਕਟ ਦੀ ਧਾਰਾ 22/61/85 ਅਧੀਨ ਥਾਣਾ ਪਾਤੜਾਂ ਵਿਖੇ ਕੇਸ ਦਰਜ ਕਰਕੇ ਅਦਾਲਤ ਵਿੱਚ ਪੇਸ਼ ਕੀਤਾ ਜਿੱਥੇ ਅਦਾਲਤ ਨੇ ਉਸ ਨੂੰ ਇੱਕ ਦਿਨ ਦੇ ਪੁਲਸ ਰਿਮਾਂਡ ਉਤੇ ਭੇਜ ਦਿੱਤਾ ਹੈ।

## ਸੜਕ ਹਾਦਸੇ 'ਚ ਸੀਨੀਅਰ ਪੱਤਰਕਾਰ ਸੁਖਪਾਲ ਸਿੰਘ ਢਿੱਲੋਂ ਦੀ ਮੌਤ, ਪਤਨੀ ਗੰਭੀਰ ਜ਼ਖਮੀ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)- ਸੀਨੀਅਰ ਪੱਤਰਕਾਰ ਸੁਖਪਾਲ ਸਿੰਘ ਢਿੱਲੋਂ ਦੀ ਸੜਕ ਹਾਦਸੇ 'ਚ ਮੌਤ ਹੋ ਗਈ। ਉਹ ਪੱਤਰਕਾਰਤਾ ਤੋਂ ਇਲਾਵਾ ਲੰਮੇ ਸਮੇਂ ਤੋਂ ਸੱਭਿਆਚਾਰਕ ਅਤੇ ਸਮਾਜ ਸੇਵੀ ਗਤੀਵਿਧੀਆਂ ਨਾਲ ਜੁੜੇ ਹੋਏ ਸਨ। ਉਹ ਬੀਤੇ 35 ਸਾਲ ਤੋਂ ਪੱਤਰਕਾਰੀ ਖੇਤਰ ਨਾਲ ਜੁੜੇ ਹੋਏ ਸਨ। ਸੁਖਪਾਲ ਸਿੰਘ ਢਿੱਲੋਂ ਆਪਣੀ ਪਤਨੀ ਅਮਨਪ੍ਰੀਤ ਕੌਰ ਨਾਲ ਸ੍ਰੀ ਮੁਕਤਸਰ ਸਾਹਿਬ ਤੋਂ ਪਿੰਡ ਭਾਗਸਰ ਜਾ ਰਹੇ ਸਨ ਕਿ ਸਾਹਮਣੇ ਪਿੰਡ ਭਾਗਸਰ ਵਾਲੇ ਪਾਸੇ ਤੋਂ ਆ ਰਹੇ ਇਕ ਬਿਨਾਂ ਨੰਬਰੀ ਤੇਜ਼ ਰਫਤਾਰ ਪਲੈਟੀਨਾ ਮੋਟਰਸਾਈਕਲ ਨੇ ਉਹਨਾਂ ਨੂੰ ਸਾਹਮਣੇ ਤੋਂ ਭਿਆਨਕ ਟੱਕਰ ਮਾਰੀ। ਇਸ ਦੌਰਾਨ ਸੁਖਪਾਲ ਸਿੰਘ ਢਿੱਲੋਂ ਦੀ ਮੌਕੇ 'ਤੇ ਹੀ ਮੌਤ ਹੋ ਗਈ ਜਦਕਿ ਉਹਨਾਂ ਦੀ ਪਤਨੀ ਅਮਨਪ੍ਰੀਤ ਕੌਰ ਗੰਭੀਰ ਜ਼ਖਮੀ ਹੋ ਗਏ। ਜਿਨ੍ਹਾ ਦਾ ਨਿੱਜੀ ਹਸਪਤਾਲ 'ਚ ਇਲਾਜ ਚਲ ਰਿਹਾ ਹੈ। ਉਧਰ ਇਸ ਦੌਰਾਨ ਮੋਟਰਸਾਈਕਲ ਸਵਾਰ ਵਿਨੋਦ ਕੁਮਾਰ ਪਿੰਡ ਗੰਧੜ ਨੂੰ ਵੀ ਇਲਾਜ ਲਈ ਸਰਕਾਰੀ ਹਸਪਤਾਲ ਵਿਖੇ ਲਿਜਾਇਆ ਗਿਆ ਜਿਥੇ ਉਸ ਨੂੰ ਫਰੀਦਕੋਟ ਰੈਫਰ ਕਰ ਦਿੱਤਾ ਗਿਆ। ਸੁਖਪਾਲ ਸਿੰਘ ਢਿੱਲੋਂ ਦੀ ਮੌਤ ਉਪਰੰਤ ਇਲਾਕੇ 'ਚ ਸੋਗ ਦੀ ਲਹਿਰ ਦੌੜ ਗਈ। ਵੱਡੀ ਗਿਣਤੀ 'ਚ ਪੱਤਰਕਾਰ ਖੇਤਰ ਨਾਲ ਜੁੜੇ ਲੋਕ, ਰਾਜਸੀ, ਧਾਰਮਿਕ ਅਤੇ ਸਮਾਜਿਕ ਸ਼ਖਸੀਅਤਾਂ ਹਸਪਤਾਲ ਵਿਖੇ ਪਹੁੰਚੀਆਂ।



### COURT NOTICE

(U/o 5 Rule 20 CPC)
In the Court of Shivpreet
Civil Judge (Junior Division),
Ludhiana
CASE No. CS/10268/2024
CNR No. PBLD02-009744-2024
Next Date: 07-07-2025
Punjab State Power Corporation Ltd.
Vs
Jatinder Singh
Publication Issued to :
Jatinder Singh
R/o Village : Tajpur Bet Ludhiana

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07-07-2025 at 10:00 A.M.

For details logon to https://highcourtchd.gov.in/?mod=district_notice&district=mogacourt

Civil Judge (Junior Division),
Ludhiana
Dated this day of 11-06-2025

### ਉਤਰ ਰੇਲਵੇ

**ਈ-ਨਿਵਿਦਾ ਸੂਚਨਾ**

ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ, ਸੀਨੀਅਰ ਮੰਡਲ ਯਾਂਤਰਿਕ ਇੰਜੀਨੀਅਰ, ਉਤਰ ਰੇਲਵੇ, (ਜੰਮੂ ਅਤੇ ਕਸ਼ਮੀਰ) ਹੇਠਾਂ ਲਿਖਤ ਕੰਮ ਦੇ ਲਈ ਲੋੜੀਂਦਾ ਤਜਰਬਾ ਅਤੇ ਵਿਤੀ ਸਮਰਥਾ ਵਾਲੇ ਮੰਨੇ ਪ੍ਰਮੰਨੇ ਠੇਕੇਦਾਰਾਂ ਤੋਂ ਈ-ਟੈਂਡਰਿੰਗ ਪ੍ਰਣਾਲੀ ਦੇ ਮਾਧਿਅਮ ਨਾਲ ਖੁਲ੍ਹੀਆਂ ਨਿਵਿਦਾਵਾਂ ਦੀ ਮੰਗ ਕਰਦਾ ਹੈ।

| | | | |
|---|---|---|---|
| ਕੰਮ ਦਾ ਨਾਮ | ਬਡਗਾਮ ਵਿਚ ਆਟੋਮੈਟਿਕ ਕੋਚ ਵਾਸ਼ਿੰਗ ਪਲਾਂਟ ਦੀ ਮੁਰੰਮਤ, ਅਪਗ੍ਰੇਡੇਸ਼ਨ, ਬਹਾਲੀ ਅਤੇ ਵਿਆਪਕ ਏਐਮਓਸੀ। | | |
| ਕੰਮ ਦੀ ਅੰਦਾਜਨ ਲਾਗਤ | ₹ 80,37,020/- (ਅੱਸੀ ਲਖ ਸੈਂਤੀ ਹਜਾਰ ਵੀਹ ਕੇਵਲ) | | |
| ਬਿਆਨਾ ਰਾਸ਼ੀ | ₹ 1,60,800/- (ਇਕ ਲਖ ਸਠ ਹਜਾਰ ਅੱਠ ਸੌ ਕੇਵਲ) | ਨਿਵਿਦਾ ਦਸਤਾਵੇਜ ਵੈਬਸਾਈਟ ਤੇ ਵਿਕਰੀ ਦੇ ਲਈ ਉਪਲਬਧ | 14.06.2025 ਤੋਂ |
| ਈ-ਨਿਵਿਦਾ ਸਮਾਪਨ ਮਿਤੀ ਅਤੇ ਸਮਾਂ | 05.07.2025 ਨੂੰ 14:00 ਵਜੇ ਤਕ | ਈ-ਖੋਹਲਣ ਦੀ ਮਿਤੀ ਅਤੇ ਸਮਾਂ | 05.07.2025 ਨੂੰ 14:15 ਵਜੇ ਤਕ |
| ਕੰਮ ਦਾ ਸਮਾਂ | 36 ਮਹੀਨੇ | ਨਿਵਿਦਾ ਦਾ ਪ੍ਰਕਾਰ | ਏਕਲ ਨਿਵਿਦਾ (ਏਕਲ ਪੈਕੇਟ ਪ੍ਰਣਾਲੀ) |
| ਵੈਲੇਡਿਟੀ | ਖੁਲਣ ਦੀ ਮਿਤੀ ਤੋਂ 45 ਦਿਨ ਤਕ | ਵੈਬਸਾਈਟ | http://www.ireps.gov.in/ |

ਟੈਂਡਰ ਨੰ.: 03-2025-ਡੇਮੂ ਬੀਡੀਜੀਐਮ ਮਿਤੀ: 14.06.2025

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 1780/2025

### ਕਲਾਸੀਫਾਈਡ ਇਸ਼ਤਿਹਾਰ

#### Change of Name

I Kuldeep Kaur W/o Amardeep Singh, R/o VPO Alachaur,Teh. Nawanshahar, SBS Nagar, Punjab have changed my minor daughter name from Rajvir Kaur to Kaur Rajvir in which given name is Rajvir and surname is Kaur.

I Kuldeep Kaur W/o Amardeep Singh, R/o VPO Alachaur,Teh. Nawanshahar, SBS Nagar, Punjab have changed my minor daughter name from Khushpreet Kaur to Kaur Khushpreet in which given name is Khushpreet and surname is Kaur.

I Gurmeet Kaur W/o Gurdev Singh R/o Village Bhundian, District Jalandhar have changed my name from Gurmeet Kaur to Gurmej Kaur. Please all concerned note.

I, Sahib s/o Ajay Kumar r/o H.No. WN-400, Katra Mohalla, Basti Danishmanda, Jalandhar (PB) have changed my name to Sahib Kumar. All Please Note.

I, Jatin s/o Rakesh Kumar R/o VPO. Bhullarai, Po. Bhullarai, Distt. Kapurthala, Punjab- 144401 have changed my name as Jatin Verma. All Please Note.

I, Meena Kumari w/o Vipan Kumar R/o Tehsil Mukerian, Sariana, Hoshiarpur, Punjab- 144221 have changed my name as Meena Joshi. All Please Note.

I, Kamlesh Rani w/o Chilak Ram R/o h.no.313, new model house, Jalandhar, Punjab-144003 have changed my name as Vikhlesh Kumari. All Please Note.

I, Lalita Thapar Nee Lalita w/o Surinder Singh R/o Tanda Ram Sahai, Po.Tanda Ram Sahai, Distt. Hoshiarpur, Punjab-144214 have changed my name as Thapar Lalita. All Please Note.

I, Manjul Gupta s/o Dhruv Gupta R/o Kothi No.4, Windsor Park, Sultanpur Road, Kapurthala-144601, Punjab have changed my name to Mridul Gupta. All Please Note.

#### Change of Name

I Kuldeep Kaur W/o Amardeep Singh, R/o VPO Alachaur,Teh. Nawanshahar, SBS Nagar, Punjab have changed my name from Kuldeep Kaur to Kaur Kuldeep in which given name is Kuldeep and surname is Kaur.

I Jasvinder Kaur W/O Sewa Singh R/O H.no.179,Dashmesh Nagar Rama Mandi Po.dakoha ,Jalandhar Punjab 144023 Have Changed My Name From Jasvinder Kaur To Jasbinder Kaur.

#### ਬੇਦਖਲੀ ਨੋਟਿਸ

ਮੈ ਸੋਨੀ ਪੁੱਤਰ ਮੁਖਤਿਆਰ ਸਿੰਘ ਵਾਸੀ ਕਿਰਤੋਵਾਲ ਕਲਾਂ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੇਰਾ ਲੜਕਾ ਦਿਲਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ।ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈ ਵੀਰ ਸਿੰਘ ਪੁੱਤਰ ਸ਼ਿਵ ਸਿੰਘ ਵਾਸੀ ਮਾਣਕਪੁਰਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਸੁਖਦੇਵ ਸਿੰਘ ਤੇ ਇਸਦੀ ਪਤਨੀ ਜਸਵਿੰਦਰ ਕੌਰ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ।ਮੈਂ ਆਪਣੇ ਲੜਕੇ ਤੇ ਨੂੰਹ ਦੋਹਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਹਨਾਂ ਨਾਲ ਲੈਣ-ਦੇਣ ਕਰਨ ਵਾਲਾਂ ਖੁਦ ਜ਼ੁੰਮੇਵਾਰ ਹੋਵੇਗਾ ।

#### ਆਮ ਸੂਚਨਾ

ਇਸ ਦਫਤਰ ਅਧੀਨ ਇੱਕ ਮੋਟਰ ਕੁਨੈਕਸ਼ਨ ਚੱਲ ਰਿਹਾ ਹੈ। ਜਿਸਦਾ ਖਾਤਾ ਨੰਬਰ ਐਸ.ਕੇ.ਏ.ਪੀ 11 ਹੈ ਜੋ ਕਿ ਕ੍ਰਿਸ਼ਨ ਸਿੰਘ ਪੁੱਤਰ ਵਜੀਰ ਸਿੰਘ ਵਾਸੀ ਸ਼ੇਖੂਪੁਰ ਖੁਡਾਲ ਦੇ ਨਾਮ ਚੱਲ ਰਿਹਾ ਹੈ । ਇਸ ਕੁਨੈਕਸ਼ਨ ਨੂੰ ਹੁਣ ਕਾਲਾ ਸਿੰਘ ਪੁੱਤਰ ਜਗਦੇਵ ਸਿੰਘ ਵਾਸੀ ਸ਼ੇਖੂਪੁਰ ਖੁਡਾਲ ਆਪਣੇ ਨਾਮ ਕਰਵਾਉਣਾ ਚਾਹੁੰਦਾ ਹੈ । ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ ਅੰਦਰ ਆਪਣਾ ਇਤਰਾਜ ਬਿਜਲੀ ਦਫਤਰ ਬਰੇਟਾ ਵਿਖੇ ਪੇਸ਼ ਕਰ ਸਕਦਾ ਹੈ।

ਮੈਂ ਗੁਰਨਾਮ ਸਿੰਘ ਪੁੱਤਰ ਛੋਟਾ ਸਿੰਘ ਵਾਸੀ ਵਾਰਡ ਨੰ. 14, ਸਾਗਰ ਬਸਤੀ ਪਾਤੜਾਂ, ਤਹਿ. ਪਾਤੜਾਂ, ਜ਼ਿਲ੍ਹਾ ਪਟਿਆਲਾ ਬਿਆਨ ਕਰਦਾ ਹਾਂ ਕਿ ਮੇਰੇ ਆਧਾਰ ਕਾਰਡ ਵਾ ਹੋਰ ਦਸਤਾਵੇਜ਼ਾਂ ਵਿਚ ਮੇਰਾ ਨਾਂਅ ਗੁਰਨਾਮ ਸਿੰਘ ਦਰਜ ਹੈ ਜਦਕਿ ਮਾਲ ਰਿਕਾਰਡ ਵਿਚ ਮੇਰਾ ਨਾਂਅ ਗਾਮਾ ਸਿੰਘ ਦਰਜ ਹੈ, ਮੈਨੂੰ ਉਕਤ ਦੋ ਨਾਵਾਂ ਨਾਲ ਜਾਣਿਆ ਜਾਂਦਾ ਹੈ। ਗੁਰਨਾਮ ਸਿੰਘ ਅਤੇ ਗਾਮਾ ਸਿੰਘ ਦੋਵੇਂ ਨਾਵਾਂ ਵਾਲਾ ਇਕ ਹੀ ਵਿਅਕਤੀ ਹੈ।

#### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।



## ਫਾਦਰਜ਼ ਡੇਅ ਮੌਕੇ ਕੀਤਾ ਚਾਰ ਯੂਨਿਟ ਖ਼ੂਨ ਦਾਨ



ਸ਼ੇਰਪੁਰ (ਰਵੀ ਟਿੱਬਾ)- ਕਸਬਾ ਸ਼ੇਰਪੁਰ ਨਾਲ ਸੰਬੰਧਤ ਚਾਰ ਨੌਜਵਾਨਾਂ ਵੱਲੋਂ ਫਾਦਰਜ਼ ਡੇਅ ਮੌਕੇ ਚਾਰ ਯੂਨਿਟ ਖ਼ੂਨਦਾਨ ਕੀਤਾ ਗਿਆ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੱਤਰਕਾਰ ਰਵੀ ਗੁਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਹਰ ਤਿੰਨ ਮਹੀਨਿਆਂ ਬਾਅਦ ਲਗਾਤਾਰ ਖ਼ੂਨ ਦਾਨ ਕੀਤਾ ਜਾ ਰਿਹਾ ਹੈ।ਅੱਜ ਵੀ ਫਾਦਰ ਡੇਅ ਮੌਕੇ ਉਨ੍ਹਾਂ ਆਪਣਾ ਹੋਰਨਾਂ ਦੋਸਤ ਫਨੀ ਗੋਇਲ, ਸੁਰਿੰਦਰ ਸਿੰਘ, ਮਨਦੀਪ ਸਿੰਘ ਨਾਲ ਅੱਜ ਪੂਜਨੀਕ ਬਾਪੂ ਮੱਘਰ ਸਿੰਘ ਜੀ ਬਲੱਡ ਬੈਂਕ ਸਿਰਸਾ ਵਿੱਚ ਪਹੁੰਚ ਕੇ ਚਾਰ ਯੂਨਿਟ ਖ਼ੂਨ ਦਾਨ ਕੀਤਾ ਗਿਆ। ਖ਼ੂਨਦਾਨ ਕਰਨ ਤੋਂ ਬਾਅਦ ਉਨ੍ਹਾਂ ਕਿਹਾ ਕਿ ਸਾਨੂੰ ਆਪਣੇ ਸਰੀਰ ਦੀ ਤੰਦਰੁਸਤੀ ਲਈ ਹਮੇਸ਼ਾ ਖ਼ੂਨ ਦਾਨ ਕਰਨਾ ਚਾਹੀਦਾ ਹੈ।ਇਸ ਨਾਲ ਜਿੱਥੇ ਅਸੀਂ ਅਨੇਕਾਂ ਜ਼ਿੰਦਗੀਆਂ ਬਚਾ ਸਕਦੇ ਹਾਂ, ਉੱਥੇ ਹੀ ਆਪਣੇ ਸਰੀਰ ਨੂੰ ਵੀ ਅਰੋਗ ਰੱਖ ਸਕਦੇ ਹਾਂ।ਇਸ ਮੌਕੇ ਉਨ੍ਹਾਂ ਨਾਲ ਹਰਮਨ ਸਿੰਘ ਕਾਤਰੋਂ ਮੌਜੂਦ ਸਨ।

## ਫੂਡ ਸੇਫ਼ਟੀ ਟੀਮ ਵੱਲੋਂ ਚੈਕਿੰਗ, ਖਾਣ-ਪੀਣ ਵਾਲੇ ਪਦਾਰਥਾਂ ਦੇ 8 ਸੈਂਪਲ ਭਰੇ

ਜਲੰਧਰ, (ਸੁਰਿੰਦਰ ਕੁਮਾਰ)- ਖਾਣ-ਪੀਣ ਵਾਲੇ ਪਦਾਰਥਾਂ ਵਿੱਚ ਮਿਲਾਵਟ ਨੂੰ ਰੋਕਣ ਲਈ ਚੁੱਕੇ ਜਾ ਰਹੇ ਕਦਮਾਂ ਦੀ ਲੜੀ ਤਹਿਤ ਫੂਡ ਸੇਫ਼ਟੀ ਟੀਮ ਜਲੰਧਰ ਵੱਲੋਂ ਕਮਿਸ਼ਨਰ ਫੂਡ ਐਂਡ ਡਰੱਗ ਐਡਮਿਨੀਸਟ੍ਰੇਸ਼ਨ, ਪੰਜਾਬ ਦਿਲਰਾਜ ਸਿੰਘ ਦੀਆਂ ਹਦਾਇਤਾਂ ਅਨੁਸਾਰ ਖਾਣ-ਪੀਣ ਵਾਲੇ ਪਦਾਰਥਾਂ ਦੇ ਸੈਂਪਲ ਭਰੇ ਗਏ। ਸਹਾਇਕ ਕਮਿਸ਼ਨਰ ਫੂਡ ਡਾ. ਹਰਜੋਤ ਪਾਲ ਸਿੰਘ ਅਤੇ ਫੂਡ ਸੇਫ਼ਟੀ ਅਫ਼ਸਰ ਪ੍ਰਭਜੋਤ ਕੌਰ ਦੀ ਅਗਵਾਈ ਵਾਲੀ ਟੀਮ ਵੱਲੋਂ ਨਕੋਦਰ, ਸ਼ੰਕਰ ਅਤੇ ਜਮਸ਼ੇਰ ਤੋਂ ਗਾਂ ਦਾ ਦੁੱਧ, ਮੱਝ ਦਾ ਦੁੱਧ, ਦੇਸੀ ਘੀ, ਦਹੀਂ, ਸਰ੍ਹੋਂ ਦਾ ਤੇਲ, ਚਾਹ ਪੱਤੀ, ਦਾਲ, ਮਸਾਲੇ ਆਦਿ ਦੇ 8 ਸੈਂਪਲ ਲਏ ਗਏ। ਸਹਾਇਕ ਕਮਿਸ਼ਨਰ ਨੇ ਦੱਸਿਆ ਕਿ ਇਹ ਨਮੂਨੇ ਵਿਸ਼ਲੇਸ਼ਣ ਲਈ ਸਟੇਟ ਫੂਡ ਲੈਬੋਰੇਟਰੀ ਭੇਜੇ ਗਏ ਹਨ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਨੂੰ ਸੁਰੱਖਿਅਤ, ਸਿਹਤਮੰਦ ਅਤੇ ਸ਼ੁੱਧ ਭੋਜਨ ਪਦਾਰਥ ਮਿਲਣ ਨੂੰ ਯਕੀਨੀ ਬਣਾਉਣ ਲਈ ਜਾਂਚ ਮੁਹਿੰਮ ਭਵਿੱਖ ਵਿੱਚ ਵੀ ਜਾਰੀ ਰੱਖੀ ਜਾਵੇਗੀ।

## ਲੁਧਿਆਣਾ ਵਾਸੀ ਸੰਜੀਵ ਅਰੋੜਾ ਦੇ ਹੱਕ 'ਚ ਫ਼ਤਵਾ ਦੇਣਗੇ : ਤਲਵਿੰਦਰ, ਗੋਪੀ, ਅਟਾਰੀ



**ਕੋਟ ਈਸੇ ਖਾਂ (ਅਰੋੜਾ)**-ਪ੍ਰੈੱਸ ਨਾਲ ਗੱਲਬਾਤ ਕਰਦਿਆਂ ਤਲਵਿੰਦਰ ਸਿੰਘ ਉਮਰੀਆਣਾ ਹਲਕਾ ਧਰਮਕੋਟ, ਗੋਪੀ ਮਾਨ ਦਾਤੇਵਾਲ ਤੇ ਨਰਵੇਰ ਸਿੰਘ ਅਟਾਰੀ ਨੇ ਕਿਹਾ ਕਿ ਲੁਧਿਆਣਾ ਵਾਸੀ ਜ਼ਿਮਨੀ ਚੋਣ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਫ਼ਤਵਾ ਦੇਣਗੇ ਤੇ ਉਨ੍ਹਾਂ ਨੂੰ ਜਿਤਾ ਕੇ ਲੋਕ ਲੁਧਿਆਣੇ ਦਾ ਵਿਕਾਸ ਕਰਵਾਉਣਗੇ। ਆਗੂਆਂ ਨੇ ਕਿਹਾ ਕਿ ਪਿਛਲੇ ਕਰੀਬ ਤਿੰਨਾਂ ਸਾਲਾਂ ਤੋਂ ਆਮ ਆਦਮੀ ਪਾਰਟੀ ਨੇ ਪੰਜਾਬ ਵਿੱਚ ਉਹ ਵਿਕਾਸ ਦੇ ਕੰਮ ਕੀਤੇ ਹਨ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦਿੱਤੀਆਂ ਹਨ, ਜੋ ਪਿਛਲੀਆਂ ਸਰਕਾਰਾਂ ਨਹੀਂ ਦੇ ਸਕੀਆਂ। ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਤੋਂ ਲੋਕ ਖ਼ੁਸ਼ ਹਨ ਤੇ ਲੁਧਿਆਣਾ ਪੱਛਮੀ ਤੋਂ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਅਤੇ ਲੋਕਾਂ ਦਾ ਵੀ ਭਰਵਾਂ ਹੁੰਗਾਰਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਭਲੀ ਭਾਂਤ ਜਾਣੂ ਹਨ ਅਤੇ ਹਰ ਵਰਗ ਨੂੰ ਨਾਲ ਲੈ ਕੇ ਚੱਲਿਆ ਜਾ ਰਿਹਾ ਹੈ ਅਤੇ ਲੋਕਾਂ ਨੂੰ ਸਮੇਂ ਸਮੇਂ 'ਤੇ ਸਰਕਾਰੀ ਸਕੀਮਾਂ ਦੇ ਸਹੂਲਤਾਂ ਦਾ ਲਾਭ ਦਿੱਤਾ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦਾ ਜੀਵਨ ਪੱਧਰ ਪਹਿਲਾਂ ਨਾਲੋਂ ਉੱਚਾ ਉੱਠਿਆ ਹੈ। ਉਨ੍ਹਾਂ ਲੁਧਿਆਣਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਚੋਣਾਂ ਵਾਲੇ ਦਿਨ ਆਮ ਆਦਮੀ ਪਾਰਟੀ ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ ਵਿੱਚ ਆਪਣੀ ਵੋਟ ਦੇਣ ਤਾਂ ਜੋ ਉਨ੍ਹਾਂ ਨੂੰ ਵੱਡੀ ਲੀਡ ਨਾਲ ਜਤਾਇਆ ਜਾ ਸਕੇ।

## ਕੈਂਪ ਲਗਾ ਕੇ ਮਨਾਇਆ ਵਿਸ਼ਵ ਖ਼ੂਨਦਾਨ ਦਿਵਸ

### ਖ਼ੂਨ ਦਾਨ ਕਰਨ ਨਾਲ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦੈ : ਡਾ. ਗੁਰਮੇਜ਼ ਰਾਮ



**ਫ਼ਿਰੋਜ਼ਪੁਰ (ਅਸ਼ੋਕ ਸ਼ਰਮਾ)**- ਡਿਪਟੀ ਕਮਿਸ਼ਨਰ ਫ਼ਿਰੋਜ਼ਪੁਰ ਦੀਪਸ਼ਿਖਾ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਪ੍ਰਸ਼ਾਸਨ ਤੇ ਸਿਹਤ ਵਿਭਾਗ ਵੱਲੋਂ ਰੈੱਡ ਕਰਾਸ ਸੁਸਾਇਟੀ, ਸਿੱਖਿਆ ਵਿਭਾਗ, ਸਿਵਲ ਡਿਫੈਂਸ, ਸਮਾਜ ਸੇਵੀ ਸੰਸਥਾਵਾਂ, ਖੇਡ ਵਿਭਾਗ, ਯੁਵਕ ਸੇਵਾਵਾਂ ਕਲੱਬ ਤੇ ਵੱਖ ਵੱਖ ਕਾਲਜਾਂ ਦੇ ਸਹਿਯੋਗ ਨਾਲ ਮਾਡਲ ਪਲਾਜ਼ਾ ਤੇ ਡੀ ਸੀ ਮਾਡਲ ਸਕੂਲ ਵਿਖੇ ਖ਼ੂਨਦਾਨ ਕੈਂਪ ਲਗਾ ਕੇ ਵਿਸ਼ਵ ਖ਼ੂਨਦਾਨ ਦਿਵਸ ਮਨਾਇਆ ਗਿਆ। ਮਾਡਲ ਪਲਾਜ਼ਾ ਵਿੱਚ ਲਗਾਏ ਖ਼ੂਨਦਾਨ ਦਾ ਕੈਂਪ ਦਾ ਉਦਘਾਟਨ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ਼ ਰਾਮ ਵੱਲੋਂ ਕੀਤਾ ਗਿਆ। ਇਸ ਮੌਕੇ ਖ਼ੂਨਦਾਨ ਕਰਨ ਆਏ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਸਹੁੰ ਵੀ ਚੁਕਾਈ ਗਈ। ਇਸ ਮੌਕੇ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਸੁਨੀਲ ਦੱਤ ਵੀ ਹਾਜ਼ਰ ਸਨ। ਇਸ ਮੌਕੇ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ਼ ਰਾਮ ਨੇ ਕਿਹਾ ਕਿ ਖ਼ੂਨ ਦਾਨ ਕਰਨਾ ਮਨੁੱਖਤਾ ਦੀ ਸਭ ਤੋਂ ਵੱਡੀ ਸੇਵਾ ਹੈ, ਕਿਉਂਕਿ ਖ਼ੂਨ ਦਾਨ ਮਹਾਂਦਾਨ ਹੈ ਤੇ ਖ਼ੂਨ ਦਾਨ ਕਰਨ ਨਾਲ ਕਈ ਕੀਮਤੀ ਜ਼ਿੰਦਗੀਆਂ ਨੂੰ ਬਚਾਇਆ ਜਾ ਸਕਦਾ ਹੈ। ਖ਼ੂਨ ਦੀ ਇੱਕ ਇੱਕ ਬੂੰਦ ਕੀਮਤੀ ਹੈ, ਜੋ ਕਿਸੇ ਵੀ ਮਰਦੇ ਹੋਏ ਵਿਅਕਤੀ ਨੂੰ ਜੀਵਨ ਦਾਨ ਦੇ ਸਕਦਾ ਹੈ। ਡਾ. ਦਿਲਬਾਗ ਬਾਜਵਾ ਬਲੱਡ ਟਰਾਂਸਫਿਊਜ਼ਨ ਅਫ਼ਸਰ ਨੇ ਦੱਸਿਆ ਕਿ ਖ਼ੂਨਦਾਨ ਕਰਨ ਨਾਲ ਕਿਸੇ ਵੀ ਤਰ੍ਹਾਂ ਦੀ ਕਮਜ਼ੋਰੀ ਨਹੀਂ ਆਉਂਦੀ ਬਲਕਿ ਮਨ ਨੂੰ ਇੱਕ ਸੰਤੁਸ਼ਟੀ ਮਿਲਦੀ ਹੈ ਕਿ ਅਸੀਂ ਇਹ ਦਾਨ ਕਰਕੇ ਇਕ ਲੋੜਵੰਦ ਵਿਅਕਤੀ ਨੂੰ ਜੀਵਨ ਪ੍ਰਦਾਨ ਕੀਤਾ ਹੈ। ਬਲੱਡ ਟਰਾਂਸਫਿਊਜ਼ਨ ਖ਼ੂਨ ਦਾਨ ਕਰਨ ਨਾਲ ਸਿਰਫ ਇੱਕ ਹੀ ਮਰੀਜ਼ ਨੂੰ ਨਹੀਂ ਬਲਕਿ ਚਾਰ ਮਰੀਜ਼ਾਂ ਨੂੰ ਫਾਇਦਾ ਮਿਲਦਾ ਹੈ, ਕਿਉਂਕਿ ਖ਼ੂਨ ਦੇ ਚਾਰ ਕੰਪੋਨੈਂਟ ਪਲਾਜ਼ਮਾਂ, ਆਰਬੀਸੀ ਪਲੇਟਲੈਟ ਦੇ ਤੌਰ 'ਤੇ ਅਤੇ ਹਿਮੋਫੀਲੀਆ ਦੇ ਮਰੀਜ਼ਾਂ ਵਿੱਚ ਕਲੋਟਿੰਗ ਫੈਕਟਰ ਵਾਸਤੇ ਕੰਮ ਆਉਂਦੇ ਹਨ। ਇਸ ਦੇ ਨਾਲ ਹੀ ਡਿਪਟੀ ਮੈਡੀਕਲ ਕਮਿਸ਼ਨਰ ਡਾ. ਗੁਰਮੇਜ਼ ਰਾਮ ਵੱਲੋਂ ਇਸ ਮੌਕੇ ਤੇ ਵੱਖ-ਵੱਖ ਐੱਨਜੀਓ ਤੇ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਗਿਆ। ਜ਼ਿਲ੍ਹਾ ਮਾਸ ਮੀਡੀਆ ਅਫ਼ਸਰ ਸੰਜੀਵ ਸ਼ਰਮਾ ਤੇ ਡਿਪਟੀ ਮਾਸ ਮੀਡੀਆ ਅਫ਼ਸਰ ਅੰਕੁਸ਼ ਭੰਡਾਰੀ ਨੇ ਜਾਣਕਾਰੀ ਦਿੰਦੇ ਕਿਹਾ ਕਿ ਇਸ ਮੌਕੇ ਕੈਂਪ ਦੌਰਾਨ ਕਰੀਬ 94 ਯੂਨਿਟ ਬਲੱਡ ਇਕੱਠਾ ਕੀਤਾ ਗਿਆ, ਜੋਕਿ ਕਈ ਕੀਮਤੀ ਜਾਨਾਂ ਬਚਾਉਣ ਲਈ ਸਹਾਈ ਹੋਵੇਗਾ। ਇਸ ਮੌਕੇ ਡਿਪਟੀ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਸਤਿੰਦਰ ਸਿੰਘ, ਡਾ. ਰਾਮੇਸ਼ਵਰ ਸਿੰਘ, ਨਰਿੰਦਰ ਸਿੰਘ ਜ਼ੀਰਾ, ਹਰੀਸ਼ ਮੋਂਗਾ, ਵਿਪੁਲ ਨਾਰੰਗ, ਭਾਰਤ ਵਿਕਾਸ ਪ੍ਰੀਸ਼ਦ ਤੋਂ ਮਹਿੰਦਰ ਪਾਲ ਬਜਾਜ, ਸਤੀਸ਼ ਗਰੋਵਰ, ਪਰਮਿੰਦਰ ਸਿੰਘ ਚੀਫ਼ ਵਾਰਡਨ ਸਿਵਲ ਡਿਫੈਂਸ, ਹਰੀਸ਼ ਮੋਂਗਾ ਤੇ ਸਿਹਤ ਵਿਭਾਗ ਤੋਂ ਡਾ. ਮਾਨਸੀ, ਡਾ. ਹਰਲੀਨ, ਡਾ. ਸਵਕ੍ਰਿਤ ਤੇ ਸਮੇਤ ਸਮੂਹ ਸਟਾਫ ਹਾਜ਼ਰ ਸੀ।

## ਪੀ ਯੂ ਦੀਆਂ ਛੇ ਗੱਡੀਆਂ ਤੇ ਬੈਂਕ ਖਾਤੇ 'ਤੇ ਅਦਾਲਤ ਵੱਲੋਂ ਲਗਾਈ ਰੋਕ ਹਟੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬੀ ਯੂਨੀਵਰਸਿਟੀ ਦੀਆਂ ਛੇ ਗੱਡੀਆਂ ਤੇ ਬੈਂਕ ਖਾਤੇ ਦੀ ਵਰਤੋਂ ਉੱਤੇ ਲੋਕਰਾਜ ਇੰਦਰਜੀਤ ਕੌਰ ਪੈਨਸ਼ਨ ਕੇਸ ਵਿੱਚ ਮਾਣਯੋਗ ਅਦਾਲਤ ਵੱਲੋਂ ਲਗਾਈ ਗਈ ਰੋਕ ਵਾਪਸ ਲੈ ਲਈ ਗਈ ਹੈ। ਯੂਨੀਵਰਸਿਟੀ ਅਥਾਰਟੀਜ਼ ਨੇ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਛੇ ਗੱਡੀਆਂ ਤੇ ਬੈਂਕ ਖਾਤੇ ਨੂੰ ਅਟੈਚ ਕੀਤੇ ਜਾਣ ਦੇ ਇਸ ਫ਼ੈਸਲੇ ਉਪਰੰਤ ਯੂਨੀਵਰਸਿਟੀ ਵੱਲੋਂ ਮਾਣਯੋਗ ਅਦਾਲਤ ਤੱਕ ਪਹੁੰਚ ਕੀਤੀ ਗਈ ਸੀ।

ਅਦਾਲਤ ਵੱਲੋਂ ਯੂਨੀਵਰਸਿਟੀ ਦਾ ਪੱਖ ਜਾਣਨ ਉਪਰੰਤ ਇਹ ਰੋਕ ਹਟਾ ਦਿੱਤੀ ਗਈ ਹੈ। ਅਥਾਰਟੀਜ਼ ਵੱਲੋਂ ਦੱਸਿਆ ਗਿਆ ਕਿ ਇੰਦਰਜੀਤ ਕੌਰ ਸਾਲ 2015 ਵਿੱਚ ਯੂਨੀਵਰਸਿਟੀ ਤੋਂ ਸੇਵਾਮੁਕਤ ਹੋਏ ਸਨ। ਸੀ.ਪੀ.ਐੱਫ. ਤੋਂ ਪੁਰਾਣੀ ਪੈਨਸ਼ਨ ਸਕੀਮ ਵਿੱਚ ਤਬਦੀਲ ਹੋਣ ਕਾਰਨ ਨਿਯਮਾਂ ਅਨੁਸਾਰ ਉਨ੍ਹਾਂ ਵੱਲੋਂ ਇੱਕ ਨਿਰਧਾਰਤ ਰਾਸ਼ੀ ਯੂਨੀਵਰਸਿਟੀ ਦੇ ਖਾਤੇ ਵਿੱਚ ਜਮ੍ਹਾਂ ਕਰਵਾਈ ਜਾਣੀ ਸੀ, ਜੋ ਕਿ ਉਨ੍ਹਾਂ ਨਹੀਂ ਕਰਵਾਈ ਸੀ। ਇਸ ਮਾਮਲੇ ਦੇ ਅਜਿਹੇ ਕੁੱਝ ਕਾਨੂੰਨੀ ਤੇ ਤਕਨੀਕੀ ਕਾਰਨਾਂ ਕਰ ਕੇ ਉਨ੍ਹਾਂ ਦੀ ਪੈਨਸ਼ਨ ਸ਼ੁਰੂ ਨਹੀਂ ਹੋ ਸਕੀ ਸੀ। ਯੂਨੀਵਰਸਿਟੀ ਵੱਲੋਂ ਇਸ ਮਾਮਲੇ ਦੀਆਂ ਸਾਰੀਆਂ ਪੇਚੀਦਗੀਆਂ ਬਾਰੇ ਅਦਾਲਤ ਨੂੰ ਜਾਣੂ ਕਰਵਾ ਦਿੱਤਾ ਗਿਆ ਹੈ, ਜਿਸ ਉਪਰੰਤ ਅਦਾਲਤ ਵੱਲੋਂ ਰੋਕ ਹਟਾਉਣ ਵਾਲਾ ਇਹ ਫ਼ੈਸਲਾ ਸੁਣਾਇਆ ਗਿਆ। ਇਸ ਮਾਮਲੇ ਦੀ ਅਗਲੀ ਸੁਣਵਾਈ 2 ਜੁਲਾਈ ਨੂੰ ਹੋਣੀ ਹੈ।

## ਅਹਿਮਦਾਬਾਦ ਜਹਾਜ਼ ਹਾਦਸੇ ਨੇ ਸਭ ਨੂੰ ਝੰਜੋੜ ਕੇ ਰੱਖ ਦਿੱਤੈ : ਸਰਪੰਚ ਰਾਜਾ ਮੱਲਕੇ

### ਅਜਿਹੀਆਂ ਘਟਨਾਵਾਂ ਦੀ ਰੋਕਥਾਮ ਲਈ ਸੁਰੱਖਿਆ ਮਾਪਦੰਡਾਂ ਨੂੰ ਹੋਰ ਸਖ਼ਤ ਕਰਨ ਦੀ ਲੋੜ ਹੈ



**ਬਾਘਾ ਪੁਰਾਣਾ (ਮਨੀ ਸਿਗਲਾ)**-ਇੱਥੋਂ ਥੋੜ੍ਹੀ ਦੂਰੀ 'ਤੇ ਸਥਿਤ ਪਿੰਡ ਮੱਲਕੇ ਦੇ ਪ੍ਰਸਿੱਧ ਸਮਾਜ ਸੇਵੀ ਤੇ ਸਰਪੰਚ ਰਾਜਾ ਮੱਲਕੇ ਨੇ ਅਹਿਮਦਾਬਾਦ ਵਿੱਚ ਹੋਏ ਜਹਾਜ਼ ਹਾਦਸੇ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਆਪਣੇ ਬਿਆਨ ਵਿੱਚ ਕਿਹਾ ਕਿ ਇਸ ਘਟਨਾ ਨੇ ਸਮੁੱਚੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ ਅਤੇ ਇਸ ਦੀ ਵਿਆਪਕ ਜਾਂਚ ਹੋਣੀ ਚਾਹੀਦੀ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜਾਂਚ ਰਾਹੀਂ ਹਾਦਸੇ ਦੇ ਕਾਰਨਾਂ ਦਾ ਪਤਾ ਲਗਾਇਆ ਜਾਵੇ, ਤਾਂ ਜੋ ਭਵਿੱਖ ਵਿਚ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਨੂੰ ਰੋਕਿਆ ਜਾ ਸਕੇ। ਸਰਪੰਚ ਰਾਜਾ ਨੇ ਮ੍ਰਿਤਕਾਂ ਦੀਆਂ ਆਤਮਾਵਾਂ ਦੀ ਸ਼ਾਂਤੀ ਲਈ ਅਰਦਾਸ ਕੀਤੀ ਤੇ ਪੀੜਤ ਪਰਵਾਰਾਂ ਨਾਲ ਹਮਦਰਦੀ ਜਤਾਈ। ਉਨ੍ਹਾਂ ਸਰਕਾਰ ਨੂੰ ਅਪੀਲ ਕੀਤੀ ਕਿ ਪੀੜਤ ਪਰਵਾਰਾਂ ਦੀ ਹਰ ਸੰਭਵ ਮਦਦ ਕੀਤੀ ਜਾਵੇ। ਇਸ ਦੌਰਾਨ ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੀਆਂ ਘਟਨਾਵਾਂ ਦੀ ਰੋਕਥਾਮ ਲਈ ਸੁਰੱਖਿਆ ਮਾਪਦੰਡਾਂ ਨੂੰ ਹੋਰ ਸਖ਼ਤ ਕਰਨ ਦੀ ਲੋੜ ਹੈ। ਸਰਪੰਚ ਰਾਜਾ ਮੱਲਕੇ ਨੇ ਕਿਹਾ ਕਿ ਅਹਿਮਦਾਬਾਦ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਉਡਾਣ ਏ-1 171, ਜੋ ਕਿ ਅਹਿਮਦਾਬਾਦ ਤੋਂ ਉਡਾਣ ਭਰੀ ਸੀ, ਪੰਜ ਮਿੰਟਾਂ ਦੇ ਅੰਦਰ ਹੀ ਹਾਦਸਾਗ੍ਰਸਤ ਹੋ ਗਈ ਤੇ ਅਹਿਮਦਾਬਾਦ ਬੀ ਜੇ ਮੈਡੀਕਲ ਕਾਲਜ ਦੇ ਰੈਜ਼ੀਡੈਂਟ ਡਾਕਟਰਾਂ ਦੇ ਹੋਸਟਲ 'ਤੇ ਡਿੱਗ ਗਈ, ਜਿਸ ਕਾਰਨ ਜਹਾਜ਼ ਵਿੱਚ ਬੈਠੇ ਯਾਤਰੀਆਂ ਦੀ ਜਾਨ ਨੂੰ ਖ਼ਤਰਾ ਪੈਦਾ ਹੋ ਗਿਆ, ਜਿਸ ਵਿੱਚ ਕੁਝ ਵਿਦੇਸ਼ੀ ਯਾਤਰੀ ਵੀ ਸਨ। ਉਨ੍ਹਾਂ ਕਿਹਾ ਕਿ ਇਹ ਹਾਦਸਾ ਕਿਵੇਂ ਹੋਇਆ, ਇਹ ਜਾਂਚ ਦਾ ਵਿਸ਼ਾ ਹੈ ਤੇ ਸਰਕਾਰ ਦੀਆਂ ਸਾਰੀਆਂ ਏਜੰਸੀਆਂ ਇਸ ਵਿੱਚ ਲੱਗੀਆਂ ਹੋਈਆਂ ਹਨ ਅਤੇ ਭਵਿੱਖ ਵਿੱਚ ਅਜਿਹੇ ਹਾਦਸਿਆਂ ਨੂੰ ਰੋਕਣ ਲਈ ਸਖ਼ਤ ਕਦਮ ਚੁੱਕੇ ਜਾਣੇ ਚਾਹੀਦੇ ਹਨ। ਇਸ ਮੌਕੇ ਉਨ੍ਹਾਂ ਦੁੱਖ ਪ੍ਰਗਟ ਕਰਦੇ ਹੋਏ ਵਿੱਛੜੀਆਂ ਰੂਹਾਂ ਸ਼ਰਧਾਂਜਲੀ ਵੀ ਅਰਪਿਤ ਕੀਤੀ।

## ਵੈਭਵ ਜੈਨ ਤੇਰਾਪੰਥ ਯੁਵਕ ਪ੍ਰੀਸ਼ਦ ਦੇ ਪ੍ਰਧਾਨ ਬਣੇ



**ਜਗਰਾਓਂ (ਅਮਿਤ ਖੰਨਾ)**-ਤੇਰਾਪੰਥ ਯੁਵਕ ਪ੍ਰੀਸ਼ਦ ਜਗਰਾਉਂ ਦੀ ਹੋਈ ਸਾਲਾਨਾ ਜਨਰਲ ਮੀਟਿੰਗ ਵਿੱਚ ਸ੍ਰੀ ਵੈਭਵ ਜੈਨ ਨੂੰ ਸੈਸ਼ਨ 2025-26 ਦੇ ਕਾਰਜਕਾਲ ਲਈ ਸਰਬਸੰਮਤੀ ਨਾਲ ਪ੍ਰਧਾਨ ਦੇ ਅਹੁਦੇ ਲਈ ਚੁਣਿਆ ਗਿਆ।ਸ੍ਰੀ ਜੈਨ ਸਵੇਤਾਂਬਰ ਤੇਰਾਪੰਥ ਸਭਾ ਜਗਰਾਉਂ ਦੇ ਪ੍ਰਧਾਨ ਸ੍ਰੀ ਪ੍ਰਵੀਨ ਜੈਨ ਨੇ ਚੋਣ ਅਧਿਕਾਰੀ ਵਜੋਂ ਆਪਣੀਆਂ ਸੇਵਾਵਾਂ ਦਿੱਤੀਆਂ ਤੇ ਇਸ ਨਾਮਜ਼ਦਗੀ ਤੋਂ ਬਾਅਦ ਮੌਜੂਦਾ ਪ੍ਰਧਾਨ ਦੁਆਰਾ ਇਹ ਜ਼ਿੰਮੇਵਾਰੀ ਨਵੇਂ ਚੁਣੇ ਗਏ ਪ੍ਰਧਾਨ ਨੂੰ ਸੌਂਪ ਦਿੱਤੀ ਗਈ।ਇਸ ਸਮੇਂ ਜਾਣਕਾਰੀ ਦਿੰਦੇ ਹੋਏ ਵਿਸ਼ਾਲ ਜੈਨ ਪਾਟਨੀ ਨੇ ਕਿਹਾ ਕਿ ਜਗਰਾਉਂ ਦੀ ਯੁਵਕ ਪ੍ਰੀਸ਼ਦ, ਅਖਿਲ ਭਾਰਤੀ ਤੇਰਾਪੰਥ ਯੁਵਕ ਪ੍ਰੀਸ਼ਦ ਦੀ ਅਗਵਾਈ ਹੇਠ ਆਪਣੀ ਜ਼ਿੰਮੇਵਾਰੀ ਨੂੰ ਸਹੀ ਢੰਗ ਨਾਲ ਨਿਭਾਉਂਦੇ ਹੋਏ ਸੇਵਾ ਤੇ ਸਮਾਜ ਦੀ ਸੇਵਾ ਵਿੱਚ ਲੱਗੀ ਰਹੇਗੀ।

## 27 ਪੇਟੀਆਂ ਨਜਾਇਜ਼ ਸ਼ਰਾਬ ਸਮੇਤ ਕਾਰ ਸਵਾਰ ਕਾਬੂ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਬਡਾਲੀ ਆਲਾ ਸਿੰਘ ਪੁਲਸ ਤੇ ਆਬਕਾਰੀ ਵਿਭਾਗ ਦੀ ਟੀਮ ਵੱਲੋਂ ਇੱਕ ਕਾਰ ਸਵਾਰ ਨੂੰ ਸ਼ਰਾਬ ਦੀਆਂ 27 ਪੇਟੀਆਂ ਸਮੇਤ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਥਾਣਾ ਬਡਾਲੀ ਆਲਾ ਸਿੰਘ ਦੀ ਪੁਲਸ ਪਾਰਟੀ ਤੇ ਆਬਕਾਰੀ ਵਿਭਾਗ ਦੀ ਟੀਮ ਵੱਲੋਂ ਮਿਲੀ ਮੁਖਬਰੀ ਦੇ ਅਧਾਰ 'ਤੇ ਬਡਾਲੀ ਆਲਾ ਸਿੰਘ-ਹੰਸਾਲੀ 'ਤੇ ਗੁਰਦੁਆਰਾ ਰਮਾਣਾ ਸਾਹਿਬ ਨਜ਼ਦੀਕ ਨਾਕਾਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਸੀ, ਜਿਸ ਦੌਰਾਨ ਬਡਾਲੀ ਵੱਲੋਂ ਆ ਰਹੀ ਇੰਡੀਕਾ ਕਾਰ ਨੰਬਰ ਪੀ.ਬੀ.70.ਸੀ-2661 ਦੇ ਚਾਲਕ ਨੇ ਪੁਲਸ ਦੀ ਚੈਕਿੰਗ ਹੁੰਦੀ ਦੇਖ ਕਾਰ ਇੱਕਦਮ ਪਿੱਛੇ ਮੋੜਨ ਦੀ ਕੋਸ਼ਿਸ਼ ਕੀਤੀ ਤਾਂ ਉਸ ਦੀ ਕਾਰ ਬੰਦ ਹੋ ਗਈ, ਜਿਸ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕਰਕੇ ਲਈ ਗਈ ਤਲਾਸ਼ੀ ਦੌਰਾਨ ਕਾਰ 'ਚੋਂ ਚੰਡੀਗੜ੍ਹ 'ਚ ਵਿਕਣਯੋਗ ਸ਼ਰਾਬ ਦੀਆਂ 27 ਪੇਟੀਆਂ ਬਰਾਮਦ ਹੋਈਆਂ, ਜਿਸ 'ਤੇ ਕਾਰ ਦੇ ਕਥਿਤ ਚਾਲਕ ਸਤੀਸ਼ ਕੁਮਾਰ ਉਰਫ ਲਾਲਾ ਵਾਸੀ ਬਡਾਲੀ ਆਲਾ ਸਿੰਘ ਨੂੰ ਅ/ਧ 61/1/14,78(2) ਆਬਕਾਰੀ ਐਕਟ ਤਹਿਤ ਗ੍ਰਿਫਤਾਰ ਕਰ ਲਿਆ ਗਿਆ।

## ਜੈਨੇਸਿਸ ਡੈਂਟਲ ਕਾਲਜ ਨੇ ਕੀਤਾ ਹਾਈਟੈਕ ਮਸ਼ੀਨਰੀ ਦਾ ਉਦਘਾਟਨ

### ਵਿਦਿਆਰਥੀਆਂ ਦੀ ਸਿੱਖਿਆ ਤੇ ਮਰੀਜ਼ਾਂ ਦੇ ਇਲਾਜ ਨੂੰ ਮਿਲੇਗਾ ਹੁਲਾਰਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ-ਮੋਗਾ ਰੋਡ 'ਤੇ ਸਥਿਤ ਜੈਨੇਸਿਸ ਡੈਂਟਲ ਕਾਲਜ ਨੇ ਅਤਿ-ਆਧੁਨਿਕ ਡੈਂਟਲ ਕੁਰਸੀਆਂ ਤੇ ਮਸ਼ੀਨਰੀ ਦਾ ਉਦਘਾਟਨ ਕੀਤਾ। ਕਾਲਜ ਦੀਆਂ ਜੁਆਇੰਟ ਚੇਅਰਮੈਨ ਮੀਨਾਕਸ਼ੀ ਸਿੰਘਲ ਤੇ ਨਵਿਤਾ ਸਿੰਘਲ ਨੇ ਫੀਤਾ ਕੱਟ ਕੇ ਇਸ ਦੀ ਸ਼ੁਰੂਆਤ ਕੀਤੀ।

ਇਸ ਮੌਕੇ ਸਟਾਫ ਨੇ ਨਵੀਆਂ ਸੁਵਿਧਾਵਾਂ 'ਤੇ ਖ਼ੁਸ਼ੀ ਜਤਾਈ ਤੇ ਉਮੀਦ ਪ੍ਰਗਟਾਈ ਕਿ ਇਹ ਮਰੀਜ਼ਾਂ ਨੂੰ ਉੱਚ ਪੱਧਰੀ ਇਲਾਜ ਤੇ ਵਿਦਿਆਰਥੀਆਂ ਨੂੰ ਬਿਹਤਰ ਪ੍ਰੈਕਟੀਕਲ ਸਿੱਖਿਆ ਪ੍ਰਦਾਨ ਕਰੇਗਾ। ਮੀਨਾਕਸ਼ੀ ਸਿੰਘਲ ਨੇ ਕਿਹਾ ਕਿ 'ਇਹ ਨਵੀਆਂ ਸੁਵਿਧਾਵਾਂ ਵਿਦਿਆਰਥੀਆਂ ਦੀ ਸਿੱਖਿਆ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਮਰੀਜ਼ਾਂ ਨੂੰ ਵਧੀਆ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਗੀਆਂ। ਉਥੇ ਹੀ ਨਵਿਤਾ ਸਿੰਘਲ ਨੇ ਦੱਸਿਆ ਕਿ ਜੈਨੇਸਿਸ ਡੈਂਟਲ ਕਾਲਜ ਸਿਹਤ ਤੇ ਸਿੱਖਿਆ ਦੇ ਮਿਆਰ ਨੂੰ ਉੱਚਾ ਚੁੱਕਣ ਲਈ ਲਗਾਤਾਰ ਯਤਨਸ਼ੀਲ ਹੈ, ਤਾਂ ਜੋ ਵਿਦਿਆਰਥੀ ਭਵਿੱਖ ਵਿੱਚ ਯੋਗ ਡਾਕਟਰ ਬਣ ਸਕਣ। ਕਾਲਜ ਦੇ ਚੇਅਰਮੈਨ ਸੀ ਏ ਵਰਿੰਦਰ ਮੋਹਨ ਸਿੰਘਲ ਨੇ ਇਸ ਪਹਿਲਕਦਮੀ 'ਤੇ ਮਾਣ ਜਤਾਇਆ ਤੇ ਕਿਹਾ ਕਿ ਇਹ ਸੁਵਿਧਾਵਾਂ ਨਾ ਸਿਰਫ ਵਿਦਿਆਰਥੀਆਂ ਲਈ ਲਾਭਕਾਰੀ ਹੋਣਗੀਆਂ, ਸਗੋਂ ਪੂਰੇ ਖੇਤਰ ਦੀਆਂ ਸਿਹਤ ਸੇਵਾਵਾਂ ਨੂੰ ਵੀ ਮਜ਼ਬੂਤ ਕਰਨਗੀਆਂ। ਉਨ੍ਹਾਂ ਸਟਾਫ ਦੀ ਸਰਾਹਨਾ ਕੀਤੀ ਤੇ ਭਵਿੱਖ ਵਿੱਚ ਵੀ ਸੰਸਥਾ ਦੀ ਗੁਣਵੱਤਾ ਸੁਧਾਰਨ ਦਾ ਵਾਅਦਾ ਕੀਤਾ। ਸਟਾਫ ਤੇ ਵਿਦਿਆਰਥੀਆਂ ਨੇ ਇਸ ਨਵੀਂ ਪਹਿਲ ਦੀ ਸ਼ਲਾਘਾ ਕੀਤੀ ਤੇ ਉਮੀਦ ਜਤਾਈ ਕਿ ਇਹ ਸੁਵਿਧਾਵਾਂ ਵਧੇਰੇ ਲੋਕਾਂ ਤੱਕ ਲਾਭ ਪਹੁੰਚਾਉਣਗੀਆਂ।

## ਅਹਿਮਦਾਬਾਦ ਜਹਾਜ਼ ਹਾਦਸੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤੈ : ਧੀਮਾਨ



**ਜਗਰਾਓਂ (ਅਮਿਤ ਖੰਨਾ)**-ਗੁਜਰਾਤ ਸੂਬੇ ਦੇ ਅਹਿਮਦਾਬਾਦ ਤੋਂ ਲੰਡਨ ਜਾ ਰਹੀ ਏਅਰ ਇੰਡੀਆ ਦੀ ਉਡਾਣ -171 ਦੇ ਦੁਰਘਟਨਾਗ੍ਰਸਤ ਹੋਣ ਦੀ ਖ਼ਬਰ ਨਾਲ ਪੂਰੇ ਦੇਸ਼ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਬਿਲਡਿੰਗ ਠੇਕੇਦਾਰ ਐਸੋਸੈਸ਼ਨ ਦੇ ਮੈਂਬਰਾਂ ਵੱਲੋਂ ਇਸ ਜਹਾਜ਼ ਹਾਦਸੇ 'ਤੇ ਗਹਿਰਾ ਦੁੱਖ ਜਤਾਉਂਦਿਆਂ ਕਿਹਾ ਕਿ ਇਹ ਸਾਰੇ ਦੇਸ਼ ਲਈ ਇੱਕ ਭਾਰੀ ਨੁਕਸਾਨ ਹੈ। ਇਸ ਹਾਦਸੇ ਨੇ ਪੂਰੇ ਦੇਸ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਪ੍ਰਧਾਨ ਜਿੰਦਰਪਾਲ ਧੀਮਾਨ ਨੇ ਕਿਹਾ ਕਿ ਹਵਾਈ ਸਫਰ ਬੇਹੱਦ ਸੁਰੱਖਿਅਤ ਮੰਨਿਆ ਜਾਂਦਾ ਹੈ, ਪਰ ਹਾਦਸਾ ਕਿਹੜੇ ਕਾਰਨਾਂ ਕਰਕੇ ਵਾਪਰਿਆ, ਇਸ ਦੀ ਪੂਰੀ ਡੂੰਘਾਈ ਨਾਲ ਜਾਂਚ ਕੇਂਦਰ ਸਰਕਾਰ ਵੱਲੋਂ ਕਰਵਾਈ ਜਾਣੀ ਚਾਹੀਦੀ ਹੈ। ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਮੈਂਬਰਾਂ ਨੇ ਇਸ ਦਰਦਨਾਕ ਜਹਾਜ਼ ਹਾਦਸੇ 'ਚ ਜਾਨਾਂ ਗੁਆ ਬੈਠੇ ਯਾਤਰੀਆਂ ਦੇ ਪਰਵਾਰਾਂ ਨਾਲ ਦੁੱਖ ਸਾਂਝਾ ਕਰਦਿਆਂ ਹਮਦਰਦੀ ਪ੍ਰਗਟ ਕਰਦਿਆਂ ਕਿਹਾ ਕਿ ਸਾਨੂੰ ਇਨ੍ਹਾਂ ਅਜਾਈਂ ਗਈਆਂ ਜਾਨਾਂ 'ਤੇ ਬੇਹੱਦ ਦੁੱਖ ਹੈ। ਉਨ੍ਹਾਂ ਵਾਹਿਗੁਰੂ ਅੱਗੇ ਅਰਦਾਸ ਕੀਤੀ ਕਿ ਉਨ੍ਹਾ ਦੀਆਂ ਆਤਮਾਵਾਂ ਨੂੰ ਸ਼ਾਂਤੀ ਮਿਲੇ ਤੇ ਪਰਵਾਰਾਂ ਨੂੰ ਇਹ ਅਸਰ ਦੁੱਖ ਸਹਿਣ ਦਾ ਬਲ ਮਿਲੇ।

## ਭਾਬੀ ਕਮਲ ਕੌਰ ਉਰਫ ਕੰਚਨ ਕੁਮਾਰੀ ਕਤਲ ਮਾਮਲੇ ਦਾ ਮੁੱਖ ਮੁਲਜ਼ਮ ਅੰਮ੍ਰਿਤਪਾਲ ਸਿੰਘ ਵਿਦੇਸ਼ ਫਰਾਰ

### ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਤੁਰੰਤ ਅੰਮ੍ਰਿਤਸਰ ਏਅਰਪੋਰਟ ਤੋਂ ਲਈ ਫਲਾਈਟ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਭਾਬੀ ਕਮਲ ਕੌਰ ਉਰਫ ਕੰਚਨ ਕੁਮਾਰੀ ਕਤਲ ਮਾਮਲੇ ਵਿੱਚ ਪੁਲਸ ਵੱਲੋਂ ਦੋ ਲੋਕ ਹੋਰ ਕੀਤੇ ਨਾਮਜ਼ਦ ਨਾਮਜ਼ਦ ਕੀਤੇ ਗਏ ਵਿਅਕਤੀਆਂ ਦੀ ਗ੍ਰਿਫਤਾਰੀ ਨੂੰ ਲੈ ਕੇ ਛਾਪੇਮਾਰੀ ਜਾਰੀ ਸੋਸ਼ਲ ਮੀਡੀਆ ਇਨਫਲੂਐਂਸਰ ਕੰਚਨ ਕੁਮਾਰੀ ਉਰਫ ਭਾਬੀ ਕਮਲ ਕੌਰ ਮਾਮਲੇ ਦੇ ਮੁੱਖ ਸਾਜ਼ਿਸ਼ ਕਰਤਾ ਅੰਮ੍ਰਿਤਪਾਲ ਸਿੰਘ ਘਟਨਾ ਨੂੰ ਅੰਜਾਮ ਦੇਣ ਤੋਂ ਬਾਅਦ ਤੁਰੰਤ ਸ੍ਰੀ ਅੰਮ੍ਰਿਤਸਰ ਸਾਹਿਬ ਤੋਂ ਵਿਦੇਸ਼ ਭੱਜਣ ਵਿੱਚ ਕਾਮਯਾਬ ਹੋ ਗਿਆ ਹੈ। ਬਠਿੰਡਾ ਪੁਲਸ ਵੱਲੋਂ ਇਸ ਮਾਮਲੇ ਵਿੱਚ ਅੰਮ੍ਰਿਤਪਾਲ ਸਿੰਘ ਦੀ ਮਦਦ ਕਰਨ ਵਾਲੇ ਦੋ ਲੋਕਾਂ ਨੂੰ ਹੋਰ ਨਾਮਜ਼ਦ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਐੱਸ ਐੱਸ ਪੀ ਬਠਿੰਡਾ ਅਮਨੀਤ ਕੌਂਡਲ ਨਹੀਂ ਦੱਸਿਆ ਕਿ ਭਾਬੀ ਕਮਲ ਕੌਰ ਉਰਫ ਕੰਚਨ ਕੁਮਾਰੀ ਨੂੰ ਕਤਲ ਕਰਨ ਸਮੇਂ ਅੰਮ੍ਰਿਤਪਾਲ ਸਿੰਘ ਮਹਿਰੋਂ ਘਟਨਾ ਸਥਾਨ 'ਤੇ ਮੌਜੂਦ ਸੀ। ਇਸ ਚੀਜ਼ ਦਾ ਖੁਲਾਸਾ ਰਿਮਾਂਡ 'ਤੇ ਚੱਲ ਰਹੇ ਉਸ ਦੇ ਦੋ ਸਾਥੀਆਂ ਵੱਲੋਂ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਅੰਮ੍ਰਿਤ ਪਾਲ ਸਿੰਘ ਮਹਿਰੋਂ ਦੀ ਗ੍ਰਿਫਤਾਰੀ ਨੂੰ ਲੈ ਕੇ ਭਾਵੇਂ ਲੁਕਆਊਟ ਨੋਟਿਸ ਜਾਰੀ ਕੀਤਾ ਗਿਆ ਸੀ, ਪਰ ਇਸ ਤੋਂ ਪਹਿਲਾਂ ਹੀ ਅੰਮ੍ਰਿਤਪਾਲ ਸਿੰਘ ਘਟਨਾ ਨੂੰ ਅੰਜਾਮ ਦੇਣ ਉਪਰੰਤ ਸ੍ਰ. ਅੰਮ੍ਰਿਤਸਰ ਸਾਹਿਬ ਏਅਰਪੋਰਟ ਤੋਂ ਯੂਏਈ ਫਰਾਰ ਹੋ ਗਿਆ। ਅੰਮ੍ਰਿਤਪਾਲ ਸਿੰਘ ਮਹਿਰੋਂ ਵੱਲੋਂ ਭਾਬੀ ਕਮਲ ਕੌਰ ਉਰਫ ਗੰਚਨ ਕੁਮਾਰੀ ਦਾ ਕਤਲ ਕਰਨ ਤੋਂ ਬਾਅਦ ਉਹ ਸਿੱਧਾ ਅੰਮ੍ਰਿਤਸਰ ਰਵਾਨਾ ਹੋਇਆ ਅਤੇ ਇਸ ਸਮੇਂ ਉਸ ਨਾਲ ਦੋ ਵਿਅਕਤੀ, ਜਿਨ੍ਹਾਂ ਵਿੱਚੋਂ ਇੱਕ ਦੀ ਪਹਿਚਾਣ ਹੋ ਚੁੱਕੀ ਹੈ ਅਤੇ ਦੂਜਾ ਅਣਪਛਾਤਾ ਹੈ, ਵੱਲੋਂ ਮਦਦ ਕੀਤੀ ਗਈ ਸੀ। ਪੁਲਸ ਵੱਲੋਂ ਉਨ੍ਹਾਂ ਦੋ ਲੋਕਾਂ ਨੂੰ ਵੀ ਨਾਮਜ਼ਦ ਕੀਤਾ ਗਿਆ ਹੈ, ਜਿਨ੍ਹਾਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਚੱਲ ਰਹੀ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ ਭੱਜੇ ਅੰਮ੍ਰਿਤ ਪਾਲ ਸਿੰਘ ਮਹਿਰੋਂ ਦਾ ਲੁਕਆਊਟ ਨੋਟਿਸ ਜਾਰੀ ਹੋ ਚੁੱਕਿਆ ਹੈ, ਜਿਸ ਨੂੰ ਜਲਦ ਹੀ ਗ੍ਰਿਫਤਾਰ ਕਰ ਲਿਆ ਜਾਵੇਗਾ ਤੇ ਇਸ ਮਾਮਲੇ ਵਿੱਚ ਨਾਮਜ਼ਦ ਦੋਨੇ ਵਿਅਕਤੀਆਂ ਦੀ ਗ੍ਰਿਫਤਾਰੀ ਲਈ ਛਾਪੇਮਾਰੀ ਕੀਤੀ ਜਾ ਰਹੀ ਹੈ।


## ਵੱਖ-ਵੱਖ ਪਾਰਟੀਆਂ ਨੂੰ ਛੱਡ ਕੇ ਮਹਿਰੋਂ ਦੇ 20 ਤੋਂ ਵੱਧ ਪਰਵਾਰ ਕਾਂਗਰਸ 'ਚ ਸ਼ਾਮਲ



**ਮੋਗਾ (ਇਕਬਾਲ ਸਿੰਘ ਖਹਿਰਾ)**-ਹਲਕਾ ਧਰਮਕੋਟ ਦੇ ਪਿੰਡ ਮਹਿਰੋਂ ਚ ਸ. ਸੁਖਜੀਤ ਸਿੰਘ ਕਾਕਾ ਲੋਹਗੜ੍ਹ ਸਾਬਕਾ ਵਿਧਾਇਕ ਹਲਕਾ ਧਰਮਕੋਟ, ਜ਼ਿਲ੍ਹਾ ਮੋਗਾ ਪ੍ਰਧਾਨ ਕਾਂਗਰਸ ਕਮੇਟੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ 20 ਤੋਂ ਵੱਧ ਪਰਵਾਰ ਵੱਖ-ਵੱਖ ਸਿਆਸੀ ਪਾਰਟੀਆਂ ਨੂੰ ਛੱਡ ਆਪਣੇ ਤੇ ਹਲਕਾ ਧਰਮਕੋਟ ਦੇ ਆਉਣ ਵਾਲੇ ਸਮੇਂ 'ਚ ਸੁਨਹਿਰੀ ਭਵਿੱਖ ਦੀ ਸੋਚ ਨਾਲ ਕਾਂਗਰਸ ਪਾਰਟੀ 'ਚ ਸ਼ਾਮਲ ਹੋਏ।ਸ਼ਾਮਲ ਹੋਏ ਆਗੂਆਂ ਨੂੰ ਕਾਂਗਰਸ ਪਾਰਟੀ ਵਿੱਚ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਵੱਲੋਂ ਜੀ ਆਇਆਂ ਆਖਿਆ ਤੇ ਭਰੋਸਾ ਦਵਾਇਆ ਕਿ ਕਾਂਗਰਸ ਪਾਰਟੀ ਵਿੱਚ ਉਨ੍ਹਾਂ ਨੂੰ ਪੂਰਾ ਮਾਣ ਤੇ ਸਤਿਕਾਰ ਦਿੱਤਾ ਜਾਵੇਗਾ।ਇਸ ਮੌਕੇ ਸੰਬੋਧਨ ਕਰਦਿਆਂ ਸੁਖਜੀਤ ਸਿੰਘ ਕਾਕਾ ਲੋਹਗੜ੍ਹ ਨੇ ਕਿਹਾ ਕਿ ਪੰਜਾਬੀ ਝੂਠੇ ਬਦਲਾਅ ਨੂੰ ਸਮਝ ਚੁੱਕੇ ਹਨ ਤੇ ਸਭ ਲੋਕਾਂ ਦੀ ਆਉਣ ਵਾਲੇ ਸਮੇਂ 'ਚ ਕਾਂਗਰਸ ਪਾਰਟੀ ਦੀ ਪੰਜਾਬ 'ਚ ਸਰਕਾਰ ਬਣਾਉਣਾ ਦਿਲੀ ਆਵਾਜ਼ ਬਣ ਚੁੱਕੀ ਹੈ।


## ਪੁਲਸ ਨੇ ਮੁਰਾਦਪੁਰ ਤੇ ਗਾਜੇਵਾਸ ਵਿਖੇ ਕਾਸੋ ਉਪਰੇਸ਼ਨ ਤਹਿਤ ਘੇਰਾਬੰਦੀ ਕਰਕੇ ਲਈ ਤਲਾਸ਼ੀ

### ਬਦਨਾਮ ਮਹਿਲਾ ਨਸ਼ਾ ਤਸਕਰ ਗੁੱਡੀ ਕਾਬੂ, ਕਰੀਬ ਅੱਧੀ ਦਰਜਨ ਵਿਅਕਤੀਆਂ ਪਾਸੋਂ ਨਸ਼ੀਲੇ ਪਦਾਰਥ ਬਰਾਮਦ : ਵਰੁਣ ਸ਼ਰਮਾ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਪਟਿਆਲਾ ਪੁਲਸ ਨੇ ਅੱਜ ਐੱਸ ਐੱਸ ਪੀ ਵਰੁਣ ਸ਼ਰਮਾ ਦੀ ਅਗਵਾਈ ਹੇਠ ਸਮਾਣਾ ਦੇ ਦੋ ਪਿੰਡਾਂ ਮੁਰਾਦਪੁਰ ਤੇ ਗਾਜੇਵਾਸ ਵਿਖੇ ਘੇਰਾਬੰਦੀ ਕਰਕੇ ਤਲਾਸ਼ੀ ਅਭਿਆਨ ਚਲਾਇਆ।ਇਸ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਜ਼ਿਲ੍ਹਾ ਪੁਲਸ ਮੁਖੀ ਨੇ ਦੱਸਿਆ ਕਿ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਪਿਛਲੇ ਤਿੰਨ ਮਹੀਨਿਆਂ ਵਿੱਚ ਮੁਰਾਦਪੁਰ ਵਿਖੇ ਪੁਰਾਣੇ ਨਸ਼ਾ ਤਸਕਰਾਂ ਖ਼ਿਲਾਫ਼ 17 ਮੁਕੱਦਮੇ ਦਰਜ ਕੀਤੇ ਗਏ ਹਨ ਤੇ ਅੱਜ ਉਹ ਸਾਰੇ ਘਰਾਂ ਦਾ ਖ਼ੁਦ ਜਾਇਜ਼ਾ ਲੈ ਕੇ ਆਏ ਹਨ ਅਤੇ ਜਿੱਥੇ ਪੁਰਾਣੇ ਤਸਕਰ ਰਹਿੰਦੇ ਸਨ, ਹੁਣ ਉਨ੍ਹਾਂ ਘਰਾਂ ਨੂੰ ਤਾਲੇ ਲੱਗੇ ਹੋਏ ਹਨ, ਜਦਕਿ ਪਟਿਆਲਾ ਪੁਲਸ ਇਸ ਦੌਰਾਨ ਪਿੰਡ ਗਾਜੇਵਾਸ ਦੀ ਬਦਨਾਮ ਮਹਿਲਾ ਨਸ਼ਾ ਤਸਕਰ ਗੁੱਡੀ ਨੂੰ ਵੀ ਕਾਬੂ ਕਰਨ ਵਿੱਚ ਸਫ਼ਲ ਰਹੀ ਹੈ।ਐੱਸ ਐੱਸ ਪੀ ਵਰੁਣ ਸ਼ਰਮਾ ਨੇ ਨਸ਼ਾ ਤਸਕਰਾਂ ਨੂੰ ਸਖ਼ਤ ਤੇ ਸਪੱਸ਼ਟ ਸੁਨੇਹਾ ਦਿੱਤਾ ਕਿ ਕਿਸੇ ਵੀ ਤਰ੍ਹਾਂ ਦੀ ਨਸ਼ਾ ਤਸਕਰੀ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਨਸ਼ਾ ਤਸਕਰਾਂ ਦੀ ਜਾਇਦਾਦ ਜ਼ਬਤ ਕਰਨ ਲਈ ਐੱਨ ਡੀ ਪੀ ਐੱਸ ਐਕਟ ਦੀ ਧਾਰਾ 68 ਤਹਿਤ ਕੇਸ ਤਿਆਰ ਕੀਤੇ ਗਏ ਹਨ ਤੇ ਜਲਦ ਹੀ ਦੋਸ਼ੀਆਂ ਖ਼ਿਲਾਫ਼ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਸ ਉਪਰੇਸ਼ਨ ਦੌਰਾਨ ਕਰੀਬ 6 ਵਿਅਕਤੀਆਂ ਪਾਸੋਂ ਨਸ਼ੀਲੇ ਪਦਾਰਥਾਂ ਦੀ ਰਿਕਵਰੀ ਹੋਈ ਹੈ, ਜਿਨ੍ਹਾਂ ਵਿਰੁੱਧ ਜਾਬਤੇ ਅਨੁਸਾਰ ਕਾਰਵਾਈ ਕਰਦੇ ਹੋਏ ਪੁਲਸ ਕੇਸ ਦਰਜ ਕੀਤੇ ਜਾ ਰਹੇ ਹਨ।ਇਸ ਦੌਰਾਨ ਐੱਸ ਪੀ ਜਾਂਚ ਗੁਰਬੰਸ ਸਿੰਘ ਬੈਂਸ ਤੇ ਡੀਐੱਸਪੀ ਸਮਾਣਾ ਫ਼ਤਿਹ ਸਿੰਘ ਬਰਾੜ ਸਮੇਤ ਹੋਰ ਪੁਲਿਸ ਅਧਿਕਾਰੀ ਮੌਜੂਦ ਸਨ।

## ਮੁੱਖ ਖੇਤੀਬਾੜੀ ਅਫਸਰ ਡਾ. ਗੁਰਪ੍ਰੀਤ ਸਿੰਘ ਵੱਲੋਂ ਨਰਮੇ ਦੀ ਫਸਲ ਦਾ ਨਿਰੀਖਣ



**ਮੋਗਾ (ਇਕਬਾਲ ਸਿੰਘ ਖਹਿਰਾ)**-ਡਾ. ਗੁਰਪ੍ਰੀਤ ਸਿੰਘ ਮੁੱਖ ਖੇਤੀਬਾੜੀ ਅਫਸਰ ਮੋਗਾ ਵੱਲੋਂ ਬਲਾਕ ਨਿਹਾਲ ਸਿੰਘ ਵਾਲਾ ਦੇ ਪਿੰਡਾਂ ਵਿੱਚ ਨਰਮੇ ਦੇ ਖੇਤਾਂ ਦਾ ਦੌਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਫਿਲਹਾਲ ਫਸਲ ਦੀ ਹਾਲਤ ਬਹੁਤ ਵਧੀਆ ਹੈ, ਕਿਸਾਨ ਵੀਰ ਨਿਰੰਤਰ ਖੇਤਾਂ ਦਾ ਦੌਰਾ ਕਰਦੇ ਰਹਿਣ ਤੇ ਖੇਤੀਬਾੜੀ ਮਾਹਿਰਾਂ ਦੀ ਰਾਇ ਅਨੁਸਾਰ ਹੀ ਖਾਦਾਂ ਤੇ ਕੀਟਨਾਸ਼ਕਾਂ ਦੀ ਵਰਤੋਂ ਕਰਨ।ਉਨ੍ਹਾਂ ਦੱਸਿਆ ਕਿ ਨਰਮੇ ਦੀ ਬਿਜਾਈ ਤੋਂ 4 ਤੋਂ 6 ਹਫ਼ਤੇ ਬਾਅਦ ਜ਼ਮੀਨ ਦੀ ਕਿਸਮ ਅਨੁਸਾਰ ਫਸਲ ਨੂੰ ਪਾਣੀ ਲਗਾਇਆ ਜਾਵੇ ਤੇ ਨਦੀਨਾਂ ਦੀ ਰੋਕਥਾਮ ਲਈ ਪਹਿਲੇ ਪਾਣੀ ਤੋਂ ਪਹਿਲਾਂ ਇੱਕ ਗੋਡੀ ਟਰੈਕਟਰ ਨਾਲ ਚੱਲਣ ਵਾਲੇ ਟਿੱਲਰ ਜਾਂ ਰੋਟਰੀ ਵੀਡਰ ਨਾਲ ਕੀਤੀ ਜਾ ਸਕਦੀ ਹੈ।ਪਹਿਲੇ ਪਾਣੀ ਤੋਂ ਬਾਅਦ ਖੇਤ ਨੂੰ ਵੱਤਰ ਆਉਣ ਤੇ 500 ਮਿਲੀਲਿਟਰ ਪ੍ਰਤੀ ਏਕੜ ਹਿਟਵੀਡ ਮੈਕਸ 10 ਪ੍ਰਤੀਸ਼ਤ ਦਾ ਛਿੜਕਾਅ ਕਰਨ ਤੇ ਘਾਹ ਤੇ ਚੌੜੇ ਪੱਤੇ ਵਾਲੇ ਮੌਸਮੀ ਨਦੀਨਾਂ ਦੀ ਚੰਗੀ ਰੋਕਥਾਮ ਕੀਤੀ ਜਾ ਸਕਦੀ ਹੈ।ਇਸ ਦੇ ਬਦਲ ਵਿੱਚ 500 ਮਿਲੀਲਿਟਰ ਗਰੈਮਕਸੋਨ 24 ਐੱਸ ਐੱਲ ਜਾਂ 900 ਮਿਲੀਲਿਟਰ ਸਵੀਪ ਪਾਵਰ 13.5 ਐੱਸ ਐੱਮ ਨੂੰ 100 ਲਿਟਰ ਪਾਣੀ ਵਿੱਚ ਘੋਲ ਕੇ ਬਿਜਾਈ ਤੋਂ 6-8 ਹਫ਼ਤੇ ਬਾਅਦ ਜਦ ਫਸਲ ਦਾ ਕੱਦ 40-45 ਸੈਂਟੀਮੀਟਰ ਹੋਵੇ ਤਾਂ ਸੁਰੱਖਿਅਤ ਹੁੱਡ ਦੀ ਵਰਤੋਂ ਕਰਕੇ ਕਤਾਰਾ ਵਿਚਕਾਰ ਨਦੀਨਾਂ ਉਪਰ ਸਿੱਧਾ ਛਿੜਕਾਅ ਕਰਕੇ ਨਦੀਨਾਂ ਦਾ ਖਾਤਮਾ ਕੀਤਾ ਜਾ ਸਕਦਾ ਹੈ।ਇਹ ਨਦੀਨਨਾਸ਼ਕ ਫਸਲ ਦੇ ਬੂਟਿਆਂ ਉੱਪਰ ਨਹੀਂ ਪੈਣੀ ਚਾਹੀਦੀ, ਕਿਉਂਕਿ ਇਹ ਫਸਲ ਲਈ ਮਾਰੂ ਹਨ।ਉਨ੍ਹਾਂ ਦੱਸਿਆ ਕਿ ਫਸਲ ਦੀ ਮੁੱਢਲੀ ਸਾਂਭ ਸੰਭਾਲ, ਨਦੀਨਾਂ ਦਾ ਮੁਕੰਮਲ ਖਾਤਮਾ ਤੇ ਮਿੱਟੀ ਪਰਖ ਦੇ ਅਧਾਰ 'ਤੇ ਕੀਤੀ ਗਈ ਖਾਦਾਂ ਦੀ ਵਰਤੋਂ ਨਾਲ ਨਰਮੇ ਦੀ ਫਸਲ ਦਾ ਚੰਗਾ ਝਾੜ ਮਿਲਣਾ ਸੁਭਾਵਿਕ ਹੈ, ਜਿਸ ਨਾਲ ਕਿਸਾਨਾਂ ਨੂੰ ਆਰਥਿਕ ਤੌਰ 'ਤੇ ਫਾਇਦਾ ਹੋਵੇਗਾ।ਉਨ੍ਹਾਂ ਕਿਹਾ ਕਿ ਕਿਸਾਨ ਲਗਾਤਾਰ ਫਸਲ ਦਾ ਸਰਵੇਖਣ ਕਰਦੇ ਰਹਿਣ ਤੇ ਜੇਕਰ ਕਿਤੇ ਕੋਈ ਮੁਸ਼ਕਲ ਆਉਂਦੀ ਹੈ ਤਾਂ ਤੁਰੰਤ ਖੇਤੀ ਮਾਹਿਰਾਂ ਨਾਲ ਸੰਪਰਕ ਕਰਨ।

## ਰਾਮਾ ਦੇ ਛੱਪੜ ਲਈ ਹੋਰ ਗ੍ਰਾਂਟ ਜਾਰੀ ਕਰਨ ਦੀ ਮੰਗ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਸਮੂਹ ਗ੍ਰਾਮ ਪੰਚਾਇਤ ਰਾਮਾ ਪਿੰਡ ਵੱਲੋਂ ਛੱਪੜਾਂ ਦੇ ਵਿਕਾਸ ਲਈ ਉਸ ਵਿੱਚੋਂ ਗੰਦੇ ਪਾਣੀ ਦੇ ਨਿਕਾਸ ਨੂੰ ਲੈ ਕੇ ਛੱਪੜਾਂ ਵਿੱਚ ਮੋਟਰਾਂ ਲਾ ਕੇ ਗੰਦੇ ਪਾਣੀ ਨੂੰ ਕੱਢਿਆ ਜਾ ਰਿਹਾ ਹੈ। ਇਸ ਛੱਪੜ ਵਿੱਚ ਗੰਦੇ ਪਾਣੀ ਕਰਕੇ ਹਰ ਸਮੇਂ ਬਿਮਾਰੀਆਂ ਫੈਲਣ ਦਾ ਡਰ ਲੱਗਿਆ ਰਹਿੰਦਾ ਹੈ, ਜਿਸ ਕਰਕੇ ਪਿੰਡ ਵਿੱਚ ਛੱਪੜ ਦਾ ਵਿਕਾਸ ਚੱਲ ਰਿਹਾ ਹੈ। ਇਸ ਤੋਂ ਇਲਾਵਾ ਪਿੰਡ ਵਿੱਚ ਗਲੀਆਂ ਨਾਲੀਆਂ ਦਾ ਵਿਕਾਸ ਕਰਵਾਇਆ ਗਿਆ ਤੇ ਯੁੱਧ ਨਸ਼ਿਆਂ ਵਿਰੁੱਧ ਇਕੱਠ ਕਰਕੇ ਵੱਡੀ ਕਾਰਵਾਈ ਕੀਤੀ ਗਈ ਤੇ ਇਸ ਤੋਂ ਇਲਾਵਾ ਸਕੂਲਾਂ ਦੀ ਸਫਾਈ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਮੂਹ ਗ੍ਰਾਮ ਪੰਚਾਇਤ ਐੱਨ ਆਰ ਆਈ ਤੇ ਨਗਰ ਨਿਵਾਸੀਆਂ ਵੱਲੋਂ ਸਰਕਾਰ ਤੋਂ ਮੰਗ ਕੀਤੀ ਹੈ ਕਿ ਪਿੰਡ ਰਾਮਾ ਦੇ ਛੱਪੜ ਲਈ ਹੋਰ ਗ੍ਰਾਂਟ ਜਾਰੀ ਕੀਤੀ ਜਾਵੇ। ਇਸ ਤੋਂ ਇਲਾਵਾ ਕੁੱਸਾ ਦੇ ਰਾਹ 'ਤੇ ਟਿੱਬਾ ਬਸਤੀ ਦੇ ਗੰਦੇ ਪਾਣੀ ਦੇ ਵਿਕਾਸ ਵਾਸਤੇ ਗ੍ਰਾਂਟ ਜਾਰੀ ਕੀਤੀ ਜਾਵੇ ਤਾਂ ਜੋ ਪਿੰਡ ਰਾਮਾ ਦੇ ਛੱਪੜ ਤੇ ਟਿੱਬਾ ਬਸਤੀ ਦੇ ਗੰਦੇ ਪਾਣੀ ਦੇ ਨਿਕਾਸ ਸਹੀ ਅਤੇ ਸੁਚੱਜੇ ਢੰਗ ਨਾਲ ਕੀਤਾ ਜਾਵੇ। ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਪ੍ਰਧਾਨ ਅਮਨਦੀਪ ਸਿੰਘ, ਪ੍ਰਧਾਨ ਜਗਦੇਵ ਸਿੰਘ, ਰਣਜੀਤ ਸਿੰਘ ਮੀਤ ਪ੍ਰਧਾਨ, ਪੰਮਾ, ਕਰਨ ਤੇ ਐੱਨ ਆਰ ਆਈ ਤੋਂ ਇਲਾਵਾ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਵਿਸ਼ਵ ਖ਼ੂਨਦਾਨ ਦਿਵਸ ਮੌਕੇ 113 ਯੂਨਿਟ ਖ਼ੂਨ ਇਕੱਤਰ

### ਖ਼ੂਨਦਾਨ ਕਰਕੇ ਬਚਾਈ ਜਾ ਸਕਦੀ ਹੈ ਕੀਮਤੀ ਜਾਨ : ਸਿਵਲ ਸਰਜਨ




**ਬੁਢਲਾਡਾ (ਅਸ਼ੋਕ ਲਾਕੜਾ)**-ਵਿਸ਼ਵ ਖ਼ੂਨਦਾਨ ਦਿਵਸ ਮੌਕੇ ਨੇਕੀ ਫਾਉਂਡੇਸ਼ਨ ਬੁਢਲਾਡਾ ਦੇ ਸਹਿਯੋਗ ਨਾਲ ਮਨਦੀਪ ਸ਼ਰਮਾ ਦੀ ਅਗਵਾਈ ਵਿੱਚ ਡੀ.ਪੀ.ਐੱਸ. ਜਿੰਮ ਬੁਢਲਾਡਾ ਵਿਖੇ ਮੈਗਾ ਖ਼ੂਨਦਾਨ ਕੈਂਪ ਲਗਾਇਆ ਗਿਆ। ਇਹ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਅਰਵਿੰਦ ਪਾਲ ਸਿੰਘ ਨੇ ਕਿਹਾ ਕਿ ਖ਼ੂਨ ਦਾਨ ਕਰਨਾ ਸਭ ਤੋਂ ਵੱਡਾ ਦਾਨ ਹੈ। ਖ਼ੂਨਦਾਨ ਕਰਕੇ ਦੂਜੇ ਵਿਅਕਤੀ ਨੂੰ ਜੀਵਨ ਦੀ ਦਾਤ ਦਿੱਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਸਾਡੇ ਵੱਲੋਂ ਦਾਨ ਕੀਤਾ ਖ਼ੂਨ ਕਿਸੇ ਵਿਅਕਤੀ ਨੂੰ ਦੁਰਘਟਨਾ ਸਮੇਂ ਜਾਂ ਕਿਸੇ ਹੋਰ ਬਿਮਾਰੀ ਵੇਲੇ ਲੋੜ ਪੈਣ 'ਤੇ ਨਵੀਂ ਜ਼ਿੰਦਗੀ ਦੇ ਸਕਦਾ ਹੈ। ਉਨ੍ਹਾਂ ਸਮੂਹ ਐੱਨ.ਜੀ.ਓਜ਼ ਨੂੰ ਲੋੜਵੰਦਾਂ ਲਈ ਹਰ ਸਮੇਂ ਖ਼ੂਨਦਾਨ ਵਰਗੇ ਨੇਕੀ ਦੇ ਕਾਰਜਾਂ ਨਾਲ ਜੁੜ ਕੇ ਸਮਾਜ ਦੀ ਸੇਵਾ ਕਰਨ ਦੀ ਜਿੱਥੇ ਸ਼ਲਾਘਾ ਕੀਤੀ, ਉਥੇ ਆਪਣੇ ਆਲੇ-ਦੁਆਲੇ ਹੋਰ ਲੋਕਾਂ ਨੂੰ ਸਮਾਜ ਭਲਾਈ ਦੇ ਕੰਮਾਂ ਨਾਲ ਜੁੜਨ ਲਈ ਪ੍ਰੇਰਿਤ ਕਰਨ ਲਈ ਕਿਹਾ। ਉਨ੍ਹਾਂ ਕਿਹਾ ਕਿ ਬਹੁਤ ਖ਼ੁਸ਼ੀ ਦੀ ਗੱਲ ਹੈ ਜ਼ਿਲ੍ਹਾ ਮਾਨਸਾ ਦੀਆਂ ਐੱਨ.ਜੀ.ਓ. ਖ਼ੂਨਦਾਨ ਦੇ ਨੇਕ ਕਾਰਜ਼ ਵਿੱਚ ਵਧ ਚੜ੍ਹ ਕੇ ਹਿੱਸਾ ਲੈ ਰਹੀਆਂ ਹਨ, ਜੋ ਕਿ ਸਹੀ ਅਰਥਾਂ ਵਿੱਚ ਸੱਚੀ ਸਮਾਜ ਸੇਵਾ ਹੈ। ਉਨ੍ਹਾਂ ਕਿਹਾ ਕਿ ਸਾਡਾ ਜੀਵਨ ਮਾਨਵਤਾ ਦੀ ਸੇਵਾ ਲਈ ਸਮਰਪਤ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਨੇਕੀ ਫਾਉਂਡੇਸ਼ਨ ਵਰਗੀਆਂ ਸਮਾਜ ਸੇਵੀ ਸੰਸਥਾਵਾਂ ਵਧਾਈ ਦੀਆਂ ਹੱਕਦਾਰ ਹਨ, ਜੋ ਖ਼ੂਨਦਾਨ ਦੇ ਨੇਕ ਕਾਰਜ 'ਚ ਆਪਣਾ ਯੋਗਦਾਨ ਪਾ ਰਹੀਆਂ ਹਨ। ਇਸ ਮੌਕੇ ਡਾਕਟਰ ਸਾਈਨਾ ਨੇ ਕਿਹਾ ਕਿ ਖ਼ੂਨਦਾ ਸਿਰਫ ਮਨੁੱਖ ਤੋਂ ਮਨੁੱਖ ਨੂੰ ਕੀਤਾ ਜਾ ਸਕਦਾ ਹੈ, ਇਸ ਦੀ ਕੋਈ ਵੀ ਬਨਾਵਟੀ ਪੈਦਾਵਾਰ ਨਹੀਂ ਹੈ। ਉਨ੍ਹਾਂ ਦੱਸਿਆ ਕਿ ਖ਼ੂਨ ਦਾਨ ਨੂੰ ਬੜ੍ਹਾਵਾ ਦੇਣ ਲਈ ਨੇਕੀ ਫਾਉਂਡੇਸ਼ਨ ਤੇ ਐੱਨ.ਸੀ.ਸੀ. ਦੇ ਵਲੰਟੀਅਰ ਤੇ ਸਿਹਤ ਵਿਭਾਗ ਦੇ ਅਧਿਕਾਰੀ ਕਰਮਚਾਰੀਆਂ ਨੇ ਇੱਕ ਰੈਲੀ ਵੀ ਕੀਤੀ, ਇਸ ਮੌਕੇ ਕੱਲ 113 ਯੂਨਿਟ ਬਲੱਡ ਦਾ ਦਿੱਤਾ ਗਿਆ। ਇਸ ਮੌਕੇ ਡਾ. ਮਾਲਿਆ ਮੁਖੀ, ਸੁਨੈਨਾ ਐੱਸ ਐੱਲ ਟੀ, ਅਮਨਦੀਪ ਸਿੰਘ ਕੌਂਸਲਰ, ਗੁਰਪ੍ਰੀਤ ਸਿੰਘ ਹਰਪ੍ਰੀਤ ਸਿੰਘ ਸੁਖਵਿੰਦਰ ਸਿੰਘ ਮੌਜੂਦ ਸਨ।

## ਹਰਿਆਣਾ ਦੀ ਭਾਜਪਾ ਸਰਕਾਰ ਲੋਕ-ਵਿਰੋਧੀ : ਕੁਮਾਰੀ ਸ਼ੈਲਜਾ

### ਕਾਲਾਂਵਾਲੀ ਨਗਰ ਪਾਲਕਾ ਦੇ ਪ੍ਰਧਾਨ ਲਈ ਕਾਂਗਰਸ ਪਾਰਟੀ ਨੇ ਝੋਕੀ ਪੂਰੀ ਤਾਕਤ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਸੰਯੁਕਤ ਸੰਘਰਸ਼ ਸਮਿਤੀ ਐਲਨਾਬਾਦ ਦੇ ਅਹੁਦੇਦਾਰਾਂ ਵੱਲੋਂ ਸਿਰਸਾ ਦੀ ਸੰਸਦ ਮੈਂਬਰ ਕੁਮਾਰੀ ਸ਼ੈਲਜਾ ਨਾਲ ਮੁਲਾਕਾਤ ਕਰਕੇ ਹਲਕੇ ਵਿੱਚ ਰੇਲਾਂ ਦੇ ਵਿਕਾਸ ਨਾਲ ਸਬੰਧਤ ਸਮੱਸਿਆਵਾਂ ਦੇ ਹੱਲ ਲਈ ਮੰਗ ਪੱਤਰ ਸੌਂਪਿਆ ਗਿਆ। ਇਸ ਮੌਕੇ ਸੰਘਰਸ਼ ਸਮਿਤੀ ਦੇ ਪ੍ਰਧਾਨ ਨਰਿੰਦਰ ਕੁਮਾਰ ਤੇ ਕਨਵੀਨਰ ਐੱਮ ਪੀ ਤੰਵਰ ਨੇ ਕਿਹਾ ਕਿ ਸਬ-ਡਵੀਜ਼ਨ ਐਲਨਾਬਾਦ ਨੂੰ ਸਿਰਸਾ ਨਾਲ ਰੇਲ ਰਾਹੀਂ ਜੋੜਨਾ ਬਹੁਤ ਜ਼ਰੂਰੀ ਹੈ। ਕਮੇਟੀ ਦੇ ਆਗੂਆਂ ਨੇ ਮੰਗ ਕੀਤੀ ਕਿ ਐਲਨਾਬਾਦ ਤੋਂ ਲੰਬੀ ਦੂਰੀ ਦੀਆਂ ਰੇਲ ਗੱਡੀਆਂ ਚਲਾਈਆਂ ਜਾਣ ਤਾਂ ਜੋ ਸਥਾਨਕ ਯਾਤਰੀਆਂ ਨੂੰ ਵੱਡੇ ਸ਼ਹਿਰਾਂ ਲਈ ਸਿੱਧੀ ਰੇਲ ਸੇਵਾ ਦਾ ਲਾਭ ਮਿਲ ਸਕੇ। ਇਸ ਤੋਂ ਇਲਾਵਾ ਐਲਨਾਬਾਦ ਤੋਂ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਲਈ ਸਿੱਧੀਆਂ ਬੱਸ ਸੇਵਾਵਾਂ ਵੀ ਸ਼ੁਰੂ ਕੀਤੀਆਂ ਜਾਣ। ਇਸ ਮੌਕੇ ਕੁਮਾਰੀ ਸ਼ੈਲਜਾ ਨੇ ਕਮੇਟੀ ਆਗੂਆਂ ਨੂੰ ਭਰੋਸਾ ਦਿੱਤਾ ਕਿ ਉਹ ਉਨ੍ਹਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਵਾਉਣ ਦੀ ਕੋਸ਼ਿਸ਼ ਕਰਨਗੇ। ਮੀਡੀਆ ਨਾਲ ਗੱਲਬਾਤ ਕਰਦਿਆਂ ਸ਼ੈਲਜਾ ਨੇ ਦੱਸਿਆ ਕਿ ਸੂਬੇ ਵਿੱਚ ਸੰਗਠਨਾਤਮਕ ਨਿਯੁਕਤੀਆਂ ਦਾ ਫੈਸਲਾ ਹਾਈ ਕਮਾਂਡ ਦੇ ਪੱਧਰ 'ਤੇ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਾਲਾਂਵਾਲੀ ਨਗਰ ਪਾਲਕਾ ਚੋਣਾਂ ਲਈ ਪਾਰਟੀ ਸੰਗਠਨ ਦੀ ਮਜ਼ਬੂਤ ??ਨੀਂਹ ਰੱਖੀ ਗਈ ਹੈ। ਉਨ੍ਹਾਂ ਕਿਹਾ ਕਿ ਹਰਿਆਣਾ ਦੀ ਭਾਜਪਾ ਸਰਕਾਰ ਲੋਕ ਵਿਰੋਧੀ ਨੀਤੀਆਂ 'ਤੇ ਚੱਲ ਰਹੀ ਹੈ। ਕੁਮਾਰੀ ਸ਼ੈਲਜਾ ਨੇ ਹਰਿਆਣਾ ਸਰਕਾਰ ਦੇ ਮੰਤਰੀ ਕ੍ਰਿਸ਼ਨ ਬੇਦੀ ਵੱਲੋਂ ਡਾ. ਭੀਮ ਰਾਓ ਅੰਬੇਡਕਰ ਬਾਰੇ ਦਿੱਤੇ ਵਿਵਾਦਪੂਰਨ ਬਿਆਨ 'ਤੇ ਆਪਣੀ ਸਖ਼ਤ ਨਾਰਾਜ਼ਗੀ ਪ੍ਰਗਟਾਈ।

## ਮੁ.ਫਤ ਮੈਡੀਕਲ ਕੈਂਪ ਲੋੜਵੰਦ ਲੋਕਾਂ ਲਈ ਵਰਦਾਨ : ਮੇਅਰ ਗੋਗੀਆ

### ਲੋੜਵੰਦਾਂ ਦੀ ਮਦਦ ਕਰਨਾ ਹੀ ਸੰਸਥਾ ਦਾ ਅਸਲ ਫਰਜ਼ : ਚੇਅਰਮੈਨ ਗਰਗ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਅਗਰਸੈਨ ਹਸਪਤਾਲ ਦੀ ਕਮੇਟੀ ਵੱਲੋਂ ਵਿਸ਼ੇਸ਼ ਸਹਿਯੋਗੀ ਡਾ. ਸੁਰੇਸ਼ ਕੁਮਾਰ ਗੁਪਤਾ ਟਰਾਂਟੋ ਕੈਨੇਡਾ ਵੱਲੋਂ ਆਪਣੀ ਧਰਮਪਤਨੀ ਸ੍ਰੀਮਤੀ ਰਸ਼ਮੀ ਗੁਪਤਾ ਦੀ ਪਿਆਰੀ ਯਾਦ ਵਿੱਚ ਸ੍ਰੀ ਬਾਲ ਕ੍ਰਿਸ਼ਨ ਸਿੰਗਲਾ ਪ੍ਰਧਾਨ ਐੱਸ.ਡੀ.ਕੇ.ਐੱਸ. ਦੀ ਰਹਿਨੁਮਾਈ ਹੇਠ ਲੋੜਵੰਦ ਲੋਕਾਂ ਦੀ ਮਦਦ ਲਈ ਮੁਫ਼ਤ ਮੈਗਾ ਮੈਡੀਕਲ ਚੈੱਕਅਪ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 730 ਤੋਂ ਵੱਧ ਮਰੀਜ਼ਾਂ ਨੇ ਡਾਕਟਰਾਂ ਦੀ ਸਲਾਹ, ਮੁਫ਼ਤ ਦਵਾਈਆਂ, ਮੁਫਤ ਐਕਸਰੇ, ਮੁਫ਼ਤ ਲੈਬ ਟੈਸਟ, ਮੁਫਤ ਈ ਸੀ ਜੀ, ਮੁਫਤ ਹੱਡੀਆਂ ਦੇ ਟੈਸਟ ਤੇ ਹੋਰ ਟੈਸਟਾਂ ਤੋਂ ਇਲਾਵਾ ਮੁਫ਼ਤ ਐਨਕਾਂ ਦਾ ਲਾਭ ਲਿਆ।ਇਸ ਮੌਕੇ ਨਗਰ ਨਿਗਮ ਮੇਅਰ ਕੁੰਦਨ ਗੋਗੀਆ ਤੇ ਨਿਗਮ ਕਮਿਸ਼ਨਰ ਪਰਮਵੀਰ ਸਿੰਘ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਮੇਅਰ ਕੁੰਦਨ ਗੋਗੀਆ ਨੇ ਕਿਹਾ ਕਿ ਚੰਗੀ ਸਿਹਤ ਹਰ ਇੱਕ ਦਾ ਮੁੱਢਲਾ ਹੱਕ ਹੈ।ਅਜਿਹੇ ਮੁਫ਼ਤ ਮੈਡੀਕਲ ਕੈਂਪ ਲੋੜਵੰਦ ਲੋਕਾਂ ਲਈ ਵਰਦਾਨ ਹਨ।ਇਹ ਪਹਿਲਕਦਮੀ ਸਿਹਤ ਸੰਭਾਲ ਵਿੱਚ ਜਾਗਰੂਕਤਾ ਫੈਲਾਉਣ ਦੀ ਦਿਸ਼ਾ ਵਿੱਚ ਵੀ ਇੱਕ ਮਹੱਤਵਪੂਰਨ ਕਦਮ ਹੈ।ਅਸੀਂ ਸਾਰਿਆਂ ਨੂੰ ਮਿਲ ਕੇ ਇਸ ਤਰ੍ਹਾਂ ਦੇ ਕੈਂਪਾਂ ਨੂੰ ਨਿਯਮਤ ਕਰਵਾਉਣਾ ਚਾਹੀਦਾ ਹੈ।ਸੰਸਥਾ ਦੇ ਚੇਅਰਮੈਨ ਕੁਲਦੀਪ ਗਰਗ ਨੇ ਕਿਹਾ ਕਿ ਲੋੜਵੰਦਾਂ ਦੀ ਮਦਦ ਕਰਨਾ ਹੀ ਸੰਸਥਾ ਦਾ ਅਸਲ ਫਰਜ਼ ਹੈ।ਇਹ ਮੁਹਿੰਮ ਸਮਾਜ ਦੇ ਲੋੜਵੰਦ ਵਰਗਾਂ ਤੱਕ ਸਿਹਤ ਸੇਵਾਵਾਂ ਪਹੁੰਚਾਉਣ ਦੇ ਉਦੇਸ਼ ਨਾਲ ਚਲਾਈ ਗਈ ਹੈ।ਉਨ੍ਹਾਂ ਭਵਿੱਖ ਵਿੱਚ ਵੀ ਇਸ ਤਰ੍ਹਾਂ ਦੇ ਕੈਂਪ ਲਗਾਉਣ ਦਾ ਵਾਅਦਾ ਕੀਤਾ।ਇਸ ਮੌਕੇ ਹੱਡੀਆਂ ਦੇ ਮਾਹਰ ਡਾ. ਜੇ ਪੀ ਐੱਸ ਵਾਲੀਆ, ਅੱਖਾਂ ਦੇ ਮਾਹਰ ਡਾ. ਵਰਿੰਦਰ ਗਰਗ, ਸਰਜਰੀ ਦੇ ਮਾਹਿਰ ਡਾ. ਵਿਸ਼ਾਲ ਖਰਬੰਦਾ, ਬੱਚਿਆਂ ਦੇ ਮਾਹਿਰ ਡਾ. ਪ੍ਰਵੀਨ ਮਿੱਤਲ, ਕੰਨ ਨੱਕ ਗਲੇ ਦੇ ਮਾਹਰ ਡਾ. ਬੀ ਐੱਸ ਸੋਹਲ, ਮੈਡੀਸਨ ਮਾਹਿਰ ਡਾ. ਹਰਚਰਨ ਸਿੰਘ, ਦੰਦਾਂ ਦੇ ਰੋਗਾਂ ਦੇ ਮਾਹਿਰ ਡਾ. ਮਨਮੀਤ ਕੌਰ ਤੇ ਡਾ. ਸ਼ਾਲੂ ਜਿੰਦਲ, ਔਰਤਾਂ ਦੇ ਰੋਗਾਂ ਦੇ ਮਾਹਿਰ ਡਾ. ਸਰੀਤਾ ਅੱਗਰਵਾਲ, ਨਿਊਰੋ ਸਰਜਰੀ ਮਾਹਿਰ ਡਾ. ਯੋਗੇਸ਼ ਜਿੰਦਲ ਤੇ ਡਾ. ਵਿਕਾਸ ਟੰਡਨ ਵੱਲੋਂ ਮਰੀਜ਼ਾਂ ਦਾ ਚੈੱਕਅਪ ਕੀਤਾ ਗਿਆ ਅਤੇ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰ ਕੇ ਸਿਹਤ ਸੰਭਾਲ ਤੇ ਬਿਮਾਰੀਆਂ ਤੋਂ ਬਚਾਅ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਐਡਵੋਕੇਟ ਵਿਜੇ ਮੋਹਨ ਗੁਪਤਾ, ਵਿਜੇ ਕੁਮਾਰ ਗੋਇਲ, ਸੰਜੇ ਸਿੰਗਲਾ, ਡਾਕਟਰ ਜੇਪੀਐੱਸ ਵਾਲੀਆ, ਦੇਵੀ ਦਿਆਲ ਗੋਇਲ, ਰਾਕੇਸ਼ ਆਈਰਨ, ਨਰੇਸ਼ ਗੁਪਤਾ, ਅਕਸ਼ੇ ਗੋਪਾਲ, ਬਰਿੰਦਰ ਕੁਮਾਰ, ਸੁਮਨ ਗੁਪਤਾ, ਪ੍ਰਵੇਸ਼ ਰੋਏ ਮੰਗਲਾ, ਰਾਜੇਸ਼ ਅਗਰਵਾਲ, ਸੀ ਏ ਰਾਜੀਵ ਗੋਇਲ, ਓ ਪੀ ਕਪੂਰ, ਪਵਨ ਗੋਇਲ ਰਾਕੇਸ਼ ਸਿੰਗਲਾ, ਹਰੀਸ਼ ਸੈਣੀ, ਉਰਮਿਲਾ ਪੁਰੀ, ਰਾਜੇਸ਼ ਅਗਰਵਾਲ, ਸੋਨੀਲ ਗਰੋਵਰ, ਕਰਨਲ ਕੁਲਵਿੰਦਰ, ਜੇ ਕੇ ਖੋਸਲਾ, ਮੁਨੀਸ਼ ਗੋਇਲ, ਸੰਚਿਤ ਬਾਂਸਲ, ਤਰਸੇਮ ਬਾਂਸਲ ਸ਼੍ਰੀਮਤੀ ਨਵਨੀਤ ਕੌਰ, ਸ਼੍ਰੀਮਤੀ ਦੀਪਾ ਕੰਬੋਜ ਤੇ ਸਮੂਹ ਸਟਾਫ ਨੇ ਇਸ ਕੈਂਪ ਵਿੱਚ ਯੋਗਦਾਨ ਦਿੱਤਾ।

## ਚੈੱਕ ਬਾਊਂਸ ਦੇ ਮਾਮਲੇ 'ਚ ਮੁਲਜ਼ਮ ਨੂੰ 6 ਮਹੀਨੇ ਦੀ ਸਜ਼ਾ

**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਲੋਟ ਦੀ ਐੱਸ ਡੀ ਜੇ ਐੱਮ ਮੈਡਮ ਸੁੱਮੁਖੀ ਦੀ ਅਦਾਲਤ ਵੱਲੋਂ ਚੈੱਕ ਬਾਊਂਸ ਦੇ ਕੇਸ ਦਾ ਫੈਸਲਾ ਸੁਣਾਉਂਦੇ ਹੋਏ ਐਡਵੋਕੇਟ ਇੰਦਰਜੀਤ ਅਰੋੜਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਰਾਜ ਕੁਮਾਰ ਵਾਸੀ ਗਿੱਦੜਬਾਹਾ ਨੂੰ ਚੈੱਕ ਦੇ ਕੇਸ ਵਿੱਚ 6 ਮਹੀਨੇ ਦੀ ਸਜ਼ਾ, 1 ਲੱਖ 70 ਹਜ਼ਾਰ ਰੁਪਏ ਮੁਆਵਜ਼ਾ ਦੋ ਮਹੀਨਿਆਂ ਵਿੱਚ ਭਰਨ ਦਾ ਹੁਕਮ ਸੁਣਾਇਆ ਗਿਆ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਐਡਵੋਕੇਟ ਇੰਦਰਜੀਤ ਅਰੋੜਾ ਨੇ ਦੱਸਿਆ ਕਿ ਅੰਕੁਸ਼ ਕੁਮਾਰ ਪੁੱਤਰ ਦਰਸ਼ਨ ਲਾਲ ਵਾਸੀ ਗਿੱਦੜਬਾਹਾ ਨੇ 18 ਅਕਤੂਬਰ 2017 ਨੂੰ ਰਾਜ ਕੁਮਾਰ ਪੁੱਤਰ ਪ੍ਰਹਲਾਦ ਕੁਮਾਰ ਵਾਸੀ ਗਿੱਦੜਬਾਹਾ ਨੂੰ 1 ਲੱਖ 70 ਹਜ਼ਾਰ ਰੁਪਏ ਪਰਨੋਟ 'ਤੇ ਉਧਾਰ ਦਿੱਤੇ ਸਨ ਤੇ ਉਸ ਤੋਂ ਬਾਅਦ 18 ਅਕਤੂਬਰ 2019 ਨੂੰ ਵਿਆਜ ਸਮੇਤ ਰਾਜ ਕੁਮਾਰ ਨੇ ਰਕਮ ਮੋੜਨ ਦੀ ਇਵਜ ਵਿੱਚ ਅੰਕੁਸ਼ ਕੁਮਾਰ ਨੂੰ ਇਕ ਚੈੱਕ ਨੰਬਰੀ 066008 ਮਿਤੀ 18 ਅਕਤੂਬਰ 2019 ਨੂੰ 2 ਲੱਖ 50 ਹਜ਼ਾਰ ਰੁਪਏ ਦਾ ਜਾਰੀ ਕਰ ਦਿੱਤਾ ਸੀ। ਜਦੋਂ ਅੰਕੁਸ਼ ਕੁਮਾਰ ਨੇ ਆਪਣੇ ਬੈਂਕ ਖਾਤੇ ਵਿੱਚ ਚੈੱਕ ਲਗਾਇਆ ਤਾਂ ਰਾਜ ਕੁਮਾਰ ਦੇ ਖਾਤੇ ਵਿੱਚ ਪੇਮੈਂਟ ਨਾ ਹੋਣ ਕਰਕੇ ਚੈੱਕ ਬੈਂਕ ਵੱਲੋਂ ਡਿਸਆਨਰ ਕਰ ਦਿੱਤਾ ਗਿਆ, ਜੋ ਉਕਤ ਚੈੱਕ ਦੇ ਡਿਸਆਨਰ ਹੋਣ 'ਤੇ ਅੰਕੁਸ਼ ਕੁਮਾਰ ਨੇ ਰਾਜ ਕੁਮਾਰ ਖਿਲਾਫ ਇਕ ਕੰਪਲੇਂਟ ਜ਼ੇਰ ਦਫਾ 138 ਐੱਨ.ਆਈ. ਐਕਟ ਤਹਿਤ ਮਾਨਯੋਗ ਅਦਾਲਤ ਮੈਡਮ ਸੁੱਮੁਖੀ ਐੱਸ.ਡੀ.ਜੇ.ਐੱਮ. ਮਲੋਟ ਪਾਸ ਦਾਇਰ ਕੀਤੀ ਗਈ ਅਤੇ ਅਦਾਲਤ ਵਿੱਚ ਪੇਸ ਕੀਤੀਆਂ ਠੋਸ ਦਲੀਲਾਂ ਨਾਲ ਸਹਿਮਤ ਹੁੰਦੇ ਹੋਏ ਮਾਨਯੋਗ ਅਦਾਲਤ ਵੱਲੋਂ ਮੁੱਦਈ ਧਿਰ ਦੇ ਵਕੀਲ ਇੰਦਰਜੀਤ ਅਰੋੜਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਰਾਜ ਕੁਮਾਰ ਪੁੱਤਰ ਪ੍ਰਹਲਾਦ ਕੁਮਾਰ ਵਾਸੀ ਗਿੱਦੜਬਾਹਾ ਨੂੰ ਉਕਤ ਕੇਸ ਵਿੱਚ 6 ਮਹੀਨਿਆਂ ਦੀ ਸਜ਼ਾ, 1 ਲੱਖ 70 ਰੁਪਏ ਮੁਆਵਜ਼ਾ ਦੋ ਮਹੀਨਿਆਂ ਵਿੱਚ ਭਰਨ ਦਾ ਹੁਕਮ ਸੁਣਾਇਆ ਗਿਆ।

## ਟਰਾਂਸਪੋਰਟ ਯੂਨੀਅਨਾਂ ਵੱਲੋਂ 9 ਦੀ ਹੜਤਾਲ 'ਚ ਭਾਗ ਲੈਣ ਦਾ .ਫ਼ੈਸਲਾ : ਚੰਦਰ ਸ਼ੇਖਰ

### ਸਰਕਾਰੀ ਪੈਸੰਜਰ ਰੋਡ ਟਰਾਂਸਪੋਰਟ ਵਰਕਰਾਂ ਨੂੰ ਰੈਗੂਲਰ ਕਰੋ ਤੇ ਰੈਗੂਲਰਾਂ ਦੇ ਬਰਾਬਰ ਤਨਖਾਹ ਤੇ ਭੱਤੇ ਦਿਉ : ਰੇਸ਼ਮ ਗਿੱਲ

**ਲੁਧਿਆਣਾ (ਰੈਕਟਰ ਕਥੂਰੀਆ)**

ਇੱਥੇ ਰੋਡ ਟਰਾਂਸਪੋਰਟ ਖੇਤਰ ਵਿੱਚ ਦਰਜਨ ਦੇ ਕਰੀਬ ਕੰਮ ਕਰਦੀਆਂ ਯੂਨੀਅਨਾਂ ਦੇ ਪ੍ਰਤੀਨਿਧਾਂ ਦੀ ਸੂਬਾ ਪੱਧਰੀ ਕਨਵੈਨਸ਼ਨ ਵਿੱਚ ਐਲਾਨ ਕੀਤਾ ਹੈ ਕਿ ਆਂਉਦੀ 9 ਜੁਲਾਈ ਨੂੰ 10 ਕੇਂਦਰੀ ਟਰੇਡ ਯੂਨੀਅਨਾਂ ਤੇ ਕਿੱਤਾਵਾਰ ਸਰਵ ਭਾਰਤੀ ਕਰਮਚਾਰੀ ਫੈਡਰੇਸ਼ਨਾਂ ਦੇ ਸੱਦੇ ਅਨੁਸਾਰ 9 ਜੁਲਾਈ ਦੀ ਹੜਤਾਲ ਵਿੱਚ ਭਾਗ ਲੈਣਗੀਆਂ ਤੇ 20 ਜੂਨ ਤੱਕ ਪੰਜਾਬ ਸਰਕਾਰ ਤੇ ਸਾਰੇ ਅਦਾਰਿਆਂ ਦੇ ਪ੍ਰਬੰਧਕਾਂ ਨੂੰ ਇਸ ਸਬੰਧੀ ਨੋਟਿਸ ਜਾਰੀ ਕੀਤੇ ਜਾਣਗੇ।ਇਹ ਕਨਵੈਨਸ਼ਨ ਆਲ ਇੰਡੀਆ ਰੋਡ ਟਰਾਂਸਪੋਰਟ ਵਰਕਰਜ਼ ਫੈਡਰੇਸ਼ਨ ਨਾਲ ਸਬੰਧਤ ਸੂਬਾਈ ਤਾਲਮੇਲ ਕਮੇਟੀ ਨੇ ਆਯੋਜਤ ਕੀਤੀ ਸੀ, ਜਿਸ ਦੀ ਪ੍ਰਧਾਨਗੀ ਸਰਵਸਾਥੀ ਚੰਦਰ ਸ਼ੇਖਰ, ਰੇਸ਼ਮ ਸਿੰਘ ਗਿੱਲ, ਪ੍ਰਧਾਨ ਪਨਬਸ/ਪੀ ਆਰ ਟੀ ਸੀ ਵਰਕਰਜ਼ ਯੂਨੀਅਨ ਪੰਜਾਬ, ਹਰਕੇਸ਼ ਕੁਮਾਰ ਵਿੱਕੀ ਸੀਨੀ. ਮੀਤ ਪ੍ਰਧਾਨ ਪੰਜਾਬ ਰੋਡਵੇਜ਼ ਪਨਬੱਸ/ਪੀ ਆਰ ਟੀ ਸੀ ਕੰਟਰੈਕਟ ਵਰਕਰ ਯੂਨੀਅਨ ਪੰਜਾਬ, ਇੰਦਰਪਾਲ ਸਿੰਘ, ਪ੍ਰਧਾਨ ਪੀ ਆਰ ਟੀ ਸੀ ਮੋਟਰ ਮਜ਼ਦੂਰ ਯੂਨੀਅਨ ਹਰਬੰਸ ਸਿੰਘ ਭੋਲਾ, ਪ੍ਰਧਾਨ ਪੀ ਆਰ ਟੀ ਸੀ ਕੰਟਰੈਕਟ ਵਰਕਰਜ਼ ਯੂਨੀਅਨ (ਅਜ਼ਾਦ ) ਦੀ ਪ੍ਰਧਾਨਗੀ ਹੇਠ ਸੰਪੰਨ ਹੋਈ।

ਕਨਵੈਨਸ਼ਨ ਵਿੱਚ ਮੁੱਖ ਮਤਾ ਸਾਥੀ ਚੰਦਰ ਸ਼ੇਖਰ ਵੱਲੋਂ ਪੇਸ਼ ਕੀਤਾ ਗਿਆ, ਜਿਸ ਵਿੱਚ ਟਰਾਂਸਪੋਰਟ ਖੇਤਰ ਤੇ ਟਰਾਂਸਪੋਰਟ ਕਾਮਿਆਂ ਦੀਆਂ ਲਗਾਤਾਰ ਵਿਗੜ ਰਹੀਆਂ ਹਾਲਤਾਂ, ਵਧ ਰਹੇ ਟੈਕਸ, ਟਰਾਂਸਪੋਰਟ ਖੇਤਰ ਨੂੰ ਦਿੱਤੀਆਂ ਜਾ ਰਹੀਆਂ ਖੁੱਲ੍ਹਾਂ, ਸੜਕਾਂ ਦੀ ਵਿਗੜ ਰਹੀ ਹਾਲਤ, ਕਿਰਤ ਕਾਨੂੰਨਾਂ ਵਿੱਚ ਮਜ਼ਦੂਰ ਮਾਰੂ ਕੀਤੀਆਂ ਜਾ ਰਹੀਆਂ ਤਬਦੀਲੀਆਂ ਦੇ ਮੱਦੇਨਜ਼ਰ ਮਜ਼ਦੂਰ ਲਹਿਰ ਨੂੰ ਇੱਕਮੁੱਠ ਹੋ ਕੇ ਅੱਗੇ ਆਉਣ ਦਾ ਸੱਦਾ ਦਿੱਤਾ ਗਿਆ ਹੈ।9 ਜੁਲਾਈ ਨੂੰ ਦੇਸ਼ ਵਿਆਪੀ ਹੜਤਾਲ ਵਿੱਚ ਵਧ ਚੜ੍ਹ ਕੇ ਭਾਗ ਲੈਣ ਦੀ ਅਪੀਲ ਕੀਤੀ ਹੈ।ਸਾਥੀ ਕਮਲ ਕੁਮਾਰ, ਰੇਸ਼ਮ ਸਿੰਘ ਗਿੱਲ, ਸ਼ਮਸ਼ੇਰ ਸਿੰਘ ਢਿੱਲੋਂ, ਜਗਤਾਰ ਸਿੰਘ ਇੰਦਰਪਾਲ ਸਿੰਘ ਪੁੰਨਾਵਾਲ, ਰੁਪਿੰਦਰ ਸਿੰਘ, ਸਹਿਬ ਸਿੰਘ ਸਮੇਤ ਆਦਿ ਸਾਥੀਆਂ ਨੇ ਮੁੱਖ ਮਤੇ ਦਾ ਸਮਰਥਨ ਕੀਤਾ ਤੇ ਪੰਜਾਬ ਸਰਕਾਰ ਵੱਲੋਂ ਵਧਦੀ ਆਬਾਦੀ ਦੇ ਅਨੁਸਾਰ ਬੱਸਾਂ ਦੇ ਫਲੀਟ ਵਿੱਚ ਵਾਧਾ ਨਾ ਕਰਕੇ ਮੁਸਾਫਿਰਾਂ ਦੀ ਖੱਜਲ ਖ਼ੁਆਰੀ ਵਧਾਈ ਜਾ ਰਹੀ ਹੈ।ਕਨੂੰਨ ਤੋਂ ਉੱਲਟ ਸਥਾਈ ਕੰਮਾਂ ਉਤੇ ਲੋਟੂ ਠੇਕੇਦਾਰੀ ਸਿਸਟਮ ਨੂੰ ਅੱਗੇ ਤੋਂ ਅੱਗੇ ਰੱਖਿਆ ਜਾ ਰਿਹਾ ਹੈ।ਸਰਵਉੱਚ ਅਦਾਲਤ ਦੇ ਫੈਸਲੇ ਨੂੰ ਪੈਰਾਂ ਹੇਠ ਮਧੋਲਦੇ ਹੋਏ ਬਰਾਬਰ ਕੰਮ ਬਰਾਬਰ ਤਨਖਾਹਾਂ ਵੀ ਨਹੀਂ ਦਿੱਤੀਆਂ ਜਾ ਰਹੀਆਂ। ਪਨਬੱਸ ਤੇ ਪੀ ਆਰ ਟੀ ਸੀ ਵਿਚ ਅਫ਼ਸਰਸ਼ਾਹੀ ਤੇ ਠੇਕੇਦਾਰ ਵਰਕਰਾਂ ਅਤੇ ਸਰਕਾਰੀ ਖਜ਼ਾਨੇ ਨੂੰ ਚੂਨਾ ਲਾ ਰਹੇ ਹਨ।ਪੰਜਾਬ ਤੇ ਦੇਸ਼ ਦੀ ਆਰਥਿਕਤਾ ਲਈ ਬਹੁਤ ਹੀ ਮਹੱਤਵਪੂਰਨ ਟਰਾਂਸਪੋਰਟ ਅਦਾਰੇ ਵੱਲੋਂ ਕੇਂਦਰ ਤੇ ਸੂਬਾਈ ਸਰਕਾਰ ਦਾ ਧਿਆਨ ਨਹੀਂ ਸਗੋਂ ਚੈਸੀਆਂ ਬਣਾਉਣ ਵਾਲੀਆਂ ਕਾਰਪੋਰੇਟ ਤੇ ਨਿੱਜੀ ਕੰਪਨੀਆਂ ਦੇ ਹਿੱਤਾਂ ਨੂੰ ਅੱਗੇ ਰੱਖਿਆ ਜਾ ਰਿਹਾ ਹੈ।ਇਸ ਲਈ 9 ਜੁਲਾਈ ਦੀ ਹੜਤਾਲ ਵਿੱਚ ਇਹ ਮਸਲੇ ਵੀ ਸ਼ਾਮਲ ਕੀਤੇ ਜਾਣ।ਇੱਕ ਵਿਸ਼ੇਸ਼ ਮਤਾ ਪਾਸ ਕਰਕੇ ਦੁਕਾਨਾਂ ਤੇ ਹੋਰ ਵਪਾਰਕ ਅਦਾਰਿਆਂ ਵਿੱਚ 12 ਘੰਟੇ ਦੀ ਡਿਊਟੀ ਕੀਤੇ ਜਾਣ ਅਤੇ 144 ਘੰਟੇ ਓਵਰ ਟਾਈਮ ਦੀ ਦੀ ਦਿੱਤੀ ਮਨਜ਼ੂਰੀ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਇਸ ਨੂੰ ਵਾਪਸ ਲੈਣ ਦੀ ਮੰਗ ਕੀਤੀ ਗਈ।ਕਨਵੈਨਸ਼ਨ ਨੂੰ ਹੋਰਨਾਂ ਤੋਂ ਇਲਾਵਾ ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਮਹਾਂ ਸਿੰਘ ਰੌੜੀ ਨੇ ਵਿਸ਼ੇਸ਼ ਤੌਰ 'ਤੇ ਸੰਬੋਧਨ ਕੀਤਾ ਅਤੇ ਉਮੀਦ ਜ਼ਾਹਰ ਕੀਤੀ ਕਿ ਪੁਰਾਣੇ ਸਮਿਆਂ ਦੀ ਤਰ੍ਹਾਂ ਮਜ਼ਦੂਰ, ਮੁਲਾਜ਼ਮ ਘੋਲਾਂ ਵਿੱਚ ਸ਼ਾਨਦਾਰ ਭੂਮਿਕਾ ਨਿਭਾਉਣਗੇ, ਮਜ਼ਦੂਰਾਂ ਤੇ ਕਿਸਾਨਾਂ ਦੇ ਏਕੇ ਨੂੰ ਅੱਗੇ ਵਧਾਉਣ ਵਿੱਚ ਇੱਕ ਕੜੀ ਵਜੋਂ ਅੱਗੇ ਆਉਣਗੇ।

## ਏਟਕ, ਸੀਟੂ, ਸੀ ਟੀ ਯੂ ਪੰਜਾਬ ਤੇ ਇੰਟਕ ਵੱਲੋਂ ਸੰਜੀਵ ਅਰੋੜਾ ਦੇ ਦਫਤਰ ਅੱਗੇ ਧਰਨਾ



**ਲੁਧਿਆਣਾ (ਐੱਮ ਐੱਸ, ਭਾਟੀਆ)**-ਏਟਕ, ਸੀਟੂ, ਸੀਟੀਯੂ ਪੰਜਾਬ ਤੇ ਇੰਟਕ ਦੇ ਆਗੂ ਸਾਥੀਆਂ ਵੱਲੋਂ ਪੰਜਾਬ ਦੀ ਕੈਬਨਿਟ ਵੱਲੋਂ ਪੰਜਾਬ ਸ਼ਾਪਸ ਐਂਡ ਕਮਰਸ਼ੀਅਲ ਐਸਟੈਬਲਿਸ਼ਮੈਂਟ ਐਕਟ 1958 ਵਿੱਚ ਮਜ਼ਦੂਰਾਂ ਤੇ ਮੁਲਾਜ਼ਮ ਵਿਰੋਧੀ ਸੋਧਾਂ ਦੇ ਵਿਰੁੱਧ ਧਰਨਾ ਦੇ ਕੇ ਪਿੱਟ ਸਿਆਪਾ ਕੀਤਾ ਗਿਆ।ਇਹ ਰੋਸ ਮਾਰਚ ਸ਼ਹੀਦ ਕਰਨੈਲ ਸਿੰਘ ਈਸੜੂ ਭਵਨ ਤੋਂ ਸ਼ੁਰੂ ਹੋਇਆ ਤੇ ਮਿੱਢਾ ਚੌਂਕ, ਈਐੱਸਆਈ, ਭਾਰਤ ਨਗਰ ਚੌਂਕ, ਭਾਈ ਬਾਲਾ ਚੌਂਕ ਤੇ ਆਰਤੀ ਚੌਂਕ ਤੋਂ ਹੁੰਦਾ ਹੋਇਆ ਆਪ ਉਮੀਦਵਾਰ ਦੇ ਦਫਤਰ ਦੇ ਅੱਗੇ ਮੋਟਰਸਾਈਕਲਾਂ ਤੇ ਸਕੂਟਰਾਂ 'ਤੇ ਪਹੁੰਚਿਆ।ਯੂਨੀਅਨ ਦੇ ਆਗੂਆਂ ਤੇ ਵਰਕਰਾਂ ਨੇ ਝੰਡੇ ਫੜੇ ਹੋਏ ਸਨ। ਰੋਸ ਪ੍ਰਦਰਸ਼ਨ ਕਰਕੇ ਇਨ੍ਹਾਂ ਸੋਧਾਂ ਨੂੰ ਵਾਪਸ ਕਰਾਉਣ ਲਈ ਜ਼ੋਰ ਪਾਇਆ ਗਿਆ।ਆਗੂਆਂ ਨੇ ਕਿਹਾ ਕਿ ਸਰਮਾਏਦਾਰਾਂ ਨੂੰ ਖ਼ੁਸ਼ ਕਰਨ ਲਈ ਸਰਕਾਰ ਨੇ ਕਿਰਤ ਕਾਨੂੰਨਾਂ ਵਿੱਚ ਸੋਧ ਕਰਕੇ 20 ਤੱਕ ਕਾਮਿਆਂ ਵਾਲੀਆਂ ਫੈਕਟਰੀਆਂ ਤੇ ਦੁਕਾਨਾਂ ਨੂੰ ਰਜਿਸਟਰੇਸ਼ਨ ਤੋਂ ਛੋਟ ਦੇ ਦਿੱਤੀ ਹੈ ਅਤੇ ਮਜ਼ਦੂਰਾਂ ਦੀ ਦਿਹਾੜੀ ਅੱਠ ਤੋਂ ਵਧਾ ਕੇ 12 ਘੰਟੇ ਕਰ ਦਿੱਤੇ ਹਨ। ਘੱਟੋ ਘੱਟ ਉਜ਼ਰਤ ਪਿਛਲੇ 12 ਸਾਲ ਤੋਂ ਨਹੀਂ ਵਧਾਈ ਗਈ।

ਇਨ੍ਹਾਂ ਮੰਗਾਂ ਨੂੰ ਲੈ ਕੇ ਪ੍ਰਦਰਸ਼ਨਕਾਰੀਆਂ ਨੇ ਤਖ਼ਤੀਆਂ ਫੜੀਆਂ ਹੋਈਆਂ ਸਨ।ਇਸ ਰੋਸ ਪ੍ਰਦਰਸ਼ਨ ਨੂੰ ਵਿਜੇ ਕੁਮਾਰ, ਸੁਖਮਿੰਦਰ ਸਿੰਘ ਲੋਟੇ, ਜਗਦੀਸ਼ ਚੰਦ, ਐਡਵੋਕੇਟ ਸਰਬਜੀਤ ਸਿੰਘ ਸਰਹਾਲੀ, ਐੱਮ ਐੱਸ ਭਾਟੀਆ, ਪਰਮਜੀਤ ਸਿੰਘ, ਸਮਰ ਬਹਾਦਰ, ਕੇਵਲ ਸਿੰਘ ਬਨਵੈਤ, ਰਾਮ ਬ੍ਰਿਸ਼ ਯਾਦਵ, ਤਹਿਸੀਲਦਾਰ, ਬਲਰਾਮ ਸਿੰਘ, ਅਜੀਤ ਕੁਮਾਰ, ਜਗਦੀਸ਼ ਚੌਧਰੀ, ਵਿਨੋਦ ਤਿਵਾੜੀ, ਸੋਨੂ ਗੁਪਤਾ, ਸੋਨੂ ਪਾਸਵਾਨ, ਸੁਦੇਸ਼ਵਰ ਤਿਵਾੜੀ ਤੇ ਕਮੇਸ਼ਵਰ ਯਾਦਵ ਨੇ ਸੰਬੋਧਨ ਕੀਤਾ।

16 Jun Page-8.qxd 6/15/2025 10:03 PM Page 1



## ਹੈਰੋਇਨ ਤੇ ਮੋਟਰਸਾਈਕਲ ਸਮੇਤ 3 ਵਿਅਕਤੀ ਕਾਬੂ



**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਸਰਕਾਰ ਅਤੇ ਪੁਲਿਸ ਵਿਭਾਗ ਵੱਲੋਂ ਨਸ਼ਿਆਂ ਦੇ ਖਿਲਾਫ ਚਲਾਈ ਜਾ ਰਹੀ ਮੁਹਿੰਮ ਤਹਿਤ ਸੀਨੀਅਰ ਕਪਤਾਨ ਪੁਲਸ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਡਾ. ਮਹਿਤਾਬ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਸ਼ਾਮ ਸੁੰਦਰ ਸ਼ਰਮਾ ਉਪ ਕਪਤਾਨ ਪੁਲਸ ਸਬ ਡਵੀਜ਼ਨ ਬਲਾਚੌਰ ਦੀ ਯੋਗ ਅਗਵਾਈ ਹੇਠ ਐਸ ਆਈ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ ਦੇ ਸਮੇਤ ਸਾਥੀ ਟੀਮ ਨੇ ਮੁਕਦਮਾ ਥਾਣਾ ਸਿਟੀ ਬਲਾਚੌਰ ਬਰਖਿਲਾਫ ਮੁਕੇਸ਼ ਕੁਮਾਰ ਉਰਫ ਬਿੱਲਾ ਪੁੱਤਰ ਚੂਹੜ ਸਿੰਘ ਵਾਸੀ ਚੱਕ ਇਲਾਹੀ ਬਖਸ਼ ਥਾਣਾ ਰਾਹੋਂ, ਪ੍ਰਦੀਪ ਸਿੰਘ ਉਰਫ ਪੱਪੂ ਪੁੱਤਰ ਰਤਨ ਸਿੰਘ ਵਾਸੀ ਮਹਿਤਪੁਰ ਉਲੱਧਣੀ ਥਾਣਾ ਬਲਾਚੌਰ, ਸਰਬਜੀਤ ਸਿੰਘ ਪੁੱਤਰ ਹਰਜਿੰਦਰਪਾਲ ਵਾਸੀ ਜਾਨੀਆਵਾਲ ਥਾਣਾ ਰਾਹੋਂ ਦਰਜ ਕਰਕੇ ਦੋਸ਼ੀ ਪਾਸੋਂ 7 ਗ੍ਰਾਮ ਹੈਰੋਇਨ ਤੇ ਮੋਟਰਸਾਈਕਲ ਮਾਰਕਾ ਸਪਲੈਂਡਰ ਰੰਗ ਕਾਲਾ ਬ੍ਰਾਮਦ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਹੈ। ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਕੇਂਦਰੀ ਜੇਲ੍ਹ ਲੁਧਿਆਣਾ ਵਿਖੇ ਭੇਜਿਆ ਜਾ ਰਿਹਾ ਹੈ। ਇਸ ਮੌਕੇ ਐਸ ਆਈ ਭੂਸ਼ਣ ਲਾਲ, ਏ ਐਸ ਆਈ ਨਰੇਸ਼ ਕੁਮਾਰ, ਏ ਐਸ ਆਈ ਲਖਵੀਰ ਚੰਦ ਆਦਿ ਹਾਜ਼ਰ ਸਨ।

## ਜਿੰਪਾ ਵੱਲੋਂ ਬੂਥਗੜ੍ਹ ਚੋਅ 'ਤੇ ਪੁਲ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਇਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪੰਜਾਬ ਸਰਕਾਰ ਦੀ ਵਿਕਾਸਸ਼ੀਲ ਸੋਚ ਦੇ ਚੱਲਦਿਆਂ ਐਤਵਾਰ ਦਾ ਦਿਨ ਇਤਿਹਾਸਿਕ ਰਿਹਾ ਜਦੋਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ 15 ਸਾਲਾਂ ਤੋਂ ਲਟਕਦੇ ਆ ਰਹੇ ਬੂਥਗੜ੍ਹ ਚੋਅ 'ਤੇ ਬਣਨ ਵਾਲੇ ਪੁਲ ਦੇ ਨਿਰਮਾਣ ਕੰਮ ਦੀ ਸ਼ੁਰੂਆਤ ਕੀਤੀ। ਇਹ ਪੁਲ 2.35 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤਾ ਜਾਵੇਗਾ, ਜਿਸ ਨਾਲ ਇਲਾਕੇ ਦੇ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ। ਉਦਘਾਟਨ ਸਮਾਰੋਹ ਦੌਰਾਨ ਵਿਧਾਇਕ ਜਿੰਪਾ ਨੇ ਕਿਹਾ ਕਿ ਇਸ ਪੁਲ ਦੀ ਮੰਗ ਪਿਛਲੇ ਡੇਢ ਦਹਾਕੇ ਤੋਂ ਹੋ ਰਹੀ ਸੀ ਪਰ ਪਿਛਲੀਆਂ ਸਰਕਾਰਾਂ ਨੇ ਇਸ 'ਤੇ ਕਦੇ ਧਿਆਨ ਨਹੀਂ ਦਿੱਤਾ। ਉਨ੍ਹਾਂ ਕਿਹਾ ਕਿ ਇਨ੍ਹਾਂ ਸਰਕਾਰਾਂ ਵੱਲੋਂ ਸਿਰਫ ਵਾਅਦੇ ਹੀ ਕੀਤੇ ਗਏ, ਪਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਇਹ ਵਾਅਦਾ ਹਕੀਕਤ ਵਿੱਚ ਬਦਲ ਦਿੱਤਾ। ਉਨ੍ਹਾਂ ਦੱਸਿਆ ਕਿ ਇਹ ਪੁਲ 108 ਸੰਤ ਤੁਲਸੀ ਨਾਥ ਮਹਾਰਾਜ ਦੀ ਯਾਦ ਵਿੱਚ ਬਣਾਇਆ ਜਾ ਰਿਹਾ ਹੈ। ਜਿੰਪਾ ਨੇ ਕਿਹਾ ਕਿ ਪੁਲ ਬਣਨ ਨਾਲ ਨਾ ਸਿਰਫ ਬੂਥਗੜ੍ਹ ਪਿੰਡ ਨੂੰ ਲਾਭ ਹੋਏਗਾ, ਸਗੋਂ ਛਾਉਣੀ ਕਲਾਂ, ਢੋਲਣਵਾਲ, ਬਿਲਾਸਪੁਰ, ਥੋਹਨ, ਪੱਟੀ, ਚੱਗਰਾਂ, ਕੈਂਪ, ਕਿਲਾ ਬਰੂਣ, ਨੰਗਰਾਂ, ਚੱਬੇਵਾਲ ਆਦਿ ਸਮੇਤ ਕੁੱਲ 15 ਨੇੜਲੇ ਪਿੰਡਾਂ ਦੇ ਲੋਕਾਂ ਨੂੰ ਵੀ ਸਿੱਧਾ ਲਾਭ ਹੋਵੇਗਾ।



ਆਵਾਜਾਈ ਆਸਾਨ ਹੋਣ ਨਾਲ ਇਲਾਕੇ ਦੀ ਆਰਥਿਕ, ਸਮਾਜਿਕ ਅਤੇ ਵਿਦਿਅਕ ਵਿਕਾਸ ਨੂੰ ਵੀ ਰਫ਼ਤਾਰ ਮਿਲੇਗੀ। ਉਨ੍ਹਾਂ ਇਹ ਵੀ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਸਿਰਫ ਕੰਮ ਕਰ ਰਹੀ ਹੈ ਅਤੇ ਉਹਨਾਂ ਵਿਕਾਸ ਕਾਰਜਾਂ ਨੂੰ ਪਹਿਲ ਦਿੱਤੀ ਜਾ ਰਹੀ ਹੈ ਜੋ ਜਮੀਨੀ ਹਕੀਕਤ ਵਿਚ ਲੋੜੀਂਦੇ ਹਨ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੇ ਨਿਰਦੇਸ਼ਾਂ 'ਤੇ ਹੁਸ਼ਿਆਰਪੁਰ ਵਿਧਾਨ ਸਭਾ ਹਲਕੇ 'ਚ ਦਰਜਨਾਂ ਸੜਕਾਂ, ਪੁਲਾਂ ਅਤੇ ਹੋਰ ਲੋਕ ਹਿਤੈਸ਼ੀ ਪ੍ਰੋਜੈਕਟਾਂ 'ਤੇ ਕੰਮ ਚੱਲ ਰਿਹਾ ਹੈ। ਪੀਣ ਵਾਲੇ ਪਾਣੀ ਦੀਆਂ ਸਕੀਮਾਂ, ਸੀਵਰੇਜ ਪ੍ਰੋਜੈਕਟ ਆਦਿ ਦੇ ਕੰਮ ਵੀ ਰਫ਼ਤਾਰ 'ਚ ਹਨ। ਪਿੰਡਾਂ ਦੇ ਵਿਕਾਸ ਦੇ ਨਾਲ ਨਾਲ ਜੁੜੀਆਂ ਸੜਕਾਂ ਦੀ ਵੀ ਤੁਰੰਤ ਮੁਰੰਮਤ ਕਰਵਾਈ ਜਾਵੇਗੀ ਤਾਂ ਜੋ ਲੋਕਾਂ ਨੂੰ ਕਿਸੇ ਤਰ੍ਹਾਂ ਦੀ ਦਿੱਕਤ ਨਾ ਆਵੇ। ਇਸ ਮੌਕੇ ਸਥਾਨਕ ਲੋਕਾਂ ਨੇ ਵਿਧਾਇਕ ਜਿੰਪਾ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਸਾਲਾਂ ਦੀ ਸਮੱਸਿਆ ਦਾ ਹੱਲ ਹੋਇਆ ਹੈ ਅਤੇ ਇਹ ਪੁਲ ਉਨ੍ਹਾਂ ਲਈ ਵੱਡੀ ਰਾਹਤ ਹੋਏਗਾ। ਪਿੰਡ ਵਾਸੀਆਂ ਨੇ ਦੱਸਿਆ ਕਿ ਮੀਂਹ ਵੇਲੇ ਇਥੇ ਆਵਾਜਾਈ ਮੁਸ਼ਕਿਲ ਹੋ ਜਾਂਦੀ ਸੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ, ਸਰਪੰਚ ਬੂਥਗੜ੍ਹ ਸਤਨਾਮ ਸਿੰਘ, ਤਜਿੰਦਰ ਸਿੰਘ, ਜਸਵਿੰਦਰ ਸਿੰਘ, ਗੁਰਵਿੰਦਰ ਸਿੰਘ, ਜਤਿੰਦਰ ਸਿੰਘ, ਨਵਜੋਤ ਸਿੰਘ, ਸਿਮਰਨ ਸਿੰਘ, ਸੁਮਿਤਰਾ ਦੇਵੀ, ਰਾਜਵਿੰਦਰ ਕੌਰ, ਜਸਵੀਰ ਕੌਰ, ਸੋਢੀ ਰਾਮ, ਕੁਲਜੀਤ ਕੌਰ, ਬਖਸ਼ੀਸ਼ ਰਾਮ, ਕਸ਼ਮੀਰਾ ਸਿੰਘ, ਸਰਬਜੀਤ ਕੌਰ, ਜਗਦੀਪ ਸਿੰਘ ਸਰਪੰਚ, ਮੋਹਨ ਲਾਲ, ਸੁਰਜੀਤ ਪਾਲ ਸਿੰਘ, ਸੁਰਜੀਤ ਸਿੰਘ ਧਾਮੀ, ਸੁਰਿੰਦਰ ਕੁਮਾਰ ਮੰਡ, ਪਵਨ ਕੁਮਾਰ ਸ਼ਰਮਾ, ਪ੍ਰਿਤਪਾਲ, ਹਰਦਿਆਲ ਸਿੰਘ, ਪ੍ਰਗਟ ਸਿੰਘ, ਕਰਨੈਲ ਸਿੰਘ ਆਦਿ ਵੀ ਮੌਜੂਦ ਸਨ।

## ਬਰਖ਼ਾਸਤ ਕੀਤੇ ਹੈਡਮਾਸਟਰਾਂ ਨੂੰ ਤੁਰੰਤ ਬਹਾਲ ਕਰੇ ਸਰਕਾਰ : ਗੌਰਮਿੰਟ ਟੀਚਰ ਯੂਨੀਅਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਗੌਰਮਿੰਟ ਟੀਚਰ ਯੂਨੀਅਨ ਹੁਸ਼ਿਆਰਪੁਰ ਅਤੇ ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼



ਕਮੇਟੀ ਹੁਸ਼ਿਆਰਪੁਰ ਦੇ (ਜ਼ਿਲ੍ਹਾ ਵਾਈਸ) ਪ੍ਰਧਾਨ ਪ੍ਰਿੰਸ ਗੜਦੀਵਾਲਾ ਸੀਨੀਅਰ ਆਗੂ ਜਗਵਿੰਦਰ ਸਿੰਘ, ਗੁਰਮੁੱਖ ਸਿੰਘ ਬਲਾਲਾ ਨੇ ਕਿਹਾ ਕਿ ਸਰਕਾਰ ਬਰਖਾਸਤ ਕੀਤੇ 29 ਹੈਡਮਾਸਟਰਾਂ ਨੂੰ ਤੁਰੰਤ ਬਹਾਲ ਕਰੇ। ਉਹਨਾਂ ਕਿਹਾ ਕਿ ਸਰਕਾਰ ਨੇ ਰੈਗੂਲਰ ਕਰਨ ਦੀ ਬਜਾਏ ਹੈਡਮਾਸਟਰਾਂ ਨੂੰ ਬਰਖਾਸਤ ਕੀਤਾ ਹੈ, ਜਿਸ ਦੀ ਗੌਰਮਿੰਟ ਟੀਚਰ ਯੂਨੀਅਨ ਸਖਤ ਨਿਖੇਧੀ ਕਰਦੀ ਹੈ। ਉਹਨਾਂ ਕਿਹਾ ਕਿ ਸਰਕਾਰ ਨੇ 29 ਪਰਵਾਰਾਂ ਦੇ ਪੇਟ 'ਤੇ ਲੱਤ ਮਾਰ ਕੇ ਬਹੁਤ ਹੀ ਘਿਨਾਉਣੀ ਹਰਕਤ ਕੀਤੀ ਹੈ, ਜੋ ਕਿ ਬਰਦਾਸ਼ਤ ਤੋਂ ਬਾਹਰ ਹੈ। ਉਹਨਾਂ ਸਰਕਾਰ ਤੋਂ ਮੰਗ ਕੀਤੀ ਕਿ ਬਰਖਾਸਤ ਕੀਤੇ ਹੈਡਮਾਸਟਰਾਂ ਨੂੰ ਤੁਰੰਤ ਬਹਾਲ ਕੀਤਾ ਜਾਵੇ, ਨਹੀਂ ਤਾਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਉਹਨਾਂ ਨਾਲ ਮਾਸਟਰ ਸਚਿਨ ਗੜ੍ਹਦੀਵਾਲਾ, ਲਖਵੀਰ ਸਿੰਘ ਗੜ੍ਹਦੀਵਾਲਾ, ਅਨਿਲ ਕੁਮਾਰ, ਜਸਵਿੰਦਰ ਸਿੰਘ, ਦੀਪਕ ਕੌਂਡਲ, ਨਵੀਨ ਕਪਲਾ, ਸੰਜੀਵ ਕੁਮਾਰ ਜੌਹਰ, ਰਮਨਦੀਪ ਸਿੰਘ, ਹਰਸੀਕ ਸਿੰਘ ਮੀਕਾ, ਨਵਤੇਜ ਸਿੰਘ ਅਰਗੋਵਾਲ, ਮਲਕੀਤ ਸਿੰਘ, ਸੁਖਵਿੰਦਰ ਸਿੰਘ ਗੁਰਪ੍ਰੀਤ ਸਿੰਘ, ਸਚਿਨ ਕੁਮਾਰ, ਸੰਜੀਵ ਕੁਮਾਰ, ਰਮਨਦੀਪ ਸਰਮਾ, ਸੰਜੀਵ ਸਿੰਘ,ਆਦਿ ਸਾਥੀ ਹਾਜ਼ਰ ਸਨ।

## ਟਰੈਕਟਰ ਤੇ ਕਾਰ ਵਿਚਾਲੇ ਟੱਕਰ

**ਬਲਾਚੌਰ (ਜਸਵਿੰਦਰ ਬੈਂਸ)** ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿੱਚ ਰੋਪੜ ਨੈਸ਼ਨਲ ਹਾਈਵੇ 'ਤੇ ਨੇੜੇ ਸਾਹਿਬ ਢਾਬੇ ਦੇ ਮੌਜੂਦ ਕੱਟ ਦੇ ਕੋਲ ਇੱਕ ਸਵਿਫਟ ਕਾਰ ਤੇ ਟਰੈਕਟਰ ਦੀ ਟੱਕਰ ਹੋਣ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਇਸ ਸੰਬੰਧੀ ਜਾਣਕਾਰੀ



ਦਿੰਦੇ ਐਸ ਐਸ ਐਫ ਟੀਮ ਦੇ ਇੰਚਾਰਜ ਏ ਐਸ ਆਈ ਕੁਲਦੀਪ ਸਿੰਘ ਨੇ ਦੱਸਿਆਂ ਕਿ ਕੰਟਰੋਲ ਰੂਮ ਤੋਂ ਉਨ੍ਹਾਂ ਨੂੰ ਸੂਚਨਾ ਮਿਲੀ ਕਿ ਸਾਹਿਬ ਢਾਬੇ ਸਾਹਮਣੇ ਇੱਕ ਐਕਸੀਡੈਂਟ ਹੋ ਗਿਆ ਹੈ। ਜਦੋਂ ਉਹਨਾਂ ਦੀ ਟੀਮ ਨੇ ਜਾ ਕੇ ਦੇਖਿਆ ਤਾਂ ਇਕ ਸਵਿਫਟ ਕਾਰ ਐਚ ਪੀ 12 ਏ ਏ 3115 ਜਿਸ ਨੂੰ ਰਜਨੀ ਬਾਲਾ ਪਤਨੀ ਰਾਜਨ ਕੁਮਾਰ ਸ਼ਰਮਾ ਵਾਸੀ ਬੱਦੀ ਹਿਮਾਚਲ ਪ੍ਰਦੇਸ਼ ਚਲਾ ਰਹੀ ਸੀ ਜੋ ਕਿ ਸੋਲਨ ਤੋਂ ਨਵਾਂਸ਼ਹਿਰ ਜਾ ਰਹੀ ਸੀ ਸਾਹਿਬ ਢਾਬੇ ਕੋਲ ਪਹੁੰਚੇ ਸਾਹਮਣੇ ਇੱਕ ਫਾਰਮਟ੍ਰੈਕ ਟ੍ਰੈਕਟਰ ਕਾਠਗੜ੍ਹ ਸਾਈਡ ਤੋਂ ਬਲਾਚੌਰ ਜਾ ਰਿਹਾ ਸੀ, ਜਿਸ ਨੂੰ ਰਣਜੀਤ ਸਿੰਘ ਪੁੱਤਰ ਗੁਰਨਾਮ ਸਿੰਘ ਪਿੰਡ ਮੱਖੋਵਾਲ ਚਲਾ ਰਿਹਾ ਸੀ ਜਦੋਂ ਇਹ ਦੋਨੋ ਵਾਹਨ ਉਪਰੋਕਤ ਸਥਾਨ 'ਤੇ ਪਹੁੰਚੇ ਤਾਂ ਸਵਿਫਟ ਕਾਰ ਤੇਜ਼ ਹੋਣ ਕਰਕੇ ਕਾਰ ਨੇ ਟਰੈਕਟਰ ਨੂੰ ਪਿੱਛੋਂ ਟੱਕਰ ਮਾਰ ਦਿੱਤੀ, ਜਿਸ ਨਾਲ ਟ੍ਰੈਕਟਰ ਚਾਲਕ ਜ਼ਖ਼ਮੀ ਹੋ ਜਿਸ ਨੂੰ ਇਲਾਜ ਲਈ ਰਾਹਗੀਰਾਂ ਨੇ ਹਸਪਤਾਲ ਦਾਖਲ ਕਰਵਾਇਆ ਗਿਆ।ਐਸ ਐਸ ਐਫ ਟੀਮ ਵਾਹਨਾਂ ਨੂੰ ਸਾਈਡ 'ਤੇ ਕਰਵਾ ਕੇ ਰੋਡ ਕਲੀਅਰ ਕਰਵਾ ਕੇ ਟ੍ਰੈਫਿਕ ਸੰਚਾਰੂ ਢੰਗ ਨਾਲ ਚਲਾਇਆ ਗਿਆ।

## ਆਮ ਆਦਮੀ ਕਲੀਨਿਕਾਂ 'ਚ ਗਰਭਵਤੀ ਔਰਤਾਂ ਦੇ ਚੈੱਕਅੱਪ ਤੇ ਪਰਵਾਰ ਨਿਯੋਜਨ ਦੀਆਂ ਸੇਵਾਵਾਂ ਵੀ ਸ਼ੁਰੂ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਡਾਇਰੈਕਟਰ ਫੈਮਲੀ ਵੈਲਫੇਅਰ ਪੰਜਾਬ ਡਾਕਟਰ ਜਸਮਿੰਦਰ ਕੌਰ ਦੀ ਅਗਵਾਈ ਹੇਠ ਇਕ ਰੋਜ਼ਾ ਜ਼ਿਲ੍ਹਾ ਪੱਧਰੀ ਵਰਕਸ਼ਾਪ ਕਰਵਾਈ ਗਈ।ਵਰਕਸ਼ਾਪ ਨੂੰ ਸੰਬੋਧਨ ਕਰਦਿਆਂ ਡਾਕਟਰ ਜਸਮਿੰਦਰ ਕੌਰ ਨੇ ਦੱਸਿਆ ਕਿ ਇਸ ਇਕ ਰੋਜ਼ਾ ਵਰਕਸ਼ਾਪ ਨੂੰ ਕਰਵਾਉਣ ਦਾ ਮੁੱਖ ਉਦੇਸ਼ ਆਮ ਆਦਮੀ ਕਲੀਨਿਕਾਂ 'ਚ ਹੋਰ ਸਰਵਿਸਿਜ਼ ਦੇ ਨਾਲ-ਨਾਲ ਗਰਭਵਤੀ ਔਰਤਾਂ ਨੂੰ ਸਿਹਤ ਸਹੂਲਤਾਂ, ਪਰਵਾਰ ਨਿਯੋਜਨ ਦੀਆਂ ਸੇਵਾਵਾਂ ਨੂੰ ਵੀ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਪ੍ਰਦਾਨ ਕਰਨਾ ਹੈ। ਉਨ੍ਹਾਂ ਕਿਹਾ ਕਿ ਸਿਹਤ ਵਿਭਾਗ ਵਲੋਂ 23 ਜੂਨ ਤੋਂ ਇਨ੍ਹਾਂ ਸੇਵਾਵਾਂ ਨੂੰ ਆਦਮੀ ਕਲੀਨਿਕਾਂ ਤੇ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਦੇ ਮੱਦੇਨਜ਼ਰ ਸੂਬੇ ਦੇ ਸਾਰੇ ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਨੂੰ ਟ੍ਰੇਨਿੰਗ ਦੇਣ ਲਈ ਸਾਰੇ ਜ਼ਿਲ੍ਹਿਆਂ ਵਿੱਚ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ ਹੈ।



ਇਸ ਮੌਕੇ ਸੰਬੋਧਨ ਕਰਦਿਆਂ ਸਿਵਲ ਸਰਜਨ ਕਪੂਰਥਲਾ ਡਾਕਟਰ ਹਰਪਾਲ ਸਿੰਘ ਨੇ ਦੱਸਿਆ ਕਿ ਆਮ ਆਦਮੀ ਕਲੀਨਿਕਾਂ 'ਤੇ ਆਉਣ ਵਾਲੀਆਂ ਗਰਭਵਤੀ ਔਰਤਾਂ ਦੀ ਖ਼ੂਨ ਦੀ ਜਾਂਚ ਕਰਨਾ ਯਕੀਨੀ ਬਣਾਇਆ ਜਾਵੇ, ਕਿਉਕਿ ਆਮ ਤੌਰ 'ਤੇ ਗਰਭ ਅਵਸਥਾ ਦੌਰਾਨ ਔਰਤਾਂ ਵਿਚ ਖ਼ੂਨ ਦੀ ਕਮੀਂ ਹੋ ਜਾਂਦੀ ਹੈ ਤੇ ਇਸ ਕਾਰਨ ਡਿਲੀਵਰੀ ਦੌਰਾਨ ਗਰਭਵਤੀ ਔਰਤ ਦੀ ਹਾਲਤ ਗੰਭੀਰ ਵੀ ਹੋ ਸਕਦੀ ਹੈ। ਉਨ੍ਹਾਂ ਸਰਕਾਰ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਆਮ ਆਦਮੀ ਕਲੀਨਿਕਾਂ ਦੇ ਡਾਕਟਰਾਂ ਨੂੰ ਵਰਕਸ਼ਾਪ ਦੇ ਟ੍ਰੇਨਿੰਗ ਸੈਸ਼ਨ ਦੌਰਾਨ ਸੰਬੋਧਨ ਕਰਦਿਆਂ ਜ਼ਿਲ੍ਹਾ ਪਰਵਾਰ ਭਲਾਈ ਅਫ਼ਸਰ ਡਾਕਟਰ ਰਵਜੀਤ ਸਿੰਘ (ਐਮ.ਡੀ ਮੈਡੀਸਨ ) ਨੇ ਆਮ ਆਦਮੀ ਕਲੀਨੀਕ ਵਿਚ ਆਉਣ ਵਾਲੀਆਂ ਗਰਭਵਤੀ ਔਰਤਾਂ ਦੀ ਸਿਹਤ ਸੰਭਾਲ, ਹਾਈਰਿਸਕ ਦੇ ਲੱਛਣਾਂ ਦੀ ਸਾਂਭ ਸੰਭਾਲ, ਬਲੱਡ ਟੈਸਟ, ਸ਼ੂਗਰ ਟੈਸਟ, ਥਾਇਰਾਇਡ ਟੈਸਟ, ਅਲਟਰਾਸਾਊਂਡ ਟੈਸਟ ਅਤੇ ਬਾਕੀ ਸਾਰੇ ਮਰੀਜ਼ਾਂ ਨੂੰ ਮੁਹੱਈਆਂ ਕਰਵਾਉਣ ਵਾਲੇ ਪਰਵਾਰ ਨਿਯੋਜਨ ਦੇ ਸਾਧਨਾਂ ਬਾਰੇ ਵਿਸਥਾਰ ਨਾਲ ਦੱਸਿਆ। ਆਮ ਆਦਮੀ ਕਲੀਨਿਕ ਦੇ ਨੋਡਲ ਅਫ਼ਸਰ ਡੀਐਮਸੀ ਡਾਕਟਰ ਸੰਦੀਪ ਭੋਲ਼ਾ ਨੇ ਆਮ ਆਦਮੀ ਕਲੀਨਿਕ ਦੇ ਪੋਰਟਲ 'ਤੇ ਕੀਤੀ ਜਾਣ ਵਾਲੀ ਗਰਭਵਤੀ ਔਰਤਾਂ ਦੀ ਆਨਲਾਈਨ ਐਂਟਰੀਆਂ ਅਤੇ ਇਨਪੈਨਲਡ ਅਲਟਰਾਸਾਊਂਡ ਸਕੈਨਿੰਗ ਸੈਂਟਰਾਂ ਤੋਂ ਸਕੈਨਿੰਗ ਕਰਵਾਉਣ ਦੀ ਪੋਰਟਲ ਐਂਟਰੀ ਕਰਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।

## ਸੰਜੀਵ ਅਰੋੜਾ ਦੇ ਹੱਕ 'ਚ 'ਆਪ' ਲੀਡਰਾਂ ਵੱਲੋਂ ਡੋਰ-ਟੂ-ਡੋਰ ਪ੍ਰਚਾਰ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹਲਕਾ ਲੁਧਿਆਣਾ ਪੱਛਮੀ ਦੇ ਜ਼ਿਮਨੀ ਚੋਣ ਦੇ 'ਆਪ' ਦੇ ਉਮੀਦਵਾਰ ਸੰਜੀਵ ਅਰੋੜਾ ਦੇ ਹੱਕ 'ਚ 'ਆਪ' ਵਰਕਰਾਂ ਨੇ ਡਾ.



ਇਸ਼ਾਂਕ ਕੁਮਾਰ ਵਿਧਾਇਕ ਚੱਬੇਵਾਲ ਅਤੇ ਮੁਹੰਮਦ ਜ਼ਮੀਲ-ਉਰ-ਰਹਿਮਾਨ ਵਿਧਾਇਕ ਮਲੇਰਕੋਟਲਾ ਦੀ ਅਗੁਵਾਈ 'ਚ ਵਾਰਡ ਨੰ. 57 'ਚ ਡੋਰ-ਟੂ-ਡੋਰ ਪ੍ਰਚਾਰ ਕੀਤਾ। ਇਸ ਦੌਰਾਨ ਦੋਵੇਂ ਨੇਤਾਵਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਦੁਆਰਾ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ 'ਚ ਪੰਜਾਬ ਵਿੱਚ ਸਿੱਖਿਆ, ਮੈਡੀਕਲ ਅਤੇ ਬੁਨਿਆਦੀ ਸਹੂਲਤਾ ਸੰਬੰਧੀ ਕੀਤੇ ਗਏ ਵਿਕਾਸ ਕਾਰਜਾਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਸੰਜੀਵ ਅਰੋੜਾ ਦੇ ਸਪੁੱਤਰ ਗੀਤੇਸ਼ ਅਰੋੜਾ ਵੀ ਮੌਜੂਦ ਸਨ ਜਿਹਨਾਂ ਨੇ ਸਾਰੇ ਦੁਕਾਨਦਾਰਾਂ ਨਾਲ ਗੱਲਬਾਤ ਕਰਦਿਆਂ ਹਲਕੇ 'ਚ ਆਪਣੇ ਪਿਤਾ ਦੁਆਰਾ ਕੀਤੇ ਗਏ ਕੰਮਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਉਹਨਾਂ ਦੇ ਸਮਰਥਨ ਲਈ ਬੇਨਤੀ ਕੀਤੀ। ਬਜ਼ਾਰ 'ਚ ਹਰ ਦੁਕਾਨਦਾਰ ਨਾਲ ਰਾਬਤਾ ਕਾਇਮ ਕਰ ਆਮ ਆਦਮੀ ਅਤੇ ਆਪਣੇ ਉਮੀਦਵਾਰ ਸੰਜੀਵ ਅਰੋੜਾ ਲਈ ਮਿਲ ਰਹੇ ਭਰਵੇਂ ਹੁੰਗਾਰੇ ਨੂੰ ਵੇਖਦਿਆਂ ਡਾ. ਇਸ਼ਾਂਕ ਨੇ ਆਪ ਦੁਆਰਾ ਇਹ ਸੀਟ ਜਿੱਤਣ ਦੀ ਪੂਰੀ ਆਸ ਜਤਾਈ।

## ਇੰਗਲੈਂਡ ਨਾਲ ਮਿਲ ਕੇ ਮਨਾਇਆ ਜਾਵੇਗਾ ਕੌਮਾਂਤਰੀ ਗੀਤਾ ਜੈਯੰਤੀ ਉਤਸਵ : ਸੈਣੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਇਸ ਬਾਰ ਇੰਗਲੈਂਡ ਨਾਲ ਮਿਲ ਕੇ ਕੌਮਾਂਤਰੀ ਗੀਤਾ ਜੈਯੰਤੀ ਉਤਸਵ ਮਨਾਇਆ ਜਾਵੇਗਾ।ਹਰ ਸਾਲ ਵੱਖ ਵੱਖ ਦੇਸ਼ ਵਿੱਚ ਕੌਮਾਂਤਰੀ ਗੀਤਾ ਜੈਯੰਤੀ ਦੇ ਪ੍ਰੋਗਰਾਮ ਪ੍ਰਬੰਧਿਤ ਕੀਤੇ ਜਾਂਦੇ ਹਨ। ਹਰ ਬਾਰ ਕੌਮਾਂਤਰੀ ਗੀਤਾ ਜੈਯੰਤੀ ਉਤਸਵ ਵਿੱਚ ਵੱਖ ਦੇਸ਼ ਨੂੰ ਸ਼ਾਮਲ ਕੀਤਾ ਜਾਂਦਾ ਹੈ। ਮੁੱਖ ਪਹਿਲੂ ਇਹ ਹੈ ਕਿ ਕੁਰੂਕਸ਼ੇਤਰ ਦੇ ਬ੍ਰਹਿਮਸਰੋਵਰ 'ਤੇ ਕੌਮਾਂਤਰੀ ਗੀਤਾ ਜੈਯੰਤੀ ਪ੍ਰੋਗਰਾਮ ਵਿੱਚ ਲੱਖਾਂ ਦੀ ਗਿਣਤੀ ਵਿੱਚ ਲੋਕ ਪਹੁੰਚਦੇ ਹਨ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਹਰਿਆਣਾ ਖੇਡ ਵਿਭਾਗ, ਆਯੁਸ਼ ਵਿਭਾਗ, ਹਰਿਆਣਾ ਯੋਗ ਕਮੀਸ਼ਨ ਦੀ ਸਰਪ੍ਰਸਤੀ ਹੇਠ ਬ੍ਰਹਿਮਸਰੋਵਰ 'ਤੇ ਪ੍ਰਬੰਧਿਤ ਰਾਜ ਪੱਧਰੀ ਯੋਗ ਮੈਰਾਥਨ ਦੇ ਸਫਲ ਆਯੋਜਨ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰ ਰਹੇ ਸਨ।ਇਸ ਮੌਕੇ ਸਾਬਕਾ ਰਾਜ ਮੰਤਰੀ ਸੁਭਾਸ਼ ਸੁਧਾ, ਚੇਅਰਮੈਨ ਧਰਮਵੀਰ ਮਿਰਜਾਪੁਰ, ਹਰਿਆਣਾ ਯੋਗ ਕਮੀਸ਼ਨ ਦੇ ਚੇਅਰਮੈਨ ਡਾ. ਜੈਦੀਪ ਆਰਿਆ, ਜ਼ਿਲ੍ਹਾ ਪਾਰਸ਼ਦ ਚੇਅਰਮੈਨ ਕੰਵਲਜੀਤ ਕੌਰ ਸਮੇਤ ਹੋਰ ਮਾਣਯੋਗ ਵੀ ਮੌਜੂਦ ਰਹੇ।

## ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਵਿਸ਼ਾਲ ਰੈਲੀ ਤੇ ਰੋਸ ਮੁਜ਼ਾਹਰਾ

**ਜਲੰਧਰ (ਰਾਜੇਸ਼ ਥਾਪਾ)** ਪੰਜਾਬ ਦੇ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਮਾਣਭੱਤਾ ਵਰਕਰਾਂ ਦੀਆਂ ਮੰਗਾਂ ਪੂਰੀਆਂ ਨਾ ਕੀਤੇ ਜਾਣ ਦੇ ਰੋਸ ਵਜੋਂ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਲੁਧਿਆਣਾ ਪੱਛਮੀ ਵਿਧਾਨ ਸਭਾ ਜ਼ਿਮਨੀ ਚੋਣ ਦੌਰਾਨ ਸਥਾਨਕ ਆਰਤੀ ਚੌਕ ਵਿਖੇ ਵਿਸ਼ਾਲ ਰੈਲੀ ਕਰਨ ਉਪਰੰਤ ਘੁਮਾਰ ਮੰਡੀ ਤੱਕ ਰੋਸ ਮਾਰਚ ਕੀਤਾ ਗਿਆ।ਇਸ ਮੌਕੇ ਲੁਧਿਆਣਾ ਪ੍ਰਸ਼ਾਸਨ ਵੱਲੋਂ ਪਹੁੰਚੇ ਏ.ਡੀ.ਸੀ. ਕੁਲਪ੍ਰੀਤ ਸਿੰਘ ਵੱਲੋਂ ਸਾਂਝੇ ਫਰੰਟ ਦੇ ਆਗੂਆਂ ਨੂੰ ਪੰਜਾਬ ਸਰਕਾਰ ਦੀ ਕੈਬਨਿਟ ਸਬ ਕਮੇਟੀ ਨਾਲ 26 ਜੂਨ ਨੂੰ ਚੰਡੀਗੜ੍ਹ ਵਿਖੇ ਤੈਅ ਹੋਈ ਮੀਟਿੰਗ ਦਾ ਸੱਦਾ ਪੱਤਰ ਸੌਂਪਿਆ ਗਿਆ।ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆਗੂਆਂ ਗਗਨਦੀਪ ਭੁੱਲਰ, ਸਤੀਸ਼ ਰਾਣਾ, ਜਰਮਨਜੀਤ ਸਿੰਘ, ਸੁਖਦੇਵ ਸਿੰਘ ਸੈਣੀ, ਬਾਜ਼ ਸਿੰਘ ਖਹਿਰਾ, ਕੁਲਵਰਨ ਸਿੰਘ, ਬੀ.ਐਸ. ਸੈਣੀ, ਸ਼ਿਵ ਕੁਮਾਰ ਤਿਵਾੜੀ, ਸੁਰਿੰਦਰ ਪੁਆਰੀ, ਸੁਰਿੰਦਰ ਰਾਮ ਕੁੱਸਾ, ਰਘਬੀਰ ਸਿੰਘ ਰਾਮਗੜ੍ਹ, ਸੁਰਿੰਦਰ ਸਿੰਘ ਲਾਹੌਰੀਆ, ਗੁਰਮੇਲ ਸਿੰਘ ਮੈਲਡੇ, ਕਸ਼ਮੀਰ ਸਿੰਘ, ਚਮਕੌਰ ਸਿੰਘ, ਬੋਬਿੰਦਰ



ਸਿੰਘ, ਹਰਵਿੰਦਰ ਸਿੰਘ ਬਿਲਗਾ ਆਦਿ ਨੇ ਕਿਹਾ ਕਿ ਪੰਜਾਬ ਸਰਕਾਰ ਛੇਵੇਂ ਤਨਖਾਹ ਕਮਿਸ਼ਨ ਦੀਆਂ ਸਿਫਾਰਸ਼ਾਂ ਨੂੰ ਦਰਕਿਨਾਰ ਕਰਦਿਆਂ ਪੈਨਸ਼ਨਰਾਂ 'ਤੇ 2.59 ਦਾ ਗੁਣਾਕ ਲਾਗੂ ਕਰਨ, ਮਾਣ ਭੱਤਾ ਵਰਕਰਾਂ 'ਤੇ ਘੱਟੋ-ਘੱਟ ਉਜਰਤਾਂ ਕਾਨੂੰਨ ਲਾਗੂ ਕਰਨ, ਕੱਚੇ/ ਆਊਟਸੋਰਸ/ ਇਨਲਿਸਟਡ ਅਤੇ ਵੱਖ- ਵੱਖ ਸੁਸਾਇਟੀਆਂ ਵਿੱਚ ਕੰਮ ਕਰਦੇ ਮੁਲਾਜ਼ਮਾਂ ਨੂੰ ਪੱਕਾ ਕਰਨ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨ, 17 ਜੁਲਾਈ 2020 ਤੋਂ ਬਾਅਦ ਭਰਤੀ ਹੋਏ ਮੁਲਾਜ਼ਮਾਂ ਤੇ ਕੇਂਦਰ ਦੀ ਬਜਾਏ ਪੰਜਾਬ ਦੇ ਤਨਖਾਹ ਸਕੇਲ ਲਾਗੂ ਕਰਨ, ਪੇਂਡੂ ਅਤੇ ਬਾਰਡਰ ਏਰੀਆ ਸਮੇਤ ਕੱਟੇ ਗਏ ਸਾਰੇ ਭੱਤੇ ਅਤੇ ਏ. ਸੀ. ਪੀ. ਬਹਾਲ ਕਰਨ, ਖਰਖ ਕਾਲ ਦੌਰਾਨ ਮੁੱਢਲੀ ਤਨਖਾਹ ਦੇਣ ਦਾ ਫ਼ੈਸਲਾ ਰੱਦ ਕਰਨ, ਮਹਿੰਗਾਈ ਭੱਤੇ ਦੀਆਂ ਰਹਿੰਦੀਆਂ ਕਿਸ਼ਤਾਂ ਤੇ ਬਕਾਏ ਜਾਰੀ ਕਰਨ, ਜਜ਼ੀਆ ਰੂਪੀ 200 ਰੁਪਏ ਵਿਕਾਸ ਟੈਕਸ ਬੰਦ ਕਰਨ ਸਮੇਤ ਮੁਲਾਜ਼ਮਾਂ ਦੀਆਂ ਹੋਰ ਮੰਗਾਂ ਪੂਰੀਆਂ ਕਰਨ ਤੋਂ ਲੱਗਭੱਗ ਇਨਕਾਰੀ ਹੋ ਚੁੱਕੀ ਹੈ ਜਦੋਂਕਿ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਵੱਲੋਂ ਮੁਲਾਜ਼ਮਾਂ ਅਤੇ ਮਾਣਭੱਤਾ ਵਰਕਰਾਂ ਨੂੰ ਅਨੇਕਾਂ ਕਿਸਮ ਦੀਆਂ ਗਰੰਟੀਆਂ ਦਿੱਤੀਆਂ ਗਈਆਂ ਸਨ। ਉਹਨਾਂ ਆਖਿਆ ਕਿ ਜਿਸ ਪਾਰਟੀ ਦੀ ਸਰਕਾਰ ਵੱਲੋਂ ਪਹਿਲੀਆਂ ਗਰੰਟੀਆਂ ਪੂਰੀਆਂ ਨਹੀਂ ਕੀਤੀਆਂ ਗਈਆਂ ਉਹ ਹੁਣ ਜ਼ਿਮਨੀ ਚੋਣ ਦੌਰਾਨ ਲੁਧਿਆਣਾ ਵਾਸੀਆਂ ਨਾਲ ਤਰ੍ਹਾਂ ਤਰ੍ਹਾਂ ਦੇ ਝੂਠੇ ਵਾਅਦੇ ਕਰਕੇ ਲੋਕਾਂ ਨੂੰ ਗੁੰਮਰਾਹ ਕਰ ਰਹੀ ਹੈ।ਇਸ ਮੌਕੇ ਸੰਬੋਧਨ ਕਰਦਿਆਂ ਸਾਂਝੇ ਫਰੰਟ ਦੇ ਆ ਜਦਗੂਆਂ ਹਰਦੀਪ ਟੋਡਰਪੁਰ, ਐੱਨ.ਡੀ. ਤਿਵਾੜੀ, ਇੰਦਰਜੀਤ ਖੀਵਾ, ਗੁਰਵਿੰਦਰ ਸਿੰਘ, ਸੀਸਨ ਕੁਮਾਰ, ਸਤਨਾਮ ਸਿੰਘ ਰੰਧਾਵਾ, ਰਣਜੀਤ ਸਿੰਘ ਫਤਿਹਗੜ੍ਹ ਸਾਹਿਬ, ਜਗਤਾਰ ਸਿੰਘ, ਰਾਜ ਕੁਮਾਰ ਅਰੋੜਾ, ਸੁਸ਼ੀਲ ਕੁਮਾਰ, ਗੁਰਜੰਟ ਸਿੰਘ ਕੋਕਰੀ, ਪਰਮਜੀਤ ਕੌਰ ਮਾਨ, ਗੁਰਦੀਪ ਸਿੰਘ ਕੂਕਾ ਆਦਿ ਨੇ ਆਖਿਆ ਕਿ ਪੰਜਾਬ ਦੀ ਪੰਜਾਬ ਸਰਕਾਰ ਲੋਕਾਂ ਨਾਲ ਵਾਅਦਾ ਖ਼ਿਲਾਫ਼ੀ ਕਰਨ ਦੇ ਮਾਮਲੇ ਵਿੱਚ ਪਿਛਲੀਆਂ ਸਰਕਾਰਾਂ ਨੂੰ ਵੀ ਪਿੱਛੇ ਛੱਡ ਗਈ ਹੈ। ਸਾਂਝੇ ਫਰੰਟ ਦੇ ਆਗੂਆਂ ਹਰਿੰਦਰ ਦੁਸਾਂਝ, ਨਵਪ੍ਰੀਤ ਬੱਲੀ, ਗੁਰਦੀਪ ਸਿੰਘ ਵਾਲੀਆ, ਵਿਕਰਮਦੇਵ ਸਿੰਘ, ਸੁਖਵਿੰਦਰ ਸਿੰਘ ਚਾਹਲ, ਮਾਲਵਿੰਦਰ ਸਿੰਘ, ਹਰਪ੍ਰੀਤ ਸਿੰਘ ਖੱਟੜਾ, ਸਵਰਨ ਸਿੰਘ ਦਰਸ਼ਨ ਸਿੰਘ ਸਰੀਕੇ, ਜਗਦੀਸ਼ ਸ਼ਰਮਾਂ, ਦਲੀਪ ਸਿੰਘ, ਸ਼ਮਸ਼ੇਰ ਸਿੰਘ ਅਮ੍ਰਿਤਸਰ, ਚਮਕੌਰ ਸਿੰਘ, ਮਨਦੀਪ ਕੌਰ ਬਿਲਗਾ ਤੇ ਪ੍ਰਵੀਨ ਕੁਮਾਰੀ ਆਦਿ ਨੇ ਕਿਹਾ ਕਿ ਜਦੋਂ ਤੱਕ ਸਾਂਝੇ ਫਰੰਟ ਦੀਆਂ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਉਦੋਂ ਤੱਕ ਸੰਘਰਸ਼ ਜਾਰੀ ਰੱਖਿਆ ਜਾਵੇਗਾ ਜਿਸਦੀ ਆਮ ਆਦਮੀ ਪਾਰਟੀ ਨੂੰ ਸਿਆਸੀ ਕੀਮਤ ਦੇਣੀ ਪਵੇਗੀ।

## ਜੇ ਐੱਸ ਐੱਫ ਐੱਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵੱਲੋਂ ਇਤਿਹਾਸਕ ਵਿੱਦਿਅਕ ਟੂਰ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਜੇ.ਐਸ.ਐਫ.ਐਚ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਨਵਾਂਸ਼ਹਿਰ ਵੱਲੋਂ ਇਤਿਹਾਸਕ ਵਿੱਦਿਅਕ ਟੂਰ ਆਯੋਜਿਤ ਕੀਤਾ ਗਿਆ। ਇਸ ਵਿੱਦਿਅਕ ਟੂਰ ਵਿੱਚ ਅਧਿਆਪਕ ਸਾਹਿਬਾਨ ਵੱਲੋਂ ਬੱਚਿਆਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਵਿਰਾਸਤ ਏ ਖਾਲਸਾ ਜੋ ਸਿੱਖਾਂ ਦੇ 500 ਸਾਲਾ ਇਤਿਹਾਸਕ ਪਿਛੋਕੜ ਨੂੰ ਦਰਸਾਉਂਦਾ ਹੈ ਉਸ ਬਾਰੇ ਬੱਚਿਆਂ ਨੂੰ ਜਾਣੂ ਕਰਵਾਇਆ



ਗਿਆ। ਬੱਚਿਆਂ ਨੂੰ ਦੱਸਿਆ ਗਿਆ ਕਿ ਵਿਰਾਸਤ ਏ ਖਾਲਸਾ ਦੀ ਉਸਾਰੀ ਸਿੱਖ ਵਿਰਾਸਤ ਨੂੰ ਪੇਸ਼ ਕਰਨ ਦਾ ਪਹਿਲਾ ਵੱਡਾ ਉੱਦਮ ਹੈ ਇਸ ਦਾ ਨੀਂਹ ਪੱਥਰ ਖਾਲਸਾ ਪੰਥ ਸਿਰਜਣਾ ਦਿਵਸ ਦੇ ਤਿੰਨ ਸੌ ਸਾਲ ਪੂਰੇ ਹੋਣ 'ਤੇ ਰੱਖਿਆ ਗਿਆ ਸੀ। ਵਿਰਾਸਤ ਏ ਖਾਲਸਾ ਵਿੱਚ ਕੌਮੀ ਇਤਿਹਾਸ ਨੂੰ ਪੇਸ਼ ਕਰਨ ਲਈ ਪੂਰਬ ਵੱਲ ਫੁੱਲ ਇਮਾਰਤ ਅਤੇ ਕਿਸ਼ਤੀ ਇਮਾਰਤ ਬਣਾਏ ਗਏ ਹਨ। ਆਰਚੀਟੈਕਟ ਵੱਲੋਂ ਪੰਜ ਪਾਣੀ ਅਤੇ ਪੰਜ ਪੱਤੀਆਂ ਦੇ ਮਨੋਰਥ ਨੂੰ ਸਾਹਮਣੇ ਰੱਖ ਕੇ ਪੰਜ ਦਰਿਆਵਾਂ ਦੀ ਧਰਤੀ ਅਤੇ ਪੰਜ ਪਿਆਰਿਆਂ ਦੇ ਗੁਰੂ ਸੰਕਲਪ ਨੂੰ ਪ੍ਰਗਟ ਕਰਨ ਦਾ ਉਦੇਸ਼ ਰੱਖਿਆ ਗਿਆ ਹੈ। ਪ੍ਰਿੰਸੀਪਲ ਦਲਜੀਤ ਸਿੰਘ ਬੋਲਾ ਨੇ ਵਿਰਾਸਤ ਏ ਖਾਲਸਾ ਦੇ ਪਹਿਲੇ ਪੜਾਅ ਵਿੱਚ ਬਣੀਆ ਇਤਿਹਾਸਕ ਤਸਵੀਰਾਂ ਅਤੇ ਕਲਾਕ੍ਰਿਤੀਆਂ ਜੋ ਪੰਜਾਬ ਦੇ ਸੱਭਿਆਚਾਰ, ਰਹਿਣ ਸਹਿਣ, ਸਿੱਖ ਧਰਮ ਦੇ ਉਦੈ, ਦਸ ਗੁਰੂ ਸਾਹਿਬਾਨ ਅਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਗੱਦੀ ਮਿਲਣ ਤੱਕ ਦਾ ਇਤਿਹਾਸ ਨੂੰ ਬੱਚਿਆਂ ਨੂੰ ਦਿਖਾਉਂਦੇ ਹੋਏ ਉਨਾਂ ਤਸਵੀਰਾਂ ਅਤੇ ਕਲਾਕ੍ਰਿਤੀਆਂ ਦੇ ਇਤਿਹਾਸਕ ਪਿਛੋਕੜ ਨਾਲ ਜਾਣੂ ਕਰਵਾਇਆ। ਦੂਜੇ ਪੜਾਅ ਵਿੱਚ ਬੰਦਾ ਸਿੰਘ ਬਹਾਦਰ ਤੋਂ ਲੈ ਕੇ ਭਾਰਤ ਦੀ ਆਜ਼ਾਦੀ (1708-1947 ਈਸਵੀ) ਪੰਜਾਬ ਦੇ ਇਤਿਹਾਸ ਬੱਚਿਆਂ ਨਾਲ ਸਾਂਝਾ ਕੀਤਾ ਗਿਆ। ਇਸ ਤੋਂ ਬਾਅਦ ਅਨੰਦਪੁਰ ਸਾਹਿਬ ਵਿਖੇ ਬਾਕੀ ਇਤਿਹਾਸਕ ਗੁਰਦੁਆਰਿਆਂ ਦੇ ਵੀ ਬੱਚਿਆਂ ਨੂੰ ਦਰਸ਼ਨ ਕਰਵਾਏ ਗਏ। ਪ੍ਰਿੰਸੀਪਲ ਨੇ ਇਸ ਇਤਿਹਾਸਕ ਵਿੱਦਿਅਕ ਟੂਰ ਨੂੰ ਆਯੋਜਿਤ ਕਰਨ ਲਈ ਅਧਿਆਪਕ ਸਾਹਿਬਾਨ ਦੀ ਸ਼ਲਾਘਾ ਕੀਤੀ। ਇਸ ਵਿੱਦਿਅਕ ਟੂਰ ਵਿੱਚ ਪ੍ਰਿੰਸੀਪਲ ਦਲਜੀਤ ਸਿੰਘ ਬੋਲਾ, ਇੰਦਰਜੀਤ ਮਾਹੀ, ਸ੍ਰੀਮਤੀ ਪੂਜਾ ਪ੍ਰਭਾਕਰ ਅਤੇ ਸ੍ਰੀਮਤੀ ਸੰਦੀਪ ਕੌਰ ਆਦਿ ਸ਼ਾਮਿਲ ਸਨ।

## ਮੁੱਖ ਮੰਤਰੀ ਨੇ ਰਾਜ ਪੱਧਰੀ ਯੋਗ ਮੈਰਾਥਨ ਨੂੰ ਵਿਖਾਈ ਹਰੀ ਝੰਡੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸੂਬੇ ਨੂੰ ਯੋਗ ਮੁਕਤ, ਨਸ਼ਾ ਮੁਕਤ ਬਣਾਉਣ ਲਈ ਗੀਤਾ ਸਥਲੀ ਕੁਰੂਕਸ਼ੇਤਰ ਦੀ ਪਵਿੱਤਰ ਧਰਤੀ 'ਤੇ ਯੋਗ ਮੈਰਾਥਨ ਇੱਕ ਸੰਕਲਪ ਯਾਤਰਾ ਬਣੀ ਹੈ।ਇਸ ਸੰਕਲਪ ਯਾਤਰਾ ਵਿੱਚ ਹਜ਼ਾਰਾਂ ਨੌਜੁਆਨਾਂ, ਬੁਜ਼ੁਰਗਾਂ ਅਤੇ ਮਹਿਲਾਵਾਂ ਨੇ ਜੋਸ਼ ਅਤੇ ਖਰੋਸ਼ ਨਾਲ ਦੌੜ ਲਗਾ ਕੇ ਇੱਕ ਨਵਾਂ ਆਯਾਮ ਸਥਾਪਿਤ ਕੀਤਾ ਹੈ।ਇਸ ਸਰਕਾਰ ਨੇ ਵੀ ਸੰਕਲਪ ਲੈਅ ਕੇ ਰਾਸ਼ਟਰ ਦੀ ਸੰਪਤੀ ਯੁਵਾ ਵਰਗ ਨੂੰ ਨਸ਼ੇ ਤੋਂ ਬਚਾਉਣ ਲਈ ਯੋਗ ਮੁਕਤ, ਨਸ਼ਾ ਮੁਕਤ ਹਰਿਆਣਾ ਬਣਾਉਣ ਲਈ ਕਦਮ ਚੁੱਕਿਆ ਹੈ। ਮੁੱਖ ਪਹਿਲੂ ਇਹ ਹੈ ਕਿ ਕੁਰੂਕਸ਼ੇਤਰ ਵਿੱਚ 21 ਜੂਨ ਨੂੰ ਹੋਣ ਵਾਲੇ ਕੌਮਾਂਤਰੀ ਯੋਗ ਦਿਵਸ ਪ੍ਰੋਗਰਾਮ ਤੋਂ ਪਹਿਲਾਂ ਚਲਾਏ ਗਏ ਅਭਿਆਨ ਵਿੱਚ ਹੁਣ ਤੱਕ ਸੂਬੇ ਦੇ 19.27 ਲੱਖ ਤੋਂ ਵੱਧ ਲੋਕੀ ਜੁੜ ਚੁੱਕੇ ਹਨ, ਜੋ ਸਾਡੇ ਲਈ ਮਾਣ ਦੀ ਗੱਲ ਹੈ।ਮੁੱਖ ਮੰਤਰੀ ਨਾਇਬ ਸਿੰਘ ਸੈਣੀ ਐਤਵਾਰ ਨੂੰ ਬ੍ਰਹਿਮਸਰੋਵਰ ਦੇ ਦੱਖਣੀ ਗੇਟ 'ਤੇ ਹਰਿਆਣਾ ਖੇਡ ਵਿਭਾਗ, ਆਯੁਸ਼ ਵਿਭਾਗ, ਹਰਿਆਣਾ ਯੋਗ ਕਮੀਸ਼ਨ ਦੀ ਸਰਪ੍ਰਸਤੀ ਹੇਠ ਪ੍ਰਬੰਧਿਤ ਰਾਜ ਪੱਧਰੀ ਯੋਗ ਮੈਰਾਥਨ ਨੂੰ ਸੰਬੋਧਿਤ ਕਰ ਰਹੇ ਸਨ।ਇਸ ਤੋਂ ਪਹਿਲਾਂ ਨਾਇਬ ਸਿੰਘ ਸੈਣੀ, ਸਾਬਕਾ ਰਾਜਮੰਤਰੀ ਸੁਭਾਸ਼ ਸੁਧਾ ਅਤੇ ਡਾਇਰੈਕਟਰ ਜਨਰਲ ਸੰਜੀਵ ਵਰਮਾ ਨੇ ਰਾਜ ਪੱਧਰੀ ਯੋਗ ਮੈਰਾਥਨ ਨੂੰ ਹਰੀ ਝੰਡੀ ਵਿਖਾ ਕੇ ਸਵਾਨਾ ਕੀਤਾ। ਇਸ ਮੈਰਾਥਨ 'ਚ ਮਹਿਲਾਵਾਂ ਅਤੇ ਪੁਰਖ ਵਰਗ ਦੇ ਵਿਜੇਤਾ 20 ਧਾਵਕਾਂ ਨੂੰ ਇਨਾਮ ਵਜੋਂ 3 ਲੱਖ 46 ਹਜ਼ਾਰ ਰੁਪਏ ਨਗਦ ਇਨਾਮ ਵੀ ਵੰਡੇ ਗਏ।ਇਸ ਯੋਗ ਮੈਰਾਥਨ ਵਿੱਚ ਪਹਿਲੇ ਸਥਾਨ 'ਤੇ ਆਉਣ ਵਾਲੇ ਗੌਰਵ ਅਤੇ ਸੋਨੀਪਤ ਦੀ ਮੋਨਿਕਾ ਨੂੰ 51 ਹਜ਼ਾਰ ਰੁਪਏ ਦੇ ਕੇ ਸਨਮਾਨਿਤ ਕੀਤਾ।ਇਸ ਮੈਰਾਥਨ ਨੇ ਯੋਗ, ਖੇਡ, ਸੱਭਿਆਚਾਰ ਅਤੇ ਵਾਤਾਵਰਣ ਚੇਤਨਾ ਨੂੰ ਇੱਕ ਨਵੀਂ ਉਂਚਾਈ ਦਿੱਤੀ ਹੈ। ਨਾਇਬ ਸਿੰਘ ਸੈਣੀ ਨੇ ਕਿਹਾ ਕਿ 21 ਜੂਨ ਨੂੰ ਪਵਿਤਰ ਸਥਲ ਬ੍ਰਹਿਮਸਰੋਵਰ ਦੇ ਕਿਨਾਰੇ 'ਤੇ ਯੋਗ ਗੁਰੂ ਸਵਾਮੀ ਰਾਮਦੇਵ ਨਾਲ ਯੋਗ ਕਰਨ ਦਾ ਮੌਕਾ ਮਿਲੇਗਾ ਜਿਸ ਲਈ ਆਨਲਾਇਨ ਰਜਿਸਟ੍ਰੇਸ਼ਨ ਵੀ ਕਰਵਾਏ ਜਾ ਰਹੇ ਹਨ। ਕੌਮਾਂਤਰੀ ਯੋਗ ਦਿਵਸ ਦੇ ਪ੍ਰੋਗਰਾਮ ਤੋਂ 6 ਦਿਨ ਪਹਿਲਾਂ ਹੀ ਅੱਜ ਯੋਗ ਮੈਰਾਥਨ ਦਾ ਪ੍ਰਬੰਧ ਕੀਤਾ ਗਿਆ ਹੈ, ਜਿਸ ਵਿੱਚ ਕਰੀਬ 20 ਹਜ਼ਾਰ ਤੋਂ ਵੱਧ ਨੌਜੁਆਨਾਂ ਨੇ ਹਿੱਸਾ ਲਿਆ।

## ਅਮਰਨਾਥ ਯਾਤਰਾ ਲਈ ਲੋਹੀਆਂ ਖਾਸ ਤੋਂ ਸ਼ਾਹਕੋਟ ਲੰਗਰ ਸੇਵਾ ਸਮਿਤੀ ਨੂੰ ਭੇਜਿਆ ਰਾਸ਼ਨ

**ਲੋਹੀਆਂ ਖਾਸ (ਯੋਗੇਸ਼ਵਰ, ਰੀਨਾ ਸ਼ਰਮਾ)** ਬ੍ਰਹਮਲੀਨ ਮਹੰਤ ਸ਼੍ਰੀ ਸ਼ਾਂਤੀ ਗਿਰੀ ਮਹਾਰਾਜ ਤੇ ਬ੍ਰਹਮਲੀਨ ਮਹੰਤ ਸ਼੍ਰੀ ਰਵਿੰਦਰਾ ਗਿਰੀ ਜੀ ਮਹਾਰਾਜ



ਜੀ ਦੀ ਕਿਰਪਾ ਨਾਲ ਅਤੇ ਮਹਾਂ ਮੰਡਲੇਸ਼ਵਰ ਮਹੰਤ ਸ਼੍ਰੀ ਸ਼ਿਪਰਾ ਗਿਰੀ ਜੀ ਮਹਾਰਾਜ ਦੇ ਆਸ਼ੀਰਵਾਦ, ਪ੍ਰੇਰਨਾ ਤੇ ਅਗਵਾਈ ਨਾਲ ਪ੍ਰਾਚੀਨ ਸ਼ਿਵ ਮੰਦਰ ਲੋਹੀਆਂ ਖਾਸ ਤੋਂ ਸ਼ਿਵ ਭਗਤਾ ਵੱਲੋਂ ਸ਼੍ਰੀ ਅਮਰਨਾਥ ਯਾਤਰਾ ਤੇ ਲੰਗਰ ਵਾਸਤੇ ਰਾਸ਼ਨ ਸ੍ਰੀ ਅਮਰਨਾਥ ਯਾਤਰਾ ਲੰਗਰ ਸੇਵਾ ਸਮਿਤੀ ਸ਼ਾਹਕੋਟ ਨੂੰ ਭੇਜਿਆ ਗਿਆ।ਇਸ ਮੌਕੇ ਅਮਰਨਾਥ ਯਾਤਰਾ ਵਾਸਤੇ ਰਾਸ਼ਨ ਅਤੇ ਯਾਤਰਾ ਲਈ ਹਰ ਉਸ ਦਾਨੀ ਦਾ ਜੋ ਇਸ ਵਾਸਤੇ ਸਹਿਯੋਗ ਕਰਦੇ ਨੇ ਤੇ ਖਾਸ ਕਰ ਵਿਦੇਸ਼ ਤੋਂ ਸਹਯੋਗ ਭੇਜਦੇ ਨੇ ਜਿਨਾਂ ਖਾਸ ਨਾਮ ਮੁਕੇਸ਼ ਕੁਮਾਰ ਸੱਦੀ (ਆਸਟ੍ਰੇਲੀਆ), ਅਭੀ ਗੁਪਤਾ (ਅਮਰੀਕਾ), ਬਰਜਿੰਦਰ ਟੂਰ (ਅਮਰੀਕਾ), ਰੀਨਾ ਵਰਮਾ (ਅਮਰੀਕਾ), ਤਰੁਣ ਸੈਨੀ (ਹਰਿਦੁਆਰ), ਵਿਮਲ ਸ਼ਰਮਾ (ਮੱਖੂ), ਮੁਨੀਸ਼ ਕਾਲੀਆ ਫਿਰੋਜ਼ਪੁਰ, ਰੋਹਿਤ ਸ਼ਰਮਾ (ਆਸਟ੍ਰੇਲੀਆ), ਰਾਹੁਲ ਸ਼ਰਮਾ (ਆਸਟ੍ਰੇਲੀਆ), ਅੰਕੁਸ਼ ਕੰਡਾ (ਅਮਰੀਕਾ), ਸ਼ੁਭਮ ਨਈਆਰ (ਅਮਰੀਕਾ), ਪ੍ਰਿੰਸ ਸ਼ਰਮਾ (ਕੈਨੇਡਾ), ਰਜਤ ਤੇਜੀ (ਯੂ.ਕੇ), ਲੱਕੀ ਛਾਬੜਾ (ਕੈਨੇਡਾ) ਤੇ ਲੋਹੀਆਂ ਖਾਸ ਦੇ ਸ਼ਹਿਰ ਵਾਸੀਆਂ ਵੱਲੋਂ ਅਮਰਨਾਥ ਯਾਤਰਾ ਲਈ ਰਾਸ਼ਨ ਦੀ ਸੇਵਾ ਕਰਨ ਤੇ ਉਨ੍ਹਾਂ ਦਾ ਵੀ ਧੰਨਵਾਦ ਕੀਤਾ ਤੇ ਕਿਹਾ ਕਿ ਹਰ ਧਾਰਮਿਕ ਸਮਾਗਮ ਦਾਨੀ ਸੱਜਣਾ ਦੇ ਸਹਿਯੋਗ ਨਾਲ ਹੀ ਕਰਵਾ ਹੁੰਦੇ ਹਨ।ਇਸ ਮੌਕੇ ਹਾਜ਼ਰ ਸ਼ਿਵ ਭਗਤ ਮਾਤਾ ਕਮਲੇਸ਼, ਪੰਡਤ ਵਿਸ਼ਨੂੰ, ਪੰਡਤ ਪਾਰਸ, ਸ਼ਾਲੂ ਸੱਦੀ, ਪਵਨ ਗਾਂਧੀ,ਵਿਨੋਦ ਕੁਮਾਰ ਬੱਬੂ, ਮੁਨਿਤ ਗਾਂਧੀ, ਰੁਪੇਸ਼ ਸੱਦੀ, ਸੰਜੀਵ ਰਿੰਕੂ ਕੰਡਾ, ਪ੍ਰਸ਼ੋਤਮ ਗੁਪਤਾ, ਪਿਆਰੇ ਲਾਲ ਵਰਮਾ, ਯੋਗੇਸ਼ਵਰ, ਲਖਨ ਵਰਮਾ, ਮਨੂੰ, ਸਮੀਰ ਖੈੜਾ, ਰਵੀ ਸ਼ੰਕਰ, ਬੋਬੀ ਕੰਡਾ, ਰਕੇਸ਼ ਕੰਡਾ, ਅਸ਼ਵਨੀ ਕੰਡਾ, ਪਰਮਜੀਤ ਪੰਮਾ, ਨਰਿੰਦਰ ਕਾਲੀਆ, ਮਨੀਸ਼ ਕੁਮਾਰ ਮੰਗਾ, ਮੁਨੀਸ਼ ਗੁਪਤਾ, ਵਿੱਕੀ, ਕਮਲ ਸ਼ਰਮਾ, ਰੋਹਿਤ ਸ਼ਰਮਾ, ਸੋਨੂੰ ਸ਼ਰਮਾ , ਨਿੱਕੂ ਸ਼ਰਮਾ, ਸਮੀਰ, ਪ੍ਰਿੰਸ ਸ਼ਰਮਾ, ਸ਼ੁਭਮ ਸ਼ਰਮਾ, ਵਿਕਾਸ ਖੇੜਾ, ਮਿੰਕਾ ਦਾਸ ਤੇ ਵਿਕਾਸ ਵਰਮਾ ਸਮੇਤ ਆਦਿ ਸਮੇਤ ਸ਼ਿਵ ਭਗਤ ਹਾਜ਼ਰ ਹੋਏ ਤੇ ਲੋਹੀਆਂ ਖਾਸ ਦੇ ਸ਼ਿਵ ਭਗਤਾ ਵੱਲੋਂ ਲੰਗਰ ਤੇ ਯਾਤਰਾ ਵਾਸਤੇ ਦਿੱਤੇ ਸਹਿਯੋਗ ਦਾ ਰੁਪੇਸ਼ ਕੁਮਾਰ ਸੱਦੀ ਵੱਲੋਂ ਧੰਨਵਾਦ ਕੀਤਾ ਗਿਆ। ਦੱਸਿਆ ਗਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਹਾਂਦੇਵ ਸੇਵਾ ਦਲ ਲੋਹੀਆਂ ਖਾਸ ਵੱਲੋਂ 29ਵੀਂ ਅਮਰਨਾਥ ਯਾਤਰਾ 3 ਜੁਲਾਈ ਨੂੰ ਸਵੇਰੇ 8 ਵਜੇ ਪ੍ਰਚੀਨ ਸ਼ਿਵ ਮੰਦਰ ਲੋਹੀਆਂ ਖਾਸ ਤੋਂ ਰਵਾਨਾ ਕੀਤੀ ਜਾਵੇਗੀ।

## ਰੋਜ਼ਾ ਪੰਜ ਪੀਰ ਬਘੌਰਾ ਵਿਖੇ ਸਲਾਨਾ ਜੋੜ ਮੇਲਾ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)**- ਰੋਜ਼ਾ ਪੰਜ ਪੀਰ ਪਿੰਡ ਬਘੌਰਾ ਵਿਖੇ ਸਲਾਨਾ ਜੋੜ ਮੇਲਾ ਨਗਰ ਵਾਸੀਆਂ ਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ




ਮਨਾਇਆ ਗਿਆ । ਦਰਬਾਰ ਦੇ ਸੇਵਾਦਾਰ ਕੇਵਲ ਕਾਦਰੀ, ਪ੍ਰਬੰਧਕ ਕਮੇਟੀ ਦੇ ਹੈਡਮਾਸਟਰ ਪ੍ਰਧਾਨ ਪਰਵਿੰਦਰ ਭੰਗਲ ਸਟੇਟ ਅਵਾਰਡੀ ਨੇ ਦੱਸਿਆ ਕਿ ਪਹਿਲਾਂ ਚਿਰਾਗ਼ ਅਤੇ ਚਾਦਰ ਦੀ ਰਸਮ ਕੀਤੀ ਗਈ। ਕਵਾਲ ਪਾਰਟੀਆਂ ਵੱਲੋਂ ਹਾਜ਼ਰੀ ਲਗਾਈ ਗਈ। ਦੂਜੇ ਦਿਨ ਸਵੇਰੇ ਪੰਜਾਬ ਦੀ ਪ੍ਰਸਿੱਧ ਗਾਇਕ ਜੋੜੀ ਸੁਰਿੰਦਰ ਮਾਨ-ਕਰਮਜੀਤ ਕੰਮੋਂ ਨੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਕੇ ਹਾਜ਼ਰੀ ਭਰੀ। ਦੌਰਾਨ ਸ਼ਾਮ ਨੂੰ ਚਿਰਾਗ਼ ਰੋਸ਼ਨ ਕੀਤੇ ਗਏ ਸਲਾਨਾ ਮੇਲੇ ਦੌਰਾਨ ਬਹੁਤ ਵੱਡੀ ਗਿਣਤੀ 'ਚ ਸੰਗਤਾਂ ਨੇ ਆਪਣੀ ਹਾਜ਼ਰੀ ਲਵਾਈ। ਪ੍ਰਬੰਧਕ ਕਮੇਟੀ ਵਲੋਂ ਸੰਗਤਾਂ ਲਈ ਲੋੜੀਂਦੇ ਪ੍ਰਬੰਧ ਕੀਤੇ ਹੋਏ ਸਨ।ਪ੍ਰਧਾਨ ਪਰਵਿੰਦਰ ਭੰਗਲ ਨੇ ਦੱਸਿਆ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਦਸਵੀਂ ਅਤੇ ਬਾਰ੍ਹਵੀਂ, ਪੰਜਵੀ, ਦਸਵੀਂ, ਅੱਠਵੀਂ ਕਲਾਸ ਚੋਂ ਪਹਿਲੇ ਅਸਥਾਨ 'ਤੇ ਆਏ ਬੱਚਿਅ ਦਾ ਸਨਮਾਨ ਕੀਤਾ ਗਿਆ । ਅਮਰੀਕਾ ਵਾਲਿਅ ਜਸਵੰਤ ਰਾਏ, ਸੋਨੀਆ ਰਾਏ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ। ਮਨੋਜ ਪੁਰਤਗਾਲ, ਗੁਰਵਿੰਦਰ ਕੈਨੇਡਾ ਨੇ ਲਾਇਵ ਸੇਵਾ ਕੀਤੀ। ਰਾਤ ਨੂੰ ਨਕਾਲ ਪਾਰਟੀ ਨਵਾਂਸ਼ਹਿਰ ਵਲੋਂ ਨਕਲਾਂ ਦਾ ਪ੍ਰੋਗਰਾਮ ਪੇਸ਼ ਕੀਤਾ ਗਿਆ। ਲੰਗਰ ਆਤੁਟ ਵਰਤਾਇਆ ਗਿਆ। ਠੰਢੇ ਮਿੱਠੇ ਜਲ ਦੀ ਛਬੀਲ ਵੀ ਲਗਾਈ ਗਈ।

## ਸੰਗਰਾਂਦ ਦੇ ਦਿਹਾੜੇ ਨੂੰ ਸਮਰਪਿਤ ਠੰਢੇ-ਮਿੱਠੇ ਜਲ ਦੀ ਛਬੀਲ ਲਗਾਈ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਗੁਰਪਰਬ ਅਤੇ ਹਾੜ ਮਹੀਨੇ ਦੀ ਸੰਗਰਾਂਦ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਮੱਲ ਅਖਾੜਾ ਸਾਹਿਬ ਪਾ: ਛੇਵੀਂ ਅਤੇ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਛਾਉਣੀ ਬੁੱਢਾ ਦਲ ਨਿਹੰਗ ਸਿੰਘਾਂ ਵਿਖੇ ਪੂਰੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਗੁਰਦੁਆਰਾ ਸਾਹਿਬ ਦੇ ਮੁੱਖ ਗੇਟ ਤੇ ਬੁੱਢਾ ਦਲ ਵੱਲੋਂ ਠੰਡੇ ਮਿੱਠੇ



ਅਤੇ ਨਿੰਬੂ ਸ਼ਿਕੰਜਵੀਂ, ਜਲਜ਼ੀਰਾ ਜਲ ਦੀ ਛਬੀਲ ਲਾਈ ਗਈ।ਛਬੀਲ ਲਗਾਉਣ ਸਮੇਂ ਅਰੰਭਤਾ ਦੀ ਅਰਦਾਸ ਗੁ: ਬੁਰਜ ਅਕਾਲੀ ਬਾਬਾ ਫੂਲਾ ਸਿੰਘ ਜੀ ਦੇ ਗ੍ਰੰਥੀ ਬਾਬਾ ਅਮਰੀਕ ਸਿੰਘ ਨੇ ਕੀਤੀ। ਬੁੱਢਾ ਦਲ ਦੇ ਸਕੱਤਰ ਸ. ਦਿਲਜੀਤ ਸਿੰਘ ਬੇਦੀ ਨੇ ਦੱਸਿਆ ਕਿ ਸ਼੍ਰੋਮਣੀ ਸੇਵਾ ਰਤਨ, ਸ਼੍ਰੋਮਣੀ ਪੰਥ ਰਤਨ ਸਿੰਘ ਸਾਹਿਬ ਬਾਬਾ ਬਲਬੀਰ ਸਿੰਘ ਅਕਾਲੀ 96 ਕਰੋੜੀ ਮੁਖੀ ਸ਼੍ਰੋਮਣੀ ਪੰਥ ਅਕਾਲੀ ਬੁੱਢਾ ਦਲ ਦੇ ਆਦੇਸ਼ ਅਨੁਸਾਰ ਬੁਰਜ ਅਕਾਲੀ ਬਾਬਾ ਫੂਲਾ ਸਿੰਘ ਵਿਖੇ ਸ਼ਰਧਾਲੂਆਂ ਅਤੇ ਦੂਰ ਦੁਰਾਡੇ ਤੋਂ ਆਉਣ ਵਾਲੇ ਯਾਤਰੂਆਂ ਲਈ ਦੋਹਾਂ ਮੁੱਖ ਗੇਟਾਂ ਤੇ ਹਰ ਰਜ਼ੋ ਠੰਡੇ ਜਲ ਦੀ ਛਬੀਲ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ। ਗੁ: ਮੱਲ ਅਖਾੜਾ ਸਾਹਿਬ ਪਾ: ਛੇਵੀਂ ਵਿਖੇ ਅਕਾਲੀ ਬਾਬਾ ਫੂਲਾ ਸਿੰਘ, ਬਾਬਾ ਬੋਤਾ ਸਿੰਘ ਬਾਬਾ ਗਰਜਾ ਸਿੰਘ ਸੁਖਮਨੀ ਸੇਵਾ ਸੁਸਾਇਟੀ ਦੀਆਂ ਬੀਬੀਆਂ ਦੇ ਜਥੇ ਨੇ ਸੰਗਰਾਂਦ ਦਿਹਾੜਾ ਪੂਰੀ ਸਰਧਾ ਭਾਵਨਾ ਨਾਲ ਮਨਾਇਆ।

## ਸਰਪੰਚ ਧੰਨਾ ਸਿੰਘ ਢੱਡੇ ਤੇ ਲਾਈਨਮੈਨ ਨੱਥਾ ਸਿੰਘ ਦਾ ਕੈਨੇਡਾ 'ਚ ਸਵਾਗਤ

**ਵੇਰਕਾ (ਰਾਣਾ)**- ਇਤਿਹਾਸਕ ਪੱਖੋਂ ਮੋਹਰੀ ਗਿਣੇ ਜਾਂਦੇ ਪਿੰਡ ਢੱਡੇ ਦੇ ਮੌਜੂਦਾ ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਹਲਕਾ ਮਜੀਠਾ ਦੇ ਸਿਰਕੱਢ ਆਗੂ ਧੰਨਾ ਸਿੰਘ ਢੱਡੇ ਅਤੇ ਬਿਜਲੀ ਵਿਭਾਗ ਦੇ ਲਾਈਨਮੈਨ ਨੱਥਾ ਸਿੰਘ ਬੀਤੇ ਦਿਨ ਨਿੱਜੀ ਫੇਰੀ ਦੌਰਾਨ ਕੈਨੇਡਾ ਦੇ ਸ਼ਹਿਰ ਬਰੈਂਪਟਨ ਪੁੱਜੇ ਜਿੱਥੇ ਉਨ੍ਹਾਂ ਨਾਲ ਸੰਬੰਧਿਤ ਪਤਵੰਤਿਆਂ ਵੱਲੋਂ ਉਨ੍ਹਾਂ ਦਾ ਸ਼ਾਨਦਾਰ ਸਵਾਗਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਦੇ ਸਨੇਹੀਆਂ ਵੱਲੋਂ



ਉਨ੍ਹਾਂ ਨੂੰ ਬੁੱਕੇ ਭੇਟ ਕਰਕੇ ਦਿਲੀ ਪਿਆਰ ਦਾ ਇਜ਼ਹਾਰ ਕੀਤਾ ਗਿਆ। ਇਸ ਮੌਕੇ ਆਪਣੇ ਵਿਚਾਰ ਪ੍ਰਗਟ ਕਰਦਿਆਂ ਸਰਪੰਚ ਧੰਨਾ ਸਿੰਘ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ 'ਚ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੀ ਰੋਕਥਾਮ ਲਈ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਸੈਂਕੜੇ ਨਸ਼ਾ ਤਸਕਰਾਂ 'ਤੇ ਲਗਾਤਾਰ ਕਾਨੂੰਨੀ ਸ਼ਿਕੰਜਾ ਕੱਸਿਆ ਜਾ ਰਿਹਾ ਹੈ ਜਿਸ ਤੋਂ ਆਮ ਲੋਕ ਕਾਫੀ ਸੰਤੁਸ਼ਟ ਹਨ।ਅਖੀਰ 'ਚ ਉਨ੍ਹਾਂ ਨੇ ਆਖਿਆ ਕਿ ਲੁਧਿਆਣਾ ਜ਼ਿਮਨੀ ਚੋਣ ਦੌਰਾਨ ਆਪ ਦੇ ਉਮੀਦਵਾਰ ਸੰਜੀਵ ਅਰੋੜਾ ਨੂੰ ਮਿਲ ਰਹੇ ਭਰਵੇਂ ਜਨਤਕ ਸਮਰਥਨ ਕਾਰਨ ਉਨ੍ਹਾਂ ਦੀ ਜਿੱਤ ਹੋਣੀ ਤੈਅ ਹੈ।ਇਸ ਮੌਕੇ ਉਨ੍ਹਾਂ ਨਾਲ ਲਵਪ੍ਰੀਤ ਸਿੰਘ, ਹਰਪ੍ਰੀਤ ਸਿੰਘ, ਗੁਰਨਾਮ ਸਿੰਘ ਅਤੇ ਹੋਰ ਕਈ ਪਤਵੰਤੇ ਹਾਜ਼ਰ ਸਨ।

## ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਵੱਲੋਂ ਅਹਿਮਦਾਬਾਦ ਹਵਾਈ ਹਾਦਸੇ 'ਤੇ ਗਹਿਰੇ ਦੁੱਖ ਦਾ ਪ੍ਰਗਟਾਵਾ

**ਹੁਸ਼ਿਆਰਪੁਰ (ਓ ਪੀ ਰਾਣਾ)**- ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਵੱਲੋਂ ਪਿਛਲੇ ਦਿਨੀਂ ਅਹਿਮਦਾਬਾਦ ਹਵਾਈ ਹਾਦਸੇ 'ਤੇ



ਗਹਿਰੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਸ ਅਤਿਅੰਤ ਭਿਆਨਕ ਹਾਦਸੇ ਨੇ ਪੂਰੇ ਦੇਸ਼ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਸੰਤ ਸਰਵਣ ਦਾਸ ਬੋਹਣ ਚੇਅਰਮੈਨ, ਸੰਤ ਨਿਰਮਲ ਦਾਸ ਬਾਬੇ ਜੌੜੇ ਪ੍ਰਧਾਨ ਅਤੇ ਸਮੂਹ ਸੰਤਾਂ ਮਹਾਂਪੁਰਸ਼ਾਂ ਨੇ ਹਾਦਸੇ ਦੌਰਾਨ ਜਾਨਾਂ ਗਵਾਉਣ ਵਾਲਿਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਰਵਾਰਾਂ ਨਾਲ ਹਮਦਰਦੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਇਹ ਮ੍ਰਿਤਕਾਂ ਦੇ ਪਰਵਾਰਾਂ ਲਈ ਕਦੀ ਵੀ ਪੂਰਾ ਨਾ ਹੋਣ ਵਾਲਾ ਘਾਟਾ ਪਿਆ ਹੈ ਅਤੇ ਇਹ ਦੇਸ਼ ਲਈ ਵੀ ਬਹੁਤ ਵੱਡਾ ਘਾਟਾ ਹੈ। ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਅਹਿਮਦਾਬਾਦ ਸਰਦਾਰ ਵੱਲਬ ਭਾਈ ਪਟੇਲ ਹਵਾਈ ਅੱਡੇ ਨੇੜੇ ਵਾਪਰੇ ਹਵਾਈ ਹਾਦਸੇ ਜਿਸ ਵਿੱਚ 241 ਭਾਰਤੀ ਅਤੇ ਵਿਦੇਸ਼ੀ ਨਾਗਰਿਕ ਹਾਦਸੇ ਦਾ ਸ਼ਿਕਾਰ ਹੋ ਗਏ । ਉਨ੍ਹਾਂ ਕਿਹਾ ਕਿ ਉਡਾਣ ਭਰਨ ਤੋਂ ਥੋੜ੍ਹੀ ਦੇਰ ਬਾਅਦ ਹਾਦਸਾ ਹੋਣ ਨਾਲ ਸੁਣ ਕੇ ਮਨ ਨੂੰ ਬਹੁਤ ਦੁੱਖ ਪਹੁੰਚਿਆ। ਉਨ੍ਹਾਂ ਵਿਛੜੀਆਂ ਰੂਹਾਂ ਨੂੰ ਚਰਨਾਂ ਵਿਚ ਨਿਵਾਸ ਬਖਸ਼ਣ ਲਈ ਪਰਮਾਤਮਾ ਅੱਗੇ ਅਰਦਾਸ ਕੀਤੀ ਅਤੇ ਪਰਿਵਾਰਾਂ ਨੂੰ ਇਹ ਭਾਣਾ ਸਹਿਣ ਕਰਨ ਦਾ ਬਲ ਬਖਸ਼ਿਸ਼ ਕਰਨ ਲਈ ਅਰਦਾਸ ਕੀਤੀ। ਸੰਤਾਂ ਮਹਾਂਪੁਰਸ਼ਾਂ ਨੇ ਕਿਹਾ ਕਿ ਇਸ ਦੁੱਖ ਦੀ ਘੜੀ ਵਿੱਚ ਸਾਧੂ ਸੰਪਰਦਾਇ ਸੁਸਾਇਟੀ (ਰਜਿ.) ਪੰਜਾਬ ਦੁਖੀ ਪਰਵਾਰਾਂ ਅਤੇ ਦੇਸ਼ ਨਾਲ ਖੜ੍ਹੀ ਹੈ। ਉਨਾਂ ਇਸ ਦੁਖਦਾਈ ਹਾਦਸੇ ਦੀ ਬਰੀਕੀ ਨਾਲ ਜਾਂਚ ਕਰਨ ਅਤੇ ਕਿਹਾ ਕਿ ਭਵਿੱਖ ਵਿੱਚ ਅਜਿਹੀਆਂ ਮੰਦਭਾਗੀ ਘਟਨਾਵਾਂ ਨੂੰ ਰੋਕਣ ਲਈ ਠੋਸ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਸੰਤ ਸਰਵਣ ਦਾਸ ਸਲੇਮਟਾਵਰੀ ਸੀਨੀ.ਮੀਤ ਪ੍ਰਧਾਨ, ਸੰਤ ਪਰਮਜੀਤ ਦਾਸ ਨਗਰ ਕੈਸ਼ੀਅਰ, ਸੰਤ ਬਲਵੰਤ ਸਿੰਘ ਡਿੰਗਰੀਆਂ, ਮਹੰਤ ਪ੍ਰਸ਼ੋਤਮ ਲਾਲ ਚੱਕ ਹਕੀਮ, ਸੰਤ ਧਰਮਪਾਲ ਸ਼ੇਰਗੜ੍ਹ, ਸੰਤ ਰਮੇਸ਼ ਦਾਸ ਡੇਰਾ ਕਲਰਾਂ ਸ਼ੇਰਪੁਰ, ਸੰਤ ਜਗੀਰ ਸਿੰਘ ਸਰਬੱਤ ਭਲਾ ਆਸ਼ਰਮ ਨੰਦਾਚੌਰ, ਸੰਤ ਕੁਲਦੀਪ ਦਾਸ ਬਸੀ ਮਰੂਫ, ਭੈਣ ਸੰਤੋਸ਼ ਕੁਮਾਰੀ ਬਿਲਡਿੰਗ ਇੰਚਾਰਜ, ਸੰਤ ਬੀਬੀ ਕੁਲਦੀਪ ਕੌਰ ਮਹਿਨਾ, ਸੰਤ ਮਨਜੀਤ ਦਾਸ ਵਿਛੋਹੀ, ਬਾਬਾ ਬਲਕਾਰ ਸਿੰਘ ਤੱਗੜ ਵਡਾਲਾ, ਸੰਤ ਗੁਰਮੀਤ ਦਾਸ, ਸੰਤ ਰਜੇਸ਼ ਦਾਸ ਬਜਵਾੜਾ, ਸੰਤ ਪ੍ਰਮੇਸ਼ਵਰੀ ਦਾਸ ਵੀ ਹਾਜ਼ਰ ਸਨ।

## ਸਬ-ਇੰਸਪੈਕਟਰ ਹਰੀਸ਼ ਕੁਮਾਰ ਨੇ ਥਾਣਾ ਚੱਬੇਵਾਲ ਦਾ ਐੱਸ ਐੱਚ ਓ ਵਜੋਂ ਚਾਰਜ ਸੰਭਾਲਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਹੁਸ਼ਿਆਰਪੁਰ ਦੇ ਥਾਣਾ ਚੱਬੇਵਾਲ ਦਾ ਸਬ ਇੰਸਪੈਕਟਰ ਹਰੀਸ਼ ਕੁਮਾਰ ਨੇ ਥਾਣਾ ਚੱਬੇਵਾਲ ਦੇ ਬਤੌਰ ਐਸ ਐਚ ਓ ਦਾ ਅਹੁਦਾ ਸੰਭਾਲ ਲਿਆ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਸ ਐਚ ਓ ਹਰੀਸ਼ ਕੁਮਾਰ ਨੇ ਕਿਹਾ ਕਿ ਇਲਾਕੇ 'ਚ ਹਰ ਹਾਲ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ ਦੀ ਵਿਵਸਥਾ ਨੂੰ ਬਹਾਲ ਰੱਖਿਆ ਜਾਵੇਗਾ। ਉਨ੍ਹਾਂ ਕਿਹਾ ਕਿ ਸਮਾਜ ਵਿਰੋਧੀ ਅਨਸਰਾਂ ਤੇ ਨਸ਼ਿਆਂ ਦੇ ਸੌਦਾਗਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਉਹਨਾਂ ਕਿਹਾ ਕਿ ਲੋਕਾਂ ਦੀ ਭਲਾਈ ਲਈ ਪੁਲਸ ਦਿਨ-ਰਾਤ



ਤੱਤਪਰ ਹੈ ਅਤੇ ਗਲਤ ਅਨਸਰਾਂ ਨੂੰ ਨੱਥ ਪਾਉਣ ਲਈ ਹਰ ਸਮੇਂ ਤਿਆਰ ਰਹੇਗੀ, ਪਰ ਇਸ ਦੇ ਨਾਲ ਹੀ ਸ਼ਹਿਰ ਨਿਵਾਸੀਆਂ ਅਤੇ ਲੋਕਾਂ ਦਾ ਸਹਿਯੋਗ ਵੀ ਅਤਿ ਜਰੂਰੀ ਹੈ। ਉਨ੍ਹਾਂ ਕਿਹਾ ਕਿ ਸਾਫ ਸੁਥਰਾ, ਭ੍ਰਿਸ਼ਟਾਚਾਰ ਰਹਿਤ ਅਤੇ ਪਾਰਦਰਸ਼ੀ ਪੁਲਸ ਪ੍ਰਸਾਸਨ ਮੁਹੱਈਆ ਕਰਵਾਉਣਾ ਉਨ੍ਹਾਂ ਦਾ ਮੁੱਢਲਾ ਕਾਰਜ ਹੋਵੇਗਾ। ਉਨ੍ਹਾਂ ਕਿਹਾ ਕਿ ਇਲਾਕੇ 'ਚ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਿਆ ਜਾਵੇਗਾ। ਉਨ੍ਹਾਂ ਇਹ ਵੀ ਕਿਹਾ ਕਿ ਕੋਈ ਸਰਾਰਤੀ ਮੋਟਰਸਾਈਕਲ 'ਤੇ ਪਟਾਕੇ ਚਲਾਉਂਦਾ ਫੜਿਆ ਗਿਆ ਤਾਂ ਉਸ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ।

16 Jun Page-9.qxd 6/15/2025 10:02 PM Page 1



# ਚਾਈਲਡ ਵੈੱਲਫੇਅਰ ਕੌਂਸਲ ਪੰਜਾਬ ਵੱਲੋਂ ਸਮਰ ਕੈਂਪ ਦਾ ਸਮਾਪਨ ਸਮਾਰੋਹ



**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਚਾਈਲਡ ਵੈਲਫੇਅਰ ਕੌਂਸਲ, ਪੰਜਾਬ ਵੱਲੋਂ 2 ਜੂਨ ਤੋਂ 14 ਜੂਨ, 2025 ਤੱਕ ਆਯੋਜਿਤ ਸਮਰ ਕੈਂਪ ਦਾ ਸਮਾਪਨ ਸਮਾਰੋਹ ਬਾਲ ਭਵਨ, ਮੋਹਾਲੀ ਵਿਖੇ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਵਧੀਕ ਡਿਪਟੀ ਕਮਿਸ਼ਨਰ (ਜਨਰਲ), ਸ਼੍ਰੀਮਤੀ ਗੀਤਿਕਾ ਸਿੰਘ ਸ਼ਾਮਲ ਹੋਏ। ਕੌਂਸਲ ਦੀ ਚੇਅਰਪਰਸਨ ਸ਼੍ਰੀਮਤੀ ਪ੍ਰਾਜਕਤਾ ਅਵਾਡ, ਖਜ਼ਾਨਚੀ ਸ਼੍ਰੀਮਤੀ ਰਤਿੰਦਰ ਬਰਾੜ ਅਤੇ ਸਕੱਤਰ ਡਾ. (ਸ਼੍ਰੀਮਤੀ) ਪ੍ਰੀਤਮ ਸੰਧੂ ਵੀ ਮੌਜੂਦ ਸਨ।ਇਸ ਕੈਂਪ ਵਿੱਚ ਕੁੱਲ 41 ਬੱਚਿਆਂ ਨੇ ਨਿਯਮਿਤ ਕਿਰਿਆਵਾਂ 'ਚ ਭਾਗ ਲਿਆ। ਕੈਂਪ ਦੌਰਾਨ ਯੋਗ ਆਸਨ, ਆਰਟ ਐਂਡ ਕਰਾਫਟ ਅਤੇ ਸੰਗੀਤ ਦੀਆਂ ਕਲਾਸਾਂ ਜਿਵੇਂ ਸਰਸਵਤੀ ਵੰਦਨਾ, ਗਾਇਤਰੀ ਮੰਤਰ ਅਤੇ ਮੂਲ ਮੰਤਰ ਦਾ ਉਚਾਰਨ ਸਿਖਾਇਆ ਗਿਆ। ਸਮਾਪਨ ਸਮਾਰੋਹ ਵਿੱਚ ਬੱਚਿਆਂ ਨੇ ਕੈਂਪ ਦੌਰਾਨ ਸਿੱਖੀਆਂ ਗਤਿਵਿਧੀਆਂ ਦੀਆਂ ਪੇਸ਼ਕਾਰੀਆਂ ਦਿੱਤੀਆਂ।ਮੁੱਖ ਮਹਿਮਾਨ ਦੇ ਸਵਾਗਤ ਤੋਂ ਬਾਅਦ ਡਾ. ਪ੍ਰੀਤਮ ਸੰਧੂ ਨੇ ਕੈਂਪ ਦੌਰਾਨ ਹੋਈਆਂ ਗਤਿਵਿਧੀਆਂ ਦੀ ਸੰਖੇਪ ਰਿਪੋਰਟ ਪੇਸ਼ ਕੀਤੀ ਅਤੇ ਕੈਂਪ ਦੇ ਮਕਸਦ ਬਾਰੇ ਜਾਣਕਾਰੀ ਦਿੱਤੀ।ਕੌਂਸਲ ਦੀ ਚੇਅਰਪਰਸਨ ਸ਼੍ਰੀਮਤੀ ਪ੍ਰਾਜਕਤਾ ਅਵਾਡ ਨੇ ਬੱਚਿਆਂ ਨੂੰ ਰਚਨਾਤਮਕ ਅਤੇ ਸਕਾਰਾਤਮਕ ਗਤਿਵਿਧੀਆਂ ਵਿੱਚ ਹਿੱਸਾ ਲੈਣ ਲਈ ਉਤਸ਼ਾਹਿਤ ਕੀਤਾ। ਉਨ੍ਹਾਂ ਨੇ ਕਿਹਾ ਕਿ ਐਕਟਿਵ ਕੈਰੀਅਰ ਚੁਣਨ ਲਈ ਕਈ ਵਿਕਲਪ ਹਨ, ਜਿਨ੍ਹਾਂ ਦਾ ਲਾਭ ਲੈਣਾ ਚਾਹੀਦਾ ਹੈ।ਸ਼੍ਰੀਮਤੀ ਗੀਤਿਕਾ ਸਿੰਘ ਨੇ ਬੱਚਿਆਂ ਦੀਆਂ ਪੇਸ਼ਕਾਰੀਆਂ ਦੀ ਸ਼ਲਾਘਾ ਕੀਤੀ ਅਤੇ ਕੌਂਸਲ ਵੱਲੋਂ ਅਜਿਹੀਆਂ ਅਰਥ ਭਰਪੂਰ ਗਤਿਵਿਧੀਆਂ ਕਰਵਾਉਣ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਬੱਚਿਆਂ ਨੂੰ ਅਜਿਹੀਆਂ ਸਰਗਰਮੀਆਂ ਵਿੱਚ ਸ਼ਾਮਿਲ ਕਰਨਾ ਅੱਜ ਦੀ ਲੋੜ ਹੈ। ਉਨ੍ਹਾਂ ਨੇ ਬੱਚਿਆਂ ਨੂੰ ਸਰਟੀਫਿਕੇਟ ਵੀ ਵੰਡੇ।ਇਸ ਮੌਕੇ 'ਤੇ 60 ਤੋਂ ਵੱਧ ਮਾਪੇ ਵੀ ਹਾਜ਼ਰ ਰਹੇ। ਆਖ਼ਰ ਵਿੱਚ ਕੌਂਸਲ ਦੀ ਖਜ਼ਾਨਚੀ ਸ਼੍ਰੀਮਤੀ ਰਤਿੰਦਰ ਬਰਾੜ ਨੇ ਧੰਨਵਾਦ ਪ੍ਰਸਤਾਵ ਪੇਸ਼ ਕੀਤਾ।

# ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕਾਮ ਦੇ ਸੱਦੇ 'ਤੇ ਸ਼ਹਿਰੀ ਮੰਡਲ ਤੇ ਸਬ-ਅਰਬਨ ਦੇ ਦਫਤਰ ਮੂਹਰੇ ਰੋਸ ਧਰਨਾ ਅੱਜ



**ਕਾਲਾ ਸੰਘਿਆਂ (ਮਨਜੀਤ ਮਾਨ)**- ਪੈਨਸ਼ਨਰਜ਼ ਐਸੋਸੀਏਸ਼ਨ ਪਾਵਰਕੌਮ ਤੇ ਟਰਾਂਸਕੋ ਸ਼ਹਿਰੀ ਮੰਡਲ ਕਪੂਰਥਲਾ ਦੀ ਮੀਟਿੰਗ ਪ੍ਰਧਾਨ ਰੇਸ਼ਮ ਸਿੰਘ ਮਾਨ ਅਤੇ ਸਕੱਤਰ ਬਲਦੇਵ ਰਾਜ ਦੀ ਅਗਵਾਈ ਹੇਠ ਪਿੰਡ ਮੋਠਾਂਵਾਲ ਜ਼ਿਲ੍ਹਾ ਕਪੂਰਥਲਾ ਵਿਖੇ ਹੋਈ ਜਿਸ ਵਿੱਚ ਪੈਨਸ਼ਨਰਜ਼ ਐਸੋਸੀਏਸ਼ਨ ਦੇ ਵਰਕਰਾਂ ਤੇ ਆਗੂਆਂ ਨੇ ਹਿੱਸਾ ਲਿਆ। ਇਸ ਮੌਕੇ ਪ੍ਰਧਾਨ ਰੇਸ਼ਮ ਸਿੰਘ ਮਾਨ ਤੇ ਸਕੱਤਰ ਬਲਦੇਵ ਰਾਜ ਨੇ ਮੌਜੂਦਾ ਸਰਕਾਰ ਵੱਲੋਂ ਪੈਨਸ਼ਨ ਸੋਧ ਅਤੇ ਡੀ ਏ ਦੀ ਕਿਸ਼ਤ ਬੰਦ ਕਰਨ ਦੇ ਫੈਸਲੇ ਦੀ ਨਿਖੇਧੀ ਉਕਤ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਨਾਲ ਸੂਬਾ ਕਮੇਟੀ ਵੱਲੋਂ ਪੰਜਾਬ ਸਰਕਾਰ ਤੇ ਪਾਵਰਕੌਮ ਨਾਲ ਰੱਖੀਆਂ ਮੰਗਾਂ ਸਬੰਧੀ ਮੀਟਿੰਗਾਂ ਬੇਸਿੱਟਾ ਰਹੀਆਂ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਅਤੇ ਪਾਵਰਕੌਮ ਮੈਨੇਜਮੈਂਟ ਵੱਲੋਂ ਪੈਨਸ਼ਨਰਜ਼ ਨਾਲ ਅਪ੍ਰੈਲ 2025 ਦਾ ਏਰੀਅਰ ਜਾਰੀ ਨਾ ਕਰਨ ਦੇ ਰੋਸ ਵਜੋਂ ਸੂਬਾ ਕਮੇਟੀ ਦੇ ਸੱਦੇ 'ਤੇ 16 ਜੂਨ ਨੂੰ ਸ਼ਹਿਰੀ ਮੰਡਲ ਅਤੇ ਸਬ ਅਰਬਨ ਮੰਡਲ ਕਪੂਰਥਲਾ ਅੱਗੇ ਰੋਸ ਧਰਨਾ ਦਿੱਤਾ ਜਾਵੇਗਾ। ਉਕਤ ਆਗੂਆਂ ਨੇ ਮੌਜੂਦਾ ਸਰਕਾਰ ਤੇ ਪਾਵਰਕੌਮ ਦੇ ਉੱਚ ਅਧਿਕਾਰੀਆਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਪਾਵਰਕੌਮ ਤੇ ਮੌਜੂਦਾ ਪੰਜਾਬ ਸਰਕਾਰ ਨੇ ਮੰਗਾਂ ਨਾ ਮੰਨੀਆਂ ਤਾਂ ਪੈਨਸ਼ਨਰਜ਼ ਸੰਘਰਸ਼ ਨੂੰ ਤਿੱਖਾ ਕਰਨ ਲਈ ਮਜਬੂਰ ਹੋਣਗੇ ਜਿਸ ਦੀ ਜ਼ਿੰਮੇਵਾਰੀ ਮੌਜੂਦਾ ਸਰਕਾਰ ਤੇ ਪਾਵਰਕੌਮ ਦੇ ਉੱਚ ਅਧਿਕਾਰੀਆਂ ਦੀ ਹੋਵੇਗੀ। ਇਸ ਮੌਕੇ ਲਸ਼ਮਣ ਸਿੰਘ, ਪਾਲ ਸਿੰਘ, ਮੁਖਤਿਆਰ ਸਿੰਘ, ਸੁਖਵਿੰਦਰ ਸਿੰਘ, ਧੀਰ ਸਿੰਘ, ਬਲਕਾਰ ਸਿੰਘ, ਗੱਜਣ ਸਿੰਘ, ਬਖਸ਼ੀਸ਼ ਸਿੰਘ, ਲਖਵਿੰਦਰ ਸਿੰਘ, ਹਰਬੰਸ ਸਿੰਘ, ਸਰਬਜੀਤ ਕੌਰ, ਜਸਵੀਰ ਕੌਰ ਤੋਂ ਇਲਾਵਾ ਹੋਰ ਆਗੂ ਇਸ ਮੌਕੇ ਹਾਜ਼ਰ ਸਨ।

## ਲੋਕਾਂ ਦੀ ਕੀਮਤ 'ਤੇ ਕਾਰਪੋਰੇਟ ਘਰਾਣਿਆਂ... (ਸਫ਼ਾ 4 ਦੀ ਬਾਕੀ)

ਗਰਿੱਡ ਵਿੱਚ ਆਪਣਾ ਸ਼ੁਰੂਆਤੀ ਯੋਗਦਾਨ ਪਾਉਣਾ ਸ਼ੁਰੂ ਕਰ ਦਿੱਤਾ ਹੈ। ਗੁਜਰਾਤ ਵਿੱਚ ਸਥਿਤ ਇਹ ਵਿਸ਼ਾਲ ਪ੍ਰੋਜੈਕਟ ਲਗਭਗ 200 ਵਰਗ ਮੀਲ ਵਿੱਚ ਫੈਲਿਆ ਹੋਇਆ ਹੈ, ਜੋ ਇਸ ਨੂੰ ਪੈਰਿਸ ਨਾਲੋਂ ਪੰਜ ਗੁਣਾ ਵੱਡਾ ਅਤੇ ਪੁਲਾੜ ਤੋਂ ਦਿਖਾਈ ਦਿੰਦਾ ਹੈ।

ਮਾਹਰਾਂ ਦਾ ਕਹਿਣਾ ਹੈ ਕਿ ਗੁਜਰਾਤ ਸਰਕਾਰ ਨੇ ਪਾਕਿਸਤਾਨ ਸਰਹੱਦ ਤੋਂ ਸਿਰਫ਼ ਇੱਕ ਕਿਲੋਮੀਟਰ ਦੂਰ 25,000 ਹੈਕਟੇਅਰ ਜ਼ਮੀਨ ਅਡਾਨੀ ਸਮੂਹ ਨੂੰ ਅਲਾਟ ਕੀਤੀ ਹੈ। ਇਹ ਇੱਕ ਅਜਿਹਾ ਕਦਮ ਹੈ, ਜੋ ਰੱਖਿਆ ਮੰਤਰਾਲੇ ਲਈ ਮਹਿੰਗਾ ਅਤੇ ਖ਼ਤਰਨਾਕ ਸਾਬਤ ਹੋ ਸਕਦਾ।

ਜਿੱਥੋਂ ਤੱਕ ਆਰਥਿਕ ਮੁੱਦਿਆਂ ਦਾ ਸੰਬੰਧ ਹੈ, ਇਹ ਪ੍ਰਭਾਵ ਹੈ ਕਿ ਨਵੇਂ ਟਰੰਪ ਪ੍ਰਸ਼ਾਸਨ ਨੇ ਅੰਤਰਰਾਸ਼ਟਰੀ ਅਰਥ-ਵਿਵਸਥਾ ਨੂੰ ਸਥਿਰ ਕਰਨ ਦੇ ਸਾਰੇ ਇਰਾਦੇ ਅਤੇ ਜ਼ਿੰਮੇਵਾਰੀਆਂ ਨੂੰ ਤਿਆਗ ਦਿੱਤਾ ਹੈ, ਉਹ ਇਸ ਦੀ ਬਜਾਏ ਤਰਕਹੀਣ ਅਤੇ ਅਸਥਿਰ ਕਰਨ ਵਾਲੀਆਂ ਨੀਤੀਆਂ ਨੂੰ ਉਤਸ਼ਾਹਤ ਕਰ ਰਿਹਾ ਹੈ। ਏਧਰ ਸਾਡਾ ਪ੍ਰਧਾਨ ਮੰਤਰੀ ਵੀ ਟਰੰਪ ਦੇ ਪਦ ਚਿੰਨ੍ਹਾਂ ਉੱਤੇ ਚੱਲ ਰਿਹਾ ਹੈ।

20 ਜਨਵਰੀ, 2025 ਨੂੰ ਵਾਸ਼ਿੰਗਟਨ ਡੀ ਸੀ ਵਿੱਚ ਡੋਨਾਲਡ ਟਰੰਪ ਦੇ ਸਹੁੰ ਚੁੱਕ ਸਮਾਗਮ ਵਿੱਚ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਤੋਂ ਬਿਨਾਂ ਕਈ ਪ੍ਰਭਾਵਸ਼ਾਲੀ ਭਾਰਤੀ ਹਸਤੀਆਂ, ਜਿਨ੍ਹਾਂ ਵਿੱਚ ਉੱਚ ਸਰਕਾਰੀ ਅਧਿਕਾਰੀਆਂ ਤੋਂ ਲੈ ਕੇ ਕਾਰਪੋਰੇਟ ਰਿਲਾਇੰਸ ਇੰਡਸਟਰੀਜ਼ ਦੇ ਮੁਕੇਸ਼ ਅੰਬਾਨੀ ਅਤੇ ਉਨ੍ਹਾਂ ਦੀ ਪਤਨੀ ਨੀਤਾ ਅੰਬਾਨੀ ਅਤੇ ਭਾਰਤੀ ਵਿਦੇਸ਼ ਮੰਤਰੀ ਐੱਸ. ਜੈਸ਼ੰਕਰ, ਅਲਫਾਬੈਟ ਦੇ ਸੀ ਈ ਓ ਸੁੰਦਰ ਪਿਚਾਈ ਅਤੇ ਭਾਰਤ ਵਿੱਚ ਟਰੰਪ ਦੇ ਉੱਦਮਾਂ ਨਾਲ ਜੁੜੇ ਕਈ ਰੀਅਲ ਅਸਟੇਟ ਡਿਵੈਲਪਰ ਸ਼ਾਮਲ ਸਨ। ਹਾਜ਼ਰੀਨ ਵਿੱਚ ਅਮਰੀਕੀ ਅਧਿਕਾਰੀਆਂ ਨੇ ਗੌਤਮ ਅਡਾਨੀ ਅਤੇ ਉਨ੍ਹਾਂ ਦੇ ਭਤੀਜੇ ਸਾਗਰ ਅਡਾਨੀ ਸਮੇਤ ਸੱਤ ਹੋਰਨਾਂ 'ਤੇ ਕਥਿਤ ਤੌਰ 'ਤੇ 265 ਮਿਲੀਅਨ ਡਾਲਰ ਦੀ ਰਿਸ਼ਵਤਖੋਰੀ ਯੋਜਨਾ ਦਾ ਹਿੱਸਾ ਹੋਣ ਦਾ ਦੋਸ਼ ਲਗਾਇਆ ਗਿਆ।

ਬੀਤੀ 13 ਫਰਵਰੀ ਨੂੰ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਅਮਰੀਕਾ ਫੇਰੀ ਤੋਂ ਕੁਝ ਦਿਨ ਪਹਿਲਾਂ ਡੋਨਾਲਡ ਟਰੰਪ ਨੇ ਰਿਸ਼ਵਤਖੋਰੀ ਵਿਰੁੱਧ ਅਮਰੀਕੀ ਕਾਨੂੰਨ ਨੂੰ ਰੋਕ ਦਿੱਤਾ, ਜੋ ਅਡਾਨੀਆਂ ਨੂੰ ਰਾਹਤ ਪ੍ਰਦਾਨ ਕਰ ਸਕਦਾ ਹੈ, ਜਦੋਂ ਕਿ ਇਹ ਹੁਕਮ ਅਮਰੀਕੀ ਨਾਗਰਿਕਾਂ ਨੂੰ ਰਾਹਤ ਪ੍ਰਦਾਨ ਕਰਨ ਲਈ ਹੈ, ਇਹ ਸੰਭਾਵਤ ਤੌਰ 'ਤੇ ਅਡਾਨੀ ਸਮੂਹ ਦੇ ਮੁੱਖ ਕਾਰਜਕਾਰੀਆਂ ਲਈ ਇੱਕ ਸਾਹ ਵਜੋਂ ਆਵੇਗਾ, ਜੋ ਇਸ ਸਮੇਂ ਇੱਕ ਅਮਰੀਕੀ ਅਦਾਲਤ ਵਿਚ ਰਿਸ਼ਵਤਖੋਰੀ ਦੇ ਦੋਸ਼ਾਂ ਦਾ ਸਾਹਮਣਾ ਕਰ ਰਹੇ ਹਨ।

ਅੱਜ ਵਿਸ਼ਵ ਪੱਧਰ 'ਤੇ ਤਾਨਾਸ਼ਾਹੀ ਤਾਕਤਾਂ, ਸਮੇਤ ਨਰੇਂਦਰ ਮੋਦੀ ਦੇ ਬਹੁ-ਕੌਮੀ ਕਾਰਪੋਰੇਟ ਘਰਾਣਿਆਂ ਦੀ ਬਦੌਲਤ ਵਧ-ਫੁੱਲ ਰਹੀਆਂ ਅਤੇ ਵਿਸ਼ਵ ਉਪਰ ਆਪਣੀ ਪਕੜ ਮਜ਼ਬੂਤ ਕਰ ਰਹੀਆਂ ਹਨ। ਮਨੁੱਖਤਾ ਦੇ ਭਲੇ ਲਈ ਇਜ਼ਾਰੇਦਾਰ ਕਾਰਪੋਰੇਟ ਘਰਾਣਿਆਂ ਵਿਰੁੱਧ ਇੱਕਜੁੱਟ ਹੋ ਕੇ ਸੰਘਰਸ਼ ਕਰਨਾ ਪਵੇਗਾ ਅਤੇ ਸਾਡੇ ਸੰਘਰਸ਼ ਦਾ ਉਦੇਸ਼ ਪੂੰਜੀਵਾਦ ਦੇ ਸੰਕਟਗ੍ਰਸਤ ਸਿਸਟਮ ਨੂੰ ਉਖਾੜ ਸੁੱਟਣਾ ਅਤੇ ਇਸ ਨੂੰ ਸਮਾਜਵਾਦ ਨਾਲ ਬਦਲਣਾ ਹੋਣਾ ਚਾਹੀਦਾ ਹੈ।

**# ਸੰਪਰਕ : 98550-04500**

# ਰੋਜ਼ਾ ਸ਼ਰੀਫ ਮੰਢਾਲੀ ਵਿਖੇ ਸਲਾਨਾ ਮੇਲਾ 29 ਤੋਂ



**ਬੰਗਾ (ਅਵਤਾਰ ਕਲੇਰ)**- ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ ਰੌਜ਼ਾ ਸਰੀਫ ਮੰਢਾਲੀ ਵਿਖੇ ਸਲਾਨਾ 29 ਜੂਨ ਤੋਂ 3 ਜੁਲਾਈ ਤੱਕ ਮਨਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਨੇ ਦੱਸਿਆ ਕਿ ਪੰਜ ਦਿਨਾ ਦਿਨ -ਰਾਤ ਚੱਲਣ ਵਾਲੇ ਇਸ ਮੇਲੇ ਦੌਰਾਨ 29 ਜੂਨ ਨੂੰ ਸ਼ਾਮ ਨੂੰ ਝੰਡੇ ਦੀ ਰਸਮ ਉਪਰੰਤ ਚਿਰਾਗਾਂ ਦੀ ਰਸਮ ਅਦਾ ਕੀਤੀ ਜਾਵੇਗੀ। 30 ਜੂਨ ਅਤੇ 01-02 ਜੁਲਾਈ ਨੂੰ ਪੰਜਾਬ ਦੇ ਮਸ਼ਹੂਰ ਕਲਾਕਾਰ ਹਾਜ਼ਰੀਆਂ ਭਰਨਗੇ। 3 ਜੁਲਾਈ ਨੂੰ ਚਾਦਰ ਦੀ ਰਸਮ ਅਦਾ ਕੀਤੀ ਜਾਵੇਗੀ। ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾਂ ਸ਼ਰਮਾ ਸਰਪੰਚ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਮਲਕੀਤ ਮੰਢਾਲੀ, ਹੁਸਨ ਲਾਲ ਜੱਬੋਵਾਲ, ਡ. ਸਤਨਾਮ ਪਰਸੋਵਾਲ, ਸੋਨੂੰ ਜੱਸੋਮਜਾਰਾ, ਗੋਰਾ ਚੱਕ ਪ੍ਰੇਮਾ,ਚਰਨਜੀਤ ਰਾਏ, ਡਾ. ਜਗਦੀਸ਼ ਮੁਹੰਮਦ, ਪੱਪੀ ਅਨੀਹਰ, ਹਰਪ੍ਰੀਤ ਜੱਖੂ, ਅਮਰਜੀਤ ਜੀਤਾ, ਚੰਨੀ ਖੋਥੜਾਂ, ਨੂਰ ਮੁਹੰਮਦ, ਜਗਜੀਤ ਪੀਟਾ, ਜੱਸੀ ਮੇਹਲੀ, ਬੰਟੀ, ਮਨੀ, ਗੱਗੀ, ਹਨੀ ਆਦਿ ਹਾਜ਼ਰ ਸਨ।

# ਪੰਜਾਬ ਰਾਜ ਕਿਸਾਨ ਤੇ ਖੇਤੀ ਕਾਮੇ ਕਮਿਸ਼ਨ ਵੱਲੋਂ ਸੂਬੇ 'ਚ ਜਲ ਸੰਕਟ ਸੰਬੰਧੀ ਦੋ ਰੋਜ਼ਾ ਵਰਕਸ਼ਾਪ




**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਰਾਜ ਕਿਸਾਨ ਅਤੇ ਖੇਤੀ ਕਾਮੇ ਕਮਿਸ਼ਨ ਵਲੋਂ ਸੂਬੇ ਵਿਚ ਜਲ ਸੰਕਟ ਸਬੰਧੀ ਦੋ ਰੋਜ਼ਾ ਵਰਕਸ਼ਾਪ ਦਾ ਆਯੋਜਨ ਪ੍ਰੋ. ਡਾ. ਸੁਖਪਾਲ ਸਿੰਘ, ਚੇਅਰਮੈਨ ਪੰਜਾਬ ਰਾਜ ਕਿਸਾਨ ਅਤੇ ਖੇਤੀ ਕਾਮੇ ਕਮਿਸ਼ਨ ਦੀ ਪ੍ਰਧਾਨਗੀ ਹੇਠ ਕੀਤੀ ਗਈ।ਇਸ ਦੋ ਰੋਜ਼ਾ ਵਰਕਸ਼ਾਪ ਵਿੱਚ ਕਾਰਬਨ ਡੇਟਿੰਗ, ਮਿੱਟੀ ਪਾਣੀ ਦੇ ਆਈਸੋਟੋਪ ਅਧਿਐਨ ਅਤੇ ਪੰਜਾਬ ਦੇ ਸੀਪੇਜ ਅਧਿਐਨ ਨੂੰ ਕਵਰ ਕਰਨ ਵਾਲੇ ਇੱਕ ਵਿਆਪਕ ਸੂਖਮ-ਪੱਧਰੀ ਅਧਿਐਨ 'ਤੇ ਚਰਚਾ ਕੀਤੀ ਗਈ। ਡਾ. ਗੁਰਕੰਵਲ ਸਿੰਘ ਸਾਬਕਾ ਡਾਇਰੈਕਟਰ ਹਾਰਟੀਕਲਚਰ, ਪੰਜਾਬ ਨੇ ਮੀਟਿੰਗ ਦੀ ਸਹਿ-ਪ੍ਰਧਾਨਗੀ ਕੀਤੀ। ਮੀਟਿੰਗ ਦਾ ਆਯੋਜਨ ਡਾ. ਆਰ.ਐਸ. ਬੈਂਸ, ਪ੍ਰਸ਼ਾਸਕੀ ਅਧਿਕਾਰੀ-ਕਮ-ਸਕੱਤਰ, ਪੀ ਐਸ ਐਫ ਸੀ ਦੁਆਰਾ ਕੀਤਾ ਗਿਆ। ਵਰਕਸ਼ਾਪ ਦੇ ਪਹਿਲੇ ਦਿਨ ਪੰਜਾਬ ਦੀਆਂ ਅਤਿ ਜ਼ਰੂਰੀ ਹਾਈਡ੍ਰੋਜੀਓਲੋਜੀਕਲ ਚੁਣੌਤੀਆਂ 'ਤੇ ਚਰਚਾ ਕੀਤੀ ਗਈ ਜਿਸ ਵਿੱਚ ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ ਏ ਯੂ), ਲੁਧਿਆਣਾ ਅਤੇ ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਮਾਹਿਰਾਂ ਨੇ ਭੂਮੀਗਤ ਪ੍ਰਬੰਧਨ ਲਈ ਮਹੱਤਵਪੂਰਨ ਖੋਜਾਂ ਅਤੇ ਟਿਕਾਊ ਹੱਲ ਪੇਸ਼ ਕੀਤੇ।ਡਾ. ਜੇ.ਪੀ. ਸਿੰਘ, ਪ੍ਰੋਫੈਸਰ ਅਤੇ ਮੁਖੀ, ਮਿੱਟੀ ਅਤੇ ਪਾਣੀ ਇੰਜੀਨੀਅਰਿੰਗ ਅਤੇ ਡਾ. ਸਮਨਪ੍ਰੀਤ ਕੌਰ, ਪ੍ਰਿੰਸੀਪਲ ਵਿਗਿਆਨੀ, ਪੀ.ਏ.ਯੂ ਲੁਧਿਆਣਾ ਨੇ ਜ਼ਮੀਨਦੋਜ਼ ਪਾਣੀ ਸਬੰਧੀ ਚਿੰਤਾਵਾਂ ਅਤੇ ਸੰਭਾਵੀ ਹੱਲਾਂ 'ਤੇ ਇੱਕ ਵਿਸਥਾਰਪੂਰਵਕ ਪੇਸ਼ਕਾਰੀ ਦਿੱਤੀ। ਡਾ. ਕੌਰ ਨੇ ਪੰਜਾਬ ਲਈ ਖਾਸ ਤੌਰ 'ਤੇ ਇੱਕ ਸਮਾਰਟ ਸਬਮਰਸੀਬਲ ਪੰਪ ਵਿਕਸਤ ਕਰਨ ਦੀ ਤੁਰੰਤ ਲੋੜ 'ਤੇ ਜ਼ੋਰ ਦਿੱਤਾ। ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ ਦੇ ਹਾਈਡ੍ਰੋਲੋਜੀ ਅਤੇ ਐਨਥਰੋਪੋਲੋਜੀ ਵਿਭਾਗ ਤੋਂ ਡਾ. ਮਹੇਸ਼ ਠਾਕੁਰ, ਮੁਖੀ ਐਨਥਰੋਪੋਲੋਜੀ ਵਿਭਾਗ ਅਤੇ ਡਾ. ਜੇ.ਐਸ. ਸ਼ੇਖਾਵਤ, ਸਹਾਇਕ ਪ੍ਰੋਫੈਸਰ, ਡਾ. ਪ੍ਰਕਾਸ਼ ਤਿਵਾੜੀ ਅਤੇ ਡਾ. ਜੁਗਰਾਜ ਸਿੰਘ ਨੇ ਪੰਜਾਬ ਵਿੱਚ ਟਿਕਾਊ ਪਾਣੀ ਪ੍ਰਬੰਧਨ ਲਈ ਹਾਈਡ੍ਰੋਜੀਓਲੋਜੀਕਲ ਚੁਣੌਤੀਆਂ, ਖੋਜ ਨਤੀਜਿਆਂ ਅਤੇ ਪ੍ਰਸਤਾਵਿਤ ਖੋਜ ਅਤੇ ਵਿਕਾਸ ਹੱਲਾਂ 'ਤੇ ਪੇਸ਼ਕਾਰੀ ਦਿੱਤੀ। ਦੂਜੇ ਦਿਨ ਡਾ. ਅਰੁਣ ਕੁਮਾਰ, ਜੇ ਡੀ ਏ (ਐਚ ਜੀ), ਡਾ. ਸੰਦੀਪ ਸਿੰਘ ਵਾਲੀਆ, ਦੀਪਕ ਸੇਠੀ ਅਤੇ ਸ੍ਰੀਮਤੀ ਗੀਤਿਕਾ, ਸਹਾਇਕ ਭੂ-ਵਿਗਿਆਨੀ , ਖੇਤੀਬਾੜੀ ਅਤੇ ਕਿਸਾਨ ਭਲਾਈ ਡਾਇਰੈਕਟੋਰੇਟ, ਪੰਜਾਬ ਨੇ ਪੰਜਾਬ ਵਿੱਚ ਭੂਮੀਗਤ ਪਾਣੀ ਦੀ ਸਥਿਤੀ 'ਤੇ ਆਪਣਾ ਕੰਮ ਪੇਸ਼ ਕੀਤਾ। ਉਨ੍ਹਾਂ ਦੀ ਪੇਸ਼ਕਾਰੀ ਨੇ ਇੱਕ ਗੰਭੀਰ ਸਥਿਤੀ ਨੂੰ ਉਜਾਗਰ ਕੀਤਾ। ਰਾਜ ਵਿੱਚ ਔਸਤ ਭੂਮੀਗਤ ਪਾਣੀ ਕੱਢਣ ਦੀ ਦਰ ਹੈਰਾਨ ਕਰਨ ਵਾਲੀ 153.86% ਹੈ, ਜਿਸ ਦਾ ਅਰਥ ਹੈ ਕਿ ਪੰਜਾਬ ਰੀਚਾਰਜ ਹੋਣ ਨਾਲੋਂ 1.5 ਗੁਣਾ ਜ਼ਿਆਦਾ ਪਾਣੀ ਲੈ ਰਿਹਾ ਹੈ। ਇਸ ਸੰਕਟ ਦਾ ਮੁੱਖ ਕਾਰਨ ਝੋਨੇ ਦੀ ਕਾਸ਼ਤ ਲਈ ਪਾਣੀ ਦੀ ਬਹੁਤ ਜ਼ਿਆਦਾ ਵਰਤੋਂ ਹੈ।ਪ੍ਰੋ. ਡਾ. ਸੁਖਪਾਲ ਸਿੰਘ ਨੇ ਪਾਣੀ ਦੇ ਸੰਕਟ ਨੂੰ ਰੋਕਣ ਲਈ ਵਿਗਿਆਨਕ ਦਖਲਅੰਦਾਜ਼ੀ ਦੀ ਜ਼ਰੂਰਤ 'ਤੇ ਜ਼ੋਰ ਦਿੱਤਾ। ਡਾ. ਗੁਰਕੰਵਲ ਸਿੰਘ ਨੇ ਖੋਜਕਰਤਾਵਾਂ, ਨੀਤੀ ਨਿਰਮਾਤਾਵਾਂ ਅਤੇ ਕਿਸਾਨਾਂ ਵਿਚਕਾਰ ਅੰਤਰ-ਅਨੁਸ਼ਾਸਨੀ ਸਹਿਯੋਗ ਦੀ ਮੰਗ ਕੀਤੀ। ਡਾ. ਆਰ.ਐਸ. ਬੈਂਸ ਨੇ ਭਰੋਸਾ ਦਿੱਤਾ ਕਿ ਪੀ.ਐਸ.ਐਫ.ਸੀ ਹੋਰ ਅਧਿਐਨਾਂ ਅਤੇ ਨੀਤੀ ਦੀ ਹਮਾਇਤ ਦੀ ਸਹੂਲਤ ਦੇਵੇਗਾ।

# 120ਵੀਂ ਵਾਰ ਖ਼ੂਨਦਾਨ ਕੀਤਾ




**ਸ਼ਾਹਕੋਟ (ਗਿਆਨ ਸੈਦਪੁਰੀ)** ਸਨਿੱਚਰਵਾਰ ਸੰਸਾਰ ਖ਼ੂਨਦਾਨ ਦਿਹਾੜੇ 'ਤੇ ਸਮਾਜ ਸੇਵੀ ਸੰਸਥਾ 'ਪਹਿਲ' ਵੱਲੋਂ ਲਾਏ ਗਏ ਖ਼ੂਨਦਾਨ ਕੈਂਪ ਵਿੱਚ ਅਮਰੀਕ ਸਿੰਘ ਕਲੇਰ ਪਰਜੀਆ(ਸ਼ਾਹਕੋਟ) ਨੇ 120ਵੀਂ ਵਾਰ ਖ਼ੂਨਦਾਨ ਕੀਤਾ। ਇਸ ਮੌਕੇ ਲਗਾਤਾਰ ਖ਼ੂਨਦਾਨ ਕਰਨ ਵਾਲਿਆਂ ਨੂੰ ਸੰਸਥਾ ਵੱਲੋਂ ਸਨਮਾਨਿਤ ਕੀਤਾ ਗਿਆ।

# ਕੇਕ ਕੱਟ ਕੇ ਕੀਤੀ ਫਿਲਮ 'ਡਾਕੂਆਂ ਦਾ ਮੁੰਡਾ 3' ਦੀ ਰਿਲੀਜ਼ਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਅਦਾਕਾਰ ਦੇਵ ਖਰੌੜ, ਬਾਣੀ ਸੰਧੂ ਅਤੇ ਹੁਸ਼ਿਆਰਪੁਰ ਦੀ ਬੇਟੀ ਦ੍ਰਿਸ਼ਟੀ ਤਲਵਾੜ ਦੀ ਨਵੀਂ ਆਈ ਪੰਜਾਬੀ ਫਿਲਮ 'ਡਾਕੂਆਂ ਦਾ ਮੁੰਡਾ 3' ਦੀ ਹੁਸ਼ਿਆਰਪੁਰ ਦੇ ਮਿਰਾਜ਼ ਸਿਨੇ ਪਲੈਕਸ 'ਚ ਕੇਕ ਕੱਟ ਕੇ ਰਿਲੀਜ਼ਿੰਗ ਕੀਤੀ ਗਈ । ਇਸ ਫਿਲਮ ਵਿੱਚ ਹੁਸ਼ਿਆਰਪੁਰ ਦੇ ਪ੍ਰਸਿੱਧ ਸਮਾਜ ਸੇਵੀ ਦੰਪਤੀ ਸੰਜੀਵ ਤਲਵਾੜ ਅਤੇ ਨੀਤੀ ਤਲਵਾੜ ਦੀ ਲਾਡਲੀ ਬੇਟੀ ਦ੍ਰਿਸ਼ਟੀ ਤਲਵਾੜ ਅਦਾਕਾਰੀ ਕਰ ਰਹੀ ਹੈ ਡਾਕੂਆਂ ਦਾ ਮੁੰਡਾ 3 ਦੇ ਪਹਿਲੇ ਸ਼ੋਅ ਦੀ ਰਿਲੀਜ਼ਿੰਗ ਮੌਕੇ ਦ੍ਰਿਸ਼ਟੀ ਤਲਵਾੜ ਦੇ ਪਿਤਾ ਸੰਜੀਵ ਤਲਵਾੜ ਤੇ ਮਾਤਾ ਨੀਤੀ ਤਲਵਾੜ ਨੇ ਕੇਕ ਕੱਟ ਕੇ ਖੁਸ਼ੀ ਮਨਾਈ ਅਤੇ ਬੇਟੀ ਦ੍ਰਿਸ਼ਟੀ ਨੂੰ ਸਪੋਰਟ ਕਰਨ ਵਾਲੇ ਸਮੂਹ ਹੁਸ਼ਿਆਰਪੁਰ ਵਾਸੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਦ੍ਰਿਸ਼ਟੀ ਦੇ ਇਸ ਸਿਲਵਰ ਸਕ੍ਰੀਨ ਦੇ ਮੁਸ਼ਕਿਲ ਸਫਰ ਵਿੱਚ ਸਮੂਹ ਹੁਸ਼ਿਆਰਪੁਰ ਵਾਸੀਆਂ ਦੇ ਅਸ਼ੀਰਵਾਦ ਦੀ ਲੋੜ ਹੈ। ਉਹਨਾਂ ਆਸ ਪ੍ਰਗਟਾਉਂਦਿਆਂ ਕਿਹਾ ਕਿ ਜਿਵੇਂ ਤਲਵਾੜ ਪਰਵਾਰ ਨੂੰ ਰਾਜਨੀਤੀ ਦੇ ਖੇਤਰ ਵਿੱਚ ਹੁਸ਼ਿਆਰਪੁਰ ਵਾਸੀਆਂ ਨੇ ਆਪਣਾ ਪਿਆਰ ਦਿੱਤਾ ਹੈ ਇਸੇ ਤਰ੍ਹਾਂ ਹੀ ਦ੍ਰਿਸ਼ਟੀ ਵੀ ਆਪਣੀ ਮਿਹਨਤ ਅਤੇ ਸਮਰਪਣ ਭਾਵਨਾ ਦੇ ਬਲਬੂਤੇ ਫਿਲਮ ਅਦਾਕਾਰੀ ਦੇ ਖੇਤਰ ਵਿੱਚ ਹੁਸ਼ਿਆਰਪੁਰ ਦਾ ਨਾਂਅ ਰੌਸ਼ਨ ਕਰੇਗੀ। ਸੰਜੀਵ ਤਲਵਾੜ ਨੇ ਦੱਸਿਆ ਕਿ ਇਸ ਫਿਲਮ ਦਾ ਵਿਸ਼ਾ ਵਸਤੂ ਯਥਾਰਥ ਦੇ ਬਿਲਕੁਲ ਨਜ਼ਦੀਕ ਹੈ ਅਤੇ ਹਰ ਫਿਲਮ ਵੇਖਣ ਵਾਲੇ ਨੂੰ ਮੌਜੂਦਾ ਪੰਜਾਬ ਦੇ ਅੱਜ ਦੇ ਹਾਲਾਤ ਨੂੰ ਨੇੜਿਓਂ ਦੇਖਣ ਦਾ ਮੌਕਾ ਮਿਲੇਗਾ। ਇਸ ਫਿਲਮ ਵਿੱਚ ਇਹ ਦੱਸਿਆ ਗਿਆ ਹੈ ਕਿ ਚਿੱਟੇ ਦਾ ਵਪਾਰ ਕਿਵੇਂ ਕੁਝ ਭ੍ਰਿਸ਼ਟ ਅਤੇ ਸਵਾਰਥੀ ਸਰਕਾਰੀ ਅਧਿਕਾਰੀਆਂ ਅਤੇ ਰਾਜਨੀਤੀਵਾਨਾਂ ਦੀ ਸ਼ਹਿ 'ਤੇ ਹੋਣਹਾਰ ਸੂਝਵਾਨ ਅਤੇ ਉੱਚੇ ਸੁਪਨੇ ਰੱਖਦੀ ਨੌਜਵਾਨ ਪੀੜ੍ਹੀ ਨੂੰ ਨਿਗਲ ਰਿਹਾ ਹੈ ਅਤੇ ਉਨ੍ਹਾਂ ਨੂੰ ਗੈਂਗਸਟਰਵਾਦ ਦੇ ਰਾਹ ਤੋਰ ਰਿਹਾ ਹੈ । ਉਹਨਾਂ ਦਾਅਵਾ ਕੀਤਾ ਕਿ ਇਹ ਫਿਲਮ ਪ੍ਰਚਲਤ ਪੰਜਾਬੀ ਫ਼ਿਲਮਾਂ ਨਾਲੋਂ ਹਟ ਕੇ ਵਿਸ਼ਾ ਵਸਤੂ, ਅਦਾਕਾਰੀ ਅਤੇ ਸਿਨੇਮਾਟੋਗ੍ਰਾਫੀ ਦੇ ਖੇਤਰ ਵਿੱਚ ਨਵੀਆਂ ਪੈੜਾਂ ਪਾਵੇਗੀ । ਇਸ ਮੌਕੇ ਸਰਬਤ ਦਾ ਭਲਾ ਸੁਸਾਇਟੀ ਦੇ ਆਗਿਆਪਾਲ ਸਿੰਘ ਸਾਹਨੀ, ਕੁਲਵਿੰਦਰ ਸਿੰਘ ਜੰਡਾ, ਸਰਬਜੀਤ ਕੌਰ, ਆਗਿਆਪਾਲ ਸਿੰਘ, ਰੰਜੀਵ ਤਲਵਾੜ, ਹਰਕਮਲ ਕਲਸੀ, ਜੀਵਨ ਕੁਮਾਰ, ਭੁਪਿੰਦਰ ਸਿੰਘ, ਸੁਮਿਤ ਗੁਪਤਾ, ਬਲਵੀਰ ਕੌਰ ਰਾਜਕੁਮਾਰੀ, ਅਗਮਪ੍ਰੀਤ ਕੌਰ, ਸਰਬਜੀਤ ਕੌਰ, ਸੋਨੀਆ ਤਲਵਾੜ, ਪ੍ਰੀਆ ਸੈਣੀ, ਕ੍ਰਿਸ਼ਨਾ ਥਾਪਰ, ਸੀਮਾ, ਸਵਿਤਾ ਸਹਾਰਨ ਅਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖਸੀਅਤਾਂ ਹਾਜ਼ਰ ਸਨ।

# ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਵੱਲੋਂ ਰਾਸ਼ਨ ਡੀਪੂਆਂ ਦਾ ਅਚਨਚੇਤ ਨਿਰੀਖਣ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਰਾਸ਼ਟਰੀ ਖੁਰਾਕ ਸੁਰੱਖਿਆ ਐਕਟ ਦੇ ਉਪਬੰਧਾਂ ਦੀ ਪਾਲਣਾ ਨੂੰ ਯਕੀਨੀ ਬਣਾਉਣ ਲਈ ਪੰਜਾਬ ਰਾਜ ਖੁਰਾਕ ਕਮਿਸ਼ਨ ਵੰਡੀ ਜਾ ਰਹੀ ਕਣਕ ਦੀ ਗੁਣਵੱਤਾ ਅਤੇ ਮਾਤਰਾ ਵਿਚ ਪਾਰਦਰਸ਼ਤਾ ਬਣਾਈ ਰੱਖਣ ਲਈ ਸਰਕਾਰੀ ਰਾਸ਼ਨ ਡੀਪੂਆਂ 'ਤੇ ਨਿਯਮਤ ਤੌਰ 'ਤੇ ਅਚਾਨਕ ਨਿਰੀਖਣ ਕਰਦਾ ਰਹੇਗਾ। ਇਸ ਯੋਜਨਾ ਨੂੰ ਲਾਗੂ ਕਰਨ ਵਿਚ ਲਾਪਰਵਾਹੀ ਵਰਤਣ ਵਾਲੇ ਕਿਸੇ ਵੀ ਵਿਅਕਤੀ ਵਿਰੁੱਧ ਸਖਤ ਕਾਰਵਾਈ ਕੀਤੀ ਜਾਵੇਗੀ। ਇਹ ਗੱਲ ਪੰਜਾਬ ਰਾਜ ਖੁਰਾਕ ਕਮਿਸ਼ਨ ਦੇ ਮੈਂਬਰ ਵਿਜੇ ਦੱਤ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਕਈ ਸਰਕਾਰੀ ਰਾਸ਼ਨ ਡੀਪੂਆਂ ਦੇ ਅਚਨਚੇਤ ਨਿਰੀਖਣ ਦੌਰਾਨ ਕਹੀ। ਵਿਜੇ ਦੱਤ ਨੇ ਗੜ੍ਹਸ਼ੰਕਰ ਖੇਤਰ ਦੇ ਚੱਕ ਗੁਰੂ, ਰੁੜਕੀ ਖਾਸ, ਅਲੀਪੁਰ ਅਤੇ ਬਾਰਨਪੁਰ ਪਿੰਡਾਂ ਵਿਚ ਸਥਿਤ ਰਾਸ਼ਨ ਡੀਪੂਆਂ ਦਾ ਨਿਰੀਖਣ ਕੀਤਾ। ਉਨ੍ਹਾਂ ਨੇ ਡਿਜੀਟਲ ਨਮੀ ਮੀਟਰ ਦੀ ਵਰਤੋਂ ਕਰਕੇ ਕਣਕ ਦੇ ਨਮੀ ਦੇ ਪੱਧਰ ਦੀ ਜਾਂਚ ਕੀਤੀ, ਜੋ ਕਿ ਨਿਰਧਾਰਤ ਮਾਪਦੰਡਾਂ ਦੇ ਅੰਦਰ ਪਾਇਆ ਗਿਆ। ਨਿਰੀਖਣ ਦੌਰਾਨ ਖੁਰਾਕ ਸਪਲਾਈ ਵਿਭਾਗ ਦੇ ਅਧਿਕਾਰੀ ਵੀ ਮੌਜੂਦ ਸਨ। ਉਨ੍ਹਾਂ ਦੱਸਿਆ ਕਿ ਸਰਕਾਰ ਅਪ੍ਰੈਲ ਤੋਂ ਜੂਨ ਤੱਕ ਤਿੰਨ ਮਹੀਨਿਆਂ ਦੀ ਮਿਆਦ ਲਈ ਕਣਕ ਵੰਡ ਯੋਜਨਾ ਚਲਾ ਰਹੀ ਹੈ। ਸਰਕਾਰ ਵੱਲੋਂ ਪ੍ਰਦਾਨ ਕੀਤੀਆਂ ਗਈਆਂ ਬਾਇਓਮੈਟ੍ਰਿਕ ਮਸ਼ੀਨਾਂ ਅਤੇ ਇਲੈਕਟ੍ਰਾਨਿਕ ਤੋਲਣ ਵਾਲੇ ਪੈਮਾਨਿਆਂ ਦੀ ਵਰਤੋਂ ਨਾਲ, ਹਰੇਕ ਡੀਪੂ 'ਤੇ ਵੰਡ ਪ੍ਰਕਿਰਿਆ ਵਧੇਰੇ ਪਾਰਦਰਸ਼ੀ ਅਤੇ ਕੁਸ਼ਲ ਹੋ ਗਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਅਜਿਹੇ ਅਚਨਚੇਤ ਦੌਰੇ ਭਵਿੱਖ ਵਿਚ ਵੀ ਜਾਰੀ ਰਹਿਣਗੇ ਅਤੇ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਾਰੇ ਯੋਗ ਲਾਭਪਾਤਰੀਆਂ ਨੂੰ ਅਪੀਲ ਕੀਤੀ ਕਿ ਜਿਨ੍ਹਾਂ ਨੇ ਅਜੇ ਤੱਕ ਆਪਣਾ ਤਿੰਨ ਮਹੀਨਿਆਂ ਦਾ ਕਣਕ ਦਾ ਕੋਟਾ ਇਕੱਠਾ ਨਹੀਂ ਕੀਤਾ, ਉਹ ਆਪਣੇ ਨਜ਼ਦੀਕੀ ਰਾਸ਼ਨ ਡੀਪੂ ਤੋਂ ਅਜਿਹਾ ਕਰਨ। ਇਸ ਤੋਂ ਇਲਾਵਾ, ਉਨ੍ਹਾਂ ਹਦਾਇਤ ਕੀਤੀ ਕਿ ਪੰਜਾਬ ਰਾਜ ਖੁਰਾਕ ਕਮਿਸ਼ਨ ਦਾ ਹੈਲਪਲਾਈਨ ਨੰਬਰ 9876764545 ਸਾਰੇ ਰਾਸ਼ਨ ਡੀਪੂਆਂ 'ਤੇ ਸਪੱਸ਼ਟ ਤੌਰ 'ਤੇ ਪ੍ਰਦਰਸ਼ਿਤ ਕੀਤਾ ਜਾਣਾ ਚਾਹੀਦਾ ਹੈ। ਕੋਈ ਵੀ ਲਾਭਪਾਤਰੀ ਇਸ ਹੈਲਪਲਾਈਨ ਰਾਹੀਂ ਯੋਜਨਾ ਨਾਲ ਸਬੰਧਤ ਸ਼ਿਕਾਇਤਾਂ ਦਰਜ ਕਰਵਾ ਸਕਦਾ ਹੈ।

# ਦਰਬਾਰ ਚੋਲੀਪੁਰ ਦੇ ਸਾਲਾਨਾ ਸੂਫੀਆਨਾ ਮੇਲੇ ਸੰਬੰਧੀ ਪੋਸਟਰ ਜਾਰੀ



**ਅੱਡਾ ਸਰਾਂ (ਜਸਵੀਰ ਕਾਜਲ)**- ਬਾਬਾ ਹਰਸ਼ੈਹ ਜੀ ਅਤੇ ਬਾਬਾ ਮੇਹਰ ਸ਼ਾਹ ਜੀ ਦੇ ਦਰਬਾਰ ਚੋਲੀਪੁਰ ਨੇੜੇ ਪਿੰਡ ਧੁਰੀਆਂ ਸਰਾਈਂ ਵਿਖੇ ਸਾਲਾਨਾ ਭੰਡਾਰਾ ਅਤੇ ਸੂਫੀਆਨਾ ਮੇਲੇ ਸਬੰਧੀ ਦਰਬਾਰ ਦੇ ਮੁੱਖ ਪ੍ਰਬੰਧਕ ਗੱਦੀਨਸ਼ੀਨ ਸੰਤ ਬਾਬਾ ਸੋਢੀ ਸ਼ਾਹ ਵਲੋਂ ਪੋਸਟਰ ਜਾਰੀ ਕੀਤਾ ਗਿਆ। ਸਮੂਹ ਸੇਵਾਦਾਰਾਂ ਅਤੇ ਸੰਗਤਾਂ ਦੀ ਹਾਜ਼ਰੀ ਵਿੱਚ ਸੰਤ ਬਾਬਾ ਸੋਢੀ ਸ਼ਾਹ ਨੇ ਪੋਸਟਰ ਜਾਰੀ ਕਰਦੇ ਹੋਏ ਦੱਸਿਆ ਕਿ ਸਲਾਨਾ ਸੂਫੀਆਨਾ ਮੇਲਾ ਅਤੇ ਦਰਬਾਰ ਚੋਲੀਪੁਰ ਦਾ ਸਲਾਨਾ ਭੰਡਾਰਾ 21 ਜੂਨ ਨੂੰ ਹੋਵੇਗਾ, ਜਿਸ ਦੌਰਾਨ 20 ਜੂਨ ਨੂੰ ਸਲਾਨਾ ਭੰਡਾਰੇ ਦੀ ਆਰੰਭਤਾ ਦਰਬਾਰ ਵਿੱਚ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਕਰਦੇ ਹੋਏ ਆਰੰਭ ਹੋ ਜਾਵੇਗੀ। ਬਾਬਾ ਜੀ ਨੇ ਹੋਰ ਦੱਸਿਆ ਕਿ 21 ਜੂਨ ਨੂੰ ਸਵੇਰੇ 10 ਵਜੇ ਤੋਂ ਲੈ ਕੇ 6 ਵਜੇ ਤੱਕ ਸੂਫੀਆਨਾ ਦਰਬਾਰ ਸਜਾਇਆ ਜਾਵੇਗਾ ਜਿਸ ਵਿੱਚ ਪ੍ਰਸਿੱਧ ਗਾਇਕ ਮਾਸ਼ਾ ਅਲੀ, ਪਰਵੇਜ਼ ਆਲਮ, ਉਮਰ ਦਰਾਜ ਚਿਸ਼ਤੀ, ਮੁਨਾਵਰ ਅਲੀ, ਬਖਸ਼ੀਸ਼ ਕੱਵਾਲ ਐਂਡ ਪਾਰਟੀ ਜਲੰਧਰ, ਮਲਕੀਤ ਬੁੱਲਾ ਅਤੇ ਹੋਰ ਕਲਾਕਾਰ ਪਹੁੰਚ ਕੇ ਸੂਫੀਆਨਾ ਪ੍ਰੋਗਰਾਮ ਪੇਸ਼ ਕਰਨਗੇ। ਇਸ ਮੌਕੇ ਸੇਵਾਦਾਰਾਂ ਨੇ ਦੱਸਿਆ ਕਿ ਸਲਾਨਾ ਸੂਫੀਆਨਾ ਮੇਲੇ ਨੂੰ ਮੁੱਖ ਰੱਖਦਿਆਂ ਦਰਬਾਰ ਚੋਲੀਪੁਰ ਵਿੱਚ ਵੱਖ-ਵੱਖ ਤਿਆਰੀਆਂ ਜ਼ੋਰਾਂ ਨਾਲ ਚੱਲ ਰਹੀਆਂ ਹਨ ਜਿਸ ਦੌਰਾਨ ਦਰਬਾਰ ਵਿੱਚ ਸੰਗਤ ਦੇ ਬੈਠਣ ਵਾਸਤੇ ਪਾਰਕਿੰਗ ਵਾਸਤੇ ਲੰਗਰ ਵਾਸਤੇ ਤੇ ਲਗਾਏ ਜਾਣ ਵਾਲੇ ਵੱਖ ਵੱਖ ਮੈਡੀਕਲ ਚੈੱਕਅਪ ਕੈਂਪਾਂ ਵਾਸਤੇ ਵੀ ਸਮੁੱਚੇ ਪ੍ਰਬੰਧ ਕੀਤੇ ਜਾ ਰਹੇ ਹਨ।

# ਢਾਈ ਦਰਜਨ ਮੁੱਖ ਅਧਿਆਪਕਾਂ ਨੂੰ ਨੌਕਰੀ ਤੋਂ ਹਟਾਉਣਾ ਮੰਦਭਾਗਾ : ਜੀ ਟੀ ਯੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**— ਪੰਜਾਬ ਵਿਚ ਆਮ ਆਦਮੀ ਪਾਰਟੀ ਦੀ ਸਰਕਾਰ ਵਲੋਂ ਸੂਬੇ 'ਚੋਂ ਬੇਰੁਜ਼ਗਾਰੀ ਖਤਮ ਕਰਨ ਲਈ ਘਰ-ਘਰ ਰੁਜ਼ਗਾਰ ਦੇਣ ਦੇ ਵੱਡੇ-ਵੱਡੇ ਦਾਅਵੇ ਕੀਤੇ ਜਾ ਰਹੇ, ਪਰ ਦੂਜੇ ਪਾਸੇ ਪੰਜਾਬ ਦੇ ਸਿੱਖਿਆ ਵਿਭਾਗ 'ਚ ਸਮੱਗਰਾ ਸਿੱਖਿਆ ਅਭਿਆਨ ਤਹਿਤ ਠੇਕਾ ਸਿਸਟਮ ਤਹਿਤ ਭਰਤੀ ਕੀਤੇ ਗਏ ਢਾਈ ਦਰਜਨ ਮੁੱਖ ਅਧਿਆਪਕਾਂ ਨੂੰ ਪੰਜ ਸਾਲਾਂ ਬਾਅਦ ਨੌਕਰੀ ਤੋਂ ਕੱਢ ਦਿੱਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ, ਜਿਸ ਨਾਲ ਇਨ੍ਹਾਂ ਅਧਿਆਪਕਾਂ ਸਮੇਤ ਸਮੁੱਚੇ ਅਧਿਆਪਕ ਵਰਗ 'ਚ ਰੋਸ ਪਾਇਆ ਜਾ ਰਿਹਾ ਹੈ। ਇਸ ਮੌਕੇ ਗੌਰਮੈਂਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਿੰਸੀਪਲ ਅਮਨਦੀਪ ਸ਼ਰਮਾ ਅਤੇ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਇਨ੍ਹਾਂ ਮੁੱਖ ਅਧਿਆਪਕਾਂ ਦੀਆਂ ਪੰਜ ਸਾਲ ਦੀਆਂ ਸੇਵਾਵਾਂ ਨੂੰ ਵੇਖਦਿਆਂ ਪੰਜਾਬ ਸਰਕਾਰ ਤੋਂ ਮਾਮਲੇ ਨੂੰ ਹਮਦਰਦੀ ਨਾਲ ਵਿਚਾਰਨ ਅਤੇ ਇਹਨਾਂ ਦੀਆਂ ਸੇਵਾਵਾਂ ਬਹਾਲ ਕਰਨ ਦੀ ਮੰਗ ਕੀਤੀ ਹੈ। ਦਰਅਸਲ ਤਤਕਾਲੀ ਸੂਬਾ ਸਰਕਾਰ ਨੇ ਸਾਲ 2013 ਵਿਚ ਪੰਜਾਬ ਸਿੱਖਿਆ ਵਿਭਾਗ ਵਿਚ ਰਾਸ਼ਟਰੀ ਮਾਧਮਿਕ ਸਿੱਖਿਆ ਅਭਿਆਨ ਤਹਿਤ ਠੇਕਾ ਸਿਸਟਮ ਦੇ ਆਧਾਰ 'ਤੇ 256 ਮੁੱਖ ਅਧਿਆਪਕਾਂ ਨੂੰ ਭਰਤੀ ਕਰਨ ਦਾ ਇਸ਼ਤਿਹਾਰ ਜਾਰੀ ਕੀਤਾ ਸੀ, ਜਿਸ ਵਿਚ ਕੁੱਝ ਉਮੀਦਵਾਰਾਂ ਦੇ ਭਰਤੀ ਲਈ ਅਪਲਾਈ ਕਰਨ ਦੀ ਆਖ਼ਰੀ ਤਾਰੀਕ 27 ਨਵੰਬਰ 2013 ਤੋਂ ਬਾਅਦ ਤਜਰਬਾ ਸਰਟੀਫਿਕੇਟ ਜ਼ਿਲ੍ਹਾ ਸਿੱਖਿਆ ਅਫਸਰ ਦੇ ਪ੍ਰਤੀ ਹਸਤਾਖਰ ਨਾ ਹੋਣ ਦੇ ਚੱਲਦਿਆਂ ਹਾਈਕੋਰਟ ਦਾ ਦਰਵਾਜ਼ਾ ਖੜਕਾਇਆ ਸੀ ਤੇ ਹਾਈਕੋਰਟ ਦੇ ਸਿੰਗਲ ਬੈਂਚ ਵਲੋਂ ਸਾਲ 2020 ਵਿਚ ਇਨ੍ਹਾਂ 29 ਮੁੱਖ ਅਧਿਆਪਕਾਂ ਨੂੰ ਭਰਤੀ ਕਰਨ ਦਾ ਹੁਕਮ ਸੁਣਾਇਆ ਸੀ ,ਜਦਕਿ ਉਸ ਸਮੇਂ ਅਯੋਗ ਘੋਸ਼ਿਤ ਕੀਤੀ ਦੂਸਰੀ ਧਿਰ ਦੇ 40 ਮੁੱਖ ਅਧਿਆਪਕਾਂ ਨੇ ਇਨ੍ਹਾਂ ਦੀ ਭਰਤੀ ਖਿਲਾਫ਼ ਹਾਈ ਕੋਰਟ 'ਚ ਡਬਲ ਬੈਂਚ ਕੋਲ ਕੇਸ ਲਗਾਇਆ ਅਤੇ ਡਬਲ ਬੈਂਚ ਦਾ ਫੈਸਲਾ ਇਨ੍ਹਾਂ 29 ਮੁੱਖ ਅਧਿਆਪਕਾਂ ਖਿਲਾਫ਼ ਆਇਆ ਤਾਂ ਇਹ ਮੁੱਖ ਅਧਿਆਪਕ ਸੁਪਰੀਮ ਕੋਰਟ 'ਚ ਚਲੇ ਗਏ ਜਿਸ ਦਾ ਫੈਸਲਾ ਅਜੇ ਆਉਣਾ ਬਾਕੀ ਹੈ ਜਿਸ ਦੀ ਅਗਲੀ ਤਰੀਕ 14 ਜੁਲਾਈ ਹੈ। ਪਰ ਪਰ ਸੁਪਰੀਮ ਕੋਰਟ ਦਾ ਫੈਸਲਾ ਆਉਣ ਤੋਂ ਪਹਿਲਾਂ ਹੀ ਪੰਜਾਬ ਸਰਕਾਰ ਸਿੱਖਿਆ ਵਿਭਾਗ ਦੇ 10 ਜੂਨ ਦੇ ਪੱਤਰ ਨੰਬਰ ਸਮੱਗਰਾ 92018/161949 ਜਾਰੀ ਕਰਦੇ ਹੋਏ ਇਨ੍ਹਾਂ 29 ਮੁੱਖ ਅਧਿਆਪਕਾਂ ਦਾ ਪੱਖ ਜਾਨਣ ਤੋਂ ਬਿਨਾਂ ਹੀ ਨੂੰ ਉਨ੍ਹਾਂ ਨੂੰ ਠੇਕਾ ਆਧਾਰਿਤ ਨੌਕਰੀ ਤੋਂ ਹਟਾਉਣ ਦਾ ਹੁਕਮ ਜਾਰੀ ਕਰ ਦਿੱਤਾ ਹੈ। ਸੀਨੀਅਰ ਮੀਤ ਪ੍ਰਧਾਨ ਪ੍ਰਿਤਪਾਲ ਸਿੰਘ ਚੋਟਾਲਾ ਅਤੇ ਅਮਰ ਸਿੰਘ ਨੇ ਕਿਹਾ ਨੇ ਕਿਹਾ ਕਿ ਸੂਬਾ ਸਰਕਾਰ ਨੇ ਪੰਜ ਸਾਲਾ ਬਾਅਦ ਇਨ੍ਹਾਂ ਮੁੱਖ ਅਧਿਆਪਕਾਂ ਦੀਆਂ ਸੇਵਾਵਾਂ ਖਤਮ ਕਰਕੇ ਤਨਖਾਹ 'ਤੇ ਚਲਦੇ ਇਨ੍ਹਾਂ ਦੇ ਘਰਾਂ ਦੇ ਚੁੱਲੇ ਠੰਢੇ ਕਰ ਰਹੀ ਹੈ , ਜੋ ਕਿ ਪੂਰੀ ਤਰ੍ਹਾਂ ਗੈਰ ਵਾਜਿਬ ਹੈ ਆਗੂਆਂ ਨੇ ਪੁਰਾਣੇ ਮੁੱਖ ਅਧਿਆਪਕ ਦੀਆਂ ਸੇਵਾਵਾਂ ਸੁਰੱਖਿਅਤ ਰੱਖਣ ਦੇ ਨਾਲ ਨਾਲ ਸੇਵਾਵਾਂ ਤੋਂ ਬਰਖਾਸਤ ਕੀਤੇ 29 ਨੂੰ ਵਿਭਾਗ ਵਿੱਚ ਲੈ ਕੇ ਅਡਜਸਟ ਕਰਨ ਦੀ ਮੰਗ ਕੀਤੀ ਹੈ। ਇਸ ਮੌਕੇ ਸੰਜੀਵ ਧੂਤ, ਸਚਿਨ ਕੁਮਾਰ, ਸਰਬਜੀਤ ਸਿੰਘ, ਪਰਮਜੀਤ ਸਿੰਘ, ਅਮਰ ਸਿੰਘ, ਨਰਿੰਦਰ ਮੰਗਲ, ਵਿਕਾਸ ਸ਼ਰਮਾ, ਰਾਜ ਕੁਮਾਰ ,ਪ੍ਰਿੰਸ ਗੜ੍ਹਦੀਵਾਲ, ਸੰਦੀਪ ਹੁਸ਼ਿਆਰਪੁਰ ਅਤੇ ਹੋਰ ਹਾਜ਼ਰ ਸਨ।

# ਤਰੁਣ ਚੁੱਘ ਤੇ ਭਾਜਪਾ ਆਗੂਆਂ ਨੂੰ ਪੰਜਾਬ ਦੀ ਜ਼ਮੀਨੀ ਹਕੀਕਤ ਦੀ ਰਤਾ ਵੀ ਸਮਝ ਨਹੀਂ : ਦੀਪਕ ਬਾਲੀ



**ਚੰਡੀਗੜ੍ਹ (ਗੁਰਜੀਤ ਬਿੱਲਾ)**— ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਜਨਰਲ ਸਕੱਤਰ ਦੀਪਕ ਬਾਲੀ ਨੇ ਭਾਜਪਾ ਨੇਤਾ ਤਰੁਣ ਚੁੱਘ ਦੇ ਪੰਜਾਬ ਦੀ ਲੈਂਡ ਪੂਲਿੰਗ ਨੀਤੀ ਬਾਰੇ ਗੁੰਮਰਾਹਕੁੰਨ ਬਿਆਨਾਂ ਦੀ ਸਖ਼ਤ ਆਲੋਚਨਾ ਕੀਤੀ। ਬਾਲੀ ਨੇ ਚੁੱਘ ਦੇ ਬੇਬੁਨਿਆਦ ਦੋਸ਼ਾਂ, ਇਹ ਨੀਤੀ ਕਿਸਾਨਾਂ ਨੂੰ ਧੋਖਾ ਦੇਣ ਅਤੇ ਉਨ੍ਹਾਂ ਦੀਆਂ ਜ਼ਮੀਨਾਂ 'ਤੇ ਕਬਜ਼ਾ ਕਰਨ ਦੀ ਸਾਜ਼ਿਸ਼ ਸੀ 'ਤੇ ਹੈਰਾਨੀ ਪ੍ਰਗਟ ਕੀਤੀ ਬਾਲੀ ਨੇ ਕਿਹਾ, 'ਇੱਕ ਅਜਿਹੇ ਵਿਅਕਤੀ ਤੋਂ ਅਜਿਹੀਆਂ ਟਿੱਪਣੀਆਂ ਸੁਣਨਾ ਹੈਰਾਨੀਜਨਕ ਹੈ ਜਿਸ ਨੂੰ ਪੰਜਾਬ ਦੀਆਂ ਸਮਾਜਿਕ-ਆਰਥਿਕ ਅਤੇ ਰਾਜਨੀਤਿਕ ਹਕੀਕਤਾਂ ਬਾਰੇ ਕੋਈ ਜਾਣਕਾਰੀ ਨਹੀਂ ਹੈ। ਜੇਕਰ ਉਨ੍ਹਾਂ ਕੋਲ ਤੱਥਾਂ ਦੀ ਘਾਟ ਹੈ ਤਾਂ ਉਨ੍ਹਾਂ ਨੂੰ ਘੱਟੋ-ਘੱਟ ਚੁੱਪ ਰਹਿਣਾ ਚਾਹੀਦਾ ਹੈ। ਪੰਜਾਬ ਦੀ ਲੈਂਡ ਪੂਲਿੰਗ ਨੀਤੀ ਦੇਸ਼ ਦੀਆਂ ਸਭ ਤੋਂ ਵੱਧ ਕਿਸਾਨ-ਪੱਖੀ ਯੋਜਨਾਵਾਂ ਵਿੱਚੋਂ ਇੱਕ ਹੈ, ਜੋ ਕਿਸਾਨਾਂ ਨੂੰ ਸਸ਼ਕਤ ਬਣਾਉਣ ਲਈ ਬਣਾਈ ਗਈ ਹੈ।' ਨੀਤੀ ਦੇ ਫ਼ਾਇਦਿਆਂ ਬਾਰੇ ਦੱਸਦੇ ਹੋਏ ਬਾਲੀ ਨੇ ਕਿਹਾ, 'ਪਹਿਲਾਂ, ਬਿਲਡਰ, ਜਿਨ੍ਹਾਂ ਵਿੱਚੋਂ ਬਹੁਤ ਸਾਰੇ ਭਾਜਪਾ ਨਾਲ ਜੁੜੇ ਹੋਏ ਸਨ, ਕਿਸਾਨਾਂ ਦੀਆਂ ਜ਼ਮੀਨਾਂ ਘੱਟ ਕੀਮਤਾਂ 'ਤੇ ਹਾਸਲ ਕਰਦੇ ਸਨ ਅਤੇ ਉਨ੍ਹਾਂ ਨੂੰ ਬਹੁਤ ਜ਼ਿਆਦਾ ਦਰਾਂ 'ਤੇ ਵੇਚਦੇ ਸਨ। 'ਆਪ' ਸਰਕਾਰ ਨੇ ਇਸ ਸ਼ੋਸ਼ਣ ਨੂੰ ਖ਼ਤਮ ਕਰ ਦਿੱਤਾ ਹੈ। ਇਸ ਪਾਰਦਰਸ਼ੀ ਅਤੇ ਸਵੈ-ਇੱਛਤ ਨੀਤੀ ਰਾਹੀਂ, ਕਿਸਾਨਾਂ ਨੂੰ ਵਿਕਾਸ ਪ੍ਰੋਜੈਕਟਾਂ ਵਿੱਚ ਹਿੱਸੇਦਾਰਾਂ ਵਜੋਂ ਹਿੱਸਾ ਲੈਣ ਦਾ ਵਿਕਲਪ ਦਿੱਤਾ ਗਿਆ ਹੈ ਜੋ ਇਹ ਯਕੀਨੀ ਬਣਾਉਂਦਾ ਹੈ ਕਿ ਉਨ੍ਹਾਂ ਨੂੰ ਮੁਨਾਫ਼ੇ ਦਾ ਹਿੱਸਾ ਅਤੇ ਉਨ੍ਹਾਂ ਦੀਆਂ ਜ਼ਮੀਨਾਂ 'ਤੇ ਕਾਫ਼ੀ ਜ਼ਿਆਦਾ ਰਿਟਰਨ ਮਿਲੇ।' ਬਾਲੀ ਨੇ ਕਿਹਾ ਕਿ ਨੀਤੀ ਦਾ ਉਦੇਸ਼ ਕਿਸਾਨਾਂ ਅਤੇ ਸ਼ਹਿਰੀ ਨਿਵਾਸੀਆਂ ਦੋਵਾਂ ਨੂੰ ਉੱਚਾ ਚੁੱਕਣਾ ਹੈ। ਸਰਕਾਰ ਸੜਕਾਂ, ਬਿਜਲੀ, ਪਾਣੀ ਅਤੇ ਸੀਵਰੇਜ ਪ੍ਰਣਾਲੀਆਂ ਸਮੇਤ ਬੁਨਿਆਦੀ ਢਾਂਚੇ ਦੇ ਵਿਕਾਸ ਦੀ ਪੂਰੀ ਜ਼ਿੰਮੇਵਾਰੀ ਲੈਂਦੀ ਹੈ। ਕਿਸਾਨਾਂ ਨੂੰ ਵਿਕਸਤ ਜ਼ਮੀਨ ਦਾ ਇੱਕ ਹਿੱਸਾ ਮਿਲਦਾ ਹੈ ਜੋ ਉਨ੍ਹਾਂ ਦੀ ਅਸਲ ਜਾਇਦਾਦ ਨਾਲੋਂ ਕਾਫ਼ੀ ਜ਼ਿਆਦਾ ਕੀਮਤੀ ਹੈ।ਬਾਲੀ ਨੇ ਚੁੱਘ ਵੱਲੋਂ ਜਨਤਾ ਨੂੰ ਗੁੰਮਰਾਹ ਕਰਨ ਦੀਆਂ ਕੋਸ਼ਿਸ਼ਾਂ ਦੀ ਨਿੰਦਾ ਕਰਦੇ ਹੋਏ ਕਿਹਾ, 'ਅਜਿਹੀ ਪ੍ਰਗਤੀਸ਼ੀਲ ਨੀਤੀ ਬਾਰੇ ਗ਼ਲਤ ਜਾਣਕਾਰੀ ਫੈਲਾਉਣਾ ਸਿਰਫ ਭਾਜਪਾ ਦੇ ਪੰਜਾਬ ਵਿੱਚ ਭੰਬਲਭੂਸਾ ਪੈਦਾ ਕਰਨ ਅਤੇ ਵਿਕਾਸ ਵਿੱਚ ਰੁਕਾਵਟ ਪਾਉਣ ਦੇ ਉਨ੍ਹਾਂ ਦੇ ਏਜੰਡੇ ਨੂੰ ਉਜਾਗਰ ਕਰਦਾ ਹੈ। ਉਹ ਪੰਜਾਬ ਸਰਕਾਰ ਅਤੇ ਕਿਸਾਨਾਂ ਵਿਚਕਾਰ ਤਣਾਅ ਪੈਦਾ ਕਰਨਾ ਚਾਹੁੰਦੇ ਹਨ ਪਰ ਉਹ ਸਫਲ ਨਹੀਂ ਹੋਣਗੇ। ਉਨ੍ਹਾਂ ਕਿਹਾ ਕਿ ਬੇਬੁਨਿਆਦ ਬਿਆਨਬਾਜ਼ੀ ਦੀ ਬਜਾਏ, ਵਿਰੋਧੀ ਨੇਤਾਵਾਂ ਨੂੰ ਕਿਸਾਨਾਂ ਨੂੰ ਲਾਭ ਪਹੁੰਚਾਉਣ ਅਤੇ ਰਾਜ ਦੀ ਆਰਥਿਕਤਾ ਨੂੰ ਮਜ਼ਬੂਤ ਕਰਨ ਵਾਲੀਆਂ ਪਹਿਲਕਦਮੀਆਂ ਦਾ ਸਮਰਥਨ ਕਰਨਾ ਚਾਹੀਦਾ ਹੈ।' ਬਾਲੀ ਨੇ ਰਾਜਨੀਤਿਕ ਨੇਤਾਵਾਂ ਨੂੰ ਸੱਚਾਈ ਨੂੰ ਤਰਜੀਹ ਦੇਣ ਅਤੇ ਪੰਜਾਬ ਦੀ ਬਿਹਤਰੀ ਲਈ ਕੰਮ ਕਰਨ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਮੀਡੀਆ ਕਵਰੇਜ ਲਈ ਭਾਜਪਾ ਆਗੂ ਲੋਕਾਂ ਨੂੰ ਗੁੰਮਰਾਹ ਕਰਨਾ ਬੰਦ ਕਰਨ। ਪੰਜਾਬ ਦੇ ਲੋਕ ਇਮਾਨਦਾਰੀ ਅਤੇ ਸਪੱਸ਼ਟਤਾ ਦੇ ਹੱਕਦਾਰ ਹਨ, ਨਾ ਕਿ ਰਾਜਨੀਤਿਕ ਚਾਲਾਂ ਦੇ।

# ਮਾਨ ਨੇ ਕੀਤਾ ਸਰਕਾਰੀ ਨਸ਼ਾ ਛੁਡਾਊ ਕੇਂਦਰ ਦਾ ਦੌਰਾ



**ਫਗਵਾੜਾ (ਡ. ਰਮਨ)** ਆਮ ਆਦਮੀ ਪਾਰਟੀ ਦੇ ਵਿਧਾਨ ਸਭਾ ਹਲਕਾ ਫਗਵਾੜਾ ਦੇ ਇੰਚਾਰਜ ਜੋਗਿੰਦਰ ਸਿੰਘ ਮਾਨ ਨੇ ਸਥਾਨਕ ਸਿਵਲ ਹਸਪਤਾਲ 'ਚ ਸਥਾਪਤ ਨਸ਼ਾ ਛੁਡਾਊ ਕੇਂਦਰ ਦਾ ਦੌਰਾ ਕੀਤਾ। ਉਨ੍ਹਾਂ ਨੇ ਹਸਪਤਾਲ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ ਅਤੇ ਨਾਲ ਹੀ ਉੱਥੇ ਤਾਇਨਾਤ ਮੈਡੀਕਲ ਸਟਾਫ ਦੇ ਅਧਿਕਾਰੀਆਂ ਨਾਲ ਗੱਲਬਾਤ ਕੀਤੀ। ਡਾ. ਨਿਖਿਲ ਸੈਕਟਰਿਸਟ, ਡਾ. ਰਾਜੇਸ਼ ਅਤੇ ਡਾ. ਰਵੀ ਨੇ ਉਹਨਾਂ ਨੂੰ ਦੱਸਿਆ ਕਿ ਇਸ ਸਮੇਂ ਕੇਂਦਰ 'ਚ 20 ਬੈੱਡਾਂ ਦੀ ਸਹੂਲਤ ਹੈ ਅਤੇ 14 ਮਰੀਜ ਦਾਖਲ ਹੋ ਕੇ ਇਲਾਜ ਕਰਵਾ ਰਹੇ ਹਨ। ਮਰੀਜਾਂ ਨੂੰ ਦਵਾਈ ਦੇਣ ਤੋਂ ਇਲਾਵਾ ਉਹਨਾਂ ਦੀ ਕਾਊਂਸਲਿੰਗ ਵੀ ਕੀਤੀ ਜਾਂਦੀ ਹੈ ਤਾਂ ਕਿ ਉਹ ਨਸ਼ਾ ਛੱਡਣ ਦਾ ਮਜਬੂਤ ਇਰਾਦਾ ਕਰ ਸਕਣ। ਕਿਉਂਕਿ ਇਲਾਜ ਪੂਰਾ ਹੋਣ ਤੋਂ ਬਾਅਦ ਉਹਨਾਂ ਨੇ ਫਿਰ ਉਸੇ ਸਮਾਜ ਵਿੱਚ ਵਿਚਰਨਾ ਹੈ, ਜਿੱਥੇ ਫਿਰ ਕੋਈ ਝਾਂਸੇ 'ਚ ਲੈ ਕੇ ਨਸ਼ਾ ਕਰਵਾ ਸਕਦਾ ਹੈ। ਜੇਕਰ ਨਸ਼ਾ ਛੱਡ ਚੁੱਕੇ ਨੌਜਵਾਨਾਂ ਦੇ ਇਰਾਦੇ ਮਜਬੂਤ ਹੋਣਗੇ ਅਤੇ ਉਹ ਨਸ਼ਾ ਛੱਡਣ ਤੋਂ ਬਾਅਦ ਆਪਣੀ ਜਿੰਦਗੀ ਅਤੇ ਪਰਵਾਰ ਬਾਰੇ ਸੋਚਣਗੇ ਤਾਂ ਕਦੇ ਦੁਬਾਰਾ ਨਸ਼ਾ ਨਹੀਂ ਕਰਨਗੇ। ਜੋਗਿੰਦਰ ਸਿੰਘ ਮਾਨ ਨੇ ਹਸਪਤਾਲ ਦੇ ਪ੍ਰਬੰਧਾਂ ਬਾਰੇ ਸੰਤੁਸ਼ਟੀ ਦਾ ਪ੍ਰਗਟਾਵਾ ਕੀਤਾ ਅਤੇ ਨਾਲ ਹੀ ਮਰੀਜਾਂ ਨੂੰ ਮੁੱਢਲੀਆਂ ਤੇ ਹੋਰ ਸਿਹਤ ਸਹੂਲਤਾਂ 'ਚ ਕਿਸੇ ਤਰ੍ਹਾਂ ਦੀ ਤਕਲੀਫ ਨਾ ਹੋਣ ਦੇਣ ਦੀ ਗੱਲ ਕਹੀ। ਉਹਨਾਂ ਨਸ਼ੇ ਦੇ ਸ਼ਿਕਾਰ ਸਮੂਹ ਨੌਜਵਾਨਾਂ ਨੂੰ ਵੀ ਪੁਰਜੋਰ ਅਪੀਲ ਕੀਤੀ ਕਿ ਉਹ ਖੁਦ ਨਸ਼ਾ ਛੱਡਣ ਲਈ ਸਾਹਮਣੇ ਆਉਣ ਕਿਉਂਕਿ ਪੁਲਸ ਅਤੇ ਭਗਵੰਤ ਮਾਨ ਸਰਕਾਰ ਅਜਿਹੇ ਨੌਜਵਾਨਾਂ ਦੀ ਪੂਰੀ ਸਹਾਇਤਾ ਕਰਦੀ ਹੈ, ਜੋ ਖੁਦ ਆਪਣੀ ਮਰਜੀ ਦੇ ਨਾਲ ਨਸ਼ਾ ਛੱਡਣਾ ਚਾਹੁੰਦੇ ਹਨ।

# 'ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ' ਤਹਿਤ ਚਲਾਈ ਮੁਹਿੰਮ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸੀ.ਐਚ.ਸੀ ਹਾਰਟਾ ਬੱਡਲਾ ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਪੰਜਾਬ ਦੇ ਹੁਕਮਾਂ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ.ਪਵਨ ਕੁਮਾਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸੀਨੀਅਰ ਮੈਡੀਕਲ ਅਫਸਰ ਡਾ. ਮਨਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਬਲਾਕ ਹਾਰਟਾ ਬਡਲਾ ਅਧੀਨ ਪੈਂਦੇ ਮੈਰਿਜ ਪੈਲਸਾਂ, ਸਿਨਮਾ ਹਾਲ, ਫੂਡ ਸਟਾਲ ਅਤੇ ਮਿਠਾਈ ਦੀਆਂ ਦੁਕਾਨਾਂ ਵਿਖੇ ਡੇਂਗੂ ਦੀ ਰੋਕਥਾਮ ਸੰਬਧੀ ਹਰ ਸ਼ੁੱਕਰਵਾਰ-ਡੇਂਗੂ ਤੇ ਵਾਰ ਮੁਹਿੰਮ ਤਹਿਤ ਗਤੀਵਿਧੀਆਂ ਕੀਤੀਆਂ ਗਈਆਂ । ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦਿਆਂ ਐਸ.ਐਮ.ਓ ਡਾ.ਮਨਪ੍ਰੀਤ ਸਿੰਘ ਬੈਂਸ ਨੇ ਦੱਸਿਆ ਕਿ ਸਰਕਾਰ ਦੇ ਹੁਕਮਾਂ ਮੁਤਾਬਿਕ ਸੀ.ਐਚ.ਸੀ ਹਾਰਟਾ ਬਡਲਾ ਦੀ ਟੀਮ ਵਲੋਂ ਬਲਾਕ ਹਾਰਟਾ ਬਡਲਾ ਅਧੀਨ ਪੈਂਦੇ ਮੈਰਿਜ਼ ਪੈਲਸਾ, ਸਿਨਮਾ ਹਾਲ, ਫੂਡ ਸਟਾਲ ਅਤੇ ਮਿਠਾਈ ਦੀਆਂ ਦੁਕਾਨਾਂ ਵਿਖੇ ਡੇਂਗੂ ਦੇ ਲਾਰਵੇ ਦੀ ਚੈਕਿੰਗ ਕੀਤੀ ਗਈ ਅਤੇ ਪਾਏ ਗਏ ਡੇਂਗੂ ਮੱਛਰ ਦੇ ਲਾਰਵੇ ਨੂੰ ਮੌਕੇ 'ਤੇ ਹੀ ਨਸ਼ਟ ਕੀਤਾ ਗਿਆ ਤੇ ਸਿਹਤ ਕਰਮਚਾਰੀਆਂ ਵਲੋਂ ਮੌਕੇ 'ਤੇ ਹਾਜ਼ਰ ਲੋਕਾਂ ਅਤੇ ਮਾਲਕਾਂ ਨੂੰ ਜਾਗਰੂਕ ਵੀ ਕੀਤਾ ਗਿਆ। ਉਨ੍ਹਾਂ ਨੂੰ ਦੱਸਿਆ ਗਿਆ ਕਿ ਡੇਂਗੂ ਏਡੀਜ਼ ਨਾਂ ਦੇ ਮੱਛਰ ਦੇ ਕੱਟਣ ਨਾਲ ਫੈਲਦਾ ਹੈ ਜੋ ਕਿ ਸਾਫ ਖੜ੍ਹੇ ਪਾਣੀ ਵਿੱਚ ਪੈਦਾ ਹੁੰਦਾ ਹੈ ਅਤੇ ਦਿਨ ਵੇਲੇ ਕੱਟਦਾ ਹੈ। ਇਸ ਦੇ ਕੱਟਣ ਨਾਲ ਤੇਜ਼ ਬੁਖਾਰ, ਸਿਰ ਦਰਦ , ਮਾਸਪੇਸ਼ੀਆਂ ਵਿੱਚ ਦਰਦ, ਚਮੜੀ 'ਤੇ ਦਾਣੇ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਮਸੂੜਿਆਂ ਅਤੇ ਨੱਕ ਆਦਿ ਵਿੱਚੋਂ ਖੂਨ ਵਗਣਾ ਸ਼ੁਰੂ ਹੋ ਜਾਂਦਾ ਹੈ। ਉਨਾਂ ਕਿਹਾ ਕਿ ਕਿਸੇ ਵੀ ਤਰ੍ਹਾਂ ਦਾ ਬੁਖਾਰ ਹੋਣ ਦੀ ਸੂਰਤ ਵਿੱਚ ਜਲਦੀ ਤੋਂ ਜਲਦੀ ਨੇੜੇ ਦੇ ਸਿਹਤ ਕੇਂਦਰ ਵਿੱਚ ਜਾ ਕੇ ਆਪਣਾ ਟੈਸਟ ਕਰਵਾਉਣਾ ਚਾਹੀਦਾ ਹੈ। ਡੇਂਗੂ ਦਾ ਟੈਸਟ ਅਤੇ ਇਲਾਜ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਮੁਫਤ ਕੀਤਾ ਜਾਂਦਾ ਹੈ। ਡੇਂਗੂ ਦੀ ਰੋਕਥਾਮ ਅਤੇ ਬਚਾਓ ਸੰਬਧੀ ਉਨ੍ਹਾਂ ਕਿਹਾ ਕਿ ਸਾਨੂੰ ਹਰ ਸ਼ੁੱਕਰਵਾਰ ਨੂੰ ਇਨ੍ਹਾਂ ਥਾਂਵਾਂ 'ਤੇ ਪਏ ਕੂਲਰਾਂ, ਡਰੰਮਾਂ, ਫਰਿਜਾਂ ਦੀਆਂ ਟ੍ਰੇਆਂ, ਗਮਲਿਆਂ ਅਤੇ ਹੋਰ ਕਈ ਟੁੱਟੇ ਬਰਤਨਾਂ ਆਦਿ ਵਿੱਚ ਖੜ੍ਹੇ ਪਾਣੀ ਨੂੰ ਹਫਤੇ ਵਿੱਚ ਇੱਕ ਵਾਰ ਜ਼ਰੂਰ ਸਾਫ ਕਰਕੇ ਚੰਗੀ ਤਰ੍ਹਾਂ ਨਾਲ ਸੁਕਾ ਲੈਣਾ ਚਾਹੀਦਾ ਹੈ ਕਿਉਂਕਿ ਡੇਂਗੂ ਦਾ ਮੱਛਰ ਹਫਤੇ ਵਿੱਚ ਅੰਡੇ ਤੋਂ ਪੂਰਾ ਮੱਛਰ ਬਣਦਾ ਹੈ। ਛੱਤਾਂ 'ਤੇ ਰੱਖੀਆਂ ਪਾਣੀ ਵਾਲੀ ਟੈਂਕੀਆਂ ਦੇ ਢੱਕਣਾਂ ਨੂੰ ਚੰਗੀ ਤਰਾਂ ਬੰਦ ਰੱਖੋ। ਇਸ ਤੋਂ ਇਲਾਵਾ ਇਨਾਂ ਥਾਵਾਂ 'ਤੇ ਕੰਮ ਕਰ ਰਹੇ ਜਾਂ ਰਹਿ ਰਹੇ ਕਾਰੀਗਰਾਂ ਨੂੰ ਸੌਣ ਸਮੇਂ ਮੱਛਰਦਾਨੀ ਦੀ ਵਰਤੋਂ ਕਰਨੀ ਚਾਹੀਦੀ ਹੈ ਤੇ ਨਾਲ ਹੀ ਕੱਪੜੇ ਅਜਿਹੇ ਪਾਉਣੇ ਚਾਹੀਦੇ ਹਨ ਜਿਸ ਨਾਲ ਪੂਰਾ ਸਰੀਰ ਢਕਿਆ ਰਹੇ ਤਾਂ ਕਿ ਮੱਛਰ ਕੱਟ ਨਾ ਸਕੇ।

# ਵਿਸ਼ਵ ਖ਼ੂਨਦਾਨੀ ਦਿਵਸ ਮਨਾਇਆ




**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**— ਡਾ. ਬੀ.ਆਰ. ਅੰਬੇਡਕਰ ਸਟੇਟ ਇੰਸਟੀਚਿਊਟ ਆਫ ਮੈਡੀਕਲ ਸਾਇੰਸਿਜ਼, ਮੋਹਾਲੀ ਵਲੋਂ 20 ਸਾਲਾਂ ਦੀ ਸੇਵਾ ਦਾ ਜਸ਼ਨ ਧੰਨਵਾਦ ਖੂਨ ਦਾਨੀਆਂ ਥੀਮ ਹੇਠ ਵਿਸ਼ਵ ਖੂਨ ਦਾਨੀ ਦਿਵਸ ਮਨਾਇਆ ਗਿਆ।ਮੁੱਖ ਮਹਿਮਾਨ ਵਜੋਂ ਡਾ. ਸੁਨੀਤਾ ਭਗਤ, ਸੰਯੁਕਤ ਨਿਰਦੇਸ਼ਕ, ਪੰਜਾਬ ਸਟੇਟ ਏਡਜ਼ ਕੰਟਰੋਲ ਸੋਸਾਇਟੀ ਪੰਜਾਬ (ਪੀ.ਐੱਸ.ਏ.ਸੀ.ਐੱਸ.) ਨੇ ਖ਼ੂਨ ਦਾਨ ਦੇ ਮਹੱਤਵ ਅਤੇ ਲੋਕ ਭਲਾਈ ਵਿੱਚ ਬਲੱਡ ਬੈਂਕਾਂ ਦੀ ਭੂਮਿਕਾ ਉਤੇ ਰੋਸ਼ਨੀ ਪਾਈ। ਪੀਐੱਸਏਸੀਐੱਸ ਵਲੋਂ ਭੇਜੀ ਗਈ ਖ਼ੂਨ ਦਾਨ ਵੈਨ ਰਾਹੀਂ ਐਮ ਬੀ ਬੀ ਐਸ ਦੇ ਵਿਦਿਆਰਥੀਆਂ ਤੋਂ ਖ਼ੂਨ ਇਕੱਠਾ ਕੀਤਾ ਗਿਆ।ਸੰਸਥਾ ਦੀ ਡਾਇਰੈਕਟਰ ਪ੍ਰਿੰਸੀਪਲ ਡਾ. ਭਵਨੀਤ ਭਾਰਤੀ ਨੇ ਆਪਣਾ ਨਿੱਜੀ ਅਨੁਭਵ ਸਾਂਝਾ ਕੀਤਾ ਕਿ ਕਿਵੇਂ ਉਨ੍ਹਾਂ ਨੇ ਆਪਣੀ 18ਵੇਂ ਜਨਮ ਦਿਨ ਮੌਕੇ ਪਹਿਲੀ ਵਾਰ ਖ਼ੂਨ ਦਾਨ ਕੀਤਾ ਅਤੇ ਹੁਣ ਤੱਕ 50 ਵਾਰ ਤੋਂ ਵੱਧ ਰਕਤ ਦਾਨ ਕਰ ਚੁੱਕੇ ਹਨ।ਸ੍ਰੀਮਤੀ ਵਨੀਤਾ ਸਾਹਨੀ ਨੇ ਪਦਮ ਐਵਾਰਡੀ ਸ੍ਰੀਮਤੀ ਸਰੂਪ ਕਿਸ਼ਨ ਦੀ ਯਾਦਗਾਰ ਸੇਵਾ ਬਾਰੇ ਦੱਸਿਆ। ਸ੍ਰੀਮਤੀ ਸੁਕ੍ਰਿਤਾ ਸਿੰਘ, ਜੋ 30 ਸਾਲਾਂ ਤੋਂ ਬਲੱਡ ਬੈਂਕ ਸੋਸਾਇਟੀ ਨਾਲ ਜੁੜੀ ਹੋਏ ਹਨ, ਨੇ ਵਿਦਿਆਰਥੀਆਂ ਨੂੰ ਖ਼ੂਨ ਦਾਨ ਬਾਰੇ ਪ੍ਰਚਲਿਤ ਗਲਤਫਹਿਮੀਆਂ ਤੋਂ ਦੂਰ ਕੀਤਾ।ਡਾ. ਤਨੁਪ੍ਰਿਆ ਅਤੇ ਡਾ. ਸਾਨਿਆ ਵਲੋਂ ਖ਼ੂਨ ਦਾਨ ਦੀ ਯੋਗਤਾ ਅਤੇ ਸੁਰੱਖਿਆ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ ਗਈ। 20 ਤੋਂ ਵੱਧ ਵਿਦਿਆਰਥੀਆਂ ਨੇ ਖ਼ੂਨ ਦਾਨ ਕੀਤਾ ਅਤੇ ਹੋਰਾਂ ਨੇ ਅਗਲੇ ਕੈਂਪਾਂ ਵਿੱਚ ਭਾਗ ਲੈਣ ਦਾ ਪ੍ਰਣ ਲਿਆ। ਡਾ. ਨਵਦੀਪ ਸਿੰਘ ਸੈਣੀ, ਡਾ. ਐਚ.ਐਸ. ਚੀਮਾ ਅਤੇ ਡਾ. ਪਰਮਿੰਦਰਜੀਤ ਸਿੰਘ ਸਮੇਤ ਕਈ ਅਹਿਮ ਸਖਸ਼ੀਅਤਾਂ ਦੀ ਹਾਜਰੀ ਨੇ ਸਮਾਗਮ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ।

16-JUNE-PAGE-10.qxd 6/15/2025 8:52 PM Page 1



## ਕੇਦਾਰਨਾਥ ਧਾਮ ਯਾਤਰਾ ਲਈ ਜਥਾ ਰਵਾਨਾ



**ਭੀਖੀ (ਧਰਮਵੀਰ ਸ਼ਰਮਾ)**-ਭੀਖੀ ਤੋਂ ਕੇਦਾਰਨਾਥ ਧਾਮ ਯਾਤਰਾ ਲਈ ਜਥਾ ਸਥਾਨਕ ਸ਼ਿਵ ਮੰਦਰ ਤੋਂ ਰਵਾਨਾ ਹੋਇਆ। ਜਥੇ ਵਿੱਚ ਸ਼ਾਮਲ ਗਗਨਦੀਪ ਮਿੱਤਲ, ਹਰਸ਼ ਕੁਮਾਰ ਸਿੰਗਲਾ, ਉਧੇ ਸ਼ਰਮਾ, ਅਭਿਸ਼ੇਕ ਸਿੰਗਲਾ, ਅਜੇ ਜੈਨ, ਨਿਖਿਲ ਗੋਇਲ ਨੇ ਦੱਸਿਆ ਕਿ ਅੱਜ ਸ਼ਿਵ ਮੰਦਿਰ ਤੋਂ ਭਗਵਾਨ ਭੋਲੇਨਾਥ ਦਾ ਅਸ਼ੀਰਵਾਦ ਲੈ ਕੇ ਇਹ ਜਥਾ ਰਵਾਨਾ ਹੋਇਆ ਅਤੇ ਕੇਦਾਰ ਨਾਥ ਧਾਮ ਦੇ ਦਰਸ਼ਨ ਕਰਕੇ ਵਾਪਸ ਭੀਖੀ ਪੁੱਜੇਗਾ। ਰਵਾਨਾ ਹੋਣ ਤੋਂ ਪਹਿਲਾਂ ਸ਼ਿਵ ਮੰਦਰ ਦੇ ਪੁਜਾਰੀ ਪੰਡਿਤ ਰਾਘਵ ਸ਼ਾਸਤਰੀ ਵੱਲੋਂ ਵਿਧੀ ਵਿਧਾਨ ਅਨੁਸਾਰ ਪੂਜਨ ਕਰਵਾਇਆ ਗਿਆ। ਇਸ ਮੌਕੇ ਹਾਜ਼ਰ ਸ਼ਿਵ ਭਗਤਾਂ ਵੱਲੋਂ ਬਮ ਬਮ ਭੋਲੇ ਦੇ ਜੈਕਾਰਿਆ ਦੀ ਗੂੰਜ ਨਾਲ ਇਸ ਜਥੇ ਨੂੰ ਰਵਾਨਾ ਕੀਤਾ ਗਿਆ। ਰਵਾਨਾ ਕਰਨ ਮੌਕੇ ਸੁਰੇਸ਼ ਕੁਮਾਰ ਸ਼ਸ਼ੀ, ਗੁਰਦੀਪ ਸ਼ਾਰਦਾ, ਸੌਰਵ ਗਰਗ, ਗੁਲਸ਼ਨ ਮਿੱਤਲ, ਧੀਰੇਨ ਤੰਵਰ, ਮਨੀਸ਼ ਕੁਮਾਰ ਗਰਗ, ਜੈਕੀ ਸਿੰਗਲਾ ਆਦਿ ਹਾਜ਼ਰ ਸਨ।

## ਹਿੰਦੂ ਵੈੱਲਫੇਅਰ ਬੋਰਡ ਨੇ 97 ਸਬ ਡਵੀਜ਼ਨਾਂ 'ਚ ਮੰਦਰ ਐਕਟ ਲਈ ਮੰਗ-ਪੱਤਰ ਸੌਂਪੇ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਹਿੰਦੂ ਵੈੱਲਫੇਅਰ ਬੋਰਡ ਵੱਲੋਂ ਮਹੰਤ ਰਵੀਕਾਂਤ ਮੁਨੀ ਦੇ ਦਿਸ਼ਾ ਨਿਰਦੇਸ਼ ਹੇਠ ਪੰਜਾਬ ਦੀਆਂ 97 ਸਬ ਡਵੀਜ਼ਨਾਂ ਵਿੱਚ ਮੰਦਰ ਐਕਟ ਬਣਾਉਣ ਦੀ ਮੰਗ ਨੂੰ ਲੈ ਕੇ ਮੰਗ ਪੱਤਰ ਸੌਂਪੇ ਗਏ।ਇਸ ਮੁਹਿੰਮ ਦਾ ਮਕਸਦ ਪੰਜਾਬ ਵਿੱਚ ਹਿੰਦੂ ਮੰਦਰਾਂ ਦੀ ਸਾਂਭ-ਸੰਭਾਲ, ਪ੍ਰਬੰਧਨ ਤੇ ਸੁਰੱਖਿਆ ਲਈ ਇੱਕ ਵਿਆਪਕ ਕਾਨੂੰਨੀ ਢਾਂਚਾ ਤਿਆਰ ਕਰਨਾ ਹੈ, ਤਾਂ ਜੋ ਮੰਦਰਾਂ ਦੀ ਵਿਰਾਸਤ ਨੂੰ ਸੁਰੱਖਿਅਤ ਰੱਖਿਆ ਜਾ ਸਕੇ ਤੇ ਧਾਰਮਿਕ ਸਥਾਨਾਂ ਦੇ ਪ੍ਰਬੰਧਨ ਵਿੱਚ ਪਾਰਦਰਸ਼ਿਤਾ ਯਕੀਨੀ ਬਣਾਈ ਜਾ ਸਕੇ।ਗੁਰੂ ਹਰਸਹਾਏ ਵਿੱਚ ਇਸ ਮੁਹਿੰਮ ਦੀ ਅਗਵਾਈ ਟੋਨੀ ਬਾਬਾ, ਬੂੜ ਚੰਦ ਬਿੰਦਰਾ, ਰਜਿੰਦਰ ਭੌਂਡਲਾ, ਧੀਰਜ ਮੋਂਗਾ, ਮਨੋਜ ਮੋਂਗਾ, ਬਾਬਾ ਨੰਗੇ ਪੈਰਾਂ ਵਾਲਾ, ਵਿਜੇ ਮੋਂਗਾ, ਅਸ਼ੋਕ, ਨੇ ਕੀਤੀ।ਇਨ੍ਹਾਂ ਆਗੂਆਂ ਨੇ ਸਥਾਨਕ ਪ੍ਰਸ਼ਾਸਨ ਨਾਇਬ ਤਹਿਸੀਲਦਾਰ ਗੁਰਮੀਤ ਸਿੰਘ ਨੂੰ ਮੰਗ-ਪੱਤਰ ਸੌਂਪਦਿਆਂ ਸਰਕਾਰ ਨੂੰ ਜਲਦ ਤੋਂ ਜਲਦ ਮੰਦਰ ਐਕਟ ਲਾਗੂ ਕਰਨ ਦੀ ਅਪੀਲ ਕੀਤੀ।ਮੰਗ ਪੱਤਰ ਵਿਚ ਜ਼ੋਰ ਦਿੱਤਾ ਗਿਆ ਕਿ ਪੰਜਾਬ ਵਿਚ ਮੰਦਰਾਂ ਦੀ ਸੰਪਤੀ ਦੀ ਸੁਰੱਖਿਆ, ਉਨ੍ਹਾਂ ਦੇ ਪ੍ਰਬੰਧਨ ਲਈ ਨਿਯਮਤ ਨਿਗਰਾਨੀ ਤੇ ਸਥਾਨਕ ਹਿੰਦੂ ਭਾਈਚਾਰੇ ਦੀਆਂ ਧਾਰਮਿਕ ਲੋੜਾਂ ਨੂੰ ਪੂਰਾ ਕਰਨ ਲਈ ਇੱਕ ਵਿਸ਼ੇਸ਼ ਐਕਟ ਦੀ ਲੋੜ ਹੈ।ਟੋਨੀ ਬਾਬਾ , ਨੇ ਇਸ ਮੌਕੇ ਕਿਹਾ ਕਿ ਮੰਦਰ ਸਿਰਫ ਧਾਰਮਿਕ ਸਥਾਨ ਹੀ ਨਹੀਂ, ਸਗੋਂ ਸਾਡੀ ਸੱਭਿਆਚਾਰਕ ਤੇ ਵਿਰਾਸਤੀ ਪਛਾਣ ਦਾ ਅਹਿਮ ਹਿੱਸਾ ਹਨ।ਪੰਜਾਬਵਿਚ ਮੰਦਰਾਂ ਦੀ ਸੰਪਤੀ ਦੀ ਸੁਰੱਖਿਆ ਤੇ ਸਹੀ ਪ੍ਰਬੰਧਨ ਲਈ ਮੰਦਰ ਐਕਟ ਦੀ ਸਖ਼ਤ ਜ਼ਰੂਰਤ ਹੈ।ਸਾਨੂੰ ਉਮੀਦ ਹੈ ਕਿ ਸਰਕਾਰ ਇਸ ਮੰਗ ਨੂੰ ਗੰਭੀਰਤਾ ਨਾਲ ਲਵੇਗੀ।ਉਨ੍ਹਾਂ ਨੇ ਕਿਹਾ ਕਿ ਇਹ ਮੁਹਿੰਮ ਸਿਰਫ ਹਿੰਦੂ ਭਾਈਚਾਰੇ ਦੀਆਂ ਲੋੜਾਂ ਨੂੰ ਪੂਰਾ ਕਰਨ ਲਈ ਨਹੀਂ, ਸਗੋਂ ਸਮੁੱਚੇ ਸਮਾਜ ਦੀ ਧਾਰਮਿਕ ਤੇ ਸੱਭਿਆਚਾਰਕ ਸਦਭਾਵਨਾ ਨੂੰ ਮਜ਼ਬੂਤ ਕਰਨ ਲਈ ਵੀ ਹੈ।

## ਗੁਰਦੁਆਰਾ ਪ੍ਰਬੰਧਕ ਕਮੇਟੀਆਂ ਨੇ ਕੀਤਾ ਸਨਮਾਨ




**ਜਗਰਾਉਂ (ਅਮਿਤ ਖੰਨਾ)**-ਜਗਰਾਉਂ ਦੇ ਕਈ ਗੁਰੂ ਘਰਾਂ ਵਿੱਚ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਬੀਬੀਆਂ ਵੱਲੋਂ ਲਗਾਤਾਰ ਕੀਤੇ ਜਾ ਰਹੇ ਸਨ, ਜਿਨ੍ਹਾਂ ਦੀ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਾਪਤੀ ਹੋਈ। ਗੁਰਦੁਆਰਾ ਸਿੰਘ ਸਭਾ ਸ੍ਰੀ ਸੁਖਮਨੀ ਸਾਹਿਬ ਸੁਸਾਇਟੀ ਵੱਲੋਂ ਵੀ ਲੜੀ ਚੱਲ ਰਹੀ ਸੀ ਤੇ ਗੁਰਦੁਆਰਾ ਗੋਬਿੰਦਪੁਰਾ (ਮਾਈ ਦਾ) ਗੁਰਦੁਆਰਾ ਵਿਖੇ ਵੀ ਸ੍ਰੀ ਸੁਖਮਨੀ ਸਾਹਿਬ ਪਾਠਾਂ ਦੀ ਲੜੀ ਚੱਲ ਰਹੀ ਸੀ, ਜਿਸ ਦੀ ਗੁਰੂ ਘਰਾਂ ਦੀਆਂ ਪ੍ਰਬੰਧਕ ਕਮੇਟੀਆਂ ਵੱਲੋਂ ਸ਼ਲਾਘਾ ਕੀਤੀ ਗਈ ਤੇ ਪ੍ਰਬੰਧਕਾਂ ਵੱਲੋਂ ਸੁਸਾਇਟੀ ਦੀਆਂ ਬੀਬੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ ਨੇ ਬੀਬੀਆਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਆਖਿਆ ਕਿ ਜਿੱਥੇ ਉਹ ਆਪ ਆਪਣੇ ਜਨਮ ਨੂੰ ਸਫਲਾ ਕਰਦੀਆਂ ਹਨ, ਉੱਥੇ ਸੰਗਤਾਂ ਵੀ ਇਨ੍ਹਾਂ ਸਮਾਗਮਾਂ ਦੇ ਲਾਹੇ ਪ੍ਰਾਪਤ ਕਰਦੀਆਂ ਹਨ। ਉਨ੍ਹਾਂ ਬੀਬੀਆਂ ਵੱਲੋਂ ਦਿੱਤੇ ਸਹਿਯੋਗ ਦਾ ਵੀ ਧੰਨਵਾਦ ਕੀਤਾ। ਇਸ ਮੌਕੇ ਗੁਰੂ ਘਰਾਂ ਦੇ ਪ੍ਰਬੰਧਕਾਂ ਵੱਲੋਂ ਬੀਬੀਆਂ ਨੂੰ ਸਿਰੋਪਾਓ ਦੀਆਂ ਬਖਸ਼ਿਸ਼ਾਂ ਵੀ ਦਿੱਤੀਆਂ ਗਈਆਂ।

## ਝੋਨੇ ਦੀ ਸਿੱਧੀ ਬਿਜਾਈ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਵੱਲੋਂ ਮਹਿਲ ਕਲਾਂ ਵਿਖੇ ਝੋਨੇ ਦੀ ਸਿੱਧੀ ਬਿਜਾਈ ਸੰਬੰਧੀ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਮੌਕੇ ਡਾ. ਹਰਮਨਦੀਪ ਸਿੰਘ ਖੇਤੀਬਾੜੀ ਅਫਸਰ ਨੇ ਝੋਨੇ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਗਾਉਣ ਤੇ ਮਸ਼ੀਨਰੀ ਦਾ ਸੁਚੱਜਾ ਉਪਯੋਗ ਕਰਨ ਲਈ ਪ੍ਰੇਰਿਤ ਕਰਦਿਆਂ ਕਿਸਾਨਾਂ ਨੂੰ ਖੇਤੀਬਾੜੀ ਮਾਹਰਾਂ ਦੀਆਂ ਸਿਫਾਰਸ਼ਾਂ ਮੰਨਣ ਦੀ ਅਪੀਲ ਕੀਤੀ। ਡਾ. ਅਮਨਦੀਪ ਕੌਰ ਸਹਾਇਕ ਪ੍ਰੋਫੈਸਰ ਫਾਰਮ ਸਲਾਹਕਾਰ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦਾ ਢੰਗ ਬਿਆਨ ਕਰਦਿਆਂ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਲਈ ਕਿਸਾਨ ਕੁੱਝ ਨੁਕਤਿਆਂ ਨੂੰ ਧਿਆਨ ਵਿੱਚ ਰੱਖਣ ਜਿਵੇਂ ਕਿ ਤਰ ਵੱਤਰ ਖੇਤ, ਦਰਮਿਆਨੀਆਂ ਤੋਂ ਭਾਰੀਆਂ ਜ਼ਮੀਨਾਂ, ਸਵੇਰੇ ਜਾਂ ਸ਼ਾਮ ਵੇਲੇ ਬਿਜਾਈ ਤੇ ਇਸ ਵਿਧੀ ਨੂੰ ਅਪਣਾ ਕੇ 15 ਤੋਂ 20 ਪ੍ਰਤੀਸ਼ਤ ਪਾਣੀ ਦੀ ਬਚਤ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਨਦੀਨਾਂ ਦੀ ਰੋਕਥਾਮ ਲਈ ਨਦੀਨ ਦੀ ਸਹੀ ਪਛਾਣ ਹੋਣ ਉਪਰੰਤ ਹੀ ਸਿਫਾਰਸ਼ ਕੀਤੇ ਗਏ ਨਦੀਨਨਾਸ਼ਕਾਂ ਦੀ ਵਰਤੋਂ ਹੀ ਕੀਤੀ ਜਾਵੇ ਅਤੇ ਨਦੀਨਾਂ ਦੀ ਰੋਕਥਾਮ ਲਈ ਬਿਜਾਈ ਤੋਂ ਤੁਰੰਤ ਬਾਅਦ ਇੱਕ ਲੀਟਰ ਪੈਂਡੀਮੈਥਾਲੀਨ ਨੂੰ 200 ਲੀਟਰ ਪਾਣੀ ਵਿੱਚ ਘੋਲ ਕੇ ਛਿੜਕਾਅ ਕੀਤਾ ਜਾਵੇ। ਸ੍ਰੀ ਮਨਵਿੰਦਰਪਾਲ ਸਿੰਘ ਬਲਾਕ ਤਕਨੀਕੀ ਮੈਨੇਜਰ ਨੇ ਕਿਸਾਨਾਂ ਨੂੰ ਸਾਉਣੀ ਵਾਲੀ ਮੱਕੀ ਦੀ ਕਾਸ਼ਤ ਸਬੰਧੀ ਤੇ ਆਤਮਾ ਪ੍ਰੋਜੈਕਟ ਵਿੱਚ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਜਾਣੂ ਕਰਵਾਇਆ। ਹਰਪਾਲ ਸਿੰਘ ਨੇ ਕਿਹਾ ਕਿ ਝੋਨੇ ਦੀ ਸਿੱਧੀ ਬਿਜਾਈ ਪੋਰਟਲ ਜਾਰੀ ਕੀਤਾ ਗਿਆ ਹੈ, ਇਸ ਵਿੱਚ ਕਿਸਾਨ ਆਪਣੀ ਡੀਟੇਲ ਰਜਿਸਟਰ ਕਰਨ ਤੇ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਲਈ ਖੇਤੀਬਾੜੀ ਵਿਭਾਗ ਦਾ ਸਾਥ ਦੇਣ। ਇਸ ਮੌਕੇ ਕੁਲਵੀਰ ਸਿੰਘ, ਗੁਰਤਾਰ ਸਿੰਘ ਸੇਵਾਦਾਰ ਤੋਂ ਇਲਾਵਾ ਕਿਸਾਨ ਗੁਰਦੀਪ ਸਿੰਘ, ਅਰਸ਼ਦੀਪ ਸਿੰਘ, ਦਰਸ਼ਨ ਸਿੰਘ, ਮਲਕੀਤ ਸਿੰਘ, ਸੰਦੀਪ ਸਿੰਘ, ਹਰਮਨ ਸਿੰਘ ਆਦਿ ਹਾਜ਼ਰ ਸਨ।

## ਮਾਡਰਨ ਕਾਲਜ ਬੀਰ ਕਲਾਂ ਦੇ ਵਿਦਿਆਰਥੀਆਂ ਦਾ ਨਤੀਜਾ ਸ਼ਾਨਦਾਰ



**ਚੀਮਾ ਮੰਡੀ (ਰਵਿੰਦਰ ਚੀਮਾ)**-ਪੰਜਾਬੀ ਯੂਨੀਵਰਸਿਟੀ ਵੱਲੋਂ ਐਲਾਨ ਕੀਤੇ ਗਏ ਬੀ ਕਾਮ ਸੈਸ਼ਨ 2024-25 ਸਮੈਸਟਰ ਪਹਿਲਾ ਦੇ ਨਤੀਜਾ ਨਤੀਜੇ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਵਿਦਿਆਰਥੀਆਂ ਦੇ ਨਤੀਜੇ ਸ਼ਾਨਦਾਰ ਰਹੇ ਇਸ ਮੌਕੇ ਪ੍ਰੋਫੈਸਰ ਗੁਰਵਿੰਦਰ ਕੌਰ ਨੇ ਦੱਸਿਆ ਕਿ ਜਸ਼ਵੀਰ ਕੌਰ ਨੇ 76 ਫੀਸਦੀ ਨੂਸਨ ਪ੍ਰੀਤ ਸਿੰਘ ਨੇ 72 ਫੀਸਦੀਮਨਪ੍ਰੀਤ ਕੌਰ ਨੇ 70 ਫੀਸਦੀ ਦਵਿੰਦਰ ਸਿੰਘ ਨੇ 70 ਫੀਸਦੀ ਤੇ ਸਿਮਰਜੀਤ ਕੌਰ ਨੇ 70 ਫੀਸਦੀ ਅੰਕ ਪ੍ਰਾਪਤ ਕਰਕੇ ਸੰਸਥਾ ਦਾ ਨਾਂ ਰੋਸ਼ਨ ਕੀਤਾ ਹੈ। ਇਸ ਮੌਕੇ ਕਾਲਜ ਦੇ ਪ੍ਰਿੰਸੀਪਲ ਡਾਕਟਰ ਵੀ ਕੇ ਰਾਏ ਨੇ ਚੰਗੇ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਇਸ ਮੌਕੇ ਪ੍ਰੋਫੈਸਰ ਮਹਿੰਦਰ ਪਾਲ ਪ੍ਰੋਫੈਸਰ ਮਨਿੰਦਰ ਕੌਰ ਪ੍ਰੋਫੈਸਰ ਸੋਨੀਆ ਗੋਡ ਪ੍ਰੋਫੈਸਰ ਰਜਿੰਦਰ ਕੌਰ ਹਾਜ਼ਰ ਸਨ।

## ਛੋਟੇ ਬੱਚਿਆਂ ਵੱਲੋਂ ਕਰਵਾਏ ਟੂਰਨਾਮੈਂਟ 'ਚ ਹੌਸਲਾ ਦੇਣ ਹਨੀ ਫੱਤਣਵਾਲਾ ਪਹੁੰਚੇ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ/ਪੂਜਾ)**- ਸਰਦਾਰ ਭਗਤ ਸਿੰਘ ਸਪੋਰਟਸ ਕਲੱਬ ਪਿੰਡ ਕੋਟਲੀ ਸੰਘਰ ਦੇ ਗਰੀਬ ਘਰਾਂ ਦੇ ਛੋਟੇ ਬੱਚਿਆਂ ਵੱਲੋਂ ਪਿੰਡ ਦੀ ਦਾਣਾ ਮੰਡੀ ਵਿੱਚ ਕ੍ਰਿਕਟ ਦਾ ਟੂਰਨਾਮੈਂਟ ਕਰਵਾਇਆ ਗਿਆ, ਜਿਸ ਵਿੱਚ 30 ਟੀਮਾਂ ਨੇ ਭਾਗ ਲਿਆ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਮੁੱਖ ਮਹਿਮਾਨ ਵਜੋਂ ਪੁੱਜੇ।ਇਸ ਮੌਕੇ ਸੰਬੋਧਨ ਕਰਦਿਆਂ ਹਨੀ ਫੱਤਣਵਾਲਾ ਨੇ ਬੱਚਿਆਂ ਦੇ ਉਦਮ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਤਰਾਂ ਦੇ ਟੂਰਨਾਮੈਂਟ ਕਰਵਾਉਣਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਕਿਹਾ ਕਿ ਇਸ ਨਾਲ ਜਿੱਥੇ ਨੌਜਵਾਨ ਪੀੜ੍ਹੀ ਨਸ਼ਿਆਂ ਤੋਂ ਦੂਰ ਰਹਿੰਦੀ ਹੈ, ਉੱਥੇ ਸਰੀਰ ਦਾ ਵੀ ਵਿਕਾਸ ਹੁੰਦਾ ਹੈ।ਟੂਰਨਾਮੈਂਟ ਦੌਰਾਨ ਕਲੱਬ ਵੱਲੋਂ ਹਨੀ ਫੱਤਣਵਾਲਾ ਨੂੰ ਸਨਮਾਨ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ, ਉੱਥੇ ਹੀ ਹਨੀ ਫੱਤਣਵਾਲਾ ਨੇ ਕਲੱਬ ਨੂੰ ਵੱਡੀ ਸਹਾਇਤਾ ਦਿੱਤੀ ਗਈ ਤਾਂ ਟੂਰਨਾਮੈਂਟ ਕਰਵਾਉਣ ਤੇ ਵਧਾਈ ਦਿੱਤੀ। ਇਸ ਮੌਕੇ ਮੁਕੇਸ਼ ਕੁਮਾਰ, ਡੀ ਸੀ ਧਾਲੀਵਾਲ, ਕੁਲਦੀਪ ਸਿੰਘ ਔਲਖ, ਸੁਖਪ੍ਰੀਤ ਸਿੰਘ, ਲਵਜੀਤ ਸਿੰਘ, ਅਰਮਾਨ ਸਿੰਘ, ਜੱਸੀ, ਸਤਵਿੰਦਰ ਸਿੰਘ, ਸ਼ਿੰਨ੍ਹੂ ਹਰਾਜ, ਬੁੱਧਮਾਨ, ਨਵਜੀਤ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

# ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਦਾ ਕੰਮ ਅਗਸਤ ਤੱਕ ਨੇਪਰੇ ਚਾੜ੍ਹਿਆ ਜਾਵੇਗਾ : ਸੌਂਦ

## ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਗ੍ਰਹਿ ਵਿਖੇ ਕਰਵਾਏ ਸਮਾਗਮ 'ਚ ਕੀਤੀ ਸ਼ਮੂਲੀਅਤ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਦੇ ਪੇਂਡੂ ਵਿਕਾਸ ਤੇ ਪੰਚਾਇਤ, ਸੈਰ ਸਪਾਟਾ ਤੇ ਸੱਭਿਆਚਾਰਕ ਮਾਮਲੇ, ਉਦਯੋਗ ਤੇ ਵਣਜ ਮੰਤਰੀ ਸ੍ਰ. ਤਰੁਣਪ੍ਰੀਤ ਸਿੰਘ ਸੌਂਦ ਨੇ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਗ੍ਰਹਿ ਸ੍ਰੀ ਗੁਰੂ ਤੇਗ ਬਹਾਦਰ ਨਗਰ ਨਾਭਾ ਵਿਖੇ ਕਰਵਾਏ ਗਏ ਧਾਰਮਿਕ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਇਸ ਮੌਕੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਤੇ ਆਮ ਆਦਮੀ ਪਾਰਟੀ ਹਲਕਾ ਨਾਭਾ ਦੇ ਵਲੰਟੀਅਰਾਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਦ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬੇ ਨੂੰ ਖੁਸ਼ਹਾਲ ਬਣਾਉਣ ਤੇ ਤਰੱਕੀ ਦੀਆਂ ਲੀਹਾਂ 'ਤੇ ਤੋਰਨ ਲਈ ਨਿਰੰਤਰ ਉੱਦਮ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਪਿੰਡਾਂ ਵਿੱਚ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਨੇਪਰੇ ਚਾੜ੍ਹਨ ਲਈ ਵੱਡੇ ਉਪਰਾਲੇ ਕਰ ਰਹੀ ਹੈ ਅਤੇ ਛੱਪੜਾਂ ਦੀ ਸਫਾਈ ਦਾ ਕੰਮ ਵੱਡੀ ਪੱਧਰ 'ਤੇ ਚੱਲ ਰਿਹਾ ਹੈ। ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਸਰਕਾਰ ਵੱਲੋਂ ਪਿੰਡਾਂ ਵਿੱਚ ਨਵੇਂ ਖੇਡ ਗਰਾਊਂਡ ਤੇ ਜ਼ਿੰਮਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਹੈ। ਸ੍ਰ. ਸੌਂਦ ਨੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਚੋਣਾਂ ਕਰਵਾਉਣ ਬਾਰੇ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਕਿਹਾ ਕਿ ਇਨ੍ਹਾਂ ਚੋਣਾਂ ਲਈ ਸਾਰੇ ਪ੍ਰਬੰਧ ਮੁਕੰਮਲ ਕੀਤੇ ਜਾ ਰਹੇ ਹਨ ਅਤੇ ਅਗਸਤ ਮਹੀਨੇ ਤੱਕ ਚੋਣਾਂ ਕਰਵਾਉਣ ਦਾ ਕੰਮ ਨੇਪਰੇ ਚੜ੍ਹ ਜਾਵੇਗਾ ਤੇ ਜਲਦ ਹੀ ਪੰਜਾਬ ਵਿੱਚ ਦੋਵੇਂ ਚੋਣਾਂ ਕਰਵਾਈਆਂ ਜਾਣਗੀਆਂ।

ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਵੱਲੋਂ ਡੋਪ ਟੈਸਟ ਸੰਬੰਧੀ ਕੀਤੇ ਸਵਾਲਾਂ ਦੇ ਜਵਾਬ ਵਿੱਚ ਮੰਤਰੀ ਸੌਂਦ ਨੇ ਕਿਹਾ ਕਿ ਸੂਬਾ ਕਾਂਗਰਸ ਪ੍ਰਧਾਨ ਡੋਪ ਟੈੱਸਟ ਸੰਬੰਧੀ ਬਿਆਨਬਾਜ਼ੀ ਕਰਕੇ ਰਾਜਨੀਤੀ ਕਰ ਰਹੇ ਹਨ, ਜਦੋਂ ਵੀ ਡੋਪ ਟੈਸਟ ਹੋਵੇਗਾ ਤਾਂ ਸਭ ਤੋਂ ਪਹਿਲਾਂ ਮੈਂ ਖੁਦ ਡੋਪ ਟੈਸਟ ਕਰਾਉਣ ਨੂੰ ਤਿਆਰ ਹਾਂ। ਬੀਤੇ ਦਿਨੀਂ ਗੁਜਰਾਤ ਵਿੱਚ ਹੋਏ ਅਹਿਮਦਾਬਾਦ ਹਵਾਈ ਹਾਦਸੇ 'ਤੇ ਪੰਚਾਇਤ ਮੰਤਰੀ ਸੌਂਦ ਨੇ ਦੁੱਖ ਜ਼ਾਹਰ ਕਰਦੇ ਹੋਏ ਕਿਹਾ ਕਿ ਇਹ ਬਹੁਤ ਹੀ ਦਿਲ ਦਹਿਲਾਉਣ ਵਾਲੀ ਮੰਦਭਾਗੀ ਘਟਨਾ ਹੈ। ਉਨ੍ਹਾ ਕਿਹਾ ਕਿ ਸਾਰੀਆਂ ਹੀ ਏਅਰਲਾਇਨਜ਼ ਨੂੰ ਹਾਦਸੇ ਤੋਂ ਸਬਕ ਲੈਣਾ ਚਾਹੀਦਾ ਹੈ ਤੇ ਦੇਸ਼ ਅੰਦਰ ਸਾਰੀਆਂ ਹੀ ਏਅਰਲਾਈਨ ਦੇ ਜਹਾਜ਼ਾਂ ਦੀ ਵਿਸਥਾਰਪੂਰਵਕ ਟੈਕਨੀਕਲ ਜਾਂਚ ਹੋਣੀ ਚਾਹੀਦੀ ਹੈ, ਜਿਸ ਵਿੱਚ ਮਿਆਦ ਪੁਗਾ ਚੁੱਕੇ ਸਾਰੇ ਹੀ ਜਹਾਜ਼ਾਂ ਨੂੰ ਕੰਡਮ ਕੀਤਾ ਜਾਣਾ ਚਾਹੀਦਾ ਹੈ ਤਾਂ ਜੋ ਦੁਬਾਰਾ ਇਸ ਤਰ੍ਹਾਂ ਦਾ ਕੋਈ ਹੋਰ ਹਾਦਸਾ ਨਾ ਵਾਪਰੇ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਤ ਬਾਬਾ ਦਾਰਾ ਸਿੰਘ ਮੁਲਾਂਬੱਧਾ ਵਾਲੇ, ਜਥੇਦਾਰ ਲਾਲ ਸਿੰਘ ਰਣਜੀਤਗੜ੍ਹ, ਚੇਅਰਮੈਨ ਜੱਸੀ ਸੋਹੀਆਂ ਵਾਲਾ ਦੇ ਪਿਤਾ ਸ੍ਰ. ਅਜੈਬ ਸਿੰਘ, ਆਪ ਆਗੂ ਲਾਲੀ ਫਤਿਹਪੁਰ, ਚੇਅਰਮੈਨ ਦੀਪਾ ਰਾਮਗੜ੍ਹ, ਦਵਿੰਦਰ ਸਿੰਘ ਸਰਪੰਚ ਕੁਲਾਰਾਂ, ਸੰਦੀਪ ਸਰਮਾ ਬਲਾਕ ਪ੍ਰਧਾਨ, ਗੋਪੀ ਫੈਜਗੜ੍ਹ, ਸੁੱਖ ਘੁੰਮਣ ਚਾਸਵਾਲ, ਹੈਪੀ ਬੁੱਗਾ, ਗੋਬਿੰਦ ਸਿੰਘ ਜੰਡੂ, ਲਾਡੀ ਖਹਿਰਾ, ਦੀਦਾਰ ਭੰਮ, ਤਰਨੀ ਭੁੱਲਰ, ਸੀਨੀਅਰ ਕੌਂਸਲਰ ਐਡਵੋਕੇਟ ਗੌਤਮ ਬਾਤਿਸ਼, ਕੌਂਸਲਰ ਹਰਮੇਸ਼ ਮੇਸ਼ੀ, ਮਾਨਟੂ ਪਹੂਜਾ, ਹੈਪੀ ਅਰੋੜਾ ਆਦਿ ਮੌਜੂਦ ਸਨ।

## ਬਿਨਾਂ ਬੋਲੀ ਦਿੱਤੇ ਪੰਚਾਇਤੀ ਜ਼ਮੀਨ ਵਾਹੁਣ ਦੇ ਦੋਸ਼ 'ਚ ਚਾਰ ਨਾਮਜ਼ਦ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਕੁੱਲਗੜ੍ਹੀ ਅਧੀਨ ਆਉਂਦੇ ਪਿੰਡ ਸੈਦਾਂ ਵਾਲਾ ਬਲਾਕ ਘੱਲ ਖੁਰਦ ਵਿਖੇ ਬਿਨਾਂ ਬੋਲੀ ਦਿੱਤੇ ਪੰਚਾਇਤੀ ਜ਼ਮੀਨ ਵਾਹੁਣ ਦੇ ਦੋਸ਼ ਵਿੱਚ ਪੁਲਸ ਨੇ 4 ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਗ੍ਰਾਮ ਪੰਚਾਇਤ ਸੈਦਾਂ ਵਾਲਾ ਬਲਾਕ ਘੱਲਖੁਰਦ ਜ਼ਿਲ੍ਹਾ ਫਿਰੋਜ਼ਪੁਰ ਵਿਖੇ ਗ੍ਰਾਮ ਪੰਚਾਇਤ ਦੀ ਸ਼ਾਮਲਾਟ ਜ਼ਮੀਨ ਦੀ ਬੋਲੀ ਹੋਣ ਤੋਂ ਬਗੈਰ ਦੋਸ਼ੀਆਨ ਬਖਸ਼ੀਸ਼ ਸਿੰਘ ਪੁੱਤਰ ਸੰਤੋਖ ਸਿੰਘ, ਨਿਰਮਲ ਸਿੰਘ ਪੁੱਤਰ ਸੁਰਜੀਤ ਸਿੰਘ, ਮੇਜਰ ਸਿੰਘ ਪੁੱਤਰ ਸੁਰਜੀਤ ਸਿੰਘ ਵਾਸੀਆਨ ਗ੍ਰਾਮ ਪੰਚਾਇਤ ਸੈਦਾਂ ਵਾਲਾ ਵੱਲੋਂ ਨਜਾਇਜ਼ ਤੌਰ 'ਤੇ ਸ਼ਾਮਲਾਟ ਜ਼ਮੀਨ ਵਾਹ ਕੇ ਪੁਲਸ ਕਾਰਵਾਈ ਕਰਨ ਸਬੰਧੀ ਜ਼ਿਲ੍ਹਾ ਬਲਾਕ ਵਿਕਾਸ ਤੇ ਪੰਚਾਇਤ ਅਫਸਰ ਫਿਰੋਜ਼ਪੁਰ ਨੇ ਆਪਣੇ ਦਫਤਰ ਦੇ ਪੱਤਰ ਨੰਬਰ 2237/ਡੀ.ਡੀ.ਪੀ.ਓ/2025 ਰਾਹੀਂ ਇਸ ਦਫਤਰ ਨੂੰ ਸੂਚਿਤ ਕੀਤਾ ਕਿ ਗ੍ਰਾਮ ਪੰਚਾਇਤ ਸੈਦਾਂ ਵਾਲਾ ਵਿਖੇ ਅਜੇ ਤੱਕ ਗ੍ਰਾਮ ਪੰਚਾਇਤ ਦੀ ਸ਼ਾਮਲਾਟ ਜ਼ਮੀਨ ਦੀ ਬੋਲੀ ਨਹੀਂ ਕੀਤੀ ਗਈ। ਬਲਾਕ ਵਿਕਾਸ ਤੇ ਪੰਚਾਇਤ ਦਫਤਰ ਨੇ ਦੱਸਿਆ ਕਿ ਉਕਤ ਦੋਸ਼ੀਆਨ ਵੱਲੋਂ ਬਿਨਾਂ ਪੰਚਾਇਤੀ ਬੋਲੀ ਦਿੱਤੇ ਨਜਾਇਜ਼ ਤੌਰ 'ਤੇ ਸ਼ਾਮਲਾਟ ਜ਼ਮੀਨ ਨੂੰ ਵਾਹਿਆ ਜਾ ਰਿਹਾ ਹੈ। ਉਨ੍ਹਾਂ ਵੱਲੋਂ ਉਕਤ ਵਿਅਕਤੀਆਂ ਨੂੰ ਜ਼ਮੀਨ ਵਾਹੁਣ ਤੋਂ ਰੋਕਿਆ ਗਿਆ, ਪਰ ਉਕਤ ਦੋਸ਼ੀਆਨ ਵੱਲੋਂ ਇਸ ਸਬੰਧੀ ਸਾਫ ਇਨਕਾਰ ਕਰ ਦਿੱਤਾ ਕਿ ਅਸੀਂ ਇਹ ਜ਼ਮੀਨ ਵਾਹਵਾਂਗੇ ਤੇ ਇਸ ਤੋਂ ਇਲਾਵਾ ਉਨ੍ਹਾਂ ਵੱਲੋਂ ਮਾੜਾ ਚੰਗਾ ਵੀ ਬੋਲਿਆ ਗਿਆ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਬਲਜੀਤ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਦੋਸ਼ੀਆਨ ਬਖਸ਼ੀਸ਼ ਸਿੰਘ, ਨਿਰਮਲ ਸਿੰਘ, ਸਾਰਜ ਸਿੰਘ ਤੇ ਮੇਜਰ ਸਿੰਘ ਖਿਲਾਫ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਕੀਤੀ ਜਾ ਰਹੀ ਹੈ।

## ਸ਼ੇਖ਼ ਫ਼ਰੀਦ ਪ੍ਰੈੱਸ ਕਲੱਬ ਜੈਤੋ ਵੱਲੋਂ ਡੀ ਐੱਸ ਪੀ ਮਨੋਜ ਕੁਮਾਰ ਦਾ ਸਨਮਾਨ

**ਜੈਤੋ (ਸਤੀਸ਼ ਕੁਮਾਰ ਭੀਰੀ)**-ਨਵ-ਨਿਯੁਕਤ ਡੀਐੱਸਪੀ ਮਨੋਜ ਕੁਮਾਰ ਨੂੰ ਜੈਤੋ ਦਾ ਚਾਰਜ ਸੰਭਾਲਣ ਉਪਰੰਤ ਸ਼ੇਖ਼ ਫ਼ਰੀਦ ਪ੍ਰੈੱਸ ਕਲੱਬ ਜੈਤੋ ਵੱਲੋਂ ਕਲੱਬ ਦੇ ਪ੍ਰਧਾਨ ਭੋਲਾ ਸ਼ਰਮਾ ਦੀ ਅਗਵਾਈ ਹੇਠ ਸਨਮਾਨ ਕੀਤਾ ਗਿਆ। ਇਸ ਮੌਕੇ ਸ਼ੇਖ਼ ਫ਼ਰੀਦ ਪ੍ਰੈੱਸ ਕਲੱਬ ਦੇ ਪ੍ਰਧਾਨ ਭੋਲਾ ਸ਼ਰਮਾ, ਜਨਰਲ ਸਕੱਤਰ ਧਰਮਪਾਲ ਪੁੰਨੀ, ਸੀਨੀਅਰ ਮੀਤ ਪ੍ਰਧਾਨ ਕੁਲਦੀਪ ਸਿੰਘ ਖਾਲਸਾ, ਸਕੱਤਰ ਸੰਦੀਪ ਲੂੰਬਾ, ਸਹਾਇਕ ਸਕੱਤਰ ਜੋਗਿੰਦਰ ਸਿੰਘ ਪੁੰਨੀ, ਖ਼ਜ਼ਾਨਚੀ ਸੰਦੀਪ ਗਰਗ ਬਰਗਾੜੀ, ਪ੍ਰੈੱਸ ਸਕੱਤਰ ਰਜੀਵ ਕੁਮਾਰ 'ਬੈਬੀ ਜਿੰਦਲ', ਕਾਨੂੰਨੀ ਸਲਾਹਕਾਰ ਐਡਵੋਕੇਟ ਗੁਰਸ਼ਰਨਜੀਤ ਸਿੰਘ, ਮੈਂਬਰ ਜਤਿੰਦਰ ਕੁਮਾਰ ਮਿਤਲ ਬਾਜਾਖਾਨਾ ਤੋਂ ਇਲਾਵਾ ਸੀਨੀਅਰ ਐਡਵੋਕੇਟ ਵਿਪਨ ਗੋਇਲ, ਜੈਤੋ ਟ੍ਰੈਫਿਕ ਪੁਲਸ ਦੇ ਇੰਚਾਰਜ ਦੇ ਤੌਰ 'ਤੇ ਐੱਸ ਆਈ ਬਲਰਾਜ ਸਿੰਘ ਭੁੱਲਰ ਢੀਪਲੀ ਨੇ ਸਾਂਝੇ ਤੌਰ 'ਤੇ ਡੀਐੱਸਪੀ ਮਨੋਜ ਕੁਮਾਰ ਨੂੰ ਗੁਲਦਸਤਾ ਭੇਂਟ ਕਰਕੇ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਜੀ ਆਇਆਂ ਆਖਿਆ। ਇਸ ਦੌਰਾਨ ਕਲੱਬ ਦੇ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਡੀਐੱਸਪੀ ਮਨੋਜ ਕੁਮਾਰ ਦਾ ਭਗਵਾਨ ਸ੍ਰੀ ਗਣੇਸ਼ ਦੀ ਤਸਵੀਰ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। [illegible] ਇਸ ਮੌਕੇ ਕਲੱਬ ਦੇ ਸਰਪ੍ਰਸਤ ਹਰਮੇਸ਼ ਚਾਵਲਾ, ਚੇਅਰਮੈਨ ਮਾਰਕੀਟ ਕਮੇਟੀ ਐਡਵੋਕੇਟ ਸਤੀਸ਼ ਕੁਮਾਰ 'ਭੀਰੀ', ਵਾਈਸ ਚੇਅਰਮੈਨ ਰਘੂਨੰਦਨ ਪਰਾਸ਼ਰ, ਸ਼ਗਨ ਕਟਾਰੀਆ, ਗੁਰਚਰਨ ਸਿੰਘ ਗਾਬੜੀਆ, ਮਨਜੀਤ ਸਿੰਘ ਢਿੱਲਾ, ਅਸ਼ੋਕ ਧੀਰ, ਗੁਰਤੇਜ ਸਿੰਘ ਸਿੱਧੂ ਭਗਤੂਆਣਾ, ਗੁਰਪ੍ਰੀਤ ਸਿੰਘ ਸਿੱਧੂ ਵਾੜਾ ਭਾਈਕਾ, ਅਵਤਾਰ ਸਿੰਘ ਮੱਲਾ, ਗੌਰਵ ਗੋਇਲ 'ਗੋਲਡੀ' ਤੇ ਭੁਪਿੰਦਰ ਸ਼ਰਮਾ ਪਰਾਸ਼ਰ ਨੇ ਵੀ ਡੀਐੱਸਪੀ ਮਨੋਜ ਕੁਮਾਰ ਨੂੰ ਵਧਾਈ ਦਿੱਤੀ।

## ਠੇਕਿਆਂ 'ਤੇ ਸ਼ਰਾਬ ਮਹਿੰਗੀ ਹੋਣ ਕਾਰਨ ਧੜੱਲੇ ਨਾਲ ਚੱਲ ਰਿਹੈ ਸ਼ਰਾਬ ਦਾ ਨਜਾਇਜ਼ ਧੰਦਾ

**ਸ਼ਾਮ ਦੇ ਸੁਰਮਈ ਹੁੰਦਿਆਂ ਹੀ ਐਕਟਿਵ ਹੋ ਜਾਂਦੇ ਨੇ 'ਡਿਲੀਵਰੀ ਬੁਆਏ'**

**ਭੀਖੀ (ਧਰਮਵੀਰ ਸ਼ਰਮਾ)**-ਬੇਸ਼ੱਕ ਬੀਤੇ ਦਿਨਾਂ ਵਿੱਚ ਪੰਜਾਬ ਦੇ ਕਈ ਸ਼ਹਿਰਾਂ ਵਿੱਚ ਨਜਾਇਜ਼ ਤੇ ਨਕਲੀ ਸ਼ਰਾਬ ਪੀਣ ਨਾਲ ਕਈ ਲੋਕਾਂ ਦੀ ਮੌਤ ਹੋ ਚੁੱਕੀ ਹੈ, ਪ੍ਰੰਤੂ ਇਸ ਦੇ ਬਾਵਜੂਦ ਭੀਖੀ ਤੇ ਆਲੇ ਦੁਆਲੇ ਦੇ ਪਿੰਡਾਂ ਵਿੱਚ ਨਜਾਇਜ਼ ਸ਼ਰਾਬ ਧੜੱਲੇ ਨਾਲ ਵਿਕ ਰਹੀ ਹੈ। ਸ਼ਾਮ ਦੇ ਸੁਰਮਈ ਹੁੰਦਿਆਂ ਹੀ ਸਕੂਟਰ, ਮੋਟਰਸਾਈਕਲਾਂ ਤੇ 'ਡਿਲਵਰੀ ਬੁਆਏ' ਮਿੱਥੇ ਟਿਕਾਣਿਆਂ ਤੇ ਸ਼ਰਾਬ ਦੀ ਸਰਵਿਸ ਦੇਣ ਲਈ ਅੱਪੜ ਜਾਂਦੇ ਹਨ। ਹਾਲਾਤ ਇਹ ਹਨ ਕਿ ਭੀਖੀ ਸਮੇਤ ਸਮਾਉਂ, ਖੀਵਾ ਕਲਾਂ, ਖੀਵਾ ਖੁਰਦ, ਅਤਲਾ ਖੁਰਦ, ਕਿਸ਼ਨਗੜ੍ਹ ਫਰਵਾਹੀ, ਹੋਡਲਾ, ਜੱਸੜ ਵਾਲਾ ਤੇ ਮੋਹਰ ਸਿੰਘ ਵਾਲਾ ਆਦਿ ਪਿੰਡਾਂ ਵਿੱਚ ਨਜਾਇਜ਼ ਸ਼ਰਾਬ ਦਾ ਧੰਦਾ ਧੜੱਲੇ ਨਾਲ ਚੱਲ ਰਿਹਾ ਹੈ ਤੇ ਇਹ ਸ਼ਰਾਬ ਇੱਕ ਮਾਲਵੇ ਦੀ ਡਿਸਟ੍ਰਿਲਗੀ ਦੇ ਬਾਰਦਾਨੇ ਵਿੱਚ ਵੇਚੀ ਜਾ ਰਹੀ ਹੈ। ਇਨ੍ਹਾਂ ਪਿੰਡਾ ਅੰਦਰ ਇਸ ਸ਼ਰਾਬ ਦੀ ਵਰਤੋਂ ਕਰਨ ਵਾਲੇ ਵਿਅਕਤੀਆਂ ਨੇ ਆਪਣਾ ਨਾਮ ਗੁਪਤ ਰੱਖਣ ਦੀ ਸ਼ਰਤ 'ਤੇ ਦੱਸਿਆ ਕਿ ਸਰਕਾਰੀ ਠੇਕਿਆਂ 'ਤੇ ਸ਼ਰਾਬ ਦੇ ਰੇਟ ਬਹੁਤ ਜ਼ਿਆਦਾ ਹਨ, ਜਿਸ ਕਰਕੇ ਉਨ੍ਹਾਂ ਨੂੰ ਨਜਾਇਜ਼ ਸ਼ਰਾਬ ਮਜਬੂਰਨ ਖ੍ਰੀਦਣੀ ਪੈ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰੀ ਠੇਕੇ 'ਤੇ ਦੇਸੀ ਸ਼ਰਾਬ 320 ਰੁਪੈ ਬੋਤਲ ਮਿਲ ਰਹੀ ਹੈ, ਜਦੋਂਕਿ ਇਹ ਸ਼ਰਾਬ 240 ਰੁਪੈ ਪ੍ਰਤੀ ਬੋਤਲ ਦੇ ਹਿਸਾਬ ਨਾਲ ਸਾਨੂੰ ਆਪਣੇ ਟਿਕਾਣੀਆਂ 'ਤੇ ਹੀ ਮਿਲ ਜਾਂਦੀ ਹੈ। ਜ਼ਿਕਰਯੋਗ ਤੱਥ ਇਹ ਵੀ ਹੈ ਕਿ ਜਿਹੜੇ ਵਿਅਕਤੀ ਲੰਬੇ ਸਮੇ ਤੋਂ ਨਜਾਇਜ਼ ਸ਼ਰਾਬ ਦੀ ਵਰਤੋਂ ਕਰ ਰਹੇ ਹਨ, ਉਨ੍ਹਾਂ ਵਿੱਚੋਂ ਕਈਆਂ ਨੂੰ ਗੁਰਦਿਆਂ ਤੇ ਜਿਗਰ ਦੀਆਂ ਬੀਮਾਰੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਕਈ ਦਿਲ ਦੀਆਂ ਬੀਮਾਰੀਆਂ ਦਾ ਵੀ ਸ਼ਿਕਾਰ ਹੋਏ ਹਨ। ਉੱਧਰ ਆਬਕਾਰੀ ਵਿਭਾਗ ਦੇ ਇੰਸਪੈਕਟਰ ਮਨਪ੍ਰੀਤ ਸਿੰਘ ਨਾਲ ਗੱਲ ਕੀਤੀ ਗਈ ਤਾਂ ਉਨ੍ਹਾਂ ਕਿਹਾ ਕਿ ਲੋਕ ਸਿਰਫ ਅਧਿਕਾਰਤ ਸ਼ਰਾਬ ਦੀਆਂ ਦੁਕਾਨਾਂ ਤੋਂ ਹੀ ਸ਼ਰਾਬ ਖ੍ਰੀਦਣ। ਠੇਕਿਆਂ 'ਤੇ ਮਿਲਦੀ ਮਹਿੰਗੀ ਸ਼ਰਾਬ ਦੇ ਸਵਾਲ ਦੇ ਜਵਾਬ ਵਿੱਚ ਉਨ੍ਹਾਂ ਕਿਹਾ ਕਿ ਮਹਿਕਮੇ ਵੱਲੋਂ ਦੇਸੀ ਤੇ ਅੰਗਰੇਜ਼ੀ ਸ਼ਰਾਬ ਦੇ ਰੇਟ ਨਿਰਧਾਰਤ ਕਰਕੇ ਠੇਕਿਆਂ ਦੇ ਬਾਹਰ ਰੇਟ ਲਿਸਟ ਲਗਾਈ ਗਈ ਹੈ, ਲੋਕ ਮਿੱਥੇ ਭਾਅ 'ਤੇ ਹੀ ਸ਼ਰਾਬ ਖ੍ਰੀਦਣ।

## 45 ਹਜ਼ਾਰ ਨਸ਼ੀਲੇ ਕੈਪਸੂਲ ਸਮੇਤ 5 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਮਮਦੋਟ ਦੀ ਪੁਲਸ ਨੇ ਗਸ਼ਤ ਤੇ ਛਾਪੇਮਾਰੀ ਦੌਰਾਨ 5 ਵਿਅਕਤੀਆਂ ਨੂੰ 45 ਹਜ਼ਾਰ ਨਸ਼ੀਲੇ ਕੈਪਸੂਲਾਂ ਸਮੇਤ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਐੱਸਆਈ ਸੁਖਦੇਵ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਬੀਐੱਸਐੱਫ ਚੌਕ ਮਮਦੋਟ ਪਾਸ ਪੁੱਜੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਮਨਪ੍ਰੀਤ ਸਿੰਘ ਪੁੱਤਰ ਅਜੀਤ ਸਿੰਘ ਵਾਸੀ ਪਿੰਡ ਬੋੜੀਆਂ, ਰਮਨ ਸਿੰਘ ਪੁੱਤਰ ਪਿਸ਼ੰਬਰ ਸਿੰਘ ਵਾਸੀ ਕੱਲੇ ਵਾਲਾ ਥਾਣਾ ਗੁਰੂ ਹਰਸਹਾਏ, ਕੁਲਵੰਤ ਸਿੰਘ ਪੁੱਤਰ ਅਨੋਖ ਸਿੰਘ ਵਾਸੀ ਰਾਓ ਕੇ ਹਿਠਾੜ, ਮਨਦੀਪ ਕੁਮਾਰ ਪੁੱਤਰ ਜਤਿੰਦਰ ਕੁਮਾਰ ਵਾਸੀ ਖਾਈ ਫੇਮੇ ਕੇ ਅਤੇ ਗੁਰਵਿੰਦਰ ਸਿੰਘ ਪੁੱਤਰ ਸ਼ਮਸ਼ੇਰ ਸਿੰਘ ਵਾਸੀ ਪਿੰਡ ਨਾਨਕਪੁਰਾ ਨਸ਼ੀਲੇ ਕੈਪਸੂਲ ਵੇਚਣ ਦੇ ਆਦੀ ਹਨ। ਜੋ ਅੱਜ ਦਾਨਾ ਮੰਡੀ ਮਮਦੋਟ ਵਿਖੇ ਬਣੇ ਸ਼ੈੱਡ ਹੇਠਾਂ ਨਸ਼ੀਲੇ ਕੈਪਸੂਲ ਵੇਚਣ ਲਈ ਗਾਹਕਾਂ ਦੀ ਉਡੀਕ ਕਰ ਰਹੇ ਹਨ। ਜੇਕਰ ਹੁਣੇ ਉਨ੍ਹਾਂ 'ਤੇ ਛਾਪੇਮਾਰੀ ਕੀਤੀ ਜਾਵੇ ਤਾਂ ਉਕਤ ਦੋਸ਼ੀਅਨ ਕੋਲੋਂ ਭਾਰੀ ਮਾਤਰਾ ਵਿਚ ਨਸ਼ੀਲੇ ਕੈਪਸੂਲਾਂ ਸਮੇਤ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਜਗ੍ਹਾ 'ਤੇ ਛਾਪੇਮਾਰੀ ਕਰਕੇ ਦੋਸ਼ੀਆਨ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਕੋਲੋਂ 45 ਹਜ਼ਾਰ ਨਸ਼ੀਲੇ ਕੈਪਸੂਲ ਤੇ ਇਕ ਮਾਰ ਮਾਰੂਤੀ ਸਿਆਜ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲੇ ਦਰਜ ਕਰ ਲਏ ਗਏ ਹਨ।

# ਜ਼ੋਨਲ ਲੈਵਲ ਦਾ ਨਿਰੰਕਾਰੀ ਬਾਲ ਸੰਤ ਸਮਾਗਮ ਸਫਲਤਾਪੂਰਵਕ ਸੰਪੰਨ

## ਬਾਲ ਸੰਤ ਸਮਾਗਮਾਂ ਨਾਲ ਬੱਚਿਆਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਹੁੰਦੈ : ਸੰਤ ਜਸਦੀਪ ਜੱਸੀ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਆਦੇਸ਼ਾਂ ਮੁਤਾਬਿਕ ਪਟਿਆਲਾ ਜ਼ੋਨ ਦੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਦੀ ਅਗਵਾਈ ਹੇਠ ਸਮਾਣਾ ਵਿਖੇ ਯੋਨਲ ਲੈਵਲ ਦਾ ਨਿਰੰਕਾਰੀ ਬਾਲ ਸੰਤ ਸਮਾਗਮ ਕਰਵਾਇਆ ਗਿਆ, ਜਿਸ ਵਿੱਚ 17 ਬ੍ਰਾਂਚਾਂ ਘਨੌਰ, ਗੁਲਾਹੜ੍ਹ, ਮਾਣਕਪੁਰ, ਕਰੀਮ ਨਗਰ ਭਾਦਸੋਂ, ਮਸੀਗਣ, ਪਟਿਆਲਾ, ਸ਼ੁਤਰਾਣਾ, ਦੰਦਰਾਲਾ ਢੀਂਡਸਾ, ਨਾਭਾ, ਜਨਸੂਹਾ, ਫਤਿਹਪੁਰ ਪਟਿਆਲਾ, ਪਾਤੜਾਂ, ਘੱਗਾ, ਬਾਦਸ਼ਾਹਪੁਰ, ਡਕਾਲਾ, ਤੇ ਸਮਾਣਾ ਦੇ ਬੱਚਿਆਂ ਨੇ ਭਾਗ ਲਿਆ,. ਜਿਨ੍ਹਾਂ ਨੇ ਹਰਦੇਵ ਬਾਣੀ, ਸੰਪੂਰਨ ਅਵਤਾਰ ਬਾਣੀ, ਸਲੋਕਾਂ, ਗੀਤਾਂ, ਸਟਿੱਕਾਂ, ਵਿਚਾਰਾਂ ਅਧਿਆਤਮਕ ਭਗਤੀ ਭਰੇ ਗੀਤਾਂ ਤੇ ਗਿੱਧਾ, ਭੰਗੜੇ ਰਾਹੀਂ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਦੇ ਸੰਦੇਸ਼ ਸੰਗਤਾਂ ਸਾਹਮਣੇ ਪੇਸ਼ ਕੀਤੇ।ਇਸ ਬਾਲ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸੰਤ ਜਸਜੀਤ ਜੱਸੀ ਲੁਧਿਆਣਾ ਨੇ ਫਰਮਾਇਆ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਵੱਲੋਂ ਬਾਲ ਸੰਤ ਸਮਾਗਮ ਕਰਾਉਣ ਦਾ ਮੁੱਖ ਮਕਸਦ ਇਹ ਹੈ ਕਿ ਬੱਚਿਆਂ ਦਾ ਧਿਆਨ ਨਿਰੰਕਾਰ ਪ੍ਰਭੂ ਨਾਲ ਜੁੜਿਆ ਰਹੇ, ਉਨ੍ਹਾਂ ਦਾ ਸਰੀਰਕ ਤੇ ਮਾਨਸਿਕ ਵਿਕਾਸ ਹੋਵੇ, ਉਹ ਨਸ਼ਿਆਂ ਦੀ ਦਲ ਦਲ ਵਿੱਚ ਫਸਣ ਤੋਂ ਬਚੇ ਰਹਿਣ, ਉਨ੍ਹਾਂ ਦੇ ਦਿਲਾਂ ਵਿੱਚ ਸੰਸਾਰੀ ਵਿਕਾਸ ਦੇ ਨਾਲ ਨਾਲ ਨਿਰੰਕਾਰੀ ਮਿਸ਼ਨ ਦਾ ਵੀ ਵਿਕਾਸ ਹੋਵੇ ਤਾਂ ਜੋ ਉਹ ਵੱਡੇ ਹੋ ਕੇ ਨਿਰੰਕਾਰੀ ਮਿਸ਼ਨ ਦੀਆਂ ਜ਼ੁੰਮੇਵਾਰੀਆਂ ਸਾਂਭਣ ਦੇ ਕਾਬਲ ਬਣ ਸਕਣ, ਸੰਗਤ ਨਾਲ ਜੁੜੇ ਰਹਿਣ ਦੀ ਭਾਵਨਾ ਉਨ੍ਹਾਂ ਦੇ ਮਨ ਵਿੱਚ ਬਣੀ ਰਹੇ, ਸੇਵਾ ਕਰਨ ਦਾ ਜਜ਼ਬਾ ਉਨ੍ਹਾਂ ਦੇਦਿਲਾਂ ਵਿੱਚ ਬਣਿਆ ਰਹੇ। ਇਨ੍ਹਾਂ ਬਾਲ ਸਮਾਗਮਾਂ ਵਿੱਚੋਂ ਬੱਚਿਆਂ ਨੂੰ ਚੰਗੇ ਗੁਣ ਸਿੱਖਣ ਨੂੰ ਮਿਲਦੇ ਹਨ, ਵੱਡੇ ਹੋ ਕੇ ਉਹ ਚੰਗੇ ਨਾਗਰਿਕ ਬਣਨ ਦੇ ਨਾਲ ਨਾਲ ਉਨ੍ਹਾਂ ਦਾ ਜੀਵਨ ਸੰਤਾਂ ਮਹਾਂਪੁਰਸ਼ਾਂ ਵਾਲਾ ਬਣ ਜਾਂਦਾ ਹੈ।ਉਨ੍ਹਾਂ ਕਿਹਾ ਕਿ ਉੱਚੀ ਬਿਲਡਿੰਗ ਬਣਾਉਣ ਲਈ ਉਸ ਦੀਆਂ ਨੀਹਾਂ ਥੱਲੇ ਤੱਕ ਮਜ਼ਬੂਤ ਕਰਨੀਆਂ ਪੈਂਦੀਆਂ ਹਨ, ਤਾਂ ਜੋ ਬਿਲਡਿੰਗ ਤੂਫਾਨਾਂ ਦਾ ਟਾਕਰਾ ਕਰ ਸਕੇ।

ਇਸੇ ਤਰ੍ਹਾਂ ਜੀਵਨ ਨੂੰ ਗੁਰਸਿੱਖੀ ਦੀਆਂ ਉਚਾਈਆਂ ਵੱਲ ਲੈ ਜਾਣ ਲਈ ਬੱਚਿਆਂ ਨੂੰ ਬਚਪਨ ਵਿਚ ਸੰਗਤ ਨਾਲ ਜੋੜਨਾ ਚਾਹੀਦਾ ਹੈ ਤਾਂ ਜੋ ਬੱਚਿਆਂ ਦਾ ਜੀਵਨ ਭਗਤੀ ਨਾਲ ਜੋੜਿਆ ਹੋਇਆ। ਜੀਵਨ ਦੀਆਂ ਉਚਾਈਆਂ ਨੂੰ ਛੂਹੇ, ਮਾਇਆ ਰੂਪੀ ਤੂਫਾਨ ਉਨ੍ਹਾਂ ਦਾ ਕੁਝ ਵਿਗਾੜ ਨਾ ਸਕਣ।ਬਾਲ ਸਮਾਗਮ ਦੀ ਸਫਲਤਾਪੂਰਵਕ ਸੰਪਤਾ ਤੇ ਜ਼ੋਨਲ ਇੰਚਾਰਜ ਸ੍ਰੀ ਰਾਧੇ ਸ਼ਾਮ ਨੇ ਬੱਚਿਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਨੂੰ ਟ੍ਰੇਨਿੰਗ ਦੇਣ ਵਾਲੇ ਸੰਤਾਂ ਮਹਾਂਪੁਰਸ਼ ਤੇ ਭੈਣਾਂ, ਬਾਲ ਸਮਾਗਮ ਦਾ ਵਧੀਆ ਪ੍ਰਬੰਧ ਕਰਨ ਲਈ ਸਮਾਣਾ ਦੇ ਪ੍ਰਬੰਧਕਾਂ ਤੇ ਸੇਵਾ ਦਲ ਦੇ ਅਧਿਕਾਰੀਆਂ ਅਤੇ ਸੇਵਾ ਦਲ ਦਾ ਧੰਨਵਾਦ ਕੀਤਾ ਤੇ ਸੰਗਤਾਂ ਨੂੰ ਜੀ ਆਇਆਂ ਆਖਿਆ।ਉਨ੍ਹਾਂ ਸਾਰਿਆਂ ਲਈ ਅਰਦਾਸ ਕਰਦਿਆਂ ਕਿਹਾ ਕਿ ਸਤਿਗੁਰੂ ਮਾਤਾ ਸੁਦੀਕਸ਼ਾ ਜੀ ਮਹਾਰਾਜ ਸਾਰਿਆਂ ਨੂੰ ਨਿਰੋਗ ਤੇ ਤੰਦਰੁਸਤ ਰੱਖਣ ਤਾਂ ਜੋ ਉਹ ਇਸੇ ਤਰ੍ਹਾਂ ਸੰਗਤ ਨਾਲ ਜੁੜੇ ਰਹਿਣ ਤੇ ਸੇਵਾ ਕਰਦੇ ਰਹਿਣ।

## 11 ਜੁਲਾਈ ਨੂੰ ਮਨਰੇਗਾ ਕਾਮਿਆਂ ਦੀ ਜ਼ੋਨਲ ਕਨਵੈਨਸ਼ਨ 'ਚ ਕੀਤਾ ਜਾਵੇਗਾ ਤਿੱਖੇ ਸੰਘਰਸ਼ਾਂ ਦਾ ਐਲਾਨ



**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਮਨਰੇਗਾ ਵਰਕਰਜ਼ ਯੂਨੀਅਨ ਪੰਜਾਬ ਦੀ ਦੱਖਣੀ ਮਾਲਵਾ ਜ਼ੋਨ ਦੀ ਮੀਟਿੰਗ ਟੀਚਰਜ਼ ਹੋਮ ਬਠਿੰਡਾ ਵਿਖੇ ਆਤਮਾ ਰਾਮ ਸਰਦੂਲਗੜ੍ਹ (ਮਾਨਸਾ), ਜੱਗਾ ਸਿੰਘ ਖੂਹੀਆਂ ਸਰਵਰ (ਫਾਜ਼ਿਲਕਾ), ਗੁਰਤੇਜ ਸਿੰਘ ਹਰੀ ਨੌ (ਫਰੀਦਕੋਟ), ਭੋਲਾ ਸਿੰਘ ਕਲਾਲ ਮਾਜਰਾ (ਬਰਨਾਲਾ) ਮਨਪ੍ਰੀਤ ਕੌਰ (ਬਠਿੰਡਾ) ਦੀ ਪ੍ਰਧਾਨਗੀ ਹੇਠ ਸੰਪੰਨ ਹੋਈ। ਮੀਟਿੰਗ ਨੂੰ ਸੰਬੋਧਨ ਕਰਨ ਲਈ ਜੇਪੀਐੱਮਓ ਦੇ ਸੂਬਾਈ ਕੋ-ਆਰਡੀਨੇਟਰ ਸਾਥੀ ਮਹੀਪਾਲ, ਸੀਟੀਯੂ ਪੰਜਾਬ ਦੇ ਸਕੱਤਰ ਲਾਲ ਚੰਦ ਸਰਦੂਲਗੜ੍ਹ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਸਹਾਇਕ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ, ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ (ਐੱਸ.ਬੀ.ਵਾਈ.ਐੱਫ.) ਦੇ ਜਨਰਲ ਸਕੱਤਰ ਧਰਮਿੰਦਰ ਸਿੰਘ ਮੁਕੇਰੀਆਂ, ਪੰਜਾਬ ਸਟੂਡੈਂਟਸ ਫੈਡਰੇਸ਼ਨ (ਪੀ.ਐੱਸ.ਐੱਫ.) ਦੇ ਕੋ-ਕਨਵੀਨਰ ਰਵਿੰਦਰ ਰਵੀ ਉਚੇਚੇ ਪਹੁੰਚੇ। ਮੀਟਿੰਗ ਵੱਲੋਂ 11 ਜੁਲਾਈ 2025 ਨੂੰ ਬਠਿੰਡਾ ਵਿਖੇ ਹੋਣ ਜਾ ਰਹੀ ਮਨਰੇਗਾ ਕਿਰਤੀਆਂ ਦੀ ਜ਼ੋਨਲ ਕਨਵੈਨਸ਼ਨ ਦੀ ਕਾਮਯਾਬੀ ਲਈ ਵਿਉਂਤਬੰਦੀ ਕੀਤੀ ਗਈ ਤੇ ਜ਼ਿਲ੍ਹੇਵਾਰ ਕੋਟੇ ਵੰਡੇ ਗਏ। ਕੇਂਦਰੀ ਟਰੇਡ ਯੂਨੀਅਨਾਂ ਤੇ ਆਜ਼ਾਦ ਫੈਡਰੇਸ਼ਨਾਂ ਦੇ ਸੱਦੇ 'ਤੇ ਆਉਣ ਵਾਲੀ 9 ਜੁਲਾਈ ਨੂੰ ਕੀਤੀ ਜਾ ਰਹੀ ਇਕ ਰੋਜ਼ਾ ਦੇਸ਼ ਵਿਆਪੀ ਹੜਤਾਲ ਦਾ ਸੁਨੇਹਾ ਘਰ-ਘਰ ਪਹੁੰਚਾਉਣ ਲਈ ਪਿੰਡਾਂ-ਸ਼ਹਿਰਾਂ ਅੰਦਰ ਜਨਤਕ ਮੀਟਿੰਗਾਂ ਕਰਨ ਦਾ ਫੈਸਲਾ ਲਿਆ ਗਿਆ। ਸੂਬੇ ਦੀ ਭਗਵੰਤ ਸਿੰਘ ਮਾਨ ਸਰਕਾਰ ਵੱਲੋਂ ਜਾਰੀ ਕੀਤਾ ਗਿਆ ਕਿਰਤੀ ਮਾਰੂ ਨੋਟੀਫਿਕੇਸ਼ਨ ਰੱਦ ਕਰਵਾਉਣ 21 ਜੂਨ 2025 ਨੂੰ ਪਿੰਡ-ਪਿੰਡ ਮੁੱਖ ਮੰਤਰੀ ਦੇ ਪੁਤਲੇ ਫੂਕੇ ਜਾਣ ਦਾ ਨਿਰਣਾ ਲਿਆ ਗਿਆ ਹੈ। 17 ਜੂਨ ਨੂੰ ਫਲਸਤੀਨੀਆਂ ਨਾਲ ਇਕਜੁੱਟਤਾ ਪ੍ਰਗਟ ਕਰਨ ਲਈ ਤੇ ਇਜ਼ਰਾਇਲ-ਅਮਰੀਕਾ ਜੰਗਬਾਜ਼ ਜੁੰਡਲੀ ਖਿਲਾਫ਼ ਬਠਿੰਡਾ, ਸਰਦੂਲਗੜ੍ਹ, ਮਹਿਲ ਕਲਾਂ, ਕੋਟਕਪੂਰਾ, ਅਬੋਹਰ ਵਿਖੇ ਰੋਡ ਸ਼ੋਅ ਕਰਨ ਦਾ ਐਲਾਨ ਕੀਤਾ ਗਿਆ ਹੈ। ਬੱਸ ਸਟੈਂਡ ਬਚਾਓ ਸੰਘਰਸ਼ ਕਮੇਟੀ ਬਠਿੰਡਾ ਤੇ ਨਰਿੰਦਰ ਦੀਪ ਕਤਲ ਕਾਂਡ ਵਿਰੋਧੀ ਐਕਸ਼ਨ ਕਮੇਟੀ ਵੱਲੋਂ 16 ਜੂਨ ਨੂੰ ਲੁਧਿਆਣਾ ਵਿਖੇ ਕੀਤੇ ਜਾਣ ਵਾਲੇ ਰੋਸ ਪ੍ਰਦਰਸ਼ਨਾਂ 'ਚ ਵੀ ਸ਼ਮੂਲੀਅਤ ਕਰਨ ਦਾ ਫੈਸਲਾ ਲਿਆ ਗਿਆ ਹੈ।

## ਭਾਣਜੇ ਵੱਲੋਂ ਮਾਮੇ ਨੂੰ ਗੋਲੀ ਮਾਰ ਕੇ ਕਤਲ ਕਰਨ ਦੇ ਦੋਸ਼ 'ਚ ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਆਰਿਫ ਕੇ ਦੇ ਅਧੀਨ ਆਉਂਦੇ ਪਿੰਡ ਅੱਕੂ ਮਸਤੇ ਕੇ ਵਿਖੇ ਭਾਣਜੇ ਵੱਲੋਂ ਮਾਮੇ ਨੂੰ ਗੋਲੀ ਮਾਰ ਕੇ ਕਤਲ ਕਰਨ ਦੇ ਦੋਸ਼ ਵਿਚ ਥਾਣਾ ਆਰਿਫ ਕੇ ਪੁਲਸ ਨੇ 5 ਲੋਕਾਂ ਖਿਲਾਫ ਅਸਲਾ ਐਕਟ ਤਹਿਤ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਹਰਪ੍ਰੀਤ ਸਿੰਘ ਪੁੱਤਰ ਮੁਖਤਿਆਰ ਸਿੰਘ ਵਾਸੀ ਅੱਕੂ ਮਸਤੇ ਕੇ ਨੇ ਦੱਸਿਆ ਕਿ ਸੁਖਦੇਵ ਸਿੰਘ ਪੁੱਤਰ ਬਲਕਾਰ ਸਿੰਘ ਨੇ ਸਾਡੀ ਮਾਲਕੀ ਜ਼ਮੀਨ ਦੇ ਨਾਲ ਠੇਕੇ 'ਤੇ ਜ਼ਮੀਨ ਲੈ ਕੇ ਝੋਨਾ ਬੀਜਿਆ ਹੈ, ਜੋ ਇਤਰਾਜ਼ ਕਰਦਾ ਸੀ ਕਿ ਤੁਸੀਂ ਆਪਣੀ ਜ਼ਮੀਨ ਵਹਾਉਣ ਲੱਗਿਆ ਮੇਰਾ ਸਾਰਾ ਝੋਨਾ ਖਰਾਬ ਕਰਦੇ ਹੋ, ਜਿਸ ਕਾਰਨ ਉਕਤ ਦੋਸ਼ੀਆਨ ਸੁਖਦੇਵ ਸਿੰਘ ਪੁੱਤਰ ਬਲਕਾਰ ਸਿੰਘ, ਗੁਰਨੂਰ ਸਿੰਘ ਪੁੱਤਰ ਸੁਖਦੇਵ ਸਿੰਘ, ਗੁਰਪ੍ਰੀਤ ਕੌਰ ਪਤਨੀ ਸੁਖਦੇਵ ਸਿੰਘ, ਨਿਰਮਲ ਕੌਰ ਪਤਨੀ ਸੁਖਦੇਵ ਸਿੰਘ ਤੇ ਸੁਰਿੰਦਰ ਕੌਰ ਪਤਨੀ ਬਲਕਾਰ ਸਿੰਘ ਵਾਸੀ ਅੱਕੂ ਮਸਤੇ ਕੇ ਨੇ ਹਮਮਸ਼ਵਰਾ ਹੋ ਕੇ ਮੇਰੇ ਪਿਤਾ ਮੁਖਤਿਆਰ ਸਿੰਘ (50 ਸਾਲ) ਪੁੱਤਰ ਰੂੜ ਸਿੰਘ ਨੂੰ ਫਾਇਰ ਮਾਰ ਕੇ ਮਾਰਿਆ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਨਿਰਮਲ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

## ਮੁਕਤਸਰ ਵਿਕਾਸ ਮਿਸ਼ਨ ਵੱਲੋਂ ਜਹਾਜ਼ ਹਾਦਸੇ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਅਹਿਮਦਾਬਾਦ ਹਵਾਈ ਹਾਦਸੇ ਵਿੱਚ ਗੁਜਰਾਤ ਦੇ ਸਾਬਕਾ ਮੁੱਖ ਮੰਤਰੀ ਵਿਜੇ ਰੁਪਾਣੀ ਤੇ 41 ਡਾਕਟਰਾਂ ਸਮੇਤ 300 ਦੇ ਕਰੀਬ ਵਿਅਕਤੀ ਮਾਰੇ ਗਏ ਸਨ।ਇਸ ਭਿਆਨਕ ਤੇ ਦਰਦਨਾਕ ਹਾਦਸੇ ਨੇ ਕਈ ਹੱਸਦੇ ਖੇਡਦੇ ਪਰਿਵਾਰ ਪਲਾਂ ਵਿੱਚ ਹੀ ਉਜਾੜ ਦਿੱਤੇ। ਸੁਪਨੇ ਅਧੂਰੇ ਰਹਿ ਗਏ।ਸਮੁੱਚੇ ਦੇਸ਼ ਅੰਦਰ ਸੋਗ ਦੀ ਲਹਿਰ ਫੈਲ ਗਈ ਹੈ।ਸਮਾਜ ਦੇ ਭਲੇ ਤੇ ਵਿਕਾਸ ਨੂੰ ਸਮਰਪਿਤ ਪ੍ਰਮੁੱਖ ਵਰਕਿੰਗ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਮੁਕਤਸਰ ਵਿਕਾਸ ਮਿਸ਼ਨ ਨੇ ਉਕਤ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਟ ਕਰਨ ਲਈ ਸਥਾਨਕ ਨਿੱਜੀ ਹੋਟਲ ਵਿਖੇ ਸ਼ੋਕ ਮੀਟਿੰਗ ਕੀਤੀ ਗਈ।ਮਿਸ਼ਨ ਮੁਖੀ ਪ੍ਰਸਿੱਧ ਸਮਾਜ ਸੇਵਕ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਹੋਈ ਇਸ ਮੀਟਿੰਗ ਵਿੱਚ ਮਿਸ਼ਨ ਗਾਇਡ ਇੰਜ. ਅਸ਼ੋਕ ਭਾਰਤੀ, ਚੇਅਰਮੈਨ ਨਿਰੰਜਣ ਸਿੰਘ ਰੱਖਰਾ, ਪੈਟਰਨ ਡਾ. ਸੁਰਿੰਦਰ ਗਿਰਧਰ, ਅਸਿਸਟੈਂਟ ਕੋਆਰਡੀਨੇਟਰ ਵਿਕਰਾਂਤ ਤੇਰੀਆ ਤੇ ਮਿਸ਼ਨ ਫੋਟੋ ਗ੍ਰਾਫਰ ਨਰਿੰਦਰ ਕਾਕਾ ਤੋਂ ਇਲਾਵਾ ਬਾਬਾ ਜੀਵਨ ਸਿੰਘ ਮਿਸਤ੍ਰੀ ਮਜ਼ਦੂਰ ਯੂਨੀਅਨ ਦੇ ਪ੍ਰਧਾਨ, ਸ਼ਮਿੰਦਰ ਕੁਮਾਰ ਬੌਬੀ, ਸਤਪਾਲ ਸਿੰਘ, ਗੁਰਦੇਵ ਸਿੰਘ, ਗੁਰਤੇਜ ਸਿੰਘ, ਸੰਨੀ ਸਿੰਘ ਤੇ ਇਕਬਾਲ ਸਿੰਘ ਆਦਿ ਮੌਜੂਦ ਸਨ। ਜਾਣਕਾਰੀ ਦਿੰਦੇ ਹੋਏ ਪ੍ਰਧਾਨ ਢੋਸੀਵਾਲ ਨੇ ਦੱਸਿਆ ਹੈ ਕਿ ਸੋਕ ਮੀਟਿੰਗ ਦੌਰਾਨ ਦੋ ਮਿੰਟ ਦਾ ਮੋਨ ਧਾਰਨ ਕਰਕੇ ਮ੍ਰਿਤਕਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਗਈ। ਸਮੂਹ ਬੁਲਾਰਿਆਂ ਨੇ ਅਕਾਲ ਪੁਰਖ ਵਾਹਿਗੁਰੂ ਕੋਲ ਮ੍ਰਿਤਕਾਂ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖਸ਼ਣ ਦੀ ਦੁਆ ਕੀਤੀ।ਹਾਦਸੇ ਦੌਰਾਨ ਕੇਵਲ ਇਕੋ ਇੱਕ ਜ਼ਿੰਦਾ ਬਚੇ ਯਾਤਰੀ ਵਿਸ਼ਵਾਸ ਕੁਮਾਰ ਦੇ ਜਲਦੀ ਤੰਦਰੁਸਤ ਹੋਣ ਦੀ ਕਾਮਨਾ ਕੀਤੀ ਗਈ।ਸਮੂਹ ਬੁਲਾਰਿਆਂ ਵੱਲੋਂ ਭਵਿੱਖ ਵਿੱਚ ਅਜਿਹੀਆਂ ਘਟਨਾਵਾਂ ਨਾ ਵਾਪਰਨ ਦੀ ਕਾਮਨਾ ਵੀ ਕੀਤੀ ਗਈ।

## ਸਾਫ਼-ਸੁਥਰਾ ਤੇ ਪਾਰਦਰਸ਼ੀ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਸਾਡਾ ਮੁੱਢਲਾ ਕਾਰਜ : ਡੀ ਐੱਸ ਪੀ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਸਬ ਡਵੀਜ਼ਨ ਸਮਾਣਾ ਵਿਖੇ ਨਵੇਂ ਆਏ ਡੀ.ਐੱਸ.ਪੀ. ਸਰਦਾਰ ਫਤਿਹ ਸਿੰਘ ਬਰਾੜ ਵੱਲੋਂ ਬੀਤੇ ਦਿਨੀਂ ਚਾਰਜ ਸੰਭਾਲ ਲਿਆ ਗਿਆ ਹੈ ਅਤੇ ਡੀ.ਐੱਸ.ਪੀ. ਸ੍ਰ. ਬਰਾੜ ਨੇ ਸਮਾਣਾ ਵਿਖੇ ਮੀਡੀਆ ਨਾਲ ਇੱਕ ਵਿਸ਼ੇਸ਼ ਮਿਲਣੀ ਦੌਰਾਨ ਗੱਲਬਾਤ ਕਰਦਿਆਂ ਕਿਹਾ ਕਿ ਜ਼ਿਲ੍ਹਾ ਪੁਲਸ ਮੁਖੀ ਐੱਸ.ਐੱਸ.ਪੀ. ਵਰੁਨ ਸ਼ਰਮਾ ਦੇ ਦਿਸ਼ਾ ਨਿਰਦੇਸ਼ਾਂ ਹੇਠ ਲੋਕਾਂ ਦੀ ਭਲਾਈ ਲਈ ਪੁਲਸ ਦਿਨ-ਰਾਤ ਤੱਤਪਰ ਹੈ ਤੇ ਗਲਤ ਅਨਸਰਾਂ ਨੂੰ ਨੱਥ ਪਾਉਣ ਲਈ ਹਰ ਸਮੇਂ ਤਿਆਰ ਰਹੇਗੀ, ਪਰ ਇਸ ਦੇ ਨਾਲ ਹੀ ਸ਼ਹਿਰ ਨਿਵਾਸੀਆਂ ਤੇ ਲੋਕਾਂ ਦਾ ਸਹਿਯੋਗ ਵੀ ਅਤਿ ਜ਼ਰੂਰੀ ਹੈ।ਉਨ੍ਹਾਂ ਕਿਹਾ ਕਿ ਸਾਫ਼ ਸੁਥਰਾ, ਭ੍ਰਿਸ਼ਟਾਚਾਰ ਰਹਿਤ ਤੇ ਪਾਰਦਰਸ਼ੀ ਪੁਲਸ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਉਨ੍ਹਾਂ ਦਾ ਮੁੱਢਲਾ ਕਾਰਜ ਹੋਵੇਗਾ ।ਉਨ੍ਹਾਂ ਕਿਹਾ ਕਿ ਇਲਾਕੇ 'ਚ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਿਆ ਜਾਵੇਗਾ ਤੇ ਸਮਾਜ ਵਿਰੋਧੀ ਅਨਸਰਾਂ 'ਤੇ ਪੁਲਸ ਵਲੋਂ ਪੂਰੀ ਨਜ਼ਰ ਰੱਖੀ ਜਾਵੇਗੀ ਤੇ ਜੇਕਰ ਕਿਸੇ ਵੀ ਹਾਲਤ ਵਿਚ ਕੋਈ ਸ਼ਰਾਰਤੀ ਤੇ ਗੁੰਡਾ ਅਨਸਰਾਂ ਨੂੰ ਸਮਾਜ ਦਾ ਮਾਹੌਲ ਖਰਾਬ ਕਰਨ ਦੀ ਕੋਸ਼ਿਸ਼ ਕਰਦਾ ਹੈ ਤਾਂ ਉਸ ਨੂੰ ਬਖਸ਼ੀਆ ਨਹੀਂ ਜਾਵੇਗਾ।ਉਨ੍ਹਾਂ ਕਿਹਾ ਕਿ ਥਾਣਿਆਂ 'ਚ ਪਤਵੰਤਿਆਂ ਨੂੰ ਪੂਰਨ ਸਤਿਕਾਰ ਮਿਲੇਗਾ ਤੇ ਗੈਰ-ਕਾਨੂੰਨੀ ਕੰਮ ਕਰਨ ਵਾਲਿਆਂ 'ਤੇ ਨਕੇਲ ਕੱਸੀ ਜਾਵੇਗੀ।ਉਨ੍ਹਾਂ ਸ਼ਹਿਰ ਦੇ ਜਾਗਰੂਕ ਸ਼ਹਿਰੀਆਂ ਤੇ ਹੋਰ ਸਮਾਜਿਕ ਜਥੇਬੰਦੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਸ਼ਹਿਰ ਦੇ ਮਾਹੌਲ ਨੂੰ ਖੁਸ਼ਗਵਾਰ ਬਣਾਉਣ ਵਿੱਚ ਉਹ ਪੁਲਸ ਦੀ ਮਦਦ ਕਰਨ।

## ਪ੍ਰਧਾਨ ਗਿੱਲ ਨੇ ਪੁਰਾਣੇ ਕਾਂਗਰਸੀ ਆਗੂਆਂ ਨਾਲ ਕੀਤੀ ਮੀਟਿੰਗ



**ਦੋਰਾਹਾ (ਹਰਮਿੰਦਰ ਸੇਠ)**-ਗਿੱਲ ਬੇਰਕਲਾਂ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਤੇ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਜਗਰੂਪ ਸਿੰਘ ਫੌਜੀ ਰਾਮਗੜ੍ਹ ਸਰਦਾਰਾ ਦੇ ਗ੍ਰਹਿ ਵਿਖੇ ਕਾਂਗਰਸ ਪਾਰਟੀ ਦੇ ਪੁਰਾਣੇ ਆਗੂਆਂ ਨਾਲ ਕਾਂਗਰਸ ਪਾਰਟੀ ਦੀ ਮਜ਼ਬੂਤੀ ਨੂੰ ਲੈ ਕੇ ਚਰਚਾ ਕੀਤੀ ਗਈ ਅਤੇ ਆਉਣ ਵਾਲੀਆਂ ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਸਬੰਧੀ ਚਰਚਾ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਬਲਾਕ ਕਾਂਗਰਸ ਮਲੋਦ ਦੇ ਪ੍ਰਧਾਨ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਕੋਲ ਮੁਲਾਜ਼ਮਾਂ ਨੂੰ ਤਨਖਾਹ ਦੇਣ ਲਈ ਵੀ ਰੁਪਏ ਨਹੀਂ ਮੁਲਾਜ਼ਮਾਂ ਨੂੰ ਤਨਖਾਹ ਦੇਣ ਲਈ ਵੀ ਪੰਜਾਬ ਸਰਕਾਰ ਨੂੰ ਕਰਜ਼ਾ ਲੈਣਾ ਪਿਆ ਆਮ ਆਦਮੀ ਪਾਰਟੀ ਝੂਠ ਦੇ ਸਹਾਰੇ ਚੱਲ ਰਹੀ ਹੈ ਮੁੱਖ ਮੰਤਰੀ ਭਗਵੰਤ ਮਾਨ ਨੇ ਲੱਗਦਾ ਝੂਠ ਬੋਲਣ ਦੀ ਪੀ ਐੱਚ ਡੀ ਕੀਤੀ ਹੋਈ ਹੈ। ਝੂਠ ਬੋਲਣ ਵਿੱਚ ਮੁੱਖ ਮੰਤਰੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੂੰ ਵੀ ਪਿੱਛੇ ਛੱਡ ਗਏ ਹਨ। ਪ੍ਰਧਾਨ ਗਿੱਲ ਬੇਰਕਲਾਂ ਨੇ ਕਾਂਗਰਸ ਪਾਰਟੀ ਦੇ ਆਗੂਆਂ ਤੇ ਵਰਕਰਾਂ ਨੂੰ ਅਪੀਲ ਕੀਤੀ ਕਿ ਉਹ ਲੁਧਿਆਣਾ ਪੱਛਮੀ ਦੀ ਹੋ ਰਹੀ ਚੋਣ ਵਿੱਚ ਭਾਰਤ ਭੂਸ਼ਣ ਆਸ਼ੂ ਦਾ ਸਾਥ ਦੇਣ। ਇਸ ਮੌਕੇ ਹੋਰਨਾਂ ਤਂ ਇਲਾਵਾ ਸਾਧੂ ਸਿੰਘ ਕਾਲੀਆ ਸਾਬਕਾ ਚੇਅਰਮੈਨ, ਗੱਜਣ ਸਿੰਘ ਸਾਬਕਾ ਸਰਪੰਚ, ਜੱਗੀ ਰਾਮਗੜ੍ਹ ਸਰਦਾਰਾ ਸੀਨੀਅਰ ਕਾਂਗਰਸੀ ਆਗੂ, ਦੀਪਾ ਰਾਮਗੜ੍ਹ ਸਰਦਾਰਾ, ਬੂਟਾ ਸਿੰਘ ਪੰਚ, ਗੋਰਾ ਸਿੰਘ ਪੰਚ, ਮੰਗਾ ਸਿੰਘ, ਦਿਲਵਾਰਾ ਸਿੰਘ, ਰਾਜਵੀਰ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਕੋਠੇ ਰਾਹਲਾ ਦੇ ਮੇਲੇ 'ਤੇ ਗਿੱਲ ਅਖਾੜੇ ਵਾਲਾ ਦੀ ਜੋੜੀ ਨੇ ਧੁੰਮਾਂ ਪਾਈਆਂ



**ਜਗਰਾਉਂ (ਨਛੱਤਰ ਸੰਧੂ)**-ਇੱਥੋਂ ਨੇੜਲੇ ਪਿੰਡ ਕੋਠੇ ਰਾਹਲਾ ਦੇ ਧਾਰਮਿਕ ਅਸਥਾਨ ਪੀਰ ਬਾਬਾ ਜਾਹਰ ਬਲੀ ਦੇ ਸਥਾਨ 'ਤੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਵਿਸ਼ਾਲ ਸੱਭਿਆਚਾਰਕ ਮੇਲਾ ਤੇ ਭੰਡਾਰਾ ਸਰਪੰਚ ਅਮਨਜੋਤ ਸਿੰਘ ਦੀ ਅਗਵਾਈ ਹੇਠ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ। ਪੀਰ ਦੀ ਦਰਗਾਹ 'ਤੇ ਚਾਦਰ ਚੜ੍ਹਾਉਣ ਤੋਂ ਬਾਅਦ ਗਾਇਕੀ ਦਾ ਖੁੱਲ੍ਹਾ ਅਖਾੜਾ ਚੱਲਿਆ, ਜਿਸ ਵਿੱਚ ਪੰਜਾਬ ਦੇ ਨਾਮਵਰ ਕਲਾਕਾਰਾਂ ਨੇ ਆਪਣੀ ਗਾਇਕੀ ਦਾ ਪ੍ਰਦਰਸ਼ਨ ਕੀਤਾ। ਗਾਇਕਾਂ ਤੋਂ ਪਹਿਲਾਂ ਮਸ਼ਹੂਰ ਕਵੀਸ਼ਰ ਪੰਡਤ ਸੋਮਨਾਥ ਰੋਡਿਆਂ ਵਾਲੇ ਦੇ ਜਥੇ ਨੇ ਲਗਾਤਾਰ ਦੋ ਘੰਟੇ ਆਪਣਾ ਪ੍ਰੋਗਰਾਮ ਪੇਸ਼ ਕੀਤਾ। ਗਾਇਕੀ ਦੌਰਾਨ ਕਲਾਕਾਰ ਬਲਵਿੰਦਰ ਮਾਨ ਤੇ ਬੀਬਾ ਦੀਪ ਧਾਲੀਵਾਲ, ਮਿਸ ਡੌਲੀ, ਸੁੱਖਾ ਜਗਰਾਉਂ, ਵੀਰ ਸੁਖਵੰਤ ਤੇ ਬੀਬਾ ਰੇਨੂ ਤੋਂ ਇਲਾਵਾ ਪ੍ਰਸਿੱਧ ਗਾਇਕ ਜੋੜੀ ਗਿੱਲ ਅਖਾੜੇ ਵਾਲਾ ਤੇ ਬੀਬਾ ਅਮਨ ਅਰੋੜਾ ਨੇ ਸਟੇਜ ਤੋਂ ਆਪਣੇ ਚਰਚਿਤ ਗੀਤ ਪੇਸ਼ ਕਰਕੇ ਸਰੋਤਿਆਂ ਨੂੰ ਝੂਮਣ ਲਾ ਦਿੱਤਾ। ਇਸ ਮੌਕੇ ਸਰਪੰਚ ਅਮਨਜੋਤ ਸਿੰਘ ਨੇ ਕਿਹਾ ਕਿ ਅਜਿਹੇ ਸੱਭਿਆਚਾਰਕ ਮੇਲੇ ਜਿੱਥੇ ਸਾਡੀ ਭਾਈਚਾਰਕ ਸਾਂਝ ਵਧਾਉਂਦੇ ਹਨ, ਉੱਥੇ ਸਾਡੇ ਰੂਹ ਦੀ ਖੁਰਾਕ ਵੀ ਹਨ। ਇਸ ਸਮੇਂ ਸਾਬਕਾ ਸਰਪੰਚ ਗੁਰਚਰਨ ਸਿੰਘ, ਸਾਬਕਾ ਪੰਚ ਬਲਵੀਰ ਸਿੰਘ, ਨੰਬਰਦਾਰ ਦਿਲਬਾਗ ਸਿੰਘ, ਸਰਪੰਚ ਮੇਜਰ ਸਿੰਘ ਨਵਾਂ ਡੱਲਾ ਤੇ ਠੇਕੇਦਾਰ ਬਲਵੀਰ ਸਿੰਘ ਆਦਿ ਹਾਜ਼ਰ ਸਨ।

## ਵਿਸ਼ਵ ਕੈਂਸਰ ਕੇਅਰ ਸੰਸਥਾ ਨੇ ਪੁਲਸ ਲਾਈਨ 'ਚ ਕੈਂਸਰ ਜਾਂਚ ਕੈਂਪ ਲਗਾਇਆ



**ਫਰੀਦਕੋਟ (ਐਲਿਗਜੈਂਡਰ ਡਿਸੂਜਾ)**-ਵਿਸ਼ਵ ਕੈਂਸਰ ਕੇਅਰ ਸੰਸਥਾ ਵੱਲੋਂ ਚਲਾਏ ਜਾ ਰਹੇ ਵੱਖ-ਵੱਖ ਕੈਂਪਾਂ ਦੀ ਲੜੀ ਅਧੀਨ 14 ਜੂਨ ਨੂੰ ਮਾਲਵਾ ਖੇਤਰ ਦੇ ਜ਼ਿਲ੍ਹਾ ਫਰੀਦਕੋਟ ਦੀ ਪੁਲਸ ਲਾਈਨ ਦੇ ਖੁੱਲ੍ਹੇ ਮੈਦਾਨ 'ਚ ਐੱਸ ਐੱਸ ਪੀ ਡਾ. ਪ੍ਰਗਿਆ ਜੈਨ ਦੇ ਸਹਿਯੋਗ ਨਾਲ ਇੱਕ ਵਿਸ਼ਾਲ ਮੈਡੀਕਲ ਕੈਂਸਰ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਵਿੱਚ ਪੁਲਸ ਮੁਲਾਜ਼ਮਾਂ ਤੇ ਸ਼ਹਿਰ ਦੇ 220 ਲੋਕਾਂ ਦੀ ਕੈਂਸਰ ਜਾਂਚ ਕੀਤੀ ਗਈ ਤੇ ਲੱਛਣਾਂ ਦੇ ਆਧਾਰ 'ਤੇ ਕਈ ਮਰੀਜ਼ਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ। ਇਸ ਮੌਕੇ ਵਿਸ਼ਵ ਕੈਂਸਰ ਕੇਅਰ ਸੰਸਥਾ ਤੇ ਕੈਂਪ ਦੇ ਪ੍ਰਬੰਧ ਨਿਰਦੇਸ਼ਕ ਧਰਮਿੰਦਰ ਢਿੱਲੋਂ ਨੇ ਕਿਹਾ ਕਿ ਸੰਸਥਾ ਵੱਲੋਂ ਪੰਜਾਬ ਵਿੱਚ ਲਗਭਗ ਹਜ਼ਾਰਾਂ ਕੈਂਪ ਲਗਾਏ ਜਾ ਚੁੱਕੇ ਹਨ ਤੇ ਇਨ੍ਹਾਂ ਤੋਂ ਇਲਾਵਾ, ਹੋਰ ਕੈਂਸਰ ਜਾਗਰੂਕਤਾ ਗਤੀਵਿਧੀਆਂ ਵੀ ਕੀਤੀਆਂ ਜਾ ਰਹੀਆਂ ਹਨ ਤਾਂ ਜੋ ਪੰਜਾਬ ਦੇ ਲੋਕ ਕੈਂਸਰ ਪ੍ਰਤੀ ਹੋਰ ਜਾਗਰੂਕ ਹੋ ਸਕਣ। ਇਨ੍ਹਾਂ ਕੈਂਪਾਂ ਦੌਰਾਨ, ਔਰਤਾਂ ਤੇ ਮਰਦਾਂ ਵਿੱਚ ਕੈਂਸਰ ਦਾ ਸ਼ੁਰੂਆਤੀ ਪੜਾਅ 'ਤੇ ਪਤਾ ਲਗਾਉਣ ਲਈ ਸਰੀਰਕ ਜਾਂਚ ਤੋਂ ਬਾਅਦ, ਮੈਮੋਗ੍ਰਾਫੀ ਟੈਸਟ (ਔਰਤਾਂ ਦੀ ਛਾਤੀ ਦੇ ਕੈਂਸਰ ਲਈ), ਪੈਪ ਸਮੀਅਰ ਟੈਸਟ (ਔਰਤਾਂ ਦੀ ਬੱਚੇਦਾਨੀ ਦੇ ਕੈਂਸਰ ਲਈ), ਪੀਐੱਸਏ ਟੈਸਟ (ਮਰਦਾਂ ਵਿੱਚ ਪ੍ਰੋਸਟੇਟ ਕੈਂਸਰ ਲਈ), ਔਰਤਾਂ ਤੇ ਮਰਦਾਂ 'ਚ ਬੀ ਐੱਮ ਡੀ ਟੈਸਟ (ਹੱਡੀਆਂ ਲਈ), ਮੂੰਹ ਤੇ ਗਲੇ ਦੀ ਜਾਂਚ ਆਦਿ ਵੀ ਲੱਛਣਾਂ ਦੇ ਆਧਾਰ 'ਤੇ ਟੈਸਟ ਕੀਤੇ ਗਏ। ਇਸ ਦੇ ਨਾਲ ਹੀ, ਸਾਰੇ ਮਰੀਜ਼ਾਂ ਦੇ ਬਲੱਡ ਪ੍ਰੈਸ਼ਰ, ਬਲੱਡ ਸ਼ੂਗਰ ਦੀ ਜਾਂਚ ਵੀ ਕੀਤੀ ਗਈ ਤੇ ਲੋੜਵੰਦਾਂ ਨੂੰ ਦਵਾਈਆਂ ਵੀ ਦਿੱਤੀਆਂ ਗਈਆਂ। ਮੁੱਖ ਸਹਿਯੋਗੀ ਐਡਵੋਕੇਟ ਅਨਿਲ ਕੇ ਸਾਗਰ ਚੰਡੀਗੜ੍ਹ ਨੇ ਦੱਸਿਆ ਕਿ ਵਰਲਡ ਕੈਂਸਰ ਕੇਅਰ ਸੰਸਥਾ ਇੱਕ ਅੰਤਰਰਾਸਟਰੀ ਸੰਸਥਾ ਹੈ, ਇਸ ਨੂੰ ਇੰਗਲੈਂਡ ਤੋਂ ਗਲੋਬਲ ਅੰਬੈਸਡਰ ਕੁਲਵੰਤ ਸਿੰਘ ਧਾਲੀਵਾਲ ਦੁਆਰਾ ਚਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸ ਕੈਂਪ ਦੇ ਮੁੱਖ ਸਹਿਯੋਗੀਆਂ 'ਚੋਂ ਹਰਮਨ ਸ਼ੇਰਗਿੱਲ ਕੈਨੇਡਾ, ਗੁਨਜੀਤ ਕੁਮਾਰ, ਜੀਤ ਹੇੜੀਕੇ, ਪ੍ਰੀਤਮ ਸਿੰਘ ਤੇ ਐਡਵੋਕੇਟ ਸੁਮਿਤ ਸਾਹਨੀ ਹਨ, ਜੋ ਕੈਂਸਰ ਪ੍ਰਤੀ ਜਾਗਰੂਕਤਾ ਵਧਾਉਣ ਲਈ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਕੈਂਪ ਲਗਾ ਕੇ ਲੋਕਾਂ ਨੂੰ ਜਾਗਰੂਕ ਕਰ ਰਹੇ ਹਨ। ਇਸ ਮੌਕੇ ਐੱਸ ਪੀ ਹੈੱਡ-ਕੁਆਰਟਰ ਮਨਵਿੰਦਰ ਬੀਰ ਸਿੰਘ, ਡੀਐੱਸਪੀ ਸਮਸ਼ੇਰ ਸਿੰਘ ਸ਼ੇਰਗਿੱਲ, ਡਾ. ਰਾਜੀਵ ਭੰਡਾਰੀ, ਸਿਮਰਨਜੀਤ ਮਾਨ ਮੋਹਾਲੀ, ਕੁਲਦੀਪ ਅਟਵਾਲ, ਗੁਰਜੀਤ ਸਿੰਘ ਹੈਰੀ ਢਿੱਲੋਂ ਤੇ ਸਮਾਜ ਸੇਵਕ ਹਾਜ਼ਰ ਸਨ।

16-June--page-11-Majha-2025-C.qxd 6/15/2025 10:08 PM Page 1



# ਦਾਣਾ ਮੰਡੀ ਡੇਰਾ ਬਾਬਾ ਨਾਨਕ ਵਿਖੇ ਕਾਂਗਰਸ ਨੇ ਕਰਵਾਈ ਸੰਵਿਧਾਨ ਬਚਾਓ ਰੈਲੀ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਡੇਰਾ ਬਾਬਾ ਨਾਨਕ ਦੀ ਦਾਣਾ ਮੰਡੀ ਵਿੱਚ ਅੱਜ ਸੁਖਜਿੰਦਰ ਸਿੰਘ ਰੰਧਾਵਾ ਦੀ ਅਗਵਾਈ ਹੇਠ ਕਾਂਗਰਸ ਵੱਲੋਂ ਸੰਵਿਧਾਨ ਬਚਾਓ ਰੈਲੀ ਕਰਵਾਈ ਗਈ ਜਿਸ ਵਿੱਚ ਪੰਜਾਬ ਕਾਂਗਰਸ ਦੀ ਸਮੁੱਚੀ ਲੀਡਰਸ਼ਿਪ ਜਿਸ ਵਿੱਚ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਪ੍ਰਤਾਪ ਸਿੰਘ ਬਾਜਵਾ, ਸੰਸਦੀ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਵਿਧਾਇਕ ਬਰਿੰਦਰਜੀਤ ਸਿੰਘ ਪਾਹੜਾ, ਤਰਪ੍ਰਤਾਪ ਸਿੰਘ ਅਜਨਾਲਾ, ਵਿਧਾਇਕ ਅਰੁਣਾ ਚੌਧਰੀ, ਇੰਦਰਜੀਤ ਸਿੰਘ ਜ਼ੀਰਾ ਸਮੇਤ ਵੱਡੀ ਗਿਣਤੀ ਵਿੱਚ ਪੰਜਾਬ ਦੀ ਲੀਡਰਸ਼ਿਪ ਪੁੱਜੀ ਜਿਨਾਂ ਵੱਲੋਂ ਰੈਲੀ ਨੂੰ ਸੰਬੋਧਨ ਕੀਤਾ ਗਿਆ।ਇਸ ਮੌਕੇ ਵੱਖ-ਵੱਖ ਆਗੂਆਂ ਨੇ ਸੰਬੋਧਨ ਕਰਦਿਆਂ ਪੰਜਾਬ ਵਿੱਚ ਇੱਥੇ ਮੌਜੂਦਾ ਸਰਕਾਰ ਨੂੰ ਕੜੇ ਹੱਥੀ ਲਿਆ ਉਤੇ ਪੰਜਾਬ ਤੇ ਭਗਵੰਤ ਮਾਨ ਸਰਕਾਰ ਨੂੰ ਰੱਗੜੇ ਲਾਏ ਗਏ।ਇਸ ਮੌਕੇ ਰੈਲੀ ਨੂੰ ਸੰਬੋਧਨ ਕਰਦੇ ਹੋਏ ਸਾਂਸਦ ਸੁਖਜਿੰਦਰ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਨਹੀਂ ਗੈਂਗਸਟਰਾਂ ਦੀ ਸਰਕਾਰ ਹੈ। ਉਨ੍ਹਾਂ ਕਿਹਾ ਕਿ ਜੋ ਕਤਲੇਆਮ ਲੁੱਟਾਂ ਖੋਹਾਂ ਫਿਰੌਤੀਆਂ ਤੇ ਧਮਕੀਆਂ ਦੀਆਂ ਵਾਰਦਾਤਾਂ ਆਮ ਆਦਮੀ ਪਾਰਟੀ ਦੀ ਸਰਕਾਰ ਸਮੇਂ ਹੋਈਆਂ ਹਨ ਉਹ ਸ਼ਾਇਦ ਅਜੇ ਤੱਕ ਕਦੇ ਵੀ ਵੇਖਣ ਨੂੰ ਨਾ



ਮਿਲੀਆਂ ਹੋਣ।ਗੈਂਗਸਟਰਾਂ ਵੱਲੋਂ ਸ਼ਰੇਆਮ ਲੋਕਾਂ ਨੂੰ ਦਿਨ ਦਿਹਾੜੇ ਗੋਲੀਆਂ ਮਾਰੀਆਂ ਜਾ ਰਹੀਆਂ ਹਨ ਤੇ ਪੰਜਾਬ ਸਰਕਾਰ ਤੇ ਪੁਲਸ ਸੁੱਤੀ ਪਈ ਹੈ। ਇਸ ਮੌਕੇ ਪ੍ਰਤਾਪ ਸਿੰਘ ਬਾਜਵਾ ਨੇ ਰੈਲੀ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਕਾਂਗਰਸ ਦੀ ਸਰਕਾਰ ਆਉਣ ਤੇ ਪਹਿਲੇ 6 ਮਹੀਨੇ ਇਨ੍ਹਾਂ ਲੋਕਾਂ ਨੂੰ ਸੁਧਾਰਨ 'ਤੇ ਲਾਏ ਜਾਣਗੇ। ਅਖੀਰ ਵਿੱਚ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਕਿਹਾ ਕਿ ਅੱਜ ਦੀ ਰੈਲੀ ਸੰਵਿਧਾਨ ਬਚਾਓ ਰੈਲੀ ਹੈ ਜੋ ਸੰਵਿਧਾਨ ਬਚਾਉਣ ਲਈ ਪੂਰੇ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਵਿੱਚ ਕੀਤੀ ਜਾ ਰਹੀ।ਰਾਜਾ ਵੜਿੰਗ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨੂੰ ਨਸ਼ਿਆਂ ਵੱਲ ਧੱਕਣ ਤੋਂ ਸਿਵਾਏ ਕੁਝ ਨਹੀਂ ਕੀਤਾ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਪੰਜਾਬ ਵਿੱਚ ਆਰਐੱਸਐੱਸ ਦੇ ਪੈਰ ਪਸਾਰੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚੋਂ ਨਸ਼ਾ ਖਤਮ ਕਰਨ ਲਈ ਸਾਨੂੰ ਇਸ ਦਾ ਬਦਲ ਲੱਭਣਾ ਪਵੇਗਾ।ਉਨ੍ਹਾਂ ਚਿੱਟਾ ਖਤਮ ਕਰਨ ਲਈ ਪੰਜਾਬ ਵਿੱਚ ਪੋਸਤ ਦੀ ਖੇਤੀ ਕਰਨ ਵੱਲ ਵੀ ਇਸ਼ਾਰਾ ਕੀਤਾ।ਇਸ ਮੌਕੇ ਅਰੁਣਾ ਚੌਧਰੀ ਕੁਲਬੀਰ ਸਿੰਘ ਜ਼ੀਰਾ ਤੇ ਸਿਧਾਰਥ ਸਿੰਘ ਪਾਹੜਾ ਵੱਲੋਂ ਵੀ ਸੰਬੋਧਨ ਕੀਤਾ ਗਿਆ।

ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਸੁਖਜਿੰਦਰ ਸਿੰਘ ਰੰਧਾਵਾ ਦੇ ਸਪੁੱਤਰ ਉਦੇਵੀਰ ਸਿੰਘ ਰੰਧਾਵਾ ਵੱਲੋਂ ਬਾਖ਼ੂਬੀ ਨਿਭਾਈ ਗਈ ਜਿਸ ਨੂੰ ਜਿਸ ਦੀ ਰਾਜਾ ਵੜਿੰਗ ਵੱਲੋਂ ਥਾਪੜਾ ਦਿੰਦਿਆਂ ਪ੍ਰਸੰਸਾ ਵੀ ਕੀਤੀ ਗਈ।ਇਸ ਮੌਕੇ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਤੇ ਵਰਕਰ ਵੀ ਹਾਜ਼ਰ ਸਨ।

# ਸੇਵਾ ਕੇਂਦਰਾਂ 'ਚ ਮਾਲ ਵਿਭਾਗ ਤੇ ਟਰਾਂਸਪੋਰਟ ਵਿਭਾਗ ਦੀਆਂ ਨਵੀਂਆਂ ਸੇਵਾਵਾਂ ਸ਼ੁਰੂ

ਬਟਾਲਾ (ਡਾ. ਮਲਵਿੰਦਰ ਸਿੰਘ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਸਰਕਾਰ ਦੇ ਈ-ਗਵਰਨੈਂਸ ਵਿਭਾਗ ਵੱਲੋਂ ਸੇਵਾ ਕੇਂਦਰਾਂ ਵਿੱਚ ਮਾਲ ਵਿਭਾਗ ਦੀਆਂ 6 ਨਵੀਆਂ ਸੇਵਾਵਾਂ ਅਤੇ ਟਰਾਂਸਪੋਰਟ ਵਿਭਾਗ ਦੀਆਂ 29 ਸੇਵਾਵਾਂ ਸ਼ੁਰੂ ਕੀਤੀਆਂ ਗਈਆਂ ਹਨ।ਇਸ ਤਰ੍ਹਾਂ ਪੰਜਾਬ ਸਰਕਾਰ ਵੱਲੋਂ ਈ-ਗਵਰਨੈਂਸ ਵਿੱਚ ਲਗਾਤਾਰ ਤੇਜ਼ੀ ਨਾਲ ਕੰਮ ਕਰਦੇ ਹੋਏ ਸੇਵਾ ਕੇਂਦਰਾਂ ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵਾਧਾ ਕੀਤਾ ਜਾ ਰਿਹਾ ਹੈ।ਉਨ੍ਹਾਂ ਮਾਲ ਵਿਭਾਗ ਸਬੰਧੀ ਸੇਵਾਵਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਲ ਵਿਭਾਗ ਦੀਆਂ 6 ਨਵੀਆਂ ਸੇਵਾਵਾਂ ਸੇਵਾ ਕੇਂਦਰ ਰਾਹੀਂ ਲਈਆਂ ਜਾ ਸਕਦੀਆਂ ਹਨ।ਉਨ੍ਹਾਂ ਦੱਸਿਆ ਕਿ ਹੁਣ ਡਿਜੀਟਲ ਫਰਦ ਸੇਵਾ ਕੇਂਦਰਾਂ ਵਿੱਚੋਂ ਲਈ ਜਾ ਸਕਦੀ ਹੈ ਅਤੇ ਇਹ ਫਰਦ ਬਿਨੈਕਰਤਾ ਦੇ ਫੋਨ 'ਤੇ ਵਟਸਐਪ ਨੰਬਰ 'ਤੇ ਵੀ ਭੇਜੀ ਜਾਵੇਗੀ।ਇਸੇ ਤਰ੍ਹਾਂ ਦੂਜੀ ਸੇਵਾ ਵਿੱਚ ਵਿਰਾਸਤੀ ਇੰਤਕਾਲ ਲਈ ਸੇਵਾ ਕੇਂਦਰ ਵਿੱਚ ਅਰਜ਼ੀ ਦਿੱਤੀ ਜਾ ਸਕਦੀ ਹੈ, ਤੀਜੀ ਸੇਵਾ ਵਿੱਚ ਰਜਿਸਟਰਡ ਵਸੀਕੇ ਦੇ ਆਧਾਰ ਇੰਤਕਾਲ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ, ਚੌਥੀ ਸੇਵਾ ਵਿੱਚ ਫਰਦ ਦੀ ਐਂਟਰੀ ਕਰਵਾਈ ਜਾ ਸਕਦੀ ਹੈ ਜਿਸ ਵਿੱਚ ਫਰਦ ਦੇ ਰਿਕਾਰਡ ਵਿੱਚ ਦਰੁਸਤੀ ਕਰਵਾਈ ਜਾ ਸਕਦੀ ਹੈ।ਇਸੇ ਤਰ੍ਹਾਂ ਪੰਜਵੀਂ ਸੇਵਾ ਵਿੱਚ ਰਪਟ ਦੀ ਐਂਟਰੀ ਲਈ ਅਰਜ਼ੀ ਦਿੱਤੀ ਜਾ ਸਕਦੀ ਹੈ ਤੇ ਜਿਸ ਦੀ ਲੋਨ ਅਤੇ ਕੋਰਟ ਕੇਸਾਂ ਦੀ ਐਂਟਰੀ ਜ਼ਰੂਰਤ ਪੈਂਦੀ ਹੈ।ਉਨ੍ਹਾਂ ਦੱਸਿਆ ਕਿ ਛੇਵੀਂ ਸੇਵਾ ਵਿੱਚ ਸਬਸਕ੍ਰਿਪਸ਼ਨ ਦੀ ਨਵੀਂ ਸਰਵਿਸ ਦਿੱਤੀ ਗਈ ਹੈ ਜਿਸ ਵਿੱਚ ਬਿਨੈਕਰਤਾ ਆਪਣਾ ਜ਼ਮੀਨ ਦਾ ਖਾਤਾ ਇੰਟਰ ਕਰਵਾ ਕੇ ਉਸਨੂੰ ਸਬਸਕ੍ਰਾਈਬ ਕਰ ਸਕਦਾ ਹੈ ਕਿਉਂਕਿ ਜਿਸ ਨਾਲ ਬਿਨੈਕਰਤਾ ਦੇ ਫੋਨ 'ਤੇ ਵਟਸਐਪ ਮੈਸੇਜ ਅਤੇ ਈਮੇਲ ਆਵੇਗੀ ਜੇ ਕੋਈ ਵੀ ਉਨ੍ਹਾਂ ਦੀ ਜ਼ਮੀਨ ਦੇ ਇਸ ਖਾਤੇ ਨਾਲ ਛੇੜਛਾੜ ਕਰਦਾ ਹੈ - ਭਾਵ ਕੋਈ ਟ੍ਰਾਂਜੈਕਸ਼ਨ ਕਰਦਾ ਹੈ ਤਾਂ ਉਸ ਬਾਰੇ ਪਤਾ ਲੱਗ ਜਾਵੇਗਾ।ਇਸ ਤਰ੍ਹਾਂ ਲੋਕ ਕਿਤੇ ਵੀ ਬੈਠੇ ਆਪਣੀ ਜ਼ਮੀਨ ਦੇ ਰਿਕਾਰਡ ਸਬੰਧੀ ਅੱਪਡੇਟ ਪ੍ਰਾਪਤ ਕਰ ਸਕਣਗੇ।ਸੇਵਾ ਕੇਂਦਰ ਗੁਰਦਾਸਪੁਰ ਦੇ ਜ਼ਿਲ੍ਹਾ ਮੈਨੇਜਰ ਸੁਰੇਸ਼ ਕੁਮਾਰ ਨੇ ਦੱਸਿਆ ਕਿ ਲੋਕਾਂ ਨੂੰ ਬਿਹਤਰ ਸੇਵਾਵਾਂ ਦੇਣ ਲਈ ਨਿਰੰਤਰ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ।

# ਗਲੌਕ ਪਿਸਟਲ, ਮੈਗਜ਼ੀਨ ਤੇ 01 ਜ਼ਿੰਦਾ ਰੌਂਦ ਸਮੇਤ ਦੋਸ਼ੀ ਕਾਬੂ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)-ਸ੍ਰੀ ਸਤਿੰਦਰ ਸਿੰਘ ਡੀਆਈਜੀ ਬਾਰਡਰ ਰੇਂਜ, ਅੰਮ੍ਰਿਤਸਰ ਅਤੇ ਮਨਿੰਦਰ ਸਿੰਘ ਸੀਨੀਅਰ ਕਪਤਾਨ ਪੁਲਸ, ਅੰਮ੍ਰਿਤਸਰ ਦਿਹਾਤੀ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਰਵਿੰਦਰ ਸਿੰਘ ਡੀਐੱਸਪੀ ਜੰਡਿਆਲਾ ਗੁਰੂ ਦੀ ਅਗਵਾਈ ਵਿੱਚ ਮੁੱਖ ਅਫਸਰ ਥਾਣਾ ਮਹਿਤਾ ਵੱਲੋਂ ਮਹਿਤਾ ਚੌਂਕ ਵਿਖੇ ਪੰਕਜ ਸਵੀਟਸ ਨਾਮ ਦੀ ਦੁਕਾਨ ਤੇ ਗੋਲੀ ਚਲਾਉਣ ਦੇ ਮਾਮਲੇ ਵਿੱਚ ਗ੍ਰਿਫਤਾਰ ਕਥਿਤ ਦੋਸ਼ੀ ਅਕਾਸ਼ਦੀਪ ਸਿੰਘ ਉਰਫ ਅਕਾਸ਼ ਵੱਲੋਂ ਅਸਲਾ ਰਿਕਵਰੀ ਸਮੇਂ ਪੁਲਸ ਪਾਰਟੀ 'ਤੇ ਹਮਲਾ, ਜਵਾਬੀ ਕਾਰਵਾਈ ਦੌਰਾਨ ਕਥਿਤ ਦੋਸ਼ੀ ਦੀ ਲੱਤ ਵਿੱਚ ਗੋਲੀ ਲੱਗੀ ਜੋ ਮੁੱਖ ਅਫਸਰ ਥਾਣਾ ਮਹਿਤਾ ਨੂੰ ਰਮਨ ਤਨੇਜਾ ਪੁੱਤਰ ਜਗਦੀਸ਼ ਤਨੇਜਾ ਵਾਸੀ ਮਹਿਤਾ ਨੇ ਇਤਲਾਹ ਦਿੱਤੀ ਸੀ ਕਿ ਉਸ ਨੂੰ ਜੋਬਨਜੀਤ ਸਿੰਘ ਉਰਫ ਬਿੱਲਾ ਨਾਮ ਦੇ ਵਿਅਕਤੀ ਵੱਲੋਂ ਫਿਰੌਤੀ ਲਈ ਧਮਕੀ ਭਰੇ ਫੋਨ ਆ ਰਹੇ ਸਨ।23.04.2025 ਨੂੰ ਜਦ ਉਹ ਆਪਣੀ ਦੁਕਾਨ 'ਤੇ ਬੈਠਾ ਸੀ ਤਾਂ ਮੋਟਰਸਾਈਕਲ ਸਵਾਰ ਤਿੰਨ ਨੌਜਵਾਨਾਂ ਵੱਲੋਂ ਉਸਦੀ ਦੁਕਾਨ 'ਤੇ ਦੋ ਫਾਇਰ ਕਰਕੇ ਫਰਾਰ ਹੋ ਗਏ ਸਨ ਜਿਸ ਸਬੰਧੀ ਥਾਣਾ ਮਹਿਤਾ ਵਿਖੇ ਉਕਤ ਜੋਬਨਜੀਤ ਸਿੰਘ ਉਰਫ ਬਿੱਲਾ ਖਿਲਾਫ ਮੁਕੱਦਮਾ ਨੰ. 36 ਮਿਤੀ 23.04.2025 ਜੁਰਮ 109,3(5) ਬੀਐੱਨਐੱਸ, 25/27 ਅਸਲਾ ਐਕਟ ਤਹਿਤ ਮਮਲਾ ਦਰਜ ਕੀਤਾ ਗਿਆ ਜੋ ਦੌਰਾਨੇ ਤਫਤੀਸ਼ ਮੁੱਖ ਅਫਸਰ ਥਾਣਾ ਮਹਿਤਾ ਵੱਲੋਂ ਉਕਤ ਮੁਕੱਦਮੇ ਦੇ ਦੋਸ਼ੀ ਦਲਜੀਤ ਸਿੰਘ ਉਰਫ ਗੱਗਾ, ਅਮਨਦੀਪ ਸਿੰਘ, ਅਕਾਸ਼ਦੀਪ ਸਿੰਘ ਉਰਫ ਅਕਾਸ਼ ਅਤੇ ਜੁਗਰਾਜ ਸਿੰਘ ਨੂੰ ਗ੍ਰਿਫਤਾਰ ਕਰ ਲਿਆ ਗਿਆ।ਉਕਤ ਦੋਸ਼ੀ ਅਕਾਸ਼ਦੀਪ ਸਿੰਘ ਉਰਫ ਅਕਾਸ਼ ਨੂੰ ਜਦ ਅਸਲੇ ਦੀ ਰਿਕਵਰੀ



ਲਈ ਡਰੇਨ ਅਰਜਨ ਮਾਂਗਾ ਲੈ ਕੇ ਗਏ ਤਾਂ ਉਕਤ ਦੋਸ਼ੀ ਵੱਲੋਂ ਪੁਲਸ ਮੁਲਾਜ਼ਮ ਨੂੰ ਧੱਕਾ ਮਾਰ ਕੇ ਲੁਕਾ ਕੇ ਰੱਖੇ ਗਏ ਗਲੌਕ ਪਿਸਟਲ ਨਾਲ ਪੁਲਸ ਪਾਰਟੀ ਤੇ ਫਾਇਰ ਕੀਤਾ ਗਿਆ ਜਿਸ 'ਤੇ ਪੁਲਸ ਪਾਰਟੀ ਨੇ ਮੁਸਤੈਦੀ ਦਿਖਾਉਂਦੇ ਹੋਏ ਆਪਣੇ ਬਚਾਅ ਵਿੱਚ ਅਤੇ ਦੋਸ਼ੀ ਅਕਾਸ਼ਦੀਪ ਸਿੰਘ ਨੂੰ ਕਾਬੂ ਕਰਨ ਲਈ ਉਕਤ ਦੋਸ਼ੀ ਤੇ ਫਾਇਰ ਕੀਤਾ, ਜੋ ਉਸਦੀ ਲੱਤ ਵਿੱਚ ਲੱਗਾ ਜਿਸ ਦੌਰਾਨ ਦੋਸ਼ੀ ਅਕਾਸ਼ਦੀਪ ਸਿੰਘ ਉਕਤ ਨੂੰ ਜ਼ਖਮੀ ਹਾਲਤ ਵਿੱਚ ਇੱਕ ਗਲੌਕ ਪਿਸਟਲ ਸਮੇਤ ਮੈਗਜ਼ੀਨ ਅਤੇ 01 ਜ਼ਿੰਦਾ ਰੌਂਦ ਸਮੇਤ ਕਾਬੂ ਕਰ ਲਿਆ ਗਿਆ।

# ਖ਼ਾਲਸਾ ਕਾਲਜ ਵਿਖੇ ਟੈਲੀ 'ਤੇ ਵਰਕਸ਼ਾਪ ਕਰਵਾਈ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)—ਖਾਲਸਾ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਐਪਟੈਕ ਲਰਨਿੰਗ, ਅੰਮ੍ਰਿਤਸਰ ਦੇ ਸਹਿਯੋਗ ਨਾਲ ਟੈਲੀ 'ਤੇ ਵਰਕਸ਼ਾਪ ਕਰਵਾਈ ਗਈ। ਉਕਤ ਸਮਾਗਮ ਕਾਲਜ ਪ੍ਰਿੰਸੀਪਲ ਡਾ. ਆਤਮ ਸਿੰਘ ਰੰਧਾਵਾ ਦੇ ਸਹਿਯੋਗ ਨਾਲ ਡੀਨ ਅਤੇ ਮੁਖੀ ਡਾ. ਏ. ਕੇ. ਕਾਹਲੋਂ ਅਤੇ ਡੀਨ ਸਟੂਡੈਂਟਸ ਵੈੱਲਫੇਅਰ ਡਾ. ਸਵਰਾਜ ਕੌਰ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ। ਇਸ ਸਮਾਗਮ ਮੌਕੇ ਕੋਆਰਡੀਨੇਟਰ ਡਾ. ਦੀਪਕ ਦੇਵਗਨ ਅਤੇ ਸਹਿ-ਕੋਆਰਡੀਨੇਟਰ ਡਾ. ਮਨੀਸ਼ਾ ਬਹਿਲ ਨੇ ਐਪਟੈਕ ਲਰਨਿੰਗ ਤੋਂ ਵਰਕਸ਼ਾਪ ਦੇ ਪ੍ਰਿੰਸੀਪਲ ਅਤੇ ਬੁਲਾਰਿਆਂ ਰਾਜੇਸ਼ ਅਤੇ ਰਿਤਾਂਕਸ਼ੀ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਸਵਰਾਜ ਕੌਰ ਨੇ ਆਏ ਮਹਿਮਾਨਾਂ ਦਾ ਸਵਾਗਤ ਕਰਦਿਆਂ ਕਿਹਾ ਕਿ ਅਜਿਹੀਆਂ ਵਰਕਸ਼ਾਪਾਂ ਦੇ ਆਯੋਜਨ ਲਈ ਪ੍ਰਿੰ: ਡਾ. ਰੰਧਾਵਾ ਵੱਲੋਂ ਦਿੱਤੇ ਗਏ ਸਮਰਥਨ ਸਬੰਧੀ ਧੰਨਵਾਦ ਕੀਤਾ। ਇਸ ਮੌਕੇ ਡਾ. ਬਹਿਲ ਨੇ ਵਰਕਸ਼ਾਪ ਦੇ ਬੁਲਾਰਿਆਂ ਨਾਲ ਜਾਣ-ਪਛਾਣ ਕਰਵਾਈ। ਇਸ ਮੌਕੇ ਰਿਤਾਂਕਸ਼ੀ ਨੇ ਸੈਸ਼ਨ ਦੀ ਸ਼ੁਰੂਆਤ ਛੋਟੇ ਤੋਂ ਦਰਮਿਆਨੇ ਕਾਰੋਬਾਰਾਂ ਲਈ ਲੇਖਾਕਾਰੀ (ਅਕਾਊਂਟਿੰਗ), ਵਸਤੂ ਸੂਚੀ (ਇੰਵੈਂਟਰੀ), ਬੈਂਕਿੰਗ ਅਤੇ ਟੈਕਸੇਸ਼ਨ ਨੂੰ ਸਰਲ ਬਣਾਉਣ 'ਚ ਟੈਲੀ ਸਾਫਟਵੇਅਰ ਦੀ ਮਹੱਤਤਾ ਬਾਰੇ ਦੱਸਦਿਆਂ ਕੀਤੀ। ਉਨ੍ਹਾਂ ਕਿਹਾ ਕਿ ਟੈਲੀ ਇਨਵੈਂਟਰੀ ਮੈਨੇਜਮੈਂਟ, ਪੇਰੋਲ ਮੈਨੇਜਮੈਂਟ, ਆਰਡਰ ਮੈਨੇਜਮੈਂਟ ਤੇ ਵਿਕਰੀ ਅਤੇ ਖਰੀਦ ਪ੍ਰਬੰਧਨ ਵਰਗੀਆਂ ਵਿਸ਼ੇਸ਼ਤਾਵਾਂ ਨੂੰ ਪੇਸ਼ ਕਰਦਾ ਹੈ। ਉਨ੍ਹਾਂ ਨੇ ਸਿੰਗਲ ਅਤੇ ਮਲਟੀ-ਯੂਜ਼ਰ ਸਥਾਈ ਲਾਇਸੈਂਸਾਂ ਸਮੇਤ ਵੱਖ-ਵੱਖ ਲਾਇਸੈਂਸ ਵਿਕਲਪਾਂ 'ਚ ਟੈਲੀ ਦੀ



ਉਪਲਬਧਤਾ ਸਬੰਧੀ ਚਾਨਣਾ ਪਾਇਆ। ਉਨ੍ਹਾਂ ਕਿਹਾ ਕਿ ਉਪਭੋਗਤਾ ਆਪਣੀਆਂ ਜ਼ਰੂਰਤਾਂ ਦੇ ਅਨੁਸਾਰ ਡੇਟਾ ਨੂੰ ਵੇਖਣ ਲਈ ਰਿਪੋਰਟਾਂ ਨੂੰ ਕਿਵੇਂ ਅਨੁਕੂਲਿਤ ਕਰ ਸਕਦੇ ਹਨ, ਸਬੰਧੀ ਦੱਸਦਿਆਂ ਕਾਰੋਬਾਰਾਂ ਲਈ ਟੈਲੀ ਦੇ ਵਿਹਾਰਕ ਪ੍ਰਭਾਵਾਂ 'ਤੇ ਜ਼ੋਰ ਦਿੱਤਾ। ਸੈਸ਼ਨ ਇੱਕ ਸਵਾਲ-ਜਵਾਬ ਸੈਸ਼ਨ ਨਾਲ ਸਮਾਪਤ ਹੋਇਆ, ਜਿਸ ਨਾਲ ਭਾਗੀਦਾਰਾਂ ਨੂੰ ਟੈਲੀ ਬਾਰੇ ਆਪਣੇ ਸ਼ੰਕਿਆਂ ਨੂੰ ਸਪੱਸ਼ਟ ਕਰਨ ਦਾ ਮੌਕਾ ਮਿਲਿਆ। ਇਸ ਮੌਕੇ ਡਾ. ਦੇਵਗਨ ਨੇ ਸੈਸ਼ਨ ਦੇ ਬੁਲਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਵੱਖ-ਵੱਖ ਖੇਤਰਾਂ ਦੇ ਵਿਦਿਆਰਥੀਆਂ ਅਤੇ ਪੇਸ਼ੇਵਰਾਂ ਨੂੰ ਇਕ ਅਜਿਹੇ ਮਾਹੌਲ 'ਚ ਇਕੱਠੇ ਕਰਦੇ ਹਨ, ਜਿੱਥੇ ਉਹ ਇਕ-ਦੂਜੇ ਦੀ ਸਹਾਇਤਾ ਕਰ ਸਕਦੇ ਹਨ। ਇਸ ਮੌਕੇ ਡਾ. ਪੂਨਮ ਸ਼ਰਮਾ, ਪ੍ਰੋ. ਅਨਿੰਦਿਤਾ ਕਾਹਲੋਂ ਅਤੇ ਹੋਰ ਫੈਕਲਟੀ ਮੈਂਬਰ ਮੌਜੂਦ ਸਨ।

# ਆਮ ਆਦਮੀ ਕਲੀਨਿਕਾਂ 'ਚ ਵੀ ਹੋਵੇਗਾ ਗਰਭਵਤੀ ਮਾਵਾਂ ਦਾ ਮੁਫਤ ਇਲਾਜ : ਡੀ ਸੀ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)- ਪੰਜਾਬ ਸਰਕਾਰ ਦੇ ਹੁਕਮਾਂ ਅਨੁਸਾਰ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਦੀ ਪ੍ਰਧਾਨਗੀ ਹੇਠ, ਸਿਵਲ ਸਰਜਨ ਡਾ. ਕਿਰਨਦੀਪ ਕੌਰ ਵੱਲੋਂ ਆਮ ਆਦਮੀ ਕਲੀਨਿਕਾਂ ਦੇ ਸਮੂਹ ਮੈਡੀਕਲ ਅਫਸਰਾਂ ਦੀ ਟ੍ਰੇਨਿੰਗ ਕਰਵਾਈ ਗਈ।ਇਸ ਮੌਕੇ ਤੇ ਸੰਬੋਧਨ ਕਰਦਿਆਂ ਡਿਪਟੀ ਕਮਿਸ਼ਨਰ ਮੈਡਮ ਸਾਕਸ਼ੀ ਸਾਹਨੀ ਨੇ ਦੱਸਿਆ ਕਿ ਹੁਣ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਾਵਾਂ ਦਾ ਮੁਫਤ ਚੈੱਕਅਪ, ਟੈਸਟ ਅਤੇ ਇਲਾਜ ਕੀਤਾ ਜਾਣਾ ਸੰਭਵ ਹੋ ਸਕੇਗਾ।ਇਸ ਮੌਕੇ ਵਧੇਰੇ ਜਾਣਕਾਰੀ ਦਿੰਦਿਆਂ ਸਿਵਲ ਸਰਜਨ ਡਾ. ਕਿਰਨਦੀਪ ਕੌਰ ਨੇ ਦੱਸਿਆ ਕਿ ਆਮ ਆਦਮੀ ਕਲੀਨਿਕ ਦੇ ਸਾਰੇ ਡਾਕਟਰਾਂ ਨੂੰ ਮਟਰਨਲ ਹੈਲਥ ਕੇਅਰ ਬਾਰੇ ਇੱਕ ਵਿਸ਼ੇਸ਼ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਜਿਸ ਜਿਸ ਵਿੱਚ ਉਨ੍ਹਾਂ ਨੂੰ ਹਾਈ ਰਿਸਕ ਪ੍ਰੈਗਨੈਂਸੀ, ਅਨੀਮੀਆ, ਹਾਈਪਰਟੈਂਸ਼ਨ, ਡਾਇਬਟਿਕ, ਪ੍ਰੀਵੀਅਸ ਸਿਜ਼ੇਰੀਅਨ, ਟਵਿਨ ਪ੍ਰੈਗਨੈਂਸੀ ਅਤੇ ਹੋਰ ਗੰਭੀਰ ਬਿਮਾਰੀਆਂ ਵਾਲੇ ਮਟਰਨਲ ਕੇਸਾਂ ਦੇ ਇਲਾਜ ਸਬੰਧੀ ਟ੍ਰੇਨਿੰਗ ਦਿੱਤੀ ਜਾ ਰਹੀ ਹੈ ਜਿਸ ਦਾ ਮੁੱਖ ਮਕਸਦ ਮਟਰਨਲ ਡੈੱਥ ਕੇਸਾਂ ਨੂੰ ਘੱਟ ਕਰਨਾ ਹੈ।ਆਮ ਆਦਮੀ ਕਲੀਨਿਕ ਵਿੱਚ ਇਹ ਸੁਵਿਧਾ ਮਿਲਣ ਕਰਕੇ ਗਰਭਵਤੀ ਮਹਿਲਾ ਮਹਿਲਾਵਾਂ



ਨੂੰ ਉਹਨਾਂ ਦੇ ਘਰ ਦੇ ਨਜ਼ਦੀਕ ਹੀ ਐਂਟੀਨੇਟਲ ਕੇਅਰ ਮਿਲਣੀ ਸ਼ੁਰੂ ਹੋ ਜਾਵੇਗੀ, ਜਿਸ ਨਾਲ ਮਰੀਜ਼ਾਂ ਨੂੰ ਆਪਣੇ ਇਲਾਜ ਲਈ ਦੂਰ ਨਹੀਂ ਜਾਣਾ ਪਵੇਗਾ।ਉਨ੍ਹਾਂ ਆਖਿਆ ਆਮ ਆਦਮੀ ਕਲੀਨਿਕਾਂ ਵਿੱਚ ਗਰਭਵਤੀ ਮਹਿਲਾਵਾਂ ਦੇ ਸਾਰੇ ਟੈਸਟ ਦਵਾਈਆਂ ਇਥੋਂ ਤੱਕ ਕਿ ਅਲਟਰਾਸਾਊਂਡ ਵੀ ਮੁਫਤ ਕਰਵਾਏ ਜਾ ਸਕਣਗੇ।ਇਸ ਟ੍ਰੇਨਿੰਗ ਦੌਰਾਨ ਜ਼ਿਲ੍ਹਾ ਪਰਿਵਾਰ ਭਲਾਈ ਅਫਸਰ ਡਾ. ਨੀਲਮ ਭਗਤ, ਜ਼ਿਲ੍ਹਾ ਟੀਕਾਕਰਨ ਅਫਸਰ ਡਾ. ਭਾਰਤੀ ਧਵਨ ਅਤੇ ਜ਼ਨਾਨਾ ਰੋਗਾਂ ਦੇ ਮਾਹਰ ਡਾ. ਚਿੰਕੀ ਠਕੁਰਾਲ ਵੱਲੋਂ ਇਹ ਵਿਸ਼ੇਸ਼ ਟ੍ਰੇਨਿੰਗ ਦਿੱਤੀ ਗਈ।ਇਸ ਮੌਕੇ ਜ਼ਿਲ੍ਹਾ ਐੱਮਆਈਓ ਅਮਰਦੀਪ ਸਿੰਘ, ਨਵਦੀਪ ਸਿੰਘ, ਪੁਸ਼ਪਿੰਦਰ ਸਿੰਘ ਸਮੇਤ ਸਮੂਹ ਸਟਾਫ ਹਾਜ਼ਰ ਸਨ।

# ਆਮ ਆਦਮੀ ਕਲੀਨਿਕਾਂ ਦੇ ਮੈਡੀਕਲ ਅਫਸਰਾਂ ਦੀ ਇੱਕ ਦਿਨਾ ਟ੍ਰੇਨਿੰਗ

*** ਗਰਭਵਤੀ ਮਾਵਾਂ ਦੀ ਦੇਖਭਾਲ ਤੇ ਪਰਿਵਾਰ ਨਿਯੋਜਨ ਨਾਲ ਜੁੜੇ ਪ੍ਰੋਗਰਾਮਾਂ ਬਾਰੇ ਦਿੱਤੀ ਵਿਸਥਾਰਤ ਜਾਣਕਾਰੀ**

ਗੁਰਦਾਸਪੁਰ (ਜਨਕ ਮਹਾਜਨ)-ਸਿਹਤ ਮੰਤਰੀ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਤੇ ਡਾਇਰੈਕਟਰ ਸਿਹਤ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਗਰਭਵਤੀ ਮਾਵਾਂ ਦੀ ਦੇਖਭਾਲ ਅਤੇ ਪਰਿਵਾਰ ਨਿਯੋਜਨ ਵਿਸ਼ੇ 'ਤੇ ਆਮ ਆਦਮੀ ਕਲੀਨਿਕਾਂ ਦੇ ਮੈਡੀਕਲ ਅਫਸਰਾਂ ਦੀ ਇੱਕ ਦਿਨਾ ਟ੍ਰੇਨਿੰਗ ਡਿਪਟੀ ਕਮਿਸ਼ਨਰ ਗੁਰਦਾਸਪੁਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਕਰਵਾਈ ਗਈ।ਇਸ ਟ੍ਰੇਨਿੰਗ ਵਿੱਚ ਗਰਭਵਤੀ ਮਾਵਾਂ ਦੀ ਦੇਖਭਾਲ ਅਤੇ ਪਰਿਵਾਰ ਨਿਯੋਜਨ ਨਾਲ ਜੁੜੇ ਪ੍ਰੋਗਰਾਮਾਂ ਬਾਰੇ ਵਿਸਥਾਰ ਨਾਲ ਦੱਸਿਆ ਗਿਆ।ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਕਿਹਾ ਕਿ ਮਾਵਾਂ ਦੀ ਮੌਤ ਦਰ ਨੂੰ ਘਟਾਉਣ ਲਈ ਸਿਹਤ ਵਿਭਾਗ ਵੱਲੋਂ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੰਸਥਾਗਤ ਜਣੇਪੇ ਨੂੰ ਵਧਾਇਆ ਜਾ ਰਿਹਾ ਹੈ।ਟਰੇਨਿੰਗ ਦੌਰਾਨ ਸਮੂਹ ਆਮ ਆਦਮੀ ਕਲੀਨਿਕਾਂ ਦੇ ਮੈਡੀਕਲ ਅਫਸਰਾਂ ਨੂੰ ਗਰਭਵਤੀ ਮਾਵਾਂ ਦੀ ਦੇਖਭਾਲ ਬਾਰੇ ਵਿਸਥਾਰ ਵਿੱਚ ਦੱਸਿਆ ਗਿਆ।ਜ਼ਿਲਾ ਪਰਿਵਾਰ ਭਲਾਈ ਅਫਸਰ ਡਾ. ਤੇਜਿੰਦਰ ਕੌਰ ਨੇ ਕਿਹਾ ਕਿ ਸਮੂਹ ਨਿਜੀ ਹਸਪਤਾਲ ਵੀ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਹਰੇਕ ਗਰਭਵਤੀ ਸਬੰਧਤ ਆਸ਼ਾ ਵਰਕਰ ਦੇ ਜਰੀਏ ਸਰਕਾਰੀ ਪੋਰਟਲ 'ਤੇ ਆਪਣੀ ਰਜਿਸਟ੍ਰੇਸ਼ਨ ਜ਼ਰੂਰ ਕਰਵਾਉਣ। ਉਨ੍ਹਾਂ ਕਿਹਾ ਕਿ ਬਹੁਤ ਸਾਰੀਆਂ ਗਰਭਵਤੀ ਮਾਵਾਂ ਨਿੱਜੀ ਸੰਸਥਾਵਾਂ ਵਿੱਚ ਵੀ ਆਉਂਦੀਆਂ ਹਨ।ਡਾਕਟਰ ਦੀ ਗੱਲ ਨਾ ਮੰਨਣਾ, ਬੀਮਾਰੀ ਨੂੰ ਛੁਪਾਉਣਾ, ਮਨਮਾਨੀ, ਇਲਾਜ ਵਿੱਚ ਸਹਿਯੋਗ ਨਾ ਕਰਨਾ ਅਜਿਹੀਆਂ ਗੱਲਾਂ ਹਨ, ਜਿਸ ਨਾਲ ਕਈ ਵਾਰ ਮਾਂ ਦੀ ਜਾਨ ਵੀ ਖਤਰੇ ਵਿੱਚ ਆ ਜਾਂਦੀ ਹੈ।ਉਨ੍ਹਾਂ ਕਿਹਾ ਕਿ ਨਿੱਜੀ ਹਸਪਤਾਲ ਵੀ ਗਰਭਵਤੀ ਮਾਵਾਂ ਸਬੰਧੀ ਸੂਚਨਾ ਵਿਭਾਗ ਨਾਲ ਸਾਂਝਾ ਕਰਨ।ਗਰਭਵਤੀ ਮਾਵਾਂ ਦਾ ਸਮੇਂ ਸਿਰ ਟੀਕਾਕਰਨ ਕਰਵਾਇਆ ਜਾਵੇ।ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ



ਸਮੇਂ ਦੀ ਮੰਗ ਹੈ। ਬਹੁਤ ਛੋਟੀ ਉਮਰ ਵਿੱਚ ਅਤੇ ਵੱਡੀ ਉਮਰ ਵਿੱਚ ਮਾਂ ਬਣਨਾ ਖਤਰੇ ਦਾ ਕਾਰਨ ਬਣਦੇ ਹਨ। ਜ਼ਰੂਰਤ ਹੈ ਕਿ ਪਰਿਵਾਰ ਨੂੰ ਸਹੀ ਆਕਾਰ ਦਿੱਤਾ ਜਾਵੇ।ਸਹਾਇਕ ਸਿਵਲ ਸਰਜਨ ਡਾਕਟਰ ਲਲਿਤ ਮੋਹਨ ਨੇ ਦੱਸਿਆ ਕਿ ਸਿਹਤ ਵਿਭਾਗ ਵੱਲੋਂ ਜੇਐੱਸਐੱਸਕੇ ਅਧੀਨ ਮੁਫ਼ਤ ਜਣੇਪੇ ਅਤੇ ਬੱਚੇ ਦੇ ਇਲਾਜ ਦੀ ਸੁਵਿਧਾ ਹੈ। ਮਾਵਾਂ ਲਈ ਮੁਫ਼ਤ ਅਲਟਰਾਸਾਊਂਡ ਅਤੇ ਲੈਬ ਟੈਸਟ ਦੀ ਸੁਵਿਧਾ ਸਾਰੇ ਸਰਕਾਰੀ ਹਸਪਤਾਲਾਂ ਵਿੱਚ ਉਪਲੱਬਧ ਹੈ। ਇਸੇ ਤਰਾਂ ਪਰਿਵਾਰ ਨਿਯੋਜਨ ਸੇਵਾਵਾਂ ਵੀ ਮੁਫ਼ਤ ਉਪਲਬਧ ਹਨ।ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ ਤਹਿਤ ਨਲਬੰਦੀ ਅਤੇ ਨਸਬੰਦੀ ਕਰਵਾਉਣ ਤੇ ਮਾਣਭੱਤਾ ਵੀ ਮਿਲਦਾ ਹੈ।ਇਸ ਮੌਕੇ ਡਾਕਟਰ ਅੰਕੁਰ ਕੌਸ਼ਲ, ਡਾ. ਪ੍ਰੀਤੀ ਅਤਰੀ, ਬੀਈਈ ਹਰਪ੍ਰੀਤ ਸਿੰਘ ਹਾਜ਼ਰ ਸਨ।

# ਝੋਨੇ ਦੀ ਥਾਂ ਮੱਕੀ ਦੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਡਾ. ਚੀਮਾ ਵੱਲੋਂ ਪਿੰਡਾਂ ਦਾ ਦੌਰਾ

ਧਾਰੀਵਾਲ/ਹਰਚੋਵਾਲ, (ਮਨਦੀਪ ਸਿੰਘ ਵਿੱਕੀ)-ਖੇਤੀ ਵਿੱਚ ਵਿਕਾਸ ਦੀ ਲਹਿਰ ਲਿਆਉਣ ਦੀਆਂ ਕੋਸ਼ਿਸ਼ਾਂ 'ਚ ਲੱਗੇ ਡਾ. ਸ਼ਾਹਬਾਜ ਸਿੰਘ ਚੀਮਾ ਖੇਤੀਬਾੜੀ ਅਫਸਰ ਵੱਲੋਂ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਵੱਖ ਵੱਖ ਪਿੰਡਾਂ ਦਾ ਦੌਰਾ ਕੀਤਾ ਗਿਆ। ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਪਾਇਲਟ ਪ੍ਰੋਜੈਕਟ ਅਧੀਨ ਮੱਕੀ ਨੂੰ ਕਿਸਾਨਾਂ ਵਿੱਚ ਪ੍ਰਫੁੱਲਤ ਕਰਨ ਲਈ ਸਰਕਾਰ ਵੱਲੋਂ ਦਿੱਤੀਆਂ ਜਾ ਰਹੀਆਂ ਸਹੂਲਤਾਂ ਬਾਰੇ ਪਿੰਡਾਂ ਵਿੱਚ ਜਾ ਕੇ ਜਾਣਕਾਰੀ ਸਾਂਝੀ ਕੀਤੀ ਗਈ। ਇਸੇ ਮੁਹਿੰਮ ਦੌਰਾਨ ਡਾ. ਚੀਮਾ ਵੱਲੋਂ ਕਿਸਾਨ ਮਿੱਤਰ ਗੁਰਪ੍ਰੀਤ ਸਿੰਘ ਦੇ ਨਾਲ ਪਿੰਡ ਬਹਾਦਰਪੁਰ ਰਜ਼ੋਆ ਦੇ ਅਗਾਂਹ ਵਧੂ ਕਿਸਾਨ ਸੁਖਵਿੰਦਰਜੀਤ ਸਿੰਘ ਦੇ ਮੱਕੀ ਦੇ ਖੇਤ ਦਾ ਦੌਰਾ ਕੀਤਾ। ਉਨ੍ਹਾਂ ਵੱਲੋਂ ਕਿਸਾਨਾਂ ਨੂੰ ਝੋਨੇ ਤੋਂ ਬਦਲ ਮੱਕੀ ਦੀ ਭਰਪੂਰ ਫਸਲ ਲੈਣ ਲਈ ਵੱਖ ਵੱਖ ਤਕਨੀਕੀ ਨੁਕਤੇ ਸਾਂਝੇ ਕੀਤੇ ਅਤੇ ਕਿਸਾਨਾਂ ਨੂੰ ਹਰ ਸਾਲ ਕੁਦਰਤੀ ਸੋਮਾ ਪਾਣੀ ਦਾ ਪੱਧਰ ਡੂੰਘਾ ਹੋਣ ਬਾਰੇ ਜਾਗਰੂਕ ਕੀਤਾ। ਡਾ. ਚੀਮਾ ਵੱਲੋਂ ਪੰਜਾਬ ਸਰਕਾਰ ਵੱਲੋਂ ਫਸਲੀ ਵਿਭਿੰਨਤਾ ਲਿਆਉਣ ਲਈ ਝੋਨੇ ਦੀ ਜਗ੍ਹਾ ਤੇ ਮੱਕੀ ਦੀ ਫਸਲ ਨੂੰ ਉਤਸ਼ਾਹਿਤ ਕਰਨ



ਲਈ ਕਿਸਾਨਾਂ ਨੂੰ 17500 ਰੁਪਏ ਪ੍ਰਤੀ ਹੈਕਟੇਅਰ ਰਾਸ਼ੀ ਦੇਣ ਬਾਰੇ ਜਾਣਕਾਰੀ ਦਿੱਤੀ ਗਈ। ਸੁਖਵਿੰਦਰਜੀਤ ਸਿੰਘ ਵੱਲੋਂ ਦੱਸਿਆ ਗਿਆ ਕਿ ਪਿਛਲੇ ਦਿਨੀਂ ਉਨ੍ਹਾਂ ਦੇ ਪਿੰਡ ਵਿੱਚ ਖੇਤੀਬਾੜੀ ਮਹਿਕਮੇ ਵੱਲੋਂ ਕਿਸਾਨ ਸਿਖਲਾਈ ਕੈਂਪ ਲਾਇਆ ਗਿਆ ਸੀ। ਇਸ ਕੈਂਪ ਵਿੱਚ ਪਹੁੰਚੇ ਮਾਹਿਰਾਂ ਦੇ ਦੱਸੇ ਅਨੁਸਾਰ ਹੀ ਉਸ ਵੱਲੋਂ ਮੱਕੀ ਦੀ ਕਾਸ਼ਤ ਕੀਤੀ ਗਈ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਦਿਲਬਾਗ ਸਿੰਘ, ਮਨਜੀਤ ਸਿੰਘ, ਬਲਜੀਤ ਸਿੰਘ, ਬਖਸੀਸ ਸਿੰਘ, ਲਖਵਿੰਦਰ ਸਿੰਘ ਆਦਿ ਹਾਜ਼ਰ ਸਨ।

# 9 ਰੋਜ਼ਾ ਦਸਤਾਰ ਤੇ ਦੁਮਾਲਾ ਸਿਖਲਾਈ ਕੈਂਪ ਚੜ੍ਹਦੀ ਕਲਾ ਨਾਲ ਸੰਪੰਨ

ਪੱਟੀ (ਬਲਦੇਵ ਸਿੰਘ ਸੰਧੂ)-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਪੰਜਾਬ ਵੱਲੋਂ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਸਾਲਾ ਸ਼ਹੀਦੀ ਸ਼ਤਾਬਦੀ ਨੂੰ ਸਮਰਪਿਤ ਗੁਰਦੁਆਰਾ ਪ੍ਰਬੰਧਕ ਕਮੇਟੀ ਗੁਰਸ਼ਰਨ ਸਿੰਘ ਕਸੇਲ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਨੌਂ ਰੋਜ਼ਾ ਦਸਤਾਰ ਦੁਮਾਲਾ ਸਿਖਲਾਈ ਕੈਂਪ ਸੱਤ ਜੂਨ ਤੋਂ ਲੈ ਕੇ 15 ਜੂਨ ਤੱਕ ਗੁਰਦੁਆਰਾ ਬਾਬਾ ਰਾਮੂ ਜੀ ਪਿੰਡ ਦਿਆਲਪੁਰਾ ਵਿਖੇ ਲਗਾਇਆ ਗਿਆ ਜਿਸ ਵਿੱਚ ਅੰਤਰਰਾਸ਼ਟਰੀ ਦਸਤਾਰ ਕੋਚਾਂ ਹਰਪ੍ਰੀਤ ਸਿੰਘ ਪੱਟੀ, ਹਰਜੀਤ ਸਿੰਘ ਲਹਿਰੀ, ਆਕਾਸ਼ਦੀਪ ਸਿੰਘ ਪੱਟੀ, ਵਜੀਰ ਸਿੰਘ ਆਸਲ, ਜਗਦੀਸ਼ ਸਿੰਘ ਭਿੱਖੀਵਿੰਡ, ਸਾਜਨ ਪ੍ਰੀਤ ਸਿੰਘ ਮਰਗਿੰਦਪੁਰਾ, ਹਰਮਨਦੀਪ ਸਿੰਘ ਭਿੱਖੀਵਿੰਡ ਵੱਲੋਂ ਕੋਆਰਡੀਨੇਟਰ ਭਾਈ ਮਨਦੀਪ ਸਿੰਘ ਘੋਲੀਆਂ ਕਲਾਂ ਦੀ ਕਮਾਂਡ ਹੇਠ ਸਿਖਲਾਈ ਦਿੱਤੀ ਗਈ। ਇਸ ਕੈਂਪ ਵਿੱਚ ਵੱਡੀ ਗਿਣਤੀ ਵਿੱਚ ਲੜਕੇ ਅਤੇ ਲੜਕੀਆਂ ਵੱਲੋਂ ਵੱਖ-ਵੱਖ ਤਰੀਕੇ ਦੀਆਂ ਦਸਤਾਰਾਂ ਸਜਾਉਣ ਦੇ ਨੁਕਤੇ ਦਸਤਾਰ ਕੋਚਾਂ ਦੇ ਪਾਸੋਂ ਸਿੱਖੇ ਗਏ। ਬੱਚਿਆਂ ਦੇ ਲਈ ਹਰ ਰੋਜ਼ ਖਾਣ ਪੀਣ ਦਾ ਪ੍ਰਬੰਧ ਪਰਵਿੰਦਰ ਸਿੰਘ ਹੈਪੀ ਸੀਟ ਕਵਰ, ਹਰਪਾਲ ਸਿੰਘ ਵਿੱਕੀ, ਡਾਕਟਰ ਹਰਪ੍ਰੀਤ ਸਿੰਘ ਹੈਪੀ, ਗੁਰਜੰਟ ਸਿੰਘ ਆਰ. ਵੀ. ਇੰਟਰਪ੍ਰਾਈਜ਼ਿਜ਼, ਭਾਈ ਭਗਵੰਤ ਸਿੰਘ ਗ੍ਰੰਥੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਬੂੜਚੰਦ, ਸੁਖਵਿੰਦਰ ਸਿੰਘ ਸਾਬੀ ਟੈਲੀਕਾਮ, ਸਤਨਾਮ ਸਿੰਘ ਜਨਰਲ ਸਟੋਰ ਅਤੇ ਪ੍ਰਭਜੀਤ ਸਿੰਘ ਕੋ-ਆਪਰੇਟਿਵ ਸੈਕਟਰੀ ਦਿਆਲਪੁਰਾ ਅਤੇ ਇਨਾਮਾਂ ਦੀ ਸੇਵਾ ਭਾਈ ਮਹਿਲ ਸਿੰਘ ਪ੍ਰਧਾਨ ਗੁਰਦੁਆਰਾ ਪ੍ਰਬੰਧਕ ਕਮੇਟੀ, ਭਾਈ ਰਸਾਲ ਸਿੰਘ ਕੈਸ਼ੀਅਰ ਵੱਲੋਂ ਕੀਤੀ ਗਈ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ ਜਰਮਨ, ਵਾਈਸ ਕਨਵੀਨਰ ਭਾਈ ਹਰਜੀਤ ਸਿੰਘ ਆਸਟਰੇਲੀਆ, ਪ੍ਰਧਾਨ ਭਾਈ ਸੰਤੋਖ ਸਿੰਘ ਪੱਟੀ, ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਸਕੱਤਰ ਭਾਈ ਨਿਰਮਲ ਸਿੰਘ ਸੁਰਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਜ਼ੋਨਲ ਇੰਚਾਰਜ ਭਿੱਖੀਵਿੰਡ ਭਾਈ ਗੁਰਜੰਟ ਸਿੰਘ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਪੁਰ ਵੱਲੋਂ ਕੀਤਾ ਗਿਆ। ਬੱਚਿਆਂ ਦੇ ਚਾਰ ਗਰੁੱਪ ਬਣਾ ਕੇ ਮੁਕਾਬਲੇ ਕਰਵਾਏ ਗਏ। ਹਰੇਕ ਗਰੁੱਪ ਵਿੱਚੋਂ ਪਹਿਲੇ ਦੂਸਰੇ ਅਤੇ ਤੀਸਰੇ ਸਥਾਨ ਤੇ ਆਉਣ ਵਾਲੇ ਬੱਚਿਆਂ ਨੂੰ ਸ਼ੀਲਡਾਂ,



ਸੁਖਮਨੀ ਸਾਹਿਬ ਸਟੀਕ, ਸਰਟੀਫਿਕੇਟ ਅਤੇ ਗੁਰੂ ਗ੍ਰੰਥ ਸਾਹਿਬ ਜੀ ਦੀ ਭਰਪੂਰ ਜਾਣਕਾਰੀ ਲਿਖਤ ਭਾਈ ਗੁਰਸ਼ਰਨ ਸਿੰਘ ਦੇ ਕੇ ਸਨਮਾਨ ਕੀਤਾ ਗਿਆ। ਬਾਕੀ ਸਾਰੇ ਬੱਚਿਆਂ ਨੂੰ ਮੈਡਲ ਅਤੇ ਧਾਰਮਿਕ ਸਾਹਿਤ ਦੇ ਕੇ ਹੌਸਲਾ ਅਫਜ਼ਾਈ ਕੀਤੀ ਗਈ। ਸਹਿਯੋਗ ਦੇਣ ਵਾਲੀ ਹਰੇਕ ਸ਼ਖਸੀਅਤ ਅਤੇ ਦਸਤਾਰ ਕੋਚਾਂ ਦਾ ਸਨਮਾਨ ਕੀਤਾ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਭਾਈ ਮਹਿਲ ਸਿੰਘ ਅਤੇ ਭਾਈ ਸੁਖਦੇਵ ਸਿੰਘ ਬੂੜ ਚੰਦ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਹਰੇਕ ਤਰ੍ਹਾਂ ਦਾ ਸਹਿਯੋਗ ਦੇਣ ਦਾ ਭਰੋਸਾ ਦਵਾਇਆ। ਸਰਬੱਤ ਸੰਗਤ ਨੇ ਇੱਕ ਗਰੁੱਪ ਫੋਟੋ ਲਈ ਅਤੇ ਅਖੀਰ ਤੇ ਜੈਕਾਰਿਆਂ ਦੀ ਗੂੰਜ ਵਿੱਚ ਕੈਂਪ ਦੀ ਸਮਾਪਤੀ ਕੀਤੀ ਗਈ।

# ਗੇਂਦਰ ਬਰਾਦਰੀ ਦੇ ਜਠੇਰਿਆਂ ਦਾ ਮੇਲਾ 19 ਨੂੰ

ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਸਥਾਨਕ ਕਸਬੇ ਦੇ ਨਜ਼ਦੀਕ ਪੈਂਦੇ ਕਿਲਾ ਲਾਲ ਸਿੰਘ ਤੋਂ ਕਲਾਨੌਰ ਨੂੰ ਜਾਂਦਿਆਂ ਨਵਾਂ ਪਿੰਡ ਮਿਲਖੀਵਾਲ ਵਿਖੇ ਬਣੀ ਲੱਖ ਦਾਤਾ ਦੀ ਜਗ੍ਹਾ 'ਤੇ ਹਰ ਸਾਲ ਦੀ ਤਰ੍ਹਾਂ ਗੇਂਦਰ ਜਾਤ ਦੇ ਪਰਿਵਾਰਾਂ ਵੱਲੋਂ ਆਪਣੇ ਵੱਡ ਵਡੇਰਿਆਂ ਜਠੇਰਿਆਂ ਦਾ ਮੇਲਾ 19 ਜੂਨ ਹਾੜ੍ਹ ਦੇ ਪਹਿਲੇ ਜੇਠੇ ਦਿਨ ਵੀਰਵਾਰ ਨੂੰ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ ।ਇਸ ਮੇਲੇ ਸਬੰਧੀ ਲੱਖ ਦਾਤਾ ਜਗ੍ਹਾ ਦੀ ਮੁੱਖ ਸੇਵਾਦਾਰ ਪਵਨ ਕੁਮਾਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਦੱਸਿਆਂ ਕਿ ਇਸ ਵਾਰ ਵੀ 19 ਜੂਨ ਦਿਨ ਵੀਰਵਾਰ ਨੂੰ ਗੇਂਦਰ ਪਰਿਵਾਰਾਂ ਦੇ ਜਠੇਰਿਆਂ ਦਾ ਮੇਲਾ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ ।ਉਨ੍ਹਾਂ ਅੱਗੇ ਦੱਸਿਆ ਕਿ ਇਸ ਮੇਲੇ ਮੌਕੇ ਸਮੂਹ ਗੇਂਦਰ ਪਰਿਵਾਰਾਂ ਨੂੰ ਨਾਲ ਲੈ ਕੇ ਬਾਬਾ ਲੱਖ ਦਾਤਾ ਦੀ ਜਗ੍ਹਾ ਤੇ ਪੂਜਾ ਅਰਚਨਾ ਕਰਨ ਉਪਰੰਤ ਸਮੂਹ ਸੰਗਤ ਲਈ ਵੱਖ-ਵੱਖ ਤਰ੍ਹਾਂ ਦਾ ਲੰਗਰ ਭੰਡਾਰਾ ਲਗਾਇਆ ਜਾਵੇਗਾ ।ਉਨ੍ਹਾਂ ਗੇਂਦਰ ਪਰਿਵਾਰਾਂ ਨੂੰ ਅਪੀਲ ਕੀਤੀ ਕਿ ਜੇਕਰ ਉਨ੍ਹਾਂ ਨੇ ਲੰਗਰਾਂ ਵਿੱਚ ਕੋਈ ਸੇਵਾ ਪਾਉਣੀ ਹੋਵੇ ਜਾ ਕਿਸੇ ਕਿਸਮ ਦਾ



ਕੋਈ ਸਟਾਲ ਲਗਾਉਣਾ ਹੋਵੇ ਤਾਂ ਉਹ ਪਹਿਲਾਂ ਹੀ ਮੁੱਖ ਸੇਵਾਦਾਰ ਪਵਨ ਕੁਮਾਰ ਸ਼ਰਮਾ ਨਾਲ ਫੋਨ ਨੰਬਰ 78720-10384 ਤੇ ਗੱਲ ਕਰਕੇ ਜਾ ਨਿੱਜੀ ਤੌਰ ਤੇ ਮਿਲ ਕੇ ਸੇਵਾ ਵਿੱਚ ਹਿੱਸਾ ਪਾ ਸਕਦੇ ਹਨ ।

ਇਸ ਮੌਕੇ ਨਰੇਸ਼ ਕੁਮਾਰ, ਮਾਸਟਰ ਮਦਨ ਲਾਲ, ਗੁਰਮੀਤ ਰਾਏ, ਮਹਿੰਦਰਪਾਲ, ਤੇਜਿੰਦਰ ਪਾਲ, ਅਰਜਿੰਦਰ ਪਾਲ, ਯੋਤਿਨ ਸ਼ਰਮਾ, ਸਾਗਰ ਸ਼ਰਮਾ, ਸ਼ੁਭਮ ਸ਼ਰਮਾ, ਮਨੋਹਰ ਲਾਲ ਸ਼ਰਮਾ, ਕੇਵਲ ਕਿਸ਼ੋਰ, ਵਿਸ਼ਾਲ ਸ਼ਰਮਾ, ਸਤਿੰਦਰ ਸਿੰਘ ਰਿੰਕੂ, ਪਰਵੀਨ ਕੁਮਾਰ, ਪਵਨ ਕੁਮਾਰ, ਸ਼ਿਵ ਕੁਮਾਰ, ਮਾਸਟਰ ਵਿਸ਼ਵਾ ਮਿੱਤਰ, ਵਰਿੰਦਰ ਸਿੰਘ, ਸ਼ਾਮ ਸੁੰਦਰ, ਸ਼ਾਮਾ, ਵਿਨੋਦ ਕੁਮਾਰ, ਰਮੇਸ਼ ਕੁਮਾਰ, ਦਿਲਬਾਗ ਰਾਏ, ਅਸ਼ੋਕ ਕੁਮਾਰ, ਪਰਮਜੀਤ ਸ਼ਰਮਾ, ਸੌਰਵ, ਸੁਦੇਸ਼ ਕੁਮਾਰ ਸ਼ਰਮਾ, ਸਤੀਸ਼ ਕੁਮਾਰ ਸ਼ਰਮਾ, ਸੁਦਰਸ਼ਨ ਕੁਮਾਰ ਆਦਿ ਹਾਜ਼ਰ ਸਨ ।

# ਆਈ ਟੀ ਆਈ ਰਾਮਤੀਰਥ ਵਿਖੇ ਲੱਗਾ 10 ਰੋਜ਼ਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ

*** 20 ਸਕੂਲਾਂ ਤੇ ਕਾਲਜਾਂ ਦੇ ਐੱਨਸੀਸੀ ਕੈਡਿਟਾਂ ਨੇ ਕੀਤੀ ਉਤਸ਼ਾਹਪੂਰਵਕ ਸ਼ਿਰਕਤ**

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਆਈਟੀਆਈ ਰਾਮਤੀਰਥ ਵਿਖੇ 10-ਰੋਜ਼ਾ ਸੰਯੁਕਤ ਸਾਲਾਨਾ ਸਿਖਲਾਈ ਕੈਂਪ ਦਾ ਆਯੋਜਨ ਕੀਤਾ ਗਿਆ। ਕੈਂਪ 'ਚ ਸੀਨੀਅਰ ਅਤੇ ਜੂਨੀਅਰ ਡਵੀਜ਼ਨਾਂ ਦੇ 483 ਉਤਸ਼ਾਹੀ ਅਤੇ ਦ੍ਰਿੜ ਐੱਨਸੀਸੀ ਲੜਕੇ ਅਤੇ ਲੜਕੀਆਂ ਦੇ ਕੈਡਿਟਾਂ ਦੇ ਨਾਲ-ਨਾਲ 24 ਪੰਜਾਬ ਬਟਾਲੀਅਨ ਐਨਸੀਸੀ ਅਤੇ ਏਐਨਓ/ਸੀਟੀਓ ਦੀ ਪ੍ਰੇਰਿਤ ਟੀਮ ਨੇ ਭਾਗ ਲਿਆ।ਪੰਜਾਬ ਦੇ ਅੰਮ੍ਰਿਤਸਰ ਅਤੇ ਤਰਨਤਾਰਨ ਜ਼ਿਲ੍ਹਿਆਂ ਦੇ 20 ਸਕੂਲਾਂ ਅਤੇ ਕਾਲਜਾਂ ਦੇ ਕੈਡਿਟਾਂ ਨੇ 10-ਰੋਜ਼ਾ ਲੰਬੇ ਕੈਂਪ ਵਿੱਚ ਸਰਗਰਮੀ ਨਾਲ ਹਿੱਸਾ ਲਿਆ।ਇਸ ਕੈਂਪ ਦਾ ਮੁੱਖ ਉਦੇਸ਼ ਇਨ੍ਹਾਂ ਨੌਜਵਾਨ ਕੈਡਿਟਾਂ ਨੂੰ ਫੌਜੀ ਜੀਵਨ ਦੀ ਰੈਜੀਮੈਂਟਲ ਜੀਵਨ ਸ਼ੈਲੀ ਤੋਂ ਜਾਣੂ ਕਰਵਾਉਣਾ ਅਤੇ ਉਨ੍ਹਾਂ ਨੂੰ ਡ੍ਰਿਲ, ਫਾਇਰਿੰਗ, ਸਰੀਰਕ ਸਿਖਲਾਈ, ਨਕਸ਼ਾ ਪੜ੍ਹਨਾ ਅਤੇ ਚਰਿੱਤਰ, ਲੀਡਰਸ਼ਿਪ ਅਤੇ ਸੰਚਾਰ ਹੁਨਰਾਂ ਦੇ ਸੰਪੂਰਨ ਵਿਕਾਸ ਵਰਗੀਆਂ ਮੁੱਢਲੀਆਂ ਫੌਜੀ ਸਿਖਲਾਈਆਂ ਵਿੱਚ ਨਿਪੁੰਨ ਬਣਾਉਣਾ ਸੀ।ਇਸ ਦੇ ਨਾਲ, ਕੈਡਿਟਾਂ ਨੂੰ ਆਧੁਨਿਕ ਦੁਨੀਆ ਵਿੱਚ ਸਫਲਤਾ ਲਈ ਲੋੜੀਂਦੇ ਨਰਮ ਹੁਨਰਾਂ ਬਾਰੇ ਵੀ ਪੂਰੀ ਜਾਣਕਾਰੀ ਦਿੱਤੀ ਗਈ।ਕੈਂਪ ਦੌਰਾਨ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੇ ਸਿਹਤ ਸੰਭਾਲ, ਮੁੱਢਲੀ ਸਹਾਇਤਾ ਆਦਿ ਬਾਰੇ ਜਾਣਕਾਰੀ ਭਰਪੂਰ ਅਤੇ ਪ੍ਰੇਰਨਾਦਾਇਕ ਭਾਸ਼ਣ ਵੀ ਪੇਸ਼ ਕੀਤੇ। ਕਰਨਲ ਚੇਤਨ ਪਾਂਡੇ, ਆਰਮੀ ਰਿਕਰੂਟਿੰਗ ਅਫਸਰ, ਅੰਮ੍ਰਿਤਸਰ ਨੇ ਕੈਡਿਟਾਂ ਨੂੰ ਹਥਿਆਰਬੰਦ ਸੈਨਾਵਾਂ ਵਿੱਚ ਦਾਖਲੇ ਦੇ ਤਰੀਕਿਆਂ ਅਤੇ ਤਰੀਕਿਆਂ ਬਾਰੇ ਦੱਸਦੇ ਹੋਏ ਇੱਕ ਪ੍ਰੇਰਨਾਦਾਇਕ ਭਾਸ਼ਣ ਦਿੱਤਾ।ਸਹਾਇਕ ਕਮਾਂਡੈਂਟ ਐਨਐਲ ਝੱਕਰ



ਨੇ 7 ਐੱਨਡੀਆਰਐੱਫ ਬਟਾਲੀਅਨ, ਬਠਿੰਡਾ ਦੀ ਆਪਣੀ ਟੀਮ ਨਾਲ ਮਿਲ ਕੇ ਕਮਿਊਨਿਟੀ ਜਾਗਰੂਕਤਾ ਪ੍ਰੋਗਰਾਮ ਅਤੇ ਵੱਖ-ਵੱਖ ਕੁਦਰਤੀ ਅਤੇ ਮਨੁੱਖ ਦੁਆਰਾ ਬਣਾਈਆਂ ਗਈਆਂ ਆਫ਼ਤਾਂ ਪ੍ਰਤੀ ਕੈਡਿਟਾਂ ਦੇ ਜਵਾਬਾਂ 'ਤੇ ਭਾਸ਼ਣ-ਕਮ-ਪ੍ਰਦਰਸ਼ਨ ਕੀਤਾ।ਕੈਂਪ ਵਿੱਚ ਕੈਡਿਟਾਂ ਲਈ ਕਈ ਮੁਕਾਬਲੇ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਖੇਡ ਹੁਨਰ, ਸਰੀਰਕ ਤੰਦਰੁਸਤੀ, ਯੋਜਨਾਬੰਦੀ ਯੋਗਤਾ, ਟੀਮ ਵਰਕ ਅਤੇ ਲੀਡਰਸ਼ਿਪ 'ਤੇ ਕੇਂਦ੍ਰਿਤ ਸਨ।ਕੈਂਪ ਦੇ ਸਫਲ ਆਯੋਜਨ ਤੋਂ ਬਾਅਦ, 13 ਜੂਨ 25 ਨੂੰ 24 ਪੰਜਾਬ ਬਟਾਲੀਅਨ ਅੰਮ੍ਰਿਤਸਰ ਦੇ ਕਮਾਂਡਿੰਗ ਅਫਸਰ ਕਰਨਲ ਪੀ. ਐੱਸ. ਰਿਆੜ ਦੁਆਰਾ ਸਮਾਪਤੀ ਭਾਸ਼ਣ ਦੇ ਕੇ ਇਸਨੂੰ ਸਮਾਪਤ ਕੀਤਾ ਗਿਆ।

# ਝੋਨੇ ਦੇ ਬਦਲ ਵਜੋਂ ਮੱਕੀ ਦੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਮਿਲਣਗੇ 17500 ਰੁਪਏ ਪ੍ਰਤੀ ਹੈਕਟੇਅਰ : ਡਾ. ਅਮਰੀਕ ਸਿੰਘ

**ਗੁਰਦਾਸਪੁਰ (ਜਨਕ ਮਹਾਜਨ)**- ਪੰਜਾਬ ਸਰਕਾਰ ਵਲੋਂ ਜ਼ਿਲਾ ਗੁਰਦਾਸਪੁਰ ਵਿੱਚ ਝੋਨੇ ਹੇਠੋਂ ਰਕਬਾ ਕਢ ਕੇ ਮੱਕੀ ਹੇਠ ਲਿਆਉਣ ਲਈ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਤਹਿਤ 2000 ਹੈਕ. ਰਕਬੇ ਵਿਚ ਸਾਉਣੀ ਦੀ ਮੱਕੀ ਦੀ ਕਾਸ਼ਤ ਕਰਵਾਈ ਜਾ ਰਹੀ। ਬਲਾਕ ਗੁਰਦਾਸਪੁਰ ਦੇ ਪਿੰਡ ਹਯਾਤਨਗਰ ਵਿਚ ਉਦਮੀ ਕਿਸਾਨ ਕਪਿਲ ਬਹਿਲ ਵੱਲੋਂ 2.5 ਏਕੜ ਰਕਬੇ ਵਿੱਚ ਮੱਕੀ ਦੀ ਬਿਜਾਈ ਕਰਨ ਸਮੇਂ ਉਚੇਚੇ ਤੌਰ 'ਤੇ ਪਹੁੰਚੇ ਮੁੱਖ ਖੇਤੀਬਾੜੀ ਅਫ਼ਸਰ ਗੁਰਦਾਸਪੁਰ ਡਾ. ਅਮਰੀਕ ਸਿੰਘ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ ਗਏ ਪਾਇਲਟ ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਝੋਨੇ ਦੀ ਕਾਸ਼ਤ ਕਰਨ ਨਾਲ ਜ਼ਮੀਨ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਹੇਠਾਂ ਜਾ ਰਿਹਾ ਹੈ ਜਿਸ ਕਾਰਣ ਭਵਿੱਖ ਵਿੱਚ ਖੇਤੀ ਨੂੰ ਕਈ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਸਕਦਾ। ਉਨ੍ਹਾਂ ਦੱਸਿਆ ਕਿ ਭਵਿੱਖ ਦੀ ਖੇਤੀ ਨੂੰ ਟਿਕਾਊ ਬਣਾਉਣ ਅਤੇ ਜ਼ਮੀਨ ਹੇਠਲੇ ਪਾਣੀ ਦੇ ਪੱਧਰ ਨੂੰ ਹੋਰ ਨੀਵਾਂ ਜਾਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਜ਼ਿਲ੍ਹਾ ਗੁਰਦਾਸਪੁਰ ਵਿਚ 2000 ਹੈਕ. ਰਕਬਾ ਝੋਨੇ ਦੀ ਖੇਤੀ ਹੇਠੋਂ ਕੱਢ ਕੇ ਮੱਕੀ ਦੀ ਕਾਸ਼ਤ ਹੇਠਾਂ ਲਿਆਉਣ ਲਈ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਹੁਣ ਤੱਕ ਤਕਰੀਬਨ 597 ਹੈਕ. ਰਕਬੇ ਵਿੱਚ ਸਾਉਣੀ ਰੁੱਤ ਦੀ ਮੱਕੀ ਦੀ ਕਾਸ਼ਤ ਕੀਤੀ ਜਾ ਚੁੱਕੀ ਹੈ ਜਦਕਿ ਪਿਛਲੇ ਸਾਲ ਮੱਕੀ ਹੇਠ ਰਕਬਾ ਲੱਗਭੱਗ ਨਾਂਹ ਦੇ ਬਰਾਬਰ ਸੀ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਤਹਿਤ ਜੋ ਕਿਸਾਨ ਝੋਨੇ ਦੀ ਖੇਤੀ ਕਰਨ ਦੀ ਬਜਾਏ ਸਾਉਣੀ ਰੁੱਤ ਵਾਲੀ ਮੱਕੀ ਦੀ ਕਾਸ਼ਤ ਕਰੇਗਾ। ਉਨਾਂ ਨੂੰ ਪ੍ਰਤੀ ਹੈਕ. 17500 ਰੁਪਏ ਬਤੌਰ ਪ੍ਰੋਤਸਾਹਨ ਰਾਸ਼ੀ ਵਜੋਂ ਸਿੱਧੇ ਬੈਂਕ ਖਾਤਿਆਂ ਵਿਚ ਦਿੱਤੇ ਜਾਣਗੇ। ਉਨ੍ਹਾਂ ਨੇ ਦੱਸਿਆ ਕਿ ਇਸ ਵਾਰ ਪੰਜਾਬ ਸਰਕਾਰ ਵੱਲੋਂ ਮੱਕੀ ਦੀ ਖਰੀਦ ਦੇ ਪ੍ਰਬੰਧ ਕੀਤੇ ਜਾ ਰਹੇ ਹਨ ਅਤੇ ਮੱਕੀ ਦੀ ਖਰੀਦ ਯਕੀਨੀ ਬਣਾਉਣ ਲਈ ਪੰਜਾਬ ਸਰਕਾਰ ਮੱਕੀ ਦੀ ਖਰੀਦ ਘੱਟੋ ਘੱਟ ਸਮਰਥਨ ਮੁੱਲ ਤੇ ਕਰਨ ਨੂੰ ਯਕੀਨੀ ਬਣਾਏਗੀ। ਉਨ੍ਹਾਂ ਦੱਸਿਆ ਕਿ ਕਿਸਾਨਾਂ ਅਤੇ ਖ਼ੇਤੀਬਾੜੀ ਅਧਿਕਾਰੀਆਂ ਵਿਚ ਤਾਲਮੇਲ ਵਧਾਉਣ ਲਈ ਪਿੰਡਾਂ ਦੇ 30 ਅਗਾਂਹਵਧੂ ਨੌਜਵਾਨ ਬਤੌਰ ਕਿਸਾਨ ਮਿੱਤਰ ਨਿਯੁਕਤ ਕੀਤੇ ਗਏ ਹਨ ਅਤੇ ਹਰੇਕ ਕਿਸਾਨ ਮਿੱਤਰ ਲਈ ਮੱਕੀ ਦੀ ਕਾਸ਼ਤ ਕਰਨੀ ਜ਼ਰੂਰੀ ਹੋਵੇਗੀ। ਉਨਾਂ ਦੱਸਿਆ ਕਿ ਕਿਸਾਨਾਂ ਨੂੰ ਮੱਕੀ ਦੀਆਂ ਕਾਸ਼ਤਕਾਰੀ ਤਕਨੀਕਾਂ ਬਾਰੇ ਜਾਣਕਾਰੀ ਦੇਣ ਲਈ ਪਿੰਡ ਪੱਧਰ ਤੇ ਸਿਖਲਾਈ ਕੈਂਪ ਲਗਾਏ ਜਾ ਰਹੇ ਹਨ। ਉਨਾਂ ਸਮੂਹ ਕਿਸਾਨਾਂ ਨੂੰ ਅਪੀਲ ਕੀਤੀ ਕਿ ਹਰੇਕ ਕਿਸਾਨ ਘੱਟੋ ਘੱਟ ਇੱਕ ਹੈਕ. ਰਕਬਾ ਮੱਕੀ ਹੇਠ ਜ਼ਰੂਰ ਲਿਆਵੇ ਤਾਂ ਜੋ ਝੋਨੇ ਦੀ ਕਾਸ਼ਤ ਨਾਲ ਆਉਣ ਵਾਲੀਆਂ ਭਵਿਖੀ ਸਮੱਸਿਆਵਾਂ ਘੱਟ ਕੀਤੀਆਂ ਜਾ ਸਕਣ। ਬਲਾਕ ਖੇਤੀਬਾੜੀ ਅਫ਼ਸਰ ਡਾ. ਗਗਨਦੀਪ ਸਿੰਘ ਨੇ ਦੱਸਿਆ ਕਿ ਗਰਮੀ ਰੁੱਤ ਦੀ ਮੱਕੀ ਦੀ ਕਾਸ਼ਤ ਕਰਨ ਦੀ ਬਜਾਏ ਸਾਉਣੀ ਰੁੱਤ ਦੀ ਮੱਕੀ ਦੀ ਬਿਜਾਈ ਕਰਨੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਇਸ ਉਪਰਾਲੇ ਨਾਲ ਕਿਸਾਨਾਂ ਅੰਦਰ ਮੱਕੀ ਦੀ ਬਿਜਾਈ ਕਰਨ ਲਈ ਕਾਫੀ ਉਤਸ਼ਾਹ ਪਾਇਆ ਜਾ ਰਿਹਾ ਹੈ।

# ਕੀਰਤਨ ਦਰਬਾਰ ਸੁਸਾਇਟੀ ਨੇ ਲੋੜਵੰਦ ਪਰਿਵਾਰਾਂ ਨੂੰ ਮਹੀਨਾਵਾਰ ਰਾਸ਼ਨ ਵੰਡਿਆ

**ਪੱਟੀ (ਬਲਦੇਵ ਸਿੰਘ ਸੰਧੂ)**-ਧੰਨ ਧੰਨ ਬਾਬਾ ਦੀਪ ਸਿੰਘ ਜੀ ਸ਼ਹੀਦ ਕੀਰਤਨ ਦਰਬਾਰ ਸੁਸਾਇਟੀ ਰਜਿ :ਪੱਟੀ ਵੱਲੋ ਸੰਗਤ ਦੇ ਸਹਿਯੋਗ ਨਾਲ ਮਹੀਨਾਵਾਰ ਲੋੜਵੰਦ ਪਰਿਵਾਰਾਂ ਅਤੇ ਵਿਧਵਾ ਔਰਤਾਂ ਅਤੇ ਬੇਸਹਾਰਾ ਲੋਕਾਂ ਨੂੰ ਰਾਸ਼ਨ ਦੀ ਸੇਵਾ ਗੁਰਦਵਾਰਾ ਬੀਬੀ ਰਜਨੀ ਜੀ ਪੱਟੀ ਵਿੱਖੇ ਕੀਤੀ ਗਈ। ਰਾਸ਼ਨ ਦੇਣ ਦੀ ਆਰੰਭਤਾ ਤੋਂ ਪਹਿਲਾਂ ਗੁਰਦਵਾਰਾ ਸਾਹਿਬ ਦੇ ਗ੍ਰੰਥੀ ਭਾਈ ਕੁਲਵਿੰਦਰ ਸਿੰਘ ਵੱਲੋਂ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਪ੍ਰਧਾਨ ਗੁਰਦਵਾਰਾ ਬੀਬੀ ਰਜਨੀ ਜੀ ਬਲਬੀਰ ਸਿੰਘ ਲੁਹਾਰੀਆ, ਅਵਤਾਰ ਸਿੰਘ ਸੇਵਾ ਸਿੰਘ ਦੀ ਹੱਟੀ ਵਾਲੇ, ਭਾਈ ਕੰਵਲਜੀਤ ਸਿੰਘ ਰਾਗੀ ਜਥਾ ਪੱਟੀ, ਅਮਰੀਕ ਸਿੰਘ ਜੇਈ, ਰਜਵੰਤ ਸਿੰਘ ਜੇਈ, ਡੀਐੱਸਪੀ ਬਲਰਾਜ ਸਿੰਘ ਖਹਿਰਾ, ਸੁਰਜੀਤ ਸਿੰਘ ਪ੍ਰਧਾਨ, ਜਸਪਾਲ ਸਿੰਘ ਮੈਡੀਕਲ ਸਟੋਰ ਵਾਲੇ, ਮਨਕੀਰਤ ਸਿੰਘ ਕਨੈਡਾ, ਡਾ. ਸਰਵਪ੍ਰੀਤ ਸਿੰਘ, ਅੰਮ੍ਰਿਤ ਸਿੰਘ ਪੁੱਤਰ ਇਕਬਾਲ ਸਿੰਘ ਜੋਲੀ, ਸੁਖਚੈਨ ਸਿੰਘ ਰਾਜੂ ਕਲਾਥ ਹਾਊਸ ਵਾਲੇ, ਪ੍ਰਭਜੀਤ ਸਿੰਘ, ਨਰਿੰਦਰ ਸਿੰਘ, ਮਾਸਟਰ ਸਰਬਜੀਤ ਸਿੰਘ, ਮਾਸਟਰ ਗੁਰਦੇਵ ਸਿੰਘ ਲੁਹਾਰੀਆ, ਕੈਪਟਨ ਮਹਿਲ ਸਿੰਘ ਸਿੱਧੂ, ਮਾਸਟਰ ਸਤਨਾਮ ਸਿੰਘ ਸਿੱਧੂ, ਮਾਸਟਰ ਅਰਸਦੀਪ ਸਿੰਘ, ਮਾਸਟਰ ਬਿਕਰਮਜੀਤ ਸਿੰਘ, ਮਾਸਟਰ ਅਮਨਦੀਪ ਸਿੰਘ ਕਰੀਰ, ਗੁਰਸੇਵਕ ਸਿੰਘ



ਪਟਵਾਰੀ, ਅਵਤਾਰ ਸਿੰਘ, ਪਰਮਜੀਤ ਸਿੰਘ, ਨਿਰਮਲ ਸਿੰਘ, ਗੁਰਦੇਵ ਸਿੰਘ ਲੁਹਾਰੀਆ,ਬਲਜਿੰਦਰ ਸਿੰਘ ਬੀ ਟੀ, ਸੰਦੀਪ ਸਿੰਘ, ਜਗਦੀਪ ਸਿੰਘ ਪ੍ਰਿੰਸ, ਜੋਬਨਜੀਤ ਸਿੰਘ, ਜਸਨਪ੍ਰੀਤ ਸਿੰਘ, ਅਮਨ, ਪ੍ਰਭਜੋਤ ਸਿੰਘ, ਇੰਸਪੈਕਟਰ ਦਰਸ਼ਨ ਸਿੰਘ, ਹਰਚਰਨ ਸਿੰਘ ਵਿਰਦੀ, ਡਾਕਟਰ ਗੁਰਮੇਜ ਸਿੰਘ, ਜਗਤਾਰ ਸਿੰਘ ਮੁੱਕਰ, ਅਜੇਪਾਲ ਸਿੰਘ, ਹਰਵੇਲ ਸਿੰਘ ਕੈਰੋਂ, ਪਿੰਟੂ, ਹਰਪ੍ਰੀਤ ਸਿੰਘ, ਨਿਰਮਲ ਸਿੰਘ, ਕਾਕਾ ਕੁਲਵਿੰਦਰ ਸਿੰਘ ਆਦਿ ਹਾਜ਼ਰ ਸਨ।

# ਕੈਬਨਿਟ ਮੰਤਰੀ ਈ ਟੀ ਓ ਵਿਕਾਸ ਪੁਰਸ਼ ਵਜੋਂ ਜਾਣੇ ਜਾਣ ਲੱਗੇ : ਰੁਮਾਣਾ ਚੱਕ

ਟਾਂਗਰਾ, ਤਰਸਿੱਕਾ (ਲਾਡੀ ਮੱਲ੍ਹੀ/ਤਰਸੇਮ ਸਿੰਘ ਸਾਧਪੁਰ)-ਮੁੱਖ ਮੰਤਰੀ



ਪੰਜਾਬ ਭਗਵੰਤ ਸਿੰਘ ਮਾਨ ਦੀ ਸਰਕਾਰ ਲੋਕ ਭਲਾਈ ਲਈ ਹਮੇਸ਼ਾ ਯਤਨਸ਼ੀਲ ਰਹਿੰਦੀ ਹੈ ਜਿਸ ਦੇ ਚੱਲਦਿਆਂ ਹਲਕੇ ਵਿੱਚ ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਜੰਗੀ ਪੱਧਰ 'ਤੇ ਵਿਕਾਸ ਕਾਰਜਾਂ ਸਦਕਾ ਕੈਬਨਿਟ ਮੰਤਰੀ ਈਟੀਓ ਵਿਕਾਸ ਪੁਰਸ਼ ਵਜੋਂ ਜਾਣੇ ਜਾਣ ਲੱਗੇ ਹਨ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਪ੍ਰਧਾਨ ਭੁਪਿੰਦਰ ਸਿੰਘ ਰੁਮਾਣਾ ਚੱਕ ਨੇ ਈਟੀਓ ਦਾ ਇਲਾਕੇ ਦੇ ਇਕੱਤਰ ਹੋਏ ਲੋਕਾਂ ਨੇ ਧੰਨਵਾਦ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਇਸੇ ਨੂੰ ਹੀ ਤਾਂ ਬਦਲਾਅ ਕਹਿੰਦੇ ਹਨ ਕਿਉਂਕਿ ਤਿੰਨ ਸਾਲਾਂ ਤੋਂ ਕਿਸਾਨਾਂ ਨੂੰ ਪੂਰੀ ਬਿਜਲੀ ਮਿਲ ਰਹੀ ਹੈ ਜਿਸ ਕਾਰਨ ਮਜ਼ਦੂਰ ਲੋਕਾਂ ਦੀ ਦਿਹਾੜੀ ਲਗਾਤਾਰ ਚੱਲ ਰਹੀ ਹੈ। ਜਨਰੇਟਰ ਨਹੀਂ ਚਲਾਉਣੇ ਪੈ ਰਹੇ। ਨਹਿਰੀ ਪਾਣੀ ਵੀ ਖਾਲ ਪਵਾ ਕੇ ਟੇਲਾਂ ਤੱਕ ਪੁੱਜਦਾ ਕੀਤਾ ਜਾ ਰਿਹਾ ਹੈ। ਨਵੀਂ ਲੋਕਲ ਪੇਂਡੂ ਬੱਸ ਸੇਵਾ ਦੀ ਸ਼ੁਰੂਆਤ ਨਾਲ ਇਲਾਕੇ ਦੇ ਲੋਕ ਗਦਗਦ ਹੋਇਆਂ ਨੇ ਖੁਸ਼ੀ ਵਿੱਚ ਲੱਡੂ ਵੰਡੇ। ਇਸ ਬੱਸ ਦੇ ਚੱਲਣ ਨਾਲ ਪਿੰਡ ਰਮਾਣਾ ਚੱਕ, ਬੇਰੀਆਂਵਾਲਾ, ਡੇਹਰੀਵਾਲ ਸਿੰਘਪੁਰਾ, ਕੋਟ ਹਯਾਤ, ਸਰਜਾ, ਧੂਲਕਾ ਦੇ ਵਸਨੀਕਾਂ, ਸਕੂਲਾਂ/ਕਾਲਜਾਂ ਦੇ ਵਿਦਿਆਰਥੀਆਂ ਨੂੰ ਅਤੇ ਖਾਸ ਕਰ ਬੀਬੀਆਂ ਨੂੰ ਕਾਫੀ ਸਹੂਲਤ ਮਿਲੇਗੀ। ਇਸ ਮੌਕੇ ਪ੍ਰਧਾਨ ਭੁਪਿੰਦਰ ਸਿੰਘ ਰੁਮਾਣਾਚੱਕ, ਸਰਪੰਚ ਹਰਪਾਲ ਸਿੰਘ, ਦਲਵਿੰਦਰ ਸਿੰਘ ਪੰਚ, ਪਰਗਟ ਸਿੰਘ, ਧਰਮ ਸਿੰਘ, ਅਜੈਬ ਸਿੰਘ, ਪੰਚ ਮਨਜੀਤ ਕੌਰ, ਕੁਲਵਿੰਦਰ ਕੌਰ, ਕਰਮਜੀਤ ਕੌਰ, ਬਚਨ ਕੌਰ ਸਾਰੇ ਪੰਚ ਅਤੇ ਇਲਾਕੇ ਦੇ ਪੰਚ-ਸਰਪੰਚ ਅਤੇ ਪਿੰਡ ਵਾਸੀ ਹਾਜ਼ਰ ਸਨ।

# ਮੰਗਾਂ ਨੂੰ ਲੈ ਕੇ ਮਿੱਡ-ਡੇ ਮੀਲ ਵਰਕਰਜ਼ ਯੂਨੀਅਨ ਦੀ ਮੀਟਿੰਗ




ਪੱਟੀ (ਬਲਦੇਵ ਸਿੰਘ ਸੰਧੂ)-ਮਿੱਡ-ਡੇ ਮੀਲ ਵਰਕਰ ਯੂਨੀਅਨ ਪੰਜਾਬ ਜ਼ਿਲਾ ਤਰਨ ਤਰਨ ਦੀ ਮੀਟਿੰਗ ਜਸਬੀਰ ਕੌਰ ਦੀ ਪ੍ਰਧਾਨਗੀ ਹੇਠ ਗਾਂਧੀ ਪਾਰਕ ਤਰਨ ਤਾਰਨ ਵਿਖੇ ਹੋਈ। ਇਸ ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਮਿਡ ਡੇ ਮੀਲ ਵਰਕਰਜ਼ ਯੂਨੀਅਨ ਦੀ ਰਜਵੰਤ ਕੌਰ ਮਰਹਾਣਾ ਨੇ ਪ੍ਰੈੱਸ ਨੂੰ ਦੱਸਿਆ ਕਿ ਪੰਜਾਬ ਸਰਕਾਰ ਨੇ ਮਿਡ ਡੇ ਮੀਲ ਦਾ ਮਿਹਨਤਾਨਾ ਦੁੱਗਣਾ ਕਰਨ ਦਾ ਚੋਣਾਂ ਤੋਂ ਪਹਿਲਾਂ ਵਾਅਦਾ ਕੀਤਾ ਸੀ ਪਰ ਇਸ ਸਰਕਾਰ ਨੇ ਮਿਡ ਡੇ ਮੀਲ ਵਰਕਰਾਂ ਤੇ ਸਕੂਲਾਂ ਅੰਦਰ ਸਫਾਈ ਕਰਨ ਵਾਲਿਆਂ ਦਾ ਧੇਲਾ ਵੀ ਨਹੀਂ ਵਧਾਇਆ ਜਿਸ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਅਤੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਗਈ ਕਿ ਇਨ੍ਹਾਂ ਵਰਕਰਾਂ ਨੂੰ ਉਜਰਤਾਂ ਦੇ ਘੇਰੇ ਵਿੱਚ ਲਿਆਂਦਾ ਜਾਵੇ ਅਤੇ ਕਿਰਤ ਕਮਿਸ਼ਨਰ ਵੱਲੋਂ ਨਿਰਧਾਰਤ ਉਜਰਤਾਂ ਤੁਰੰਤ ਲਾਗੂ ਕੀਤੀਆਂ ਜਾਣ। ਵਰਕਰਾਂ ਦਾ 5 ਲੱਖ ਰੁਪਏ ਦਾ ਮੁਫਤ ਬੀਮਾ ਕੀਤਾ ਜਾਵੇ ।ਮਿਡ-ਡੇ ਮੀਲ ਵਰਕਰਾਂ ਨੂੰ ਵਰਦੀਆਂ ਦਿੱਤੀਆਂ ਜਾਣ। ਮੀਟਿੰਗ ਵਿੱਚ ਕੈਲਾਸ਼, ਰਜਨੀ, ਸੁਖਵਿੰਦਰ ਕੌਰ, ਲਕਸ਼ਮਣ ਦਾਸ, ਜੱਜ ਪਾਲ, ਤਿਲਕ ਰਾਜ ਤੋਂ ਇਲਾਵਾ ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਦੀ ਜ਼ਿਲਾ ਸਕੱਤਰ ਰਣਜੀਤ ਕੌਰ ਤੇ ਧਰਮ ਸਿੰਘ ਪੱਟੀ ਨਿਰਮਾਣ ਮਜ਼ਦੂਰ ਯੂਨੀਅਨ ਦੇ ਜ਼ਿਲਾ ਕਨਵੀਨਰ ਹਾਜ਼ਰ ਸਨ।

# ਵਿਧਾਇਕ ਡਾ. ਰਵੀਜੋਤ ਨੇ ਮਲਟੀਪਰਪਜ਼ ਹੈਲਥ ਵਰਕਰਾਂ ਨੂੰ ਮੰਗਾਂ ਹੱਲ ਕਰਨ ਦਾ ਭਰੋਸਾ ਦਿਵਾਇਆ

ਵੇਰਕਾ (ਰਾਣਾ)-ਮਲਟੀਪਰਜ਼ ਹੈਲਥ ਵਰਕਰ ਮੇਲ ਤੇ ਫੀਮੇਲ ਐਕਸ਼ਨ ਕਮੇਟੀ ਪੰਜਾਬ ਦਾ ਇਕ ਵਫਦ ਮਨਜੀਤ ਕੌਰ ਫਰੀਦਕੋਟ ਅਤੇ ਪ੍ਰਭਜੀਤ ਸਿੰਘ ਉੱਪਲ ਦੀ ਅਗਵਾਈ 'ਚ ਮੰਤਰੀ ਡਾ. ਰਵੀਜੋਤ ਅਤੇ ਜ਼ਿਮਨੀ ਚੋਣ ਲੁਧਿਆਣਾ ਦੇ ਹਲਕਾ ਪੱਛਮੀ 'ਚੋਂ ਆਪ ਦੇ ਉਮੀਦਵਾਰ ਸੰਜੀਵ ਕੁਮਾਰ ਨੂੰ ਮਿਲਿਆ ਅਤੇ ਆਪਣੇ ਕੇਡਰ ਦੀਆਂ ਮੰਗਾਂ ਸਬੰਧੀ ਜਾਣੂ ਕਰਵਾਇਆ। ਇਸ ਸੰਬੰਧ ਵਿੱਚ ਚਰੋਕਣੀਆਂ ਜਥੇਬੰਦਕ ਮੰਗਾਂ ਜਿਵੇਂ ਕੇਡਰ ਦਾ ਨਾਮ ਬਦਲਣਾ, 270 ਹੈਲਥ ਵਰਕਰਾਂ ਦੀਆ ਪੋਸਟਾਂ ਦਾ ਇਸ਼ਤਿਹਾਰ ਜਾਰੀ ਕਰਨ ਸਬੰਧੀ, ਪ੍ਰਮੋਸ਼ਨ ਦੀ ਲਿਸਟ ਜਾਰੀ ਕਰਨ ਸਬੰਧੀ, ਸੀਐੱਚਓ ਦੇ ਛੁੱਟੀ ਜਾਣ ਤੇ ਮੇਲ/ਫੀਮੇਲ ਦੀ ਡਿਊਟੀ ਨਾ ਲਗਾਉਣ ਸਬੰਧੀ, ਐੱਮ. ਡੀ. ਆਰ. ਤੇ ਸੀ. ਡੀ. ਆਰ. ਰਿਕਾਰਡ ਲਿਆਉਣ ਸਬੰਧੀ, ਐੱਫ. ਟੀ. ਏ. ਅਤੇ ਹੋਰ ਕੱਟੇ ਭੱਤੇ ਲਾਗੂ ਕਰਵਾਉਣ ਸਬੰਧੀ ਆਦਿ ਸ਼ਾਮਲ ਸਨ। ਇਸ ਉਪਰੰਤ ਮਾਨਯੋਗ ਮੰਤਰੀ ਨੇ ਉਕਤ ਵਫਦ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਮਾਨਯੋਗ ਮੁੱਖ ਮੰਤਰੀ ਪੰਜਾਬ ਸਰਕਾਰ ਅਤੇ ਮਾਨਯੋਗ ਸਿਹਤ ਮੰਤਰੀ ਪੰਜਾਬ ਸਰਕਾਰ ਨਾਲ ਜਲਦ ਮੀਟਿੰਗ ਕਰਕੇ ਸਾਰੇ ਮਸਲੇ ਹੱਲ ਕਰਨਗੇ। ਇਸ ਮੀਟਿਗ ਵਿੱਚ ਬ੍ਰਹਮੰਤਵੀ ਸਿਹਤ ਕਰਮਚਾਰੀ ਐਸੋਸੀਏਸ਼ਨ ਦੇ ਮੁੱਖ ਸਲਾਹਕਾਰ ਸੰਦੀਪ ਸਿੰਘ ਚੀਮਾਂ ਵੱਲੋਂ ਮਾਨਯੋਗ ਮੰਤਰੀ ਨੂੰ ਇਸ ਮੌਕੇ ਸਰਕਾਰ ਵੱਲੋਂ ਲੜੇ ਜਾ ਰਹੇ ਨਸ਼ਿਆਂ ਵਿਰੁੱਧ ਯੁੱਧ ਵਿੱਚ ਕੇਡਰ ਵੱਲੋਂ ਨਿਭਾਈ ਜਾ ਰਹੀ ਭੂਮਿਕਾ ਬਾਰੇ ਵੀ ਜਾਣੂ ਕਰਾਇਆ, ਜਿਸ ਉਪਰੰਤ ਉਨ੍ਹਾਂ ਵੱਲੋਂ ਕੇਡਰ ਵੱਲੋਂ ਕੀਤੇ ਜਾ ਰਹੇ ਕੰਮਾਂ ਦੀ ਭਰਪੂਰ ਸ਼ਲਾਘਾ ਕੀਤੀ ਗਈ। ਮੀਟਿੰਗ 'ਚ ਹੋਰਨਾਂ ਤੋਂ ਇਲਾਵਾ ਸਾਥੀ ਰਜਨੀ ਸ਼ਰਮਾ ਜ਼ਿਲਾ ਪ੍ਰਧਾਨ ਹੁਸ਼ਿਆਰਪੁਰ, ਪ੍ਰਧਾਨ ਰਮਨਜੀਤ ਕੌਰ ਮਾਨ ਜ਼ਿਲਾ ਪ੍ਰਧਾਨ ਗੁਰਦਾਸਪੁਰ, ਅਮਨਦੀਪ ਕੌਰ ਬਾਠ ਜਨਰਲ ਸਕੱਤਰ ਵੀ ਹਾਜ਼ਰ ਸਨ।

# ਆਦਰਸ਼ ਬਿਰਧ ਆਸ਼ਰਮ 'ਚ ਰਹਿ ਰਹੀ ਮਾਤਾ ਰਵੀਲ ਕੌਰ ਦੀ ਅੰਤਿਮ ਵਿਦਾਇਗੀ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ 'ਚ ਰਹਿ ਰਹੀ ਮਾਤਾ ਰਵੀਲ ਕੌਰ ਪਤਨੀ ਬੂਟਾ ਸਿੰਘ ਨਿਵਾਸੀ ਧਰਮਸ਼ਾਲਾ ਅਕਾਲ ਚਲਾਣਾ ਕਰ ਗਏ ਜਿਨ੍ਹਾਂ ਦਾ 13 ਜੂਨ 2025 ਨੂੰ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ ਨੇ ਦੱਸਿਆ ਕਿ ਇਹ ਮਾਤਾ 14 ਨਵੰਬਰ 2024 ਤੋਂ ਇਸ ਆਸ਼ਰਮ ਵਿੱਚ ਰਹਿ ਰਹੀ ਸੀ।ਪਰਿਵਾਰਕ ਮੈਂਬਰਾਂ ਨੇ ਮਾਤਾ ਦੀ ਦੇਹ ਨੂੰ ਆਪਣੇ ਘਰ ਲਿਜਾਣ ਤੋਂ ਇਨਕਾਰ ਕਰ ਦਿੱਤਾ ਸੀ।ਆਸ਼ਰਮ ਪ੍ਰਬੰਧਕਾਂ ਨੇ ਹੀ ਮਿਲ ਕੇ ਮਾਤਾ ਦਾ ਕਿਰਿਆ ਕਰਮ ਕੀਤਾ। ਮਾਤਾ ਦੀ ਆਤਮਾ ਦੀ ਸ਼ਾਂਤੀ ਲਈ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ।ਫਿਰ ਡੇਰਾ ਰਵਿਦਾਸ ਮੰਦਿਰ ਪਠਾਨਕੋਟ ਵਿਖੇ ਫੁੱਲ ਪਰਵਾਹ ਕੀਤੇ ।

ਇਸ ਮੌਕੇ ਆਸ਼ਰਮ ਪ੍ਰਧਾਨ ਸਤਨਾਮ ਸਿੰਘ, ਆਸ਼ਰਮ ਚੇਅਰਪਰਸਨ ਗੀਨਾ ਸਰਮਾਲ, ਆਸ਼ਰਮ ਸੁਪਰਡੈਂਟ ਮੈਡਮ ਅੰਜਲੀ ਸ਼ਰਮਾ, ਕੋਆਰਡੀਨੇਟਰ ਇੰਦਰਜੀਤ ਕੌਰ, ਸਵੀਤਾ, ਰਾਜ ਰਾਣੀ, ਕਮਲੇਸ਼, ਵਿਜੈ ਕੁਮਾਰੀ, ਸੁਦੇਸ਼ ਕੁਮਾਰੀ, ਜਸਵੀਰ ਕੌਰ, ਵਿਪਨ, ਰਮੇਸ਼ ਚੰਦਰ, ਅਭੀ, ਪਿੰਡ ਦੇ ਸਰਪੰਚ ਰਾਕੇਸ਼ ਸੈਣੀ, ਮਾਸਟਰ ਪਲਵਿੰਦਰ ਸਿੰਘ ਆਦਿ ਮੌਜੂਦ ਸਨ।

# ਮਹਾਰਾਜਾ ਰਣਜੀਤ ਸਿੰਘ ਪ੍ਰੈਪਰੇਟਰੀ ਇੰਸਟੀਚਿਊਟ ਦੇ 6 ਕੈਡਿਟ ਕਮਿਸ਼ਨਡ ਅਫ਼ਸਰ ਬਣੇ



**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਦਾ ਮਾਣ ਵਧਾਉਂਦਿਆਂ ਮਹਾਰਾਜਾ ਰਣਜੀਤ ਸਿੰਘ ਆਰਮਡ ਫੋਰਸਿਜ਼ ਪ੍ਰੈਪਰੇਟਰੀ ਇੰਸਟੀਚਿਊਟ, ਮੋਹਾਲੀ ਦੇ ਛੇ ਸਾਬਕਾ ਕੈਡਿਟ ਭਾਰਤੀ ਫੌਜ ਅਤੇ ਭਾਰਤੀ ਹਵਾਈ ਸੈਨਾ ਵਿੱਚ ਕਮਿਸ਼ਨਡ ਅਫ਼ਸਰ ਬਣ ਗਏ ।ਇਸ ਇੰਸਟੀਚਿਊਟ ਦੇ ਤਿੰਨ ਕੈਡਿਟਾਂ- ਮੋਹਾਲੀ ਤੋਂ ਗੌਰਵ ਸਿੰਘ, ਬਠਿੰਡਾ ਤੋਂ ਨਿਖਿਲ ਬਾਂਸਲ ਅਤੇ ਹੁਸ਼ਿਆਰਪੁਰ ਤੋਂ ਸਮਯ ਸੈਣੀ ਨੂੰ ਇੰਡੀਅਨ ਮਿਲਟਰੀ ਅਕੈਡਮੀ (ਆਈ.ਐਮ.ਏ.), ਦੇਹਰਾਦੂਨ ਵਿਖੇ 156ਵੇਂ ਰੈਗੂਲਰ ਕੋਰਸ ਦੇ ਹਿੱਸੇ ਵਜੋਂ ਭਾਰਤੀ ਫੌਜ ਵਿੱਚ ਕਮਿਸ਼ਨ ਮਿਲਿਆ ਹੈ। ਇਸ ਮੌਕੇ ਪਾਸਿੰਗ ਆਊਟ ਪਰੇਡ ਦਾ ਨਿਰੀਖਣ ਸ੍ਰੀਲੰਕਾ ਆਰਮੀ ਕਮਾਂਡਰ ਅਤੇ ਆਈ.ਐਮ.ਏ. ਦੇ ਪਾਸਆਊਟ ਲੈਫਟੀਨੈਂਟ ਜਨਰਲ ਬੀ.ਕੇ.ਜੀ.ਐਮ. ਲਾਸੰਥਾ ਰੌਡਰਿਗੋ ਵੱਲੋਂ ਕੀਤਾ ਗਿਆ।ਇਨ੍ਹਾਂ ਤੋਂ ਇਲਾਵਾ ਇਸ ਇੰਸਟੀਚਿਊਟ ਦੇ ਤਿੰਨ ਹੋਰ ਕੈਡਿਟਾਂ, ਬਠਿੰਡਾ ਤੋਂ ਯਸ਼ ਨੈਲਵਾਲ, ਮੋਹਾਲੀ ਤੋਂ ਕਨਿਸ਼ਕ ਚੌਹਾਨ ਅਤੇ ਰੋਪੜ ਤੋਂ ਅਭਿਨਵ ਮਿਸ਼ਰਾ- ਨੂੰ ਹੈਦਰਾਬਾਦ ਦੇ ਡੁੰਡੀਗਲ ਸਥਿਤ ਏਅਰ ਫੋਰਸ ਅਕੈਡਮੀ (ਏ.ਐਫ.ਏ.) ਵਿਖੇ 215ਵੇਂ ਕੋਰਸ ਦੀ ਕੰਬਾਈਨਡ ਪਾਸਿੰਗ ਆਊਟ ਪਰੇਡ ਦੌਰਾਨ ਭਾਰਤੀ ਹਵਾਈ ਸੈਨਾ ਵਿੱਚ ਕਮਿਸ਼ਨ ਮਿਲਿਆ ਹੈ। ਇਸ ਪਰੇਡ ਦਾ ਨਿਰੀਖਣ ਚੀਫ ਆਫ ਆਰਮੀ ਸਟਾਫ ਜਨਰਲ ਉਪੇਂਦਰ ਦਿਵੇਦੀ, ਪੀ.ਵੀ.ਐਸ.ਐਮ., ਏ.ਵੀ.ਐਸ.ਐਮ. ਵੱਲੋਂ ਕੀਤਾ ਗਿਆ।ਨਵੇਂ ਕਮਿਸ਼ਨਡ ਅਧਿਕਾਰੀਆਂ ਨੂੰ ਹਾਰਦਿਕ ਵਧਾਈ ਦਿੰਦਿਆਂ ਪੰਜਾਬ ਦੇ ਰੋਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਅਮਨ ਅਰੋੜਾ ਨੇ ਉਨ੍ਹਾਂ ਨੂੰ ਆਪਣੇ ਫਰਜ਼ ਲਈ ਜੀਅ-ਜਾਨ ਲਗਾ ਦੇਣ ਅਤੇ ਪੰਜਾਬ ਤੇ ਦੇਸ਼ ਦਾ ਮਾਣ ਵਧਾਉਣ ਲਈ ਪ੍ਰੇਰਿਤ ਕੀਤਾ। ਇਸ ਇੰਸਟੀਚਿਊਟ ਦੇ ਡਾਇਰੈਕਟਰ ਮੇਜਰ ਜਨਰਲ ਅਜੈ ਐੱਚ. ਚੌਹਾਨ, ਵੀ.ਐਸ.ਐਮ. (ਸੇਵਾਮੁਕਤ) ਨੇ ਕੈਡਿਟਾਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਨੂੰ ਰੱਖਿਆ ਸੇਵਾਵਾਂ ਦੇ ਆਦਰਸ਼ਾਂ 'ਤੇ ਖਰਾ ਉਤਰਨ, ਦੇਸ਼, ਸੂਬੇ ਅਤੇ ਇੰਸਟੀਚਿਊਟ ਦਾ ਮਾਣ ਵਧਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਇਨ੍ਹਾਂ ਛੇ ਕੈਡਿਟਾਂ ਦੀ ਨਿਯੁਕਤੀ ਨਾਲ ਹੁਣ ਤੱਕ ਕੁੱਲ 178 ਕੈਡਿਟ ਹਥਿਆਰਬੰਦ ਸੈਨਾਵਾਂ ਵਿੱਚ ਕਮਿਸ਼ਨਡ ਅਫਸਰ ਬਣੇ ਹਨ। ਉਨ੍ਹਾਂ ਦੱਸਿਆ ਕਿ 15 ਕੈਡਿਟਾਂ ਨੂੰ ਵੱਖ-ਵੱਖ ਸਿਖਲਾਈ ਅਕੈਡਮੀਆਂ ਲਈ ਜੁਆਇਨਿੰਗ ਲੈਟਰ ਮਿਲ ਚੁੱਕੇ ਹਨ, ਜਦੋਂਕਿ 11 ਹੋਰ ਕੈਡਿਟ ਆਪਣੇ ਜੁਆਇਨਿੰਗ ਲੈਟਰਾਂ ਦੀ ਉਡੀਕ ਕਰ ਰਹੇ ਹਨ।

# ਲਾਇਲਪੁਰ ਖ਼ਾਲਸਾ ਕਾਲਜ ਦੇ ਬੀ ਸੀ ਏ ਸਮੈਸਟਰ ਤੀਜਾ ਦਾ ਨਤੀਜਾ ਸ਼ਾਨਦਾਰ



**ਜਲੰਧਰ (ਸ਼ੈਲੀ ਐਲਬਰਟ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੈਚੂਲਰ ਆਫ ਕੰਪਿਊਟਰ ਐਪਲੀਕੇਸ਼ਨ (ਬੀ.ਸੀ.ਏ.) ਤੀਜਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਅਰਸ਼ਪ੍ਰੀਤ ਕੌਰ ਨੇ 10 ਵਿਚੋਂ 8.40 ਐਸ.ਜੀ.ਪੀ.ਏ. ਪ੍ਰਾਪਤ ਕਰਦੇ ਹੋਏ ਯੂਨੀਵਰਸਿਟੀ ਮੈਰਿਟ ਵਿਚੋਂ ਚੌਥਾ ਸਥਾਨ ਹਾਸਲ ਕੀਤਾ। ਇਸ ਮੌਕੇ ਸਰਦਾਰਨੀ ਬਲਬੀਰ ਕੌਰ, ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ ਤੇ ਵਿਦਿਆਰਥਣ, ਉਸ ਦੇ ਮਾਪੇ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਸੁਮਨ ਚੋਪੜਾ ਨੇ ਵਿਦਿਆਰਥੀ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਮੁਖੀ ਕੰਪਿਊਟਰ ਸਾਇੰਸ ਤੇ ਆਈ.ਟੀ. ਵਿਭਾਗ, ਪ੍ਰੋ. ਸੰਦੀਪ ਬੱਸੀ, ਪ੍ਰੋ. ਵਿਸ਼ਾਲੀ ਗੁਪਤਾ ਅਤੇ ਪ੍ਰੋ. ਰਵਿੰਦਰ ਕੌਰ ਵੀ ਹਾਜ਼ਰ ਸਨ।

# ਵਿਸ਼ਵ ਖ਼ੂਨਦਾਤਾ ਦਿਵਸ ਮੌਕੇ ਖ਼ੂਨਦਾਨੀ ਸਨਮਾਨਤ



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਭਾਰਤ ਵਿਕਾਸ ਪ੍ਰੀਸਦ ਵਿਵੇਕਾਨੰਦ ਸ਼ਾਖਾ ਡੇਰਾਬਸੀ ਵੱਲੋਂ ਵਿਸ਼ਵ ਖ਼ੂਨਦਾਤਾ ਦਿਵਸ ਮਨਾਇਆ ਗਿਆ। ਇਸ ਮੌਕੇ ਇੱਕ ਦਰਜਨ ਤੋਂ ਵੱਧ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਦੇ ਨੁਮਾਇੰਦਿਆਂ ਅਤੇ ਖ਼ੂਨਦਾਨੀਆਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਪ੍ਰੀਸ਼ਦ ਦੇ ਸੈਕਟਰੀ ਉਪੇਸ਼ ਬੰਸਲ ਵੱਲੋਂ ਦਿਤੀ ਗਈ ਜਾਣਕਾਰੀ ਅਨੁਸਾਰ ਪ੍ਰਧਾਨ ਡਾਕਟਰ ਬਰਖਾ ਰਾਮ ਦੀ ਅਗਵਾਈ ਹੇਠ ਐਸ.ਐਸ.ਜੈਨ ਸਭਾ, ਨਿਰੰਕਾਰੀ ਮੰਡਲ, ਸ੍ਰੀ ਰਾਮਲੀਲ੍ਹਾ ਕਮੇਟੀ, ਗਰੀਨ ਬਾਰਬਰ ਐਸੋਸੀਏਸ਼ਨ, ਇੰਡੋ-ਸਵੀਫਟ, ਹਿਊਮੈਨੇਟਰੀ ਐਸੋਸੀਏਸ਼ਨ, ਮੇ ਆਈ ਹੈਲਪ ਕਲੱਬ, ਲਾਇਨਜ਼ ਕਲੱਬ, ਸ਼ਿਵ ਕਾਂਵੜ ਸੰਘ, ਭਾਰਤ ਵਿਕਾਸ ਪ੍ਰੀਸਦ ਅਤੇ ਭਾਰਤ ਵਿਕਾਸ ਪ੍ਰੀਸਦ ਵਿਵੇਕਾਨੰਦ ਆਦਿ ਸੰਸਥਾਵਾਂ ਦੇ ਮੁਖੀਆਂ ਸਮੇਤ ਇੱਕ ਦਰਜਨ ਤੋਂ ਵੱਧ ਖ਼ੂਨਦਾਨੀਆਂ ਨੂੰ ਸਨਮਾਨਤ ਕੀਤਾ ਗਿਆ। ਇਸ ਸਨਮਾਨ ਸਮਾਗਮ ਦੌਰਾਨ ਮੁਬਾਰਿਕਪੁਰ ਤੋਂ ਉਘੇ ਸਮਾਜ ਸੇਵੀ ਰਵਿੰਦਰਪਾਲ ਸ਼ਰਮਾ ਨੂੰ 153 ਵਾਰ ਅਤੇ ਭਾਰਤੀ ਜਨਤਾ ਪਾਰਟੀ ਦੇ ਵਾਈਸ ਪ੍ਰਧਾਨ ਰਵਿੰਦਰ ਵੈਸ਼ਨਵ ਨੂੰ 58 ਵਾਰ ਖ਼ੂਨ ਦਾਨ ਕਰਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਡਾਕਟਰ ਬਰਖਾ ਰਾਮ ਅਤੇ ਸੈਕਟਰੀ ਉਪੇਸ਼ ਬੰਸਲ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਖ਼ੂਨ ਦਾਨ ਕਰਨ ਤਾਂ ਜੋ ਲੋੜਵੰਦਾਂ ਦੀ ਸਹਾਇਤਾ ਹੋ ਸਕੇ। ਉਨ੍ਹਾਂ ਦੱਸਿਆ ਕਿ ਖ਼ੂਨ ਦੇਣ ਨਾਲ ਸਰੀਰ ਨੂੰ ਕੋਈ ਨੁਕਸਾਨ ਨਹੀਂ ਬਲਕਿ ਬਹੁਤ ਫਾਇਦਾ ਹੁੰਦਾ ਹੈ। ਦੁਨੀਆ ਵਿੱਚ ਬਹੁਤ ਸਾਰੇ ਲੋਕ ਜੋ ਕਿਸੇ ਨਾ ਕਿਸੇ ਬਿਮਾਰੀ ਤੋਂ ਪੀੜਤ ਹਨ, ਖ਼ੂਨ ਦੀ ਕਮੀ ਕਾਰਨ ਦਮ ਤੋੜ ਜਾਂਦੇ ਹਨ। ਇਸ ਮੌਕੇ ਉਨ੍ਹਾਂ ਨੇ ਹਜ਼ਰ ਖ਼ੂਨਦਾਨੀਆਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਇਸ ਮੌਕੇ ਡਾਕਟਰ ਬਰਖਾ ਰਾਮ, ਉਪੇਸ਼ ਬੰਸਲ, ਰਵਿੰਦਰ ਵੈਸ਼ਨੋ (ਲਵਲੀ), ਅਸ਼ਵਨੀ ਸ਼ਰਮਾ, ਸਾਧਨਾ ਸੰਗਰ, ਅਜੇ ਕੁਮਾਰ ਸੈਦਪੁਰਾ ਸਮੇਤ ਹੋਰ ਪਤਵੰਤੇ ਮੌਜੂਦ ਸਨ।

# ਪੰਚਾਇਤੀ ਜ਼ਮੀਨ 'ਤੇ ਨਜਾਇਜ਼ ਕਬਜ਼ਿਆਂ ਖਿਲਾਫ ਪਿੰਡ ਵਾਸੀਆਂ ਨੇ ਡੀ ਸੀ ਨੂੰ ਲਿਖਿਆ ਪੱਤਰ

**ਜੀਰਕਪੁਰ (ਵਿਨੈ ਕੁਮਾਰ ਜੈਨ)**- ਜੀਰਕਪੁਰ ਪਿੰਡ ਵਾਸੀਆਂ ਨੇ ਡੀ ਸੀ ਨੂੰ ਇੱਕ ਪੱਤਰ ਲਿਖ ਕੇ ਖੇੜੀ ਅਤੇ ਸੁੰਡਰਾਂ ਪਿੰਡਾਂ ਵਿੱਚ ਪੰਚਾਇਤੀ ਜ਼ਮੀਨ 'ਤੇ ਨਜਾਇਜ਼ ਕਬਜ਼ਾ ਕਰਨ ਅਤੇ ਕਿਰਾਏ 'ਤੇ ਦੇਣ ਵਾਲੇ ਕੁਝ ਲੋਕਾਂ ਵਿਰੁੱਧ ਕਾਰਵਾਈ ਦੀ ਮੰਗ ਕੀਤੀ ਹੈ। ਸੁਲੱਖਾ, ਸੁਭਾਸ਼ ਚੰਦ, ਓਮ ਪ੍ਰਕਾਸ਼, ਰਮੇਸ਼ ਕੁਮਾਰ, ਰਮੇਸ਼ ਕੁਮਾਰ ਪੁੱਤਰ ਜਗਨ ਨਾਥ ਵਾਸੀ ਖੇੜੀ ਪਿੰਡ ਅਤੇ ਰੋਸ਼ਨਾ ਨੇ ਕਿਹਾ ਕਿ ਕੁਝ ਲੋਕਾਂ ਨੇ ਖੇੜੀ ਅਤੇ ਸੁੰਡਰਾ ਪਿੰਡਾਂ ਵਿੱਚ ਪੰਚਾਇਤੀ ਜ਼ਮੀਨ 'ਤੇ ਨਜਾਇਜ਼ ਕਬਜ਼ਾ ਕਰਕੇ ਕਿਰਾਏ 'ਤੇ ਦਿੱਤਾ ਹੈ। ਇਸ ਸਬੰਧੀ ਨਾ ਤਾਂ ਪੰਚਾਇਤ ਵੱਲੋਂ ਕੋਈ ਪ੍ਰਸਤਾਵ ਪਾਸ ਕੀਤਾ ਗਿਆ ਹੈ ਅਤੇ ਨਾ ਹੀ ਪਿੰਡ ਦੇ ਪ੍ਰਮੁੱਖ ਲੋਕਾਂ ਨੂੰ ਕੋਈ ਜਾਣਕਾਰੀ ਦਿੱਤੀ ਗਈ ਹੈ। ਪੰਚਾਇਤ ਅਧਿਕਾਰੀਆਂ ਨੇ ਆਪਣੇ ਨਿੱਜੀ ਫਾਇਦੇ ਲਈ ਇਹ ਜ਼ਮੀਨ ਕਿਰਾਏ 'ਤੇ ਦਿੱਤੀ ਹੈ। ਜਿਸ ਕਾਰਨ ਪੰਚਾਇਤ ਫੰਡਾਂ ਦਾ ਨੁਕਸਾਨ ਹੋ ਰਿਹਾ ਹੈ। ਇਸ ਲਈ ਬੇਨਤੀ ਕੀਤੀ ਜਾਂਦੀ ਹੈ ਕਿ ਪੰਚਾਇਤ ਦੀ ਸ਼ਾਮਲਾਤ ਜ਼ਮੀਨ ਲਈ ਪਾਰਦਰਸ਼ੀ ਬੋਲੀ ਕਰਵਾਈ ਜਾਵੇ ਅਤੇ ਇਸ ਬੋਲੀ ਅਨੁਸਾਰ, ਜਿਸ ਵਿਅਕਤੀ ਨੂੰ ਠੇਕੇ 'ਤੇ ਜ਼ਮੀਨ ਮਿਲਦੀ ਹੈ, ਉਸ ਨੂੰ ਜ਼ਮੀਨ ਦਿੱਤੀ ਜਾਵੇ, ਤਾਂ ਜੋ ਸਰਕਾਰ ਅਤੇ ਪੰਚਾਇਤ ਨੂੰ ਵਿੱਤੀ ਮਾਲੀਆ ਮਿਲ ਸਕੇ। ਇਨ੍ਹਾਂ ਲੋਕਾਂ ਨੇ ਦੱਸਿਆ ਕਿ ਇਹ ਕਬਜ਼ਾਧਾਰੀ ਆਪਣੇ ਕੋਲ ਨਜਾਇਜ਼ ਹਥਿਆਰ ਵੀ ਰੱਖਦੇ ਹਨ ਅਤੇ ਜੇਕਰ ਕੋਈ ਉਨ੍ਹਾਂ ਨੂੰ ਜ਼ਮੀਨ ਖਾਲੀ ਕਰਨ ਲਈ ਕਹਿੰਦਾ ਹੈ ਤਾਂ ਉਹ ਉਸ ਨੂੰ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹਨ। ਇਸ ਲਈ ਪੁਲਸ ਅਤੇ ਪ੍ਰਸ਼ਾਸਨ ਨੂੰ ਤੁਰੰਤ ਦਖਲ ਦੇਣਾ ਚਾਹੀਦਾ ਹੈ ਅਤੇ ਇਸ ਜ਼ਮੀਨ ਨੂੰ ਨਜਾਇਜ਼ ਕਬਜ਼ੇ ਤੋਂ ਖਾਲੀ ਕਰਵਾਉਣਾ ਚਾਹੀਦਾ ਹੈ।

# ਸਾਬਕਾ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਦੇ ਸਨਮਾਨ 'ਚ ਸਮਾਰੋਹ



**ਬੰਗਾ (ਅਵਤਾਰ ਕਲੇਰ)**- ਮੁਸਾਪੁਰ ਸਕੂਲ ਦੇ ਸਮੂਹ ਸਟਾਫ ਵੱਲੋਂ ਸਾਬਕਾ ਉੱਪ ਜ਼ਿਲ੍ਹਾ ਸਿੱਖਿਆ ਅਫਸਰ ਰਾਜੇਸ਼ ਕੁਮਾਰ ਦੇ ਸਨਮਾਨ ਵਿੱਚ ਇੱਕ ਪ੍ਰਭਾਵਸ਼ਾਲੀ ਸਮਾਗਮ ਚੰਡੀਗੜ੍ਹ ਰੋਡ ਨਵਾਂਸ਼ਹਿਰ ਵਿਖੇ ਕੀਤਾ ਗਿਆ। ਇਸ ਮੌਕੇ ਉਹਨਾਂ ਦੇ ਜੀਵਨ ਸਾਥਣ ਸ੍ਰੀਮਤੀ ਮੰਜੂ ਕੁਮਾਰੀ ਵੀ ਨਾਲ ਸਨ। ਪਿਛਲੇ ਕੁਝ ਕੁ ਸਾਲਾਂ 'ਚ ਇਸ ਸਕੂਲ ਤੋਂ ਰਿਟਾਇਰ ਹੋਏ, ਪ੍ਰਮੋਟ ਹੋਏ ਜਾਂ ਬਦਲੀ ਉਪਰੰਤ ਗਏ ਅਧਿਆਪਕ ਅਤੇ ਅਧਿਆਪਕਾਵਾਂ ਵੀ ਹਾਜ਼ਰ ਹੋਏ। ਊਸ਼ਾ ਰਾਣੀ, ਟੋਡਰ ਮੱਲ, ਕਿਰਨਜੀਤ ਕੌਰ, ਹਰਮੇਸ਼ ਲਾਲ ਅਤੇ ਜਗਦੀਸ਼ ਕੁਮਾਰ ਨੇ ਕਿਹਾ ਕਿ ਮੁਸਾਪੁਰ ਸਕੂਲ ਵਿੱਚ ਬਤੌਰ ਪ੍ਰਿੰਸੀਪਲ ਸੇਵਾ ਕਰਦਿਆਂ ਰਾਜੇਸ਼ ਜੀ ਇੱਕ ਸੁਚੱਜੇ ਪ੍ਰਬੰਧਕ ਰਹੇ ਹਨ। ਸਮੂਹ ਸਟਾਫ ਨਾਲ ਉਹਨਾਂ ਨੇ ਪਿਆਰ ਭਰੀ ਸਾਂਝ ਕਾਇਮ ਰੱਖੀ। ਉਹ ਹਮੇਸ਼ਾ ਸਾਰਿਆ ਨੂੰ ਨਾਲ ਲੈ ਕੇ ਕੇ ਚੱਲਦੇ ਰਹੇ। ਸਕੂਲ ਦੇ ਵਿਕਾਸ ਲਈ ਉਹ ਹਮੇਸ਼ਾ ਤੱਤਪਰ ਰਹਿੰਦੇ ਸਨ। ਅਮਨਦੀਪ ਸਿੰਘ, ਰਵੀ ਕੁਮਾਰ, ਅਮਰਜੀਤ ਸਿੰਘ, ਸੋਨੀਆਂ ਰਾਣੀ, ਬਲਜੀਤ ਕੌਰ, ਸੰਕਲਪ ਪਾਲ, ਸੋਮਨਾਥ, ਸੁਖਪਾਲ ਸਿੰਘ, ਦਰਸ਼ਨ ਸਿੰਘ ਅਤੇ ਸੁਖਵਿੰਦਰ ਕੁਮਾਰ ਨੇ ਕਿਹਾ ਕਿ ਅਸੀਂ ਇਹਨਾਂ ਤੋਂ ਬਹੁਤ ਕੁੱਝ ਸਿੱਖਿਆ ਹੈ। ਅਸੀਂ ਇਹਨਾਂ ਵਲੋਂ ਦੱਸੀਆਂ ਚੰਗੀਆਂ ਗੱਲਾਂ ਹਮੇਸ਼ਾ ਯਾਦ ਰੱਖਾਂਗੇ। ਉਪਰੋਕਤ ਸਕੂਲ ਸਟਾਫ ਵੱਲੋਂ ਰਾਜੇਸ਼ ਕੁਮਾਰ ਅਤੇ ਉਹਨਾਂ ਦੀ ਪਤਨੀ ਨੂੰ ਯਾਦ ਚਿੰਨ੍ਹ ਅਤੇ ਹੋਰ ਤੋਹਫਿਆਂ ਨਾਲ ਸਨਮਾਨਤ ਕੀਤਾ ਗਿਆ। ਅੰਤ ਵਿੱਚ ਰਾਜੇਸ਼ ਕੁਮਾਰ ਨੇ ਉਨ੍ਹਾਂ ਦੇ ਸਨਮਾਨ ਲਈ ਸਮੂਹ ਸਟਾਫ ਮੈਂਬਰਾਂ ਦਾ ਧੰਨਵਾਦ ਕੀਤਾ। ਉਹਨਾਂ ਟੋਡਰ ਮੱਲ ਵਲੋਂ ਪਿੰਡ ਦੇ ਦਾਨੀ ਸੱਜਣਾਂ ਨੂੰ ਪ੍ਰੇਰਿਤ ਕਰਕੇ ਸਕੂਲ ਲਈ ਸਮੇਂ ਸਮੇਂ ਕਰਵਾਈ ਆਰਥਿਕ ਸਹਾਇਤਾ ਲਈ ਸਰਾਹਨਾ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਮੈਥ ਮਾਸਟਰ ਰਾਜਵਿੰਦਰ ਸਿੰਘ ਵਲੋਂ ਨਿਭਾਈ ਗਈ। ਉਹਨਾਂ ਵਲੋਂ ਛੋਟੇ ਜਿਹੇ ਸੱਦੇ 'ਤੇ ਪਹੁੰਚ ਕੇ ਸਮਾਗਮ ਵਿੱਚ ਸ਼ਾਮਲ ਹੋਏ ਸਾਰੇ ਅਧਿਆਪਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਆਦਿਵਾਸੀ ਖੇਤਰਾਂ 'ਚ ਕਤਲੇਆਮ ਵਿਰੁੱਧ ਜਮਹੂਰੀ ਫਰੰਟ ਵੱਲੋਂ ਸੂਬਾਈ ਚੇਤਨਾ ਮੁਹਿੰਮ ਅੱਜ ਤੋਂ

**ਜਲੰਧਰ**- ਉਪਰੇਸ਼ਨ ਗਰੀਨ ਹੰਟ ਵਿਰੋਧੀ ਜਮਹੂਰੀ ਫਰੰਟ ਪੰਜਾਬ ਦੀ ਸੂਬਾ ਕਮੇਟੀ ਦੀ ਮੀਟਿੰਗ ਪ੍ਰੋ. ਏ. ਕੇ. ਮਲੇਰੀ ਦੀ ਪ੍ਰਧਾਨਗੀ 'ਚ ਹੋਈ। ਮੀਟਿੰਗ ਦਾ ਆਗਾਜ਼ ਬੀਤੇ ਦਿਨੀਂ ਫਰਜ਼ੀ ਮੁੱਠਭੇੜਾਂ 'ਚ ਮਾਰ ਮੁਕਾਏ ਆਦਿਵਾਸੀਆਂ ਅਤੇ ਮਾਓਵਾਦੀਆਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਮੀਟਿੰਗ ਵਿਚ ਛੱਤੀਸਗੜ੍ਹ ਅਤੇ ਹੋਰ ਆਦਿਵਾਸੀ ਇਲਾਕਿਆਂ ਨੂੰ ਨੀਮ-ਫ਼ੌਜੀ ਤਾਕਤਾਂ ਦੀ ਵਿਆਪਕ ਛਾਉਣੀ ਬਣਾ ਕੇ ਮਾਓਵਾਦੀ ਇਨਕਲਾਬੀਆਂ ਅਤੇ ਆਦਿਵਾਸੀ ਲੋਕਾਂ ਦੇ ਕਤਲੇਆਮ ਨੂੰ ਵਿਕਾਸ ਦੇ ਨਾਂਅ ਹੇਠ ਸੁਰੱਖਿਆ ਬਲਾਂ ਦੇ ਵਿਸ਼ੇਸ਼ ਕੈਂਪ ਸਥਾਪਤ ਕਰਕੇ ਕੀਤੀ ਜਾ ਰਹੀ ਨਸਲਕੁਸ਼ੀ ਅਤੇ ਬੇਥਾਹ ਤਬਾਹੀ ਉੱਪਰ ਗੰਭੀਰ ਚਿੰਤਾ ਪ੍ਰਗਟ ਕੀਤੀ ਗਈ। ਪ੍ਰੈੱਸ ਨਾਲ ਮੀਟਿੰਗ ਦੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਫਰੰਟ ਦੇ ਕਨਵੀਨਰਾਂ ਡਾ.ਪਰਮਿੰਦਰ, ਪ੍ਰੋਫੈਸਰ ਏ.ਕੇ.ਮਲੇਰੀ, ਬੂਟਾ ਸਿੰਘ ਮਹਿਮੂਦਪੁਰ ਅਤੇ ਯਸ਼ਪਾਲ ਨੇ ਦੱਸਿਆ ਕਿ ਦੇਸ਼-ਵਿਦੇਸ਼ ਵਿਚ ਜਨਤਕ ਵਿਰੋਧ ਦੇ ਬਾਵਜੂਦ ਭਗਵਾਂ ਹਕੂਮਤ ਕਾਰਪੋਰੇਟ ਪੱਖੀ ਆਰਥਿਕ ਮਾਡਲ ਵਿਰੁੱਧ ਲੋਕਾਂ ਦੇ ਜਮਹੂਰੀ ਵਿਰੋਧ ਨੂੰ ਕੁਚਲਣ ਲਈ ਚਲਾਈ ਜਾ ਰਹੀ ਦਹਿਸ਼ਤਵਾਦੀ ਜੰਗ ਬੰਦ ਨਹੀਂ ਕਰ ਰਹੀ ਸਗੋਂ ਦਿਨੋ-ਦਿਨ ਇਸ ਨੂੰ ਜ਼ਿਆਦਾ ਤੋਂ ਜ਼ਿਆਦਾ ਕਰੂਰ ਅਤੇ ਤਿੱਖਾ ਕਰ ਰਹੀ ਹੈ। ਪੂਰੇ ਮੁਲਕ ਵਿਚ ਚੱਲ ਰਹੇ ਹਕੂਮਤੀ ਦਹਿਸ਼ਤਵਾਦ ਦੇ ਸਾਂਝੇ ਫਾਸ਼ੀਵਾਦੀ ਪੈਟਰਨ ਦੇ ਮੱਦੇਨਜ਼ਰ ਇਸ ਫਾਸ਼ੀਵਾਦੀ ਹੱਲੇ ਦੇ ਜਨਤਕ-ਜਮਹੂਰੀ ਵਿਰੋਧ ਦਾ ਘੇਰਾ ਵਸੀਹ ਕਰਨ ਦੀ ਬੇਹੱਦ ਜ਼ਰੂਰਤ ਹੈ। ਜਿਸ ਦੇ ਮੱਦੇਨਜ਼ਰ ਫਰੰਟ ਦੀ ਸੂਬਾ ਕਮੇਟੀ ਨੇ ਜਬਰ ਵਿਰੁੱਧ ਮੁਹਿੰਮ ਦੀ ਲਗਾਤਾਰਤਾ ਨੂੰ ਬਰਕਰਾਰ ਰੱਖਦੇ ਹੋਏ ਇਸ ਨੂੰ ਵਿਆਪਕ ਅਤੇ ਭਰਵੀਂ ਬਣਾਉਣ ਲਈ 15 ਮਈ ਤੋਂ 28 ਜੁਲਾਈ ਤੱਕ ਪੰਜਾਬ ਪੱਧਰੀ 'ਚੇਤਨਾ ਅਤੇ ਸੰਪਰਕ ਮੁਹਿੰਮ' ਚਲਾਉਣ ਦਾ ਫ਼ੈਸਲਾ ਕੀਤਾ ਹੈ। ਇਸ ਮੁਹਿੰਮ ਤਹਿਤ ਵੱਖ-ਵੱਖ ਇਲਾਕਿਆਂ ਵਿਚ ਮੀਟਿੰਗਾਂ, ਗਰੁੱਪ ਚਰਚਾਵਾਂ ਅਤੇ ਹੋਰ ਢੁੱਕਵੇਂ ਰੂਪਾਂ ਵਿਚ ਮਿਲਣੀਆਂ ਆਯੋਜਤ ਕਰਕੇ ਕਤਲੇਆਮ ਵਿਰੁੱਧ ਜਨਤਕ ਜਮਹੂਰੀ ਆਵਾਜ਼ ਦਾ ਘੇਰਾ ਵਧਾਉਣ ਲਈ ਹੰਭਲਾ ਮਾਰਿਆ ਜਾਵੇਗਾ। ਪੰਜਾਬ ਦੇ ਜੁਝਾਰੂ ਸੰਘਰਸ਼ਸ਼ੀਲ ਵਿਰਸੇ ਦੇ ਪਹਿਰੇਦਾਰ ਲੋਕਾਂ ਨੂੰ ਭਾਰਤੀ ਹਾਕਮ ਜਮਾਤ ਦੇ ਕਥਿਤ ਵਿਕਾਸ ਮਾਡਲ ਨੂੰ ਜਥੇਬੰਦ ਚੁਣੌਤੀ ਦੇ ਰਹੇ ਆਦਿਵਾਸੀਆਂ ਅਤੇ ਮਾਓਵਾਦੀ ਇਨਕਲਾਬੀਆਂ ਦੇ ਜੁਝਾਰੂ ਸੰਘਰਸ਼ ਦੇ ਨਾਲ-ਨਾਲ ਪੁਰਅਮਨ ਸੰਘਰਸ਼ਾਂ ਵਿਰੁੱਧ ਫਾਸ਼ੀਵਾਦੀ ਹਕੂਮਤੀ ਹਮਲੇ ਪਿੱਛੇ ਕੰਮ ਕਰਦੇ ਸਾਮਰਾਜੀ ਅਤੇ ਦੇਸੀ ਕਾਰਪੋਰੇਟ ਸਰਮਾਏ ਦੀ ਨੰਗੀ-ਚਿੱਟੀ ਸੇਵਾ ਦੇ ਅਸਲ ਮਨੋਰਥ ਅਤੇ ਇਸ ਹੱਲੇ ਨੂੰ ਠੱਲ੍ਹ ਪਾਉਣ ਲਈ ਜਨਤਕ ਜਮਹੂਰੀ ਵਿਰੋਧ ਲਹਿਰ ਉਸਾਰਨ ਦੀ ਅਤਿਅੰਤ ਲੋੜ ਬਾਰੇ ਜਾਗਰੂਕ ਕੀਤਾ ਜਾਵੇਗਾ। ਲੋਕ-ਜਮਹੂਰੀ ਜਥੇਬੰਦੀਆਂ ਦੇ ਨਾਲ-ਨਾਲ ਬੁੱਧੀਜੀਵੀ-ਅਕਾਦਮਿਕ ਹਿੱਸਿਆਂ, ਲੇਖਕਾਂ, ਕਲਾਕਾਰਾਂ, ਰੰਗਕਰਮੀਆਂ, ਵਕੀਲਾਂ, ਪੱਤਰਕਾਰਾਂ ਸਮੇਤ ਸਮੂਹ ਲੋਕਪੱਖੀ ਅਗਾਂਹਵਧੂ ਸੰਸਥਾਵਾਂ ਅਤੇ ਤਾਕਤਾਂ ਨੂੰ ਦਨਦਨਾ ਰਹੇ ਜਾਬਰ ਹਮਲੇ ਦਾ ਗੰਭੀਰ ਨੋਟਿਸ ਲੈਣ ਅਤੇ ਇਸ ਵਿਰੁੱਧ ਸਿਰ ਜੋੜ ਕੇ ਆਵਾਜ਼ ਉਠਾਉਣ ਲਈ ਅੱਗੇ ਆਉਣ ਦਾ ਸੱਦਾ ਦਿੱਤਾ ਜਾਵੇਗਾ। ਉਨ੍ਹਾਂ ਨੇ ਇਸ ਵਡੇਰੇ ਕਾਰਜ ਨੂੰ ਨੇਪਰੇ ਚਾੜ੍ਹਨ ਲਈ ਸਮੂਹ ਲੋਕਪੱਖੀ ਤਾਕਤਾਂ ਨੂੰ ਫਰੰਟ ਦੇ ਸੱਦੇ ਨੂੰ ਭਰਵਾਂ ਹੁੰਗਾਰਾ ਦੇਣ ਅਤੇ ਆਰਥਿਕ ਸਹਾਇਤਾ ਸਮੇਤ ਹਰ ਪੱਖੋਂ ਪੁਰਜ਼ੋਰ ਹੱਥ ਵਟਾਉਣ ਦੀ ਅਪੀਲ ਕੀਤੀ ਹੈ। ਮੀਟਿੰਗ ਵਿਚ ਵਿਸ਼ੇਸ਼ ਮਤਾ ਪਾਸ ਕਰਕੇ ਇਜ਼ਰਾਇਲ ਹਕੂਮਤ ਵੱਲੋਂ ਅਮਰੀਕਨ ਸਾਮਰਾਜੀ ਹਕੂਮਤ ਦੀ ਮਿਲੀਭੁਗਤ ਅਤੇ ਮਦਦ ਨਾਲ ਈਰਾਨ ਉੱਪਰ ਹਮਲਾ ਕਰਨ ਅਤੇ ਦੁਨੀਆ ਭਰ ਦੇ ਲੋਕਾਂ ਵੱਲੋਂ ਕੀਤੇ ਜਾ ਰਹੇ ਜਨਤਕ ਵਿਰੋਧ ਦੇ ਬਾਵਜੂਦ ਗਾਜ਼ਾ ਅਤੇ ਹੋਰ ਫ਼ਲਸਤੀਨੀਂ ਨਾਗਰਿਕ ਇਲਾਕਿਆਂ ਉੱਪਰ ਅਕਤੂਬਰ 2023 ਤੋਂ ਲੈ ਕੇ ਲਗਾਤਾਰ ਬੰਬਾਰੀ ਅਤੇ ਭੁੱਖਮਰੀ ਦੇ ਹਾਲਾਤ ਬਣਾ ਕੇ ਕੀਤੀ ਜਾ ਰਹੀ ਨਸਲਕੁਸ਼ੀ ਦੀ ਸਖ਼ਤ ਸ਼ਬਦਾਂ ਵਿਚ ਨਿਖੇਧੀ ਕੀਤੀ ਗਈ ਅਤੇ ਫ਼ਲਸਤੀਨ ਤੇ ਹੋਰ ਦੇਸ਼ਾਂ ਵਿਰੁੱਧ ਅਮਰੀਕਨ-ਇਜ਼ਰਾਇਲੀ ਦਹਿਸ਼ਤਵਾਦੀ ਹਮਲੇ ਬੰਦ ਕਰਨ ਦੀ ਮੰਗ ਕੀਤੀ ਗਈ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਉਤਸਵ ਨੂੰ ਸਮਰਪਤ ਖ਼ੂਨਦਾਨ ਕੈਂਪ ਲਗਾਇਆ



**ਅੱਡਾ ਸਰਾਂ (ਜਸਵੀਰ ਕਾਜਲ)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ 430ਵੇ ਪ੍ਰਕਾਸ਼ ਉਤਸਵ ਮੌਕੇ ਇਤਿਹਾਸਿਕ ਅਸਥਾਨ ਗੁਰਦੁਆਰਾ ਟਾਹਲੀ ਸਾਹਿਬ ਪਾਤਸ਼ਾਹੀ ਛੇਵੀਂ ਮੂਨਕਾਂ ਵਿਖੇ ਹੋਏ ਸਲਾਨਾ ਸਮਾਗਮ ਦੌਰਾਨ ਭਾਈ ਘਨਈਆ ਜੀ ਬਲੱਡ ਬੈਂਕ ਮਿੱਠਾ ਟਿਵਾਣਾ ਵੱਲੋਂ ਇੱਕ ਦਿਨਾ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜ਼ਿੰਦਾ ਸ਼ਹੀਦ ਪੰਥ ਰਤਨ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਨਿਹਾਲ ਸਿੰਘ ਦੇ ਵਿਸ਼ੇਸ਼ ਅਸ਼ੀਰਵਾਦ ਬਾਬਾ ਕੁਲਦੀਪ ਸਿੰਘ ਟਾਹਲੀ ਸਾਹਿਬ ਅਤੇ ਭਾਈ ਹਰਪ੍ਰੀਤ ਸਿੰਘ ਸੀਕਰੀ ਦੀ ਦੇਖ-ਰੇਖ ਹੇਠ ਲਗਾਏ ਗਏ ਇਸ ਕੈਂਪ ਦੌਰਾਨ ਵਿਧਾਇਕ ਟਾਂਡਾ ਜਸਵੀਰ ਸਿੰਘ ਰਾਜਾ ਅਤੇ ਵਿਧਾਇਕ ਦਸੂਹਾ ਕਰਮਵੀਰ ਸਿੰਘ ਘੁੰਮਣ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਭਾਈ ਘਨਈਆ ਜੀ ਬਲੱਡ ਬੈਂਕ ਹੁਸ਼ਿਆਰਪੁਰ ਦੇ ਇਸ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕੀਤੀ। ਕੈਂਪ ਦੀ ਸਮਾਪਤੀ 'ਤੇ ਬਾਬਾ ਕੁਲਦੀਪ ਸਿੰਘ ਅਤੇ ਭਾਈ ਹਰਪ੍ਰੀਤ ਸਿੰਘ ਵੱਲੋਂ ਖ਼ੂਨਦਾਨੀਆਂ ਅਤੇ ਬਲੱਡ ਬੈਂਕ ਦੀ ਸਮੁੱਚੀ ਟੀਮ ਨੂੰ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਕੈਂਪ ਵਿੱਚ ਵਿਸ਼ੇਸ਼ ਸੇਵਾਵਾਂ ਪ੍ਰਦਾਨ ਕਰ ਰਹੇ ਭਾਈ ਬੂਟਾ ਸਿੰਘ ਟਾਂਡਾ ਨੇ ਦੱਸਿਆ ਕਿ ਕੈਂਪ ਦੌਰਾਨ ਕੁੱਲ 25 ਨੌਜਵਾਨਾਂ ਨੇ ਖ਼ੂਨਦਾਨ ਕੀਤਾ । ਇਸ ਮੌਕੇ ਪ੍ਰਧਾਨ ਕੇਸ਼ਵ ਸਿੰਘ ਸੈਣੀ, ਜਥੇਦਾਰ ਦਵਿੰਦਰ ਸਿੰਘ ਮੂਨਕਾਂ, ਸਰਪੰਚ ਮਨਵੀਰ ਸਿੰਘ ਖਾਲਸਾ, ਚੇਅਰਮੈਨ ਕਮਲਪ੍ਰੀਤ ਸਿੰਘ ਸੰਧੂ, ਪ੍ਰਦੀਪ ਸਿੰਘ, ਭਾਈ ਹਰ ਅਵਤਾਰ ਸਿੰਘ ਸੀਕਰੀ, ਭਾਈ ਕੁਲਵਿੰਦਰ ਸਿੰਘ ਕੰਗ ਮਾਈ, ਕੌਂਸਲਰ ਸੁਰਿੰਦਰਜੀਤ ਸਿੰਘ ਬਿੱਲੂ, ਗੁਰਨਾਮ ਸਿੰਘ ਮੂਨਕਾਂ, ਗੁਰਪ੍ਰੀਤ ਸਿੰਘ ਰਾਹੀ, ਪ੍ਰਭਜੋਤ ਸਿੰਘ , ਪ੍ਰਦੀਪ ਸਿੰਘ ਟਾਂਡਾ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ।

# ਕਾਰੋਬਾਰ ਦੇ ਵਿਕਾਸ ਲਈ ਤਕਨੀਕ ਦਾ ਗਿਆਨ ਤੇ ਵਰਤੋਂ ਜ਼ਰੂਰੀ : ਮਦਨ ਕੋਰੋਟਾਨੀਆ



**ਫਗਵਾੜਾ (ਜਸਵਿੰਦਰ ਢੱਡਾ)**- ਸਰਬ ਨੌਜਵਾਨ ਸਭਾ ਅਤੇ ਸਰਬ ਨੌਜਵਾਨ ਵੈਲਫੇਅਰ ਸੁਸਾਇਟੀ ਵਲੋਂ ਸਭਾ ਅਤੇ ਸੁਸਾਇਟੀ ਦੇ ਪ੍ਰਧਾਨ ਸੁਖਵਿੰਦਰ ਸਿੰਘ ਦੀ ਸਰਪ੍ਰਸਤੀ ਹੇਠ ਸੋਸਵਾ ਪੰਜਾਬ ਦੇ ਸਹਿਯੋਗ ਨਾਲ ਸਥਾਨਕ ਸਕੀਮ ਨੰਬਰ 3 ਹੁਸ਼ਿਆਰਪੁਰ ਰੋਡ 'ਤੇ ਚਲਾਏ ਜਾ ਰਹੇ ਵੋਕੇਸ਼ਨਲ ਸੈਂਟਰ ਵਿਖੇ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ (ਐਲ.ਪੀ.ਯੂ.) ਵਲੋਂ ਵਿਸ਼ਵ ਨਿਵੇਸ਼ਕ ਹਫ਼ਤਾ 2025 'ਡਿਜੀਟਲ ਟੈਕਨਾਲੋਜੀ' ਦੇ ਤਹਿਤ ਕਾਰੋਬਾਰੀ ਵਿਕਾਸ ਵਿਸ਼ੇ 'ਤੇ ਇੱਕ ਸੈਮੀਨਾਰ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਮੁੱਖ ਬੁਲਾਰੇ ਵਜੋਂ ਪਹੁੰਚੇ ਪ੍ਰੋਫੈਸਰ ਅਨੂਪ ਮੋਹੰਤੀ ਨੇ ਵੋਕੇਸ਼ਨਲ ਸੈਂਟਰ ਦੀਆਂ 70 ਸਿਖਿਆਰਥਣ ਲੜਕੀਆਂ ਨੂੰ ਮਹੱਤਵਪੂਰਨ ਜਾਣਕਾਰੀ ਦਿੱਤੀ ਅਤੇ ਉਨ੍ਹਾਂ ਨੂੰ ਮਹਿਲਾ ਸਸ਼ਕਤੀਕਰਨ ਦੇ ਵਿਸ਼ੇ ਤਹਿਤ ਯੋਜਨਾਬੱਧ ਤਰੀਕੇ ਨਾਲ ਕੰਮ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਦੱਸਿਆ ਕਿ ਘੱਟ ਨਿਵੇਸ਼ ਨਾਲ ਕਾਰੋਬਾਰ ਕਿਵੇਂ ਸ਼ੁਰੂ ਕੀਤਾ ਜਾ ਸਕਦਾ ਹੈ। ਉਨ੍ਹਾਂ ਨੇ ਸਿਖਿਆਰਥਣਾਂ ਨੂੰ ਏ.ਆਈ. ਟੂਲਸ ਰਾਹੀਂ ਬ੍ਰਾਂਡਿੰਗ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪਹੁੰਚੇ ਸਮਾਜ ਸੇਵਕ ਮਦਨ ਲਾਲ ਕੋਰੋਟਾਨੀਆ ਨੇ ਕਿਹਾ ਕਿ ਕਾਰੋਬਾਰੀ ਵਿਕਾਸ ਲਈ ਤਕਨੀਕ ਦਾ ਗਿਆਨ ਅਤੇ ਇਸ ਦੀ ਵਰਤੋਂ ਬਹੁਤ ਮਹੱਤਵਪੂਰਨ ਹੈ। ਉਨ੍ਹਾਂ ਕਿਹਾ ਕਿ ਅੱਜਕੱਲ੍ਹ ਆਪਣੇ ਕਾਰੋਬਾਰ ਨੂੰ ਪ੍ਰਮੋਟ ਕਰਨ ਲਈ ਡਿਜੀਟਲ ਤਕਨਾਲੋਜੀਆਂ, ਜਿਵੇਂ ਸੋਸ਼ਲ ਮੀਡੀਆ ਮਾਰਕੀਟਿੰਗ, ਈਮੇਲ ਮਾਰਕੀਟਿੰਗ, ਆਦਿ ਦੀ ਵਰਤੋਂ ਕਰਨਾ ਬਹੁਤ ਆਸਾਨ ਹੋ ਗਿਆ ਹੈ, ਜਿਸ ਦਾ ਫਾਇਦਾ ਉਠਾਉਣਾ ਚਾਹੀਦਾ ਹੈ। ਸੈਮੀਨਾਰ ਤੋਂ ਬਾਅਦ ਸੈਂਟਰ ਦੀਆਂ ਸਿਖਿਆਰਥਣਾਂ ਨੇ ਇਸ ਆਯੋਜਨ ਦੇ ਉਪਰਾਲੇ ਲਈ ਐਲ.ਪੀ.ਯੂ. ਅਤੇ ਸਭਾ ਤੇ ਸੁਸਾਇਟੀ ਦਾ ਧੰਨਵਾਦ ਕੀਤੈ। ਅੰਤ ਵਿੱਚ ਪ੍ਰਧਾਨ ਸੁਖਵਿੰਦਰ ਸਿੰਘ ਨੇ ਲਵਲੀ ਯੂਨੀਵਰਸਿਟੀ ਦਾ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਸੈਂਟਰ ਅਜਿਹੇ ਸੈਮੀਨਾਰਾਂ ਦੇ ਆਯੋਜਨ ਵਿੱਚ ਪੂਰਾ ਸਮਰਥਨ ਦਿੰਦਾ ਰਹੇਗਾ। ਇਸ ਮੌਕੇ ਗੁਲਸ਼ਨ ਕਪੂਰ, ਮੈਡਮ ਤਨੂ, ਮੈਡਮ ਗੁਰਜੀਤ ਕੌਰ, ਮੈਡਮ ਨਵਜੋਤ ਕੌਰ, ਮੈਡਮ ਆਸ਼ੂ ਬੱਗਾ, ਮੈਡਮ ਸਪਨਾ ਸ਼ਾਰਦਾ, ਜੈਸਮੀਨ, ਬਲਜੀਤ, ਮਨਪ੍ਰੀਤ, ਅਮਨਪ੍ਰੀਤ, ਸਿਮਰਨਜੀਤ, ਹਰਮਨ, ਤਮੰਨਾ, ਸਲੋਨੀ, ਸਿਮਰਨ, ਕੰਵਲਪ੍ਰੀਤ, ਰਮਨ, ਸਰੀਨਾ, ਜਸਪ੍ਰੀਤ, ਅੰਜਲੀ, ਪ੍ਰਿਯੰਕਾ, ਮੇਘਾ, ਉਪਿੰਦਰ ਕੌਰ, ਪਰਵੀਨ, ਅਮਨਜੋਤ, ਸੰਜਨਾ, ਗਗਨਦੀਪ, ਮਮਤਾ, ਅੰਜਲੀ ਹੀਰ, ਪ੍ਰਭਜੋਤ, ਖੁਸ਼ੀ ਰਾਣਾ, ਲਵਪ੍ਰੀਤ ਕੌਰ, ਪ੍ਰਿਆ, ਤਾਨੀਆ, ਮਨੀਸ਼ਾ, ਕਾਮਿਨੀ, ਸੁੰਦਰਸ਼ੀਲਾ, ਨੇਹਾ, ਨਿਸ਼ਾ ਆਦਿ ਹਾਜ਼ਰ ਸਨ।

# ਪੀਰ ਬਾਬਾ ਕੱਲੂ ਸ਼ਾਹ ਜੀ ਯਾਦਗਾਰੀ ਸੱਭਿਆਚਾਰਕ ਮੇਲਾ 19 ਨੂੰ



**ਅੱਡਾ ਸਰਾਂ (ਜਸਵੀਰ ਕਾਜਲ)**- ਪੀਰ ਬਾਬਾ ਕੱਲੂ ਸ਼ਾਹ ਜੀ ਦੀ ਦਰਗਾਹ 'ਤੇ ਪਿੰਡ ਨੈਣੋਵਾਲ ਵੈਦ ਵਿਖੇ 19 ਜੂਨ ਨੂੰ ਕਰਵਾਏ ਜਾ ਰਹੇ ਸਾਲਾਨਾ 32ਵੇਂ ਸੱਭਿਆਚਾਰਕ ਮੇਲੇ ਦੀਆਂ ਤਿਆਰੀਆਂ ਲਗਾਤਾਰ ਜਾਰੀ ਹਨ। ਇਹਨਾਂ ਵਿਚਾਰਾ ਦਾ ਪ੍ਰਗਟਾਵਾ ਪੀਰ ਬਾਬਾ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਪ੍ਰਧਾਨ ਨੰਬਰਦਾਰ ਸਤਨਾਮ ਸਿੰਘ ਢਿੱਲੋਂ ਨੇ ਕੀਤਾ। ਇਸ ਮੌਕੇ ਪੀਰ ਬਾਬਾ ਕੱਲੂ ਸ਼ਾਹ ਜੀ ਪ੍ਰਬੰਧਕ ਕਮੇਟੀ ਦੀ ਹੋਈ ਮੀਟਿੰਗ ਉਪਰੰਤ ਕਮੇਟੀ ਪ੍ਰਧਾਨ ਸਤਨਾਮ ਸਿੰਘ ਢਿੱਲੋਂ, ਵਾਈਸ ਪ੍ਰਧਾਨ ਨੰਬਰਦਾਰ ਸੁਖਵਿੰਦਰ ਸਿੰਘ ਢਿੱਲੋਂ, ਕੈਸ਼ੀਅਰ ਸੋਮਨਾਥ ਮਹਿਮੀ, ਸਰਪੰਚ ਨਗਿੰਦਰ ਸਿੰਘ, ਗੁਰਜੀਤ ਸਿੰਘ ਡੀ.ਜੇ. ਤੇ ਹੋਰਨਾਂ ਨੇ ਦੱਸਿਆ ਕਿ ਪ੍ਰਵਾਸੀ ਭਾਰਤੀਆਂ, ਨਗਰ ਤੇ ਇਲਾਕੇ ਦੇ ਸਹਿਯੋਗ ਨਾਲ 19 ਜੂਨ ਨੂੰ ਕਰਵਾਏ ਜਾਣ ਵਾਲੇ ਸਾਲਾਨਾ ਸੱਭਿਆਚਾਰਕ ਮੇਲੇ ਦੌਰਾਨ ਸਭ ਤੋਂ ਪਹਿਲਾਂ ਪੀਰਾਂ ਦੀ ਦਰਗਾਹ 'ਤੇ ਚਾਦਰ ਤੇ ਝੰਡਾ ਚੜ੍ਹਾਉਣ ਦੀ ਰਸਮ ਅਦਾ ਕੀਤੀ ਜਾਵੇਗੀ। ਪ੍ਰਬੰਧਕਾਂ ਨੇ ਦੱਸਿਆ ਕਿ ਸੱਭਿਆਚਾਰਕ ਮੇਲੇ ਦੌਰਾਨ ਸਲੀਮ ਸਾਬਰੀ ਕੱਵਾਲ ਐਂਡ ਪਾਰਟੀ ਮਲੇਰਕੋਟਲਾ, ਗਾਇਕ ਕੁਲਦੀਪ ਰੰਧਾਵਾ, ਦੋਗਾਣਾ ਜੋੜੀ ਸੁਰਿੰਦਰ ਮਾਨ ਕਰਮਜੀਤ ਕੰਮੋ, ਲੱਖੀ ਸਿੱਧੂ, ਮਹਿਮੀ ਬਰਾੜ, ਗਾਇਕਾ ਮੈਂਡੀ ਕਾਲੜਾ ਤੇ ਹੋਰ ਕਲਾਕਾਰ ਪਹੁੰਚ ਕੇ ਆਪਣੇ ਫਨ ਦਾ ਮੁਜ਼ਾਹਰਾ ਕਰਨਗੇ। ਪ੍ਰਬੰਧਕਾਂ ਦੇ ਹੋਰ ਦੱਸਿਆ ਕਿ ਸਮੁੱਚੇ ਸੱਭਿਆਚਾਰਕ ਮੇਲੇ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਪ੍ਰਸਿੱਧ ਐਂਕਰ ਬਲਦੇਵ ਰਾਹੀ ਵੱਲੋਂ ਨਿਭਾਈ ਜਾਵੇਗੀ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ ਸੱਭਿਆਚਾਰਕ ਮੇਲੇ ਦੌਰਾਨ ਗੀਤਕਾਰ ਸੁਖਜੀਤ ਝਾਂਸਾਂ ਵਾਲਾ ਤੇ ਉੱਘੇ ਸਮਾਜ ਸੇਵੀ ਐਡਵੋਕੇਟ ਗੁਰਵੀਰ ਸਿੰਘ ਚੋਟਾਲਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਬਲਜਿੰਦਰ ਸਿੰਘ ਢਿੱਲੋਂ, ਕੁਲਜਿੰਦਰ ਸਿੰਘ, ਜਸਵੰਤ ਸਿੰਘ ਢਿੱਲੋਂ, ਬਲਜੀਤ ਸਿੰਘ, ਅਮਰਦੀਪ ਸਿੰਘ, ਵਿਸ਼ਾਲ, ਮਨਿੰਦਰ ਸਿੰਘ, ਸਾਹਿਲ ਲਬੀ, ਕਿੰਦਾ ਨੈਣੋਵਾਲ ਵੈਦ, ਪ੍ਰਭ ਨੈਣੋਵਾਲ ਵੈਦ, ਰਵਿੰਦਰ ਬੱਬੂ, ਜਸਪ੍ਰੀਤ ਸਿੰਘ, ਮਨਵੀਰ ਸਿੰਘ, ਮਨਿੰਦਰ ਸਿੰਘ, ਅਰਸ਼ਦੀਪ ਸਿੰਘ ਵੀ ਹਾਜ਼ਰ ਸਨ।

# ਅਕੈਡਮੀ ਬੰਦ ਕਰਵਾਉਣ ਸੰਬੰਧੀ ਦਿੱਤੀ 62 ਪੰਚਾਇਤਾਂ ਨੇ ਸਹਿਮਤੀ



**ਸ੍ਰੀ ਚਮਕੌਰ ਸਾਹਿਬ (ਗੁਰਵਿੰਦਰ ਸਿੰਘ ਬੋਬੀ)**- ਗੁਰਦੁਆਰਾ ਦਸ਼ਮੇਸ਼ਗੜ੍ਹ ਸਾਹਿਬ ਭੈਰੋ ਮਾਜਰਾ ਜ਼ਿਲ੍ਹਾ ਰੂਪਨਗਰ ਦੀ ਪ੍ਰਬੰਧਕ ਕਮੇਟੀ ਵੱਲੋਂ ਇੱਕ ਪ੍ਰੈਸ ਕਾਨਫਰੰਸ ਕੀਤੀ ਗਈ, ਜਿਸ ਵਿੱਚ ਇਲਾਕੇ ਦੀਆਂ ਪੰਚਾਇਤਾਂ ਨੇ ਵੀ ਸ਼ਿਰਕਤ ਕੀਤੀ । ਜਾਣਕਾਰੀ ਦਿੰਦੇ ਹੋਏ ਉਨ੍ਹਾਂ ਦੱਸਿਆ ਕਿ ਸੰਤ ਬਾਬਾ ਸੁਖਪਾਲ ਸਿੰਘ ਦੀ ਦਸਤਾਰਬੰਦੀ ਤੋਂ ਬਾਅਦ ਕੁਝ ਟਰੱਸਟ ਮੈਂਬਰ ਜੋ ਕਿ ਦਸਤਾਰਬੰਦੀ ਨੂੰ ਸਹੀ ਨਹੀਂ ਸੀ ਮੰਨ ਰਹੇ, ਅਤੇ ਬਾਬਾ ਸੁਖਪਾਲ ਸਿੰਘ ਨੂੰ ਮੁਖੀ ਮੰਨਣ ਲਈ ਤਿਆਰ ਨਹੀਂ ਸਨ। ਇਹਨਾਂ ਵਿਅਕਤੀਆਂ ਨੇ ਸ੍ਰੀ ਗੁਰਦੁਆਰਾ ਸਾਹਿਬ ਤੇ ਭਾਰੀ ਮਾਤਰਾ ਵਿੱਚ ਪੁਲਸ ਕਰਮਚਾਰੀ ਬੁਲਾ ਕੇ ਦਹਿਸ਼ਤ ਫੈਲਾਈ, ਜਿਸ ਨਾਲ ਸੰਗਤਾਂ ਨੂੰ ਭਾਰੀ ਰੋਸ ਹੈ। ਸੰਗਤਾਂ ਦੇ ਕਹਿਣ 'ਤੇ ਮੌਜੂਦਾ ਟਰੱਸਟ ਵਿੱਚੋਂ ਸਾਰੀ ਕਾਰਵਾਈ ਪੂਰੀ ਕਰਕੇ ਜਿਹਨਾਂ ਵਿਅਕਤੀਆਂ ਨੇ ਪੁਲਸ ਬੁਲਾਈ ਅਤੇ ਅਨੁਸ਼ਾਸਨ ਨੂੰ ਭੰਗ ਕਰਨ ਦੀ ਕੋਸ਼ਿਸ਼ ਕੀਤੀ ਸੀ ਉਹਨਾਂ ਸਾਰਿਆਂ ਨੂੰ ਸੰਗਤ ਦੇ ਕਹਿਣ ਅਨੁਸਾਰ ਅਤੇ ਆਪਣੀ ਸਹੀ ਬੁੱਧੀ ਦਾ ਇਸਤੇਮਾਲ ਕਰਕੇ ਉਹਨਾਂ ਨੂੰ ਟਰੱਸਟ ਕਮੇਟੀ ਵਿੱਚੋਂ ਖਾਰਜ / ਬਰਖਾਸਤ ਕਰ ਦਿੱਤਾ ਗਿਆ ਹੈ। ਫਿਰ ਉਹਨਾਂ ਵਿਅਕਤੀਆਂ ਵੱਲੋਂ 7 ਜੂਨ 2025 ਨੂੰ ਇੱਕ ਪੱਤਰ ਰਾਹੀਂ ਪਿੰਡ ਪਿੰਡ ਜਾ ਕੇ ਪਿੰਡਾਂ ਦੇ ਮੋਹਤਬਰ ਸਰਪੰਚਾਂ ਆਦਿ ਨੂੰ ਗੁੰਮਰਾਹ ਕਰ ਰਹੇ ਹਨ। ਉਨ੍ਹਾਂ ਲਿਖਿਆ ਕਿ ਪਹਿਲੀਆਂ ਬਣੀਆਂ ਕਮੇਟੀਆਂ ਨਜ਼ਰਅੰਦਾਜ਼ ਕਰ ਦਿੱਤੀਆਂ ਹਨ। ਆਪ ਜੀ ਨੂੰ ਇਹ ਦੱਸਣਾ ਚਾਹੁੰਦੇ ਹਾਂ ਕਿ ਸ੍ਰੀ ਗੁਰਦੁਆਰਾ ਸਾਹਿਬ ਦੀਆਂ ਕਮੇਟੀਆਂ ਨਜ਼ਰਅੰਦਾਜ਼ ਨਹੀਂ ਕੀਤੀਆਂ ਸਗੋਂ ਕਮੇਟੀਆਂ ਵਿੱਚ ਨਵੇਂ ਮੈਂਬਰ ਜੋ ਕਈ ਇਲਾਕੇ ਦੇ ਸੂਝਵਾਨ/ਪੜ੍ਹੇ ਲਿਖੇ ਨੌਜਵਾਨ ਲਏ ਗਏ ਹਨ। ਕਮੇਟੀਆਂ ਦਾ ਨਵੀਨੀਕਰਨ ਕੀਤਾ ਗਿਆ ਹੈ ਜੋ ਕਿ ਪਾਰਦਰਸ਼ੀ ਹੈ ਜੋ ਵਿਅਕਤੀ ਇਸ ਸਬੰਧੀ ਝੂਠਾ ਪ੍ਰਚਾਰ ਆਦਿ ਕਰ ਰਹੇ ਹਨ ਇਹਨਾਂ ਦੀਆਂ ਮਨਮਾਨੀਆਂ ਨਹੀਂ ਚੱਲਣਗੀਆਂ ਸਗੋਂ ਸਾਰੀ ਸੰਗਤ ਫੈਸਲੇ ਲੈਂਦੀ ਹੈ। ਗੋਲਕਾਂ ਸ੍ਰੀ ਗੁਰਦੁਆਰਾ ਸਾਹਿਬ ਦੀਆਂ ਹਨ ਅਤੇ ਮੁਖੀ ਬਾਬਾ ਸੁਖਪਾਲ ਸਿੰਘ ਹੀ ਖੁਦ ਸਰਪ੍ਰਸਤ ਹਨ। ਉਹਨਾਂ ਦੀ ਮਰਜ਼ੀ ਅਨੁਸਾਰ ਲੋੜ ਮੁਤਾਬਕ ਗੋਲਕਾਂ ਖੁੱਲ੍ਹਦੀਆਂ ਹਨ। ਬਾਬਾ ਸੁਖਪਾਲ ਸਿੰਘ ਇਹਨਾਂ ਦੀ ਮਨਮਰਜ਼ੀ ਨਹੀਂ ਚੱਲਣ ਦਿੰਦੇ ਅਤੇ ਨਾ ਹੀ ਇਹਨਾਂ ਦੀਆਂ ਝੂਠੀਆਂ ਗੱਲਾਂ ਵਿੱਚ ਆਉਂਦੇ ਹਨ ਤਾਂ ਹੀ ਇਹਨਾਂ ਨੂੰ ਸੰਗਤਾਂ ਦੇ ਕਹਿਣ ਅਨੁਸਾਰ ਟਰੱਸਟ ਵਿੱਚੋਂ ਕੱਢਿਆ ਗਿਆ ਹੈ।। ਬਾਕੀ ਰਹੀ ਸਕੂਲ ਦੀ ਗੱਲ, ਸਕੂਲ ਦਸ਼ਮੇਸ਼ਗੜ੍ਹ ਸਾਹਿਬ ਦਾ ਨਹੀਂ ਹੈ, ਸਕੂਲ ਪ੍ਰਾਈਵੇਟ ਹੈ। ਇਹ ਆਪਣੇ ਨਿੱਜੀ ਫਾਇਦੇ /ਲਾਭ/ਜਿਵੇਂ ਕਿ ਧੂਰੀ ਕਾਲਜ ਅਤੇ ਸਕੂਲ ਖੋਲ੍ਹੇ ਗਏ, ਉਨਾਂ ਦੀ ਤਰਜ਼ 'ਤੇ ਹੀ ਖੋਲ੍ਹਿਆ ਗਿਆ ਹੈ। ਜੋ ਕਿ ਸਰਕਾਰ ਦੀਆਂ ਕੋਈ ਵੀ ਸ਼ਰਤਾਂ ਪੂਰੀਆਂ ਨਹੀਂ ਕਰਦਾ। ਅਸੀਂ ਸਕੂਲ ਗੁਰਦੁਆਰਾ ਸਾਹਿਬ ਦੀ ਬਿਲਡਿੰਗ ਅਤੇ ਜਗ੍ਹਾ ਵਿੱਚ ਖੋਲ੍ਹਣ ਦੇ ਵਿਰੋਧ ਵਿੱਚ ਹਾਂ। ਸਕੂਲ ਨੂੰ ਗੁਰਦੁਆਰਾ ਸਾਹਿਬ ਵਿੱਚੋਂ ਬੰਦ ਕਰਨ ਦੇ ਪ੍ਰਸਤਾਵ ਨੂੰ ਮੌਕੇ 'ਤੇ ਮੌਜੂਦ ਤਕਰੀਬਨ 60 ਦੇ ਕਰੀਬ ਪੰਚਾਇਤਾਂ ਨੇ ਆਪਣੀ ਸਹਿਮਤੀ ਜਤਾਈ।ਚੈਰੀਟੇਬਲ ਟੇਬਲ ਹਸਪਤਾਲ ਜਿਸ ਦੀ ਦੇਖ-ਰੇਖ ਬਾਬਾ ਸੁਖਪਾਲ ਸਿੰਘ ਹੀ ਕਰ ਰਹੇ ਹਨ ਅਤੇ ਹਰ ਤਰ੍ਹਾਂ ਦੇ ਖਰਚ ਕਰ ਰਹੇ ਹਨ, ਅਤੇ ਫ੍ਰੀ ਕੈਂਪ ਲਗਾ ਰਹੇ ਹਨ ।

# 18 ਨੂੰ ਸੰਗਤਾਂ ਹੁੰਮ-ਹੁਮਾ ਕੇ ਬਸਪਾ ਦੇ ਰੋਸ ਪ੍ਰਦਰਸ਼ਨ 'ਚ ਖੁਰਾਲਗੜ੍ਹ ਸਾਹਿਬ ਪਹੁੰਚਣ : ਐਡਵੋਕੇਟ ਪਲਵਿੰਦਰ ਮਾਨਾ



**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਹਲਕਾ ਚੱਬੇਵਾਲ ਦੀ ਵਿਸ਼ੇਸ਼ ਮੀਟਿੰਗ ਪਿੰਡ ਭੁੱਲੇਵਾਲ ਗੁੱਜਰਾਂ ਵਿਖੇ ਹੋਈ। ਇਸ ਮੌਕੇ ਐਡਵੋਕੇਟ ਪਲਵਿੰਦਰ ਮਾਨਾ ਇੰਚਾਰਜ ਹਲਕਾ ਚੱਬੇਵਾਲ ਨੇ ਬਤੌਰ ਮੁੱਖ ਮਹਿਮਾਨ ਸ਼ਾਮਲ ਹੋ ਕੇ ਮੀਟਿੰਗ ਨੂੰ ਸੰਬੋਧਨ ਕੀਤਾ। ਇਸ ਮੌਕੇ ਐਡਵੋਕੇਟ ਮਾਨਾ ਨੇ 18 ਜੂਨ ਨੂੰ ਇਤਿਹਾਸਕ ਧਰਤੀ ਸ੍ਰੀ ਖੁਰਾਲਗੜ੍ਹ ਵਿਖੇ ਬਹੁਜਨ ਸਮਾਜ ਪਾਰਟੀ ਵਲੋਂ ਪੰਜਾਬ ਸੰਭਾਲੋ ਮੁਹਿੰਮ ਦੇ ਤਹਿਤ ਰੋਸ ਪ੍ਰਦਰਸ਼ਨ ਵਿਚ ਸੰਗਤਾਂ ਨੂੰ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਸਤਿਗੁਰੂ ਰਵਿਦਾਸ ਮਹਾਰਾਜ ਦੀ ਚਰਨਛੋਹ ਪਵਿੱਤਰ ਧਰਤੀ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ ਖੋਲ੍ਹੇ ਗਏ ਸ਼ਰਾਬ ਦੇ ਠੇਕੇ ਬੰਦ ਕਰਾਉਣ ਅਤੇ ਸ਼ਰਾਬ ਦੀਆਂ ਨਜਾਇਜ਼ ਬ੍ਰਾਂਚਾਂ ਬੰਦ ਕਰਾਉਣ ਲਈ ਰੋਸ ਪ੍ਰਦਰਸ਼ਨ ਰੱਖਿਆ ਹੈ, ਜੋ ਕਿ ਸ੍ਰੀ ਖੁਰਾਲਗੜ੍ਹ ਸਾਹਿਬ ਤੋਂ ਹਜ਼ਾਰਾਂ ਸੰਗਤਾਂ ਦਾ ਕਾਫਲਾ ਗੜ੍ਹਸ਼ੰਕਰ ਪਹੁੰਚ ਕੇ ਧਰਨਾ ਦੇਵੇਗਾ, ਜਿਸ ਨੂੰ ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜ ਸਭਾ ਅਤੇ ਪੰਜਾਬ ਦੀ ਲੀਡਰਸ਼ਿਪ ਸੰਬੋਧਨ ਕਰਨਗੇ। ਐਡਵੋਕੇਟ ਮਾਨਾ ਨੇ ਕਿਹਾ ਕਿ ਇਸ ਰੋਸ ਪ੍ਰਦਰਸ਼ਨ ਵਿਚ ਹਲਕਾ ਚੱਬੇਵਾਲ ਦੀ ਅਹਿਮ ਭੂਮਿਕਾ ਹੋਵੇਗੀ ਕਿਉਂਕਿ ਹਲਕਾ ਚੱਬੇਵਾਲ ਵਿਧਾਨ ਸਭਾ ਹਲਕਾ ਗੜ੍ਹਸ਼ੰਕਰ ਦੇ ਨਾਲ ਲਗਦਾ ਹੈ ਅਤੇ ਇਥੋਂ ਵੱਡੀ ਗਿਣਤੀ ਵਿਚ ਬੱਸਾਂ, ਗੱਡੀਆਂ, ਮੋਟਰਸਾਈਕਲਾਂ ਰਾਹੀਂ ਸੰਗਤਾਂ ਪਹੁੰਚਣਗੀਆਂ ਜਿਸ ਦੀ ਤਿਆਰੀ ਲਈ ਹਲਕੇ ਦੇ ਪਿੰਡ ਪਿੰਡ ਪਹੁੰਚ ਕਰਕੇ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਪਿੰਡ ਭੁੱਲੇਵਾਲ ਗੁੱਜਰਾਂ ਦੇ ਸਾਥੀਆਂ ਅਤੇ ਬੀਬੀਆਂ ਨੇ ਵਿਸ਼ਵਾਸ ਦਿਵਾਇਆ ਕਿ ਵੱਡੀ ਗੱਡੀ ਦਾ ਇੰਤਜ਼ਾਮ ਕਰਕੇ ਸ੍ਰੀ ਖੁਰਾਲਗੜ੍ਹ ਸਾਹਿਬ ਸੰਗਤਾਂ ਨੂੰ ਨਾਲ ਲੈ ਕੇ ਪਹੁੰਚਾਂਗੇ । ਐਡਵੋਕੇਟ ਮਾਨਾ ਨੇ ਕਿਹਾ ਕਿ ਬਸਪਾ ਵਲੋਂ ਇਹ ਰੋਸ ਪ੍ਰਦਰਸ਼ਨ ਮਾਨ ਸਰਕਾਰ ਅਤੇ ਡਰੱਗ ਮਾਫੀਏ ਦਾ ਲੱਕ ਤੋੜਨ ਦਾ ਕੰਮ ਕਰੇਗਾ। ਇਸ ਮੌਕੇ ਬਸਪਾ ਆਗੂ ਦਵਿੰਦਰ ਬਾਹੋਵਾਲ,ਕੁਲਵਿੰਦਰ ਕੋਠੀ , ਰਾਕੇਸ਼ ਕੀਟੀ, ਵਿੱਕੀ ਬੰਗਾ,ਬਲਵੰਤ ਨੀਤਪੁਰ, ਰਾਜੇਸ਼ ਭੁੰਨੋ, ਨਰਿੰਦਰ ਲਲਵਾਨ, ਸੁਰਿੰਦਰ ਪਾਲ ਲਲਵਾਨ, ਪ੍ਰਦੀਪ ਕੁਮਾਰ ਸ਼ਸ਼ੀ, ਸਾਬਕਾ ਸਰਪੰਚ ਸੁਰਿੰਦਰ ਕੌਰ ਅਤੇ ਵੱਡੀ ਗਿਣਤੀ ਵਿਚ ਪਿੰਡ ਵਾਸੀ ਹਾਜ਼ਰ ਸਨ।

# ਭੁੰਗਰਨੀ 'ਚ ਗੁਰਮਤਿ ਸਮਾਗਮ ਅੱਜ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਇਤਿਹਾਸਕ ਪਿੰਡ ਭੁੰਗਰਨੀ ਵਿਖੇ ਬ੍ਰਹਮ ਗਿਆਨੀ 108 ਸੰਤ ਬਾਬਾ ਜੋਤਾ ਸਿੰਘ ਜੀ ਦੇ ਤਪ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਦੇ ਸਹਿਯੋਗ ਨਾਲ ਸ਼ਹੀਦਾਂ ਦੇ ਸਿਰਤਾਜ, ਸ਼ਾਂਤੀ ਦੇ ਪੁੰਜ, ਬਾਣੀ ਦੇ ਬੋਹਿਥ ਪਾਤਸ਼ਾਹੀ ਪੰਜਵੀ ਧੰਨ ਧੰਨ ਸ੍ਰੀ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ 16 ਜੂਨ ਨੂੰ ਸ਼ਰਧਾ ਭਾਵਨਾ ਨਾਲ ਕਰਵਾਏ ਜਾ ਰਹੇ ਹਨ। ਇਸ ਮੌਕੇ ਮੁੱਖ ਸੇਵਾਦਾਰ ਸਤਨਾਮ ਸਿੰਘ ਸੱਤਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ 16 ਜੂਨ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਜਾਣਗੇ। ਉਪਰੰਤ ਦੀਵਾਨ ਹਾਲ ਵਿੱਚ ਭਾਈ ਕੁਲਦੀਪ ਸਿੰਘ ਭੁੰਗਰਨੀ, ਭਾਈ ਪ੍ਰਸ਼ੋਤਮ ਸਿੰਘ ਭੁੰਗਰਨੀ, ਭਾਈ ਸਤਨਾਮ ਸਿੰਘ ਸਹਿਗਲ ਭੁੰਗਰਨੀ, ਭਾਈ ਮਨਜੀਤ ਸਿੰਘ ਮੌਜੀ ਭੁੰਗਰਨੀ ਆਦਿ ਗੁਰਬਾਣੀ ਗੁਰਇਤਿਹਾਸ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਮੌਕੇ ਸਮਾਗਮ ਦੌਰਾਨ ਛਬੀਲ, ਚਾਹ ਪਕੌੜੇ ਅਤੇ ਗੁਰੂ ਜੀ ਦੇ ਲੰਗਰ ਅਤੁੱਟ ਵਰਤਾਏ ਜਾਣਗੇ।

# ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੀਟਿੰਗ 'ਚ ਅਹਿਮਦਾਬਾਦ ਹਾਦਸੇ ਦੇ ਮ੍ਰਿਤਕਾਂ ਨੂੰ ਸ਼ਰਧਾਂਜਲੀ



**ਬਲਾਚੌਰ (ਜਸਵਿੰਦਰ ਬੈਂਸ)** ਪੰਜਾਬ ਪੈਨਸ਼ਨਰਜ ਵੈਲਫੇਅਰ ਐਸੋਸੀਏਸ਼ਨ ਪੰਜਾਬ ਦੀ ਇਕਾਈ ਬਲਾਚੌਰ ਦੀ ਮਾਸਿਕ ਮੀਟਿੰਗ ਜ਼ਿਲ੍ਹਾ ਪ੍ਰਧਾਨ ਸੋਮ ਲਾਲ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਸਿੰਘ ਸਭਾ ਮਹਿੰਦੀਪੁਰ ਦੇ ਲੰਗਰ ਹਾਲ ਵਿੱਚ ਹੋਈ।ਮੀਟਿੰਗ ਦੀ ਸ਼ੁਰੂਆਤ ਵਿੱਚ ਜਥੇਬੰਦੀ ਦੇ ਸਮੂਹ ਮੈਂਬਰਾਂ ਵੱਲੋਂ ਅਹਿਮਦਾਬਾਦ ਵਿਖੇ ਹੋਏ ਹਵਾਈ ਹਾਦਸੇ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਵਿਛੜੀਆਂ ਰੂਹਾਂ ਦੀ ਆਤਮਿਕ ਸਾਂਤੀ ਲਈ ਅਰਦਾਸ ਕੀਤੀ ਗਈ।ਜ਼ਿਲ੍ਹਾ ਪ੍ਰਧਾਨ ਸੋਮ ਲਾਲ ਬੀਤੇ ਦਿਨ ਲੁਧਿਆਣਾ ਵਿਖੇ ਸਟੇਟ ਕਮੇਟੀ ਦੀ ਹੋਈ ਮੀਟਿੰਗ ਵਿੱਚ ਕੀਤੇ ਗਏ ਫੈਸਲਿਆਂ ਬਾਰੇ ਜਾਣਕਾਰੀ ਦਿੱਤੀ ਗਈ।ਇਸ ਮੌਕੇ ਸਰਬਸੰਮਤੀ ਨਾਲ ਪਾਸ ਕੀਤੇ ਮਤੇ ਰਾਹੀਂ ਮੰਗ ਕੀਤੀ ਕਿ ਪੈਨਸ਼ਨਰਜ ਨੂੰ ਪੈਨਸ਼ਨ ਦੁਹਰਾਈ ਦਾ ਲਾਭ 2.59 ਦੇ ਫੈਕਟਰ ਨਾਲ ਸਮੁੱਚਾ ਬਕਾਇਆ ਇੱਕ ਮੁਸ਼ਤ ਦਿੱਤਾ ਜਾਵੇ ਅਤੇ ਡੀ ਏ ਦੀਆਂ ਰਹਿੰਦੀਆਂ ਕਿਸ਼ਤਾਂ ਕੇਂਦਰ ਦੇ ਅਨੁਸਾਰ ਦਿੱਤੀਆਂ ਜਾਣ।ਡਾਕਟਰੀ ਭੱਤਾ ਦੋ ਹਜ਼ਾਰ ਰੁਪਏ ਮਹੀਨਾ ਕੀਤਾ ਜਾਵੇ ਅਤੇ ਕੈਸ਼ਲੈਸ ਸਕੀਮ ਸੋਧ ਕੇ ਲਾਗੂ ਕੀਤੀ ਜਾਵੇ।ਇਹ ਵੀ ਮੰਗ ਕੀਤੀ ਗਈ ਕਿ ਪੈਨਸ਼ਨਰਜ ਦੀਆਂ ਰਹਿੰਦੀਆਂ ਮੰਗਾਂ ਦੇ ਨਿਪਟਾਰੇ ਲਈ ਜਥੇਬੰਦੀ ਦੇ ਆਗੂਆ ਨਾਲ ਮੀਟਿੰਗ ਨਿਸਚਿਤ ਕਰਕੇ ਵਿਚਾਰ ਵਟਾਂਦਰਾ ਕਰਕੇ ਨਿਪਟਾਰਾ ਕੀਤਾ ਜਾਵੇ।ਪੈਨਸ਼ਨਰਜ ਦੇ ਲੀਵ ਇਨਕੈਸ਼ਮੈਂਟ ਤੇ ਹੋਰ ਬਕਾਏ ਤੁਰੰਤ ਜਾਰੀ ਕੀਤੇ ਜਾਣ। ਮੀਟਿੰਗ ਨੂੰ ਹਰਭਜਨ ਸਿੰਘ ਗਹੂੰਣ, ਦਰਸ਼ਨ ਦੇਵ, ਭਜਨ ਲਾਲ ਹੈਡਮਾਸਟਰ, ਹਰਜਿੰਦਰ ਸਿੰਘ, ਮਨੋਹਰ ਲਾਲ, ਹਰੀ ਸਿੰਘ, ਕੁਲਦੀਪ ਸਿੰਘ, ਸੋਮ ਨਾਥ ਤੱਕਲਾ, ਹਰਮੇਸ਼ ਲਾਲ, ਕੁਲਦੀਪ ਰਾਏ, ਮਹਿੰਦਰ ਸਿੰਘ ਥਾਂਦੀ, ਧਰਮ ਪਾਲ ਅਤੇ ਸਵਰਨ ਸਿੰਘ ਨੇ ਵੀ ਸੰਬੋਧਨ ਕੀਤਾ।

# ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ ਪ੍ਰਕਾਸ਼ ਉਤਸਵ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ



**ਅੱਡਾ ਸਰਾਂ (ਜਸਵੀਰ ਕਾਜਲ)**- ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀ ਪਵਿੱਤਰ ਚਰਨਾਂ ਦੀ ਸ਼ੁੱਭ ਪ੍ਰਾਪਤ ਇਤਿਹਾਸਕ ਸਥਾਨ ਗੁਰਦੁਆਰਾ ਟਾਹਲੀ ਸਾਹਿਬ ਮੂਨਕਾਂ ਵਿਖੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦਾ 430ਵਾਂ ਪ੍ਰਕਾਸ਼ ਉਤਸਵ ਅਤੇ ਗੁਰਦੁਆਰਾ ਟਾਹਲੀ ਸਾਹਿਬ ਦਾ ਸਲਾਨਾ ਜੋੜ ਮੇਲਾ ਸਰਬੱਤ ਦੇ ਭਲੇ ਦੀ ਅਰਦਾਸ ਨਾਲ ਸੰਪੰਨ ਹੋ ਗਿਆ। ਮਿਸਲ ਸ਼ਹੀਦਾਂ ਤਰਨਾ ਦਲ ਹਰੀਆਂ ਵੇਲਾਂ ਵਾਲਿਆਂ ਦੇ ਮੌਜੂਦਾ ਮੁਖੀ ਜ਼ਿੰਦਾ ਸ਼ਹੀਦ ਸਿੰਘ ਸਾਹਿਬ ਪੰਥ ਰਤਨ ਸੰਤ ਬਾਬਾ ਨਿਹਾਲ ਸਿੰਘ ਦੀ ਅਗਵਾਈ ਵਿੱਚ ਗੁਰੂ ਘਰ ਦੇ ਮੁੱਖ ਸੇਵਾਦਾਰ ਬਾਬਾ ਕੁਲਦੀਪ ਸਿੰਘ ਪ੍ਰਬੰਧਕ ਸੇਵਾਦਾਰ ਭਾਈ ਹਰਪ੍ਰੀਤ ਸਿੰਘ ਸਿਕਰੀ ਦੇਸ਼-ਵਿਦੇਸ਼ ਇਲਾਕੇ ਤੇ ਨਗਰ ਦੀਆਂ ਸਰਬੱਤ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਦੌਰਾਨ ਹਜ਼ਾਰਾਂ ਦੀ ਗਿਣਤੀ ਵਿੱਚ ਸੰਗਤਾਂ ਨੇ ਗੁਰੂ ਘਰ ਨਤਮਸਤਕ ਹੁੰਦੇ ਹੋਏ ਸਮਾਗਮ ਵਿੱਚ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਦਸ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਦੇ ਭੋਗ ਪਾਏ ਗਏ, ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਉਪਰੰਤ ਸਜਾਏ ਗਏ ਵਿਸ਼ਾਲ ਦੀਵਾਨਾਂ ਵਿੱਚ ਸੰਤ ਬਾਬਾ ਨਿਹਾਲ ਸਿੰਘ ਹਰੀਆਂ ਵੇਲਾਂ, ਭਾਈ ਮਹਿਤਾਬ ਸਿੰਘ ਜਲੰਧਰ ਵਾਲੇ, ਭਾਈ ਕੁਲਦੀਪ ਸਿੰਘ ਚੌਹਾਨ ਵਾਲੇ, ਸੰਤ ਬਾਬਾ ਜੋਗਾ ਸਿੰਘ ਰਾਮੂ ਥਿਆੜਾ ਵਾਲੇ, ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ ਗੁਰਦੁਆਰਾ ਦੁੱਖ ਨਿਵਾਰਣ ਪਟਿਆਲਾ ਵਾਲੇ, ਢਾਡੀ ਜਥਾ ਭਾਈ ਸਰੂਪ ਸਿੰਘ ਕਡਿਆਣਾ ਵਾਲੇ, ਭਾਈ ਹਰਭਜਨ ਸਿੰਘ ਸੋਤਲਾ ਵਾਲੇ, ਭਾਈ ਕੁਲਵਿੰਦਰ ਸਿੰਘ ਕਗਮਾਈ, ਭਾਈ ਪਿਆਰਾ ਸਿੰਘ ਸਿਰਥਲੇ ਵਾਲੇ ਤੇ ਹੋਰਨਾਂ ਜਥਿਆਂ ਨੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੁਆਰਾ ਨਿਹਾਲ ਕਰਦੇ ਹੋਏ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਮਹਾਨ ਜੀਵਨ ਤੇ ਇਤਿਹਾਸ ਦੇ ਚਾਨਣਾ ਪਾਇਆ। ਸਮਾਗਮ ਦੌਰਾਨ ਸੰਬੋਧਨ ਕਰਦੇ ਹੋਏ ਸਿੰਘ ਸਾਹਿਬ ਸੰਤ ਬਾਬਾ ਨਿਹਾਲ ਸਿੰਘ ਨੇ ਸਰਬੱਤ ਸੰਗਤ ਨੂੰ ਜਿੱਥੇ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਦੀ ਮੁਬਾਰਕਬਾਦ ਦਿੱਤੀ ਉੱਥੇ ਹੀ ਉਨ੍ਹਾਂ ਨੇ ਸਿੱਖ ਕੌਮ ਦੀ ਚੜ੍ਹਦੀ ਕਲਾ ਵਾਸਤੇ ਸਮੂਹ ਖਾਲਸਾ ਪੰਥ ਨੂੰ ਇੱਕ ਪਲੇਟਫਾਰਮ 'ਤੇ ਇਕੱਠਿਆਂ ਹੋਣ ਲਈ ਪ੍ਰੇਰਿਤ ਕੀਤਾ। ਸਮਾਗਮ ਦੌਰਾਨ ਸੰਤ ਬਾਬਾ ਗੁਰਦੇਵ ਸਿੰਘ ਬਜਵਾੜਾ ਕਲਾਂ ਵਾਲੇ, ਸੰਤ ਬਾਬਾ ਪ੍ਰਿਤਪਾਲ ਸਿੰਘ ਮਿੱਠਾ ਟਿਵਾਣਾ ਵਾਲੇ, ਯਸਪਾਲ ਕੌਰ ਕਨੇਡਾ, ਬਲ ਰਾਜ ਕੌਰ ਕਨੇਡਾ, ਸੁਖਜੀਤ ਸਿੰਘ ਖੁੱਡਾ ਵਾਲੇ, ਭਾਈ ਗੁਰਪ੍ਰੀਤ ਸਿੰਘ ਮਨੀ ਚੰਡੀਗੜ੍ਹ ਵਾਲੇ, ਜਥੇਦਾਰ ਬਾਬਾ ਰਣਧੀਰ ਸਿੰਘ ਖੜਿਆਲਾ ਸੈਣੀਆਂ , ਸਾਬਕਾ ਮੰਤਰੀ ਚੌਧਰੀ ਬਲਵੀਰ ਸਿੰਘ ਮਿਆਣੀ, ਸਾਬਕਾ ਮੰਤਰੀ ਸੰਗਤ ਸਿੰਘ ਗਿਲਜੀਆਂ, ਸਾਬਕਾ ਸੰਸਦੀ ਸਕੱਤਰ ਦੇਸ ਰਾਜ ਸਿੰਘ ਧੁੱਗਾ, ਵਿਧਾਇਕ ਜਸਵੀਰ ਸਿੰਘ ਰਾਜਾ, ਵਿਧਾਇਕ ਕਰਮਵੀਰ ਸਿੰਘ ਘੁੰਮਣ, ਜ਼ਿਲ੍ਹਾ ਪ੍ਰਧਾਨ ਲਖਵਿੰਦਰ ਸਿੰਘ ਲੱਖੀ, ਹਲਕਾ ਇੰਚਾਰਜ ਅਰਵਿੰਦਰ ਸਿੰਘ ਰਸੂਲਪੁਰ, ਜਵਾਹਰ ਖੁਰਾਣਾ, ਯੂਥ ਆਗੂ ਕਮਲਜੀਤ ਸਿੰਘ ਕੁਲਾਰ, ਚੇਅਰਮੈਨ ਕਮਲਪ੍ਰੀਤ ਸਿੰਘ ਸੰਧੂ, ਯੂਥ ਆਗੂ ਸਰਬਜੀਤ ਸਿੰਘ ਮੋਮੀ, ਸਰਪੰਚ ਮਨਵੀਰ ਸਿੰਘ, ਸਰਪੰਚ ਮਨਪ੍ਰੀਤ ਕੌਰ, ਸਰਪੰਚ ਕੁਲਦੀਪ ਕੌਰ ਕੁਰਾਲਾ, ਸਰਪੰਚ ਸੁਖਨਿੰਦਰ ਸਿੰਘ ਕੁਰਾਲਾ, ਸਰਪੰਚ ਜਸਵੀਰ ਕੌਰ ਬੋਲੇਵਾਲ, ਸਾਬਕਾ ਸਰਪੰਚ ਗੁਰਮਿੰਦਰ ਸਿੰਘ ਗੋਲਡੀ, ਸਾਬਕਾ ਸਰਪੰਚ ਹਰਬੰਸ ਸਿੰਘ ਮੂਨਕਾਂ ,ਜਥੇਦਾਰ ਦਵਿੰਦਰ ਸਿੰਘ ਮੂਨਕ, ਨੰਬਰਦਾਰ ਦਰਬਾਰਾ ਸਿੰਘ, ਸਾਬਕਾ ਸਰਪੰਚ ਸ਼ਾਮ ਸਿੰਘ ਮੂਨਕਾਂ, ਜਥੇਦਾਰ ਸੰਦੀਪ ਸਿੰਘ ਖਾਲਸਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।